ਸ਼ਨੀਵਾਰ, 19 ਜੁਲਾਈ, 2025

4 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 74

ਅੰਕ/NO. : 48

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • SATURDAY, 19 JULY, 2025

ਜਲੰਧਰ

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12



**ਸਟਾਫ ਦੀ ਲੋੜ**

**ਭੰਡਾਰੀ ਕਾਰ ਬਾਜ਼ਾਰ ਭੋਗਪੁਰ**

ਵਿਖੇ ਦਫਤਰੀ ਕੰਮਾਂ ਲਈ ਸਟਾਫ ਅਤੇ ਕਾਰ ਵਾਸ਼ਿੰਗ ਲਈ ਲੜਕਿਆਂ ਦੀ ਜ਼ਰੂਰਤ ਹੈ। ਤਨਖਾਹ 10,000 ਤੋਂ 20,000 ਰੁਪਏ। ਚਾਹਵਾਨ 62800-30861 'ਤੇ ਸੰਪਰਕ ਕਰਨ। ਮਿਲਣ ਦਾ ਸਮਾਂ : ਸਵੇਰੇ 8 ਤੋਂ 10 ਵਜੇ ਤੱਕ


## ਲੈਂਡ ਪੂਲਿੰਗ ਨੀਤੀ ਖਿਲਾਫ ਦਿੱਲੀ ਤਰਜ਼ 'ਤੇ ਵੱਡਾ ਅੰਦੋਲਨ

### ਐੱਸ ਕੇ ਐੱਮ ਦੇ ਸੱਦੇ 'ਤੇ 10 ਪਾਰਟੀਆਂ ਦੇ ਨੁਮਾਇੰਦੇ ਮੀਟਿੰਗ 'ਚ ਸ਼ਾਮਲ

**ਚੰਡੀਗੜ੍ਹ :** ਸੰਯੁਕਤ ਕਿਸਾਨ ਮੋਰਚੇ (ਐੱਸ ਕੇ ਐੱਮ) ਦੇ ਸੱਦੇ 'ਤੇ ਸ਼ੁੱਕਰਵਾਰ ਇੱਥੇ ਹੋਈ ਸਰਬ ਪਾਰਟੀ ਮੀਟਿੰਗ 'ਚ ਵੱਖ-ਵੱਖ ਸਿਆਸੀ ਧਿਰਾਂ ਵੱਲੋਂ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਖਿਲਾਫ ਕਿਸਾਨ ਅੰਦੋਲਨ ਨੂੰ ਹਮਾਇਤ ਦੇਣ ਦਾ ਐਲਾਨ ਕੀਤਾ ਗਿਆ। ਮੀਟਿੰਗ ਵਿੱਚ 10 ਸਿਆਸੀ ਪਾਰਟੀਆਂ ਦੇ ਨੁਮਾਇੰਦੇ ਸ਼ਾਮਲ ਹੋਏ ਜਦੋਂ ਕਿ ਸੱਤਾਧਾਰੀ ਧਿਰ 'ਆਪ' ਦਾ ਕੋਈ ਵੀ ਪ੍ਰਤੀਨਿਧ ਮੀਟਿੰਗ 'ਚ ਨਹੀਂ ਪੁੱਜਾ। ਮੀਟਿੰਗ ਵਿੱਚ ਸਰਬਸੰਮਤੀ ਨਾਲ ਮਤੇ ਪਾਸ ਕੀਤੇ ਗਏ ਅਤੇ ਪੰਜਾਬ ਸਰਕਾਰ ਨੂੰ ਲੈਂਡ ਪੂਲਿੰਗ ਨੀਤੀ ਦਾ ਨੋਟੀਫਿਕੇਸ਼ਨ ਰੱਦ ਕਰਨ ਲਈ ਕਿਹਾ ਗਿਆ। ਇਸ ਦੌਰਾਨ ਫੈਸਲਾ ਹੋਇਆ ਕਿ ਜੇ ਸੂਬਾ ਸਰਕਾਰ ਨੇ ਅਜਿਹਾ ਨਾ ਕੀਤਾ ਤਾਂ ਲੈਂਡ ਪੂਲਿੰਗ ਨੀਤੀ ਦੀ ਵਾਪਸੀ ਤੱਕ ਅੰਦੋਲਨ ਚੱਲੇਗਾ। ਮੀਟਿੰਗ ਨੇ ਅਮਰੀਕਾ ਨਾਲ ਸ਼ੁਰੂ ਕੀਤੇ ਜਾ ਰਹੇ ਫਰੀ ਟਰੇਡ ਸਮਝੌਤੇ 'ਚੋਂ ਖੇਤੀ ਅਤੇ ਸਹਾਇਕ ਧੰਦਿਆਂ ਨੂੰ ਬਾਹਰ ਰੱਖਣ ਲਈ ਕਿਹਾ ਗਿਆ ਹੈ। ਸੰਯੁਕਤ ਕਿਸਾਨ ਮੋਰਚੇ ਨੇ ਇਹ ਵੀ ਮਤਾ ਪਾਸ ਕੀਤਾ ਕਿ ਪਾਣੀਆਂ ਦੇ ਸਮਝੌਤੇ ਰੱਦ ਕੀਤੇ ਜਾਣ ਅਤੇ ਪੰਜਾਬ ਪੁਨਰਗਠਨ ਐਕਟ ਦੀ ਧਾਰਾ 78,79 ਅਤੇ 80 ਨੂੰ ਪੰਜਾਬ ਵਿਧਾਨ ਸਭਾ ਵਿੱਚ ਰੱਦ ਕਰਕੇ ਪਾਰਲੀਮੈਂਟ ਤੋਂ ਪਾਸ ਕਰਾਇਆ ਜਾਵੇ। ਇਸੇ ਤਰ੍ਹਾਂ ਖੇਤੀ ਨੀਤੀ ਨੂੰ ਲਾਗੂ ਕਰਨ ਲਈ ਕਿਹਾ ਗਿਆ ਹੈ। ਕਿਸਾਨ ਆਗੂ ਬਲਬੀਰ ਸਿੰਘ ਰਾਜੇਵਾਲ, ਡਾ. ਦਰਸ਼ਨ ਪਾਲ, ਬੂਟਾ ਸਿੰਘ ਬੁਰਜ ਗਿੱਲ, ਹਰਿੰਦਰ ਸਿੰਘ ਲੱਖੋਵਾਲ ਅਤੇ ਰਮਿੰਦਰ ਸਿੰਘ ਪਟਿਆਲਾ ਨੇ ਮੀਟਿੰਗ ਮਗਰੋਂ ਸਾਂਝੀ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕੀਤਾ।

ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਇਨ੍ਹਾਂ ਮੁੱਦਿਆਂ 'ਤੇ ਗੰਭੀਰ ਨਹੀਂ ਜਿਸ ਕਰਕੇ ਉਨ੍ਹਾਂ ਦਾ ਨੁਮਾਇੰਦਾ ਸੱਦੇ ਦੇ ਬਾਵਜੂਦ ਨਹੀਂ ਪੁੱਜਿਆ।

ਆਗੂਆਂ ਨੇ ਦੱਸਿਆ ਕਿ 30 ਜੁਲਾਈ ਨੂੰ ਪੰਜਾਬ ਵਿੱਚ ਟਰੈਕਟਰ ਮਾਰਚ ਕੀਤਾ ਜਾਵੇਗਾ ਅਤੇ 24 ਅਗਸਤ ਨੂੰ ਵੱਡੀ ਮਹਾਂ ਕਾਨਫਰੰਸ ਕੀਤੀ ਜਾਵੇਗੀ। ਹੁਣ ਅੰਦੋਲਨ ਦਿੱਲੀ ਦੀ ਤਰਜ਼ 'ਤੇ ਲੜਿਆ ਜਾਵੇਗਾ। ਰਮਿੰਦਰ ਸਿੰਘ ਨੇ ਸਪੱਸ਼ਟ ਕੀਤਾ ਕਿ ਲੈਂਡ ਪੂਲਿੰਗ ਨੀਤੀ ਤਹਿਤ ਪੰਜਾਬ ਸਰਕਾਰ ਨੇ ਕਿਸਾਨਾਂ ਦੀ ਜ਼ਮੀਨ 'ਤੇ ਲਾਲ ਐਂਟਰੀ ਪਾ ਦਿੱਤੀ ਹੈ ਜਿਸ ਮਗਰੋਂ ਕਿਸਾਨ ਹੁਣ ਆਪਣੀ ਜ਼ਮੀਨ ਵੇਚ ਨਹੀਂ ਸਕੇਗਾ ਅਤੇ ਨਾ ਹੀ ਕੋਈ ਕਰਜ਼ਾ ਵਗ਼ੈਰਾ ਲੈ ਸਕੇਗਾ। ਆਗੂਆਂ ਨੇ ਕਿਹਾ ਕਿ ਲੈਂਡ ਪੂਲਿੰਗ ਨੀਤੀ ਅਸਲ ਵਿੱਚ ਪਿੰਡਾਂ ਨੂੰ ਉਜਾੜਨ ਦੀ ਨੀਤੀ ਹੈ ਅਤੇ ਰਸੂਖਵਾਨ ਲੋਕਾਂ ਦੇ ਕਾਲੇ ਧਨ ਨੂੰ ਚਿੱਟਾ ਕਰਨ ਦੀ ਨੀਤੀ ਹੈ।

## ਰਣਜੀਤ ਸਿੰਘ ਗਿੱਲ ਨੇ ਅਕਾਲੀ ਦਲ ਛੱਡਿਆ

**ਚੰਡੀਗੜ੍ਹ :** ਗਿੱਲਕੋ ਵੈਲੀ ਖੜ੍ਹੀ ਕਰਨ ਵਾਲੇ ਰਿਐਲਟਰ ਤੇ ਅਕਾਲੀ



ਲੀਡਰ ਰਣਜੀਤ ਸਿੰਘ ਗਿੱਲ ਨੇ ਸ਼ੁੱਕਰਵਾਰ ਅਕਾਲੀ ਦਲ ਤੋਂ ਅਸਤੀਫਾ ਦੇ ਦਿੱਤਾ। ਉਨ੍ਹਾ ਕਿਹਾ ਕਿ ਅਕਾਲੀ ਦਲ ਦੀ ਲੀਡਰਸ਼ਿਪ ਦੇ ਕਰੀਬੀ ਕੁਝ ਮੌਕਾਪ੍ਰਸਤਾਂ ਨੇ ਪੰਥ ਦੀ ਪਾਰਟੀ ਨੂੰ ਆਪਣੀ ਪ੍ਰਾਈਵੇਟ ਲਿਮਿਟਡ ਕੰਪਨੀ ਬਣਾ ਦਿੱਤਾ ਹੈ। ਸੁਖਬੀਰ ਬਾਦਲ ਦੇ ਕਰੀਬੀ ਮੰਨੇ ਜਾਂਦੇ ਗਿੱਲ ਦੋ ਵਾਰ ਖਰੜ ਤੋਂ ਅਸੈਂਬਲੀ ਚੋਣ ਲੜ ਚੁੱਕੇ ਹਨ। ਉਨ੍ਹਾ ਦੇ ਭਾਜਪਾ ਵਿੱਚ ਸ਼ਾਮਲ ਹੋਣ ਦੀ ਚਰਚਾ ਹੈ ਪਰ ਉਨ੍ਹਾ ਕਿਹਾ ਕਿ ਉਨ੍ਹਾ ਅਜੇ ਫੈਸਲਾ ਨਹੀਂ ਕੀਤਾ ਕਿ ਕਿ ਕਿਸੇ ਪਾਰਟੀ ਵਿੱਚ ਜਾਣਾ ਹੈ ਜਾਂ ਆਜ਼ਾਦ ਲੜਨਾ ਹੈ।

## ਬਘੇਲ ਦਾ ਬੇਟਾ ਗ੍ਰਿਫਤਾਰ

**ਨਵੀਂ ਦਿੱਲੀ :** ਈ ਡੀ ਨੇ 2100



ਕਰੋੜ ਰੁਪਏ ਦੇ ਸ਼ਰਾਬ ਘੁਟਾਲੇ ਨਾਲ ਜੁੜੇ ਮਨੀ ਲਾਂਡਰਿੰਗ ਕੇਸ ਵਿਚ ਛੱਤੀਸਗੜ੍ਹ ਦੇ ਸਾਬਕਾ ਮੁੱਖ ਮੰਤਰੀ ਤੇ ਕਾਂਗਰਸ ਪਾਰਟੀ ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਦੇ ਪੁੱਤਰ ਚੈਤੰਨਿਆ ਬਘੇਲ ਨੂੰ ਗ੍ਰਿਫਤਾਰ ਕਰ ਲਿਆ ਹੈ। ਈ ਡੀ ਨੇ ਰਸਮੀ ਗ੍ਰਿਫਤਾਰੀ ਤੋਂ ਪਹਿਲਾਂ ਚੈਤੰਨਿਆ ਬਘੇਲ ਦੀ ਭਿਲਾਈ ਸਥਿਤ ਰਿਹਾਇਸ਼ 'ਤੇ ਛਾਪਾ ਮਾਰਿਆ ਸੀ। ਭੁਪੇਸ਼ ਬਘੇਲ ਵੀ ਇਸੇ ਰਿਹਾਇਸ਼ 'ਤੇ ਆਪਣੇ ਪੁੱਤਰ ਨਾਲ ਰਹਿੰਦੇ ਹਨ। ਇਸ ਤੋਂ ਪਹਿਲਾਂ ਵੀ ਏਜੰਸੀ ਨੇ 10 ਮਾਰਚ ਨੂੰ ਚੈਤੰਨਿਆ ਬਘੇਲ ਵਿਰੁੱਧ ਇਸੇ ਤਰ੍ਹਾਂ ਦੇ ਛਾਪੇ ਮਾਰੇ ਸਨ।

ਉਧਰ, ਭੁਪੇਸ਼ ਬਘੇਲ ਨੇ ਈ ਡੀ ਦੇ ਛਾਪਿਆਂ ਨੂੰ ਸਿਆਸਤ ਤੋਂ ਪ੍ਰੇਰਤ ਦੱਸਿਆ ਹੈ। ਉਨ੍ਹਾਂ ਕਿਹਾ ਕਿ ਇਹ ਛਾਪੇ ਅਜਿਹੇ ਮੌਕੇ ਮਾਰੇ ਗਏ ਹਨ, ਜਦੋਂ ਅਸੈਂਬਲੀ ਦਾ ਸ਼ੁੱਕਰਵਾਰ ਆਖਰੀ ਦਿਨ ਹੈ।

## ਸੀ ਪੀ ਆਈ ਫੈਡਰਲਿਜ਼ਮ ਦੀ ਰਾਖੀ ਲਈ ਪੂਰਾ ਤਾਣ ਲਾਵੇਗੀ

### ਕਾਮਰੇਡ ਡੀ ਰਾਜਾ ਵੱਲੋਂ 25ਵੀਂ ਕਾਂਗਰਸ ਲਈ ਸਿਆਸੀ ਮਤੇ ਦਾ ਖਰੜਾ ਜਾਰੀ

**ਲੁਧਿਆਣਾ (ਐੱਮ ਐੱਸ ਭਾਟੀਆ)**

ਭਾਰਤੀ ਕਮਿਊਨਿਸਟ ਪਾਰਟੀ ਦੀ 25ਵੀਂ ਕਾਂਗਰਸ, ਜੋ ਚੰਡੀਗੜ੍ਹ ਵਿੱਚ 21 ਤੋਂ 25 ਸਤੰਬਰ ਤਕ ਹੋ ਰਹੀ ਹੈ, ਲਈ ਸਿਆਸੀ ਮਤੇ ਦਾ ਖਰੜਾ ਪਾਰਟੀ ਦੇ ਜਨਰਲ ਸਕੱਤਰ ਡੀ ਰਾਜਾ ਨੇ ਸ਼ੁੱਕਰਵਾਰ ਦਿੱਲੀ ਵਿੱਚ ਪ੍ਰੈਸ ਕਾਨਫਰੰਸ 'ਚ ਜਾਰੀ ਕੀਤਾ। ਕਾਮਰੇਡ ਰਾਜਾ ਨੇ ਕਿਹਾ ਹੈ ਕਿ ਪਾਰਟੀ ਦੀ 25ਵੀਂ ਕਾਂਗਰਸ ਇੱਕ ਇਤਿਹਾਸਕ ਮਹੱਤਵਪੂਰਨ ਮੋੜ 'ਤੇ ਹੋ ਰਹੀ ਹੈ, ਕਿਉਂਕਿ ਇਹ ਸਾਲ ਪਾਰਟੀ ਦੀ ਸ਼ਤਾਬਦੀ ਦਾ ਸਾਲ ਹੈ। ਇਹ ਕਾਂਗਰਸ ਵਿਆਪਕ ਵਿਸ਼ਵਵਿਆਪੀ ਅਤੇ ਰਾਸ਼ਟਰੀ ਰਾਜਨੀਤਕ ਤਬਦੀਲੀਆਂ ਦੀ ਪਿੱਠਭੂਮੀ ਵਿੱਚ ਹੋ ਰਹੀ ਹੈ। ਸੀ ਪੀ ਆਈ ਭਾਜਪਾ-ਆਰ ਐੱਸ ਐੱਸ ਸ਼ਾਸਨ ਅਧੀਨ ਭਾਰਤ ਦੇ ਲੋਕਤੰਤਰੀ, ਧਰਮਨਿਰਪੱਖ ਅਤੇ ਸੰਘੀ ਚਰਿੱਤਰ ਲਈ ਗੰਭੀਰ ਖਤਰਿਆਂ ਦੀ ਪਛਾਣ ਕਰਦੀ ਹੈ ਅਤੇ ਆਪਣੀ ਸੰਘਰਸ਼ੀ ਵਿਰਾਸਤ ਦੀਆਂ ਜੜ੍ਹਾਂ ਵਿੱਚ ਮੌਜੂਦ ਮੁਜ਼ਾਹਮਤ ਦਾ ਰਸਤਾ ਤਿਆਰ ਕਰਨ ਦਾ ਸੰਕਲਪ ਲੈਂਦੀ ਹੈ। ਕਾਂਗਰਸ ਦੁਨੀਆ ਅਤੇ ਦੇਸ਼ ਨੂੰ ਪ੍ਰਭਾਵਤ ਕਰਨ ਵਾਲੇ ਰਾਜਨੀਤਕ, ਆਰਥਕ ਅਤੇ ਸਮਾਜਕ ਸੰਕਟਾਂ 'ਤੇ ਵਿਚਾਰ-ਵਟਾਂਦਰਾ ਕਰੇਗੀ ਅਤੇ ਭਾਰਤ ਦੀਆਂ ਸੰਵਿਧਾਨਕ ਨੀਹਾਂ ਦੀ ਰੱਖਿਆ ਅਤੇ ਸਮਾਜਵਾਦ ਨੂੰ ਅੱਗੇ ਵਧਾਉਣ ਲਈ ਸੰਯੁਕਤ ਕਾਰਵਾਈ ਲਈ ਅੱਗੇ ਵਧਣ ਦਾ ਰਸਤਾ ਤਿਆਰ ਕਰੇਗੀ।

ਵਿਸ਼ਵ ਪੱਧਰ 'ਤੇ, ਪੂੰਜੀਵਾਦ ਦਾ ਸੰਕਟ ਹੋਰ ਡੂੰਘਾ ਹੋ ਗਿਆ ਹੈ, ਜਿਸਦੀ ਨਿਸ਼ਾਨਦੇਹੀ ਸਾਮਰਾਜੀ ਹਮਲੇ, ਆਰਥਕ ਅਸਥਿਰਤਾ ਅਤੇ ਫੌਜੀਕਰਨ ਦੁਆਰਾ ਕੀਤੀ ਗਈ ਹੈ। ਰੂਸ-ਯੂਕਰੇਨ ਸੰਘਰਸ਼, ਇਜ਼ਰਾਈਲ ਦੁਆਰਾ ਗਾਜ਼ਾ ਵਿੱਚ ਨਸਲਕੁਸ਼ੀ, ਇਜ਼ਰਾਈਲ-ਈਰਾਨ ਟਕਰਾਅ ਅਤੇ ਪੱਛਮੀ ਏਸ਼ੀਆ ਅਤੇ ਏਸ਼ੀਆ-ਪ੍ਰਸ਼ਾਂਤ ਵਿੱਚ ਵਧਦੇ ਤਣਾਅ ਵਰਗੀਆਂ ਜੰਗਾਂ ਸਾਮਰਾਜਵਾਦ ਦੇ ਹਿੰਸਕ ਪ੍ਰਭਾਵ ਨੂੰ ਬੇਨਕਾਬ ਕਰਦੀਆਂ ਹਨ ਅਤੇ ਵਿਸ਼ਵਵਿਆਪੀ ਅਸਥਿਰਤਾ ਨੂੰ ਵਧਾਉਣ ਵਿੱਚ ਅਮਰੀਕਾ ਅਤੇ ਇਸਦੇ ਸਹਿਯੋਗੀਆਂ ਵਿਚਕਾਰ ਮਿਲੀਭੁਗਤ ਨੂੰ ਉਜਾਗਰ ਕਰਦੀਆਂ ਹਨ। ਨਾਟੋ ਦਾ ਵਿਸਥਾਰ, ਵਧਦਾ ਫੌਜੀ ਬਜਟ ਅਤੇ ਅਮਰੀਕਾ ਦੀ ਅਗਵਾਈ ਵਾਲੀ ਦਖਲਅੰਦਾਜ਼ੀ ਵਿਸ਼ਵ ਦ੍ਰਿਸ਼ ਦੀ ਇੱਕ ਵਿਸ਼ੇਸ਼ਤਾ ਵਜੋਂ ਯੁੱਧ ਦੀ ਵਾਪਸੀ ਨੂੰ ਪ੍ਰਗਟ ਕਰਦੇ ਹਨ। ਸਾਮਰਾਜੀ ਸ਼ਕਤੀਆਂ ਵਿਚਕਾਰ ਵਿਰੋਧਾਭਾਸ ਤਿੱਖੇ ਹੋ ਰਹੇ ਹਨ, ਅਤੇ ਬ੍ਰਿਕਸ ਵਰਗੇ ਗੱਠਜੋੜ ਅਮਰੀਕੀ ਸਰਦਾਰੀ ਦਾ ਮੁਕਾਬਲਾ ਕਰਨ ਦੀਆਂ ਕੋਸ਼ਿਸ਼ਾਂ ਵਜੋਂ ਉਭਰੇ ਹਨ।



ਇਸ ਦੌਰਾਨ, ਅੰਤਰਰਾਸ਼ਟਰੀ ਆਰਥਕ ਅਸਥਿਰਤਾ ਬਣੀ ਹੋਈ ਹੈ—ਹੌਲੀ ਵਿਕਾਸ, ਭੋਜਨ ਅਸੁਰੱਖਿਆ, ਅਤੇ ਵਧਦਾ ਕਰਜ਼ਾ ਗਲੋਬਲ ਸਾਊਥ ਨੂੰ ਸਭ ਤੋਂ ਵੱਧ ਪ੍ਰਭਾਵਤ ਕਰਦਾ ਹੈ, ਜਦੋਂ ਕਿ ਇਜਾਰੇਦਾਰ ਰਿਕਾਰਡ ਮੁਨਾਫ਼ਾ ਇਕੱਠਾ ਕਰਨਾ ਜਾਰੀ ਰੱਖ ਰਹੇ ਹਨ। ਵਿਸ਼ਵਵਿਆਪੀ ਵਾਤਾਵਰਣ ਸੰਕਟ ਅਤੇ ਵਧਦੀ ਅਸਮਾਨਤਾ ਕੰਮ ਕਰਨ ਵਾਲੇ ਲੋਕਾਂ ਦੇ ਦੁੱਖਾਂ ਨੂੰ ਹੋਰ ਵਧਾਉਂਦੀ ਹੈ। ਨਵਉਦਾਰਵਾਦ ਦੇ ਦਬਦਬੇ ਦੇ ਬਾਵਜੂਦ, ਜਨਤਕ ਵਿਰੋਧ ਵਧ ਰਿਹਾ ਹੈ—ਜੋ ਲਾਤੀਨੀ ਅਮਰੀਕਾ ਦੇ ਲੋਕਤੰਤਰੀ ਪੁਨਰ-ਉਥਾਨ ਤੋਂ ਲੈ ਕੇ ਯੂਰਪ ਵਿੱਚ ਜਨਤਕ ਵਿਰੋਧ ਪ੍ਰਦਰਸ਼ਨਾਂ ਅਤੇ ਅਫਰੀਕਾ ਦੇ ਬਸਤੀਵਾਦੀ ਵਿਰੋਧੀ ਦਾਅਵੇ ਤੱਕ ਹੈ। ਚੀਨ, ਕਿਊਬਾ ਅਤੇ ਵੀਅਤਨਾਮ ਵਰਗੇ ਸਮਾਜਵਾਦੀ ਦੇਸ਼ ਪ੍ਰਭੂਸੱਤਾ, ਬਰਾਬਰੀ ਅਤੇ ਰਾਜ-ਅਗਵਾਈ ਵਾਲੀ ਯੋਜਨਾਬੰਦੀ ਵਿੱਚ ਜੜ੍ਹਾਂ ਵਾਲੇ ਵਿਕਾਸ ਦੇ ਵਿਕਲਪਕ ਮਾਡਲਾਂ ਦਾ ਪ੍ਰਦਰਸ਼ਨ ਕਰਦੇ ਹਨ। ਸੀ ਪੀ ਆਈ ਇੱਕ ਨਵੀਂ ਵਿਸ਼ਵ ਵਿਵਸਥਾ ਦੀ ਮੰਗ ਕਰਦੀ ਹੈ ਜੋ ਬਹੁਧਰੁਵੀ, ਸਹਿਯੋਗ, ਸਥਿਰਤਾ ਅਤੇ ਸਾਮਰਾਜ ਵਿਰੋਧੀ ਏਕਤਾ ਨੂੰ ਅਪਣਾਉਂਦੀ ਹੈ।

ਦੁਨੀਆ ਭਰ ਵਿੱਚ ਵਧ ਰਿਹਾ ਵਿਰੋਧ ਮੌਜੂਦਾ ਰਾਜਨੀਤਕ ਦ੍ਰਿਸ਼ਟੀਕੋਣ ਦਾ ਇੱਕ ਮਹੱਤਵਪੂਰਨ ਤੱਤ ਹੈ। ਲਾਤੀਨੀ ਅਮਰੀਕਾ ਵਿੱਚ, ਖੱਬੇ-ਪੱਖੀ ਸਰਕਾਰਾਂ ਅਤੇ ਅਮਰੀਕੀ ਦਖਲਅੰਦਾਜ਼ੀ ਨੂੰ ਚੁਣੌਤੀ ਦੇਣ ਵਾਲੀਆਂ ਲਹਿਰਾਂ ਦੀ ਵਾਪਸੀ ਪ੍ਰਭੂਸੱਤਾ ਅਤੇ ਲੋਕ-ਕੇਂਦ੍ਰਤ ਵਿਕਾਸ ਦੇ ਇੱਕ ਸ਼ਕਤੀਸ਼ਾਲੀ ਦਾਅਵੇ ਨੂੰ ਦਰਸਾਉਂਦੀਆਂ ਹਨ। ਅਫਰੀਕਾ ਵਿੱਚ, ਦੇਸ਼ ਨਵ-ਬਸਤੀਵਾਦੀ ਫੌਜੀ ਮੌਜੂਦਗੀ ਨੂੰ ਰੱਦ ਕਰ ਰਹੇ ਹਨ ਅਤੇ ਆਪਣੇ ਸਰੋਤਾਂ 'ਤੇ ਨਿਯੰਤਰਣ ਦਾ ਦਾਅਵਾ ਕਰ ਰਹੇ ਹਨ। ਯੂਰਪ ਅਤੇ ਏਸ਼ੀਆ ਵਿੱਚ ਵਿਰੋਧ ਲਹਿਰਾਂ ਆਰਥਕ ਬੇਇਨਸਾਫ਼ੀ ਅਤੇ ਤਾਨਾਸ਼ਾਹੀ ਪ੍ਰਤੀ ਵਧਦੀ ਬੇਸਬਰੀ ਨੂੰ ਦਰਸਾਉਂਦੀਆਂ ਹਨ। ਸ਼੍ਰੀਲੰਕਾ ਵਿੱਚ, ਲੋਕਾਂ ਨੇ ਖੱਬੇ-ਪੱਖੀ ਜੇ ਵੀ ਪੀ ਸਰਕਾਰ ਨੂੰ ਚੁਣਿਆ ਕਿਉਂਕਿ ਇਸਨੇ ਲੋਕ-ਪੱਖੀ ਨੀਤੀਆਂ ਦੀ ਪਾਲਣਾ ਕੀਤੀ ਹੈ। ਇਹ ਸੰਘਰਸ਼, ਭਾਵੇਂ ਵਿਭਿੰਨ ਹਨ, ਸ਼ਾਂਤੀ, ਸਮਾਜਕ ਨਿਆਂ ਅਤੇ ਜਮਹੂਰੀ ਭਾਗੀਦਾਰੀ ਦੀ ਸਾਂਝੀ ਇੱਛਾ ਦੁਆਰਾ ਚਲਾਏ ਜਾਂਦੇ ਹਨ। ਚੀਨ ਅਤੇ ਵੀਅਤਨਾਮ ਸਮੇਤ ਸਮਾਜਵਾਦੀ ਦੇਸ਼, ਪੱਛਮੀ ਦਬਾਅ ਦਾ ਵਿਰੋਧ ਕਰਦੇ ਰਹਿੰਦੇ ਹਨ ਅਤੇ ਅਜਿਹੇ ਮਾਡਲ ਪੇਸ਼ ਕਰਦੇ ਹਨ ਜੋ ਪੂੰਜੀਵਾਦੀ ਮੁਨਾਫ਼ੇ ਨਾਲੋਂ ਜਨਤਕ ਭਲਾਈ ਅਤੇ ਲੰਬੇ ਸਮੇਂ ਦੀ ਯੋਜਨਾਬੰਦੀ ਨੂੰ ਤਰਜੀਹ ਦਿੰਦੇ ਹਨ। ਸੀ ਪੀ ਆਈ ਵਿਸ਼ਵ ਪੱਧਰ 'ਤੇ ਸਾਰੀਆਂ ਪ੍ਰਗਤੀਸ਼ੀਲ ਲਹਿਰਾਂ ਨਾਲ ਆਪਣੀ ਏਕਤਾ ਦੀ ਪੁਸ਼ਟੀ ਕਰਦੀ ਹੈ ਅਤੇ ਸਾਮਰਾਜਵਾਦ, ਪੂੰਜੀਵਾਦ ਅਤੇ ਵਾਤਾਵਰਣਕ ਢਹਿਣ ਵਿਰੁੱਧ ਲੜਾਈ ਵਿੱਚ ਪ੍ਰੋਲੇਤਾਰੀ ਅੰਤਰਰਾਸ਼ਟਰੀਵਾਦ ਦੇ ਮਹੱਤਵ 'ਤੇ ਜ਼ੋਰ ਦਿੰਦੀ ਹੈ।

ਭਾਰਤ ਵਿੱਚ, ਪਿਛਲੀ ਕਾਂਗਰਸ ਤੋਂ ਬਾਅਦ ਦਾ ਰਾਜਨੀਤਕ ਦ੍ਰਿਸ਼ ਆਰ ਐੱਸ ਐੱਸ-ਭਾਜਪਾ ਦੇ ਤਾਨਾਸ਼ਾਹੀ ਪ੍ਰੋਜੈਕਟ ਦੇ ਨਿਰੰਤਰ ਏਕੀਕਰਨ ਦੁਆਰਾ ਆਕਾਰ ਦਿੱਤਾ ਗਿਆ ਹੈ। ਜਦੋਂ ਕਿ 2024 ਦੀਆਂ ਆਮ ਚੋਣਾਂ ਵਿੱਚ ਭਾਜਪਾ -ਐੱਨ ਡੀ ਏ ਸੱਤਾ ਵਿੱਚ ਵਾਪਸ ਆਏ, ਪਰ ਭਾਜਪਾ ਬਹੁਮਤ ਤੋਂ ਘੱਟ ਗਈ, ਜਿਸ ਨਾਲ ਇਸਦੀ ਅਜਿੱਤਤਾ ਦੀ ਤਸਵੀਰ ਵਿੱਚ ਤਰੇੜਾਂ ਦਿਖਾਈ ਦਿੱਤੀਆਂ। ਇੰਡੀਆ ਬਲਾਕ ਨੇ, ਕਮਜ਼ੋਰੀਆਂ ਦੇ ਬਾਵਜੂਦ, ਦਿਖਾਇਆ ਕਿ ਚੋਣ ਵਿਰੋਧ ਸੰਭਵ ਹੈ। ਸੀ ਪੀ ਆਈ ਨੇ ਵਿਰੋਧੀ ਏਕਤਾ ਬਣਾਉਣ ਅਤੇ ਲੋਕਾਂ ਦੀਆਂ ਮੰਗਾਂ ਨੂੰ ਸਪੱਸ਼ਟ ਕਰਨ ਵਿੱਚ ਮੁੱਖ ਭੂਮਿਕਾ ਨਿਭਾਈ। ਹਾਲਾਂਕਿ, ਤਾਲਮੇਲ ਦੀ ਘਾਟ, ਵਿਚਾਰਧਾਰਕ ਸਪੱਸ਼ਟਤਾ ਅਤੇ ਸੀਟਾਂ ਦੀ ਪ੍ਰਭਾਵਸ਼ਾਲੀ ਵੰਡ ਨਾ ਹੋਣ ਨੇ ਇੰਡੀਆ ਬਲਾਕ ਦੇ ਕੰਮਕਾਜ ਵਿੱਚ ਰੁਕਾਵਟ ਪਾਈ। ਭਾਜਪਾ ਨੇ ਫਿਰਕੂ ਧਰੁਵੀਕਰਨ ਨੂੰ ਤੇਜ਼ ਕੀਤਾ, ਸੰਸਥਾਗਤ ਖੁਦਮੁਖਤਿਆਰੀ ਨੂੰ ਰੋਕਿਆ, ਅਤੇ ਕਾਰਪੋਰੇਟ ਪੱਖੀ ਨੀਤੀਆਂ ਨੂੰ ਅਪਣਾਇਆ। ਪਾਰਟੀ ਸੰਵਿਧਾਨ ਅਤੇ ਲੋਕਤੰਤਰੀ ਸੰਸਥਾਵਾਂ ਦੀ ਰੱਖਿਆ ਨੂੰ ਮੁੱਖ ਰਾਜਨੀਤਕ ਕੰਮ

• ਬਾਕੀ ਸਫਾ 2 'ਤੇ

## ਨਿੱਜੀ ਨਸ਼ਾ ਛੁਡਾਊ ਕੇਂਦਰਾਂ 'ਤੇ ਈ ਡੀ ਦੇ ਛਾਪੇ

**ਨਵੀਂ ਦਿੱਲੀ :** ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਨੇ ਪੰਜਾਬ 'ਚ ਸ਼ੁੱਕਰਵਾਰ ਪ੍ਰਾਈਵੇਟ ਨਸ਼ਾ ਛੁਡਾਊ ਕੇਂਦਰਾਂ 'ਤੇ ਛਾਪੇ ਮਾਰੇ। ਚੰਡੀਗੜ੍ਹ ਦੇ ਡਾ. ਅਮਿਤ ਬਾਂਸਲ ਵੱਲੋਂ ਪੰਜਾਬ ਦੇ 16 ਜ਼ਿਲ੍ਹਿਆਂ 'ਚ ਕਰੀਬ 22 ਨਿੱਜੀ ਨਸ਼ਾ ਛੁਡਾਊ ਕੇਂਦਰ ਚਲਾਏ ਜਾ ਰਹੇ ਹਨ ਅਤੇ ਇਨ੍ਹਾਂ ਕੇਂਦਰਾਂ ਨਾਲ ਮਨੀ ਲਾਂਡਰਿੰਗ ਦਾ ਮਾਮਲਾ ਜੁੜਿਆ ਹੋਇਆ ਹੈ। ਵਿਜੀਲੈਂਸ ਬਿਊਰੋ ਨੇ ਜਨਵਰੀ ਮਹੀਨੇ 'ਚ ਡਾ. ਅਮਿਤ ਬਾਂਸਲ ਦੇ ਕਰੀਬ 22 ਨਸ਼ਾ ਛੁਡਾਊ ਕੇਂਦਰਾਂ ਦੀ ਜਾਂਚ ਕੀਤੀ ਸੀ ਅਤੇ ਕਰੀਬ 31 ਹਜ਼ਾਰ ਗੋਲੀਆਂ ਦੀ ਗੈਰਕਾਨੂੰਨੀ ਵਿਕਰੀ ਫੜੀ ਸੀ। ਪੰਜਾਬ ਸਰਕਾਰ ਨੇ 13 ਜਨਵਰੀ ਨੂੰ ਇਹ ਸਾਰੇ ਨਸ਼ਾ ਛੁਡਾਊ ਕੇਂਦਰਾਂ ਦੇ ਲਾਇਸੈਂਸ ਮੁਅੱਤਲ ਕਰ ਦਿੱਤੇ ਸਨ। ਈ ਡੀ ਨੇ ਨਸ਼ਾ ਛੁਡਾਊ ਕੇਂਦਰਾਂ ਨਾਲ ਜੁੜੀ ਮਨੀ ਲਾਂਡਰਿੰਗ ਦੀ ਜਾਂਚ ਵਜੋਂ ਚੰਡੀਗੜ੍ਹ ਤੋਂ ਇਲਾਵਾ ਲੁਧਿਆਣਾ ਅਤੇ ਬਰਨਾਲਾ ਵਿੱਚ ਵੀ ਛਾਪੇ ਮਾਰੇ ਹਨ। ਉਸ ਨੇ ਮੁੰਬਈ ਵਿੱਚ ਵੀ ਅਜਿਹੇ ਛਾਪੇ ਮਾਰੇ ਹਨ। ਪਟਿਆਲਾ ਪੁਲਸ ਵੱਲੋਂ ਵੀ 16 ਅਪਰੈਲ ਨੂੰ ਡਾ. ਅਮਿਤ ਬਾਂਸਲ 'ਤੇ ਐੱਨ ਡੀ ਪੀ ਐੱਸ ਐਕਟ ਤਹਿਤ ਕੇਸ ਦਰਜ ਕੀਤਾ ਗਿਆ ਸੀ। ਈ ਡੀ ਇਨ੍ਹਾਂ ਨਿੱਜੀ ਕੇਂਦਰਾਂ ਵੱਲੋਂ ਮਰੀਜ਼ਾਂ ਲਈ ਆਈ ਦਵਾਈ ਨੂੰ ਬਾਜ਼ਾਰ ਵਿੱਚ ਵੇਚ ਕੇ ਕਾਲੀ ਕਮਾਈ ਕੀਤੇ ਜਾਣ ਦੀ ਜਾਂਚ ਕਰ ਰਹੀ ਹੈ। ਈ ਡੀ ਨੇ ਵਿਜੀਲੈਂਸ ਤੋਂ ਇਸ ਕੇਸ ਨਾਲ ਸੰਬੰਧਤ ਸਾਰਾ ਰਿਕਾਰਡ ਕਬਜ਼ੇ ਵਿੱਚ ਲੈ ਲਿਆ ਹੈ। ਪੰਜਾਬ ਵਿੱਚ 177 ਨਿੱਜੀ ਨਸ਼ਾ ਛੁਡਾਊ ਕੇਂਦਰ ਚੱਲ ਰਹੇ ਹਨ ਅਤੇ ਇਨ੍ਹਾਂ 'ਚੋਂ 117 ਕੇਂਦਰਾਂ ਨੂੰ ਤਾਂ ਸਿਰਫ 10 ਸੰਸਥਾਵਾਂ ਹੀ ਚਲਾ ਰਹੀਆਂ ਹਨ। ਦੋ ਅਜਿਹੀਆਂ ਸੰਸਥਾਵਾਂ ਵੀ ਹਨ, ਜੋ 20-20 ਕੇਂਦਰ ਚਲਾ ਰਹੀਆਂ ਹਨ।

## ਟਰੰਪ ਦੀਆਂ ਲੱਤਾਂ ਸੁੱਜੀਆਂ

**ਵਾਸ਼ਿੰਗਟਨ :** ਵ੍ਹਾਈਟ ਹਾਊਸ ਨੇ ਕਿਹਾ ਹੈ ਕਿ ਰਾਸ਼ਟਰਪਤੀ ਡੋਨਲਡ ਟਰੰਪ ਨੂੰ ਨਸਾਂ ਦੀ ਬਿਮਾਰੀ ਹੈ। ਵ੍ਹਾਈਟ ਹਾਊਸ ਨੇ ਵੀਰਵਾਰ ਦੱਸਿਆ ਕਿ ਟਰੰਪ ਦੀਆਂ ਲੱਤਾਂ ਦੇ ਹੇਠਲੇ ਹਿੱਸੇ ਵਿੱਚ ਸੋਜ ਹੈ ਅਤੇ ਉਨ੍ਹਾ ਦੇ ਸੱਜੇ ਹੱਥ 'ਤੇ ਸੱਟ ਦੇ ਨਿਸ਼ਾਨ ਹਨ। ਇਹ ਜਾਣਕਾਰੀ ਉਦੋਂ ਸਾਹਮਣੇ ਆਈ ਜਦੋਂ ਟਰੰਪ ਦੇ ਗਿੱਟਿਆਂ ਵਿੱਚ ਸੋਜ ਅਤੇ ਹੱਥ ਦੇ ਪ੍ਰਭਾਵਤ ਹਿੱਸੇ 'ਤੇ ਮੇਕਅਪ ਦੀ ਇੱਕ ਪਰਤ ਦੇਖੀ ਗਈ। ਵ੍ਹਾਈਟ ਹਾਊਸ ਦੀ ਤਰਜਮਾਨ ਕੈਰੋਲੀਨ ਲੇਵਿਟ ਨੇ ਪ੍ਰੈਸ ਕਾਨਫਰੰਸ ਵਿੱਚ ਟਰੰਪ ਦੇ ਡਾਕਟਰ ਦਾ ਪੱਤਰ ਪੜ੍ਹਦੇ ਹੋਏ ਕਿਹਾ ਕਿ ਦੋਵੇਂ ਬਿਮਾਰੀਆਂ ਆਮ ਹਨ। ਲੱਤ ਵਿੱਚ ਸੋਜ ਇੱਕ ਆਮ ਨਸਾਂ ਦੀ ਬਿਮਾਰੀ ਕਾਰਨ ਹੈ ਅਤੇ ਬਹੁਤ ਸਾਰੇ ਲੋਕਾਂ ਨਾਲ ਹੱਥ ਮਿਲਾਉਣ ਕਾਰਨ ਹੱਥ ਵਿੱਚ ਸੱਟ ਲੱਗੀ ਹੈ।

## ਸ਼ੁਗਲੀ ਦੀ ਕਿਤਾਬ 'ਸਵਰਗ ਦਾ ਸਿਰਨਾਵਾਂ' ਦਾ ਰਿਲੀਜ਼ ਸਮਾਗਮ ਅੱਜ



**ਜਲੰਧਰ :** ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਦੀ ਪੁਸਤਕ 'ਸਵਰਗ ਦਾ ਸਿਰਨਾਵਾਂ' ਦੀ ਘੁੰਡ ਚੁਕਾਈ 19 ਜੁਲਾਈ ਨੂੰ ਸਵੇਰੇ 11 ਵਜੇ, ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋ ਰਹੀ ਹੈ। ਇਹ ਸਮਾਗਮ ਸਾਹਿਤਕ ਅਤੇ ਸੱਭਿਆਚਾਰਕ ਸੰਸਥਾ ਫੁਲਕਾਰੀ ਰਜਿਸਟਰਡ ਵੱਲੋਂ ਕਰਵਾਇਆ ਜਾ ਰਿਹਾ ਹੈ। ਸੰਸਥਾ ਦੇ ਪ੍ਰਧਾਨ ਸੁਰਜੀਤ ਜੱਜ ਤੇ ਜਨਰਲ ਸਕੱਤਰ ਮੱਖਣ ਮਾਨ ਨੇ ਸਭ ਨੂੰ ਇਸ ਸਮਾਗਮ ਵਿੱਚ ਪੁੱਜਣ ਦੀ ਬੇਨਤੀ ਕੀਤੀ ਹੈ।

## 'ਜੰਗ ਮਨੁੱਖਤਾ ਦਾ ਘਾਣ' 'ਤੇ ਵਿਚਾਰ ਚਰਚਾ ਅੱਜ

**ਜਲੰਧਰ :** ਪ੍ਰਗਤੀਸ਼ੀਲ ਲੇਖਕ ਸੰਘ ਇਕਾਈ ਜਲੰਧਰ ਵੱਲੋਂ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ 19 ਜੁਲਾਈ ਸ਼ਾਮ ਚਾਰ ਵਜੇ ਵਿਚਾਰ ਚਰਚਾ ਕਰਵਾਈ ਜਾ ਰਹੀ ਹੈ, ਜਿਸ ਦਾ ਵਿਸ਼ਾ 'ਜੰਗ ਮਨੁੱਖਤਾ ਦਾ ਘਾਣ' ਰੱਖਿਆ ਗਿਆ ਹੈ। ਇਸ ਵਿਚਾਰ ਚਰਚਾ ਦੇ ਮੁੱਖ ਬੁਲਾਰੇ ਪ੍ਰਸਿੱਧ ਪੱਤਰਕਾਰ ਸਤਨਾਮ ਸਿੰਘ ਮਾਣਕ ਹੋਣਗੇ ਅਤੇ ਮਦਨ ਵੀਰਾ ਜੰਗ ਸੰਬੰਧੀ ਕਵਿਤਾਵਾਂ ਪੜ੍ਹਨਗੇ।

## 21 ਤੋਂ 23 ਤੱਕ ਭਾਰੀ ਮੀਂਹ

**ਲੁਧਿਆਣਾ :** ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੀ ਮੌਸਮ ਵਿਗਿਆਨੀ ਡਾਕਟਰ ਕੁਲਵਿੰਦਰ ਕੌਰ ਗਿੱਲ ਮੁਤਾਬਕ 19 ਅਤੇ 20 ਜੁਲਾਈ ਨੂੰ ਬੱਦਲ ਛਾਏ ਰਹਿਣਗੇ ਅਤੇ 21 ਤੋਂ 23 ਜੁਲਾਈ ਤੱਕ ਭਾਰੀ ਬਰਸਾਤ ਹੋਵੇਗੀ।


**ਜੈ ਮਾਤਾ ਦੀ ਜੈ ਮਾਤਾ ਦੀ**

ਚਿੰਤਪੁਰਨੀ ਮਾਤਾ ਦੇ ਮੇਲੇ 'ਤੇ ਮੰਗੂਵਾਲ ਬੈਰੀਅਰ 'ਤੇ ਭੋਗਪੁਰ ਵਾਸੀਆਂ ਦੀ ਸਰਾਂ ਹੈ, ਜਿਸ ਦਾ ਪੱਕਾ ਲੈਂਟਰ ਵਾਲਾ ਹਾਲ ਹੈ, ਜਿਸ ਦਾ ਵਾਇਆ ਦਸ ਹਜ਼ਾਰ ਸਕੇਅਰ ਫੁੱਟ ਹੈ। ਜੇਕਰ ਕਿਸੇ ਵੀ ਸੇਵਾਦਾਰ ਨੇ ਮੇਲੇ 'ਤੇ ਲੰਗਰ ਲਗਾਉਣਾ ਹੈ ਤਾਂ ਹੇਠ ਲਿਖੇ ਨੰਬਰ 'ਤੇ ਸੰਪਰਕ ਕਰ ਸਕਦਾ ਹੈ।

**ਪੱਪੂ ਸੇਵਾਦਾਰ : 98143-75023**


## 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਵੱਲੋਂ ਸਾਰੇ ਜ਼ਿਲ੍ਹਿਆਂ 'ਚ ਕਨਵੈਨਸ਼ਨਾਂ ਕਰਨ ਦਾ ਐਲਾਨ

### ਸੰਗਰੂਰ 'ਚ ਪੁਲਸ ਜਬਰ ਦੀ ਨਿੰਦਾ, 25 ਦੀ ਮਜ਼ਦੂਰ-ਕਿਸਾਨ ਰੈਲੀ ਦੀ ਹਮਾਇਤ



**ਜਲੰਧਰ (ਕੇਸਰ)-** ਦੇਸ਼ ਭਰ 'ਚ ਭਾਜਪਾ ਦੀਆਂ ਫਾਸ਼ੀ ਨੀਤੀਆਂ ਦਾ ਡਟਵਾਂ ਵਿਰੋਧ ਕਰਨ ਲਈ ਖੱਬੀਆਂ ਧਿਰਾਂ ਦੇ ਸਾਂਝੇ 'ਫਾਸ਼ੀ ਹਮਲਿਆਂ ਵਿਰੋਧੀ ਫਰੰਟ' ਦੀ ਮੀਟਿੰਗ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ। ਮੀਟਿੰਗ ਵਿੱਚ ਫਰੰਟ ਦਾ ਅੱਠ ਨੁਕਾਤੀ ਆਧਾਰ ਚੌਖਟਾ ਕੁੱਝ ਸੋਧਾਂ ਨਾਲ ਪਾਸ ਕਰ ਦਿੱਤਾ ਗਿਆ। ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਕੰਵਲਜੀਤ ਖੰਨਾ ਨੇ ਦੱਸਿਆ ਕਿ ਇਹ ਫਰੰਟ ਰਾਜਨੀਤਕ ਹੋਵੇਗਾ ਅਤੇ ਰਾਜਨੀਤਕ ਮੁੱਦਿਆਂ 'ਤੇ ਸਰਗਰਮੀ ਕਰੇਗਾ। ਇਸ ਫਰੰਟ ਦੀ ਮੁੱਖ ਸੇਧ ਮੋਦੀ ਹਕੂਮਤ ਦੀਆਂ ਫਾਸ਼ੀ ਨੀਤੀਆਂ ਖਿਲਾਫ ਲੋਕਾਂ ਨੂੰ ਜਾਗਰੂਕ ਕਰਨਾ, ਲਾਮਬੰਦ ਕਰਨਾ ਅਤੇ ਸੰਘਰਸ਼ ਦੇ ਮੈਦਾਨ ਵਿੱਚ ਲਿਆਉਣਾ ਹੋਵੇਗਾ। ਮੋਦੀ ਸਰਕਾਰ ਵੱਲੋਂ ਦੇਸੀ-ਵਿਦੇਸ਼ੀ ਕਾਰਪੋਰੇਟੀ ਲੁੱਟ ਲਈ ਲਿਆਂਦੀਆਂ ਜਾ ਰਹੀਆਂ ਨੀਤੀਆਂ ਦਾ ਵਿਰੋਧ ਕਰਨਾ ਹੋਵੇਗਾ।

ਇਸ ਫਰੰਟ ਦਾ ਮਕਸਦ ਦੇਸ਼ 'ਚ ਮੋਦੀ ਹਕੂਮਤ ਦੀਆਂ ਕੇਂਦਰੀਕਰਨ ਦੀਆਂ ਨੀਤੀਆਂ ਦਾ ਵਿਰੋਧ, ਹਾਸਲ ਫੈਡਰਲ ਧਾਰਾਵਾਂ ਦੀ ਰਾਖੀ, ਹਕੀਕੀ ਫੈਡਰਲਿਜ਼ਮ ਦੀ ਪ੍ਰਾਪਤੀ ਲਈ ਲੜਨਾ ਹੋਵੇਗਾ। ਇਹ ਫਰੰਟ ਚੋਣਾਂ ਲੜਨ ਜਾਂ ਚੋਣਾਂ ਦਾ ਵਿਰੋਧ ਕਰਨ ਦਾ ਫਰੰਟ ਨਹੀਂ ਹੋਵੇਗਾ।

ਉਨ੍ਹਾ ਅੱਗੇ ਦੱਸਿਆ ਕਿ ਦੇਸ਼ ਭਰ 'ਚ ਧਾਰਮਿਕ ਘੱਟਗਿਣਤੀਆਂ, ਦਲਿਤਾਂ ਅਤੇ ਕਗਾਰ ਅਪਰੇਸ਼ਨ ਰਾਹੀਂ ਮੱਧ ਭਾਰਤ ਦੇ ਆਦਿਵਾਸੀਆਂ ਅਤੇ ਮਾਓਵਾਦੀਆਂ 'ਤੇ ਢਾਹੇ ਜਾ ਰਹੇ ਜਬਰ ਖਿਲਾਫ ਫਰੰਟ ਤਿੱਖਾ ਸੰਘਰਸ਼ ਕਰੇਗਾ। ਮੀਟਿੰਗ ਵਿੱਚ ਬਿਹਾਰ ਵਿੱਚ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਥੋਕ 'ਚ ਵੋਟਾਂ ਕੱਟਣ ਲਈ ਲਾਗੂ ਕੀਤੇ ਜਾ ਰਹੇ ਨਾਗਰਿਕਤਾ ਸੋਧ ਕਨੂੰਨ ਦੀ ਜ਼ੋਰਦਾਰ ਨਿੰਦਾ ਕਰਦਿਆਂ ਇਸ ਨੂੰ ਸਿਰੇ ਦਾ ਜਮਹੂਰੀਅਤ ਘਾਤੀ ਅਮਲ ਕਰਾਰ ਦਿੱਤਾ ਗਿਆ। ਮੀਟਿੰਗ ਨੇ ਸੰਗਰੂਰ ਜ਼ਿਲ੍ਹੇ 'ਚ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਅੰਦੋਲਨ ਉਪਰ ਪੰਜਾਬ ਸਰਕਾਰ ਵੱਲੋਂ ਢਾਹੇ ਜਾ ਰਹੇ ਜਬਰ ਦੀ ਨਿੰਦਾ ਕੀਤੀ ਗਈ। ਮੀਟਿੰਗ ਨੇ ਗ੍ਰਿਫ਼ਤਾਰ ਕਾਰਕੁੰਨ ਰਿਹਾਅ ਕਰਨ, ਝੂਠੇ ਪਰਚੇ ਰੱਦ ਕਰਨ ਦੀ ਮੰਗ ਕਰਦਿਆਂ 25 ਜੁਲਾਈ ਦੀ ਪੁਲਸ ਜਬਰ ਵਿਰੋਧੀ ਰੈਲੀ ਦਾ ਜ਼ੋਰਦਾਰ ਸਮਰਥਨ ਕੀਤਾ। ਮੀਟਿੰਗ ਵਿੱਚ ਫਾਸ਼ੀ ਹਮਲਿਆਂ ਅਤੇ ਤਿੱਖੇ ਹੋ ਰਹੇ ਪੁਲਸ ਜਬਰ ਖਿਲਾਫ 20 ਜੁਲਾਈ ਤੋਂ 15 ਅਗਸਤ ਤੱਕ ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚ ਕਨਵੈਨਸ਼ਨਾਂ ਕਰਕੇ ਲਾਮਬੰਦੀ ਕਰਨ ਦਾ ਫ਼ੈਸਲਾ ਕੀਤਾ ਗਿਆ।

ਮੀਟਿੰਗ ਵਿੱਚ ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ, ਆਰ ਐੱਮ ਪੀ ਆਈ ਦੇ ਆਗੂ ਪ੍ਰਗਟ ਸਿੰਘ ਜਾਮਾਰਾਏ, ਪ੍ਰੋ. ਜੈ ਪਾਲ ਸਿੰਘ, ਮਹੀਪਾਲ, ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਦੇ ਆਗੂ ਅਜਮੇਰ ਸਿੰਘ ਅਤੇ ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਸ਼ਾਮਲ ਹੋਏ।

## ਬਾਦਲ-ਮਜੀਠੀਆ ਪਰਵਾਰ 'ਚ ਕਲੇਸ਼ ਸਿਖਰ 'ਤੇ : ਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਦੁਹਰਾਇਆ ਕਿ ਸੂਬੇ ਵਿੱਚ ਨਸ਼ਿਆਂ ਦੀ ਅਲਾਮਤ ਫੈਲਾਉਣ ਵਾਲਿਆਂ ਨਾਲ ਕੋਈ ਰਹਿਮ ਨਹੀਂ ਵਰਤਿਆ ਜਾਵੇਗਾ ਅਤੇ ਖ਼ੁਦ ਨੂੰ ਅਜਿੱਤ ਮੰਨਣ ਵਾਲੇ ਨਸ਼ਾ ਤਸਕਰੀ ਦੇ ਜਰਨੈਲਾਂ ਨੂੰ ਸਲਾਖਾਂ ਪਿੱਛੇ ਸੁੱਟਿਆ ਗਿਆ ਹੈ।

ਅਹਿਮਦਗੜ੍ਹ ਅਤੇ ਅਮਰਗੜ੍ਹ ਵਿਖੇ ਨਵੇਂ ਤਹਿਸੀਲ ਕੰਪਲੈਕਸਾਂ ਦਾ ਉਦਘਾਟਨ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਨਸ਼ਿਆਂ ਦਾ ਕਾਰੋਬਾਰ ਉਨ੍ਹਾਂ ਲੋਕਾਂ ਦੀ ਸਰਪ੍ਰਸਤੀ ਹੇਠ ਵਧਿਆ-ਫੁੱਲਿਆ, ਜਿਨ੍ਹਾਂ ਨੂੰ ਲੋਕਾਂ ਨੇ ਆਪਣੀ ਸੇਵਾ ਲਈ ਚੁਣਿਆ ਸੀ ਪਰ ਬਦਕਿਸਮਤੀ ਨਾਲ ਉਹ ਆਪਣੀਆਂ ਸਰਕਾਰੀ ਕਾਰਾਂ ਵਿੱਚ ਨਸ਼ੇ ਸਪਲਾਈ ਕਰਦੇ ਸਨ। ਉਨ੍ਹਾਂ ਕਿਹਾ ਕਿ ਇਨ੍ਹਾਂ ਆਗੂਆਂ ਕੋਲ ਆਪਣੇ ਸ਼ਾਸਨ ਦੇ ਦਿਨਾਂ ਦੌਰਾਨ ਸਭ ਤੋਂ ਵੱਧ ਤਾਕਤ ਸੀ ਅਤੇ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਦੇ ਬਾਵਜੂਦ ਕਿਸੇ ਨੇ ਵੀ ਉਨ੍ਹਾਂ ਨੂੰ ਛੂਹਣ ਦੀ ਹਿੰਮਤ ਨਹੀਂ ਕੀਤੀ। ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਇਨ੍ਹਾਂ ਆਗੂਆਂ ਨੂੰ ਸਲਾਖਾਂ ਪਿੱਛੇ ਸੁੱਟ ਦਿੱਤਾ ਹੈ ਕਿਉਂਕਿ ਉਨ੍ਹਾਂ ਨੇ ਨਸ਼ਿਆਂ ਦੇ ਕਾਰੋਬਾਰ ਰਾਹੀਂ ਜਵਾਨੀ ਦਾ ਘਾਣ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਬਾਦਲ-ਮਜੀਠੀਆ ਪਰਵਾਰ ਵਿੱਚ ਸਭ ਕੁਝ ਠੀਕ ਨਹੀਂ ਹੈ ਕਿਉਂਕਿ ਸੱਤਾ ਦੀ ਲੜਾਈ ਕਾਰਨ ਅੰਦਰੂਨੀ ਝਗੜਾ ਸਿਖਰ 'ਤੇ ਹੈ।

ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਅਕਾਲੀ ਆਪਸੀ ਫੁੱਟ ਦੇ ਸ਼ਿਕਾਰ ਹਨ ਕਿਉਂਕਿ ਇਨ੍ਹਾਂ ਪਾਰਟੀਆਂ ਦੇ ਆਗੂ ਸੱਤਾ ਲਈ ਆਪਸ ਵਿੱਚ ਝਗੜਦੇ ਰਹਿੰਦੇ ਹਨ ਮਾਨ ਨੇ ਕਿਹਾ ਕਿ ਇਹ ਸੱਤਾ ਦੇ ਭੁੱਖੇ ਸਿਆਸਤਦਾਨ ਸੱਤਾ ਤੋਂ ਬਿਨਾਂ ਬੇਚੈਨ ਹੋ ਰਹੇ ਹਨ ਕਿਉਂਕਿ ਲੋਕਾਂ ਨੇ 'ਆਪ' ਨੂੰ ਚੁਣਨ ਲਈ ਉਨ੍ਹਾਂ ਨੂੰ ਬਾਹਰ ਦਾ ਰਸਤਾ ਦਿਖਾਇਆ ਹੈ।

## ਵਾਡਰਾ ਖਿਲਾਫ ਚਾਰਜਸ਼ੀਟ ਸਿਆਸਤ ਤੋਂ ਪ੍ਰੇਰਤ : ਰਾਹੁਲ

**ਨਵੀਂ ਦਿੱਲੀ :** ਰਾਹੁਲ ਗਾਂਧੀ ਨੇ ਈ ਡੀ ਵੱਲੋਂ ਹਰਿਆਣਾ ਦੇ ਸ਼ਿਕੋਹਪੁਰ ਵਿੱਚ ਜ਼ਮੀਨ ਸੌਦੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਰੌਬਰਟ ਵਾਡਰਾ ਖਿਲਾਫ ਚਾਰਜਸ਼ੀਟ ਦਾਖਲ ਕੀਤੇ ਜਾਣ ਨੂੰ ਸਿਆਸਤ ਤੋਂ ਪ੍ਰੇਰਤ ਕਾਰਵਾਈ ਕਰਾਰ ਦਿੱਤਾ ਹੈ। ਰਾਹੁਲ ਨੇ ਐਕਸ 'ਤੇ ਇਕ ਪੋਸਟ 'ਚ ਲਿਖਿਆ, "ਮੇਰੇ ਭਣੋਈਏ ਨੂੰ ਪਿਛਲੇ 10 ਸਾਲਾਂ ਤੋਂ ਇਸ ਸਰਕਾਰ ਵੱਲੋਂ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਇਹ ਸੱਜਰੀ ਚਾਰਜਸ਼ੀਟ ਉਸੇ ਦੀ ਅਗਲੀ ਕੜੀ ਹੈ। ਮੈਂ ਰੌਬਰਟ, ਪ੍ਰਿਅੰਕਾ ਤੇ ਉਨ੍ਹਾਂ ਦੇ ਬੱਚਿਆਂ ਨਾਲ ਖੜ੍ਹਾ ਹਾਂ, ਕਿਉਂਕਿ ਉਹ ਸਿਆਸਤ ਤੋਂ ਪ੍ਰੇਰਤ ਬਦਨਾਮੀ ਤੇ ਅੱਤਿਆਚਾਰ ਦੇ ਇੱਕ ਹੋਰ ਹਮਲੇ ਦਾ ਸਾਹਮਣਾ ਕਰ ਰਹੇ ਹਨ। ਮੈਂ ਜਾਣਦਾ ਹਾਂ ਕਿ ਉਨ੍ਹਾਂ ਸਾਰਿਆਂ ਕੋਲ ਕਿਸੇ ਵੀ ਤਰ੍ਹਾਂ ਦੇ ਅੱਤਿਆਚਾਰ ਦਾ ਸਾਹਮਣਾ ਕਰਨ ਦੀ ਹਿੰਮਤ ਹੈ ਅਤੇ ਉਹ ਸਨਮਾਨ ਨਾਲ ਅਜਿਹਾ ਕਰਦੇ ਰਹਿਣਗੇ।" ਰਾਹੁਲ ਗਾਂਧੀ ਨੇ ਕਿਹਾ ਕਿ ਸੱਚਾਈ ਦੀ ਅੰਤ ਵਿੱਚ ਜਿੱਤ ਹੋਵੇਗੀ।

## ਡਾ. ਔਲਖ ਵੱਲੋਂ 25 ਹਜ਼ਾਰ ਦਾ ਚੈੱਕ ਭੇਟ



**ਬਰਨਾਲਾ :** ਸਿਹਤ ਵਿਭਾਗ ਦੇ ਡਿਪਟੀ ਡਾਇਰੈਕਟਰ ਰਿਟਾਇਰ ਹੋਏ ਅਤੇ ਜ਼ਿਲ੍ਹਾ ਲੁਧਿਆਣਾ ਤੇ ਜ਼ਿਲ੍ਹਾ ਬਰਨਾਲਾ ਦੇ ਸਾਬਕਾ ਸਿਵਲ ਸਰਜਨ ਡਾਕਟਰ ਜਸਵੀਰ ਸਿੰਘ ਔਲਖ ਨੇ ਡਾਕਟਰ ਇੰਦਰਵੀਰ ਗਿੱਲ ਦੀ ਅਪੀਲ 'ਤੇ ਭਾਰਤੀ ਕਮਿਊਨਿਸਟ ਪਾਰਟੀ ਦੇ 25ਵੇਂ ਮਹਾਂ ਸੰਮੇਲਨ ਲਈ 25000 ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਹੈ। ਉਹਨਾਂ ਜ਼ਿਲ੍ਹਾ ਬਰਨਾਲਾ ਦੇ ਕਮਿਊਨਿਸਟ ਪਾਰਟੀ ਦੇ ਆਗੂਆਂ ਕਾਮਰੇਡ ਖੁਸ਼ੀਆ ਸਿੰਘ ਜ਼ਿਲ੍ਹਾ ਸਕੱਤਰ ਸੀ ਪੀ ਆਈ ਬਰਨਾਲਾ , ਕਾਮਰੇਡ ਸੁਖਜੰਤ ਸਿੰਘ ਸਕੱਤਰ ਤਹਿਸੀਲ ਬਰਨਾਲਾ, ਕਾਮਰੇਡ ਜਗਰਾਜ ਸਿੰਘ ਰਾਮਾ ਤਹਿਸੀਲ ਸਕੱਤਰ ਤਪਾ, ਕਾਮਰੇਡ ਧਰਮ ਸਿੰਘ ਮੀਤ ਸਕੱਤਰ ਤਪਾ ਅਤੇ ਮੁਲਾਜ਼ਮ ਆਗੂ ਰਮੇਸ਼ ਕੁਮਾਰ ਹਮਦਰਦ ਨੂੰ ਆਪਣੇ ਦਫਤਰ ਬੁਲਾ ਕੇ ਪਾਰਟੀ ਦੀ ਸਹਾਇਤਾ ਲਈ ਚੈੱਕ ਭੇਟ ਕੀਤਾ। ਕੋਰੋਨਾ ਦੌਰ ਵਿੱਚ ਉਹਨਾਂ ਦੇ ਕੀਤੇ ਕੰਮ ਦੀ ਹਰ ਥਾਂ ਪ੍ਰਸੰਸਾ ਹੋਈ। ਜੱਚਾ ਬੱਚਾ ਸਿਹਤ ਸੰਭਾਲ ਲਈ ਵੀ ਉਹਨਾਂ ਦੀ ਅਗਵਾਈ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਚੱਕਰ ਸੈੱਲਫੀ ਦਾ ਪੈ ਗਿਆ ਬਹੁਤ ਭੈੜਾ,
ਬਣਦਾ ਜਾਪੇ ਜਵਾਨੀ ਲਈ ਕਹਿਰ ਬੇਲੀ।
ਇਹੀ ਕਰਨ ਵਿੱਚ ਲੋਕ ਗਏ ਬਹੁਤ ਮਾਰੇ,
ਬਥੇਰੇ ਘਰੀਂ ਗਈ ਜ਼ਿੰਦਗੀ ਠਹਿਰ ਬੇਲੀ।
ਸੈੱਲਫੀ ਲੈਣ ਨੂੰ ਬੱਸ ਕੁਝ ਦਿਲ ਖਿੱਚਵੀਂ,
ਐਸੀ ਉੱਠਦੀ ਦਿਲਾਂ ਵਿੱਚ ਲਹਿਰ ਬੇਲੀ।
ਜੀਵਨ-ਸਫਰ ਦਾ ਅੰਤ ਹੈ ਬਣਨ ਲੱਗਦੀ,
ਜਵਾਨੀ ਹੋਵੇ ਜਦ ਸਿਖਰ ਦੁਪਹਿਰ ਬੇਲੀ।
ਪੈਂਦਾ ਏ ਚਸਕਾ ਵਿਖਾਵੇ ਦਾ ਬਹੁਤ ਮਾਰੂ,
ਹਰ ਦਿਨ ਖਬਰ ਅਜਿਹੀ ਹੀ ਆਏ ਬੇਲੀ।
ਜਿਹੜੇ ਮਾਪਿਆਂ ਦੇ ਮਰਦੇ ਈ ਇੰਜ ਬੱਚੇ,
ਵਿਲਕਦੇ ਹੋਏ ਕੌਣ ਚੁੱਪ ਕਰਵਾਏ ਬੇਲੀ।

-ਤੀਸ ਮਾਰ ਖਾਂ

## ਹਰਿਮੰਦਰ ਸਾਹਿਬ ਨੂੰ ਧਮਕੀਆਂ : ਫਰੀਦਾਬਾਦ ਤੋਂ ਇੰਜੀਨੀਅਰ ਹਿਰਾਸਤ 'ਚ ਲਿਆ

**ਅੰਮ੍ਰਿਤਸਰ :** ਸ੍ਰੀ ਹਰਿਮੰਦਰ ਸਾਹਿਬ ਵਿਖੇ ਧਮਕੀ ਭਰੇ ਈਮੇਲ ਭੇਜਣ ਦੇ ਮਾਮਲੇ ਵਿੱਚ ਪੁਲਸ ਨੇ ਫਰੀਦਾਬਾਦ ਤੋਂ ਸ਼ੁਭਮ ਦੂਬੇ ਨਾਂਅ ਦੇ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲਿਆ ਹੈ। ਇਹ ਖੁਲਾਸਾ ਕਰਦਿਆਂ ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਸ ਵੱਲੋਂ ਇਸ ਮਾਮਲੇ ਵਿੱਚ ਕੁਝ ਟੀਮਾਂ ਤਾਮਿਲ ਨਾਡੂ ਵੀ ਭੇਜੀਆਂ ਗਈਆਂ ਹਨ। ਉਨ੍ਹਾ ਦੱਸਿਆ ਕਿ ਸ਼ੁਭਮ ਦੂਬੇ ਨੇ ਬੀ ਟੈੱਕ ਇੰਜੀਨੀਅਰਿੰਗ ਕੀਤੀ ਹੋਈ ਹੈ। ਪੁਲਸ ਨੇ ਜਾਂਚ ਲਈ ਉਸ ਦਾ ਲੈਪਟਾਪ ਅਤੇ ਮੋਬਾਈਲ ਵੀ ਜ਼ਬਤ ਕੀਤਾ ਹੈ। ਉਨ੍ਹਾ ਇਸ ਨੂੰ ਅੰਸ਼ਕ ਸਫਲਤਾ ਦੱਸਦਿਆਂ ਕਿਹਾ ਕਿ ਪੁਲਸ ਵੱਲੋਂ ਕੀਤੀ ਜਾ ਰਹੀ ਜਾਂਚ ਸਹੀ ਦਿਸ਼ਾ ਵਿੱਚ ਜਾ ਰਹੀ ਹੈ ਅਤੇ ਜਲਦੀ ਹੀ ਪੁਲਸ ਦੇ ਹੱਥ ਵੱਡੀ ਸਫਲਤਾ ਹੋਵੇਗੀ।

ਉਨ੍ਹਾ ਕਿਹਾ ਕਿ ਇਸ ਮਾਮਲੇ ਨੂੰ ਲੈ ਕੇ ਪੰਜਾਬ ਪੁਲਸ ਵੱਖ-ਵੱਖ ਖੁਫੀਆ ਅਤੇ ਸੁਰੱਖਿਆ ਏਜੰਸੀਆਂ ਨਾਲ ਤਾਲਮੇਲ ਵਿੱਚ ਹੈ। ਇਸ ਮਾਮਲੇ ਵਿੱਚ ਤਾਮਿਲ ਨਾਡੂ ਸਰਕਾਰ ਨਾਲ ਵੀ ਸੰਪਰਕ ਬਣਾਇਆ ਹੋਇਆ ਹੈ।

ਉਨ੍ਹਾ ਦੱਸਿਆ ਕਿ ਤਾਮਿਲ ਨਾਡੂ ਸਰਕਾਰ ਤੋਂ ਜਾਣਕਾਰੀ ਮਿਲੀ ਹੈ ਕਿ ਉੱਥੇ ਵੀ ਇਸ ਤਰ੍ਹਾਂ ਦੀਆਂ ਵੱਡੇ ਪੱਧਰ 'ਤੇ ਈਮੇਲ ਪ੍ਰਾਪਤ ਹੋਈਆਂ ਹਨ। ਉਨ੍ਹਾ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਵਿੱਚ ਭੇਜੀਆਂ ਧਮਕੀ ਭਰੀਆਂ ਈਮੇਲਾਂ ਦਾ ਵੱਡਾ ਹਿੱਸਾ ਭਾਰਤ ਦੇ ਦੱਖਣੀ ਰਾਜਾਂ ਨਾਲ ਸੰਬੰਧਤ ਹੈ, ਜਦੋਂ ਕਿ ਉਸ ਵਿੱਚ ਸਿਰਫ ਹਰਿਮੰਦਰ ਸਾਹਿਬ ਬਾਰੇ ਕੁਝ ਲਾਈਨਾਂ ਹੀ ਸ਼ਾਮਲ ਹਨ। ਇਸ ਤੋਂ ਲੱਗਦਾ ਹੈ ਕਿ ਇਹ ਈਮੇਲ ਭੇਜਣ ਵਾਲਾ ਵਿਅਕਤੀ ਜਾਂਚ ਦੌਰਾਨ ਧਿਆਨ ਹੋਰ ਪਾਸੇ ਬਦਲਣਾ ਚਾਹੁੰਦਾ ਹੈ ਜਾਂ ਫਿਰ ਧਿਆਨ ਖਿੱਚਣਾ ਚਾਹੁੰਦਾ ਹੈ। ਇੱਕ ਸਵਾਲ ਦੇ ਜਵਾਬ ਵਿੱਚ ਉਨ੍ਹਾ ਕਿਹਾ ਕਿ ਅਜਿਹੀਆਂ ਈਮੇਲ ਵਿੱਚ ਦੱਖਣੀ ਭਾਰਤ ਦੀ ਇੱਕ ਸਿਆਸੀ ਪਾਰਟੀ ਅਤੇ ਇੱਕ ਯੂਨੀਵਰਸਿਟੀ ਦਾ ਵੀ ਜ਼ਿਕਰ ਹੈ।

ਭੁੱਲਰ ਨੇ ਕਿਹਾ ਕਿ ਸਾਈਬਰ ਸਪੇਸ ਇਸ ਵੇਲੇ ਇਕ ਵਿਸਤ੍ਰਿਤ ਖੇਤਰ ਬਣ ਚੁੱਕਾ ਹੈ ਅਤੇ ਸਾਈਬਰ ਕ੍ਰਾਈਮ ਦੀ ਜਾਂਚ ਵਾਸਤੇ ਸਮਾਂ ਲੱਗਦਾ ਹੈ। ਉਨ੍ਹਾ ਦੱਸਿਆ ਕਿ ਈਮੇਲ ਭੇਜਣ ਵਾਲੇ ਸ਼ਖਸ ਵੱਲੋਂ ਦੇਸ਼ ਤੋਂ ਬਾਹਰਲੇ ਸਾਈਬਰ ਮੰਚ ਦੀ ਵਰਤੋਂ ਕੀਤੀ ਗਈ ਹੈ, ਜਿੱਥੋਂ ਪੁਲਸ ਵੱਲੋਂ ਡੇਟਾ ਕਢਵਾਇਆ ਜਾ ਰਿਹਾ ਹੈ।

ਇਸੇ ਦੌਰਾਨ ਸ਼ੁੱਕਰਵਾਰ ਦੁਪਹਿਰ ਸ੍ਰੀ ਹਰਿਮੰਦਰ ਸਾਹਿਬ 'ਚ ਆਰ ਡੀ ਐਕਸ ਬੰਬ ਧਮਾਕੇ ਕਰਨ ਦੀ ਇੱਕ ਹੋਰ ਧਮਕੀ ਮਿਲੀ ਹੈ।

ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਚਿੰਤਾ ਜ਼ਾਹਰ ਕਰਦੇ ਕਿਹਾ ਕਿ ਇੱਕ ਵਿਅਕਤੀ ਨੂੰ ਕਾਬੂ ਕਰਨ ਦੇ ਬਾਵਜੂਦ ਵੀ ਧਮਕੀ ਭਰੀ ਈਮੇਲ ਸ਼੍ਰੋਮਣੀ ਕਮੇਟੀ ਨੂੰ ਭੇਜੀ ਗਈ ਹੈ।

## ਹਰਿਮੰਦਰ ਸਾਹਿਬ ਉਦਾਲੇ ਉਸਰ ਰਹੀਆਂ ਉੱਚੀਆਂ ਇਮਾਰਤਾਂ ਦੀ ਜਾਂਚ ਹੋਵੇਗੀ

**ਅੰਮ੍ਰਿਤਸਰ :** ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਬਣ ਰਹੀਆਂ ਉੱਚੀਆਂ ਇਮਾਰਤਾਂ ਦਾ ਸਥਾਨਕ ਸਰਕਾਰਾਂ ਵਿਭਾਗ ਨੇ ਨੋਟਿਸ ਲਿਆ ਹੈ ਅਤੇ ਇਸ ਸੰਬੰਧ ਵਿੱਚ ਨਗਰ ਨਿਗਮ ਦੇ ਕਮਿਸ਼ਨਰ ਨੂੰ ਇੱਕ ਪੱਤਰ ਭੇਜਿਆ ਹੈ, ਜਿਸ ਵਿੱਚ ਉਨ੍ਹਾ ਨੂੰ ਗੁਰੂਘਰ ਦੇ ਆਲੇ-ਦੁਆਲੇ ਹੋ ਰਹੀਆਂ ਉਸਾਰੀਆਂ ਦੀ ਉਚਾਈ ਨੂੰ ਨਿਯਮਤ ਕਰਨ ਵਾਸਤੇ ਦਿਸ਼ਾ-ਨਿਰਦੇਸ਼ ਦਿੱਤੇ ਗਏ ਹਨ। ਕੁਝ ਸਮਾਂ ਪਹਿਲਾਂ ਕੁਝ ਜਥੇਬੰਦੀਆਂ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਬਣ ਰਹੀਆਂ ਉੱਚੀਆਂ ਇਮਾਰਤਾਂ 'ਤੇ ਇਤਰਾਜ਼ ਪ੍ਰਗਟਾਇਆ ਗਿਆ ਸੀ ਅਤੇ ਇਸ ਸੰਬੰਧ ਵਿੱਚ ਸਰਕਾਰ ਨੂੰ ਨੋਟਿਸ ਲੈਣ ਦੀ ਅਪੀਲ ਕੀਤੀ ਸੀ।

ਸਥਾਨਕ ਸਰਕਾਰਾਂ ਵਿਭਾਗ ਦੇ ਅਧੀਨ ਸਕੱਤਰ ਵੱਲੋਂ ਨਗਰ ਨਿਗਮ ਦੇ ਕਮਿਸ਼ਨਰ ਨੂੰ ਭੇਜੇ ਪੱਤਰ 'ਚ ਕਿਹਾ ਗਿਆ ਹੈ ਕਿ ਸਥਾਨਕ ਸਰਕਾਰਾਂ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਉੱਚੀਆਂ ਇਮਾਰਤਾਂ ਬਣ ਰਹੀਆਂ ਹਨ, ਜਿਸ ਦਾ ਪ੍ਰਭਾਵ ਗੁਰੂ ਘਰ ਦੀ ਦਿੱਖ 'ਤੇ ਪੈ ਰਿਹਾ ਹੈ। ਉਨ੍ਹਾ ਕਿਹਾ ਕਿ ਇਹ ਸਿੱਖ ਜਗਤ ਦਾ ਹੀ ਨਹੀਂ ਸਗੋਂ ਸਮੁੱਚੀ ਲੁਕਾਈ ਵਾਸਤੇ ਵੱਡੀ ਆਸਥਾ ਦਾ ਸਥਾਨ ਹੈ। ਇਸ ਤੋਂ ਇਲਾਵਾ ਇਹ ਗੁਰੂ ਅਸਥਾਨ ਵਿਲੱਖਣ ਅਤੇ ਵਿਰਾਸਤੀ ਦਰਜਾ ਵੀ ਰੱਖਦਾ ਹੈ।

ਉਨ੍ਹਾ ਕਮਿਸ਼ਨਰ ਨੂੰ ਹਦਾਇਤ ਕੀਤੀ ਹੈ ਕਿ ਇਸ ਸੰਬੰਧ ਵਿੱਚ ਇਮਾਰਤਾਂ ਦੀ ਉਚਾਈ ਨੂੰ ਨਿਯਮਤ ਕੀਤਾ ਜਾਵੇ ਅਤੇ ਜੇ ਕੋਈ ਪਹਿਲਾਂ ਕਾਨੂੰਨ ਹੈ ਤਾਂ ਉਸ ਦੀ ਉਲੰਘਣਾ ਹੇਠ ਸਖਤ ਕਾਰਵਾਈ ਕੀਤੀ ਜਾਵੇ। ਸਥਾਨਕ ਸਰਕਾਰਾਂ ਵਿਭਾਗ ਨੇ ਕਮਿਸ਼ਨਰ ਕੋਲੋਂ ਇੱਕ ਹਫਤੇ ਵਿੱਚ ਕਾਰਵਾਈ ਰਿਪੋਰਟ ਮੰਗੀ ਹੈ।

ਇਸ ਤੋਂ ਪਹਿਲਾਂ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਇਸ ਮਾਮਲੇ ਵਿੱਚ ਵਿਭਾਗ ਨੂੰ ਕਾਰਵਾਈ ਵਾਸਤੇ ਹਦਾਇਤ ਕੀਤੀ ਗਈ ਸੀ। ਕੁਝ ਸਮਾਂ ਪਹਿਲਾਂ ਇਸ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਇੱਥੇ ਨੇੜੇ ਹੀ ਬਣਾਈ ਜਾ ਰਹੀ ਇੱਕ ਇਮਾਰਤ ਦੀ ਉਚਾਈ 'ਤੇ ਵੀ ਇਤਰਾਜ਼ ਕੀਤਾ ਗਿਆ ਸੀ, ਜਿਸ ਤੋਂ ਬਾਅਦ ਸ਼੍ਰੋਮਣੀ ਕਮੇਟੀ ਵੱਲੋਂ ਇਮਾਰਤ ਦੀ ਵਧੇਰੇ ਉਚਾਈ ਨੂੰ ਰੋਕਣ ਬਾਰੇ ਭਰੋਸਾ ਦਿੱਤਾ ਗਿਆ ਸੀ।

## 7ਵਾਂ ਪੇ ਕਮਿਸ਼ਨ ਲਾਗੂ ਕਰਨ ਸਬੰਧੀ ਡੀ ਸੀ ਦਫਤਰ ਕਰਮਚਾਰੀ ਯੂਨੀਅਨ ਨੇ ਡਿਪਟੀ ਕਮਿਸ਼ਨਰ ਨੂੰ ਦਿੱਤਾ ਮੰਗ ਪੱਤਰ



**ਮੋਗਾ (ਇਕਬਾਲ ਸਿੰਘ ਖਹਿਰਾ)**-ਡੀ.ਸੀ. ਦਫਤਰ ਕਰਮਚਾਰੀ ਯੂਨੀਅਨ ਮੋਗਾ ਦੇ ਨਵੇਂ ਭਰਤੀ ਹੋਏ ਮੁਲਾਜ਼ਮ ਜਿਨ੍ਹਾਂ 'ਤੇ 17/07/2020 ਦੇ ਪੱਤਰ ਰਾਹੀ ਸੈਂਟਰ ਸਰਕਾਰ ਦਾ 7ਵਾਂ ਪੇ ਕਮਿਸ਼ਨ ਲਾਗੂ ਕੀਤਾ ਗਿਆ ਹੈ, ਡੀ.ਸੀ. ਦਫਤਰ ਕਰਮਚਾਰੀ ਯੂਨੀਅਨ, ਮੋਗਾ ਇਸ ਪੱਤਰ ਦੀ ਨਿੰਦਾ ਕਰਦੀ ਹੈ।ਇਸ ਮੌਕੇ ਜਾਣਕਾਰੀ ਦਿੰਦਿਆਂ ਡੀ.ਸੀ ਦਫਤਰ ਕਰਮਚਾਰੀ ਯੂਨੀਅਨ ਮੋਗਾ ਦੇ ਪ੍ਰਧਾਨ ਦਲਬੀਰ ਸਿੰਘ ਸਿੱਧੂ ਨੇ ਦੱਸਿਆ ਯੂਨੀਅਨ ਸਰਕਾਰ ਪਾਸੋਂ ਮੰਗ ਕਰਦੀ ਹੈ ਕਿ ਇਹ ਪੱਤਰ ਰੱਦ ਕਰਦੇ ਹੋਏ ਸਾਰੇ ਨਵੇਂ ਭਰਤੀ ਹੋਏ ਮੁਲਾਜ਼ਮਾਂ 'ਤੇ ਪੰਜਾਬ ਸਰਕਾਰ ਦਾ 6ਵਾਂ ਪੇ-ਕਮਿਸ਼ਨ ਲਾਗੂ ਕੀਤਾ ਜਾਵੇ।ਇਹ ਮੰਗ ਕੀਤੀ ਜਾਂਦੀ ਹੈ ਕਿ ਪੰਜਾਬ ਸਰਕਾਰ ਦੇ ਸਾਰੇ ਕਰਮਚਾਰੀਆਂ 'ਤੇ ਇਕ ਹੀ ਪੇ-ਕਮਿਸ਼ਨ ਲਾਗੂ ਕਰਦੇ ਹੋਏ ਸਮਾਨਤਾ ਨੂੰ ਬਰਕਰਾਰ ਰੱਖਿਆ ਜਾਵੇ।ਉਨ੍ਹਾਂ ਸਰਕਾਰ ਨੂੰ ਇਹ ਵੀ ਬੇਨਤੀ ਕੀਤੀ ਹੈ ਕਿ ਅਜਿਹਾ ਨਾ ਕਰ ਕੇ ਸਰਕਾਰ ਨਵੇਂ ਭਰਤੀ ਹੋਏ ਮੁਲਾਜ਼ਮ ਨਾਲ ਮਤਰੇਈ ਮਾਂ ਵਾਲਾ ਸਲੂਕ ਨਾ ਕਰੇ ਅਤੇ ਮੁਲਾਜ਼ਮਾਂ ਨੂੰ ਉਹ ਦਾ ਬਣਦਾ ਹੱਕ ਦਿੱਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿਚ ਮਜਬੂਰਨ ਸੰਘਰਸ਼ ਦਾ ਰਸਤਾ ਅਖਤਿਆਰ ਕਰਨਾ ਪੈ ਸਕਦਾ ਹੈ।ਇਸ ਮੌਕੇ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੂੰ ਮੰਗ ਪੱਤਰ ਵੀ ਦਿੱਤਾ। ਇਸ ਮੌਕੇ ਸ਼ਰਨਜੀਤ ਸਿੰਘ, ਰਾਹੁਲ ਖਹਿਰਾ, ਅਮਨਦੀਪ ਸਿੰਘ, ਤਿਲਕ ਪਵਾਰ, ਪ੍ਰਿਸ ਰਖੇਜਾ, ਪਰਮਿੰਦਰ ਸਿੰਘ, ਸੁਰਿੰਦਰ ਕੁਮਾਰ, ਰਵਿੰਦਰ ਕੁਮਾਰ, ਜਗਮੀਤ ਸਿੰਘ ਤੀਨੂ ਸੁਰੇਲੀਆ ਤਰਸੇਮ ਸਿੰਘ ਤੋਂ ਇਲਾਵਾ ਮਹਿਲਾ ਸਟਾਫ ਹਾਜ਼ਰ ਸੀ।

## ਬੁਢਲਾਡਾ 'ਚ ਗੱਟੀਆਂ ਬਣਾਉਣ ਵਾਲੀ ਫੈਕਟਰੀ ਦੀ ਸਮੱਸਿਆ ਦਾ ਸਿਹਤ ਮੰਤਰੀ ਨੇ ਲਿਆ ਨੋਟਿਸ

**ਬੁਢਲਾਡਾ (ਅਸ਼ੋਕ ਲਾਕੜਾ)**-ਮੀਡੀਆ ਰਾਹੀਂ ਪ੍ਰਕਾਸ਼ਿਤ ਇਕ ਖ਼ਬਰ ਦਾ ਨੋਟਿਸ ਲੈਂਦਿਆਂ ਸਿਹਤ ਮੰਤਰੀ ਪੰਜਾਬ ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਪ੍ਰਸ਼ਾਸਨ ਮਾਨਸਾ ਨੂੰ ਬੁਢਲਾਡਾ ਵਿਖੇ ਗੱਟੀਆਂ ਬਣਾਉਣ ਵਾਲੀ ਫੈਕਟਰੀ ਦੀ ਸਮੱਸਿਆ ਸਬੰਧੀ ਲੋਕਾਂ ਨਾਲ ਰਾਬਤਾ ਕਰਕੇ ਇਸ ਦਾ ਢੁੱਕਵਾਂ ਹੱਲ ਕਰਨ ਤੇ ਪੀੜਤ ਲੋਕਾਂ ਦੇ ਇਲਾਜ ਲਈ ਵਿਸ਼ੇਸ਼ ਸਿਹਤ ਕੈਂਪ ਲਾਉਣ ਦੀ ਹਦਾਇਤ ਕੀਤੀ ਹੈ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਸ ਫੈਕਟਰੀ ਦੀ ਪ੍ਰਦੂਸ਼ਣ ਕੰਟਰੋਲ ਬੋਰਡ ਰਾਹੀਂ ਜਾਂਚ ਕਰਵਾਈ ਜਾਵੇਗੀ ਤੇ ਇਹ ਨਿਸ਼ਚਿਤ ਕੀਤਾ ਜਾਵੇਗਾ ਕਿ ਫੈਕਟਰੀ 'ਚੋਂ ਨਿਕਲਣ ਵਾਲਾ ਧੂੰਆਂ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਨਿਯਮਾਂ ਦੇ ਮਾਪਦੰਡਾਂ ਅਨੁਸਾਰ ਹੋਵੇ ਜਿਸ ਦਾ ਨਜ਼ਦੀਕੀ ਆਬਾਦੀ 'ਤੇ ਕੋਈ ਪ੍ਰਭਾਵ ਨਾ ਪਵੇ।ਸਿਹਤ ਮੰਤਰੀ ਨੇ ਕਿਹਾ ਕਿ ਵਪਾਰ ਦੀ ਪ੍ਰਫੁੱਲਤਾ ਵੀ ਜ਼ਰੂਰੀ ਹੈ, ਜਿਸ ਨਾਲ ਦੇਸ਼ ਦੀ ਆਰਥਿਕਤਾ ਨੂੰ ਹੁਲਾਰਾ ਮਿਲਦਾ ਹੈ, ਪ੍ਰੰਤੂ ਇਸ ਦੇ ਨਾਲ-ਨਾਲ ਲੋਕਾਂ ਦੀ ਸਿਹਤ ਵੀ ਜ਼ਰੂਰੀ ਹੈ।ਕਿਸੇ ਵਪਾਰ ਨਾਲ ਕਿਸੇ ਵੀ ਨਾਗਰਿਕ ਦੀ ਸਿਹਤ ਨਾਲ ਖਿਲਵਾੜ ਨਾ ਹੋਵੇ, ਇਸ ਨੂੰ ਯਕੀਨੀ ਬਣਾਇਆ ਜਾਵੇਗਾ।ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦੱਸਿਆ ਕਿ ਬੁਢਲਾਡਾ ਵਿਖੇ ਸਥਿਤ ਇਸ ਫੈਕਟਰੀ ਵਿਚ ਰਹਿੰਦ ਖੂੰਹਦ ਤੋਂ ਗੱਟੀਆਂ ਬਣਾਉਣ ਦਾ ਕੰਮ ਕੀਤਾ ਜਾਂਦਾ ਹੈ, ਜਿਸ ਨੂੰ ਅੱਗੇ ਭੱਠੇ ਵਾਲਿਆਂ ਨੂੰ ਸਪਲਾਈ ਕੀਤਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਧਿਆਨ 'ਚ ਆਇਆ ਹੈ ਕਿ ਇਸ ਫੈਕਟਰੀ ਤੋਂ ਲੋਕਾਂ ਨੂੰ ਸਿਹਤ ਸਮੱਸਿਆ ਆ ਰਹੀ ਹੈ, ਜਿਸ ਦਾ ਸਖ਼ਤ ਨੋਟਿਸ ਲੈਂਦਿਆਂ ਉਨ੍ਹਾਂ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਹਦਾਇਤ ਕੀਤੀ ਹੈ, ਜਿਸ ਤਹਿਤ ਫੈਕਟਰੀ ਦੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਨਿਯਮਾਂ ਅਨੁਸਾਰ ਮਾਪਦੰਡਾਂ ਦੀ ਜਾਂਚ ਕੀਤੀ ਜਾਵੇਗੀ ਤਾਂ ਜੋ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇਗਿ ਕਿ ਫੈਕਟਰੀ ਵਿਚ ਚਲ ਰਹੇ ਕੰਮ ਦੀ ਪ੍ਰਕਿਰਿਆ ਨਾਲ ਨਜ਼ਦੀਕ ਰਹਿਣ ਵਾਲੇ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਨਾ ਆਵੇ ਤੇ ਵਪਾਰ ਵੀ ਚੱਲਦਾ ਰਹੇ।

## ਪ੍ਰਭਾਵਤ ਗੈਸਟ ਫੈਕਲਟੀ ਸਹਾਇਕ ਪ੍ਰੋਫੈਸਰਾਂ ਦੀਆਂ ਰੁਕੀਆਂ ਤਨਖਾਹਾਂ ਜਲਦ ਜਾਰੀ ਕੀਤੀਆਂ ਜਾਣ : ਸੰਯੁਕਤ ਫਰੰਟ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਦੇ ਸਰਕਾਰੀ ਕਾਲਜਾਂ 'ਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਗੈਸਟ ਫੈਕਲਟੀ ਸਹਾਇਕ ਪ੍ਰੋਫੈਸਰਾਂ ਨੇ ਸੂਬੇ ਦੇ ਮੁੱਖ ਮੰਤਰੀ ਤੋਂ ਮੰਗ ਕੀਤੀ ਹੈ ਕਿ ਪ੍ਰਭਾਵਤ ਗੈਸਟ ਫੈਕਲਟੀ ਸਹਾਇਕ ਪ੍ਰੋਫੈਸਰਾਂ ਦੀਆਂ ਰੋਕੀਆਂ ਗਈਆਂ ਤਨਖਾਹਾਂ ਤੁਰੰਤ ਪ੍ਰਭਾਵ ਨਾਲ ਜਾਰੀ ਕੀਤੀਆਂ ਜਾਣ।

ਗੈਸਟ ਫੈਕਲਟੀ ਸੰਯੁਕਤ ਫਰੰਟ ਸਰਕਾਰੀ ਕਾਲਜ ਪੰਜਾਬ ਦੇ ਸੂਬਾਈ ਆਗੂ ਡਾ. ਰਾਵਿੰਦਰ ਸਿੰਘ ਮਾਨਸਾ, ਪ੍ਰੋ. ਗੁਰਸੇਵਕ ਸਿੰਘ ਪਟਿਆਲਾ, ਡਾ. ਪਰਮਜੀਤ ਸਿੰਘ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਪ੍ਰੋ. ਪ੍ਰਮੋਦ ਤਨਵੀਰ ਸੰਗਰੂਰ ਨੇ ਦੋਸ਼ ਲਾਇਆ ਕਿ ਨਵੇਂ ਸਹਾਇਕ ਪ੍ਰੋਫੈਸਰਾਂ ਦੀ ਨਿਯੁਕਤੀ ਕਰਨ ਸਮੇਂ ਗੈਸਟ ਪ੍ਰੋਫੈਸਰਾਂ ਨਾਲ ਵੱਡਾ ਧਰੋਹ ਕਮਾਇਆ ਗਿਆ ਹੈ, ਕਿਉਂਕਿ ਨਵਿਆਂ ਨੂੰ ਪਹਿਲਾਂ ਲੱਗੇ ਗੈਸਟ ਪ੍ਰੋਫੈਸਰਾਂ ਦੀ ਅਸਾਮੀਆਂ 'ਤੇ ਲਾ ਦਿੱਤਾ ਗਿਆ ਸੀ।ਉਨ੍ਹਾਂ ਕਿਹਾ ਕਿ ਅਜਿਹਾ ਹੋਣ ਨਾਲ ਪ੍ਰਭਾਵਤ ਹੋਣ ਵਾਲੇ ਗੈਸਟ ਫੈਕਲਟੀ ਸਹਾਇਕ ਪ੍ਰੋਫੈਸਰਾਂ ਦੀ ਤਨਖਾਹ ਕਾਲਜ ਪ੍ਰਬੰਧਕਾਂ ਵੱਲੋਂ ਜਾਰੀ ਨਹੀਂ ਕੀਤੀ ਜਾ ਰਹੀ, ਜਿਸ ਕਰਕੇ ਗੈਸਟ ਪ੍ਰੋਫੈਸਰ ਫਾਕੇ ਕੱਟਣ ਲਈ ਮਜਬੂਰ ਹਨ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਮੰਚਾਂ 'ਤੇ ਇਹ ਦਾਅਵਾ ਕੀਤਾ ਜਾਂਦਾ ਰਿਹਾ ਹੈ ਕਿ ਕਿਸੇ ਵੀ ਮੁਲਾਜ਼ਮ ਦਾ ਚੁੱਲ੍ਹਾ ਬੁਝਣ ਨਹੀਂ ਦੇਣਾ, ਪਰ ਗੈਸਟ ਪ੍ਰੋਫੈਸਰਾਂ ਦੇ ਚੁੱਲ੍ਹੇ ਪਿਛਲੇ ਛੇ ਮਹੀਨਿਆਂ ਤੋਂ ਠੰਡੇ ਪਏ ਹੋਏ ਹਨ।ਉਨ੍ਹਾਂ ਦੱਸਿਆ ਕਿ ਇਸ ਸਬੰਧੀ ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਫਰੰਟ ਆਗੂਆਂ ਨਾਲ ਵਾਅਦੇ ਜ਼ਰੂਰ ਕੀਤੇ ਗਏ, ਪਰ ਇਨ੍ਹਾਂ ਨੂੰ ਪੂਰਾ ਕਰਨ ਵਿੱਚ ਮੰਤਰੀ ਸਾਹਿਬ ਅਸਮਰੱਥ ਰਹੇ ਹਨ।ਫਰੰਟ ਆਗੂਆਂ ਨੇ ਕਿਹਾ ਕਿ ਪਹਿਲ ਦੇ ਅਧਾਰ 'ਤੇ ਪ੍ਰਭਾਵਤ ਗੈਸਟ ਫੈਕਲਟੀ ਸਹਾਇਕ ਪ੍ਰੋਫੈਸਰਾਂ ਦੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ।ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਵਿਖੇ ਕੰਮ ਕਰਦੇ ਗੈਸਟ ਪ੍ਰੋਫੈਸਰਾਂ ਨੇ ਕਿਹਾ ਕਿ ਉਨ੍ਹਾਂ ਆਪਣੀ ਜ਼ਿੰਦਗੀ ਦਾ ਸੁਨਹਿਰੀ ਸਮਾਂ ਸਰਕਾਰੀ ਕਾਲਜਾਂ ਨੂੰ ਦਿੱਤਾ ਹੈ, ਇਸ ਲਈ ਗੈਸਟ ਪ੍ਰੋਫੈਸਰਾਂ ਦੀ ਨੌਕਰੀ ਨੂੰ ਸੁਰੱਖਿਅਤ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਕਾਲਜ ਪ੍ਰਿੰਸੀਪਲ ਤੁਰੰਤ ਪ੍ਰਭਾਵਤ ਗੈਸਟ ਪ੍ਰੋਫੈਸਰਾਂ ਦੀਆਂ ਤਨਖਾਹਾਂ ਜਾਰੀ ਕਰਨ ਤਾਂ ਜੁ ਇਹ ਆਪਣੇ ਪਰਵਾਰ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਪੂਰਾ ਕਰ ਸਕਣ।

## ਪੰਚਾਇਤੀ ਉਪ ਚੋਣਾਂ ਲਈ ਜ਼ਿਲ੍ਹੇ 'ਚ ਆਖ਼ਰੀ ਦਿਨ 23 ਨਾਮਜ਼ਦਗੀ ਪੱਤਰ ਹੋਏ ਦਾਖਲ

*27 ਜੁਲਾਈ ਨੂੰ ਪੈਣਗੀਆਂ ਵੋਟਾਂ ਤੇ ਉਸੇ ਦਿਨ ਹੋਵੇਗੀ ਗਿਣਤੀ*

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹੇ ਅੰਦਰ ਵੱਖ-ਵੱਖ ਪਿੰਡਾਂ ਦੇ 19 ਵਾਰਡਾਂ ਲਈ ਪੰਚਾਂ ਦੀ 27 ਜੁਲਾਈ ਨੂੰ ਹੋਣ ਵਾਲੀ ਉਪ ਚੋਣ ਵਾਸਤੇ ਨਾਮਜ਼ਦਗੀਆਂ ਭਰਨ ਦੇ ਆਖ਼ਰੀ ਦਿਨ ਕੁੱਲ 23 ਉਮੀਦਵਾਰਾਂ ਵਲੋਂ ਆਪੋ-ਆਪਣੇ ਨਾਮਜ਼ਦਗੀ ਪੱਤਰ ਦਾਖਲ ਕਰਵਾਏ ਗਏ। ਇਹ ਜਾਣਕਾਰੀ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਦਿੱਤੀ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਬਲਾਕ ਮਾਨਸਾ ਦੇ ਪਿੰਡ ਰਮਦਿੱਤੇਵਾਲਾ ਦੇ ਵਾਰਡ ਨੰਬਰ 9 'ਚ 1 ਨਾਮਜ਼ਦਗੀ ਹੋਈ। ਬਲਾਕ ਬੁਢਲਾਡਾ ਦੇ ਪਿੰਡ ਰਾਮਪੁਰ ਮੰਡੇਰ ਦੇ ਵਾਰਡ ਨੰਬਰ 1 'ਚ 1 ਨਾਮਜ਼ਦਗੀ, ਅਕਬਰਪੁਰ ਖਡਾਲ ਦੇ ਵਾਰਡ ਨੰਬਰ 8 'ਚ 2, ਫਰੀਦਕੇ ਦੇ ਵਾਰਡ ਨੰਬਰ 5 'ਚ 01, ਹਸਨਪੁਰ ਦੇ ਵਾਰਡ ਨੰਬਰ 05 'ਚ 02, ਗੋਰਖਨਾਥ ਦੇ ਵਾਰਡ ਨੰਬਰ 6 'ਚ 1 ਅਤੇ ਸਿਰਸੀਵਾਲਾ ਦੇ ਵਾਰਡ ਨੰਬਰ 2 'ਚ 2 ਨਾਮਜ਼ਦਗੀਆਂ ਹੋਈਆਂ।ਬਲਾਕ ਝੁਨੀਰ ਦੇ ਪਿੰਡ ਮਾਖੇਵਾਲਾ ਵਿਚ 03 ਅਤੇ ਰਾਮਾਨੰਦੀ ਵਿਖੇ 01 ਨਾਮਜ਼ਦਗੀ ਹੋਈ। ਬਲਾਕ ਸਰਦੂਲਗੜ੍ਹ ਦੇ ਪਿੰਡ ਭਗਵਾਨਪੁਰ ਹੀਂਗਣਾ ਦੇ ਵਾਰਡ ਨੰਬਰ 04 ਵਿਚ 01, ਚੂਹੜੀਆਂ ਦੇ ਵਾਰਡ ਨੰਬਰ 04 ਵਿਚ 01, ਝੰਡਾ ਕਲਾਂ ਦੇ ਵਾਰਡ ਨੰਬਰ 03 ਵਿਚ 01 ਅਤੇ ਵਾਰਡ ਨੰਬਰ 07 ਵਿਚ 01, ਕਰੰਡੀ ਦੇ ਵਾਰਡ ਨੰਬਰ 05 ਵਿਚ 01 ਅਤੇ ਵਾਰਡ ਨੰਬਰ 08 ਵਿਚ 01, ਕੋਠੇ ਜਟਾਣਾਂ ਕਲਾਂ ਦੇ ਵਾਰਡ ਨੰਬਰ 02 ਵਿਚ 01 ਅਤੇ ਪਿੰਡ ਨਾਹਰਾਂ ਦੇ ਵਾਰਡ ਨੰਬਰ 03 ਵਿਚ 02 ਨਾਮਜ਼ਦਗੀਆਂ ਹੋਈਆਂ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਇਨ੍ਹਾਂ ਉਪ ਚੋਣਾਂ ਲਈ ਜਮ੍ਹਾਂ ਕਰਵਾਏ ਨਾਮਜ਼ਦਗੀ ਪੱਤਰਾਂ ਦੀ ਪੜਤਾਲ 18 ਜੁਲਾਈ ਨੂੰ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ 19 ਜੁਲਾਈ ਨੂੰ ਜਮ੍ਹਾਂ ਕਰਵਾਏ ਹੋਏ ਨਾਮਜ਼ਦਗੀ ਪੱਤਰ ਵਾਪਸ ਲਏ ਜਾ ਸਕਦੇ ਹਨ ਅਤੇ 27 ਜੁਲਾਈ ਨੂੰ ਵੋਟਾਂ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ ਅਤੇ ਉਸੇ ਦਿਨ ਹੀ ਨਤੀਜੇ ਐਲਾਨੇ ਜਾਣਗੇ।

## ਰੁੱਖਾਂ ਦੀ ਠੰਢੀ ਛਾਂ ਸਾਡੀ ਜ਼ਿੰਦਗੀ 'ਚ ਸ਼ਾਂਤੀ ਤੇ ਸੰਤੁਲਨ ਲਿਆਉਂਦੀ : ਭੁਪਿੰਦਰ ਕੌਰ



**ਬਰੇਟਾ (ਰੀਤਵਾਲ)**-ਭਾਰਤ ਸਰਕਾਰ ਦੀ ਵਾਤਾਵਰਨ ਸੰਬੰਧੀ ਪਹਿਲ ਇੱਕ ਰੁੱਖ ਮਾਂ ਦੇ ਨਾਮ ਗੁਰੂਕੁਲ ਕਾਨਵੈਂਟ ਹਾਈ ਸਕੂਲ ਕਾਹਨਗੜ੍ਹ ਨੇ ਵਾਤਾਵਰਨ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਮਾਂ ਦੇ ਪਾਲਣ ਪੋਸ਼ਣ ਦੇ ਸਤਿਕਾਰ ਨੂੰ ਸਨਮਾਨਤ ਕਰਨ ਦੇ ਉਦੇਸ਼ ਨਾਲ ਰੁੱਖ ਲਗਾਉਣ ਦੀ ਮੁਹਿੰਮ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਸ ਮੁਹਿੰਮ ਦੀ ਅਗਵਾਈ ਜ਼ਿਲ੍ਹਾ ਸਿੱਖਿਆ ਅਧਿਕਾਰੀ ਭੁਪਿੰਦਰ ਕੌਰ ਅਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨ ਆਫ ਪੰਜਾਬ ਦੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਵਿੱਚ ਪੌਦੇ ਲਗਾ ਕੇ ਕੀਤੀ ਗਈ। ਖਾਸ ਤੌਰ 'ਤੇ ਸਕੂਲ ਦੇ ਚੇਅਰਮੈਨ ਸੁਖਵਿੰਦਰ ਸਿੰਘ ਅਤੇ ਪ੍ਰਿੰਸੀਪਲ ਆਸ਼ਾ ਰਾਣੀ ਦੀ ਦੇਖ-ਰੇਖ ਹੇਠ 1300 ਤੋਂ ਵੱਧ ਪੌਦੇ ਵਿਦਿਆਰਥੀਆਂ ਨੂੰ ਵੰਡੇ ਅਤੇ ਲਗਾਏ ਗਏ। ਇਸ ਰਾਹੀਂ ਵਾਤਾਵਰਨ ਦੀ ਸੰਭਾਲ ਅਤੇ ਸੰਰੱਖਣ ਦਾ ਇੱਕ ਮਜ਼ਬੂਤ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਧਿਕਾਰੀ ਭੁਪਿੰਦਰ ਕੌਰ ਨੇ ਕਿਹਾ ਕਿ ਜਿਵੇਂ ਮਾਂ ਦੀ ਛਾਂ ਹਰ ਬੱਚੇ ਲਈ ਸੁਰੱਖਿਆ ਅਤੇ ਸਕੂਨ ਲਿਆਉਂਦੀ ਹੈ, ਉਸੇ ਤਰ੍ਹਾਂ ਰੁੱਖਾਂ ਦੀ ਠੰਢੀ ਛਾਂ ਸਾਡੀ ਜ਼ਿੰਦਗੀ ਵਿੱਚ ਸ਼ਾਂਤੀ ਤੇ ਸੰਤੁਲਨ ਲਿਆਉਂਦੀ ਹੈ। ਵਾਤਾਵਰਨ ਦੀ ਰਾਖੀ ਸਾਂਝੀ ਜ਼ਿੰਮੇਵਾਰੀ ਹੈ, ਜਿਸ ਵਿੱਚ ਹਰ ਇਕ ਵਿਅਕਤੀ ਨੂੰ ਆਪਣਾ ਯੋਗਦਾਨ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਇਸ ਉਦਮ ਵਿੱਚ ਸਕੂਲਾਂ ਅਤੇ ਅਧਿਆਪਕਾਂ ਦੀ ਸਰਗਰਮ ਭੂਮਿਕਾ ਦੀ ਵੀ ਸਰਾਹਨਾ ਕੀਤੀ। ਸਕੂਲ ਦੇ ਸਟਾਫ ਅਤੇ ਫੈਕਲਟੀ ਮੈਂਬਰਾਂ ਨੇ ਵੀ ਭਾਗ ਲਿਆ ਅਤੇ ਪੌਦਿਆਂ ਦੀ ਸੰਭਾਲ ਜਾਰੀ ਰੱਖਣ ਅਤੇ ਵਿਦਿਆਰਥੀਆਂ ਨੂੰ ਕੁਦਰਤ ਪ੍ਰਤੀ ਜ਼ਿੰਮੇਵਾਰ ਤੇ ਜਾਗਰੂਕ ਨਾਗਰਿਕ ਬਣਨ ਲਈ ਪ੍ਰੇਰਿਤ ਕਰਨ ਦਾ ਸੰਕਲਪ ਲਿਆ।

## ਸ੍ਰੀ ਮੁਕਤੇਸ਼ਵਰ ਨਿਸ਼ਕਾਮ ਸੇਵਾ ਸੁਸਾਇਟੀ ਵੱਲੋਂ ਰਾਸ਼ਨ ਵੰਡ ਸਮਾਗਮ



**ਲੁਧਿਆਣਾ (ਜਸਦੀਪ ਵਰਤੀਆ)**-ਸ੍ਰੀ ਮੁਕਤੇਸ਼ਵਰ ਨਿਸ਼ਕਾਮ ਸੇਵਾ ਸੁਸਾਇਟੀ ਦੇ ਵੱਲੋਂ 83ਵਾਂ ਰਾਸ਼ਨ ਵੰਡ ਸਮਾਗਮ ਕਰਾਇਆ ਗਿਆ ਜਿਸ ਵਿੱਚ ਲੁਧਿਆਣਾ ਮੰਡੀ ਬੋਰਡ ਦੇ ਚੇਅਰਮੈਨ ਗੁਰਜੀਤ ਸਿੰਘ ਗਿੱਲ ਅਤੇ ਸਮਾਜ ਸੇਵਕ ਕ੍ਰਿਸ਼ਨ ਅਰੋੜਾ ਵੱਲੋਂ ਸ਼ਿਰਕਤ ਕੀਤੀ ਗਈ। ਉਹਨਾਂ ਦੋਨਾਂ ਨੇ ਦੱਸਿਆ ਕਿ ਜਿਹੜੇ ਲੋਕ ਅੱਜ ਜ਼ਰੂਰਤਮੰਦ ਅਤੇ ਗਰੀਬ ਲੋਕਾਂ ਦੀ ਸੇਵਾ ਕਰਦੇ ਹਨ, ਉਹ ਹਮੇਸ਼ਾ ਹੀ ਚੜ੍ਹਦੀ ਕਲਾ ਵਿੱਚ ਰਹਿੰਦੇ ਹਨ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਨੀਲ ਕਮਲ ਸ਼ਰਮਾ ਵੱਲੋਂ ਆਏ ਹੋਏ ਦੋਨਾਂ ਮੁੱਖ ਮਹਿਮਾਨਾਂ ਨੂੰ ਸਿਰੋਪਾ ਪਾ ਕੇ ਅਤੇ ਭੋਲੇ ਸ਼ੰਕਰ ਦਾ ਸਰੂਪ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਸੁਸਾਇਟੀ ਦੇ ਕੈਸ਼ੀਅਰ ਦੀਪਕ ਆਨੰਦ ਨੇ ਕਿਹਾ ਕਿ ਸਾਡੀ ਸੋਸਾਇਟੀ ਪਿਛਲੇ ਲੰਬੇ ਸਮੇਂ ਤੋਂ ਜ਼ਰੂਰਤਮੰਦ ਲੋਕਾਂ ਦੀ ਸੇਵਾ ਕਰਨੀ ਜਿਵੇਂ ਕਿ ਮੈਡੀਕਲ ਕੈਂਪ, ਬੱਚਿਆਂ ਨੂੰ ਪੜ੍ਹਾਈ ਲਿਖਾਈ ਦਾ ਸਮਾਨ, ਹੁਸ਼ਿਆਰ ਬੱਚਿਆਂ ਨੂੰ ਖੇਡਾਂ ਦਾ ਸਮਾਨ ਅਤੇ ਗੁਰੂ ਘਰ ਨਾਲ ਜੋੜਨ ਦਾ ਉਦੇਸ਼ ਦਿੰਦੇ ਹਨ। ਇਹ ਸੁਸਾਇਟੀ ਪਿਛਲੇ ਔਠ ਸਾਲਾਂ ਤੋਂ ਨਿਰੰਤਰ ਸੇਵਾ ਕਰਦੀ ਆ ਰਹੀ ਹੈ। ਹੁਣ ਜਿਵੇਂ ਕਿ ਸਾਵਣ ਦਾ ਮਹੀਨਾ ਚੱਲ ਰਿਹਾ ਹੈ ਇਸ ਮੌਕੇ ਸੁਸਾਇਟੀ ਵੱਲੋਂ ਹਰ ਇੱਕ ਬੀਬੀ ਨੂੰ ਜਿਨ੍ਹਾਂ ਨੂੰ ਸੁਸਾਇਟੀ ਵੱਲੋਂ ਰਾਸ਼ਨ ਦਿੱਤਾ ਜਾਂਦਾ ਹੈ ਉਹਨਾਂ ਨੂੰ ਬੇਨਤੀ ਕੀਤੀ ਕਿ ਆਪਣੇ ਘਰ ਵਿੱਚ ਦੋ ਬੂਟੇ ਜ਼ਰੂਰ ਲਗਾਉਣ ਅਤੇ ਉਹਨਾਂ ਦੀ ਦੇਖਭਾਲ ਕਰੋ। ਸੁਸਾਇਟੀ ਦੇ ਸੈਕਟਰੀ ਦਲਜੀਤ ਕੁਮਾਰ, ਰਜਨੀਸ਼ ਸ਼ਰਮਾ ਸਾਬਕਾ ਸਰਪੰਚ ਭੁਪਿੰਦਰ ਸਿੰਘ ਭੋਲਾ, ਰਾਜੇਸ਼ ਬਿੰਦਰਾ, ਜੱਗੀ ਪ੍ਰਿੰਸ ਰਕੇਸ਼ ਸ਼ਰਮਾ, ਭਾਰਤ ਕਟਾਰੀਆ, ਰਾਮ ਬਿਰਦੀ ਅਤੇ ਹੋਰ ਕਈ ਸੁਸਾਇਟੀ ਦੇ ਮੈਂਬਰ ਹਾਜ਼ਰ ਸਨ।

## ਮੱਖਣ ਸਿੰਘ ਲਾਲਕਾ ਦੀ ਅਗਵਾਈ 'ਚ 10 ਪਰਵਾਰਾਂ ਨੇ ਸ਼੍ਰੋਮਣੀ ਅਕਾਲੀ ਦਲ ਦਾ ਫੜਿਆ ਪੱਲਾ



**ਨਾਭਾ (ਵਰਿੰਦਰ ਵਰਮਾ)**-ਹਲਕਾ ਨਾਭਾ ਦੀ ਕਰਤਾਰ ਕਲੋਨੀ ਵਿਖੇ ਗੁਰਬਚਨ ਸਿੰਘ ਦੀ ਰਿਹਾਇਸ਼ 'ਤੇ 10 ਪਰਵਾਰਾਂ ਨੇ ਆਮ ਆਦਮੀ ਪਾਰਟੀ ਦਾ ਪੱਲਾ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਲਾਲਕਾ ਦੀ ਅਗਵਾਈ ਹੇਠ ਪੱਲਾ ਫੜ ਲਿਆ। ਇਸ ਮੌਕੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਅਤੇ ਯੂਥ ਆਗੂ ਪ੍ਰਿੰਸ ਤੂੰਗ ਵੱਲੋਂ ਸ਼ਾਮਲ ਹੋਣ ਵਾਲੇ ਪਰਵਾਰਾਂ ਨੂੰ ਜੀ ਆਇਆਂ ਆਖਿਆ ਅਤੇ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦੇਣ ਦਾ ਵਿਸ਼ਵਾਸ ਦਿਵਾਇਆ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਤੰਗ ਆ ਕੇ ਪੰਜਾਬ ਦਾ ਹਰ ਵਰਗ ਦੁਖੀ ਨਜ਼ਰ ਆ ਰਿਹਾ ਹੈ, ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚੋਂ ਆਪ ਪਾਰਟੀ ਨੂੰ ਛੱਡ ਕੇ ਲੋਕ ਵੱਖ-ਵੱਖ ਪਾਰਟੀਆਂ ਵਿੱਚ ਸ਼ਾਮਿਲ ਹੋ ਰਹੇ ਹਨ। ਉਹਨਾਂ ਕਿਹਾ ਕਿ ਆਉਣ ਵਾਲੀ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀ ਸਰਕਾਰ ਬਣੇਗੀ। ਸ਼ਾਮਿਲ ਹੋਣ ਉਪਰੰਤ ਕਪੂਰ ਸਿੰਘ ਸਾਬਕਾ ਪੰਚ, ਜਥੇਦਾਰ ਜੋਗਿੰਦਰ ਸਿੰਘ, ਮਨਜੀਤ ਸਿੰਘ, ਜੀਤ ਸਿੰਘ, ਲਵਪ੍ਰੀਤ ਸਿੰਘ ਹਨੀ, ਜਸਪ੍ਰੀਤ ਸਿੰਘ ਸੇਠੂ, ਸੁਖਵਿੰਦਰ ਸਿੰਘ ਸ਼ਿੰਦਾ, ਅੰਮ੍ਰਿਤਪਾਲ ਸਿੰਘ, ਹੈਪੀ ਦੀਪੀ ਬਲਵਿੰਦਰ ਸਿੰਘ, ਪ੍ਰਕਾਸ਼ ਸਿੰਘ, ਜੋਗਿੰਦਰ ਸਿੰਘ, ਮਨਪ੍ਰੀਤ ਸਿੰਘ ਗੋਲੂ, ਜਸ਼ਨ, ਗੁਰਜੀਤ ਸਿੰਘ, ਸੁਰਿੰਦਰ ਸਿੰਘ ਲਵਲੀ ਆਦਿ ਨੇ ਕਿਹਾ ਕਿ ਅਸੀਂ ਅੱਜ ਤੋਂ ਇਸ ਪਾਰਟੀ ਵੱਲੋਂ ਗਤੀਵਿਧੀਆਂ ਦਿੱਤੀਆਂ ਗਈਆਂ ਸਨ ਉਸ ਨੂੰ ਪਾਰਟੀ ਨੇ ਅਜੇ ਤੱਕ ਪੂਰਾ ਨਹੀਂ ਕੀਤਾ। ਉਹਨਾਂ ਕਿਹਾ ਕਿ ਪਾਰਟੀ ਵੱਲੋਂ ਕਿਹਾ ਗਿਆ ਸੀ ਕਿ ਹਰ ਦਫਤਰ ਵਿੱਚ ਬਿਨਾਂ ਰਿਸ਼ਵਤ ਤੋਂ ਕੰਮ ਹੋਵੇਗਾ, ਪਰੰਤੂ ਇਹ ਸਰਕਾਰ ਨੇ ਬਿਨਾਂ ਰਿਸ਼ਵਤ ਲੋਕਾਂ ਦਾ ਕੋਈ ਕੰਮ ਨਹੀਂ ਕੀਤਾ। ਉਹਨਾਂ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਨੂੰ ਵਿਸ਼ਵਾਸ ਦਿਵਾਇਆ ਕਿ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾਵੇਗਾ ਅਤੇ ਪਾਰਟੀ ਦੀ ਮਜ਼ਬੂਤੀ ਲਈ ਦਿਨ ਰਾਤ ਮਿਹਨਤ ਕੀਤੀ ਜਾਵੇਗੀ।

## ਭੀਖ ਮੰਗਦੇ ਬੱਚਿਆਂ ਦੀ ਬਾਲ ਸੁਰੱਖਿਆ ਮਹਿਕਮੇ ਵੱਲੋਂ ਭਾਲ



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਸਰਕਾਰ ਵੱਲੋਂ ਜਾਰੀ ਕੀਤੀਆਂ ਹਦਾਇਤਾਂ ਦੇ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਭਜਨ ਸਿੰਘ ਮਹਿਮੀ ਵੱਲੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਵਿਖੇ ਚੈਕਿੰਗ ਕੀਤੀ ਗਈ ਤੇ ਸੁਨਿਸ਼ਚਿਤ ਕੀਤਾ ਗਿਆ ਕਿ ਕੋਈ ਵੀ ਬੱਚਾ ਅਜਿਹਾ ਨਾ ਹੋਵੇ, ਜੋ ਭੀਖ ਮੰਗ ਰਿਹਾ ਹੋਵੇ ਜਾਂ ਕੋਈ ਮਾਪੇ ਅਜਿਹੇ ਹੋਣ ਜੋ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਕਰ ਰਹੇ ਹੋਣ। ਪੰਜਾਬ ਸਰਕਾਰ ਵੱਲੋਂ ਸਮੂਹ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰਾਂ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਅਜਿਹੇ ਮਾਪੇ ਜਿਹੜੇ ਬੱਚਿਆਂ ਤੋਂ ਬਾਲ ਮਜ਼ਦੂਰੀ ਜਾਂ ਭੀਖ ਮੰਗਵਾਉਣ ਦਾ ਕੰਮ ਕਰਦੇ ਹਨ, ਉਨ੍ਹਾਂ ਦੇ ਬੱਚਿਆਂ ਦਾ ਡੀਐਨਏ ਟੈਸਟ ਵੀ ਕਰਵਾਇਆ ਜਾਵੇਗਾ, ਕਿਉਂਕਿ ਅਕਸਰ ਇਹ ਦੇਖਣ 'ਚ ਆਇਆ ਹੈ ਜਿਹੜੇ ਦੂਜੇ ਰਾਜਾਂ ਦੇ ਵਿੱਚੋਂ ਬਾਲ ਭਿਖਾਰੀ ਆਪਣੇ ਪੰਜਾਬ ਦੇ ਵਿੱਚ ਆ ਕੇ ਬਾਲ ਭਿਖਿਆ ਮੰਗਦੇ ਨੇ ਤਾਂ ਕਈ ਵਾਰ ਉਹਨਾਂ ਦੇ ਮਾਪੇ ਅਸਲ ਵਿੱਚ ਨਹੀਂ ਹੁੰਦੇ ਜਾਂ ਫਿਰ ਉਹ ਬੱਚੇ ਕਿਤੋਂ ਨਾ ਕਿਤੋਂ ਚੋਰੀ ਕਿਤੇ ਬੱਚੇ ਹੁੰਦੇ ਹੁੰਦੇ ਹਨ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਨੇ ਇਸ ਲੜੀ ਤਹਿਤ ਲਗਾਤਾਰ ਬਾਲ ਭਿਖਿਆ ਨੂੰ ਰੋਕਣ ਲਈ ਚੈਕਿੰਗਾਂ ਕੀਤੀਆਂ ਜਾਂਦੀਆਂ ਹਨ ਤੇ ਇਹ ਯਕੀਨੀ ਬਣਾਇਆ ਜਾਂਦਾ ਹੈ ਕਿ ਕੋਈ ਵੀ ਬੱਚਾ ਬਾਲ ਭਿਖਿਆ ਨਾ ਕਰੇ। ਜੇਕਰ ਕੋਈ ਅਜਿਹਾ ਬੱਚਾ ਪਾਇਆ ਜਾਂਦਾ ਹੈ ਤਾਂ ਉਸ ਦੇ ਮਾਪਿਆਂ ਦੀ ਕੌਂਸਲਿੰਗ ਅਤੇ ਬੱਚੇ ਨੂੰ ਸਿੱਖਿਆ ਦੇ ਨਾਲ ਜੋੜਿਆ ਜਾਂਦਾ ਹੈ। ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਵੱਲੋਂ ਦੱਸਿਆ ਗਿਆ ਕਿ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ਅਨੁਸਾਰ ਇਹ ਚੈਕਿੰਗ ਆਗਾ ਭਵਿੱਖ ਵਿੱਚ ਵੀ ਜਾਰੀ ਰਹਿਣਗੀਆਂ।

## ਜੈ ਇੰਦਰ ਕੌਰ ਨੇ ਪਾਰਟੀ ਅੰਦਰ ਸ਼ੋਸ਼ਣ ਤੇ ਦੁਰਵਿਹਾਰ ਮਾਮਲਿਆਂ ਤੇ ਆਪ ਦੀ ਚੁੱਪੀ 'ਤੇ ਚੁੱਕੇ ਸਵਾਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਜਪਾ ਪੰਜਾਬ ਮਹਿਲਾ ਮੋਰਚਾ ਪ੍ਰਧਾਨ ਜੈ ਇੰਦਰ ਕੌਰ ਨੇ ਭਾਜਪਾ ਜ਼ਿਲ੍ਹਾ ਪ੍ਰਧਾਨ ਅੰਮ੍ਰਿਤਸਰ ਹਰਵਿੰਦਰ ਸਿੰਘ ਸੰਧੂ ਦੇ ਨਾਲ ਮਿਲ ਕੇ ਆਮ ਆਦਮੀ ਪਾਰਟੀ ਦੇ ਆਗੂਆਂ ਨਾਲ ਜੁੜੇ ਦੁਰਵਿਹਾਰ ਦੇ ਪਰੇਸ਼ਾਨ ਕਰਨ ਵਾਲੇ ਪੈਟਰਨ 'ਤੇ ਲਗਾਤਾਰ ਚੁੱਪੀ ਦੀ ਸਖ਼ਤ ਨਿੰਦਾ ਕੀਤੀ ਹੈ। ਚੋਣ ਟਿਕਟਾਂ ਦੇ ਬਦਲੇ ਜਿਨਸੀ ਲਾਭ ਲੈਣ ਦੇ ਦੋਸ਼ਾਂ ਤੋਂ ਲੈ ਕੇ ਜਿਨਸੀ ਹਮਲੇ, ਅਣਉਚਿਤ ਆਚਰਣ ਅਤੇ ਨੈਤਿਕ ਅਸ਼ੁੱਧਤਾ ਦੇ ਵਾਰ-ਵਾਰ ਮਾਮਲਿਆਂ ਤੱਕ ਆਪ ਦਾ ਰਿਕਾਰਡ ਬਹੁਤ ਪਰੇਸ਼ਾਨ ਕਰਨ ਵਾਲਾ ਹੈ।ਉਨ੍ਹਾਂ ਨੇ ਆਪ ਵਿਧਾਇਕ ਦਵਿੰਦਰ ਸਹਿਰਾਵਤ ਦੁਆਰਾ 2016 ਦੇ ਪੱਤਰ ਦਾ ਜ਼ਿਕਰ ਕੀਤਾ ਜਿਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਪੰਜਾਬ ਵਿੱਚ ਪਾਰਟੀ ਆਗੂ ਰਾਜਨੀਤਿਕ ਲਾਭ ਲਈ ਔਰਤਾਂ ਦਾ ਸ਼ੋਸ਼ਣ ਕਰ ਰਹੇ ਹਨ। ਉਦੋਂ ਤੋਂ ਮੰਤਰੀਆਂ ਅਤੇ ਵਿਧਾਇਕਾਂ ਨਾਲ ਜੁੜੇ ਕਈਂ ਘੁਟਾਲੇ ਸਾਹਮਣੇ ਆਏ ਹਨ, ਪਰ ਫਿਰ ਵੀ ਪਾਰਟੀ ਲੀਡਰਸ਼ਿਪ ਦੁਆਰਾ ਕੋਈ ਭਰੋਸੇਯੋਗ ਕਾਰਵਾਈ ਨਹੀਂ ਕੀਤੀ ਗਈ ਹੈ।ਇਸ ਤੋਂ ਬਾਅਦ ਦੀਆਂ ਘਟਨਾਵਾਂ ਨੇ ਇਸ ਪਰੇਸ਼ਾਨ ਕਰਨ ਵਾਲੇ ਰੁਝਾਨ ਨੂੰ ਹੋਰ ਵੀ ਮਜ਼ਬੂਤ ਕੀਤਾ ਹੈ। ਇਨ੍ਹਾਂ ਵਿੱਚ ਨਾਬਾਲਗਾਂ ਦੇ ਸ਼ੋਸ਼ਣ ਨਾਲ ਸਬੰਧਤ ਦੋਸ਼ਾਂ ਦਾ ਸਾਹਮਣਾ ਕਰ ਰਹੇ ਇੱਕ ਪੰਜਾਬ ਕੈਬਨਿਟ ਮੰਤਰੀ ਅਤੇ ਨਿੱਜੀ ਆਚਰਣ ਨਾਲ ਜੁੜੇ ਵਿਵਾਦਾਂ ਵਿੱਚ ਫਸੇ ਇੱਕ ਹੋਰ ਵਿਧਾਇਕ ਸ਼ਾਮਲ ਹਨ ਜਿਸ ਦੀ ਵਿਆਪਕ ਜਨਤਕ ਆਲੋਚਨਾ ਵੀ ਹੋਈ ਹੈ। ਪਾਰਦਰਸ਼ਤਾ ਅਤੇ ਦ੍ਰਿੜ੍ਹਤਾ ਨਾਲ ਜਵਾਬ ਦੇਣ ਵਿੱਚ ਆਪ ਲੀਡਰਸ਼ਿਪ ਦੀ ਵਾਰ-ਵਾਰ ਅਸਫਲਤਾ ਨੈਤਿਕ ਸ਼ਾਸਨ ਪ੍ਰਤੀ ਇਸਦੀ ਵਚਨਬੱਧਤਾ ਨੂੰ ਘਟੀਆ ਦਰਸਾਉਂਦੀ ਹੈ।

ਹਾਲ ਹੀ ਵਿੱਚ ਅਮਰੀਕਾ ਵਿੱਚ ਬੱਚਿਆਂ ਦੇ ਸ਼ੋਸ਼ਣ ਅਤੇ ਪੋਰਨੋਗ੍ਰਾਫੀ ਨਾਲ ਸਬੰਧਤ ਦੋਸ਼ਾਂ ਵਿੱਚ ਐਨ ਆਰ ਆਈ ਗੁਰਜੀਤ ਮੱਲ੍ਹੀ ਦੀ ਗ੍ਰਿਫਤਾਰੀ ਨਾਲ ਇਹ ਮਾਮਲਾ ਹੋਰ ਗੰਭੀਰ ਰੂਪ ਲੈ ਗਿਆ ਹੈ। ਮੱਲ੍ਹੀ ਦੀਆਂ ਕਈ ਸੀਨੀਅਰ ਆਪ ਹਸਤੀਆਂ ਨਾਲ ਫੋਟੋਆਂ ਖਿਚਵਾਈਆਂ ਗਈਆਂ ਹਨ, ਜਿਨ੍ਹਾਂ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦਾ ਪਰਵਾਰ, ਸਪੀਕਰ ਕੁਲਤਾਰ ਸੰਧਵਾਂ ਅਤੇ ਵਿੱਤ ਮੰਤਰੀ ਹਰਪਾਲ ਚੀਮਾ ਸ਼ਾਮਲ ਹਨ। ਪਾਰਟੀ ਦੀ ਉੱਚ ਲੀਡਰਸ਼ਿਪ ਨਾਲ ਉਨ੍ਹਾਂ ਦੀ ਨੇੜਤਾ ਪੰਜਾਬ ਵਿੱਚ ਉਨ੍ਹਾਂ ਦੇ ਪ੍ਰਭਾਵ ਦੀ ਪ੍ਰਕਿਰਤੀ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ।

## ਝਾੜ ਸਾਹਿਬ ਕਾਲਜ ਦੀ ਰਾਜਦੀਪ ਕੌਰ ਯੂਨੀਵਰਸਿਟੀ ਮੈਰਿਟ 'ਚ ਆਈ



**ਸਮਰਾਲਾ (ਸੁਰਜੀਤ ਸਿੰਘ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ, ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵੱਲੋਂ ਐਲਾਨਿਆ ਬੀ ਐਸ ਸੀ ਐਫ ਡੀ ਸਮੈਸਟਰ ਚੌਥੇ ਦਾ ਨਤੀਜਾ ਸ਼ਾਨਦਾਰ ਰਿਹਾ।ਬੀ ਐਸ ਸੀ ਐਫ ਡੀ ਸਮੈਸਟਰ ਚੌਥੇ ਦੀ ਵਿਦਿਆਰਥਣ ਰਾਜਦੀਪ ਕੌਰ ਨੇ 95.16 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ ਤੇ ਯੂਨੀਵਰਸਿਟੀ ਪੱਧਰ 'ਤੇ ਚੌਥਾ ਸਥਾਨ ਹਾਸਲ ਕੀਤਾ।ਗੁਰਲੀਨ ਕੌਰ ਨੇ 92.16 ਫੀਸਦੀ ਅੰਕ ਹਾਸਲ ਕਰਕੇ ਦੂਜਾ ਸਥਾਨ ਹਾਸਲ ਕੀਤਾ।ਇਸੇ ਤਰਾਂ ਪਰਨੀਤ ਕੌਰ ਨੇ 88.33 ਅੰਕ ਹਾਸਿਲ ਕਰਕੇ ਤੀਜਾ ਸਥਾਨ ਹਾਸਿਲ ਕੀਤਾ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਅਤੇ ਸਟਾਫ ਮੈਂਬਰ, ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸ਼ੁਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ।ਸਾਨੂੰ ਉਮੀਦ ਹੈ ਕਿ ਭਵਿੱਖ ਵਿੱਚ ਵੀ ਸਾਡੀਆਂ ਵਿਦਿਆਰਥਣਾਂ ਇਸੇ ਤਰ੍ਹਾਂ ਦ੍ਰਿੜ ਮਿਹਨਤ ਤੇ ਲਗਨ ਸਦਕਾ ਵਧੀਆ ਨਤੀਜੇ ਪ੍ਰਾਪਤ ਕਰਕੇ ਅਧਿਆਪਕਾਂ ਤੇ ਮਾਪਿਆਂ ਦਾ ਨਾਂਅ ਰੌਸ਼ਨ ਕਰਨਗੀਆਂ।ਕਾਲਜ ਵਿਖੇ ਬੀ.ਐਸ.ਐਫ.ਡੀ. ਤੋਂ ਇਲਾਵਾ ਪੀ.ਜੀ.ਡੀ.ਐਫ.ਡੀ. ਕੋਰਸ ਸਫਲਤਾਪੂਰਵਕ ਚੱਲ ਰਿਹਾ ਹੈ ਤੇ ਇਨ੍ਹਾਂ ਦਾ ਦਾਖਲਾ ਸ਼ੁਰੂ ਹੈ।

## ਧਰਮ ਸਿੰਘ ਕਲੌਟ ਨੂੰ ਪੀ ਏ ਸੀ ਮੈਂਬਰ ਨਿਯੁਕਤ ਕਰਨ 'ਤੇ ਸਿਮਰਨਜੀਤ ਸਿੰਘ ਮਾਨ ਦਾ ਕੀਤਾ ਧੰਨਵਾਦ



**ਬਲਬੇੜ੍ਹਾ (ਰਾਜਿੰਦਰ ਸਿੰਘ ਥਿੰਦ, ਭੂਪਿੰਦਰ ਲਵਲੀ)**-ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਧਰਮ ਸਿੰਘ ਕਲੌਟ ਨੂੰ ਪਾਰਟੀ ਦਾ ਪੀ ਏ ਸੀ ਮੈਂਬਰ ਨਿਯੁਕਤ ਕਰਨ 'ਤੇ ਜਥੇਦਾਰ ਮੋਹਣ ਸਿੰਘ ਕਰਤਾਰਪੁਰ ਐਗਜ਼ੈਕਟਿਵ ਮੈਂਬਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਾ ਵਿਸ਼ੇਸ਼ ਧੰਨਵਾਦ ਕੀਤਾ।ਇਸ ਮੌਕੇ ਜਥੇਦਾਰ ਕਰਤਾਰਪੁਰ ਨੇ ਧਰਮ ਸਿੰਘ ਕਲੌਟ ਨੂੰ ਵਧਾਈ ਦਿੰਦਿਆਂ ਕਿਹਾ ਕਿ ਕਲੌਟ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਪਾਰਟੀ ਪ੍ਰਤੀ ਦਿੱਤੀਆਂ ਸੇਵਾਵਾਂ ਨੂੰ ਦੇਖਦਿਆਂ ਪਾਰਟੀ ਵੱਲੋਂ ਉਹਨਾਂ ਨੂੰ ਸੇਵਾ ਮੌਕਾ ਦਿੱਤਾ ਗਿਆ, ਜਿਸ ਨਾਲ ਪਾਰਟੀ ਨੂੰ ਹੋਰ ਵੀ ਬਲ ਮਿਲਿਆ ਤੇ ਇਸ ਨਿਯੁਕਤੀ ਨੂੰ ਲੈ ਕੇ ਸਮੁੱਚੀ ਪਾਰਟੀ ਦੇ ਵਰਕਰਾਂ 'ਚ ਖੁਸ਼ੀ ਲਹਿਰ ਜਾਗ ਗਈ।ਇਸ ਮੌਕੇ ਸੰਤੋਖ ਸਿੰਘ ਮਵੀਸੱਪਾਂ, ਸਤਪਾਲ ਸਿੰਘ ਬਲਬੇੜ੍ਹਾ, ਹਰਜੀਤ ਸਿੰਘ ਕਾਕੜਾ ਵੀ ਹਾਜ਼ਰ ਸਨ।

## ਪ੍ਰਿੰ. ਕੰਵਰਦੀਪ ਸਿੰਘ ਗਿੱਲ ਸਿਕਸ਼ਾ ਸਨਮਾਨ ਪੁਰਸਕਾਰ ਨਾਲ ਸਨਮਾਨਤ




**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਤਾ ਸੁੰਦਰੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਢੱਡੇ ਦੇ ਅਧੀਨ ਚੱਲ ਰਹੇ 'ਦ ਪੋਲਰ ਸਟਾਰ ਸਕੂਲ ਢੱਡੇ' ਦੇ ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ ਨੂੰ ਐਮਿਟੀ ਯੂਨੀਵਰਸਿਟੀ, ਮੋਹਾਲੀ 'ਚ ਆਯੋਜਤ 'ਐਜੂਫਿਊਚਰ ਐਜੂਕੇਸ਼ਨ ਕਨਕਲੇਵ 2025' ਦੌਰਾਨ ਵੱਕਾਰੀ 'ਸਿਕਸ਼ਾ ਸਨਮਾਨ ਪੁਰਸਕਾਰ' ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਲੰਬੇ ਸਮੇਂ ਤੋਂ ਕੀਤੀਆਂ ਜਾ ਰਹੀਆਂ ਬੇਮਿਸਾਲ ਸੇਵਾਵਾਂ ਤੇ ਵਿਦਿਆਰਥੀਆਂ ਦੇ ਭਵਿੱਖ ਨੂੰ ਸੰਵਾਰਨ ਵਿੱਚ ਪਾਏ ਯੋਗਦਾਨ ਲਈ ਦਿੱਤਾ ਗਿਆ ਹੈ।ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਸਿੱਧੂ, ਮੈਨੇਜਿੰਗ ਡਾਇਰੈਕਟਰ ਗੁਰਵਬਿੰਦਰ ਸਿੰਘ ਬੱਲੀ, ਡਾਇਰੈਕਟਰ ਐਡਮਿਨਿਸਟਰੇਸ਼ਨ ਪਰਮਿੰਦਰ ਸਿੰਘ ਸਿੱਧੂ ਤੇ ਕਾਲਜ ਪ੍ਰਿੰਸੀਪਲ ਰਾਜ ਸਿੰਘ ਬਾਘਾ ਨੇ ਪ੍ਰਿੰਸੀਪਲ ਕੰਵਰਦੀਪ ਸਿੰਘ ਗਿੱਲ ਨੂੰ ਤਹਿ ਦਿਲੋਂ ਵਧਾਈ ਦਿੱਤੀ।ਉਨ੍ਹਾਂ ਨੇ ਕਿਹਾ ਕਿ ਇਹ ਪੁਰਸਕਾਰ ਸੰਸਥਾ ਤੇ ਪ੍ਰਿੰਸੀਪਲ ਵੱਲੋਂ ਪ੍ਰਦਾਨ ਕੀਤੇ ਜਾ ਰਹੇ ਸਿੱਖਿਆ ਦੇ ਮਿਆਰੀ ਮਾਹੌਲ ਤੇ ਵਿਦਿਆਰਥੀਆਂ ਦੀ ਪੜ੍ਹਾਈ ਪ੍ਰਤੀ ਅਟੁੱਟ ਪ੍ਰਤੀਬੱਧਤਾ ਦਾ ਜਿਉਂਦਾ ਜਾਗਦਾ ਸਬੂਤ ਹੈ।ਐਜੂਫਿਊਚਰ ਐਜੂਕੇਸ਼ਨ ਕਨਕਲੇਵ 2025 ਇੱਕ ਵਿਸ਼ਾਲ ਸਮਾਰੋਹ ਸੀ, ਜਿਸ ਵਿੱਚ ਪੰਜਾਬ, ਚੰਡੀਗੜ੍ਹ, ਹਰਿਆਣਾ ਅਤੇ ਦਿੱਲੀ ਸਮੇਤ ਕਈ ਹੋਰ ਰਾਜਾਂ ਤੋਂ ਸਿੱਖਿਆ ਦੇ ਖੇਤਰ ਵਿੱਚ ਕੰਮ ਕਰ ਰਹੀਆਂ ਅਨੇਕਾਂ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ ਅਤੇ ਆਪਣੇ ਕੀਮਤੀ ਵਿਚਾਰ ਸਾਂਝੇ ਕੀਤੇ।ਪ੍ਰਿੰਸੀਪਲ ਗਿੱਲ ਨੂੰ ਇਹ ਵੱਕਾਰੀ ਪੁਰਸਕਾਰ ਪੰਜਾਬ ਦੇ ਮੁੱਖ ਮੰਤਰੀ ਦੇ ਰਾਜਨੀਤਿਕ ਸਲਾਹਕਾਰ ਜਤਿੰਦਰ ਸਿੰਘ (ਆਈ.ਪੀ.ਐਸ. ਰਿਟਾਇਰਡ) ਵੱਲੋਂ ਪ੍ਰਦਾਨ ਕੀਤਾ ਗਿਆ।ਇਸ ਮੌਕੇ ਡਾ. ਸੁਨੀਲ ਕੌਸ਼ਲ, ਸੰਸਥਾਪਕ ਚੇਅਰਮੈਨ ਐਜੂਫਿਊਚਰ ਪ੍ਰਿੰਸੀਪਲ ਟੀਚਰਜ਼ ਐਸੋਸੀਏਸ਼ਨ ਚੰਡੀਗੜ੍ਹ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਬਲੌਜਮਜ਼ ਕਾਨਵੈਂਟ ਸਕੂਲ 'ਚ ਗਤੀਵਿਧੀਆਂ ਕਰਾਈਆਂ



**ਜਗਰਾਉਂ (ਅਮਿਤ ਖੰਨਾ)**-ਬਲੌਜਮਜ ਕਾਨਵੈਂਟ ਸਕੂਲ 'ਚ ਰਾਜ ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ ਵੱਲੋਂ ਭੇਜੇ ਗਏ ਸਰਕੂਲਰ ਅਧੀਨ ਉਨ੍ਹਾਂ ਦੁਆਰਾ ਦੱਸੇ ਗਏ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ ਸਬੰਧੀ ਕਈ ਤਰ੍ਹਾਂ ਦੀਆਂ ਜਾਣਕਾਰੀਆਂ ਦਿੱਤੀਆਂ ਗਈਆਂ, ਜਿਸ ਵਿੱਚ ਉਨ੍ਹਾਂ ਵਿਚਕਾਰ ਭਾਸ਼ਣ, ਲੇਖ ਮੁਕਾਬਲੇ, ਡਰਾਇੰਗ, ਪੇਂਟਿੰਗ ਕੰਪੀਟੀਸ਼ਨ, ਚਾਰਟ ਮੇਕਿੰਗ ਆਦਿ ਕਰਾ ਕੇ ਉਨ੍ਹਾਂ ਦੀ ਜਾਣਕਾਰੀ ਵਿੱਚ ਵਾਧਾ ਕੀਤਾ ਗਿਆ। ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਦੱਸਿਆ ਕਿ ਸਰਕਾਰ ਵੱਲੋਂ ਇਨ੍ਹਾਂ ਯੋਜਨਾਵਾਂ ਦੀ ਅਸੀਂ ਸ਼ਲਾਘਾ ਕਰਦੇ ਹਾਂ ਤਾਂ ਜੁ ਵਿਦਿਆਰਥੀ ਵਰਗ 'ਚ ਵਾਤਾਵਰਣ ਨੂੰ ਸਾਂਭ ਕੇ ਰੱਖਣ ਦੀ ਇੱਛਾ ਪੈਦਾ ਹੋਵੇ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਹਵਾ ਪ੍ਰਦੂਸ਼ਣ ਤੋਂ ਬਚਾ ਸਾਫ਼ ਫ਼ਿਜ਼ਾ 'ਚ ਸਾਹ ਲੈ ਸਕਣ ਯੋਗ ਬਣਾ ਸਕੀਏ। ਯੂਥ ਨੂੰ ਇਸ ਪਾਸੇ ਵੱਲ ਤੋਰਨਾ ਸਭ ਤੋਂ ਔਖਾ ਕਾਰਜ ਹੈ, ਪਰ ਵਿੱਦਿਅਕ ਸੰਸਥਾਵਾਂ ਸਰਕਾਰ ਦੇ ਸਹਿਯੋਗ ਸਦਕਾ ਇਸ ਰਾਹ ਨੂੰ ਸੌਖਾ ਕਰ ਸਕਦੀਆਂ ਹਨ।

## ਪਵਿੱਤਰ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਪੰਜਾਬ ਸਰਕਾਰ ਨੇ ਚੁੱਕਿਆ ਠੋਸ ਕਦਮ : ਪ੍ਰੋ. ਗੱਜਣਮਾਜਰਾ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਵਿਧਾਨ ਸਭਾ 'ਚ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧ ਦੀ ਰੋਕਥਾਮ ਬਾਰੇ ਬਿੱਲ, 2025 ਨੂੰ ਸਰਬਸੰਮਤੀ ਨਾਲ ਸਿਲੈਕਟ ਕਮੇਟੀ ਕੋਲ ਭੇਜਣ ਦੀ ਸਿਫ਼ਾਰਸ਼ ਕੀਤੀ ਹੈ, ਤਾਂ ਜੋ ਇਸ ਸੰਵੇਦਨਸ਼ੀਲ ਬਿੱਲ ਉੱਤੇ ਹੋਰ ਵਿਚਾਰ-ਵਟਾਂਦਰਾ ਹੋ ਸਕੇ ਅਤੇ ਇਸ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ।ਪੰਜਾਬ ਵਿਧਾਨ ਸਭਾ ਵਿਖੇ ਬਿੱਲ 'ਤੇ ਚਰਚਾ ਦੌਰਾਨ ਹਿੱਸਾ ਲੈਂਦਿਆਂ ਵਿਧਾਇਕ ਅਮਰਗੜ੍ਹ ਪ੍ਰੋਫੈਸਰ ਜਸਵੰਤ ਸਿੰਘ ਗੱਜਣਮਾਜਰਾ ਨੇ ਪੰਜਾਬ ਦੇ ਅਮੀਰ ਵਿਰਸੇ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਗੁਰੂ ਗ੍ਰੰਥ ਸਾਹਿਬ ਜੀ ਨੂੰ ਦੁਨੀਆ ਭਰ ਵਿੱਚ ਸਤਿਕਾਰਿਆ ਜਾਂਦਾ ਹੈ। ਅਸੀਂ ਸਾਰੇ ਧਰਮਾਂ ਦਾ ਸਤਿਕਾਰ ਕਰਦੇ ਹਾਂ। ਸਾਡੇ ਧਾਰਮਿਕ ਗ੍ਰੰਥ ਸਮੁੱਚੀ ਮਨੁੱਖਤਾ ਲਈ ਆਪਸੀ ਭਾਈਚਾਰੇ, ਬਰਾਬਰਤਾ ਅਤੇ ਅਮਨ ਦਾ ਸੁਨੇਹਾ ਦਿੰਦੇ ਹਨ। ਉਨ੍ਹਾਂ ਕਿਹਾ ਕਿ ਪਿਛਲੇ ਲੰਘੇ ਸਮਿਆਂ 'ਚ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਦੀਆਂ ਘਟਨਾਵਾਂ ਕਾਰਨ ਪੰਜਾਬੀਆਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਜੋ ਠੇਸ ਲੱਗੀ ਹੈ ਉਸ ਨੂੰ ਕਿਸੇ ਵੀ ਤਰ੍ਹਾਂ ਪੂਰਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਇਸ ਬਿੱਲ ਦਾ ਮੁੱਖ ਉਦੇਸ਼ ਸਾਰੇ ਧਰਮਾਂ ਦੇ ਪਵਿੱਤਰ ਗ੍ਰੰਥਾਂ ਦੀ ਰੱਖਿਆ ਕਰਨੀ ਅਤੇ ਉਨ੍ਹਾਂ ਦੀ ਬੇਅਦਬੀ ਨੂੰ ਸਖ਼ਤੀ ਨਾਲ ਰੋਕਣਾ ਹੈ। ਇਹ ਬਿੱਲ ਸਾਡੇ ਸਮਾਜ ਦੇ ਧਾਰਮਿਕ ਜਜ਼ਬਾਤਾਂ ਦੀ ਰੱਖਿਆ ਕਰੇਗਾ ਅਤੇ ਇਹ ਸੁਨਿਸਚਿਤ ਕਰੇਗਾ ਕਿ ਕੋਈ ਵੀ ਅਜਿਹਾ ਅਪਰਾਧ ਕਰਨ ਦੀ ਹਿੰਮਤ ਨਾ ਕਰ ਸਕੇ। ਉਨ੍ਹਾਂ ਪਿਛਲੀਆਂ ਸਰਕਾਰਾਂ ਦੀ ਸਖ਼ਤ ਸ਼ਬਦਾਂ 'ਚ ਨਿੰਦਾ ਕਰਦਿਆਂ ਕਿਹਾ ਕਿ ਇਹ ਮਾਮਲੇ ਸਿਰਫ਼ ਧਾਰਮਿਕ ਜਜ਼ਬਾਤਾਂ ਨੂੰ ਢਾਉਣ ਵਾਲੇ ਨਹੀਂ ਸਗੋਂ ਪੰਜਾਬ ਦੇ ਅਮਨ-ਚੈਨ ਅਤੇ ਭਾਈਚਾਰੇ ਨੂੰ ਨੁਕਸਾਨ ਪਹੁੰਚਾਉਣ ਵਾਲੇ ਹਨ, ਜਿਨ੍ਹਾਂ 'ਤੇ ਤੁਰੰਤ ਕਰਵਾਈ ਦੀ ਜ਼ਰੂਰਤ ਹੈ। ਉਨ੍ਹਾਂ ਆਖਿਆ ਕਿ ਪਿਛਲੇ ਕਈ ਸਾਲਾਂ ਦੌਰਾਨ ਪੰਜਾਬ 'ਚ ਹੋਈਆਂ ਬੇਅਦਬੀ ਦੀਆਂ ਘਟਨਾਵਾਂ ਨੇ ਲੋਕਾਂ ਦੇ ਮਨ ਵਿਚ ਗ਼ੁੱਸਾ ਅਤੇ ਨਿਰਾਸ਼ਾ ਪੈਦਾ ਕੀਤੀ ਸੀ, ਪਰ ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਵਿੱਤਰ ਗ੍ਰੰਥਾਂ ਦੀ ਬੇਅਦਬੀ ਵਿਰੁੱਧ ਅਪਰਾਧ ਰੋਕਥਾਮ ਬਿੱਲ, 2025 ਲਿਆ ਕੇ ਆਪਣੀ ਵਚਨਬੱਧਤਾ ਨਿਭਾਉਂਦੇ ਹੋਏ ਇਨ੍ਹਾਂ ਅਪਰਾਧਾਂ ਵਿਰੁੱਧ ਨਿਯਮਤ ਅਤੇ ਸੰਵੇਦਨਸ਼ੀਲ ਰੁਖ ਅਖ਼ਤਿਆਰ ਕੀਤਾ ਹੈ।

## 150 ਗ੍ਰਾਮ ਹੈਰੋਇਨ ਸਣੇ ਦੋ ਮੁਲਜ਼ਮ ਪੁਲਸ ਅੜਿੱਕੇ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਥਾਣਾ ਸਿਟੀ ਦੇ ਮੁਖੀ ਇੰਸਪੈਕਟਰ ਜਸਵੀਰ ਸਿੰਘ ਤੂਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਵੱਲੋਂ ਸਮਾਜ ਵਿਰੋਧੀ ਅਨਸਰਾਂ ਹੇਠ ਕਾਰਵਾਈ ਕਰਨ ਦੀਆਂ ਦਿੱਤੀਆਂ ਸਖ਼ਤ ਹਦਾਇਤਾਂ ਤੇ ਡੀ.ਐੱਸ.ਪੀ. ਦਮਨਬੀਰ ਸਿੰਘ ਦੀ ਅਗਵਾਈ ਹੇਠ ਥਾਣਾ ਸਿਟੀ ਧੂਰੀ ਦੀ ਪੁਲਿਸ ਨੇ ਦੋ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 150 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।ਉਨ੍ਹਾਂ ਦੱਸਿਆ ਕਿ ਫੜੇ ਗਏ ਮੁਲਜ਼ਮਾਂ ਦੀ ਪਛਾਣ ਸੁਖਵਿੰਦਰ ਸਿੰਘ ਉਰਫ ਗੱਗੀ ਵਾਸੀ ਧੂਰੀ ਤੇ ਬਿੱਟੂ ਵਾਸੀ ਨਾਭਾ ਵੱਜੋਂ ਹੋਈ ਹੈ ਅਤੇ ਫੜੇ ਗਏ ਮੁਲਜਮਾਂ ਦੇ ਖਿਲਾਫ਼ ਨਸ਼ਾ ਰੋਕੂ ਐਕਟ ਤਹਿਤ ਮੁੱਕਦਮਾ ਦਰਜ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਦੌਰਾਨੇ ਪੁੱਛਗਿੱਛ ਕਈ ਹੋਰ ਅਹਿਮ ਸੁਰਾਗ ਲੱਗਣ ਦੀ ਸੰਭਾਵਨਾ ਹੈ।

## ਸੁਰਜੀਤ ਸਿੰਘ ਨੇ ਪੌਦੇ ਲਗਾ ਕੇ ਜਨਮ ਦਿਨ ਮਨਾਇਆ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸੁਰਜੀਤ ਸਿੰਘ (ਸੇਵਾ-ਮੁਕਤ ਸੁਪਰਡੈਂਟ) ਸਿੱਖਿਆ ਵਿਭਾਗ ਪੰਜਾਬ ਅਤੇ ਚੇਅਰਮੈਨ ਬਾਬਾ ਫ਼ਰੀਦ ਸਾਹਿਤ ਅਤੇ ਵੈਲਫ਼ੇਅਰ ਕਲੱਬ ਫ਼ਰੀਦਕੋਟ ਤੇ ਸੀਨੀਅਰ ਮੈਂਬਰ ਕਲਮਾਂ ਦੇ ਰੰਗ ਸਾਹਿਤ ਸਭਾ ਫ਼ਰੀਦਕੋਟ ਨੇ ਆਪਣਾ 75ਵਾਂ ਜਨਮ ਦਿਨ ਸੀਰ ਸੁਸਾਇਟੀ ਫ਼ਰੀਦਕੋਟ ਦੇ ਸਹਿਯੋਗ ਨਾਲ ਪੌਦੇ ਲਗਾ ਕੇ ਮਨਾਇਆ। ਉਹਨਾਂ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ ਸਾਨੂੰ ਸਭ ਨੂੰ ਵਾਤਾਵਰਨ ਦੀ ਸੁਰੱਖਿਆ ਲਈ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ। ਇਸ ਮੌਕੇ ਉਹਨਾਂ ਦੇ ਸਪੁੱਤਰ ਪ੍ਰੋ. ਬੀਰਇੰਦਰਜੀਤ ਸਿੰਘ, ਪੋਤਰੇ ਰਣਬੀਰ ਸਿੰਘ, ਹਰਸ਼ਬੀਰ ਸਿੰਘ ਤੋਂ ਇਲਾਵਾ ਗੁਰਜੀਤ ਸਿੰਘ ਹੈਰੀ ਢਿੱਲੋਂ, ਸ਼ਿਵਨਾਥ ਦਰਦੀ, ਕੇ.ਪੀ. ਸਿੰਘ, ਰਾਜ ਗਿੱਲ ਭਾਣਾ, ਬੀਰ ਸਿੰਘ, ਬਲਕਾਰ ਸਿੰਘ, ਸੀਰ ਸੁਸਾਇਟੀ ਦੇ ਮੈਂਬਰ, ਸਭਾਵਾਂ , ਕਲੱਬਾਂ ਦੇ ਮੈਂਬਰ ਅਤੇ ਦੋਸਤ-ਮਿੱਤਰ ਹਾਜ਼ਰ ਸਨ।

## ਵਿਧਾਇਕ ਦੇਵ ਮਾਨ ਵੱਲੋਂ ਨਿਸ਼ਾਨ ਸਿੰਘ ਸੰਧੂ ਨੂੰ ਜ਼ਿਲ੍ਹਾ ਪ੍ਰਧਾਨ ਬਣਨ 'ਤੇ ਕੀਤਾ ਸਨਮਾਨਤ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਅੱਗੇ ਲਿਆਉਣ ਲਈ ਆਮ ਆਦਮੀ ਪਾਰਟੀ ਵੱਲੋਂ ਮਿਹਨਤੀ ਅਤੇ ਇਮਾਨਦਾਰ ਵਰਕਰਾਂ ਨੂੰ ਅਹੁਦੇ ਦੇ ਕੇ ਨਿਵਾਜਿਆ ਜਾ ਰਿਹਾ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਨਵਨਿਯੁਕਤ ਯੂਥ ਜ਼ਿਲ੍ਹਾ ਦਿਹਾਤੀ ਪ੍ਰਧਾਨ ਨਿਸ਼ਾਨ ਸਿੰਘ ਸੰਧੂ ਦਾ ਐਮ ਐਲ ਏ ਦਫਤਰ ਨਾਭਾ ਵਿਖੇ ਸਨਮਾਨ ਕਰਨ ਉਪਰੰਤ ਕੀਤਾ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਹਰ ਮਿਹਨਤ ਕਰਨ ਵਾਲੇ ਵਿਅਕਤੀ ਨੂੰ ਅਹੁਦਿਆਂ ਨਾਲ ਨਿਵਾਜਿਆ ਜਾ ਰਿਹਾ ਹੈ। ਆਉਣ ਵਾਲੇ ਦਿਨਾਂ ਵਿੱਚ ਹਲਕਾ ਨਾਭਾ ਦੇ ਯੂਥ ਆਗੂਆਂ ਨੂੰ ਅਹੁਦਿਆਂ ਨਾਲ ਨਿਵਾਜਿਆ ਜਾਵੇਗਾ।ਇਸ ਮੌਕੇ ਉਹਨਾਂ ਦੇ ਨਾਲ ਇੰਦਰਜੀਤ ਸਿੰਘ ਸਿਆਲ ਯੂਥ ਪ੍ਰਧਾਨ ਘਨੌਰ, ਗੁਰਦੀਪ ਸਿੰਘ ਟਿਵਾਣਾ ਚੇਅਰਮੈਨ ਮਾਰਕੀਟ ਕਮੇਟੀ ਨਾਭਾ, ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਭਾਦਸੋਂ, ਤੇਜਿੰਦਰ ਸਿੰਘ ਖਹਿਰਾ ਡਾਇਰੈਕਟਰ ਯੂਥ ਡਿਵੈਲਪਮੈਂਟ ਬੋਰਡ, ਭੁਪਿੰਦਰ ਸਿੰਘ ਕੱਲਰ ਮਾਜਰੀ, ਦਿਲਜੀਤ ਸਿੰਘ ਰੈਮਿਲ ਮਾਜਰੀ, ਭੁਪਿੰਦਰ ਸਿੰਘ ਸਰਪੰਚ ਕਕਰਾਲਾ, ਦਲਵੀਰ ਸਿੰਘ ਸਰਪੰਚ ਗੁਜਰਹੇੜੀ, ਜਸਵੀਰ ਸਿੰਘ ਵਜੀਦਪੁਰ, ਮਨਪ੍ਰੀਤ ਸਿੰਘ ਕਾਲੀਆ, ਗੁਰਚਰਨ ਸਿੰਘ ਲੁਹਾਰ ਮਾਜਰਾ, ਹਰਮੀਕ ਸਿੰਘ ਬਾਜਵਾ, ਰਣਜੀਤ ਸਿੰਘ ਜੱਜ ਸਰਪੰਚ ਅਤੇ ਵੱਡੀ ਗਿਣਤੀ ਵਿੱਚ ਯੂਥ ਆਗੂ ਮੌਜੂਦ ਸਨ।

## ...ਸ.ਫ਼ਾ 1 ਦੇ ਬਾਕੀ

### ਸੀ ਪੀ ਆਈ ਫੈਡਰਲਿਜ਼ਮ...

ਵਜੋਂ ਦੇਖਦੀ ਹੈ। ਭਾਜਪਾ ਦੇ ਸ਼ਾਸਨ ਅਧੀਨ ਅਰਥਵਿਵਸਥਾ ਹੋਰ ਨਾਬਰਾਬਰ, ਬਾਹਰ ਕੱਢਣ ਵਾਲੀ ਅਤੇ ਸ਼ੋਸ਼ਣਕਾਰੀ ਬਣ ਗਈ ਹੈ। ਬੇਰੁਜ਼ਗਾਰੀ ਵਿਕਾਸ, ਖੇਤੀਬਾੜੀ ਸੰਕਟ, ਕਿਰਤ ਦਾ ਗੈਰ-ਰਸਮੀਕਰਨ, ਜਨਤਕ ਸੇਵਾਵਾਂ ਦਾ ਕਮਜ਼ੋਰ ਹੋਣਾ ਅਤੇ ਭਲਾਈ ਪ੍ਰੋਗਰਾਮਾਂ 'ਤੇ ਹਮਲੇ ਨੇ ਲੋਕਾਂ ਦੇ ਜੀਵਨ ਨੂੰ ਹੋਰ ਵੀ ਬਦਤਰ ਬਣਾ ਦਿੱਤਾ ਹੈ। ਕੇਂਦਰ ਸਰਕਾਰ ਅਸਹਿਮਤੀ ਨੂੰ ਦਬਾਉਂਦੇ ਹੋਏ ਅਤੇ ਵਿਰੋਧੀ ਧਿਰ ਨੂੰ ਤੋੜਦੇ ਹੋਏ ਕਾਰਪੋਰੇਟ ਹਿੱਤਾਂ ਦੀ ਸੇਵਾ ਕਰਨਾ ਜਾਰੀ ਰੱਖ ਰਹੀ ਹੈ। ਇਸ ਦੇ ਜਵਾਬ ਵਿੱਚ, ਸੀ ਪੀ ਆਈ ਨੇ ਜ਼ਮੀਨੀ ਪੱਧਰ 'ਤੇ ਸੰਘਰਸ਼ਾਂ ਨੂੰ ਮਜ਼ਬੂਤ ਕਰਨ ਲਈ ਕੰਮ ਕੀਤਾ ਹੈ—ਮਜ਼ਦੂਰਾਂ ਤੋਂ ਕਿਸਾਨਾਂ ਤੱਕ, ਵਿਦਿਆਰਥੀਆਂ ਤੋਂ ਨੌਜਵਾਨਾਂ ਤੱਕ, ਔਰਤਾਂ ਤੋਂ ਲੈ ਕੇ ਹਾਸ਼ੀਏ 'ਤੇ ਧੱਕੀਆਂ ਜਾਤੀਆਂ ਤੱਕ।

ਭਾਜਪਾ ਸ਼ਾਸਨ ਦੌਰਾਨ, ਆਰ ਐੱਸ ਐੱਸ ਦੇ ਦਰਜਾਬੰਦੀ ਵਾਲੇ ਵਿਸ਼ਵ ਦ੍ਰਿਸ਼ਟੀਕੋਣ ਦੇ ਪ੍ਰਭਾਵ ਹੇਠ, ਵਰਗ, ਜਾਤ ਅਤੇ ਪਿਤਰਸੱਤਾ ਦੀਆਂ ਢਾਂਚਾਗਤ ਸਮੱਸਿਆਵਾਂ ਹੋਰ ਵੀ ਵਧ ਗਈਆਂ ਹਨ। ਆਰਥਕ ਅਸਮਾਨਤਾਵਾਂ ਤੇਜ਼ ਹੋ ਗਈਆਂ ਹਨ, ਜਿਸ ਨਾਲ ਸਭ ਤੋਂ ਅਮੀਰ 1% ਹੁਣ ਦੇਸ਼ ਦੀ ਦੌਲਤ ਦੇ 40% ਤੋਂ ਵੱਧ ਦੇ ਮਾਲਕ ਹਨ, ਜਦੋਂ ਕਿ ਲੱਖਾਂ ਲੋਕ ਰੋਜ਼ੀ-ਰੋਟੀ ਅਤੇ ਸਮਾਜਕ ਸੁਰੱਖਿਆ ਤੋਂ ਵਾਂਝੇ ਹਨ। ਦਲਿਤ, ਆਦਿਵਾਸੀ ਅਤੇ ਓ ਬੀ ਸੀ ਲਗਾਤਾਰ ਪ੍ਰਣਾਲੀਗਤ ਵਿਤਕਰੇ, ਹਿੰਸਾ ਅਤੇ ਆਰਥਕ ਹਾਸ਼ੀਏ 'ਤੇ ਧੱਕੇਸ਼ਾਹੀ ਦਾ ਸਾਹਮਣਾ ਕਰ ਰਹੇ ਹਨ। ਆਰ ਐੱਸ ਐੱਸ-ਭਾਜਪਾ ਦੀ ਮਨੂੰਵਾਦੀ ਵਿਚਾਰਧਾਰਾ ਸੰਵਿਧਾਨਕ ਸੁਰੱਖਿਆ ਨੂੰ ਖਤਮ ਕਰਦੀ ਹੈ ਅਤੇ ਹਾਸ਼ੀਏ 'ਤੇ ਧੱਕੇ ਭਾਈਚਾਰਿਆਂ ਦੁਆਰਾ ਪ੍ਰਾਪਤ ਕੀਤੇ ਲਾਭਾਂ ਨੂੰ ਉਲਟਾਉਂਦੀ ਹੈ। ਸੀ ਪੀ ਆਈ ਇੱਕ ਰਾਸ਼ਟਰੀ ਜਾਤੀ ਜਨਗਣਨਾ ਦਾ ਸਮਰਥਨ ਕਰਦੀ ਹੈ ਅਤੇ ਨਿੱਜੀ ਖੇਤਰ ਵਿੱਚ ਰਾਖਵੇਂਕਰਨ ਨੂੰ ਪੂਰੀ ਤਰ੍ਹਾਂ ਲਾਗੂ ਕਰਨ ਅਤੇ ਇਸਦੇ ਨਤੀਜਿਆਂ ਦੇ ਅਧਾਰ 'ਤੇ ਮੁੜ ਵੰਡ ਦੀ ਮੰਗ ਕਰਦੀ ਹੈ। ਸੱਭਿਆਚਾਰਕ ਪੁਲਿਸਿੰਗ, ਭਲਾਈ ਯੋਜਨਾਵਾਂ ਦੀ ਘੱਟ ਫੰਡਿੰਗ ਅਤੇ ਕਾਨੂੰਨੀ ਪ੍ਰਤੀਕਵਾਦ ਦੁਆਰਾ ਪਿਤਰਸੱਤਾ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਔਰਤਾਂ ਵਿਰੁੱਧ ਹਿੰਸਾ ਵਧ ਰਹੀ ਹੈ, ਜਦੋਂ ਕਿ ਆਰਥਕ ਅਤੇ ਰਾਜਨੀਤਕ ਭਾਗੀਦਾਰੀ ਬਹੁਤ ਘੱਟ ਹੈ। ਸੀ ਪੀ ਆਈ ਇਹ ਮੰਨਦੀ ਹੈ ਕਿ ਸੱਚੀ ਲਿੰਗ ਸਮਾਨਤਾ ਵਰਗ ਅਤੇ ਜਾਤੀ ਮੁਕਤੀ ਤੋਂ ਅਟੁੱਟ ਹੈ ਅਤੇ ਇਸਨੂੰ ਆਪਣੇ ਰਾਜਨੀਤਕ ਏਜੰਡੇ ਦਾ ਕੇਂਦਰੀ ਹਿੱਸਾ ਰਹਿਣਾ ਚਾਹੀਦਾ ਹੈ।

ਆਰ ਐੱਸ ਐੱਸ-ਭਾਜਪਾ ਗੱਠਜੋੜ ਭਾਰਤ ਦੇ ਸੰਵਿਧਾਨਕ ਲੋਕਤੰਤਰ ਲਈ ਸਭ ਤੋਂ ਸੰਗਠਤ, ਪ੍ਰਤੀਕਿਰਿਆਸ਼ੀਲ ਖ਼ਤਰੇ ਨੂੰ ਦਰਸਾਉਂਦਾ ਹੈ। ਹਿਟਲਰ ਅਤੇ ਮੁਸੋਲਿਨੀ ਤੋਂ ਸਿੱਧੇ ਤੌਰ 'ਤੇ ਪ੍ਰੇਰਤ ਉਨ੍ਹਾਂ ਦਾ ਵਿਚਾਰਧਾਰਕ ਦ੍ਰਿਸ਼ਟੀਕੋਣ, ਸਾਡੇ ਸੰਵਿਧਾਨ ਦੇ ਦ੍ਰਿਸ਼ਟੀਕੋਣ ਨੂੰ ਇੱਕ ਧਰਮ ਅਧਾਰਤ ਹਿੰਦੂ ਰਾਸ਼ਟਰ ਨਾਲ ਬਦਲਣ, ਕਾਰਪੋਰੇਟ-ਨਿਯੰਤਰਤ ਸ਼ਾਸਨ ਨੂੰ ਉਤਸ਼ਾਹਤ ਕਰਨ ਅਤੇ ਸੰਘਵਾਦ ਨੂੰ ਖਤਮ ਕਰਨ ਦੀ ਕੋਸ਼ਿਸ਼ ਕਰਦਾ ਹੈ। ਘੱਟ ਗਿਣਤੀਆਂ ਨੂੰ ਯੋਜਨਾਬੱਧ ਢੰਗ ਨਾਲ ਨਿਸ਼ਾਨਾ ਬਣਾਉਣ, ਸਿੱਖਿਆ ਨੂੰ ਵਿਗਾੜਨ, ਅਸਹਿਮਤੀ ਨੂੰ ਦਬਾਉਣ ਅਤੇ ਨਿਆਂਪਾਲਿਕਾ ਅਤੇ ਚੋਣ ਕਮਿਸ਼ਨ ਵਰਗੀਆਂ ਸੰਸਥਾਵਾਂ ਦੇ ਸਾਧਨੀਕਰਨ ਰਾਹੀਂ, ਆਰ ਐੱਸ ਐੱਸ-ਭਾਜਪਾ ਗੱਠਜੋੜ ਭਾਰਤੀ ਰਾਜ ਦੇ ਚਰਿੱਤਰ ਨੂੰ ਬਦਲਣ ਦੇ ਏਜੰਡੇ 'ਤੇ ਚੱਲ ਰਿਹਾ ਹੈ। ਇਹ ਸੀ ਏ ਏ ਵਰਗੇ ਕਾਨੂੰਨਾਂ, ਬੁਲਡੋਜ਼ਰ ਰਾਜਨੀਤੀ ਅਤੇ ਘੱਟ ਗਿਣਤੀ ਵਿਰੋਧੀ ਹਿੰਸਾ ਰਾਹੀਂ ਧਰਮ ਨਿਰਪੱਖਤਾ ਦੇ ਆਦਰਸ਼ ਨੂੰ ਤਬਾਹ ਕਰ ਰਿਹਾ ਹੈ। ਇਹ ਰਾਜਪਾਲ ਦੇ ਅਹੁਦੇ ਨੂੰ ਹਥਿਆਰਬੰਦ ਕਰਕੇ ਅਤੇ ਇੱਕ ਰਾਸ਼ਟਰ, ਇੱਕ ਚੋਣ ਵਰਗੇ ਯਤਨਾਂ ਦੁਆਰਾ ਸੰਘਵਾਦ ਨੂੰ ਖਤਮ ਕਰ ਰਿਹਾ ਹੈ, ਜੋ ਕਿ ਸਾਰੀ ਸ਼ਕਤੀ ਨੂੰ ਕੇਂਦਰੀਕਰਨ ਦੇ ਸਾਧਨ ਹਨ। ਹਿੰਦੀ ਨੂੰ ਥੋਪਣਾ ਅਤੇ ਇਤਿਹਾਸ ਨੂੰ ਮੁੜ ਲਿਖਣਾ ਇਸ ਪ੍ਰੋਜੈਕਟ ਦੇ ਸੱਭਿਆਚਾਰਕ ਪਹਿਲੂ ਨੂੰ ਦਰਸਾਉਂਦਾ ਹੈ। ਸੀ ਪੀ ਆਈ ਦਾਅਵਾ ਕਰਦੀ ਹੈ ਕਿ ਆਰ ਐੱਸ ਐੱਸ-ਭਾਜਪਾ ਸ਼ਾਸਨ ਭਾਰਤ ਦੀ ਵਿਭਿੰਨਤਾ ਵਿੱਚ ਏਕਤਾ ਅਤੇ ਭਾਰਤੀ ਰਾਜ ਦੇ ਧਰਮ ਨਿਰਪੱਖ-ਜਮਹੂਰੀ ਚਰਿੱਤਰ ਲਈ ਇੱਕ ਹੋਂਦ ਵਾਲਾ ਖ਼ਤਰਾ ਹੈ ਅਤੇ ਪਾਰਟੀ ਨੂੰ ਇਸ ਫਾਸ਼ੀਵਾਦੀ ਹਮਲੇ ਦੇ ਵਿਰੁੱਧ ਵਿਚਾਰਧਾਰਕ, ਰਾਜਨੀਤਕ ਅਤੇ ਜਨਤਕ ਵਿਰੋਧ ਦੀ ਅਗਵਾਈ ਕਰਨੀ ਚਾਹੀਦੀ ਹੈ।

ਅੱਗੇ ਦੇਖਦੇ ਹੋਏ, ਸੀ ਪੀ ਆਈ ਆਪਣੇ ਭਵਿੱਖ ਦੇ ਕਾਰਜਾਂ ਨੂੰ ਸਪੱਸ਼ਟਤਾ ਅਤੇ ਵਚਨਬੱਧਤਾ ਨਾਲ ਨਿਰਧਾਰਤ ਕਰਦੀ ਹੈ। ਪਹਿਲਾਂ, ਪਾਰਟੀ ਨੂੰ ਜਨਤਕ ਸੰਘਰਸ਼ਾਂ, ਵਿਕਲਪਕ ਨੀਤੀ ਸੂਤਰੀਕਰਨਾਂ ਅਤੇ ਜ਼ਮੀਨੀ ਪੱਧਰ 'ਤੇ ਮੁਹਿੰਮਾਂ ਰਾਹੀਂ ਮਿਹਨਤਕਸ਼ ਲੋਕਾਂ—ਮਜ਼ਦੂਰਾਂ, ਕਿਸਾਨਾਂ, ਔਰਤਾਂ, ਵਿਦਿਆਰਥੀਆਂ ਅਤੇ ਹਾਸ਼ੀਏ 'ਤੇ ਧੱਕੇ ਗਏ ਭਾਈਚਾਰਿਆਂ—ਨਾਲ ਆਪਣੀ ਸਾਂਝ ਨੂੰ ਡੂੰਘਾ ਕਰਨਾ ਚਾਹੀਦਾ ਹੈ। ਪਾਰਟੀ ਆਪਣੀ ਮਾਰਕਸਵਾਦੀ-ਲੈਨਿਨਵਾਦੀ ਪਛਾਣ ਦੀ ਪੁਸ਼ਟੀ ਕਰਦੀ ਹੈ ਅਤੇ ਉੱਭਰ ਰਹੇ ਵਰਗਾਂ ਜਿਵੇਂ ਕਿ ਗਿਗ ਵਰਕਰਜ਼, ਪੇਂਡੂ ਨੌਜਵਾਨਾਂ ਅਤੇ ਪ੍ਰੀਕੈਰੀਏਟ ਵਿੱਚ ਆਪਣਾ ਪ੍ਰਭਾਵ ਵਧਾਉਣ ਦੀ ਕੋਸ਼ਿਸ਼ ਕਰਦੀ ਹੈ। ਰਾਜਨੀਤਕ ਮਤਾ ਜਲਵਾਯੂ ਨਿਆਂ, ਲਿੰਗ ਸਮਾਨਤਾ, ਖੇਤੀਬਾੜੀ ਸੁਧਾਰ, ਆਦਿਵਾਸੀ ਅਧਿਕਾਰਾਂ ਅਤੇ ਸਰੋਤਾਂ ਦੀ ਜਨਤਕ ਮਾਲਕੀ ਵਰਗੇ ਮੁੱਦਿਆਂ 'ਤੇ ਲੜਨ ਦੀ ਜ਼ਰੂਰਤ ਨੂੰ ਉਜਾਗਰ ਕਰਦਾ ਹੈ। ਇਹ ਕਿਰਤ ਕੋਡ, ਫਿਰਕਾਪ੍ਰਸਤੀ, ਨਿੱਜੀਕਰਨ ਅਤੇ ਵਾਤਾਵਰਣਕ ਵਿਨਾਸ਼ ਵਿਰੁੱਧ ਨਿਰੰਤਰ ਸੰਘਰਸ਼ਾਂ ਦੀ ਮੰਗ ਕਰਦਾ ਹੈ। ਦੂਜਾ, ਸੀ ਪੀ ਆਈ ਨੂੰ ਖੱਬੇ ਪੱਖੀ ਏਕਤਾ ਨੂੰ ਮਜ਼ਬੂਤ ਕਰਨ ਅਤੇ ਰਾਸ਼ਟਰੀ ਰਾਜਨੀਤੀ ਵਿੱਚ ਖੱਬੇ ਪੱਖੀ ਨੂੰ ਇੱਕ ਮਜ਼ਬੂਤ ਥੰਮ੍ਹੇ ਵਜੋਂ ਸਥਾਪਤ ਕਰਨ ਲਈ ਕੰਮ ਕਰਨਾ ਚਾਹੀਦਾ ਹੈ। ਸੀ ਪੀ ਆਈ ਨੇ ਲਗਾਤਾਰ ਕਮਿਊਨਿਸਟ ਲਹਿਰ ਦੀ ਸਿਧਾਂਤਕ ਏਕਤਾ ਦਾ ਪ੍ਰਸਤਾਵ ਰੱਖਿਆ ਹੈ ਅਤੇ ਹਥਿਆਰਬੰਦ ਸੰਘਰਸ਼ ਦੇ ਰਾਹ 'ਤੇ ਚੱਲ ਰਹੇ ਮਾਓਵਾਦੀਆਂ ਅਤੇ ਹੋਰਾਂ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਆਪਣੇ ਰਸਤੇ 'ਤੇ ਮੁੜ ਵਿਚਾਰ ਕਰਨ ਅਤੇ ਲੋਕਾਂ ਦੇ ਹਿੱਤ ਅਤੇ ਅਰਥਪੂਰਨ ਸਮਾਜਕ ਤਬਦੀਲੀ ਲਈ ਕਮਿਊਨਿਸਟ ਲਹਿਰ ਦੀ ਮੁੱਖ ਧਾਰਾ ਵਿੱਚ ਸ਼ਾਮਲ ਹੋਣ। ਸੀ ਪੀ ਆਈ ਆਰ ਐਸ ਐੱਸ-ਭਾਜਪਾ ਰਾਜ ਅਤੇ ਉਨ੍ਹਾਂ ਦੀਆਂ ਵਿਨਾਸ਼ਕਾਰੀ ਨੀਤੀਆਂ ਦੇ ਵਿਰੁੱਧ ਵਿਚਾਰਧਾਰਕ ਸਪੱਸ਼ਟਤਾ ਅਤੇ ਸਿਧਾਂਤਕ ਸਹਿਯੋਗ ਦੇ ਅਧਾਰ 'ਤੇ ਲੋਕਤੰਤਰੀ ਅਤੇ ਧਰਮ ਨਿਰਪੱਖ ਤਾਕਤਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਮਬੰਦ ਕਰਨ ਲਈ ਵੀ ਵਚਨਬੱਧ ਹੈ। ਪਾਰਟੀ ਖੱਬੇ-ਪੱਖੀ, ਜਮਹੂਰੀ ਤੇ ਧਰਮ ਨਿਰਪੱਖ ਤਾਕਤਾਂ ਨਾਲ ਇੱਕ ਸਾਂਝੇ ਘੱਟੋ-ਘੱਟ ਪ੍ਰੋਗਰਾਮ ਅਤੇ ਵਿਰੋਧੀ ਪਾਰਟੀਆਂ ਵਿੱਚ ਵਧੇਰੇ ਤਾਲਮੇਲ ਦੀ ਜ਼ਰੂਰਤ 'ਤੇ ਜ਼ੋਰ ਦਿੰਦੀ ਹੈ। ਆਪਣੀ ਸੁਤੰਤਰ ਆਵਾਜ਼ ਨੂੰ ਬਣਾਈ ਰੱਖਦੇ ਹੋਏ, ਸੀ ਪੀ ਆਈ ਵਿਰੋਧੀ ਏਕਤਾ ਨੂੰ ਮਜ਼ਬੂਤ ਕਰਨ, ਆਰ ਐੱਸ ਐੱਸ -ਭਾਜਪਾ ਏਜੰਡੇ ਦਾ ਵਿਰੋਧ ਕਰਨ ਅਤੇ ਆਪਣੀ ਸੰਗਠਨਾਤਮਕ ਮੌਜੂਦਗੀ ਨੂੰ ਵਧਾਉਣ ਵਿੱਚ ਪਹਿਲ ਕਰੇਗੀ।

ਡਰਾਫਟ ਰਾਜਨੀਤਕ ਮਤੇ ਦਾ ਅੰਤ ਇਸ ਇਤਿਹਾਸਕ ਮੋੜ ਨੂੰ ਹਿੰਮਤ ਅਤੇ ਸਪੱਸ਼ਟਤਾ ਨਾਲ ਪੂਰਾ ਕਰਨ ਦੇ ਮਜ਼ਬੂਤ ਇਰਾਦੇ ਨਾਲ ਹੁੰਦਾ ਹੈ। ਸੰਘਰਸ਼, ਕੁਰਬਾਨੀ ਅਤੇ ਲੋਕ ਲਹਿਰਾਂ ਦੀ ਆਪਣੀ ਸਦੀ ਪੁਰਾਣੀ ਵਿਰਾਸਤ ਤੋਂ ਲੈ ਕੇ, ਪਾਰਟੀ ਭਾਰਤ ਦੇ ਸੰਵਿਧਾਨ, ਲੋਕਤੰਤਰੀ ਸੰਸਥਾਵਾਂ ਅਤੇ ਇਸਦੇ ਲੋਕਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਦੀ ਹੈ। 25ਵੀਂ ਕਾਂਗਰਸ ਇੱਕ ਧਰਮ ਨਿਰਪੱਖ, ਲੋਕਤੰਤਰੀ, ਸਮਾਜਵਾਦੀ ਭਵਿੱਖ ਦੀ ਉਸਾਰੀ ਲਈ ਕਾਰਵਾਈ ਦਾ ਸੱਦਾ ਦਿੰਦੀ ਹੈ। ਸੀ ਪੀ ਆਈ ਦੱਬੇ-ਕੁਚਲੇ ਲੋਕਾਂ ਦੇ ਨਾਲ ਚੱਲਣ ਅਤੇ ਨਿਆਂ, ਸ਼ਾਂਤੀ ਅਤੇ ਇੱਕ ਮਾਨਵੀ ਸਮਾਜ ਦੀ ਲੜਾਈ ਵਿੱਚ ਸਭ ਤੋਂ ਅੱਗੇ ਖੜ੍ਹੇ ਹੋਣ ਦਾ ਵਾਅਦਾ ਕਰਦੀ ਹੈ।

### ਡਾ. ਔਲਖ ਵੱਲੋਂ 25...

ਵਿੱਚ ਜ਼ਿਲ੍ਹਾ ਬਰਨਾਲਾ ਪੰਜਾਬ ਦਾ ਮੋਹਰੀ ਜ਼ਿਲ੍ਹਾ ਬਣਿਆ ਰਿਹਾ। ਉਹਨਾਂ ਅੱਗੇ ਤੋਂ ਵੀ ਖੱਬੇ ਪੱਖੀ ਤੇ ਕਮਿਊਨਿਸਟ ਲਹਿਰ ਦੀ ਮਜ਼ਬੂਤੀ ਲਈ ਹਰ ਤਰ੍ਹਾਂ ਦੀ ਸਹਾਇਤਾ ਦੇਣ ਦਾ ਭਰੋਸਾ ਦਿੱਤਾ। ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਖੁਸ਼ੀਆ ਸਿੰਘ ਤੇ ਉਹਨਾਂ ਦੀ ਟੀਮ ਨੇ ਡਾਕਟਰ ਜਸਵੀਰ ਸਿੰਘ ਔਲਖ ਦਾ ਆਪਣੇ ਵੱਲੋਂ ਅਤੇ ਜ਼ਿਲ੍ਹਾ ਕਮਿਊਨਿਸਟ ਪਾਰਟੀ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

19 July Page 3.qxd 7/18/2025 10:22 PM Page 1



# ਪੁਲਸ ਸਾਂਝ ਕੇਂਦਰ 'ਚ ਵਿਦਿਆਰਥੀਆਂ ਨੂੰ ਦਿੱਤੀ ਪੁਲਸ ਸੇਵਾਵਾਂ ਬਾਰੇ ਜਾਣਕਾਰੀ

**ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)**- ਸ੍ਰੀ ਗੁਰੂ ਹਰਗੋਬਿੰਦ ਪਬਲਿਕ ਸਕੂਲ ਮੱਲੀਆਂ ਦੇ ਵਿਦਿਆਰਥੀ ਜਿੱਥੇ ਵਿੱਦਿਆ ਦੇ ਖ਼ੇਤਰ ਵਿੱਚ ਮੋਹਰੀ ਹਨ ਉੱਥੇ ਹੋਰ ਵੀ ਵੱਖ-ਵੱਖ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ 'ਚ ਵੀ ਪਿੱਛੇ ਨਹੀਂ



ਹਨ। ਸਦਾ ਆਪਣੇ ਸਕੂਲ ਦਾ ਨਾਮ ਰੌਸ਼ਨ ਕਰਕੇ ਝੰਡੇ ਬੁਲੰਦ ਕੀਤੇ ਹਨ। ਇਸ ਸਕੂਲ ਦੇ ਬੱਚੇ ਆਪਣੀ ਜਨਰਲ ਨੌਲੇਜ ਵਿੱਚ ਹੋਰ ਵਾਧਾ ਕਰਵਾਉਣ ਵਾਸਤੇ ਪੁਲਸ ਸਾਂਝ ਕੇਂਦਰ 'ਚ ਆਏ ਜਿਥੇ ਉਨ੍ਹਾਂ ਇਹ ਜਾਣਿਆ ਕਿ ਪੁਲਸ ਨਾਲ ਕਿਵੇਂ ਗੱਲਬਾਤ ਕਰਨੀ ਹੈ ਪੁਲਸ ਦੇ ਕੀ ਕੀ ਕੰਮ ਹਨ, ਪੁਲਸ ਵਿੱਚ ਜੋ ਸਾਡਾ ਸਾਂਝ ਕੇਂਦਰ ਬਣਿਆ ਹੈ ਉਨ੍ਹਾਂ ਦੇ ਕੀ ਕੰਮ ਹਨ ਅਤੇ ਕਿੰਨੀਆਂ ਕੁੱਲ ਸੇਵਾਵਾਂ ਆਮ ਪਬਲਿਕ ਨੂੰ ਦੇ ਰਹੇ ਹਨ। ਇਹ ਸੇਵਾਵਾਂ ਬਾਰੇ ਸਾਂਝ ਕੇਂਦਰ ਦੇ ਇੰਚਾਰਜ ਰਣਜੀਤ ਸਿੰਘ ਅਤੇ ਦਵਿੰਦਰ ਪਾਲ ਸਿੰਘ ਨੇ ਬਾਖੂਬੀ ਜਾਣਕਾਰੀ ਬੱਚਿਆਂ ਨਾਲ ਸਾਂਝੀ ਕੀਤੀ। ਬਾਅਦ ਵਿੱਚ ਜੰਡਿਆਲਾ ਥਾਣੇ ਦਾ ਬੱਚਿਆਂ ਨੂੰ ਦੌਰਾ ਵੀ ਕਰਵਾਇਆ ਅਤੇ ਉਨ੍ਹਾਂ ਦੇ ਕੰਮਾਂ ਬਾਰੇ ਬੱਚਿਆਂ ਨੂੰ ਜਾਣਕਾਰੀ ਦਿੱਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਪਲਵਿੰਦਰ ਪਾਲ ਸਿੰਘ ਨੇ ਐੱਸਐੱਚਓ ਜੰਡਿਆਲਾ ਹਰਚੰਦ ਸਿੰਘ ਅਤੇ ਸਾਂਝ ਕੇਂਦਰ ਦੇ ਇੰਚਾਰਜ ਰਣਜੀਤ ਸਿੰਘ ਅਤੇ ਦਵਿੰਦਰ ਪਾਲ ਸਿੰਘ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਏਐੱਸਆਈ ਰਣਜੀਤ ਸਿੰਘ ਇੰਚਾਰਜ ਸਾਂਝ ਕੇਂਦਰ ਜੰਡਿਆਲਾ ਗੁਰੂ, ਐੱਸਆਈ ਬਲਦੇਵ ਸਿੰਘ, ਏਐੱਸਆਈ ਦਿਲਬਾਗ ਸਿੰਘ, ਐੱਚਸੀ ਦਵਿੰਦਰ ਪਾਲ ਸਿੰਘ, ਮੁੱਖ ਮੁਨਸ਼ੀ ਜੰਡਿਆਲਾ ਥਾਣਾ ਸੁਖਜਿੰਦਰ ਸਿੰਘ, ਇੰਸਪੈਕਟਰ ਸਿਮਰਨਜੀਤ ਕੌਰ ਇੰਚਾਰਜ ਵੂਮੈਨ ਹੈਲਪਲਾਈਨ, ਐੱਚਸੀ ਆਰਤੀ, ਐੱਚ ਸੀ ਚੰਚਲ ਕੁਮਾਰੀ ਆਦਿ ਹਾਜ਼ਰ ਸਨ।

# ਸ਼ਿਵ ਕੁਮਾਰ ਬਟਾਲਵੀ ਦਾ ਜਨਮ ਦਿਨ 23 ਨੂੰ, ਕਟਾਰੂਚੱਕ ਹੋਣਗੇ ਸਮਾਗਮ ਦੇ ਮੁੱਖ ਮਹਿਮਾਨ

**ਬਟਾਲਾ (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਸਿਰਮੌਰ ਕਵੀ ਸ਼ਿਵ ਕੁਮਾਰ ਬਟਾਲਵੀ ਦਾ ਜਨਮ ਦਿਨ 23 ਜੁਲਾਈ ਨੂੰ ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ, ਜਲੰਧਰ ਰੋਡ ਬਟਾਲਾ ਵਿਖੇ ਮਨਾਇਆ ਜਾਵੇਗਾ। ਡਿਪਟੀ



ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਟਾਲਵੀ ਦਾ ਜਨਮ ਦਿਨ ਪੂਰੇ ਉਤਸ਼ਾਹ ਨਾਲ ਮਨਾਇਆ ਜਾਵੇਗਾ।ਉਨਾਂ ਦੱਸਿਆ ਕਿ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।ਐੱਸਡੀਐੱਮ ਨੇ ਦੱਸਿਆ ਕਿ ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦੇ ਕਵਿਤਾਵਾਂ, ਕਾਵਿ ਗਾਇਨ ਤੇ ਗੀਤਾਂ ਦੇ ਮੁਕਾਬਲੇ ਕਰਵਾਏ ਜਾਣਗੇ, ਕਵੀ ਦਰਬਾਰ ਵੀ ਕਰਵਾਇਆ ਜਾਵੇਗਾ ਅਤੇ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਿਤ ਗਾਇਕ ਕਲਾਕਾਰ ਵੱਲੋਂ ਆਪਣੀਆਂ ਵੰਨਗੀਆਂ ਪੇਸ਼ ਕੀਤੀਆਂ ਜਾਣਗੀਆਂ।ਇਸ ਮੌਕੇ ਪ੍ਰੋ. ਰਾਜ ਕੁਮਾਰ ਸ਼ਰਮਾ, ਜਨਰਲ ਸੈਕਟਰੀ ਜ਼ਿਲ੍ਹਾ ਹੈਰੀਟੇਜ ਸੁਸਾਇਟੀ ਗੁਰਦਾਸਪੁਰ, ਹੈਰੀਟੇਜ ਸੁਸਾਇਟੀ ਦੇ ਮੈਂਬਰ ਸੁਖਜਿੰਦਰ ਸਿੰਘ ਰਾਜਿੰਦਰਾ ਫਾਊਂਡਰੀ ਬਟਾਲਾ, ਪਵਨ ਕੁਮਾਰ, ਨਵਦੀਪ ਸਿੰਘ, ਪ੍ਰਿੰਸਪਲ ਸਿੰਘ, ਪ੍ਰਵੀਨ ਕੁਮਾਰ, ਪ੍ਰਿੰ. ਦਵਿੰਦਰ ਸਿੰਘ ਭੱਟੀ, ਅਤੁਲ ਮਹਾਜਨ ਜ਼ਿਲ੍ਹਾ ਜੰਗਲਾਤ ਅਫਸਰ, ਡਾ. ਪਰਮਜੀਤ ਸਿੰਘ ਕਲਸੀ, ਹਰਮਨਜੀਤ ਸਿੰਘ ਜੁਆਇੰਟ ਸਕੱਤਰ ਹੈਰੀਟੇਜ ਸੁਸਾਇਟੀ, ਲੈਕਚਰਾਰ ਹਰਪ੍ਰੀਤ ਸਿੰਘ, ਬਖਸ਼ੀਸ ਸਿੰਘ ਰੇਂਜ ਅਫਸਰ, ਹਰਨੂਰ ਸਿੰਘ ਜੀ.ਈ, ਡਾ. ਵਨੀਤ ਕੁਮਾਰ, ਐੱਸਆਈ ਅਵਤਾਰ ਸਿੰਘ, ਪਰਮਜੀਤ ਕੌਰ, ਦਮਨਜੀਤ ਸਿੰਘ ਅਤੇ ਰਾਜਵਿੰਦਰ ਸਿੰਘ ਆਦਿ ਮੌਜੂਦ ਸਨ।

# 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਪ੍ਰੋਗਰਾਮ ਤਹਿਤ ਮੱਛਰਾਂ ਤੋਂ ਹੋਣ ਵਾਲੀਆਂ ਬਿਮਾਰੀਆਂ ਬਾਰੇ ਕੀਤਾ ਜਾਗਰੂਕ



**ਸਰਾਏ ਅਮਾਨਤ ਖਾਂ (ਮੱਖਣ ਮਨੇਸ਼)**- ਸਿਵਲ ਸਰਜਨ ਤਰਨਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾ. ਰਾਘਵ ਗੁਪਤਾ ਜ਼ਿਲ੍ਹਾ ਐਪੀਡੀਮੋਲੋਜਿਸਟ, ਕੰਵਲ ਬਲਰਾਜ ਸਿੰਘ ਐਮਓ, ਡਾ. ਹਰਪ੍ਰੀਤ ਸਿੰਘ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਸੀਐੱਚਸੀ ਝਬਾਲ ਦੀ ਰਹਿਨੁਮਾਈ ਹੇਠ ਸਬ ਸੈਂਟਰ ਅੱਡਾ ਝਬਾਲ ਦੇ ਪੁਲਸ ਸਟੇਸ਼ਨ ਵਿਖੇ ਡੇਂਗੂ, ਮਲੇਰੀਆ, ਚਿਕਨਗੁਨੀਆ ਸੰਬੰਧੀ ਪੁਲਸ ਅਧਿਕਾਰੀਆਂ ਅਤੇ ਹੋਰ ਸਟਾਫ਼ ਨੂੰ ਜਾਗਰੂਕ ਕੀਤਾ ਗਿਆ।ਹੈਲਥ ਸੁਪਰਵਾਈਜ਼ਰ ਰਬਿੰਦਰ ਸਿੰਘ ਭੋਜੀਆਂ ਅਤੇ ਰਾਮ ਰਸ਼ਪਾਲ ਨੇ ਦੱਸਿਆ ਕਿ ਪੁਲਸ ਸਟੇਸ਼ਨ ਅਤੇ ਆਲੇ ਦੁਆਲੇ ਦੀ ਸਫਾਈ ਕਰਨ ਲਈ ਪ੍ਰੇਰਿਤ ਕੀਤਾ ਗਿਆ। ਸਿਹਤ ਵਿਭਾਗ ਦੀ ਟੀਮ ਵੱਲੋਂ ਪੁਲਸ ਸਟੇਸ਼ਨ 'ਚ ਜਾ ਕੇ ਫਰਿਜਾਂ ਦੀਆਂ ਟਰੇਆਂ, ਕੂਲਰਾਂ ਅਤੇ ਗਮਲਿਆਂ ਆਦਿ ਦੀ ਚੈਕਿੰਗ ਕੀਤੀ ਗਈ ਜਿਸ ਦੌਰਾਨ ਕਾਫੀ ਥਾਵਾਂ ਤੇ ਮੱਛਰਾਂ ਦਾ ਲਾਰਵਾ ਵੀ ਪਾਇਆ ਗਿਆ। ਇਸ ਲਾਰਵੇ ਨੂੰ ਜਲਦੀ ਨਸ਼ਟ ਕਰਨ ਲਈ ਕਿਹਾ ਗਿਆ।ਉਨ੍ਹਾਂ ਦੱਸਿਆ ਕਿ ਡੇਂਗੂ ਮਲੇਰੀਆ ਦੇ ਚਿਕਨਗੁਨੀਆ ਤੋਂ ਬਚਾਅ ਲਈ ਸਾਨੂੰ ਆਪਣੇ ਘਰਾਂ ਦੇ ਆਸ ਪਾਸ ਗਮਲਿਆਂ, ਘਰਾਂ ਦੀਆਂ ਛੱਤਾਂ ਤੇ ਪੁਰਾਣੇ ਟਾਇਰਾਂ ਆਦਿ 'ਚ ਪਾਣੀ ਖੜਾ ਨਹੀਂ ਹੋਣ ਦੇਣਾ ਚਾਹੀਦਾ। ਬੁਖਾਰ ਦੇ ਸ਼ੱਕੀ ਕੇਸਾਂ ਦੀਆਂ ਬਲੱਡ ਸਲਾਈਡਾਂ ਵੀ ਬਣਾਈਆਂ।ਟੀਮ ਵੱਲੋਂ ਦੱਸਿਆ ਗਿਆ ਕਿ ਮੌਸਮ ਦੇ ਬਦਲਾਅ ਕਾਰਨ ਮੱਛਰਾਂ ਦੀ ਕਾਫੀ ਤਾਦਾਦ ਵੱਧ ਰਹੀ ਹੈ।ਸੋ ਸਾਨੂੰ ਇਨ੍ਹਾਂ ਤੋਂ ਬਚਣ ਲਈ ਆਪਣੇ ਆਲੇ ਦੁਆਲੇ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ। ਰਾਤ ਨੂੰ ਸੌਣ ਵੇਲੇ ਪੂਰੀ ਬਾਂਹ ਵਾਲੇ ਕੱਪੜੇ ਪਹਿਨ ਕੇ ਜਾਂ ਮੱਛਰਦਾਨੀ ਦਾ ਇਸਤੇਮਾਲ ਕੀਤਾ ਜਾਵੇ। ਇਸ ਪਰਮਿੰਦਰ ਸਿੰਘ ਮਾਲੂਵਾਲ, ਵਿਕਰਮ ਸਿੰਘ, ਅਮਨਦੀਪ ਸਿੰਘ, ਗਗਨਦੀਪ ਸਿੰਘ, ਮਲਕੀਤ ਸਿੰਘ ਅਤੇ ਪੁਲਸ ਸਟੇਸ਼ਨ ਦਾ ਸਟਾਫ ਹਾਜ਼ਰ ਸੀ।

# ਬਿਜਲੀ ਬੋਰਡ ਦੇ ਦਰਜਨ ਤੋਂ ਵੱਧ ਮੁਲਾਜ਼ਮ 'ਏਟਕ' ਵਿੱਚ ਸ਼ਾਮਿਲ

**ਕਲਾਨੌਰ (ਮਨਦੀਪ ਕੋਹਲੀ)**- ਪਾਵਰਕਾਮ ਸਬ-ਡਵੀਜ਼ਨ ਕਲਾਨੌਰ ਵਿਖੇ ਬਿਜਲੀ ਕਾਮਿਆਂ ਦੀ ਲੜਾਕੂ ਜਥੇਬੰਦੀ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਦਰਜਨ ਤੋਂ ਵੱਧ ਬਿਜਲੀ ਕਰਮਚਾਰੀ ਵੱਖ-ਵੱਖ ਜਥੇਬੰਦੀਆਂ ਨੂੰ ਅਲਵਿਦਾ ਕਹਿ ਕੇ ਸਾਥੀ

**● 27 ਨੂੰ ਬਿਜਲੀ ਮੰਤਰੀ ਦੀ ਰਿਹਾਇਸ਼ ਅੰਮ੍ਰਿਤਸਰ ਵਿਖੇ ਧਰਨਾ ਲਾਉਣ ਦਾ ਐਲਾਨ**

ਰਣਧੀਰ ਸਿੰਘ ਕਾਹਲੋਂ, ਨਿਸ਼ਾਨ ਸਿੰਘ ਸੋਹਲ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਏਟਕ 'ਚ ਸ਼ਾਮਲ ਹੋ ਗਏ ਹਨ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਪੀਐੱਸਈਬੀ ਇੰਪਲਾਈਜ਼ ਫੈਡਰੇਸ਼ਨ ਏਟਕ ਸਰਕਲ ਗੁਰਦਾਸਪੁਰ ਦੇ ਪ੍ਰਧਾਨ ਅਤੇ ਪੰਜਾਬ ਦੇ ਮੀਤ ਪ੍ਰਧਾਨ ਕਾਮਰੇਡ ਬਲਵਿੰਦਰ ਉਦੀਪੁਰ ਨੇ ਜਥੇਬੰਦੀ ਵਿਚ ਸ਼ਾਮਿਲ ਹੋਏ ਸਾਥੀਆਂ ਦਾਂ ਸਵਾਗਤ ਕੀਤਾ ਅਤੇ ਵਿਸ਼ਵਾਸ ਦਿਵਾਇਆ ਕਿ ਜਥੇਬੰਦੀ ਸਾਥੀਆਂ ਦੇ ਹੱਕਾਂ ਦੀ ਰਾਖੀ ਲਈ ਦ੍ਰਿੜਤਾ ਨਾਲ ਪਹਿਰਾ ਦੇਵੇਗੀ ਅਤੇ ਮੁਲਾਜ਼ਮਾਂ ਦੇ ਮਸਲਿਆ ਨੂੰ ਪਹਿਲ ਦੇ ਆਧਾਰ ਤੇ ਹੱਲ ਕਰਵਾਇਆ ਜਾਵੇਗਾ। ਸਾਥੀ ਉਦੀਪੁਰ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਬਿਜਲੀ ਮਹਿਕਮੇ ਦਾ ਨਿੱਜੀਕਰਨ ਕਰਨ ਦੇ ਰਾਹ ਤੁਰੀ ਹੋਈ ਹੈ। ਨਿਗੂਣੀਆਂ ਤਨਖਾਹਾਂ 'ਤੇ ਭਰਤੀ ਕਰਕੇ ਮਿਹਨਤਕਸ਼ ਕਿਰਤੀਆਂ ਦੀ ਲੁੱਟ ਕੀਤੀ ਜਾ ਰਹੀ ਹੈ। ਪੱਕੀ ਭਰਤੀ ਦਾ ਖਾਤਮਾ ਕਰਕੇ ਠੇਕੇਦਾਰੀ



ਸਿਸਟਮ ਨੂੰ ਮਹਿਕਮੇ ਅੰਦਰ ਬੜਾਵਾ ਦਿੱਤਾ ਜਾ ਰਿਹਾ ਹੈ, ਚਿੱਪ ਵਾਲੇ ਮਹਿੰਗੇ ਮੀਟਰ ਲਾ ਕੇ ਜਿਥੇ ਖਪਤਕਾਰਾਂ ਦੀ ਲੁੱਟ ਕੀਤੀ ਜਾਵੇਗੀ ਉਥੇ ਮੀਟਰ ਰੀਡਰਾਂ ਨੂੰ ਕੰਮ ਤੋਂ ਬਾਹਰ ਕਰ ਦਿੱਤਾ ਜਾਵੇਗਾ। ਸਰਕਾਰ ਦੀਆਂ ਨੀਤੀਆਂ ਲੋਕ ਵਿਰੋਧੀ ਹਨ ਜਿਸ ਦੇ ਖਿਲਾਫ ਜਥੇਬੰਦੀਆਂ ਵੱਲੋਂ ਸਰਕਾਰ ਅਤੇ ਪਾਵਰਕਾਮ ਦੀ ਮੈਨੇਜਮੈਂਟ ਵਿਰੁੱਧ ਫੀਲਡ ਵਿੱਚ ਸੰਘਰਸ਼ ਕੀਤਾ ਜਾ ਰਿਹਾ ਜਿਸ ਦੇ ਤਹਿਤ 24 ਜੁਲਾਈ ਨੂੰ ਉਪ ਮੰਡਲ/ਮੰਡਲ ਪੱਧਰ ਦੀਆਂ ਸਾਂਝੀਆਂ ਰੋਸ ਰੈਲੀਆਂ ਕੀਤੀਆਂ ਜਾਣਗੀਆਂ ਅਤੇ 27 ਜੁਲਾਈ ਨੂੰ ਸੂਬਾ ਪੱਧਰੀ ਧਰਨਾ ਬਿਜਲੀ ਮੰਤਰੀ ਦੀ ਰਿਹਾਇਸ਼ ਅੰਮ੍ਰਿਤਸਰ ਵਿਖੇ ਦਿੱਤਾ ਜਾਵੇਗਾ। ਜੇਕਰ ਮੈਨੇਜਮੈਂਟ ਵੱਲੋਂ ਜਥੇਬੰਦੀਆਂ ਨਾਲ ਗੱਲਬਾਤ ਕਰਕੇ ਮਸਲਿਆਂ ਦਾਂ ਨਿਪਟਾਰਾ ਨਾ ਕੀਤਾ ਗਿਆ ਤਾਂ ਅਗਸਤ ਮਹੀਨੇ ਦੇ ਪਹਿਲੇ ਹਫਤੇ ਸਮੂਹ ਬਿਜਲੀ ਮੁਲਾਜ਼ਮ ਸਮੂਹਿਕ ਛੁੱਟੀ 'ਤੇ ਚਲੇ ਜਾਣਗੇ ਜਿਸ ਦੀਆਂ ਤਿਆਰੀਆਂ ਜ਼ੋਰਾਂ ਤੇ ਚਲ ਰਹੀਆਂ ਹਨ। ਇਸ ਮੌਕੇ ਸਾਥੀ ਗੁਰਵਿੰਦਰ ਸਿੰਘ, ਰਵਿੰਦਰ ਸਿੰਘ, ਮਾਨਵਜੋਤ ਸਿੰਘ, ਪਰਮਜੀਤ ਸਿੰਘ, ਗੁਰਪਾਲ ਸਿੰਘ, ਗੁਰਸੇਵਕ ਸਿੰਘ, ਜਗਜੀਤ ਸਿੰਘ, ਦਵਿੰਦਰ ਸਿੰਘ, ਗੁਰਦੀਪ ਸਿੰਘ, ਤਿਲਕ ਰਾਜ, ਜਤਿੰਦਰ ਸਿੰਘ ਆਦਿ ਸਾਥੀ ਹਾਜ਼ਰ ਸਨ।

# ਐੱਮ ਡੀ ਅਨੂਜੀਤ ਸਿੰਘ ਵਾਲੀਆ ਨਮਿਤ ਅਖੰਡ ਪਾਠ ਸਾਹਿਬ ਦੇ ਭੋਗ ਪਏ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਦਸਮੇਸ਼ ਵਿੱਦਿਅਕ ਸੰਸਥਾਵਾਂ ਬਾਬਾ ਬਕਾਲਾ ਸਾਹਿਬ ਅਤੇ ਦਸ਼ਮੇਸ਼ ਵਿੱਦਿਅਕ ਸੰਸਥਾਵਾਂ ਮਹਿਤਾ ਚੌਂਕ ਦੇ ਪ੍ਰਮੁੱਖ ਅਦਾਰੇ ਨਿਊ ਇੰਡੀਅਨ ਪਬਲਿਕ ਸਕੂਲ, ਬੁਤਾਲਾ ਦੇ ਮੈਨੇਜਿੰਗ ਡਾਇਰੈਕਟਰ ਅਨੂਜੀਤ ਸਿੰਘ ਵਾਲੀਆ, ਜੋ ਕੁਝ ਦਿਨ ਪਹਿਲਾਂ ਅਕਾਲ ਚਲਾਣਾ ਕਰ ਗਏ ਸਨ, ਉਨਾਂ ਨਮਿਤ ਰੱਖੇ ਗਏ ਅਖੰਡ ਪਾਠ ਸਾਹਿਬ ਦੇ ਭੋਗ ਅੱਜ ਸਕੂਲ ਕੰਪਲੈਕਸ ਵਿੱਚ ਪਾਏ ਗਏ। ਇਸ ਮੌਕੇ ਇਲਾਕੇ ਦੀਆਂ ਸੰਗਤਾਂ ਨੇ ਭਾਰੀ ਗਿਣਤੀ ਵਿੱਚ ਸ਼ਿਰਕਤ ਕੀਤੀ।ਇਸ ਮੌਕੇ ਦਮਦਮੀ ਟਕਸਾਲ ਦੇ ਪ੍ਰਸਿੱਧ ਰਾਗੀ ਜਥੇ ਭਾਈ ਗੁਰਲਾਲ ਸਿੰਘ ਦੇ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ ਅਤੇ ਸਕੂਲ ਵਿਦਿਆਰਥੀਆਂ ਨੇ ਸ਼ਰਧਾਂਜਲੀ ਭੇਟ ਕਰਦੇ ਹੋਏ ਸ਼ਬਦ ਗਾਇਨ ਕੀਤੇ ।ਇਸ ਮੌਕੇ ਸੁਰਜੀਤ ਸ਼ਰਮਾ ਬਬਲੂ (ਸੈਕਟਰੀ ਰਾਸਾ) ਤੋਂ ਇਲਾਵਾ ਗੁਰਜੀਤ ਸਿੰਘ ਪ੍ਰਿੰਸੀਪਲ ਸੰਤ ਮਾਜਾ ਸਿੰਘ ਕਰਮਜੋਤ ਸੀਨੀਅਰ ਸੈਕੰਡਰੀ ਸਕੂਲ ਬਾਬਾ ਬਕਾਲਾ ਸਾਹਿਬ, ਸੂਰਜ ਸਿੰਘ ਪ੍ਰਿੰਸੀਪਲ ਸੇਂਟ ਸੋਲਜਰ ਪਬਲਿਕ ਸਕੂਲ,



ਠੱਠੀਆਂ, ਸੁਮੀਤ ਸ਼ਰਮਾ ਵਾਈਸ ਪ੍ਰਿੰਸੀਪਲ ਡਿਪਸ ਮਹਿਤਾ, ਪਰਮਜੀਤ ਸਿੰਘ ਸਰਪੰਚ ਪਿੰਡ ਟਕਾਪੁਰ, ਗੁਰਦੀਪ ਸਿੰਘ ਪ੍ਰਿੰਸੀਪਲ ਖਾਲਸਾ ਅਕੈਡਮੀ ਅਤੇ ਕਾਲਜ ਮਹਿਤਾ ਚੌਂਕ, ਸਤਨਾਮ ਸਿੰਘ (ਜੋਧੇ) ਪ੍ਰਧਾਨ ਮਨਿਓਰਿਟੀ ਕਮਿਸ਼ਨ ਪੰਜਾਬ, ਰੁਪਿੰਦਰ ਸਿੰਘ ਪ੍ਰਿੰਸੀਪਲ ਐਸ .ਐਮ.ਐਸ.ਗਲੋਬਲ ਸਕੂਲ ਬੁਤਾਲਾ, ਜਸਬੀਰ ਸਿੰਘ ਵਾਈਸ ਪ੍ਰਿੰਸੀਪਲ ਸੰਤ ਬਾਬਾ ਨੱਥਾ ਸਿੰਘ ਜੀ ਸਕੂਲ ਬੁਤਾਲਾ, ਮੈਡਮ ਹਰਪ੍ਰੀਤ ਕੌਰ ਪ੍ਰਿੰਸੀਪਲ ਦਸ਼ਮੇਸ਼ ਹੈਰੀਟੇਜ ਪਬਲਿਕ ਸਕੂਲ, ਮਹਿਤਾ ਚੌਂਕ, ਜਗਤਾਰ ਸਿੰਘ ਸਰਪੰਚ ਪਿੰਡ ਗੱਗੜਵਾਣਾ, ਰਜਿੰਦਰ ਸਿੰਘ ਸਤਿਨਾਮ ਸਰਬ ਕਲਿਆਣ ਟੱਰਸਟ ਚੰਡੀਗੜ੍ਹ, ਕਰਮਜੀਤ ਸਿੰਘ ਵਾਲੀਆ ਫਾਊਂਡਰ ਨਿਪਸ ਸਕੂਲ ਬੁਤਾਲਾ, ਮੈਡਮ ਤਰਲੋਚਨ ਕੌਰ, ਰਕੇਸ਼ ਕੁਮਾਰ ਪੀ .ਟੀ.ਸੀ .ਰਿਪੋਰਟਰ, ਸ਼ੈਲਿੰਦਰਜੀਤ ਸਿੰਘ ਰਾਜਨ ਪ੍ਰੈਸ ਰਿਪੋਰਟਰ, ਮੈਡਮ ਕੁਲਬੀਰ ਕੌਰ ਮਾਨ ਪ੍ਰਿੰਸੀਪਲ ਕੇ.ਜੀ ਹੋਲੀ ਹਾਰਟ ਸਕੂਲ, ਮਨਿੰਦਰ ਸਿੰਘ ਪ੍ਰਿੰਸੀਪਲ ਬੀ.ਐਸ.ਟੀ.ਸੀਨੀਅਰ ਸੈਕੰਡਰੀ ਸਕੂਲ ਸੂਜੋ ਕਾਲੀਆ, ਗੁਰਸੇਵਕ ਸਿੰਘ ਪ੍ਰਿੰਸੀਪਲ ਬੀ .ਐਸ.ਟੀ. ਸੀਨੀਅਰ ਸੈਕੰਡਰੀ ਸਕੂਲ ਬਿਹਾਰੀਪੁਰ ਅਤੇ ਪ੍ਰਭਜੋਤ ਸਿੰਘ ਬਾਬਾ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਸਠਿਆਲਾ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਏ।

# ਸਠਿਆਲਾ 'ਚ ਪੰਜ ਪੀਰਾਂ ਦੀ ਦਰਗਾਹ 'ਤੇ ਸਾਲਾਨਾ ਜੋੜ ਮੇਲਾ ਭਲਕੇ

**ਸਠਿਆਲਾ (ਨਿਰਮਲ ਸਿੰਘ ਸੰਘ)**- ਕਸਬਾ ਸਠਿਆਲਾ ਵਿਖੇ ਪੰਜ ਪੀਰਾਂ ਦੀ ਦਰਗਾਹ 'ਤੇ ਮੁੱਖ ਸੇਵਾਦਾਰ ਬਾਬਾ ਮਹਿੰਦਰ ਸਿੰਘ ਦੀ ਅਗਵਾਈ ਵਿੱਚ ਸਲਾਨਾ ਜੋੜ ਮੇਲਾ ਐਤਵਾਰ ਨੂੰ ਮਨਾਇਆ



ਜਾ ਰਿਹਾ ਹੈ।ਇਸ ਬਾਰੇ ਮੇਲਾ ਕਮੇਟੀ ਦੇ ਪ੍ਰਧਾਨ ਇਕਬਾਲ ਸਿੰਘ ਬੱਲ ਤੇ ਮੁੱਖ ਸੇਵਾਦਾਰ ਬਾਬਾ ਮਹਿੰਦਰ ਸਿੰਘ, ਬਾਬਾ ਕੇਵਲ ਸ਼ਾਹ ਨੇ ਦੱਸਿਆ ਕਿ ਪੰਜ ਪੀਰ ਬਾਬਾ ਤਿੱਤਰ ਸ਼ਾਹ ਦੀ ਯਾਦ 'ਚ 20 ਜੁਲਾਈ ਦਿਨ ਐਤਵਾਰ ਨੂੰ ਸਾਲਾਨਾ ਜੋੜ ਮੇਲੇ 'ਤੇ ਪੀਰਾਂ ਦੀ ਦਰਗਾਹ 'ਤੇ ਚਾਦਰ ਦੀ ਰਸਮ ਅਦਾ ਕਰਨ ਉਪਰੰਤ ਸਭਿਆਚਾਰਕ ਪ੍ਰੋਗਰਾਮ ਹੋਵੇਗਾ ਅਤੇ ਮੁੱਖ ਮਹਿਮਾਨ ਸਾਬਕਾ ਵਿਧਾਇਕ ਸੰਤੋਖ ਸਿੰਘ ਭਲਾਈਪੁਰ ਹੋਣਗੇ।ਇਸ ਮੌਕੇ ਸਰਪੰਚ ਚਰਨਜੀਤ ਸਿੰਘ ਭੱਟੀ, ਸਾਬਕਾ ਸਰਪੰਚ ਦਲਵਿੰਦਰ ਸਿੰਘ, ਸਾਬਕਾ ਸਰਪੰਚ ਬਲਜੀਤ ਸਿੰਘ ਭੱਟੀ, ਪਰਮਜੀਤ ਸਿੰਘ ਸਿਤਾਰਾ, ਪ੍ਰੋ: ਬਲਜਿੰਦਰ ਸਿੰਘ, ਪ੍ਰਧਾਨ ਦਿਲਬਾਗ ਸਿੰਘ, ਮਾ: ਜਗੀਰ ਸਿੰਘ, ਬਲਦੇਵ ਸਿੰਘ, ਕਰਮ ਸਿੰਘ, ਜੱਸਾ ਸਿੰਘ, ਮਨਦੀਪ ਸਿੰਘ, ਪ੍ਰਭਜੋਤ ਸਿੰਘ ਨੰਬਰਦਾਰ ਜਤਿੰਦਰ ਸਿੰਘ, ਠੇਕੇਦਾਰ ਹਰਬੰਸ ਸਿੰਘ, ਸਤਨਾਮ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ।ਸਾਲਾਨਾ ਜੋੜ ਮੇਲਾ ਮਨਾਉਣ ਬਾਰੇ ਜਾਣਕਾਰੀ ਪ੍ਰਧਾਨ ਇਕਬਾਲ ਸਿੰਘ, ਸਰਪੰਚ ਚਰਨਜੀਤ ਸਿੰਘ ਭੱਟੀ ਅਤੇ ਪਰਮਜੀਤ ਸਿੰਘ ਸਿਤਾਰਾ ਨੇ ਦਿੱਤੀ।

# ਘਰ 'ਚ ਰੇਡ ਕਰਕੇ ਇੱਕ ਗ੍ਰਿਫਤਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਕਾਦੀਆਂ ਦੇ ਪਿੰਡ ਭੈਣੀ ਬਾਂਗਰ ਵਿੱਚ ਘਰ ਵਿੱਚ ਰੇਡ ਕਰਕੇ ਐੱਨਡੀਪੀਐੱਸ ਐਕਟ ਦੇ ਮਾਮਲੇ ਵਿੱਚ ਕਾਦੀਆਂ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਗ੍ਰਿਫਤਾਰ ਕਰਨ ਦਾ ਸਮਾਚਾਰ ਮਿਲਿਆ ਹੈ ।ਜਾਣਕਾਰੀ ਅਨੁਸਾਰ ਏ ਐਸ ਆਈ ਰਸ਼ਪਾਲ ਸਿੰਘ ਨੇ ਦੱਸਿਆ ਕਿ ਮੁਕਦਮਾ ਨੰਬਰ 97 ਮਿਤੀ 2-7-25 ਜੁਰਮ 21-61-85 ਐਨ ਡੀ ਪੀ ਐਸ ਐਕਟ ਤਹਿਤ ਦਰਜ ਮੁਕਦਮੇ ਦੌਰਾਨ ਰਾਮ ਸਿੰਘ ਉਰਫ ਰਾਮਾ ਪੁੱਤਰ ਕਰਨੈਲ ਸਿੰਘ ਵਾਸੀ ਪਿੰਡ ਭੈਣੀ ਬਾਂਗਰ ਨੂੰ ਉਸ ਦੇ ਘਰ ਵਿੱਚ ਰੇਡ ਕਰਕੇ ਗ੍ਰਿਫਤਾਰ ਕੀਤਾ ਗਿਆ। ਪੁਲਸ ਅਧਿਕਾਰੀ ਨੇ ਦੱਸਿਆ ਕਿ ਨੌਜਵਾਨ ਨੂੰ ਗ੍ਰਿਫਤਾਰ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਵਿਧਾਇਕ ਐਡਵੋਕੈਟ ਅਮਰਪਾਲ ਸਿੰਘ ਵੱਲੋਂ ਲੋਕਾਂ ਨੂੰ ਨਸ਼ਿਆਂ ਦੀ ਨਾਮੁਰਾਦ ਬਿਮਾਰੀ ਖਿਲਾਫ ਲਾਮਬੰਦ ਹੋਣ ਦਾ ਸੱਦਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਵਿਧਾਇਕ ਐਡਵੋਕੈਟ ਅਮਰਪਾਲ ਸਿੰਘ ਕਿਸ਼ਨਕੋਟ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਦੇ ਦੂਸਰੇ ਪੜਾਅ ਤਹਿਤ ਪਿੰਡ ਸੱਖੋਵਾਲ, ਸੋਹੀਆਂ ਅਤੇ ਲੱਲਾ ਵਿਖੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਇਕਜੁੱਟ ਹੋਣ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਨਸ਼ਾ ਮੁਕਤ ਕਰਨ ਦੀ ਵਿੱਢੀ ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾ ਕਰਕੇ ਇਸ ਨਾਮੁਰਾਦ ਬਿਮਾਰੀ ਖਿਲਾਫ ਲੋਕਾਂ ਨੂੰ ਲਾਮਬੰਦ ਹੋਣ ਦਾ ਸੱਦਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਹ ਯਾਤਰਾ, ਜੋ ਕਿ ਜਾਗਰੂਕਤਾ ਸਭਾਵਾਂ ਦੇ ਰੂਪ ਵਿੱਚ ਕੀਤੀ ਜਾ ਰਹੀ ਹੈ, ਰਾਹੀਂ ਹਰ ਘਰ ਤੱਕ ਇਹ ਸੁਨੇਹਾ ਪਹੁੰਚਾਇਆ ਜਾ ਰਿਹਾ ਹੈ ਕਿ ਨਸ਼ਿਆਂ ਦਾ ਖਾਤਮਾ ਕਰਨ ਲਈ ਸਰਕਾਰ ਵਚਨਬੱਧ ਹੈ ਅਤੇ ਲੋਕਾਂ ਦੇ ਸਰਗਰਮ ਸਹਿਯੋਗ ਦੀ ਵੀ ਬੇਹੱਦ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖਿਲਾਫ ਫੈਸਲਾਕੁੰਨ ਲੜਾਈ ਲਈ ਸ਼ੁਰੂ ਕੀਤੀ 'ਨਸ਼ਾ ਮੁਕਤੀ ਯਾਤਰਾ' ਦੇ ਨਤੀਜੇ ਬਹੁਤ ਵਧੀਆ ਮਿਲ ਰਹੇ ਹਨ ਅਤੇ ਲੋਕਾਂ ਦਾ ਆਪ ਮੁਹਾਰਾ ਸਾਥ ਨਸ਼ਿਆਂ ਵਿਰੁੱਧ ਮਿਲ ਰਿਹਾ ਹੈ।ਉਨਾਂ ਨੇ ਇਹ ਵੀ ਦੱਸਿਆ ਕਿ ਨਸ਼ਾ ਪੀੜਤਾਂ ਦਾ ਸਹੀ ਇਲਾਜ ਕਰਕੇ ਉਹਨਾਂ ਨੂੰ



ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਿਲ ਕਰਨ ਲਈ ਸਾਰਥਕ ਯਤਨ ਕੀਤੇ ਜਾ ਰਹੇ ਹਨ ਜਿਸ ਵਿੱਚ ਸਹਿਯੋਗ ਲਈ ਲੋਕਾਂ ਨੂੰ ਵੀ ਵਧ ਚੜ ਕੇ ਅੱਗੇ ਆਉਣਾ ਚਾਹੀਦਾ ਹੈ। ਉਨਾਂ ਕਿਹਾ ਕਿ ਪੰਚਾਇਤ ਵਿਭਾਗ, ਪੁਲਸ ਅਤੇ ਸਿਹਤ ਵਿਭਾਗ ਦੇ ਅਧਿਕਾਰੀ ਵੀ ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਸਰਗਰਮ ਹਨ ਅਤੇ ਹਰੇਕ ਪੱਖ ਤੋਂ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਕੱਲ੍ਹ 18 ਨੂੰ ਆਦੋਵਾਲੀ, ਵੈਰੋ ਨੰਗਲ ਪੁਰਾਣਾ, ਲਾਡੂ ਭਾਣਾ, ਸੇਖਵਾਂ, ਰੂੜ ਚੰਦ ਆਬਾਦੀ, ਬਾਜ਼ੀਗਰ ਬਸਤੀ ਅਤੇ ਪੱਤੀ ਨਾਨਕ ਨੰਗਲ ਵਿਖੇ 'ਨਸ਼ਾ ਮੁਕਤੀ ਯਾਤਰਾ' ਕੀਤੀ ਜਾਵੇਗੀ।ਇਸ ਮੌਕੇ ਅਮਰੀਕ ਸਿੰਘ ਗੋਲਡੀ, ਸਾਬਕਾ ਚੇਅਰਮੈਨ ਕੁਲਵੰਤਬੀਰ ਸਿੰਘ ਘੁਮਾਣ, ਚੇਅਰਮੈਨ ਬੱਬੂ ਚੀਮਾ, ਸਰਪੰਚ ਦਿਲਬਾਗ ਸਿੰਘ, ਸਰਪੰਚ ਦਲਬੀਰ ਸਿੰਘ, ਜ਼ਿਲ੍ਹਾ ਇੰਚਾਰਜ ਸ਼ੋਸਲ ਮੀਡੀਆ ਅਤੇ ਸਲਾਹਕਾਰ ਪਰਮਬੀਰ ਸਿੰਘ ਰਾਣਾ, ਪੀ.ਏ ਰਾਜੂ ਭਿੰਡਰ, ਸੁਖਦੇਵ ਸਿੰਘ ਰੋਮੀ ਪੀ.ਏ. ਸੁਖਦੇਵ ਸਿੰਘ ਸੱਖੋਵਾਲ ਬਲਾਕ ਪ੍ਰਧਾਨ ਸ਼ੋਸਲ ਮੀਡੀਆ, ਨਰਿੰਦਰ ਸਿੰਘ ਘੁਮਾਣ, ਸਰਪੰਚ ਸੁਲੱਖਣ ਸਿੰਘ , ਬਲਾਕ ਪ੍ਰਧਾਨ ਰਵਿੰਦਰ ਸਿੰਘ ਜੱਜ ਸੰਦਲਪੁਰ, ਦਿਲਬਾਗ ਸਿੰਘ ਰਿਆੜ, ਜ਼ਿਲ੍ਹਾ ਸੈਕਟਰੀ ਜੌਨੀ ਘੁਮਾਣ, ਸੰਗਠਨ ਇੰਚਾਰਜ ਗੁਰਪ੍ਰੀਤ ਸਿੰਘ ਸੋਢੀ, ਸਰਪੰਚ ਗੁਰਮੀਤ ਸਿੰਘ ਢੋਲਚੱਕ, ਸਰਪੰਚ ਲਾਡ ਨੂਰਪੁਰ, ਸਰਪੰਚ ਜੀਵਨ ਸਿੰਘ, ਹਨੀ ਦਿਓਲ, ਦਿਲਬਾਗ ਸਿੰਘ ਰਿਆੜ, ਮਨਜੀਤ ਸਿੰਘ ਹਰਦਾਨ ਅਤੇ ਤਕਦੀਰ ਸਿੰਘ ਪ੍ਰਧਾਨ ਆਦਿ ਹਾਜ਼ਰ ਸਨ।

# ਰੋਟਰੀ ਕਲੱਬ ਕੈਂਟ ਵੱਲੋਂ ਕਾਰਗਿਲ ਦੇ ਸ਼ਹੀਦਾਂ ਦੀ ਯਾਦ 'ਚ ਰੁੱਖ ਲਗਾਓ ਸਮਾਗਮ ਆਯੋਜਿਤ

**ਅੰਮ੍ਰਿਤਸਰ (ਅਰੋੜਾ)**- ਰੋਟਰੀ ਕਲੱਬ ਕੈਂਟ ਵੱਲੋਂ ਕਲੱਬ ਦੀ ਮਹਿਲਾ ਪ੍ਰਧਾਨ ਪ੍ਰਭਜੋਤ ਕੌਰ ਸੋਖੀ, ਸਕੱਤਰ ਅੰਕੁਰ ਗੁਪਤਾ, ਸਾਬਕਾ ਸਹਾਇਕ ਗਵਰਨਰ ਉਪਕਾਰ ਸਿੰਘ, ਪ੍ਰਿੰਸੀਪਲ ਰੀਪੂਦਮਨ ਮਲਹੋਤਰਾ ਦੀ ਪ੍ਰਧਾਨਗੀ ਹੇਠ ਕਾਰਗਿਲ ਵਿਖੇ




ਸ਼ਹੀਦ ਹੋਣ ਵਾਲੇ ਸੈਨਾਨੀਆਂ ਨੂੰ ਸ਼ਰਧਾਂਜਲੀ ਦੇਣ ਲਈ ਰੁੱਖ ਲਗਾਓ ਸਮਾਗਮ ਦਾ ਆਯੋਜਨ ਕੀਤਾ ਗਿਆ। ਕਲੱਬ ਦੇ ਸਮੂਹ ਮੈਂਬਰਾਂ ਨੇ ਕਾਰਗਿਲ ਸ਼ਹੀਦਾਂ ਦੇ 40 ਸਾਲ ਪੂਰੇ ਹੋਣ 'ਤੇ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ। ਸ਼ਰਧਾਂਜਲੀ ਸਮਾਗਮ ਵਿੱਚ ਇਨਰ ਵਹੀਲ ਕਲੱਬ ਦੀ ਮਹਿਲਾ ਪ੍ਰਧਾਨ ਨਵਤੇਜ ਅਤੇ ਕਲੱਬ ਦੇ ਸਾਕਬਾ ਪ੍ਰਧਾਨ ਚਮੜੀ ਰੋਗਾਂ ਦੇ ਮਾਹਰ ਡਾ. ਅਮਰਜੀਤ ਸਚਦੇਵਾ ਖਾਸ ਤੌਰ 'ਤੇ ਸ਼ਾਮਲ ਹੋਏ। ਇਸ ਰੁੱਖ ਲਗਾਓ ਸ਼ਰਧਾਂਜਲੀ ਸਮਾਗਮ ਵਿੱਚ ਡੀ.ਏ.ਵੀ ਸਕੂਲ ਯਾਸੀਨ ਰੋਡ ਦੇ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਕਾਰਗਿਲ ਵਿਖੇ ਸ਼ਹੀਦ ਹੋਣ ਵਾਲੇ ਸੈਨਿਕਾਂ ਨੂੰ ਮੌਨ ਵਰਤ ਧਾਰਨ ਕਰਕੇ ਸ਼ਰਧਾਂਜਲੀ ਦਿੱਤੀ। ਕਲੱਬ ਦੀ ਪ੍ਰਧਾਨ ਪ੍ਰਭਜੋਤ ਕੌਰ ਨੇ ਸ਼ਰਧਾਂਜਲੀ ਸਮਾਗਮ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਰੋਟਰੀ ਕੈਂਟ ਵੱਲੋਂ ਵਾਤਾਵਰਣ ਨੂੰ ਸਾਫ਼ ਸੁਥਰਾ ਰੱਖਣ ਦੀ ਜ਼ਿੰਮੇਦਾਰੀ ਨਿਭਾਉਣ ਦਾ ਪ੍ਰਣ ਲਿਆ ਹੈ। ਇਸ ਮੌਕੇ ਤੇ ਰੋਟਰੀ ਦੇ ਜੋਨਲ ਚੇਅਰਮੈਨ ਵਿਜੇ ਭਸੀਨ, ਕਲੱਬ ਦੇ ਸਾਬਕਾ ਪ੍ਰਧਾਨ ਸਰਵਿਸ ਕਲੱਬ ਦੇ ਮੌਜੂਦਾ ਸਕੱਤਰ ਸਮਾਜ ਸੇਵਕ ਕੁਲਵਿੰਦਰ ਸਿੰਘ ਅਰੋੜਾ, ਰੁਪਿੰਦਰ ਕਟਾਰੀਆ, ਰੋਹਿਤ ਅਰੋੜਾ, ਟੀ.ਐਸ ਸੋਖੀ ਆਦਿ ਵੀ ਮੌਜੂਦ ਸਨ। ਸਾਰੇ ਮੈਂਬਰਾਂ ਨੇ ਵਿਦਿਆਰਥੀਆਂ ਨੂੰ ਖਾਣ ਪੀਣ ਦੀ ਸਮੱਗਰੀ, ਟਾਵਲ ਅਤੇ ਨੈਪਕਿਨ ਆਦਿ ਵੀ ਵੰਡੇ।

# ਪ੍ਰੋ. ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਂ ਨੂੰ ਜ਼ਿਲਾ ਮੀਡੀਆ ਇੰਚਾਰਜ ਲਾਉਣ 'ਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਆਮ ਆਦਮੀ ਪਾਰਟੀ ਪੰਜਾਬ ਵੱਲੋਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੇ ਮੀਡੀਆ ਇੰਚਾਰਜਾਂ ਦੀ ਨਿਯੁਕਤੀ ਕੀਤੀ ਗਈ ਹੈ।ਜ਼ਿਲ੍ਹਾ ਤਰਨ ਤਾਰਨ ਤੋਂ ਪਾਰਟੀ ਦੇ ਸੀਨੀਅਰ ਆਗੂ ਪ੍ਰੋ. ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਂ ਨੂੰ ਜ਼ਿਲੇ ਦਾ ਮੀਡੀਆ ਇੰਚਾਰਜ ਲਾਇਆ ਗਿਆ ਹੈ।ਖ਼ਬਰ ਮਿਲਦਿਆਂ ਹੀ ਸਾਰੇ ਜ਼ਿਲੇ ਵਿਚ ਖੁਸ਼ੀ ਦੀ



ਲਹਿਰ ਦੌੜ ਗਈ ਹੈ।ਪ੍ਰੋ. ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਂ ਹਲਕਾ ਖਡੂਰ ਸਾਹਿਬ ਪਾਰਟੀ ਦੇ ਬਹੁਤ ਪੁਰਾਣੇ ਵਰਕਰ ਹਨ ।ਸਮੇਂ-ਸਮੇਂ 'ਤੇ ਉਹ ਵੱਖ ਵੱਖ ਅਹੁਦਿਆਂ 'ਤੇ ਰਹੇ ਹਨ।ਪੰਜਾਬ ਦੀ ਹਰੇਕ ਇਲੈਕਸ਼ਨ ਵਿੱਚ ਵੀ ਉਨ੍ਹਾਂ ਨੂੰ ਵੱਡੀਆਂ ਜ਼ਿੰਮੇਵਾਰੀਆਂ ਦਿੱਤੀਆਂ ਜਾਂਦੀਆਂ ਰਹੀਆਂ।ਪ੍ਰੋ. ਹਰਪ੍ਰੀਤ ਸਿੰਘ ਕੋਟ ਮੁੰਹਮਦ ਖਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਹਾਈਕਮਾਨ ਨੈਸ਼ਨਲ ਕਨਵੀਨਰ ਅਰਵਿੰਦ ਕੇਜਰੀਵਾਲ, ਪੰਜਾਬ ਦੇ ਇੰਚਾਰਜ ਮੁਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਪੰਜਾਬ ਦੇ ਪ੍ਰਧਾਨ ਅਮਨ ਅਰੋੜਾ, ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸ਼ੈਰੀ ਕਲਸੀ , ਤਰਨ ਤਾਰਨ ਜ਼ਿਲ੍ਹੇ ਦੇ ਮੰਤਰੀ, ਐੱਮਐੱਲਏ, ਜ਼ਿਲ੍ਹਾ ਪ੍ਰਧਾਨ, ਚੇਅਰਮੈਨ ਅਤੇ ਸਮੁੱਚੀ ਲੀਡਰਸ਼ਿਪ ਤੇ ਹਰ ਵਰਕਰ ਦਾ ਬਹੁਤ ਬਹੁਤ ਧੰਨਵਾਦ ਜਿਨ੍ਹਾਂ ਨੇ ਮੇਰੇ ਤੇ ਭਰੋਸਾ ਪ੍ਰਗਟਾਇਆ। ਮੈਂ ਪਾਰਟੀ ਹਾਈਕਮਾਨ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਮੈਂ ਜ਼ੁੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਵਾਂਗਾ।

# ਕੇਂਦਰੀ ਪੰਜਾਬੀ ਲੇਖਕ ਸਭਾ ਦਾ ਇਜਲਾਸ ਤੇ ਸੈਮੀਨਾਰ ਭਲਕੇ

**● ਗ਼ਜ਼ਲਗੋ ਜਸਵਿੰਦਰ, ਬਲਬੀਰ ਪਰਵਾਨਾ, ਡਾ. ਮਨਜਿੰਦਰ ਸਿੰਘ ਤੇ ਕਰਮ ਸਿੰਘ ਵਕੀਲ ਨੂੰ ਮਿਲਣਗੇ ਪੁਰਸਕਾਰ**

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ.) ਵੱਲੋਂ ਪੰਜਾਬੀ ਵਿਭਾਗ, ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਸਹਿਯੋਗ ਨਾਲ 20 ਜੁਲਾਈ ਐਤਵਾਰ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਾਨਫਰੰਸ ਹਾਲ ਵਿਖੇ ਡੇਢ ਸਾਲਾ ਇਜਲਾਸ ਅਤੇ ਸੈਮੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ। ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ ਅਤੇ ਦਫਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਪੰਜਾਬੀ ਬੋਲੀ, ਸਾਹਿਤ ਅਤੇ ਸਭਿਆਚਾਰ ਨੂੰ ਪ੍ਰਫੁੱਲਤ ਕਰਨ ਦੇ ਨਾਲ-ਨਾਲ ਸਾਹਿਤਕ ਵਿਚਾਰ-ਵਟਾਂਦਰੇ ਨੂੰ ਹੁਲਾਰਾ ਦੇਵੇਗਾ।ਸਵੇਰੇ 10 ਵਜੇ ਸੈਮੀਨਾਰ ਦੇ ਪਹਿਲੇ ਸੈਸ਼ਨ ਵਿੱਚ 'ਪੰਜਾਬੀ ਬੋਲੀ-ਕੱਲ੍ਹ, ਅੱਜ ਅਤੇ ਭਲਕ' ਵਿਸ਼ੇ 'ਤੇ ਚਰਚਾ ਹੋਵੇਗੀ। ਪੰਜਾਬੀ ਸਾਹਿਤ ਦੇ ਪ੍ਰਸਿੱਧ ਵਿਦਵਾਨ ਡਾ. ਮਨਜਿੰਦਰ ਸਿੰਘ ਮੁੱਖ ਭਾਸ਼ਣ ਦੇਣਗੇ, ਜਿਸ ਵਿੱਚ ਉਹ ਪੰਜਾਬੀ ਬੋਲੀ ਦੀਆਂ ਚੁਣੌਤੀਆਂ ਅਤੇ ਸੰਭਾਵਨਾਵਾਂ 'ਤੇ ਚਾਨਣਾ ਪਾਉਣਗੇ। ਸੈਸ਼ਨ ਦੀ ਪ੍ਰਧਾਨਗੀ ਡਾ. ਮਨਮੋਹਨ ਕਰਨਗੇ, ਜਦਕਿ ਪ੍ਰਸਿੱਧ ਕਾਲਮ ਨਵੀਸ ਸਤਿਨਾਮ ਸਿੰਘ ਮਾਣਕ ਮੁੱਖ ਮਹਿਮਾਨ ਅਤੇ ਲਖਵਿੰਦਰ ਜੌਹਲ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਣਗੇ। ਦੁਪਹਿਰ 12 ਵਜੇ ਦੂਜੇ ਸੈਸ਼ਨ ਵਿੱਚ ਸਭਾ ਦੀਆਂ ਡੇਢ ਸਾਲ ਦੀਆਂ ਸਰਗਰਮੀਆਂ ਅਤੇ ਜਥੇਬੰਦਕ ਰਿਪੋਰਟ ਪੇਸ਼ ਕੀਤੀ ਜਾਵੇਗੀ ।ਇਸ ਦੌਰਾਨ ਪੰਜਾਬੀ ਸਾਹਿਤ ਅਤੇ ਸਭਿਆਚਾਰ ਵਿੱਚ ਪਾਏ ਯੋਗਦਾਨ ਲਈ ਸਖਸ਼ੀਅਤਾਂ ਨੂੰ ਸਨਮਾਨਿਤ ਕੀਤਾ ਜਾਵੇਗਾ। ਹਰਭਜਨ ਸਿੰਘ ਹੁੰਦਲ ਕਾਵਿ ਪੁਰਸਕਾਰ ਗ਼ਜ਼ਲਗੋ ਜਸਵਿੰਦਰ ਨੂੰ, ਡਾ. ਐੱਸ ਤਰਸੇਮ ਸਾਹਿਤ ਸਾਧਨਾ ਪੁਰਸਕਾਰ ਬਲਬੀਰ ਪਰਵਾਨਾ ਨੂੰ, ਡਾ. ਰਵਿੰਦਰ ਰਵੀ ਆਲੋਚਨਾ ਪੁਰਸਕਾਰ ਡਾ. ਮਨਜਿੰਦਰ ਸਿੰਘ ਨੂੰ ਅਤੇ ਗਿਆਨੀ ਹੀਰਾ ਸਿੰਘ ਦਰਦ ਜਥੇਬੰਦਕ ਪੁਰਸਕਾਰ ਕਰਮ ਸਿੰਘ ਵਕੀਲ ਨੂੰ ਦਿੱਤਾ ਜਾਵੇਗਾ। ਇਹ ਸਮਾਗਮ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਕਾਨਫਰੰਸ ਹਾਲ ਵਿਖੇ ਹੋਵੇਗਾ, ਜੋ ਪੰਜਾਬੀ ਸਾਹਿਤ ਅਤੇ ਸਿੱਖਿਆ ਦਾ ਮਹੱਤਵਪੂਰਨ ਕੇਂਦਰ ਹੈ।

# ਨਗਰ ਨਿਗਮ ਨੇ ਸ੍ਰੀ ਦਰਬਾਰ ਸਾਹਿਬ ਨੂੰ ਜਾਣ ਵਾਲੇ ਰਸਤੇ 'ਚ ਪ੍ਰਾਈਵੇਟ ਬੱਸਾਂ ਦੀ ਨਜਾਇਜ਼ ਪਾਰਕਿੰਗ ਹਟਾਈ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਾਰਵਾਈ ਕਰਦੇ ਹੋਏ ਨਗਰ ਨਿਗਮ ਦੇ ਅਸਟੇਟ ਵਿਭਾਗ ਦੀ ਟੀਮ ਵਲੋਂ ਰਾਮ ਤਲਾਈ ਚੌਂਕ ਤੋਂ ਘਿਉ ਮੰਡੀ ਤੱਕ ਸ੍ਰੀ ਦਰਬਾਰ




ਸਾਹਿਬ ਨੂੰ ਜਾਣ ਵਾਲੇ ਰਸਤੇ ਵਿੱਚ ਪ੍ਰਾਈਵੇਟ ਬੱਸਾਂ ਦੀ ਨਜਾਇਜ਼ ਪਾਰਕਿੰਗ ਨੂੰ ਹਟਾਇਆ ਗਿਆ ਅਤੇ 3 ਬੱਸਾਂ ਜ਼ਬਤ ਕਰ ਲਈਆਂ ਗਈਆਂ ।ਇਸ ਤੋਂ ਇਲਾਵਾ ਹੈਰੀਟੇਜ ਸਟਰੀਟ ਅਤੇ ਛੇਹਰਟਾ ਵਿਖੇ ਦੁਕਾਨਦਾਰਾਂ ਵਲੋਂ ਕੀਤੇ ਗਏ ਨਜਾਇਜ਼ ਕਬਜ਼ੇ ਹਟਾ ਕੇ ਉਹਨਾਂ ਦਾ ਸਮਾਨ ਵੀ ਜ਼ਬਤ ਕਰ ਲਿਆ ਗਿਆ ।ਇਹ ਕਾਰਵਾਈ ਵਿੱਚ ਅਸਟੇਟ ਅਫਸਰ ਧਰਮਿੰਦਰਜੀਤ ਸਿੰਘ, ਅਮਨ ਕੁਮਾਰ ਇੰਸਪੈਕਟਰ ਅਤੇ ਅਰੁਣ ਸਹਿਜ ਪਾਲ ਤੋਂ ਇਲਾਵਾ ਡੀ.ਸੀ.ਪੀ ਟ੍ਰੈਫਿਕ ਮੈਡਮ ਅਮਨਦੀਪ ਕੌਰ ਵੀ ਪੁਲਸ ਦੀ ਟੀਮ ਦੇ ਨਾਲ ਸ਼ਾਮਿਲ ਸੀ ।ਸੰਯੁਕਤ ਕਮਿਸ਼ਨਰ ਜੈ ਇੰਦਰ ਸਿੰਘ ਨੇ ਦੱਸਿਆ ਕਿ ਸ੍ਰੀ ਦਰਬਾਰ ਸਾਹਿਬ ਨੂੰ ਜਾਣ ਵਾਲੇ ਰਸਤੇ ਰਾਮ ਤਲਾਈ ਚੌਂਕ ਤੋਂ ਘਿਉ ਮੰਡੀ ਚੌਂਕ ਤੱਕ ਐਲੀਵੇਟਿਡ ਰੋਡ ਦੇ ਥੱਲੇ ਪ੍ਰਾਈਵੇਟ ਬੱਸਾਂ ਅਤੇ ਟਰੱਕਾਂ ਵਾਲਿਆਂ ਵਲੋਂ ਨਜਾਇਜ਼ ਪਾਰਕਿੰਗ ਕਰ ਕੇ ਕਬਜ਼ੇ ਕੀਤੇ ਹੋਏ ਹਨ ਸ਼ਰਧਾਲੂਆਂ ਨੂੰ ਆਉਣ-ਜਾਣ ਵਿੱਚ ਬੜੀ ਮੁਸ਼ਕਲ ਪੇਸ਼ ਆਉਂਦੀ ਹੈ ਅਤੇ ਟ੍ਰੈਫਿਕ ਤਕਰੀਬਨ ਜਾਮ ਰਹਿੰਦਾ ਹੈ ਅਤੇ ਸੜਕ ਦੀ ਹਾਲਤ ਵੀ ਬਹੁਤ ਹੀ ਬੁਰੀ ਬਣੀ ਹੋਈ ਸੀ ।ਉਨਾਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਸਹੂਲਤ ਨੂੰ ਮੁੱਖ ਰਖਦੇ ਹੋਏ ਟ੍ਰੈਫਿਕ ਪੁਲਸ ਦੀ ਮਦਦ ਨਾਲ ਅੱਜ ਨਿਗਮ ਦੀ ਅਸਟੇਟ ਵਿਭਾਗ ਦੀ ਟੀਮ ਵੱਲੋਂ ਇਹਨਾਂ ਪ੍ਰਾਈਵੇਟ ਬੱਸਾਂ ਅਤੇ ਟਰੱਕਾਂ ਦੀ ਨਜਾਇਜ਼ ਪਾਰਕਿੰਗ ਨੂੰ ਹਟਾ ਦਿਤਾ ਗਿਆ ਹੈ ਅਤੇ ਇਨ੍ਹਾਂ ਵਿੱਚੋਂ 3 ਪ੍ਰਾਈਵੇਟ ਬੱਸਾਂ ਵੀ ਕਬਜ਼ੇ ਵਿੱਚ ਲੈ ਲਈਆਂ ਗਈਆਂ ਹਨ ਅਤੇ ਅੱਗੇ ਵਾਸਤੇ ਉਹਨਾਂ ਨੂੰ ਚੇਤਾਵਨੀ ਦਿਤੀ ਗਈ ਹੈ ।

# ਕਿਸਾਨਾਂ ਲਈ ਮਿਸਾਲ ਬਣੇ ਬਾਰਾਂ ਸਾਲਾਂ ਤੋਂ ਬਿਨਾਂ ਅੱਗ ਲਗਾਏ ਕਣਕ ਦੀ ਬਿਜਾਈ ਕਰ ਰਹੇ ਪਿੰਡ ਭਾਗੋਕਾਵਾਂ ਦੇ ਦੋ ਕਿਸਾਨ ਭਰਾ

**ਗੁਰਦਾਸਪੁਰ (ਜਨਕ ਮਹਾਜਨ)**- ਹਵਾ ਦੇ ਪ੍ਰਦੂਸ਼ਣ ਨੂੰ ਘੱਟ ਕਰਨ ਵਿੱਚ ਹਰੇਕ ਵਰਗ ਚਾਹੇ ਉਦਯੋਗਪਤੀ ਹੋਵੇ ਜਾਂ ਆਮ ਨਾਗਰਿਕ ਹਰੇਕ ਵਿਅਕਤੀ ਨੂੰ ਆਪਣਾ ਬਣਦਾ ਯੋਗਦਾਨ ਪਾਉਣਾ ਚਾਹੀਦਾ ਹੈ। ਇਸ ਤੋਂ ਇਲਾਵਾ ਕਿਸਾਨਾਂ ਦਾ ਅਜਿਹਾ ਵਰਗ ਜੋ ਵਾਤਾਵਰਣ, ਮਿੱਟੀ ਅਤੇ ਪਾਣੀ ਦੀ ਸ਼ੁੱਧਤਾ ਨੂੰ ਬਰਕਰਾਰ ਰੱਖਣ ਵਿੱਚ ਅਹਿਮ ਭੂਮਿਕਾ ਨਿਭਾ ਸਕਦਾ ਹੈ ਅਤੇ ਬਹੁਤ ਸਾਰੇ ਕਿਸਾਨ ਇਹ ਭੂਮਿਕਾ ਨਿਭਾਅ ਵੀ ਰਹੇ ਹਨ। ਅਜਿਹੇ ਹੀ ਕਿਸਾਨਾਂ ਵਿਚੋਂ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡ ਭਾਗੋਕਾਵਾਂ ਦੇ ਦੋ ਕਿਸਾਨ ਭਰਾ ਸਰਬਜੀਤ ਸਿੰਘ ਅਤੇ ਰਣਜੀਤ ਸਿੰਘ ਪੁੱਤਰ ਹਰਭਜਨ ਸਿੰਘ ਹਨ ਜੋ ਪਿਛਲੇ 12 ਸਾਲ ਤੋਂ ਫ਼ਸਲੀ ਰਹਿੰਦ ਖੂੰਹਦ ਨੂੰ ਅੱਗ ਲਗਾਏ ਬਗੈਰ ਕਿਰਾਏ 'ਤੇ ਖੇਤੀ ਮਸ਼ੀਨਰੀ ਸੁਪਰ ਸੀਡਰ ਲੈ ਕੇ ਕਣਕ ਦੀ ਬਿਜਾਈ ਕਰਦੇ ਹਨ। ਸਰਬਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਪਿਤਾ ਹਰਭਜਨ ਸਿੰਘ ਨੇ ਹਮੇਸ਼ਾ ਇਹੋ ਸਿੱਖਿਆ ਦਿੱਤੀ ਕਿ ਕਿਸੇ ਵੀ ਫ਼ਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਹੀਂ ਲਗਾਉਣੀ ਸਗੋਂ ਰਹਿੰਦ-ਖੂੰਹਦ ਨੂੰ ਜ਼ਮੀਨ ਵਿਚ ਹੀ ਸੰਭਾਲਣਾ



ਹੈ ਤਾਂ ਜੋ ਮਿੱਟੀ ਦੇ ਸਿਹਤ ਬਰਕਰਾਰ ਰਹੇ। ਰਣਜੀਤ ਸਿੰਘ ਨੇ ਦੱਸਿਆ ਕਿ ਸੁਪਰ ਸੀਡਰ ਮਹਿੰਗਾ ਹੋਣ ਕਾਰਨ ਕਿਰਾਏ 'ਤੇ ਕਣਕ ਦੀ ਬਿਜਾਈ ਕਰ ਲਈਦੀ ਹੈ, ਜਿਸ ਨਾਲ ਮਸ਼ੀਨਰੀ ਦੀ ਰੱਖ ਰਖਾਅ 'ਤੇ ਆਉਣ ਵਾਲਾ ਖਰਚਾ ਵੀ ਬਚ ਜਾਂਦਾ ਹੈ। ਸਰਬਜੀਤ ਸਿੰਘ ਦੱਸਿਆ ਕਿ ਪਰਾਲੀ ਨੂੰ ਖੇਤਾਂ ਵਿਚ ਰੱਖ ਕੇ ਕਣਕ ਦੀ ਬਿਜਾਈ ਕਰਨ ਨਾਲ ਜ਼ਮੀਨ ਦੀ ਸਿਹਤ ਵਿੱਚ ਸੁਧਾਰ ਹੋਇਆ ਹੈ। ਦੋਹਾਂ ਭਰਾਵਾਂ ਨੇ ਕਿਸਾਨਾਂ ਨੂੰ ਅਪੀਲ ਵੀ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਗ਼ਲਤੀ ਨਾ ਕਰਨ ਅਤੇ ਇਸ ਨੂੰ ਖੇਤ ਵਿੱਚ ਹੀ ਗਾਲਣ ਤਾਂ ਜੋ ਖੇਤੀ ਦੇ ਖ਼ਰਚੇ ਵੀ ਘੱਟ ਸਕਣ। ਇਸ ਦੇ ਨਾਲ ਹੀ ਉਨ੍ਹਾਂ ਨੇ ਦੱਸਿਆ ਕਿ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਕਾਫ਼ੀ ਵਾਧਾ ਹੋਇਆ ਹੈ ਅਤੇ ਉਨ੍ਹਾਂ ਨੂੰ ਇਸ ਗੱਲ ਦਾ ਮਾਣ ਹੈ ਕਿ ਉਹ ਕੁਦਰਤੀ ਸਾਧਨਾਂ ਨੂੰ ਬਚਾਉਣ ਅਤੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਲਈ ਕੰਮ ਕਰ ਰਹੇ ਹਨ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਦੋਹਾਂ ਕਿਸਾਨ ਭਰਾਵਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਅਜਿਹੇ ਕਿਸਾਨ ਹੋਰਨਾਂ ਕਿਸਾਨਾਂ ਲਈ ਰਾਹ ਦਸੇਰੇ ਵਜੋਂ ਕੰਮ ਕਰਦੇ ਹਨ।

# ਪੀਰ ਬਾਬਾ ਲੇਟੇ ਸ਼ਾਹ ਦਾ ਸਾਲਾਨਾ ਜੋੜ ਮੇਲਾ ਮਨਾਇਆ



**ਜੰਡਿਆਲਾ ਗੁਰੂ (ਹਰਿੰਦਰਪਾਲ ਸਿੰਘ)**- ਹਲਕਾ ਜੰਡਿਆਲਾ ਗੁਰੂ ਦੇ ਨੇੜਲੇ ਪਿੰਡ ਏਕਲ ਗੱਡਾ ਦੀਆਂ ਸਮੂਹ ਸੰਗਤਾਂ ਵੱਲੋਂ ਧੰਨ ਧੰਨ ਪੀਰ ਬਾਬਾ ਲੇਟੇ ਸ਼ਾਹ ਜੀ ਦਾ ਸਾਲਾਨਾ ਜੋੜ ਮੇਲਾ ਬੜੀ ਧੂਮਧਾਮ ਨਾਲ ਮਨਾਇਆ ਗਿਆ।ਬਾਬਾ ਜੀ ਦੇ ਮੇਲੇ ਵਿੱਚ ਬੜੀ ਸ਼ਰਧਾ ਭਾਵਨਾ ਨਾਲ ਸੇਵਾਦਾਰਾਂ ਵੱਲੋਂ ਸੇਵਾ ਕੀਤੀ ਗਈ।ਮੇਲੇ ਵਿੱਚ ਸੂਫੀ ਗਾਇਕਾ ਲਵਲੀ ਚੌਹਾਨ ਨੇ ਕੱਵਾਲੀਆਂ ਰਾਹੀਂ ਰੌਣਕਾਂ ਲਗਾਈਆਂ। ਲੰਗਰ ਵਿੱਚ ਤਰ੍ਹਾਂ-ਤਰ੍ਹਾਂ ਦੇ ਪਦਾਰਥ ਬਣਾ ਕੇ ਅਤੁੱਟ ਵਰਤਾਏ ਗਏ ਜਿਸ ਵਿੱਚ ਠੰਡੇ ਮਿੱਠੇ ਜਲ ਦੇ ਨਾਲ-ਨਾਲ ਜੂਸ ਦੇ ਲੰਗਰ ਵੀ ਲਗਾਏ ਗਏ।ਸ਼ਾਮ ਨੂੰ ਕਬੱਡੀ ਦੇ ਮੈਚ ਕਰਵਾਏ ਗਏ।ਇਸ ਮੌਕੇ ਜਗਤਾਰ ਸਿੰਘ ਫੌਜੀ, ਵਿਜੇ ਗਿੱਲ, ਸੱਜਣ ਭੱਟੀ, ਵਰਿੰਦਰ ਗਿੱਲ, ਕਵਲ ਗਿੱਲ, ਅਕਾਜ਼ ਗਿੱਲ, ਗੁਰਮੁੱਖ ਭੱਟੀ, ਬਿੱਲਾ ਗਿੱਲ, ਹੈਪੀ ਪੀਏ, ਪੀਟਰ ਆਦਿ ਹਾਜ਼ਰ ਸਨ।

# ਦੱਖਣੀ ਭਾਰਤ ਦੇ ਧਾਰਮਿਕ ਸਥਾਨਾਂ ਦੇ ਦਰਸ਼ਨ-ਦੀਦਾਰਿਆਂ ਲਈ 28 ਨੂੰ ਵਿਸ਼ੇਸ਼ ਟ੍ਰੇਨ ਰਵਾਨਾ ਹੋਵੇਗੀ

**ਪਠਾਨਕੋਟ (ਦਵਿੰਦਰ ਸਿੰਘ)**- ਰੇਲਵੇ ਬੋਰਡ ਨੇ ਉਨ੍ਹਾਂ ਸ਼ਰਧਾਲੂਆਂ ਲਈ ਭਾਰਤ ਗੌਰਵ ਟ੍ਰੇਨ ਚਲਾਉਣ ਦਾ ਫੈਸਲਾ ਕੀਤਾ ਹੈ ਜੋ ਦੱਖਣੀ ਭਾਰਤ ਦੇ ਮਸ਼ਹੂਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨਾ ਚਾਹੁੰਦੇ ਹਨ। ਇਹ ਵਿਸ਼ੇਸ਼ ਟ੍ਰੇਨ 28 ਜੁਲਾਈ ਨੂੰ ਦੱਖਣੀ ਭਾਰਤ ਦੀ ਇੱਕ ਬ੍ਰਹਮ ਯਾਤਰਾ 'ਤੇ ਰਵਾਨਾ ਹੋਵੇਗੀ।13 ਦਿਨਾਂ ਦੀ ਯਾਤਰਾ ਪਠਾਨਕੋਟ ਕੈਂਟ ਸਟੇਸ਼ਨ ਤੋਂ ਸ਼ੁਰੂ ਹੋਵੇਗੀ ਅਤੇ ਦੱਖਣੀ ਭਾਰਤ ਦੇ ਪ੍ਰਮੁੱਖ ਤੀਰਥ ਸਥਾਨਾਂ ਜਿਵੇਂ ਕਿ ਤਿਰੂਪਤੀ, ਰਾਮੇਸ਼ਵਰਮ, ਮਦੁਰਾਈ, ਕੰਨਿਆਕੁਮਾਰੀ ਅਤੇ ਮੱਲਿਕਾਰਜੁਨ ਦੇ ਦਰਸ਼ਨ ਕਰਵਾਏਗੀ।ਇਹ ਜਾਣਕਾਰੀ ਅਦਿਤਿਆ ਉਪਲ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਦਿੱਤੀ ਗਈ। ਉਹਨਾਂ ਦੱਸਿਆ ਕਿ ਯਾਤਰਾ ਦੌਰਾਨ ਇਸ ਦੇ ਮੁੱਖ ਬੋਰਡਿੰਗ ਪੁਆਇੰਟਾਂ ਵਿੱਚ ਜਲੰਧਰ ਸ਼ਹਿਰ, ਲੁਧਿਆਣਾ, ਚੰਡੀਗੜ੍ਹ, ਅੰਬਾਲਾ ਕੈਂਟ, ਕੁਰੂਕਸ਼ੇਤਰ, ਕਰਨਾਲ, ਪਾਣੀਪਤ, ਸੋਨੀਪਤ, ਹਜ਼ਰਤ ਨਿਜ਼ਾਮੂਦੀਨ, ਮਥੁਰਾ, ਆਗਰਾ ਕੈਂਟ ਅਤੇ ਗਵਾਲੀਅਰ ਸ਼ਾਮਲ ਹਨ।ਇਹ ਯਾਤਰਾ 12 ਰਾਤਾਂ ਅਤੇ 13 ਦਿਨਾਂ



ਦੀ ਹੋਵੇਗੀ, ਜਿਸ ਦੀ ਵਾਪਸੀ 9 ਅਗਸਤ ਨੂੰ ਨਿਰਧਾਰਤ ਕੀਤੀ ਗਈ ਹੈ।ਯਾਤਰਾ ਲਈ ਤਿੰਨ ਸ਼੍ਰੇਣੀਆਂ ਵਿੱਚ ਸੀਟਾਂ ਉਪਲਬਧ ਹਨ, ਸਲੀਪਰ ਕਲਾਸ ਵਿੱਚ ਕੁੱਲ 640 ਸੀਟਾਂ, ਥਰਡ ਏਸੀ ਵਿੱਚ 70 ਸੀਟਾਂ ਅਤੇ ਸੈਕਿੰਡ ਏਸੀ ਵਿੱਚ 50 ਸੀਟਾਂ।ਸਲੀਪਰ ਕਲਾਸ ਦਾ ਕਿਰਾਇਆ 30,135 ਰੁਪਏ, ਥਰਡ ਏਸੀ ਦੀ ਕੀਮਤ 43,370 ਰੁਪਏ ਅਤੇ ਸੈਕਿੰਡ ਏਸੀ ਦੀ ਕੀਮਤ 57,470 ਰੁਪਏ ਪ੍ਰਤੀ ਵਿਅਕਤੀ ਹੋਵੇਗੀ।ਇਸ ਪੈਕੇਜ ਵਿੱਚ ਰੇਲ ਟਿਕਟ ਦੇ ਨਾਲ-ਨਾਲ ਰੋਜ਼ਾਨਾ ਖਾਣਾ, ਆਰਾਮਦਾਇਕ ਰਿਹਾਇਸ਼, ਸੈਰ-ਸਪਾਟੇ ਲਈ ਏਸੀ/ਨਾਨ-ਏਸੀ ਬੱਸ, ਟੂਰ ਐਸਕਾਰਟ, ਸੁਰੱਖਿਆ ਅਤੇ ਮੁਢਲੀ ਸਹਾਇਤਾ ਦੀ ਸਹੂਲਤ ਆਦਿ ਸ਼ਾਮਲ ਹਨ।

# ਕਟਾਰੂਚੱਕ ਵੱਲੋਂ ਪੰਜ ਜ਼ਿਲਿਆਂ 'ਚ ਹਾਈਵੇਅ 'ਤੇ ਫੁੱਲਾਂ ਵਾਲੇ ਬੂਟੇ ਲਗਾਉਣ ਦੇ ਪਾਇਲਟ ਪ੍ਰੋਜੈਕਟ ਦਾ ਐਲਾਨ

**● ਸ਼ਿਵ ਬਟਾਲਵੀ ਦੇ ਜਨਮ ਦਿਨ ਮੌਕੇ 23 ਤੋਂ ਬਟਾਲਾ ਵਿਖੇ ਮਹੀਨਾ ਭਰ ਚੱਲਣਗੇ ਕਵਿਤਾ ਤੇ ਭਾਸ਼ਣ ਮੁਕਾਬਲੇ**

**ਪਠਾਨਕੋਟ (ਦਵਿੰਦਰ ਸਿੰਘ)**- ਵਾਤਾਵਰਣ ਨੂੰ ਸਾਫ਼-ਸੁਥਰਾ ਅਤੇ ਹਰਿਆ ਭਰਿਆ ਬਣਾਉਣ ਲਈ ਕਈ ਅਹਿਮ ਪਹਿਲਕਦਮੀਆਂ ਦਾ ਐਲਾਨ ਕਰਦੇ ਹੋਏ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਹਾਈਵੇਅ ਦੇ ਦੋਵੇਂ ਪਾਸੇ ਫੁੱਲਾਂ ਵਾਲੇ ਬੂਟੇ ਲਗਾਉਣ ਵਾਲੇ ਇੱਕ ਪਾਇਲਟ ਪ੍ਰੋਜੈਕਟ ਦਾ ਐਲਾਨ ਕੀਤਾ। ਇੱਕ ਸੂਬਾ ਪੱਧਰੀ ਵਿਸ਼ੇਸ਼ ਕਮੇਟੀ ਇਸ ਪ੍ਰੋਜੈਕਟ ਦੀ ਨਿਗਰਾਨੀ ਕਰੇਗੀ ਅਤੇ ਸਮੇਂ-ਸਮੇਂ ਇਸਦੀ ਸਮੀਖਿਆ ਵੀ ਕਰੇਗੀ।ਮੁੱਢਲੇ ਗੇੜ ਵਿੱਚ, ਇਹ ਪ੍ਰੋਜੈਕਟ 5 ਜ਼ਿਲਿਆਂ: ਰੋਪੜ (ਵਿਸ਼ੇਸ਼ ਤੌਰ ਤੇ ਸ੍ਰੀ ਆਨੰਦਪੁਰ ਸਾਹਿਬ), ਸ਼ਹੀਦ ਭਗਤ ਸਿੰਘ ਨਗਰ (ਸ਼ਹੀਦ ਭਗਤ ਸਿੰਘ ਦੇ ਜੱਦੀ ਪਿੰਡ ਖਟਕੜ ਕਲਾਂ ਦੇ ਆਲੇ-ਦੁਆਲੇ ਦੇ ਖੇਤਰ ਵਿੱਚ), ਸੰਗਰੂਰ, ਪਠਾਨਕੋਟ ਅਤੇ ਅੰਮ੍ਰਿਤਸਰ ਵਿੱਚ ਲਾਗੂ ਕੀਤਾ ਜਾਵੇਗਾ।ਪ੍ਰੋਜੈਕਟ ਤਹਿਤ ਇਨ੍ਹਾਂ ਜ਼ਿਲਿਆਂ ਵਿੱਚ ਹਾਈਵੇਅ ਦੇ ਸੱਜੇ -ਖੱਬੇ ਦੋਵੇਂ ਪਾਸੇ 500 ਮੀਟਰ ਦੀ ਦੂਰੀ 'ਤੇ 5, 6 ਅਤੇ 7 ਫੁੱਟ ਤੱਕ ਦੀ ਉਚਾਈ ਵਾਲੇ ਬੂਟੇ ਲਗਾਏ ਜਾਣਗੇ।ਮੰਤਰੀ ਨੇ ਪੰਜਾਬ ਭਵਨ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਬੂਟਿਆਂ ਦੇ ਵਧਣ-ਫੁੱਲਣ ਤੇ ਸਾਂਭ ਸੰਭਾਲ ਨੂੰ ਯਕੀਨੀ ਬਣਾਉਣ ਲਈ ਢੁੱਕਵੀਂ ਨਜ਼ਰਸਾਨੀ ਕੀਤੀ ਜਾਵੇਗੀ ।ਇਸ ਤੋਂ ਇਲਾਵਾ ਵਾੜ ਲਗਾਉਣ ਦਾ ਕੰਮ ਵੀ ਕੀਤਾ ਜਾਵੇਗਾ ਤਾਂ ਜੋ ਬੂਟਿਆਂ ਨੂੰ



ਆਵਾਰਾ ਜਾਨਵਰਾਂ ਤੋਂ ਬਚਾਇਆ ਜਾ ਸਕੇ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ। ਸ਼੍ਰੀ ਕਟਾਰੂਚੱਕ ਨੇ ਦੱਸਿਆ ਕਿ ਇਹ ਪ੍ਰੋਜੈਕਟ ਆਲੇ ਦੁਆਲੇ ਨੂੰ ਬਹੁਤ ਸਾਫ਼-ਸੁਥਰਾ ਅਤੇ ਹਰਾ-ਭਰਾ ਬਣਾਉਣ ਵੱਲ ਇੱਕ ਸੁਹਿਰਦ ਉਪਰਾਲਾ ਹੈ।ਮੰਤਰੀ ਨੇ ਕਿਹਾ ਕਿ ਇਹ ਪ੍ਰੋਜੈਕਟ ਮਨਰੇਗਾ ਅਧੀਨ ਕੰਮ ਕਰਦੇ ਲੋਕਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਯਕੀਨੀ ਬਣਾਏਗਾ।ਦੂਜੀ ਅਹਿਮ ਪੇਸ਼ਕਦਮੀ ਦਾ ਉ_ਦਘਾਟਨ ਕਰਦਿਆਂ ਮੰਤਰੀ ਨੇ ਦੱਸਿਆ ਕਿ ਅੱਜ ਦੀ ਪੀੜ੍ਹੀ ਨੂੰ ਰੁੱਖਾਂ ਅਤੇ ਵਾਤਾਵਰਣ ਦੀ ਸੁਰੱਖਿਆ ਪ੍ਰਤੀ ਸੰਵੇਦਨਸ਼ੀਲ ਬਣਾਉਣ ਲਈ ਇਸ ਵਿਸ਼ੇ 'ਤੇ ਆਧਾਰਿਤ ਭਾਸ਼ਣ ਅਤੇ ਕਵਿਤਾ ਮੁਕਾਬਲੇ 23 ਜੁਲਾਈ ਤੋਂ ਬਟਾਲਾ ਵਿਖੇ ਪ੍ਰਸਿੱਧ ਕਵੀ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਵਸ ਵਾਲੇ ਦਿਨ ਤੋਂ ਸ਼ੁਰੂ ਕਰਵਾਏ ਜਾਣਗੇ।ਇਹ ਮੁਕਾਬਲੇ ਇੱਕ ਮਹੀਨੇ ਤੱਕ ਚੱਲਣਗੇ ਅਤੇ ਚਾਰ ਸ਼੍ਰੇਣੀਆਂ :ਪ੍ਰਾਇਮਰੀ (ਪਹਿਲੀ ਤੋਂ ਪੰਜਵੀਂ ਜਮਾਤ), ਸੈਕੰਡਰੀ (ਛੇਵੀਂ ਤੋਂ ਦਸਵੀਂ ਜਮਾਤ), ਸੀਨੀਅਰ ਸੈਕੰਡਰੀ (ਗਿਆਰਵੀਂ ਤੇ ਬਾਰਵੀਂ) ਅਤੇ ਕਾਲਜ ਪੱਧਰ ਉੱਤੇ ਕਰਵਾਏ ਜਾਣਗੇ।ਇਸ ਬਾਰੇ ਹੋਰ ਵਿਸਥਾਰ ਵਿੱਚ ਦੱਸਦਿਆਂ ਕਟਾਰੂਚੱਕ ਨੇ ਕਿਹਾ ਕਿ ਇਹਨਾਂ ਮੁਕਾਬਲਿਆਂ ਦੇ ਪਹਿਲੇ ਗੇੜ ਦੇ ਜੇਤੂ ਅੱਗੇ ਰਾਜ ਪੱਧਰ 'ਤੇ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨਗੇ। ਰਾਜ ਪੱਧਰ 'ਤੇ ਚਾਰਾਂ ਸ਼੍ਰੇਣੀਆਂ ਵਿੱਚੋਂ ਹਰੇਕ ਵਿੱਚ ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਨੂੰ ਕ੍ਰਮਵਾਰ 51,000 ਰੁਪਏ, 31,000 ਰੁਪਏ ਅਤੇ 21,000 ਰੁਪਏ ਦੀ ਇਨਾਮ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ।ਇੱਕ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਨੇ ਦੱਸਿਆ ਕਿ ਮੌਜੂਦਾ ਸਰਕਾਰ ਦੇ ਕਾਰਜਕਾਲ ਦੌਰਾਨ ਜੰਗਲਾਤ ਅਧੀਨ ਰਕਬੇ ਵਿੱਚ ਵਾਧਾ ਹੋਇਆ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਸਕੱਤਰ ਪ੍ਰਿਯਾਂਕ ਭਾਰਤੀ, ਜੰਗਲਾਤ ਦੇ ਪ੍ਰਮੁੱਖ ਮੁੱਖ ਵਣਪਾਲ (ਜੰਗਲਾਤ ਬਲ ਦੇ ਮੁਖੀ) ਧਰਮਿੰਦਰ ਸ਼ਰਮਾ ਅਤੇ ਵਣਪਾਲ, ਜੰਗਲਾਤ (ਸ਼ਿਵਾਲਿਕ ਸਰਕਲ) ਕੰਨਨ ਮੌਜੂਦ ਸਨ।

19-July-PAGE-4.qxd 7/18/2025 10:24 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 19 ਜੁਲਾਈ 2025

# ਨਫਰਤੀ ਸਿਲੇਬਸ

*ਨੈਸ਼ਨਲ ਕੌਂਸਲ ਆਫ ਐਜੂਕੇਸ਼ਨਲ ਰਿਸਰਚ ਐਂਡ ਟਰੇਨਿੰਗ (ਐੱਨ ਸੀ ਈ ਆਰ ਟੀ—ਕੌਮੀ ਵਿੱਦਿਅਕ ਖੋਜ ਤੇ ਸਿਖਲਾਈ ਪ੍ਰੀਸ਼ਦ) ਦੀ ਸਥਾਪਨਾ 1961 ਵਿੱਚ ਅਜਿਹੀਆਂ ਪਾਠ-ਪੁਸਤਕਾਂ ਤਿਆਰ ਕਰਨ ਲਈ ਹੋਈ ਸੀ, ਜਿਹੜੀਆਂ ਵਿਗਿਆਨਕ ਤੇ ਸੰਤੁਲਤ ਦ੍ਰਿਸ਼ਟੀਕੋਣ ਨਾਲ ਪੂਰੇ ਦੇਸ਼ ਵਿੱਚ ਪੜ੍ਹਾਈਆਂ ਜਾ ਸਕਣ। ਐੱਨ ਸੀ ਈ ਆਰ ਟੀ ਦੀਆਂ ਪੁਸਤਕਾਂ ਆਪਣੀ ਗੁਣਵੱਤਾ ਲਈ ਜਾਣੀਆਂ ਜਾਂਦੀਆਂ ਸਨ ਅਤੇ ਸਿਵਲ ਸੇਵਾ ਵਰਗੀਆਂ ਪ੍ਰੀਖਿਆਵਾਂ ਦੀ ਤਿਆਰੀ ਵਿੱਚ ਵੀ ਇਨ੍ਹਾਂ ਦਾ ਉਪਯੋਗ ਹੁੰਦਾ ਸੀ, ਪਰ ਹਾਲੀਆ ਸਾਲਾਂ, ਖਾਸਕਰ 2014 ਦੇ ਬਾਅਦ ਐੱਨ ਸੀ ਈ ਆਰ ਟੀ 'ਤੇ ਸਿੱਖਿਆ ਦੇ ਭਗਵਾਂਕਰਨ ਦਾ ਦੋਸ਼ ਲੱਗ ਰਿਹਾ ਹੈ। ਇਹ ਆਰ ਐੱਸ ਐੱਸ ਦੇ ਪ੍ਰਭਾਵ ਵਿੱਚ ਇਤਿਹਾਸ ਨੂੰ ਹਿੰਦੂ-ਮੁਸਲਿਮ ਟਕਰਾਅ ਦੇ ਚਸ਼ਮੇ ਨਾਲ ਦਿਖਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਦੀ ਤਾਜ਼ਾ ਮਿਸਾਲ ਹੈ 2025-26 ਦੇ ਸੈਸ਼ਨ ਲਈ ਪ੍ਰਕਾਸ਼ਤ ਕੀਤੀ ਗਈ ਜਮਾਤ ਅੱਠਵੀਂ ਦੀ ਨਵੀਂ ਪੁਸਤਕ 'ਐਕਸਪਲੋਰਿੰਗ ਸੁਸਾਇਟੀ : ਇੰਡੀਆ ਐਂਡ ਬਿਯੋਂਡ (ਪਾਰਟ-1)' ਹੈ। ਇਸ ਪੁਸਤਕ ਵਿੱਚ ਦਿੱਲੀ ਸਲਤਨਤ ਅਤੇ ਮੁਗਲ ਕਾਲ ਨੂੰ ਬੇਹੱਦ ਨਕਾਰਾਤਮਕ ਤੇ ਹਨੇਰੇ ਯੁੱਗ ਦੇ ਰੂਪ ਵਿੱਚ ਪੇਸ਼ ਕੀਤਾ ਗਿਆ ਹੈ। ਪੁਸਤਕ ਵਿੱਚ ਲਿਖਿਆ ਹੈ ਕਿ ਸਲਤਨਤ ਕਾਲ ਵਿੱਚ ਬੋਧ, ਜੈਨ ਤੇ ਹਿੰਦੂ ਮੰਦਰਾਂ 'ਤੇ ਹਮਲੇ, ਲੁੱਟਮਾਰ ਤੇ ਮੂਰਤੀਆਂ ਤੋੜਨ ਦੀ ਭਾਵਨਾ ਨਾਲ ਪ੍ਰੇਰਿਤ ਸਨ। ਜਜ਼ੀਆ (ਜਬਰੀ ਟੈਕਸ) ਗੈਰ-ਮੁਸਲਮਾਨਾਂ ਉੱਤੇ ਧਰਮ ਬਦਲਣ ਲਈ ਦਬਾਅ ਪਾਉਣ ਦੇ ਉਦੇਸ਼ ਨਾਲ ਲਗਾਇਆ ਜਾਂਦਾ ਸੀ। ਬਾਬਰ ਬੇਰਹਿਮ ਸੀ, ਅਕਬਰ ਦਾ ਸ਼ਾਸਨ ਬੇਰਹਿਮੀ ਤੇ ਸਹਿਣਸ਼ੀਲਤਾ ਦਾ ਮਿਸ਼ਰਣ ਸੀ ਅਤੇ ਔਰੰਗਜ਼ੇਬ ਨੇ ਮੰਦਰਾਂ ਤੇ ਗੁਰਦੁਆਰਿਆਂ ਨੂੰ ਤਬਾਹ ਕੀਤਾ, ਪਰ ਐੱਨ ਸੀ ਈ ਆਰ ਟੀ ਨੇ ਇਹ ਨਹੀਂ ਦੱਸਿਆ ਕਿ ਕੀ ਸਲਤਨਤ ਤੇ ਮੁਗਲ ਕਾਲ ਦੀ ਪੂਰੀ ਤਸਵੀਰ ਏਨੀ ਹੀ ਹੈ? ਅਤੇ ਹੋਰਨਾਂ ਰਾਜਤੰਤਰਾਂ ਨਾਲੋਂ ਵੱਖਰੀ ਕਿਵੇਂ ਹੈ? ਮਹਾਭਾਰਤ, ਜਿਸ ਨੂੰ ਭਾਰਤ ਦਾ ਸਭ ਤੋਂ ਅਹਿਮ ਗ੍ਰੰਥ ਮੰਨਿਆ ਜਾਂਦਾ ਹੈ, 18 ਦਿਨ ਦੇ ਯੁੱਧ ਦੀ ਕਹਾਣੀ ਹੈ। ਇਸ ਵਿੱਚ ਗਾਂਧਾਰ ਦੇ ਸ਼ਕੁਨੀ ਤੋਂ ਲੈ ਕੇ ਪ੍ਰਾਗਜਿਓਤਿਸ਼ਪੁਰ (ਗੁਹਾਟੀ) ਦੇ ਰਾਜਾ ਭਗਦੱਤ ਤੱਕ ਸ਼ਾਮਲ ਸਨ। ਸਿੰਘਾਸਨ ਲਈ ਭਰਾਵਾਂ ਵਿਚਾਲੇ ਹੋਏ ਇਸ ਯੁੱਧ ਵਿੱਚ ਖ਼ੂਨ-ਖਰਾਬੇ ਤੇ ਬੇਰਹਿਮੀ ਦੀ ਹਰ ਹੱਦ ਨੂੰ ਪਾਰ ਕੀਤਾ ਗਿਆ, ਪਰ ਮਹਾਭਾਰਤ ਨੂੰ ਨੀਤੀਆਂ ਤੇ ਫਲਸਫੇ ਲਈ ਯਾਦ ਕੀਤਾ ਜਾਂਦਾ ਹੈ, ਨਾ ਕਿ ਹਿੰਸਾ ਲਈ।*

*ਦਰਅਸਲ ਰਾਜਤੰਤਰ ਕਿਤੇ ਵੀ ਰਿਹਾ ਹੋਵੇ, ਇਸ ਦਾ ਆਧਾਰ ਜ਼ੁਲਮ ਹੀ ਰਿਹਾ ਹੈ। ਸਮਰਾਟ ਅਸ਼ੋਕ (268-232 ਈਸਾ ਪੂਰਵ) ਨੂੰ ਬੋਧ ਧਰਮ ਦੇ ਪ੍ਰਚਾਰਕ ਦੇ ਰੂਪ ਵਿੱਚ ਯਾਦ ਕੀਤਾ ਜਾਂਦਾ ਹੈ, ਪਰ ਉਸ ਨੇ ਸ਼ੁਰੂਆਤੀ ਜ਼ਿੰਦਗੀ ਵਿੱਚ ਆਪਣੇ ਸੌ ਭਰਾਵਾਂ ਨੂੰ ਮਾਰ ਕੇ ਗੱਦੀ ਹਾਸਲ ਕੀਤੀ ਸੀ। ਕਲਿੰਗਾ ਯੁੱਧ (261 ਈਸਾ ਪੂਰਵ) ਵਿੱਚ ਉਸ ਦੇ ਸ਼ਿਲਾਲੇਖਾਂ ਮੁਤਾਬਕ ਇੱਕ ਲੱਖ ਲੋਕ ਮਾਰੇ ਗਏ ਅਤੇ ਡੇਢ ਲੱਖ ਬੰਦੀ ਬਣਾਏ ਗਏ। ਹਿੰਦੂ ਰਾਜਿਆਂ ਦੀਆਂ ਅਜਿਹੀਆਂ ਕਹਾਣੀਆਂ ਨਾਲ ਇਤਿਹਾਸ ਭਰਿਆ ਪਿਆ ਹੈ।*

*ਮਨੋਵਿਗਿਆਨੀਆਂ ਦਾ ਕਹਿਣਾ ਹੈ ਕਿ ਹਿੰਸਾ ਨਾਲ ਸੰਬੰਧਤ ਸਮੱਗਰੀ 8-12 ਸਾਲ ਦੇ ਬੱਚਿਆਂ ਵਿੱਚ ਚਿੰਤਾ, ਡਰ ਤੇ ਹਮਲਾਵਰ ਵਿਹਾਰ ਨੂੰ ਵਧਾ ਸਕਦੀ ਹੈ ਕਿਉਂਕਿ ਇਸ ਉਮਰ ਵਿੱਚ ਉਨ੍ਹਾਂ ਦਾ ਦਿਮਾਗ ਭਾਵਨਾਤਮਕ ਤੇ ਨੈਤਿਕ ਸਮਝ ਵਿਕਸਤ ਕਰ ਰਿਹਾ ਹੁੰਦਾ ਹੈ। ਇਸ ਲਈ ਇਤਿਹਾਸ ਨੂੰ ਸੰਵੇਦਨਸ਼ੀਲ ਤੇ ਉਮਰ ਦੇ ਹਿਸਾਬ ਨਾਲ ਪੇਸ਼ ਕਰਨਾ ਜ਼ਰੂਰੀ ਹੈ। ਮਿਸਾਲ ਦੇ ਤੌਰ 'ਤੇ ਬੱਚਿਆਂ ਨੂੰ ਇਹ ਦੱਸਿਆ ਜਾ ਸਕਦਾ ਹੈ ਕਿ ਸ਼ੂਦਰਾਂ ਨਾਲ ਅੱਤਿਆਚਾਰ ਜਾਂ ਬੋਧ ਵਿਹਾਰਾਂ ਦਾ ਵਿਨਾਸ਼ ਸਮਾਜੀ ਤੇ ਸਿਆਸੀ ਕਾਰਨਾਂ ਕਰਕੇ ਹੋਇਆ ਅਤੇ ਅੱਜ ਸਾਡਾ ਸੰਵਿਧਾਨ ਬਰਾਬਰੀ ਤੇ ਧਾਰਮਿਕ ਸਹਿਣਸ਼ੀਲਤਾ ਦੀ ਗਰੰਟੀ ਦਿੰਦਾ ਹੈ। ਐੱਨ ਸੀ ਈ ਆਰ ਟੀ ਵੱਲੋਂ ਪੂਰੇ ਮੁਗਲ ਕਾਲ ਨੂੰ ਹਨੇਰੇ ਦੌਰ ਵਜੋਂ ਚਿੱਤਰਤ ਕਰਨਾ ਕਿੰਨਾ ਵਾਜਬ ਹੈ? ਸ਼ਿਵਾਜੀ ਨੇ ਔਰੰਗਜ਼ੇਬ ਨੂੰ ਪੱਤਰ ਲਿਖ ਕੇ ਅਕਬਰ ਦੀ ਸੁਲਹਕੁਲ ਨੀਤੀ ਦੀ ਪ੍ਰਸੰਸਾ ਕੀਤੀ ਸੀ। ਉਨ੍ਹਾ ਲਿਖਿਆ ਸੀ ਕਿ ਅਕਬਰ ਨੇ 52 ਸਾਲ ਤੱਕ ਸਾਰੇ ਭਾਈਚਾਰਿਆਂ—ਈਸਾਈ, ਬ੍ਰਾਹਮਣ, ਜੈਨ ਤੇ ਸਿੱਖ ਉੱਤੇ ਬਰਾਬਰ ਕ੍ਰਿਪਾ ਬਰਸਾਈ, ਜਿਸ ਕਰਕੇ ਉਨ੍ਹਾ ਨੂੰ ਜਗਤਗੁਰੂ ਕਿਹਾ ਗਿਆ।*

*ਐੱਨ ਸੀ ਈ ਆਰ ਟੀ 'ਤੇ ਆਰ ਐੱਸ ਐੱਸ ਦਾ ਪ੍ਰਭਾਵ ਵਧ ਰਿਹਾ ਹੈ, ਜੋ ਇਤਿਹਾਸ ਨੂੰ ਹਿੰਦੂ-ਮੁਸਲਿਮ ਟਕਰਾਅ ਦੇ ਰੂਪ ਵਿੱਚ ਪੇਸ਼ ਕਰਨਾ ਚਾਹੁੰਦਾ ਹੈ। ਇਹ ਉਹੀ ਰਾਹ ਹੈ, ਜਿਸ ਨੂੰ ਪਾਕਿਸਤਾਨ ਨੇ ਅਪਣਾਇਆ। ਪਾਕਿਸਤਾਨ ਵਿੱਚ ਬੱਚਿਆਂ ਨੂੰ ਪੜ੍ਹਾਇਆ ਗਿਆ ਕਿ ਹਿੰਦੂ ਉਨ੍ਹਾਂ ਦੀ ਹਰ ਸਮੱਸਿਆ ਲਈ ਜ਼ਿੰਮੇਵਾਰ ਹੈ, ਜਿਸ ਦੇ ਨਤੀਜੇ ਵਜੋਂ ਉਹ ਇੱਕ ਨਾਕਾਮ ਰਾਸ਼ਟਰ ਬਣ ਗਿਆ। ਐੱਨ ਸੀ ਈ ਆਰ ਟੀ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਕਿ ਉਸ ਦੀਆਂ ਪੁਸਤਕਾਂ ਨਫਰਤ ਨਹੀਂ, ਸਗੋਂ ਸਮਝ ਤੇ ਸਹਿਣਸ਼ੀਲਤਾ ਨੂੰ ਬੜ੍ਹਾਵਾ ਦੇਣ। ਇਤਿਹਾਸ ਤੋਂ ਸਾਨੂੰ ਸਿੱਖਣਾ ਚਾਹੀਦਾ ਹੈ ਨਾ ਕਿ ਉਸ ਦੇ ਸਹਾਰੇ ਨਫਰਤ ਪੈਦਾ ਕਰਨੀ ਚਾਹੀਦੀ ਹੈ। ਭਾਰਤ ਨੂੰ 'ਹਿੰਦੂ ਪਾਕਿਸਤਾਨ' ਬਣਾਉਣ ਦੀ ਕੋਸ਼ਿਸ਼ ਦਾ ਹਰ ਪੱਧਰ 'ਤੇ ਵਿਰੋਧ ਹੋਣਾ ਚਾਹੀਦਾ ਹੈ।*

**ਬਰਸੀ 'ਤੇ ਵਿਸ਼ੇਸ਼**

# ਸਾਥੀ ਰਣਬੀਰ ਸਿੰਘ ਢਿੱਲੋਂ ਦੇ ਸੰਘਰਸ਼ਮਈ ਜੀਵਨ ਤੋਂ ਪ੍ਰੇਰਨਾ ਲੈਣ ਦੀ ਲੋੜ

**ਪ੍ਰੇਮ ਚਾਵਲਾ**

ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਕਨਫੈਡਰੇਸ਼ਨ ਦੇ ਕੌਮੀ ਆਗੂ, ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22 ਬੀ,ਚੰਡੀਗੜ੍ਹ ਦੇ ਸੂਬਾਈ ਚੇਅਰਮੈਨ ਅਤੇ ਕਈ ਹੋਰ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਵੱਖ-ਵੱਖ ਅਹੁਦਿਆਂ 'ਤੇ ਕਾਰਜਸ਼ੀਲ ਕਾਮਰੇਡ ਰਣਬੀਰ ਸਿੰਘ ਢਿੱਲੋਂ ਨੇ ਆਪਣੇ 92 ਸਾਲਾਂ ਦੇ ਜੀਵਨ ਕਾਲ ਵਿੱਚ ਲਗਭਗ 60-65 ਸਾਲ ਮੁਲਾਜ਼ਮਾਂ, ਲੋਕ ਹਿੱਤਾਂ ਅਤੇ ਪੈਨਸ਼ਨਰਾਂ ਦੇ ਲੇਖੇ ਲਾਏ। ਸਾਥੀ ਰਣਬੀਰ ਸਿੰਘ ਢਿੱਲੋਂ ਨੇ 1ਨਵੰਬਰ 1966 ਨੂੰ ਪੰਜਾਬ ਦੀ ਵੰਡ ਤੋਂ ਪਹਿਲਾਂ ਅਤੇ ਪੁਨਰਗਠਨ ਤੋਂ ਬਾਅਦ ਵਿੱਚ ਪੰਜਾਬ ਦੇ ਪਹਿਲੇ ਤਨਖਾਹ ਕਮਿਸ਼ਨ ਤੋਂ ਲੈ ਕੇ ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਤੱਕ ਪੰਜਾਬ ਦੇ ਸੱਤ ਲੱਖ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਪੱਖ ਤਰਕਪੂਰਨ ਅਤੇ ਜ਼ੋਰਦਾਰ ਢੰਗ ਨਾਲ ਪੇਸ਼ ਕਰਨ, ਵੱਖ-ਵੱਖ ਤਨਖਾਹ ਕਮਿਸ਼ਨਾਂ ਵੱਲੋਂ ਪੈਦਾ ਕੀਤੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਵਾਉਣ ਲਈ ਦਲੀਲਾਂ ਸਹਿਤ ਮੰਗ ਪੱਤਰ ਤਿਆਰ ਕਰਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਬਾਖੂਬੀ ਢੰਗ ਨਾਲ ਪੱਖ ਪੇਸ਼ ਕੀਤਾ ।

ਸਾਥੀ ਰਣਬੀਰ ਸਿੰਘ ਢਿੱਲੋਂ ਦੀ ਯਾਦ ਸ਼ਕਤੀ ਏਨੀ ਕਮਾਲ ਦੀ ਸੀ ਕਿ ਉਹਨਾਂ ਦੇ ਨਾਲ ਕੰਮ ਕਰਦੇ ਸਾਥੀ ਉਹਨਾਂ ਨੂੰ ਇੱਕ ਚਲਦੀ-ਫਿਰਦੀ ਸੰਸਥਾ ਅਤੇ ਪੰਜਾਬ ਸਿਵਲ ਸੇਵਾ ਨਿਯਮਾਂਵਲੀ (ਪੰਜਾਬ ਸੀ ਐੱਸ ਆਰ) ਅਤੇ ਪੰਜਾਬ ਵਿੱਤੀ ਨਿਯਮਾਂਵਲੀ (ਪੀ. ਐੱਫ.ਆਰ.) ਦੱਸਦੇ ਸਨ। ਇਹਨਾਂ ਸਤਰਾਂ ਦੇ ਲੇਖਕ ਨੂੰ ਪੰਜਾਬ ਸੁਬਾਰਡੀਨੇਟ ਸਰਵਿਸਿਜ ਫੈਡਰੇਸ਼ਨ 1680 ਸੈਕਟਰ 22 ਬੀ,ਚੰਡੀਗੜ੍ਹ ਦਾ ਸੂਬਾਈ ਐਡੀਸ਼ਨਲ ਜਨਰਲ ਸਕੱਤਰ ਹੋਣ ਦੇ ਨਾਤੇ ਪੰਜਾਬ ਦੇ ਮੌਜੂਦਾ ਮੁੱਖ ਮੰਤਰੀ ਅਤੇ ਪੰਜਾਬ ਦੇ ਵਿੱਤ ਮੰਤਰੀ ਦੇ ਨਾਂਅ ਇੱਕ ਪੱਤਰ ਲਿਖਣ ਲਈ ਲਗਭਗ ਦੋ ਸਾਲ ਪਹਿਲਾਂ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਮਿਲ ਰਹੇ ਮਹਿੰਗਾਈ ਭੱਤੇ (ਡੀ ਏ) ਨੂੰ ਕੇਂਦਰੀ ਪੈਟਰਨ ਨਾਲ ਲਿੰਕ ਹੋਣ ਬਾਰੇ) ਜਾਣਕਾਰੀ ਦੀ ਲੋੜ ਸੀ। ਜਦੋਂ ਸਾਥੀ ਰਣਬੀਰ ਸਿੰਘ ਢਿੱਲੋਂ ਨੂੰ ਫੋਨ ਕੀਤਾ ਗਿਆ ਤਾਂ ਉਹਨਾਂ ਸਕਿੰਟਾਂ ਵਿੱਚ ਹੀ ਦੱਸ ਦਿੱਤਾ ਕਿ ਪੰਜਾਬ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਡੀ ਏ ਲੰਬੇ ਸੰਘਰਸ਼ਾਂ ਤੋਂ ਬਾਅਦ ਮਿਤੀ 15 ਦਸੰਬਰ 1967 ਨੂੰ ਕੇਂਦਰ ਸਰਕਾਰ ਨਾਲ ਲਿੰਕ ਕਰਵਾਇਆ ਸੀ। ਇਸ ਦੀ ਪ੍ਰਾਪਤੀ ਲਈ ਬੜਾ ਲੰਮਾ ਸੰਘਰਸ਼ ਕਰਨਾ ਪਿਆ ਅਤੇ ਲੰਮੇ ਸੰਘਰਸ਼ ਤੋਂ ਬਾਅਦ ਇਹ ਫੈਸਲਾ ਉਸ ਸਮੇਂ ਦੇ ਪੰਜਾਬ ਦੇ ਮੁੱਖ ਮੰਤਰ.ਲਛਮਣ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਮੁਲਾਜ਼ਮ ਆਗੂਆਂ ਦੀ ਇੱਕ ਦਿਨ ਪਹਿਲਾਂ 14 ਦਸੰਬਰ 1967 ਨੂੰ ਹੋਈ ਮੀਟਿੰਗ ਦੌਰਾਨ ਲਿਆ ਗਿਆ ਸੀ।

ਇਸ ਦੇ ਨਾਲ ਹੀ ਪੰਜਾਬ ਦੇ ਲੋਕਾਂ ਦਾ ਰਹਿਣ-ਸਹਿਣ ਅਤੇ ਖੁਸ਼ਹਾਲ ਆਰਥਿਕਤਾ ਨੂੰ ਮੱਦੇਨਜ਼ਰ ਰੱਖਦੇ ਹੋਏ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਸਾਰੇ ਤਨਖਾਹ ਕਮਿਸ਼ਨ ਕੇਂਦਰੀ ਤਨਖਾਹ ਕਮਿਸ਼ਨਾਂ ਨਾਲੋਂ ਡੀ-ਲਿੰਕ ਕਰਵਾ ਕੇ ਪੰਜਾਬ ਦੇ ਮੁਲਾਜ਼ਮਾਂ ਨੂੰ ਕੇਂਦਰ ਸਰਕਾਰ ਤੇ ਬਹੁਤ ਸਾਰੇ ਹੋਰ ਰਾਜਾਂ ਦੇ ਮੁਲਾਜ਼ਮਾਂ ਨਾਲੋਂ ਉਚੇਰੇ ਤਨਖਾਹ ਸਕੇਲ ਦਿਵਾਉਣ ਵਿੱਚ ਸਾਥੀ ਰਣਬੀਰ ਸਿੰਘ ਢਿੱਲੋਂ ਦੀ ਅਹਿਮ ਭੂਮਿਕਾ ਰਹੀ । ਸਾਥੀ ਰਣਬੀਰ ਸਿੰਘ ਢਿੱਲੋਂ ਨੂੰ ਵੱਡੀਆਂ-ਵੱਡੀਆਂ ਰੈਲੀਆਂ ਤੇ ਮੁਜ਼ਾਹਰਿਆਂ ਵਿੱਚ ਭਾਸਣ ਕਰਦੇ ਹੋਏ ਸੁਣਿਆ ਹੈ,ਆਪਣੀ ਉਮਰ ਦੇ ਆਖਰੀ ਦੌਰ ਵਿੱਚ ਉਹ ਅਕਸਰ ਹੀ ਕਹਿੰਦੇ ਹੁੰਦੇ ਸਨ ਕਿ ਮੇਰੀ ਉਮਰ 90 ਸਾਲਾਂ ਦੇ ਕਰੀਬ ਹੈ, ਮੈਂ ਨਾਹਰੇ ਲਗਾਉਂਦਾ ਹਾਂ,ਵੇਖਦੇ ਹਾਂ ਰੈਲੀਆਂ ਤੇ ਮੁਜ਼ਾਹਰਿਆਂ ਵਿੱਚ ਸ਼ਾਮਲ ਹਜ਼ਾਰਾਂ/ ਸੈਂਕੜੇ ਲੋਕਾਂ ਦੀ ਆਵਾਜ਼ ਜ਼ਿਆਦਾ ਉੱਚੀ ਹੈ ਕਿ ਮੇਰੀ ਆਵਾਜ । ਉਹਨਾਂ ਦਾ ਇਹ ਜੋਸ਼ ਕਮਜ਼ੋਰ ਤੋਂ ਕਮਜ਼ੋਰ ਵਿਅਕਤੀਆਂ ਦੇ ਹੌਸਲੇ ਬੁਲੰਦ ਕਰਕੇ ਆਪਣੇ ਇਰਾਦੇ ਹੋਰ ਮਜ਼ਬੂਤ ਕਰਨ ਦੀ ਪ੍ਰੇਰਨਾ ਦਿੰਦਾ ਸੀ।

ਇਸ ਤੋਂ ਇਲਾਵਾ ਮੁਲਾਜ਼ਮਾਂ ਦੇ ਮੁੱਖ ਬੁਲਾਰੇ 'ਕਰਮਚਾਰੀ ਲਹਿਰ' ਦੀ ਉਹਨਾਂ ਬੜੀ ਸਫਲਤਾ ਨਾਲ ਕਈ ਸਾਲ ਸੰਪਾਦਨਾ ਕਰਕੇ ਪੰਜਾਬ ਸਰਕਾਰ ਦੇ ਵੱਖ-ਵੱਖ ਵਿਭਾਗਾਂ ਵੱਲੋਂ ਸਮੇਂ-ਸਮੇਂ 'ਤੇ ਜਾਰੀ ਕੀਤੇ ਜਾਂਦੇ ਹਾਂ-ਪੱਖੀ ਅਤੇ ਨਾਂਹ-ਪੱਖੀ ਨੋਟੀਫਿਕੇਸ਼ਨ ਅਤੇ ਪੱਤਰ, ਮੁਲਾਜ਼ਮਾਂ ਦੀਆਂ ਸ਼ੰਕਾਵਾਂ ਦੂਰ ਕਰਨ ਲਈ ਪ੍ਰਸ਼ਨਾਂ ਦੇ ਉੱਤਰ, ਮਾਣਯੋਗ ਅਦਾਲਤਾਂ ਵੱਲੋਂ ਕੀਤੇ ਜਾਂਦੇ ਫੈਸਲਿਆਂ ਦੀ ਲੀਗਲ ਡਾਇਰੀ, ਮੁਲਾਜ਼ਮ ਅਤੇ ਪੈਨਸ਼ਨਰਜ਼ ਸੰਘਰਸਾਂ ਦੀਆਂ ਜਥੇਬੰਦਕ ਗਤੀਵਿਧੀਆਂ ਨੂੰ ਪ੍ਰਮੁੱਖਤਾ ਨਾਲ ਥਾਂ ਦੇ ਕੇ ਇਸ ਰਸਾਲੇ ਨੂੰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਦਿਲਾਂ ਵਿੱਚ ਹਰਮਨ-ਪਿਆਰਾ ਬਣਾਇਆ ਅਤੇ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਜਾਗਰੂਕ ਕਰਨ ਵਿੱਚ ਬਹੁਤ ਅਹਿਮ ਰੋਲ ਨਿਭਾਇਆ। ਇਸ ਤੋਂ ਇਲਾਵਾ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿੱਚ ਸੈਕਟਰ 17 ਵਿੱਚ ਸਥਿਤ ਅੰਤਰਰਾਜੀ ਬੱਸ ਸਟੈਂਡ ਦੇ ਬਿਲਕੁਲ ਨਜ਼ਦੀਕ ਸੈਕਟਰ 22 ਬੀ ਵਿੱਚ ਮੁਲਾਜ਼ਮਾਂ ਦੇ ਆਪਣੇ ਦਫਤਰ ਦੀ ਸਥਾਪਨਾ ਕਰਨਾ ਵੀ ਕੋਈ ਆਸਾਨ ਕੰਮ ਨਹੀਂ ਸੀ। ਇਹ ਵੱਖਰੀ ਗੱਲ ਹੈ ਕਿ ਬਾਬਾ ਮਹਿੰਦਰ ਸਿੰਘ ਤੂਰ, ਸੁਦਾਗਰ ਸਿੰਘ ਗਰੇਵਾਲ,ਸਾਥੀ ਸੱਜਣ ਸਿੰਘ , ਚਰਨ ਸਿੰਘ ਸਰਾਭਾ, ਦਰਸਨ ਸਿੰਘ ਲੁਬਾਣਾ ਤੇ ਕਈ ਹੋਰ ਆਗੂਆਂ ਅਤੇ ਪੰਜਾਬ ਦੇ ਬਹੁਤ ਸਾਰੇ ਮੁਲਾਜ਼ਮਾਂ ਵੱਲੋਂ ਇਸ ਦਫਤਰ ਦੀ ਉਸਾਰੀ ਵਿੱਚ ਪਾਏ ਗਏ ਯੋਗਦਾਨ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਚੰਡੀਗੜ੍ਹ ਦੇ ਮੁਲਾਜ਼ਮਾਂ ਲਈ ਸਿਟੀ ਕੰਪਨਸੈਂਟਰੀ ਅਲਾਊਂਸ ਅਤੇ ਹੋਰ ਸਹੂਲਤਾਂ ਪ੍ਰਾਪਤ ਕਰਨ ਵਿੱਚ ਸਾਥੀ ਰਣਬੀਰ ਸਿੰਘ ਢਿੱਲੋਂ ਦਾ ਬਹੁਤ ਮਹੱਤਵਪੂਰਨ ਯੋਗਦਾਨ ਰਿਹਾ। ਇਸ ਤੋਂ ਇਲਾਵਾ ਸਾਲ 1987 ਦੇ ਨਰਸਿੰਗ ਸਟਾਫ ਦੀ ਚੱਲੀ ਲੰਮੀ ਹੜਤਾਲ ਵਿੱਚ ਆਪਣਾ ਭਰਪੂਰ ਯੋਗਦਾਨ ਪਾਉਂਦੇ ਹੋਏ ਗ੍ਰਿਫਤਾਰ ਹੋਣ ਵਾਲੇ ਪਹਿਲੇ ਜੱਥੇ ਦੇ ਨਾਲ ਗ੍ਰਿਫ਼ਤਾਰੀ ਦਿੱਤੀ ਤੇ ਕਈ ਦਿਨ ਬੁੜੈਲ ਜੇਲ ਵਿੱਚ ਵੀ ਰਹੇ। ਅਕਾਲੀ-ਭਾਜਪਾ ਗੱਠਜੋੜ ਦੇ ਸਾਲ 1997-2002 ਦੇ ਰਾਜ-ਭਾਗ ਦੌਰਾਨ ਰੈਗੂਲਰ ਤੌਰ 'ਤੇ ਭਰਤੀ ਅਧਿਆਪਕਾਂ ਨੂੰ ਕਿਸੇ ਕਾਨੂੰਨੀ ਪ੍ਰਕਿਰਿਆ ਕਰਕੇ ਪੱਕਿਆਂ ਤੋਂ ਕੱਚੇ (ਭਾਵ 89 ਦਿਨਾਂ 'ਤੇ ) ਕਰ ਦਿੱਤਾ ਗਿਆ ਅਤੇ ਫਿਰ ਪੰਜਾਬ ਦੇ ਉਸ ਸਮੇਂ ਦੇ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਰਾਜਭਾਗ ਸਮੇਂ 13 ਨਵੰਬਰ 1997 ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਗੁਰਪੁਰਬ ਵਾਲੇ ਦਿਨ 2189 ਅਧਿਆਪਕਾਂ ਨੂੰ ਆਪਣੀਆਂ ਸੇਵਾਵਾਂ ਤੋਂ ਫਾਰਗ ਕਰਕੇ ਘਰ ਤੋਰ ਦਿੱਤਾ ਗਿਆ। ਇਸ ਦੇ ਖਿਲਾਫ ਨਵ-ਨਿਯੁਕਤ ਅਧਿਆਪਕ ਯੂਨੀਅਨ ਪੰਜਾਬ ਵੱਲੋਂ ਲੜੇ ਗਏ ਸੰਘਰਸ਼ ਵਿੱਚ ਅਹਿਮ ਯੋਗਦਾਨ ਪਾਉਂਦੇ ਹੋਏ ਸਾਥੀ ਰਣਬੀਰ ਸਿੰਘ ਢਿੱਲੋ ਤੇ ਹੋਰ ਅਨੇਕਾਂ ਆਗੂਆਂ ਦੇ ਯਤਨਾਂ ਸਦਕਾ ਇਹਨਾਂ ਅਧਿਆਪਕਾਂ ਨੂੰ ਸਾਲ 1999 ਵਿੱਚ ਮੁੜ ਸਿੱਖਿਆ ਵਿਭਾਗ ਵਿੱਚ ਨਿਯੁਕਤ ਕਰਵਾਇਆ ਗਿਆ। ਇਸ ਦੇ ਨਾਲ ਹੀ ਇਸ ਸਰਕਾਰ ਦੇ ਰਾਜਭਾਗ ਦੌਰਾਨ ਪੰਜਾਬ ਦੇ ਸਿੱਖਿਆ ਮੰਤਰੀ ਜਥੇਦਾਰ ਤੋਤਾ ਸਿੰਘ ਵੱਲੋਂ ਸ਼ਹਿਰਾਂ ਵਿੱਚ ਲੰਮੇ ਸਮੇਂ ਤੋਂ ਕੰਮ ਕਰਦੇ ਅਧਿਆਪਕਾਂ ਨੂੰ ਪਿੰਡਾਂ ਵਿੱਚ ਜਾ ਕੇ ਕੰਮ ਕਰਨ ਲਈ ਮਜਬੂਰ ਕਰਨ ਦੇ ਖਿਲਾਫ ਸਾਥੀ ਰਣਬੀਰ ਸਿੰਘ ਢਿੱਲੋਂ ਅਤੇ ਕਈ ਹੋਰ ਆਗੂਆਂ ਦੀ ਅਗਵਾਈ ਹੇਠ ਚੱਲੇ ਅੰਦੋਲਨ ਨੂੰ ਸਫਲ ਬਣਾ ਕੇ ਪੰਜਾਬ ਸਰਕਾਰ ਨੂੰ ਇਹ ਫੈਸਲਾ ਮੁੜ ਵਾਪਸ ਲੈਣ ਲਈ ਮਜਬੂਰ ਕੀਤਾ ਗਿਆ। ਇਸ ਤੋਂ ਬਾਅਦ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਪੰਜਾਬ ਦੇ ਸਾਲ 2002-2007 ਦੇ ਰਾਜਭਾਗ ਦੌਰਾਨ ਸਰਕਾਰੀ ਸਕੂਲਾਂ ਨੂੰ ਨਿੱਜੀ ਹੱਥਾਂ ਵਿੱਚ ਵੇਚਣ ਦੇ ਖਿਲਾਫ ਨਿੱਜੀਕਰਨ ਵਿਰੋਧੀ ਅਧਿਆਪਕ ਸੰਘਰਸ਼ ਮੋਰਚਾ ਪੰਜਾਬ ਦੀ ਅਗਵਾਈ ਹੇਠ ਅੰਦੋਲਨ ਚੱਲਿਆ।



ਇਹ ਵੀ ਇੱਕ ਅਸਲ ਸੱਚਾਈ ਹੈ ਕਿ ਸਾਥੀ ਰਣਬੀਰ ਸਿੰਘ ਢਿੱਲੋਂ ਵਰਗੇ ਆਗੂਆਂ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਲਈ ਕੀਤੀਆਂ ਗਈਆਂ ਅਨੇਕਾਂ ਪ੍ਰਾਪਤੀਆਂ ਨੂੰ ਮੌਜੂਦਾ ਸਮੇਂ ਵਿੱਚ ਵੱਡਾ ਖੋਰਾ ਲੱਗਣਾ ਸ਼ੁਰੂ ਹੋ ਗਿਆ ਹੈ, ਜਿਵੇਂ ਕਿ ਕਾਂਗਰਸ ਪਾਰਟੀ ਦੇ ਰਾਜਭਾਗ ਦੌਰਾਨ ਮਿਤੀ 17 ਜੁਲਾਈ 2020 ਤੋਂ ਬਾਅਦ ਭਰਤੀ ਹੋਣ ਵਾਲੇ ਮੁਲਾਜ਼ਮਾਂ ਲਈ ਕੇਂਦਰੀ ਤਨਖਾਹ ਸਕੇਲ ਲਾਗੂ ਕਰ ਦਿੱਤੇ ਗਏ ਹਨ, ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਨੂੰ ਸਾਲ 2015 ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਸਮੇਂ ਸਿਰ ਨਾ ਦੇ ਕੇ ਡੀ ਏ ਨੂੰ ਕੇਂਦਰੀ ਪੈਟਰਨ ਨਾਲੋਂ ਡੀ-ਲਿੰਕ ਕਰਨ ਦੀਆਂ ਕੋਝੀਆਂ ਸਾਜ਼ਿਸ਼ਾਂ ਬਹੁਤ ਤੇਜ਼ੀ ਨਾਲ ਚੱਲ ਰਹੀਆਂ ਹਨ। ਜਨਵਰੀ 2004 ਤੋਂ ਬਾਅਦ ਭਰਤੀ ਮੁਲਾਜ਼ਮਾਂ ਤੋਂ ਪੁਰਾਣੀ ਪੈਨਸ਼ਨ ਸਕੀਮ ਦੇ ਲਾਭ ਦਾ ਹੱਕ ਖੋਹ ਕੇ ਨਿਊ ਪੈਨਸ਼ਨ ਸਕੀਮ ਲਾਗੂ ਕਰ ਦਿੱਤੀ ਗਈ ਹੈ। ਪੰਜਾਬ ਦੀਆਂ ਹੁਕਮਰਾਨ ਸਰਕਾਰਾਂ ਨੇ ਰੈਗੂਲਰ ਭਰਤੀਆਂ ਬੰਦ ਕਰਕੇ ਪਰਖ ਕਾਲ ਦੇ ਸਮੇਂ ਦੌਰਾਨ ਤਿੰਨ ਸਾਲ ਵਾਸਤੇ ਉਕਾ-ਪੁੱਕਾ ਤਨਖਾਹ ਦੇਣ ਦੇ ਅਮਲ ਤੇਜ਼ੀ ਨਾਲ ਲਾਗੂ ਕੀਤੇ ਜਾ ਰਹੇ ਹਨ। ਆਊਟਸੋਰਸ ਸਕੀਮ ਅਧੀਨ ਕੰਮ ਕਰਦੇ ਮੁਲਾਜ਼ਮਾਂ ਨੂੰ ਰੈਗੂਲਰ ਕਰਕੇ ਪੂਰੀਆਂ ਤਨਖਾਹਾਂ ਦਾ ਕੀ ਦੇਣੀਆਂ ਸਨ, ਸਗੋਂ ਆਊਟਸੋਰਸ ਦਾ ਦਾਇਰਾ ਮੌਜੂਦਾ ਸਰਕਾਰ ਵੱਲੋਂ ਬਹੁਤ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਅਨੇਕਾ ਮਸਲੇ ਲਮਕ ਅਵਸਥਾ ਵਿੱਚ ਪਏ ਹਨ। ਪੰਜਾਬ ਦੇ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਹੋਣ ਦੇ ਬਾਵਜੂਦ ਪੇਂਡੂ ਭੱਤੇ ਸਮੇਤ 37 ਕਿਸਮ ਦੇ ਕਈ ਹੋਰ ਭੱਤੇ ਰੈਸ਼ਨੇਲਾਈਜੇਸ਼ਨ ਦੇ ਨਾਂਅ ਤੇ ਬੰਦ ਕਰ ਦਿੱਤੇ ਗਏ ਹਨ।

ਜਦੋਂ ਹਾਲਾਤ ਇਸ ਤਰ੍ਹਾਂ ਦੇ ਬਣ ਗਏ ਹੋਣ ਤਾਂ ਸਾਨੂੰ ਸਦੀਵੀ ਵਿਛੋੜਾ ਦੇ ਗਏ ਸਾਥੀ ਰਣਬੀਰ ਸਿੰਘ ਢਿੱਲੋਂ ਵਰਗੇ ਮਹਾਨ ਆਗੂਆਂ ਨੂੰ ਯਾਦ ਕਰਨਾ ਸਮੇਂ ਦੀ ਮੁੱਖ ਲੋੜ ਬਣ ਗਿਆ ਹੈ। ਇਸ ਕਰਕੇ ਸਾਨੂੰ ਸਾਰਿਆਂ ਨੂੰ ਸਾਥੀ ਰਣਬੀਰ ਸਿੰਘ ਢਿੱਲੋਂ ਦੇ ਸੰਘਰਸ਼ਾਂ ਭਰੇ ਜੀਵਨ ਤੋਂ ਮੌਜੂਦਾ ਮੁਲਾਜ਼ਮ ਵਰਗ ਅਤੇ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਪ੍ਰੇਰਨਾ ਲੈਣ ਦੀ ਬਹੁਤ ਵੱਡੀ ਲੋੜ ਬਣ ਗਈ ਹੈ।

ਅੱਜ 19 ਜੁਲਾਈ ਨੂੰ ਸਾਥੀ ਰਣਬੀਰ ਸਿੰਘ ਢਿੱਲੋਂ ਦੀ ਪਹਿਲੀ ਬਰਸੀ ਮੌਕੇ ਯਾਦ ਕਰਦੇ ਹੋਏ ਪੰਜਾਬ ਦੇ ਮੁਲਾਜ਼ਮ ਅਤੇ ਪੈਨਸ਼ਨਰ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਮਾਗਮ ਕਰਕੇ ਉਹਨਾ ਨੂੰ ਸ਼ਰਧਾ ਦੇ ਫੁੱਲ ਭੇਟ ਕਰ ਰਹੇ ਹਨ।

**# ਸੂਬਾ ਜਨਰਲ ਸਕੱਤਰ ਪੰਜਾਬ ਪੈਨਸ਼ਨਰਜ਼ ਯੂਨੀਅਨ, 95010-30593**

# ਸਿਹਤ ਕਾਰਡ ਸਕੀਮ ਹੋ ਸਕਦੀ ਹੈ ਲੋਕ-ਹਿਤੈਸ਼ੀ

ਸਿਹਤ ਇਨਸਾਨ ਦੀ ਸਭ ਤੋਂ ਮਹੱਤਵਪੂਰਨ ਦੌਲਤ ਹੈ, ਪਰ ਅਚਾਨਕ ਬਿਮਾਰ ਪੈ ਜਾਣ ਜਾਂ ਗੰਭੀਰ ਰੋਗ ਦਾ ਸਾਹਮਣਾ ਕਰਨਾ ਨਾ ਸਿਰਫ਼ ਤਕਲੀਫ਼ਦੇਹ ਹੁੰਦਾ ਹੈ, ਸਗੋਂ ਇਹ ਆਰਥਿਕ ਤੌਰ 'ਤੇ ਵੀ ਬਹੁਤ ਭਾਰੀ ਪੈਂਦਾ ਹੈ। ਕਈ ਵਾਰ ਦਵਾਈਆਂ ਅਤੇ ਇਲਾਜ ਦੇ ਭਾਰੀ ਖਰਚੇ ਕਾਰਨ ਪਰਵਾਰ ਗੰਭੀਰ ਮੁਸੀਬਤ ਵਿੱਚ ਫਸ ਜਾਂਦੇ ਹਨ। ਇਸੇ ਚੁਣੌਤੀ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਨਵਾਂ ਮੁਫ਼ਤ ਇਲਾਜ ਸਿਹਤ ਕਾਰਡ ਸਕੀਮ ਲਾਂਚ ਕਰਨ ਜਾ ਰਹੀ ਹੈ । ਇਹ ਇੱਕ ਬਹੁਤ ਹੀ ਸ਼ਲਾਘਾਯੋਗ ਅਤੇ ਜਨ-ਹਿਤੈਸ਼ੀ ਕਦਮ ਹੋ ਸਕਦਾ ਹੈ।

**ਸਿਹਤ ਕਾਰਡ ਤੁਹਾਡੇ ਲਈ ਕਿਵੇਂ ਫਾਇਦੇਮੰਦ ਹੋਵੇਗਾ ਮੁਫ਼ਤ ਇਲਾਜ ਦੀ ਗਾਰੰਟੀ:** ਇਸ ਕਾਰਡ ਦੇ ਜ਼ਰੀਏ ਰਾਜ ਦੇ ਸਾਰੇ ਨਾਗਰਿਕਾਂ ਨੂੰ ਸਕੀਮ ਵਿੱਚ ਸ਼ਾਮਿਲ ਸਰਕਾਰੀ ਅਤੇ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਮਿਲ ਸਕੇਗਾ।

**ਭਾਰੀ ਖਰਚਿਆਂ ਤੋਂ ਰਾਹਤ :** ਦਿਲ ਦਾ ਦੌਰਾ, ਕੈਂਸਰ, ਗੰਭੀਰ ਚੋਟਾਂ, ਸਰਜਰੀ ਜਾਂ ਹੋਰ ਮਹਿੰਗੇ ਇਲਾਜਾਂ ਦਾ ਬੋਝ ਹਸਪਤਾਲ ਤੇ ਸਰਕਾਰ ਉਠਾਏਗੀ, ਜਿਸ ਨਾਲ ਪਰਵਾਰਾਂ ਨੂੰ ਆਪਣੀਆਂ ਜ਼ਮੀਨਾਂ, ਜ਼ੇਵਰ ਆਦਿ ਵੇਚਣ ਜਾਂ ਕਿਸੇ ਕਰਜ਼ੇ ਤੋਂ ਬਚਾਇਆ ਜਾ ਸਕੇਗਾ।

ਗੁਣਵੱਤਾ ਪੂਰਨ ਸਿਹਤ ਸੇਵਾਵਾਂ ਤੱਕ ਪਹੁੰਚ: ਕਾਰਡ ਧਾਰਕਾਂ ਨੂੰ ਸਕੀਮ ਵਿੱਚ ਵਧੀਆ ਵੱਡੇ ਪ੍ਰਾਈਵੇਟ ਹਸਪਤਾਲਾਂ ਵਿੱਚ ਵੀ ਚੰਗੀਆਂ ਸਿਹਤ ਸੇਵਾਵਾਂ ਪ੍ਰਾਪਤ ਕਰਨ ਦਾ ਮੌਕਾ ਮਿਲੇਗਾ, ਜਿੱਥੇ ਇਲਾਜ ਸੁਵਿਧਾਵਾਂ ਅਤੇ ਸਹੂਲਤਾਂ ਅਕਸਰ ਬਿਹਤਰ ਹੁੰਦੀਆਂ ਹਨ।ਇਸ ਨਾਲ ਸਰਕਾਰੀ ਹਸਪਤਾਲਾਂ 'ਤੇ ਦਬਾਅ ਕੁਝ ਘੱਟ ਹੋਵੇਗਾ, ਜਿਸ ਨਾਲ ਉੱਥੇ ਸਿਹਤ ਸੇਵਾਵਾਂ ਦੀ ਗੁਣਵੱਤਾ ਵਿੱਚ ਵੀ ਸੁਧਾਰ ਆ ਸਕਦਾ ਹੈ।

ਕੈਸ਼ਲੈੱਸ ਇਲਾਜ ਲਈ ਹਸਪਤਾਲਾਂ ਨਾਲ ਸਮਝੌਤੇ 'ਚ ਕੁੱਝ ਗੱਲਾਂ ਧਿਆਨ ਵਿਚ ਰੱਖਣੀਆਂ ਜ਼ਰੂਰੀ ਹਨ-

ਹਸਪਤਾਲਾਂ ਨਾਲ ਇੰਪੈਨਲਮੈਂਟ ਪ੍ਰਕਿਰਿਆ ਅਤੇ ਸਮਝੌਤਾ: ਸਿਰਫ ਉਸ ਹਸਪਤਾਲ ਨਾਲ ਸਪੱਸ਼ਟ ਸਮਝੌਤਾ ਕੀਤਾ ਜਾਵੇ, ਜਿਸ ਵਿੱਚ ਇਲਾਜ ਦੀਆਂ ਦਰਾਂ ਅਤੇ ਗੁਣਵੱਤਾ ਦੇ ਮਿਆਰ ਸ਼ਾਮਲ ਹੋਣ।ਹਰੇਕ ਜਨਤਕ ਅਤੇ ਪ੍ਰਾਈਵੇਟ ਹਸਪਤਾਲ ਨਾਲ ਇਲਾਜ ਪੈਕੇਜਾਂ ਦੀ ਰੇਟ ਸੂਚੀ, ਗੁਣਵੱਤਾ ਦੇ ਮਿਆਰ, ਰਿਪੋਰਟਿੰਗ ਪ੍ਰਕਿਰਿਆ ਅਤੇ ਜਵਾਬਦੇਹੀ ਨੂੰ ਸਪੱਸ਼ਟ ਕਰਦਾ ਹੋਇਆ ਕਾਨੂੰਨੀ ਤੌਰ 'ਤੇ ਬੰਨ੍ਹਣ ਵਾਲਾ ਸਮਝੌਤਾ ਹੋਣਾ ਚਾਹੀਦਾ ਹੈ।ਹਸਪਤਾਲਾਂ ਨੂੰ ਸ਼ਾਮਿਲ ਕਰਨ ਸਮੇਂ ਉਸ ਹਸਪਤਾਲ ਦੇ ਇਨਫ੍ਰਾਸਟ੍ਰਕਚਰ, ਡਾਕਟਰਾਂ ਦੀ ਯੋਗਤਾ, ਮਸ਼ੀਨਰੀ, ਸੇਵਾਵਾਂ ਦੀ ਸਮਰੱਥਾ ਅਤੇ ਪਹਿਲਾਂ ਦੇ ਰਿਕਾਰਡ ਦੇ ਆਧਾਰ 'ਤੇ ਹੋਣੀ ਚਾਹੀਦੀ ਹੈ।



ਡਾ. ਪ੍ਰਭਦੀਪ ਸਿੰਘ ਚਾਵਲਾ

**ਆਨਲਾਈਨ ਪੋਰਟਲ :** ਸਿਹਤ ਕਾਰਡ ਸਕੀਮ ਲਈ ਇੱਕ ਵੱਖਰਾ ਮਜ਼ਬੂਤ, ਆਨਲਾਈਨ ਪੋਰਟਲ ਹੋਣਾ ਚਾਹੀਦਾ ਹੈ, ਜਿੱਥੇ ਹਰ ਮਰੀਜ਼ ਦਾ ਰਿਕਾਰਡ, ਇਲਾਜ ਦਾ ਵੇਰਵਾ, ਖਰਚੇ ਅਤੇ ਦਾਅਵੇ ਰੀਅਲ-ਟਾਈਮ ਵਿੱਚ ਦਰਜ ਅਤੇ ਟਰੈਕ ਕੀਤੇ ਜਾਣ। ਬਾਇਓਮੈਟ੍ਰਿਕ (ਅੰਗੂਠੇ ਦਾ ਨਿਸ਼ਾਨ) ਜਾਂ ਫੋਟੋ ਵਰਗੇ ਤਰੀਕੇ ਨਾਲ ਮਰੀਜ਼ ਦੀ ਪਛਾਣ ਸੁਨਿਸਚਿਤ ਕੀਤੀ ਜਾਵੇ।

**ਧੋਖਾਧੜੀ 'ਤੇ ਕਾਬੂ :** ਸਰਕਾਰੀ ਟੀਮਾਂ ਦੁਆਰਾ ਪ੍ਰਾਈਵੇਟ ਹਸਪਤਾਲਾਂ ਦੇ ਅਚਾਨਕ ਮੁਆਇਨੇ ਅਤੇ ਡੀਟੇਲਡ ਆਡਿਟ ਹੋਣੇ ਚਾਹੀਦੇ ਹਨ। ਫਰਜ਼ੀ ਮਰੀਜ਼ ਦਰਜ ਕਰਨ, ਜ਼ਰੂਰਤ ਤੋਂ ਵੱਧ ਇਲਾਜ ਦੱਸਣ ਜਾਂ ਪੈਕੇਜ ਤੋਂ ਬਾਹਰ ਦੇ ਖਰਚੇ ਵਸੂਲਣ ਵਰਗੀਆਂ ਧੋਖਾਧੜੀਆਂ 'ਤੇ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ (ਜੁਰਮਾਨਾ, ਸਮਝੌਤਾ ਰੱਦ ਕਰਨਾ, ਮੁਕੱਦਮਾ ਚਲਾਉਣਾ) । ਸਾਲ ਵਿੱਚ ਇੱਕ ਦੋ-ਵਾਰ ਬਾਹਰਲੀਆਂ ਆਡਿਟ ਏਜੰਸੀਆਂ ਤੋਂ ਵੀ ਚੈੱਕ ਕਰਵਾਇਆ ਜਾ ਸਕਦਾ ਹੈ।ਸਿਰਫ ਖਰਚੇ ਵਸੂਲਣਾ ਹੀ ਨਹੀਂ, ਇਲਾਜ ਦੀ ਗੁਣਵੱਤਾ ਨੂੰ ਵੀ ਪ੍ਰਮਾਣਿਤ ਕੀਤਾ ਜਾਵੇ।

**ਹਸਪਤਾਲ ਦੀ ਚੋਣ ਅਤੇ ਜਾਣਕਾਰੀ:** ਮਰੀਜ਼ ਨੂੰ ਇਲਾਜ ਦੇ ਵਿਕਲਪਾਂ ਅਤੇ ਸੰਭਾਵਿਤ ਜੋਖਮਾਂ ਜਾਂ ਔਂਕੜਾਂ ਬਾਰੇ ਸਪੱਸ਼ਟ ਜਾਣਕਾਰੀ ਦਿੱਤੀ ਜਾਵੇ। ਜੇਕਰ ਸਮਰੱਥਾ ਹੋਵੇ ਤਾਂ ਮਰੀਜ਼ ਨੂੰ ਸਕੀਮ ਅਧੀਨ ਆਉਣ ਵਾਲੇ ਕਈ ਹਸਪਤਾਲਾਂ ਵਿੱਚੋਂ ਚੋਣ ਕਰਨ ਦਾ ਅਧਿਕਾਰ ਹੋਵੇ। ਉਸ ਨੂੰ ਧੱਕੇ ਨਾਲ ਕਿਸੇ ਹਸਪਤਾਲ ਵੱਲ ਧੱਕਿਆ ਨਾ ਜਾਵੇ।

**ਕਾਰਡ ਧਾਰਕਾਂ ਨਾਲ ਭੇਦਭਾਵ:** ਕਾਰਡ ਧਾਰਕ ਮਰੀਜ਼ਾਂ ਨਾਲ ਵਿਤਕਰਾ ਨਹੀਂ ਕੀਤਾ ਜਾਣਾ ਚਾਹੀਦਾ ਅਤੇ ਉਹਨਾਂ ਨੂੰ ਉਹੀ ਦੇਖਭਾਲ ਅਤੇ ਸਨਮਾਨ ਮਿਲਣਾ ਚਾਹੀਦਾ ਹੈ, ਜੋ ਪੂਰੀ ਕੀਮਤ ਅਦਾ ਕਰਨ ਵਾਲੇ ਮਰੀਜ਼ਾਂ ਨੂੰ ਮਿਲਦਾ ਹੈ।

**ਪਾਰਦਰਸ਼ੀ ਪੈਕੇਜ ਰੇਟ:** ਹਰ ਬਿਮਾਰੀ/ਇਲਾਜ ਲਈ ਮਿਆਰੀ ਪੈਕੇਜ ਕੀਮਤਾਂ ਪਹਿਲਾਂ ਹੀ ਤੈਅ ਕੀਤੀਆਂ ਜਾਣ ਅਤੇ ਜਨਤਕ ਕੀਤੀਆਂ ਜਾਣ। ਇਹ ਦਰਾਂ ਸਮੁੱਚੇ ਇਲਾਜ ਜਿਸ ਵਿੱਚ ਲੈਬ ਟੈਸਟ, ਦਵਾਈਆਂ, ਸਰਜਰੀ, ਰਹਿਣ-ਖ਼ਰਚ ਆਦਿ ਨੂੰ ਕਵਰ ਕਰਨ ਵਾਲੀਆਂ ਹੋਣੀਆਂ ਚਾਹੀਦੀਆਂ ਹਨ। ਮਰੀਜ਼ ਨੂੰ ਇਲਾਜ ਬਾਰੇ ਪੂਰੀ ਜਾਣਕਾਰੀ ਅਤੇ ਹਸਪਤਾਲ ਚੁਣਨ ਦਾ ਅਧਿਕਾਰ ਮਿਲੇ।

**ਸਿਹਤ ਕਾਰਡ ਬਣਾਉਣ ਦੀ ਪ੍ਰਕਿਰਿਆ:** ਕਾਰਡ ਬਣਵਾਉਣ ਦੀ ਪ੍ਰਕਿਰਿਆ ਬਹੁਤ ਸੌਖੀ ਅਤੇ ਕਾਗਜ਼ੀ ਕਾਰਵਾਈ ਤੋਂ ਮੁਕਤ ਹੋਣੀ ਚਾਹੀਦੀ ਹੈ। ਆਧਾਰ ਕਾਰਡ ਨਾਲ ਲਿੰਕ ਕਰਨਾ ਫਾਇਦੇਮੰਦ ਹੋ ਸਕਦਾ ਹੈ, ਪਰ ਹਰ ਲਾਭਪਾਤਰੀ ਲਈ ਆਭਾ ਆਈ.ਡੀ ਬਣਾਉਣੀ ਲਾਜ਼ਮੀ ਕੀਤੀ ਜਾਵੇ, ਤਾਂ ਜੋ ਹਰ ਮਰੀਜ਼ ਦਾ ਸਿਹਤ ਰਿਕਾਰਡ ਡਿਜ਼ੀਟਲ ਹੋ ਜਾਵੇ।

**ਹੈਲਪਲਾਈਨ:** ਮਰੀਜ਼ਾਂ ਲਈ ਆਸਾਨੀ ਨਾਲ ਸ਼ਿਕਾਇਤ ਦਰਜ ਕਰਵਾਉਣ ਅਤੇ ਉਨ੍ਹਾਂ ਦੀ ਤੁਰੰਤ ਮਦਦ ਲਈ ਇੱਕ ਯਾਦ-ਰੱਖਣ ਵਾਲਾ ਨੰਬਰ ਹੋਣਾ ਚਾਹੀਦਾ ਹੈ, ਜੋ ਸਿਹਤ ਕਾਰਡ ਦੇ ਉੱਪਰ ਹੀ ਲਿਖਿਆ ਹੋਵੇ, ਤਾਂ ਜੋ ਤੁਰੰਤ ਲੋੜ ਪੈਣ 'ਤੇ ਕਾਰਡ ਧਾਰਕ ਕਾਲ ਕਰਕੇ ਹੈੱਲਪਲਾਈਨ ਦੀ ਮਦਦ ਲੈ ਸਕੇ।

**ਭੁਗਤਾਨ ਅਤੇ ਪਾਰਦਰਸ਼ਤਾ:** ਇੰਪੈਨਲਡ ਹਸਪਤਾਲਾਂ ਨੂੰ ਦਾਅਵਿਆਂ ਦਾ ਭੁਗਤਾਨ 30 ਦਿਨਾਂ ਅੰਦਰ-ਅੰਦਰ ਕਰੋ, ਦੇਰੀ ਨਾਲ ਭੁਗਤਾਨ ਹਸਪਤਾਲਾਂ ਦੇ ਉਤਸ਼ਾਹ ਨੂੰ ਘਟਾਉਂਦਾ ਹੈ ਅਤੇ ਸਕੀਮ ਨੂੰ ਨੁਕਸਾਨ ਪਹੁੰਚਾ ਸਕਦਾ ਹੈ।

**ਜਨਤਕ ਜਾਗਰੂਕਤਾ:** ਹਰ ਪਿੰਡ-ਕਸਬੇ ਵਿੱਚ ਸਿਹਤ ਸਟਾਫ ਅਤੇ ਭਰਤੀ ਸਿਹਤ ਬੀਮਾ ਕਾਰਡ ਯੋਜਨਾ ਦਾ ਸਟਾਫ ਲੋਕਾਂ ਨੂੰ ਸਮਝਾਏ ਕਿ ਕਾਰਡ ਕਿਵੇਂ, ਕਿੱਥੇ ਅਤੇ ਕਦੋਂ ਵਰਤਣਾ ਹੈ, ਸੂਚੀਬੱਧ ਹਸਪਤਾਲਾਂ ਦੀ ਸੂਚੀ ਅਤੇ ਹਸਪਤਾਲਾਂ ਵਿੱਚ ਮੌਜੂਦ ਸੁਵਿਧਾਵਾਂ ਬਾਰੇ ਸੁਚੇਤ ਕੀਤਾ ਜਾਵੇ।

ਇਹ ਸਿਹਤ ਕਾਰਡ ਪੰਜਾਬੀਆਂ ਲਈ ਆਰਥਕ ਸੁਰੱਖਿਆ ਕਵੱਚ ਬਣ ਸਕਦਾ ਹੈ, ਪਰ ਇਸ ਦੀ ਸਫਲਤਾ ਪਾਰਦਰਸ਼ੀ ਯੋਜਨਾ, ਸਖ਼ਤ ਨਿਗਰਾਨੀ ਅਤੇ ਜਨਤਕ ਸਹਿਯੋਗ 'ਤੇ ਨਿਰਭਰ ਹੈ । ਸਰਕਾਰ ਨੂੰ ਪੁਰਾਣੀਆਂ ਸਿਹਤ ਬੀਮਾ ਕਾਰਡ ਯੋਜਨਾਵਾਂ ਤੋਂ ਹਾਸਲ ਤਜਰਬਿਆਂ ਤੋਂ ਸਬਕ ਲੈਣੇ ਚਾਹੀਦੇ ਹਨ, ਤਾਂ ਜੋ ਇਸ ਨਵੀਂ ਸਿਹਤ ਬੀਮਾ ਯੋਜਨਾ ਲੋਕਾਂ ਲਈ ਲਾਹੇਵੰਦ ਸਿੱਧ ਹੋਵੇ।

**# ਸੰਪਰਕ : 98146-56257**

# ਬੈਂਕਾਂ ਦਾ ਕੌਮੀਕਰਨ : ਇੱਕ ਇਤਿਹਾਸਕ ਕਦਮ

ਜਿੱਥੇ ਬੈਂਕ ਕਰਮਚਾਰੀਆਂ ਦੀ ਯੂਨੀਅਨ ਆਲ ਇੰਡੀਆ ਬੈਂਕ ਇੰਪਲਾਈਜ਼ ਐਸੋਸੀਏਸ਼ਨ (ਏ ਆਈ ਬੀ ਈ ਏ) ਦੇ ਝੰਡੇ ਹੇਠ ਬੈਂਕ ਕਰਮਚਾਰੀਆਂ ਨੇ ਬੈਂਕਾਂ ਦੇ ਕੌਮੀਕਰਨ ਲਈ ਲੰਮਾ ਸੰਘਰਸ਼ ਕੀਤਾ, ਉਥੇ 1963 ਵਿੱਚ ਭਾਰਤੀ ਕਮਿਊਨਿਸਟ ਪਾਰਟੀ ਨੇ ਇੱਕ ਦਸਤਖਤੀ ਮੁਹਿੰਮ ਚਲਾਈ ਅਤੇ ਫੈਸਲਾ ਕੀਤਾ ਕਿ ਦੇਸ਼ ਪੱਧਰ ਉੱਤੇ ਲਾਮਬੰਦੀ ਕਰਕੇ ਦਿੱਲੀ ਵਿੱਚ ਮਾਰਚ ਕੀਤਾ ਜਾਵੇ । ਮੰਗ ਪੱਤਰ ਉੱਤੇ ਇੱਕ ਕਰੋੜ 25 ਲੱਖ ਲੋਕਾਂ ਨੇ ਦਸਤਖਤ ਕੀਤੇ ਸਨ, ਜਿਸ ਵਿੱਚ ਵੱਡੇ ਪ੍ਰਾਈਵੇਟ ਬੈਂਕਾਂ ਅਤੇ ਤੇਲ ਕੰਪਨੀਆਂ ਦੇ ਕੌਮੀਕਰਨ, ਡੀ ਏ ਵਿੱਚ ਪਤੀ 25 ਫੀਸਦੀ ਵਾਧਾ ਅਤੇ ਸੀ ਡੀ ਐੱਸ ਏ ਟੈਕਸ ਨੂੰ ਖਤਮ ਕਰਨ ਜਿਹੀਆਂ ਮੰਗਾਂ ਸ਼ਾਮਿਲ ਸਨ । ਕਈ ਰੇੜ੍ਹਿਆਂ ਉੱਤੇ ਲੱਦ ਕੇ ਇਸ 79 ਮਣ ਦੀ ਪਟੀਸ਼ਨ ਨੂੰ ਕਾਮਰੇਡ ਏ.ਕੇ ਗੋਪਾਲਨ ਦੀ ਅਗਵਾਈ ਵਿੱਚ ਦੇਸ਼ ਭਰ ਤੋਂ ਆਏ 2 ਲੱਖ ਤੋਂ ਵੀ ਵੱਧ ਖੇਤ ਮਜ਼ਦੂਰ, ਮਿਹਨਤਕਸ਼ ਕਾਮੇ ਅਤੇ ਸਧਾਰਨ ਲੋਕ 13 ਸਤੰਬਰ 1963 ਨੂੰ ਇਸ ਨੂੰ ਦੇਣ ਲਈ ਪਹੁੰਚੇ ।ਉਸ ਰੈਲੀ ਨੂੰ ਕਾਮਰੇਡ ਐੱਸ ਏ ਡਾਂਗੇ ਨੇ ਵੀ ਸੰਬੋਧਨ ਕੀਤਾ।

ਜਦੋਂ ਭਾਰਤ ਸਰਕਾਰ ਨੇ 19 ਜੁਲਾਈ 1969 ਨੂੰ 14 ਮੁੱਖ ਨਿੱਜੀ ਬੈਂਕਾਂ ਦਾ ਕੌਮੀਕਰਨ ਕੀਤਾ ਤਾਂ ਇਹ ਫੈਸਲਾ ਬੈਂਕਿੰਗ ਖੇਤਰ ਨੂੰ ਲੋਕ ਕਲਿਆਣ ਤੇ ਵਿਕਾਸ ਦੇ ਰਸਤੇ ਲੈ ਜਾਣ ਲਈ ਕੀਤਾ ਗਿਆ ਸੀ । ਇਹ ਸਿਰਫ ਇੱਕ ਆਰਥਿਕ ਨੀਤੀਗਤ ਪਹਿਲ ਨਹੀਂ ਸੀ, ਸਗੋਂ ਆਮ ਜਨਤਾ ਦੀ ਵਿੱਤੀ ਅਜ਼ਾਦੀ ਵੱਲ ਇੱਕ ਇਨਕਲਾਬੀ ਕਦਮ ਸੀ। ਇਹ ਕਦਮ ਭਾਰਤ ਵਿੱਚ ਵਿੱਤੀ ਤੰਤਰ ਨੂੰ ਏਕਾਧਿਕਾਰ ਤੋਂ ਕੱਢ ਕੇ ਲੋਕ ਕਲਿਆਣ ਦੀ ਦਿਸ਼ਾ ਵਿੱਚ ਲੈ ਗਿਆ ।

ਕਿਉਂ ਲੋੜ ਸੀ ਬੈਂਕਾਂ ਦੇ ਕੌਮੀਕਰਨ ਦੀ ?

ਬੈਂਕਾਂ ਦੇ ਕੌਮੀਕਰਨ ਦੇ ਸਮੇਂ ਤੱਕ ਵੱਡੇ ਉਦਯੋਗਿਕ ਘਰਾਣੇ ਬੈਂਕਾਂ 'ਤੇ ਆਪਣਾ ਨਿਯੰਤਰਣ ਰੱਖਦੇ ਸਨ । ਬੈਂਕਾਂ ਦੀ ਕਰਜ਼ਾ ਨੀਤੀ ਆਮ ਲੋਕਾਂ ਜਾਂ ਕਿਸਾਨਾਂ ਦੀ ਥਾਂ, ਨਫੇ 'ਤੇ ਆਧਾਰਿਤ ਉਦਯੋਗਾਂ ਦੀ ਸਹਾਇਤਾ ਲਈ ਸੀ। ਦੇਸ਼ ਦੀ ਆਮ ਆਬਾਦੀ, ਜੋ ਕਿ ਵੱਡੇ ਪੈਮਾਨੇ 'ਤੇ ਖੇਤੀ ਤੇ ਅਸੰਗਠਿਤ ਖੇਤਰ ਵਿੱਚ ਨਿਭਰਤ ਸੀ, ਲਈ ਕਰਜ਼ਾ ਲੈਣਾ ਸੰਭਵ ਨਹੀਂ ਸੀ।

ਕੌਮੀਕਰਨ ਦਾ ਮਕਸਦ

ਪਿਛੜੇ ਇਲਾਕਿਆਂ ਤੱਕ ਬੈਂਕਿੰਗ ਦੀ ਪਹੁੰਚ

ਸਮਾਜਕ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਕਰਜ਼ੇ ਦੀ ਸਹੂਲਤ

ਕਾਰਪੋਰੇਟ ਏਕਾਧਿਕਾਰ ਨੂੰ ਰੋਕਣਾ

ਲੋਕਾਂ ਦੇ ਜਮ੍ਹਾਂ ਪੈਸਿਆਂ ਨੂੰ ਰਾਸ਼ਟਰ ਦੇ ਨਿਰਮਾਣ ਵਿੱਚ ਲਾਉਣਾ ਆਦਿ।

ਸੱਚੀਮੁੱਚੀ ਬਦਲਾਅ ਲਿਆਉਣ ਵਾਲੀ ਨੀਤੀ

ਬੈਂਕਾਂ ਦੇ ਕੌਮੀਕਰਨ ਨੇ ਸਿਰਫ ਨੀਤੀਆਂ ਨਹੀਂ, ਜ਼ਿੰਦਗੀਆਂ ਬਦਲੀਆਂ। ਪਿੰਡਾਂ ਵਿਚ ਬੈਂਕ ਸ਼ਾਖਾਵਾਂ ਖੁੱਲ੍ਹੀਆਂ, ਕਿਸਾਨਾਂ ਨੂੰ ਪਹਿਲੀ ਵਾਰ ਆਸਰਾ ਮਿਲਿਆ ਅਤੇ ਆਮ ਜਨਤਾ ਨੂੰ ਵਿਤੀਗਤ ਵਿਸ਼ਵਾਸ ਮਿਲਿਆ।

ਜਿਸ ਕਰਜ਼ੇ ਨੂੰ ਕਦੇ ਸਿਰਫ ਵੱਡਿਆਂ ਦੀ ਸਹੂਲਤ ਮੰਨਿਆ ਜਾਂਦਾ ਸੀ, ਉਹ ਰਾਸ਼ਟਰੀਕ੍ਰਿਤ ਬੈਂਕਾਂ ਰਾਹੀਂ ਗਰੀਬਾਂ, ਔਰਤਾਂ, ਮਜ਼ਦੂਰਾਂ ਅਤੇ ਨੌਜਵਾਨਾਂ ਤੱਕ ਪਹੁੰਚਿਆ। ਸਮਾਜਕ ਬੈਂਕਿੰਗ ਦੇ ਮਾਡਲ ਨੇ ਸੱਚਮੁੱਚ ਲੋਕ-ਕੇਂਦਰੀ ਆਰਥਿਕਤਾ ਦਾ ਰੂਪ ਧਾਰਿਆ।



ਐੱਮ ਐੱਸ ਭਾਟੀਆ

1967 ਵਿੱਚ ਜਿੱਥੇ ਸਿਰਫ 2 ਫੀਸਦੀ ਕਰਜ਼ਾ ਖੇਤੀਬਾੜੀ ਨੂੰ ਮਿਲਦਾ ਸੀ,1980 ਤੱਕ ਇਹ 15 ਫੀਸਦੀ ਤੋਂ ਵੱਧ ਹੋ ਗਿਆ।

ਪੰਜਾਬ ਵਿੱਚ ਜਿੱਥੇ ਵੱਡੀ ਅਬਾਦੀ ਖੇਤੀ ਤੇ ਦਿਹਾੜੀ ਮਜ਼ਦੂਰੀ 'ਤੇ ਨਿਰਭਰ ਹੈ, ਬੈਂਕ ਰਾਸ਼ਟਰੀਕਰਨ ਨੇ ਖਾਸ ਤੌਰ 'ਤੇ ਕਿਰਤੀ ਵਰਗ ਨੂੰ ਵੱਡੀ ਰਾਹਤ ਦਿੱਤੀ। ਪਹਿਲਾਂ ਕਿਸਾਨ ਆੜ੍ਹਤੀਆਂ ਤੇ ਸੌਦੇਬਾਜ਼ਾਂ ਦੇ ਰਿਹਾਇਸ਼ੀ ਕਰਜ਼ਿਆਂ ਵਿਚ ਫਸੇ ਰਹਿੰਦੇ ਸਨ । ਰਾਸ਼ਟਰੀਕ੍ਰਿਤ ਬੈਂਕਾਂ ਵੱਲੋਂ ਮਿਲਣ ਵਾਲੇ ਸਸਤੇ ਖੇਤੀਬਾੜੀ ਕਰਜ਼ਿਆਂ ਨੇ ਉਨ੍ਹਾਂ ਦੀ ਆਰਥਿਕ ਆਜ਼ਾਦੀ ਲਈ ਰਾਹ ਖੋਲ੍ਹਿਆ।

ਉੱਧਰ ਉਦਯੋਗਿਕ ਸ਼ਹਿਰਾਂ ਵਿਚ ਰੋਜ਼ਾਨਾ ਮਜ਼ਦੂਰੀ ਕਰਨ ਵਾਲੇ ਮਜਦੂਰ ਜਨ-ਧਨ ਖਾਤਿਆਂ ਰਾਹੀਂ ਵਿੱਤੀ ਪ੍ਰਣਾਲੀ ਵਿੱਚ ਸ਼ਾਮਿਲ ਹੋਏ। ਜਦੋਂ ਕੋਵਿਡ ਜਾਂ ਲਾਕਡਾਊਨ ਦੌਰਾਨ ਸਰਕਾਰ ਵੱਲੋਂ ਮਦਦ ਭੇਜੀ ਗਈ, ਇਹੀ ਬੈਂਕ ਖਾਤੇ ਉਨ੍ਹਾਂ ਦੀ ਜੀਵਨਰੇਖਾ ਸਾਬਤ ਹੋਏ।

ਅੱਜ ਦੇ ਸੰਦਰਭ ਵਿੱਚ ਇਸ ਦੀ ਲੋੜ ਕਿਉਂ ਹੈ ?

ਅੱਜ ਜਦ ਕੇਂਦਰ ਦੀ ਮੋਦੀ ਸਰਕਾਰ ਨੀਤੀਗਤ ਤੌਰ 'ਤੇ ਬੈਂਕਾਂ ਦੇ ਨਿੱਜੀਕਰਨ ਦੀਆਂ ਕੋਸ਼ਿਸ਼ਾਂ ਕਰ ਰਹੀ ਹੈ, ਅਸੀਂ ਪੁੱਛਣਾ ਚਾਹੁੰਦੇ ਹਾਂ ਕਿ:

ਕੀ ਸਰਕਾਰ ਆਮ ਜਨਤਾ ਦੀ ਵਿੱਤੀ ਸੁਰੱਖਿਆ ਨੂੰ ਨਿੱਜੀ ਲਾਭ ਲਈ ਵੇਚਣ ਜਾ ਰਹੀ ਹੈ ?

ਕੀ ਨਿੱਜੀ ਬੈਂਕ ਕਿਸਾਨ ਦੀ ਫ਼ਿਕਰ ਕਰਦੇ ਹਨ ?

ਕੀ ਗਰੀਬ ਮਹਿਲਾਵਾਂ ਦੇ ਸੈੱਲਫ ਹੈਲਪ ਗਰੁੱਪਾਂ ਨੂੰ ਕਰਜ਼ਾ ਨਿੱਜੀ ਬੈਂਕ ਦੇਵੇਗਾ ?

ਅਸਲ ਸੱਚ ਇਹ ਹੈ ਕਿ ਨਿੱਜੀ ਬੈਂਕ ਨਫਾ, ਅਪਾਰਟਮੈਂਟ ਅਤੇ ਕ੍ਰੈਡਿਟ ਕਾਰਡ ਤੱਕ ਹੀ ਰੁਚੀ ਰੱਖਦੇ ਹਨ। ਜਨਤਾ, ਖੇਤੀ, ਮਜ਼ਦੂਰੀ ਅਤੇ ਰੋਜ਼ਗਾਰ—ਇਹਨਾਂ ਦੀ ਰਾਖੀ ਅਜੇ ਵੀ ਜਨਤਕ ਖੇਤਰ ਦੇ ਬੈਂਕ ਕਰ ਰਹੇ ਹਨ।

ਕੋਵਿਡ ਅਤੇ ਬੈਂਕ ਕੌਮੀਕਰਨ ਦੀ ਮਹੱਤਤਾ

ਕੋਵਿਡ-19 ਮਹਾਂਮਾਰੀ ਦੌਰਾਨ ਜਦ ਸਾਰੀ ਦੁਨੀਆਂ ਦੇ ਨਿੱਜੀ ਸੰਸਥਾਨ ਪਿੱਛੇ ਹਟ ਗਏ, ਰਾਸ਼ਟਰੀਕ੍ਰਿਤ ਬੈਂਕਾਂ ਰਾਹੀਂ ਜਨਤਾ ਨੂੰ ਨਕਦ ਮੁਆਵਜ਼ਾ ਦਿੱਤਾ ਗਿਆ, ਲੋੜਵੰਦਾਂ ਦੇ ਕਰਜ਼ਿਆਂ ਦੀ ਅਦਾਇਗੀ ਨੂੰ ਰੋਕ ਵੀ ਦਿੱਤਾ ਅਤੇ ਕਰਜ਼ਿਆਂ ਦੇ ਭੁਗਤਾਨ ਨੂੰ ਸੁਖਾਲਾ ਬਣਾਇਆ।ਇਹ ਬੈਂਕ ਲੋਕਾਂ ਦੇ ਹਮਦਰਦ ਸਾਬਤ ਹੋਏ। ਇਹੀ ਜਨਤਕ ਖੇਤਰ ਦੇ ਬੈਂਕਾਂ ਦੀ ਅਸਲੀ ਪਛਾਣ ਹੈ।

**ਨਿੱਜੀਕਰਨ:** ਇੱਕ ਖਤਰਨਾਕ ਰੁਝਾਨ ਸਰਕਾਰ ਵੱਲੋਂ ਲਗਾਤਾਰ ਕੌਮੀਕ੍ਰਿਤ ਬੈਂਕਾਂ ਦੀ ਵਿਕਰੀ ਜਾਂ ਰਲੇਵੇਂ ਆਮ ਜਨਤਾ ਦੇ ਭਰੋਸੇ 'ਤੇ ਹਮਲਾ ਹੈ। ਇਹ ਰੁਝਾਨ ਸਿਰਫ਼ ਖੇਤੀਬਾੜੀ ਜਾਂ ਪਿੰਡਾਂ ਲਈ ਹੀ ਨਹੀਂ, ਸਗੋਂ ਸਮੂਹਿਕ ਸਮਾਜਿਕ ਢਾਂਚੇ ਲਈ ਖ਼ਤਰਨਾਕ ਹੈ।

ਇਹ ਵਿੱਤੀ ਤਾਨਾਸ਼ਾਹੀ ਨੂੰ ਜਨਮ ਦੇਵੇਗਾ

ਪਿਛੜੇ ਵਰਗ ਨੂੰ ਹੋਰ ਹਾਸ਼ੀਏ 'ਤੇ ਧੱਕੇਗਾ

ਆਮ ਨਾਗਰਿਕ ਲਈ ਆਸਰੇ ਘਟਾਏਗਾ।

ਹੱਲ ਕਿਵੇਂ ਲੱਭੀਏ ?

ਬਦਲਾਅ ਦੀ ਲੋੜ ਹੈ-

ਬੈਂਕਾਂ ਨੂੰ ਵੇਚਣ ਦੀ ਨਹੀਂ, ਸਗੋਂ ਪੇਸ਼ੇਵਰ ਪ੍ਰਬੰਧਨ ਦੀ ਤਕਨਾਲੋਜੀ ਉਤਸ਼ਾਹਨ ਦੀ ਪਾਰਦਰਸ਼ੀਤਾ ਅਤੇ ਜਵਾਬਦੇਹੀ ਦੀ ਅਤੇ ਕਰਮਚਾਰੀਆਂ ਦੀ ਸੁਰੱਖਿਆ ਅਤੇ ਤਕਨੀਕੀ ਯੋਗਤਾ ਵਧਾਉਣ ਦੀ ਲੋੜ ਹੈ ।

**ਅੰਤ ਵਿੱਚ:** ਪੰਜਾਬ ਵਿੱਚ ਜਿੱਥੇ ਖੇਤੀ ਸੰਕਟ, ਕਰਜ਼ੇ ਦੀ ਮਾਰ ਅਤੇ ਆਤਮ ਹੱਤਿਆਵਾਂ ਹੌਲੀ-ਹੌਲੀ ਵਧ ਰਹੀਆਂ ਹਨ, ਉਥੇ ਨਿੱਜੀ ਬੈਂਕਾਂ ਦੀਆਂ ਮਨਮਾਨੀਆਂ ਅਤੇ ਉੱਚੇ ਵਿਆਜ ਦਰਾਂ ਨੇ ਕਿਸਾਨਾਂ ਦੀ ਹਾਲਤ ਹੋਰ ਵਿਗਾੜੀ ਹੈ। ਇਸ ਸੰਦਰਭ ਵਿਚ ਸਰਕਾਰੀ ਬੈਂਕ ਅਜੇ ਵੀ ਪਿੰਡ ਦੇ ਘਰ-ਘਰ ਤੱਕ ਪਹੁੰਚਣ ਵਾਲਾ ਇੱਕ ਮੂਲ ਸਾਧਨ ਹਨ। ਜੇ ਬੈਕਾਂ ਦਾ ਕੌਮੀਕਰਨ ਨਾ ਹੁੰਦਾ, ਤਾਂ ਮਜ਼ਦੂਰ ਅਤੇ ਕਿਸਾਨ ਹੋਰ ਵੀ ਵੱਡੀ ਆਰਥਿਕ ਗੈਰ-ਬਰਾਬਰੀ ਦਾ ਸ਼ਿਕਾਰ ਹੁੰਦੇ।

ਬੈਂਕਾਂ ਦਾ ਕੌਮੀਕਰਨ ਭਾਰਤ ਦੀ ਆਰਥਿਕ ਲੋਕਤੰਤਰ ਦੀ ਹੱਡੀ ਸੀ। ਬੈਂਕਾਂ ਦਾ ਕੌਮੀਕਰਨ ਇੱਕ ਆਰਥਿਕ ਕਦਮ ਹੀ ਨਹੀਂ, ਇਕ ਸਮਾਜਿਕ ਇਨਕਲਾਬ ਸੀ। ਇਹ ਨੇ ਵਿੱਤ ਨੂੰ ਕਾਰਪੋਰੇਟ ਘਰਾਣਿਆਂ ਤੋਂ ਕੱਢ ਕੇ ਆਮ ਜਨਤਾ ਦੀ ਪਹੁੰਚ ਵਿੱਚ ਲਿਆਂਦਾ। ਅੱਜ ਵੀ ਜਦ ਲੋਕਾਂ ਦੀ ਵਿੱਤੀ ਸੁਰੱਖਿਆ ਦੀ ਲੋੜ ਹੈ, ਬੈਂਕਾਂ ਨੂੰ ਲੋਕ ਕਲਿਆਣ ਲਈ ਵਰਤਣਾ ਚਾਹੀਦਾ ਹੈ, ਨਾ ਕਿ ਲਾਭ ਲਈ ਵੇਚਣਾ।

ਬੈਂਕ ਸਿਰਫ ਧੰਦੇ ਦੀ ਵਸਤੂ ਨਹੀਂ, ਇਹ ਜਨਤਾ ਦਾ ਭਰੋਸਾ ਹਨ । ਅੱਜ ਜਦ ਆਰਥਿਕਤਾ ਨੂੰ ਚੋਣਵੇਂ ਹੱਥਾਂ ਵਿੱਚ ਸੌਂਪਣ ਦੀ ਯੋਜਨਾ ਚੱਲ ਰਹੀ ਹੈ, ਸਾਨੂੰ ਆਪਣੀ ਆਵਾਜ਼ ਉਠਾਣੀ ਪਵੇਗੀ । ਜਨਤਾ ਦੇ ਬੈਂਕ, ਜਨਤਾ ਲਈ ਅਤੇ ਜਨਤਾ ਵੱਲੋਂ ਹੋਣੇ ਚਾਹੀਦੇ ਹਨ। ਇਹ ਸਿਰਫ ਨਾਅਰਾ ਨਹੀਂ, ਇਹ ਲੋਕ-ਕੇਂਦਰੀ ਆਰਥਿਕ ਨਿਆਂ ਦੀ ਮੰਗ ਹੈ।

**# ਸੰਪਰਕ : 91 99884-91002**

CMYK

19-JULY-PAGE-5.qxd 7/18/2025 9:23 PM Page 1



# ਮੁੱਖ ਮੰਤਰੀ ਦੀ ਕੋਠੀ ਅੱਗੇ 1158 ਫਰੰਟ ਵੱਲੋਂ ਰੋਸ ਮਾਰਚ




**ਸੰਗਰੂਰ (ਪ੍ਰਵੀਨ ਸਿੰਘ)**

ਮੁੱਖ ਮੰਤਰੀ ਭਗਵੰਤ ਮਾਨ ਦੀ ਸੰਗਰੂਰ ਰਿਹਾਇਸ਼ ਦੇ ਸਾਹਮਣੇ 1158 ਸਹਾਇਕ ਪ੍ਰੋਫੈਸਰ ਅਤੇ ਲਾਇਬ੍ਰੇਰੀਅਨ ਫਰੰਟ ਵੱਲੋਂ ਵੱਡੀ ਗਿਣਤੀ 'ਚ ਇਕੱਠ ਕਰਕੇ ਰੋਸ ਪ੍ਰਦਰਸਨ ਕੀਤਾ ਗਿਆ।

ਪੰਜਾਬ ਦੇ ਸਾਰੇ ਸਰਕਾਰੀ ਕਾਲਜਾਂ 'ਚੋਂ 1158 ਭਰਤੀ ਅਧੀਨ ਕੰਮ ਕਰ ਰਹੇ ਪ੍ਰੋਫੈਸਰ ਤੇ ਲਾਇਬ੍ਰੇਰੀਅਨ ਇਸ ਪ੍ਰਦਰਸ਼ਨ 'ਚ ਪਹੁੰਚੇ। ਪ੍ਰਦਰਸ਼ਨ ਤਹਿਤ ਫਰੰਟ ਦੇ ਕਾਰਕੁੰਨਾਂ ਨੇ ਵੇਰਕਾ ਪਲਾਂਟ ਤੋਂ ਸ਼ੁਰੂ ਕਰਕੇ ਵੱਡੀ ਗਿਣਤੀ 'ਚ ਪੈਦਲ ਰੋਸ ਮਾਰਚ ਕੀਤਾ ਅਤੇ ਮੁੱਖ ਮੰਤਰੀ ਦੀ ਕੋਠੀ ਸਾਹਮਣੇ ਰੋਸ ਜ਼ਾਹਰ ਕਰਦਿਆਂ ਸਟੇਜ ਚਲਾਈ।

ਡਾ. ਮੁਹੰਮਦ ਸੋਹੇਲ ਨੇ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਵੱਲੋਂ 1158 ਸਹਾਇਕ ਪ੍ਰੋਫੈਸਰ ਤੇ ਲਾਇਬ੍ਰੇਰੀਅਨ ਭਰਤੀ ਨੂੰ ਰੱਦ ਕਰਨ ਦਾ ਫੈਸਲਾ ਬਹੁਤ ਮੰਦਭਾਗਾ ਹੈ। ਇਹ ਫ਼ੈਸਲਾ ਸਿਰਫ਼ ਇਸ ਭਰਤੀ ਦੇ ਉਮੀਦਵਾਰਾਂ ਜਾਂ ਉਨ੍ਹਾਂ ਦੇ ਪਰਵਾਰਾਂ ਦੇ ਖਿਲਾਫ਼ ਹੀ ਨਹੀਂ, ਸਗੋਂ ਪੰਜਾਬ ਦੀ ਉਚੇਰੀ ਸਿੱਖਿਆ ਤੇ ਵਿਦਿਆਰਥੀਆਂ ਦੇ ਭਵਿੱਖ ਦੇ ਖਿਲਾਫ ਵੀ ਹੈ। ਡਾ. ਪਰਮਜੀਤ ਨੇ ਦੱਸਿਆ ਕਿ ਫਰੰਟ ਦੀਆਂ ਮੰਗਾਂ ਹਨ ਕਿ ਸੁਪਰੀਮ ਕੋਰਟ ਵਿੱਚ ਭਰਤੀ ਨੂੰ ਬਚਾਉਣ ਲਈ ਹਰ ਸੰਭਵ ਵਿਕਲਪ ਅਜ਼ਮਾਉਣ ਲਈ ਸਰਕਾਰ ਪੁਰਜ਼ੋਰ ਯਤਨ ਕਰੇ। ਜਦੋਂ ਤੱਕ ਇਹ ਮਾਮਲਾ ਸੁਪਰੀਮ ਕੋਰਟ ਵਿੱਚ ਰਹੇਗਾ, ਉਦੋਂ ਤੱਕ ਕਿਸੇ ਨੂੰ ਵੀ ਨੌਕਰੀ ਤੋਂ ਬਰਖਾਸਤ ਨਾ ਕੀਤਾ ਜਾਵੇ। ਮੁੱਖ ਮੰਤਰੀ ਨਾਲ ਪੈਨਲ ਮੀਟਿੰਗ ਦੇਣ ਦੇ ਨਾਲ-ਨਾਲ ਇਹ ਜਨਤਕ ਬਿਆਨ ਜਾਰੀ ਕੀਤਾ ਜਾਵੇ ਕਿ ਕਿਸੇ ਦੇ ਰੁਜ਼ਗਾਰ ਨੂੰ ਨਹੀਂ ਖੋਹਿਆ ਜਾਵੇਗਾ।

ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਇਸ ਭਰਤੀ ਦੇ ਪੂਰ ਚੜ੍ਹਨ ਨਾਲ ਜਿੱਥੇ ਪੰਜਾਬ ਦੀ ਉਚੇਰੀ ਸਿੱਖਿਆ ਨੂੰ ਇੱਕ ਹੁਲਾਰਾ ਮਿਲਿਆ ਸੀ, ਪੰਜਾਬ ਦੇ ਸਰਕਾਰੀ ਕਾਲਜਾਂ ਵਿੱਚ ਮੁੜ ਰੌਣਕ ਪਰਤੀ ਸੀ ਤੇ ਨੌਜਵਾਨਾਂ ਦੇ ਅੰਦਰ ਰੁਜਗਾਰ ਪ੍ਰਾਪਤੀ ਦੀ ਲੋਅ ਮਘਣ ਲੱਗੀ ਸੀ, ਇਸ ਭਰਤੀ ਦੇ ਰੱਦ ਹੋਣ ਦੇ ਫੈਸਲੇ ਨਾਲ ਸਭ ਨੂੰ ਧੱਕਾ ਲੱਗਿਆ ਹੈ। ਡਾ. ਜਸਪ੍ਰੀਤ ਸਿਵੀਆਂ ਨੇ ਕਿਹਾ ਕਿ ਇਸ ਭਰਤੀ ਦੇ ਇਸਤਿਹਾਰ ਨੂੰ ਜਾਰੀ ਕਰਵਾਉਣ ਤੋਂ ਲੈ ਕੇ ਉਮੀਦਵਾਰਾਂ ਦੀ ਨਿਯੁਕਤੀ ਤੱਕ ਹਰ ਪੜਾਅ ਸੰਘਰਸ ਦੇ ਸਿਰ 'ਤੇ ਪਾਰ ਕੀਤਾ ਹੈ। ਅਸੀਂ ਥਾਣੇ, ਪਰਚੇ, ਲਾਠੀਚਾਰਜ, ਜੇਲ੍ਹਾਂ ਆਦਿ ਸਭ ਵਿੱਚੋਂ ਗੁਜਰੇ ਹਾਂ। ਹੁਣ ਵੀ ਸਮੁੱਚਾ ਫਰੰਟ ਸੰਘਰਸ ਦਾ ਰਾਹ ਅਖ਼ਤਿਆਰ ਕਰਨ ਤੋਂ ਨਹੀਂ ਡਰੇਗਾ।

ਜਸਵਿੰਦਰ ਕੌਰ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਸਰਕਾਰ ਦੇ ਸੋਸ਼ਣ ਤਹਿਤ ਕਾਲਜਾਂ ਵਿੱਚ ਕੰਮ ਕਰ ਰਹੀ ਗੈਸਟ ਫੈਕਲਟੀ ਦੀ ਲੜਾਈ ਦੀ ਦਿਸ਼ਾ ਹੀ ਗਲਤ ਰਹੀ ਹੈ। ਉਨ੍ਹਾਂ ਨੂੰ ਆਪਣੇ ਪੱਕੇ ਰੁਜ਼ਗਾਰ ਦੀ ਲੜਾਈ ਸਰਕਾਰ ਵੱਲ ਸੇਧਿਤ ਕਰਨੀ ਚਾਹੀਦੀ ਸੀ, ਪਰ ਉਨ੍ਹਾਂ ਨੇ ਰੈਗੂਲਰ ਭਰਤੀ ਖਿਲਾਫ ਆਢਾ ਲਾ ਲਿਆ। ਕੇਸ ਦੀ ਜਿੱਤ ਦਾ ਅਸਲ ਅਰਥ ਪੰਜਾਬ ਦੇ ਮਿਹਨਤਕਸ਼ ਤਬਕੇ ਦੇ ਬੱਚਿਆਂ ਦੇ ਭਵਿੱਖ ਦੀ ਹਾਰ ਹੈ।

ਮੰਚ ਸੰਚਾਲਨ ਕਰਦਿਆਂ ਜਸਕਰਨ ਸਿੰਘ ਨੇ ਕਿਹਾ ਕਿ ਇਸ ਮੰਦਭਾਗੇ ਫੈਸਲੇ ਨਾਲ ਜਿੱਥੇ ਪੰਜਾਬ ਦੇ ਹਜਾਰ ਤੋਂ ਵੱਧ ਉੱਚ ਯੋਗਤਾ ਪ੍ਰਾਪਤ ਨੌਜਵਾਨਾਂ ਦਾ ਰੁਜ਼ਗਾਰ ਖੁੱਸ ਰਿਹਾ ਹੈ ਅਤੇ ਪਰਵਾਰਾਂ ਦਾ ਗੁਜ਼ਾਰਾ ਸੰਕਟ ਵਿੱਚ ਪੈ ਗਿਆ ਹੈ।

# ਤਿੰਨ ਮਾਸੂਮ ਭੈਣਾਂ ਦੀਆਂ ਮ੍ਰਿਤਕ ਦੇਹਾਂ ਸਪੁਰਦ ਏ ਖਾਕ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੱਖੇ ਦੀ ਤਾਰ ਤੋਂ ਲੋਹੇ ਦੇ ਮੰਜੇ ਵਿੱਚ ਲੱਗੇ ਕਰੰਟ ਕਾਰਨ ਪ੍ਰਵਾਸੀ ਮਜ਼ਦੂਰ ਪਰਵਾਰ ਨਾਲ ਸੰਬੰਧਤ ਤਿੰਨ ਧੀਆਂ ਦੀ ਹੋਈ ਦਰਦਨਾਕ ਮੌਤ ਦੇ ਮਾਮਲੇ ਵਿੱਚ ਪ੍ਰਸ਼ਾਸਨ ਵੱਲੋਂ ਪੋਸਟਮਾਰਟਮ ਕਰਵਾਉਣ ਉਪਰੰਤ ਲਾਸ਼ਾਂ ਪਰਵਾਰ ਦੇ ਹਵਾਲੇ ਕਰ ਦਿੱਤੀਆਂ ਗਈਆਂ। ਇਸ ਦੌਰਾਨ ਤਿੰਨਾਂ ਸਕੀਆਂ ਭੈਣਾਂ ਦੀਆਂ ਸ਼ਹਿਰ ਦੇ ਢੰਡਿਆਲ ਰੋਡ ਉੱਤੇ ਸਥਿਤ ਮਸਜਿਦ ਨਮਾਜ਼ ਅਦਾ ਕਰਨ ਮਗਰੋਂ ਕਬਰਸਤਾਨ ਵਿੱਚ ਸਪੁਰਦ ਏ ਖਾਕ ਕਰ ਦਿੱਤਾ ਗਿਆ। ਇਸ ਮੌਕੇ ਪਰਵਾਰ ਨਾਲ ਹਮਦਰਦੀ ਦਾ ਇਜ਼ਹਾਰ ਕਰਦਿਆਂ ਸ਼ਹਿਰ ਅਤੇ ਇਲਾਕੇ ਵਿੱਚੋਂ ਵੱਡੀ ਸ਼ਾਮਿਲ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਆਗੂਆਂ ਸਮੇਤ ਹਜ਼ਾਰਾਂ ਲੋਕਾਂ ਨੇ ਸੇਜਲ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ।ਇਸ ਦੌਰਾਨ ਪਾਤੜਾਂ ਦੇ ਐਸ ਡੀ ਐਮ ਅਸ਼ੋਕ ਕੁਮਾਰ, ਤਹਿਸੀਲਦਾਰ ਸਵਪਨਦੀਪ ਕੌਰ, ਥਾਣਾ ਪਾਤੜਾਂ ਮੁਖੀ ਹਰਮਿੰਦਰ ਸਿੰਘ ਅਤੇ ਸਿਟੀ ਪੁਲਸ ਇੰਚਾਰਜ ਕੁਲਬੀਰ ਸਿੰਘ, ਸਮਾਜਿਕ ਸੰਗਠਨ, ਰਾਜਨੀਤਿਕ ਪ੍ਰਤੀਨਿਧੀ ਅਤੇ ਸ਼ਹਿਰ ਵਾਸੀ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ ਅਤੇ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਆਮ ਲੋਕਾਂ ਦੇ ਨਾਲ-ਨਾਲ, ਕਈ ਪਤਵੰਤੇ ਵੀ ਅੰਤਿਮ ਯਾਤਰਾ ਵਿੱਚ ਸ਼ਾਮਲ ਹੋਏ। ਇਨ੍ਹਾਂ ਵਿੱਚ ਆਮ ਆਦਮੀ ਪਾਰਟੀ ਦੇ ਆਗੂ ਅਤੇ ਸ਼ੁਤਰਾਣਾ ਹਲਕੇ ਦੇ ਵਿਧਾਇਕ ਕੁਲਵੰਤ ਸਿੰਘ ਬਾਜੀਗਰ ਦੇ ਪੁੱਤਰ ਗੁਰਮੀਤ ਸਿੰਘ ਵਿੱਕੀ, ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾਰ, ਕੁਲਦੀਪ ਸਿੰਘ ਥਿੰਦ, ਨਗਰ ਕੌਂਸਲ ਪਾਤੜਾਂ ਦੇ ਪ੍ਰਧਾਨ ਰਣਵੀਰ ਸਿੰਘ, ਸਮਾਜ ਸੇਵਕ ਸੁਖਦੇਵ ਸਿੰਘ ਬੈਲਜੀਅਮ, ਸ਼੍ਰੋਮਣੀ ਅਕਾਲੀ ਦਲ ਦੇ ਆਗੂ ਗੋਬਿੰਦ ਸਿੰਘ ਵਿਰਦੀ ਅਤੇ ਵੱਡੀ ਗਿਣਤੀ ਵਿੱਚ ਲੋਕ ਸ਼ਾਮਲ ਸਨ। ਐਸ ਡੀ ਐਮ ਅਸ਼ੋਕ ਕੁਮਾਰ ਨੇ ਮ੍ਰਿਤਕ ਪਰਵਾਰ ਨਾਲ ਦੁੱਖ ਪ੍ਰਗਟ ਕਰਦਿਆਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਹਰ ਸੰਭਵ ਮਦਦ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸਬੰਧੀ ਇੱਕ ਰਿਪੋਰਟ ਤਿਆਰ ਕਰਕੇ ਉੱਚ ਅਧਿਕਾਰੀਆਂ ਨੂੰ ਭੇਜੀ ਜਾ ਰਹੀ ਹੈ। ਇਸ ਦੇ ਨਾਲ ਹੀ ਸਮਾਜ ਸੇਵਕ ਸੁਖਦੇਵ ਸਿੰਘ ਬੈਲਜੀਅਮ ਨੇ ਕਿਹਾ ਕਿ ਪੀੜਤ ਪ੍ਰਵਾਸੀ ਪਰਵਾਰ ਦੀਆਂ ਜੋ ਵੀ ਜ਼ਰੂਰਤਾਂ ਹੋਣ, ਉਨ੍ਹਾਂ ਨੂੰ ਪੂਰਾ ਸਮਰਥਨ ਦਿੱਤਾ ਜਾਵੇਗਾ।

# ਮਾਈਨਿੰਗ ਵਿਭਾਗ ਨੇ 6 ਟਿੱਪਰਾਂ ਨੂੰ ਕਾਬੂ ਕਰ ਥਾਣੇ 'ਚ ਬੰਦ ਕੀਤਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਜ਼ਿਲ੍ਹਾ ਲੁਧਿਆਣਾ ਦੀ ਮਾਈਨਿੰਗ ਵਿਭਾਗ ਟੀਮ ਵੱਲੋਂ ਮਾਛੀਵਾੜਾ ਨੇੜੇ ਨਾਕੇਬੰਦੀ ਕੀਤੀ ਗਈ ਤਾਂ 6 ਟਿੱਪਰ ਅਜਿਹੇ ਕਾਬੂ ਕੀਤੇ ਗਏ, ਜਿਨ੍ਹਾਂ 'ਚ ਲੱਦੇ ਖਣਿਜ ਪਦਾਰਥਾਂ ਦੀ ਨਾ ਮਾਈਨਿੰਗ ਵਿਭਾਗ ਦੇ ਕੋਈ ਦਸਤਾਵੇਜ਼ ਸਨ ਤੇ ਨਾ ਹੀ ਕਰੈਸ਼ਰਾਂ ਦੇ ਬਿੱਲ ਸਨ ਕਿ ਕਿੱਥੋਂ ਮਾਲ ਆਇਆ। ਜਦੋਂ ਮਾਈਨਿੰਗ ਵਿਭਾਗ ਦੀ ਟੀਮ ਨੇ ਨਾਕੇਬੰਦੀ ਕੀਤੀ ਤਾਂ ਇਕਦਮ ਭਗਦੜ ਮੱਚ ਗਈ ਤੇ ਸੈਂਕੜੇ ਦੀ ਗਿਣਤੀ 'ਚ ਟਿੱਪਰ, ਜਿਨ੍ਹਾਂ ਵਿੱਚ ਨਜਾਇਜ਼ ਮਾਈਨਿੰਗ ਕਰ ਪਦਾਰਥ ਭਰੇ ਸਨ, ਉਹ ਢਾਬਿਆਂ ਤੇ ਹੋਰ ਲਿੰਕ ਸੜਕਾਂ ਰਾਹੀਂ ਆਪਣੇ ਟਿੱਪਰ ਭਜਾ ਕੇ ਲੈ ਗਏ ਤਾਂ ਜੁ ਵਿਭਾਗੀ ਕਾਰਵਾਈ ਤੋਂ ਬਚਿਆ ਜਾ ਸਕੇ। ਫਿਲਹਾਲ ਮਾਈਨਿੰਗ ਵਿਭਾਗ ਨੇ ਇਹ 6 ਟਿੱਪਰ ਮਾਛੀਵਾੜਾ ਥਾਣਾ ਵਿਖੇ ਬੰਦ ਕਰ ਦਿੱਤੇ ਹਨ ਤੇ ਇਨ੍ਹਾਂ ਦੇ ਚਲਾਨ ਕੱਟ ਦਿੱਤੇ ਹਨ ਕਿ ਜਾਂ ਤਾਂ ਉਹ ਮਾਈਨਿੰਗ ਵਿਭਾਗ ਦੇ ਦਸਤਾਵੇਜ਼ ਦਿਖਾਉਣ ਨਹੀਂ ਤਾਂ ਉਨ੍ਹਾਂ ਨੂੰ 2 ਲੱਖ ਰੁਪਏ ਤੱਕ ਜੁਰਮਾਨੇ ਕੀਤੇ ਜਾਣਗੇ। ਹਿਮਾਚਲ ਪ੍ਰਦੇਸ਼ ਤੋਂ ਆ ਰਹੇ ਖਣਿਜ ਪਦਾਰਥਾਂ ਦੀ ਨਜਾਇਜ਼ ਮਾਈਨਿੰਗ ਰੋਕਣ ਲਈ ਚੈੱਕ ਪੋਸਟ ਬਣਾਈ ਹੋਈ ਹੈ। ਕੁਝ ਮਹੀਨੇ ਪਹਿਲਾਂ ਟਰਾਂਸਪੋਰਟਰਾਂ ਨੇ ਇਸ ਚੈੱਕ ਪੋਸਟ 'ਤੇ ਭ੍ਰਿਸ਼ਟਾਚਾਰ ਦਾ ਮੁੱਦਾ ਵੀ ਉਠਾਇਆ ਸੀ ਕਿ ਇੱਥੇ ਰੋਜ਼ਾਨਾ ਲੱਖਾਂ ਰੁਪਏ ਇਕੱਠਾ ਹੁੰਦਾ ਹੈ ਤੇ ਧੜਾਧੜ ਹਿਮਾਚਲ ਪ੍ਰਦੇਸ਼ ਤੋਂ ਖਣਿਜ ਪਦਾਰਥ ਪੰਜਾਬ ਵਿਚ ਆਉਂਦੇ ਹਨ। ਇਸ ਸਬੰਧੀ ਕੁਝ ਟਰਾਂਸਪੋਰਟਰਾਂ ਵੱਲੋਂ ਮਾਈਨਿੰਗ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਲਿਖਤੀ ਰੂਪ ਵਿਚ ਸ਼ਿਕਾਇਤ ਦਿੱਤੀ ਸੀ ਕਿ ਵਿਭਾਗ ਦੀ ਇਸ ਚੈੱਕ ਪੋਸਟ 'ਤੇ ਹੁਣ ਤੱਕ ਕਰੋੜਾਂ ਰੁਪਏ ਭ੍ਰਿਸ਼ਟਾਚਾਰ ਕਰ ਇਕੱਠਾ ਕੀਤਾ ਜਾ ਚੁੱਕਾ ਹੈ, ਜਿਸ ਦੀ ਜਾਂਚ ਸਬੰਧਿਤ ਅਧਿਕਾਰੀਆਂ 'ਤੇ ਬਣਦੀ ਕਾਰਵਾਈ ਕੀਤੀ ਜਾਵੇ, ਪਰ ਟਰਾਂਸਪੋਰਟਰਾਂ ਵੱਲੋਂ ਇਹ ਸ਼ਿਕਾਇਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਾਈਨਿੰਗ ਵਿਭਾਗ ਦੇ ਮੰਤਰੀ, ਜ਼ਿਲ੍ਹਾ ਹੁਸ਼ਿਆਰਪੁਰ ਦੇ ਐੱਸ.ਐੱਸ.ਪੀ. ਤੇ ਸਬੰਧਿਤ ਵਿਭਾਗ ਦੇ ਅਧਿਕਾਰੀਆਂ ਨੂੰ ਵੀ ਭੇਜੀ ਸੀ, ਪਰ ਉਨ੍ਹਾਂ ਦੀ ਸ਼ਿਕਾਇਤ 'ਤੇ ਕੋਈ ਕਾਰਵਾਈ ਨਹੀਂ ਹੋਈ, ਬਲਕਿ ਬਾਹਰਲੇ ਸੂਬਿਆਂ ਤੋਂ ਨਾਜਾਇਜ਼ ਖਣਿਜ ਪਦਾਰਥ ਲਗਾਤਾਰ ਆਉਣੇ ਜਾਰੀ ਹਨ।

ਟਿੱਪਰ ਚਾਲਕ ਜਿੱਥੇ ਮਾਈਨਿੰਗ ਵਿਭਾਗ ਨੂੰ ਤਾਂ ਰਗੜਾ ਲਾ ਰਹੇ ਹਨ, ਉੱਥੇ ਜੀ.ਐੱਸ.ਟੀ. ਵਿਭਾਗ ਨੂੰ ਵੀ ਰੋਜ਼ਾਨਾਂ ਲੱਖਾਂ ਰੁਪਏ ਦਾ ਚੂਨਾ ਲੱਗ ਰਿਹਾ ਹੈ। ਇਹ ਨਜਾਇਜ਼ ਖਣਿਜ ਪਦਾਰਥ ਲੈ ਕੇ ਆ ਰਹੇ ਟਿੱਪਰ ਚਾਲਕਾਂ ਕੋਲ ਕੋਈ ਵੀ ਬਿੱਲ ਨਹੀਂ ਹੁੰਦਾ, ਜਦਕਿ ਨਿਯਮਾਂ ਅਨੁਸਾਰ ਕਰੈਸ਼ਰ ਤੋਂ ਰੇਤਾ, ਬੱਜਰੀ ਤੇ ਹੋਰ ਖਣਿਜ ਪਦਾਰਥ ਖਰੀਦਣ 'ਤੇ ਬਿੱਲ ਲੈ ਕੇ 5 ਫੀਸਦੀ ਜੀਐੱਸਟੀ ਅਦਾ ਕਰਨਾ ਹੁੰਦਾ ਹੈ। ਇਹ ਨਜਾਇਜ਼ ਪਦਾਰਥ ਲੈ ਕੇ ਟਿੱਪਰ ਚਾਲਕਾਂ ਕੋਲ ਨਾ ਮਾਈਨਿੰਗ ਵਿਭਾਗ ਦਾ ਕੋਈ ਬਿੱਲ ਹੁੰਦਾ ਹੈ ਤੇ ਨਾ ਹੀ ਜੀ.ਐੱਸ.ਟੀ. ਬਿੱਲ ਜਿਸ ਕਾਰਨ ਪੰਜਾਬ ਦੇ ਸਰਕਾਰੀ ਖ਼ਜਾਨੇ ਨੂੰ ਰੋਜ਼ਾਨਾ ਲੱਖਾਂ ਰੁਪਏ ਦਾ ਚੂਨਾ ਲੱਗ ਰਿਹਾ ਹੈ। ਇਲਾਕੇ ਦੇ ਟਰਾਂਸਪੋਰਟਰਾਂ ਬਲਵਿੰਦਰ ਸਿੰਘ, ਰਵਨੀਤ ਸਿੰਘ, ਦਲਜੀਤ ਸਿੰਘ, ਗਗਨਦੀਪ ਸਿੰਘ, ਸਤਨਾਮ ਸਿੰਘ, ਕਿਰਪਾਲ ਸਿੰਘ, ਸੁਰਿੰਦਰ ਸਿੰਘ, ਨਰੇਸ਼ ਕੁਮਾਰ, ਸੁਭਾਸ਼ ਕੁਮਾਰ, ਬਹਾਦਰ ਸਿੰਘ, ਸੁਖਵਿੰਦਰ ਸਿੰਘ, ਅਮਨਦੀਪ ਸਿੰਘ ਨੇ 1 ਜਨਵਰੀ 2025 ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਉੱਚ ਅਧਿਕਾਰੀਆਂ ਨੂੰ ਸ਼ਿਕਾਇਤ ਕੀਤੀ ਸੀ ਕਿ ਉਨ੍ਹਾਂ ਨੇ ਜ਼ਿਲ੍ਹਾ ਹੁਸ਼ਿਆਰਪੁਰ ਦੇ ਐਕਸ਼ੀਅਨ, ਪੁਲਸ ਜ਼ਿਲ੍ਹਾ ਹੁਸ਼ਿਆਰਪੁਰ ਦੇ ਐੱਸਐੱਸਪੀ ਕੋਲ ਖੁਦ ਪੇਸ਼ ਹੋ ਕੇ ਇੱਕ ਨੰਬਰੀ ਸ਼ਿਕਾਇਤ ਦਿੱਤੀ ਸੀ ਕਿ ਚੈੱਕ ਪੋਸਟ 'ਤੇ ਹੋ ਰਹੀ ਕਰੋੜਾਂ ਰੁਪਏ ਘਪਲੇਬਾਜ਼ੀ ਅਤੇ ਭ੍ਰਿਸ਼ਟ ਅਧਿਕਾਰੀਆਂ ਖਿਲਾਫ਼ ਸਖ਼ਤ ਕਾਰਵਾਈ ਕਰ ਨਾਜਾਇਜ਼ ਮਾਈਨਿੰਗ ਬੰਦ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਬੜੀ ਹੈਰਾਨੀ ਦੀ ਗੱਲ ਹੈ ਕਿ ਇਸ ਸ਼ਿਕਾਇਤ ਸੰਬੰਧੀ ਉਨ੍ਹਾਂ ਨੂੰ ਕਿਸੇ ਵੀ ਅਧਿਕਾਰੀ ਨੇ ਬਿਆਨ ਦਰਜ ਕਰਾਉਣ ਤੇ ਇਹ ਘਪਲੇਬਾਜ਼ੀ ਕਿਵੇਂ ਹੋ ਰਹੀ ਹੈ, ਉਸਦਾ ਪ੍ਰਤੱਖ ਪ੍ਰਮਾਣ ਦਿਖਾਉਣ ਲਈ ਬੁਲਾਇਆ ਹੀ ਨਹੀਂ ਗਿਆ, ਸਗੋਂ ਸਾਡੀ ਸ਼ਿਕਾਇਤ ਦਬਾ ਦਿੱਤੀ ਗਈ।

## ਕਾਤਰਾਂ

### ਏ ਟੀ ਐਮ ਬਦਲ ਕੇ 1 ਲੱਖ 40 ਹਜ਼ਾਰ ਰੁਪਏ ਕਢਵਾਉਣ ਦੇ ਦੋਸ਼ 'ਚ 2 ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਿਟੀ ਪੁਲਸ ਵੱਲੋਂ ਏ.ਟੀ.ਐਮ. ਬਦਲ ਕੇ 1 ਲੱਖ 40 ਹਜ਼ਾਰ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ 2 ਵਿਅਕਤੀਆਂ ਦੇ ਵਿਰੁੱਧ ਪਰਚਾ ਦਰਜ ਕਰਕੇ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐਸ.ਸੀ. ਸਤਪਾਲ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਜਤਿੰਦਰ ਕੁਮਾਰ ਪੁੱਤਰ ਨਰੇਸ਼ ਚੰਦਰ ਵਾਸੀ ਪਿੰਡ ਰੋਹਤਾਸ਼ਬਾਦ ਥਾਣਾ ਸ਼ਮਸ਼ਾਬਾਦ ਜ਼ਿਲ੍ਹਾ ਫਰੁਖਾਬਾਦ ਉੱਤਰ ਪ੍ਰਦੇਸ਼ ਹਾਲ ਅਬਾਦ ਪਿੰਡ ਪੀਰ ਬਖਸ਼ ਚੋਹਾਨ (ਜੀ.ਐਮ ਭੱਠਾ) ਵੱਲੋਂ ਪੁਲਸ ਕੋਲ ਬਿਆਨ ਦਰਜ ਕਰਾਏ ਗਏ ਹਨ ਕਿ ਕ੍ਰਿਸ਼ਨ ਸਿੰਘ ਪੁੱਤਰ ਸ਼ੀਸ਼ੂ ਰਾਮ ਵਾਸੀ ਪਿੰਡ ਮਕਸੂਦ ਪੁਰ ਤਹਿਸੀਲ ਹਾਂਸੀ ਜ਼ਿਲ੍ਹਾ ਹਿਸਾਰ ਹਰਿਆਣਾ ਤੇ ਨਰੇਸ਼ ਕੁਮਾਰ ਪੁੱਤਰ ਬਲਵੀਰ ਸਿੰਘ ਵਾਸੀ ਬੁੜਾ ਬਸਤੀ ਥਾਣੀ ਜੀਂਦ ਹਰਿਆਣਾ ਨੇ ਉਸ ਦੇ ਏ.ਟੀ.ਐਮ. ਦੀ ਬਦਲੀ ਕਰਕੇ 1 ਲੱਖ 40 ਹਜ਼ਾਰ ਰੁਪਏ ਕਢਾ ਕੇ ਠੱਗੀ ਮਾਰੀ ਹੈ, ਜਿਸ 'ਤੇ ਥਾਣਾ ਸਿਟੀ ਵੱਲੋਂ ਕ੍ਰਿਸ਼ਨ ਤੇ ਨਰੇਸ਼ ਕੁਮਾਰ ਦੇ ਵਿਰੁੱਧ ਧਾਰਾ 318 (4), 112 ਬੀ.ਐਨ.ਐਸ. ਤਹਿਤ ਦਰਜ ਕੀਤਾ ਗਿਆ ਹੈ। ਪੁਲਸ ਵੱਲੋਂ ਇਨ੍ਹਾਂ ਵਿਅਕਤੀਆਂ ਨੂੰ ਕਾਬੂ ਕਰਨ ਉਪਰੰਤ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

### ਆਨਲਾਈਨ ਡਿਜੀਟਲ ਕਿਊ ਆਰ ਜਮ੍ਹਾਂਬੰਦੀਆਂ ਨੂੰ ਕੀਤਾ ਜਾਵੇ ਅਪਲੋਡ : ਡੀ ਸੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਈ.ਜੀ. ਰਜਿਸਟ੍ਰੇਸ਼ਨ ਸਬੰਧੀ ਵਕੀਲਾਂ, ਅਰਜ਼ੀ ਤੇ ਵਸੀਕਾ ਨਵੀਸਾਂ ਨਾਲ ਮੀਟਿੰਗ ਕਰਕੇ ਜਿੱਥੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ, ਉਥੇ ਉਨ੍ਹਾਂ ਨੂੰ ਦਰਪੇਸ਼ ਆ ਰਹੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਨ ਦਾ ਭਰੋਸਾ ਵੀ ਦਿਵਾਇਆ। ਮੀਟਿੰਗ ਦੀ ਪ੍ਰਧਾਨਗੀਆਂ ਕਰਦਿਆਂ ਡਿਪਟੀ ਕਮਿਸ਼ਨਰ ਨੇ ਵਕੀਲਾਂ, ਅਰਜ਼ੀ, ਵਸੀਕਾ ਨਵੀਸਾਂ ਨੂੰ ਕਿਹਾ ਕਿ ਉਹ ਆਨਲਾਇਨ ਡਿਜੀਟਨ ਕਿਊ.ਆਰ. ਜਮਾਂਬੰਦੀਆਂ ਨੂੰ ਅਪਲੋਡ ਕਰਨਾ ਯਕੀਨੀ ਬਣਾਉਣ ਤਾਂ ਜੁ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ। ਇਸ ਦੌਰਾਨ ਉਨ੍ਹਾਂ ਹਦਾਇਤ ਕਰਦਿਆਂ ਕਿਹਾ ਕਿ ਆਮ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਨਾ ਆਉਣ ਦਿੱਤੀ ਜਾਵੇ।

### 200 ਲੀਟਰ ਲਾਹਣ ਸਣੇ ਇੱਕ ਗ੍ਰਿਫ਼ਤਾਰ, ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਵੱਲੋਂ ਪਿੰਡ ਪਾਲੀਵਾਲਾ ਵਿਖੇ ਛਾਪੇਮਾਰੀ ਕਰਕੇ 200 ਲੀਟਰ ਲਾਹਣ ਸਮੇਤ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਾਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਨੂੰ ਗਸ਼ਤ ਦੌਰਾਨ ਮੁਖਬਰ ਖਾਸ ਨੇ ਇਤਲਾਹ ਦਿੱਤੀ ਕਿ ਸੁਰਿੰਦਰ ਸਿੰਘ ਉਰਫ਼ ਪੰਮਾ ਪੁੱਤਰ ਪ੍ਰੀਤਮ ਸਿੰਘ ਵਾਸੀ ਪਾਲੀਵਾਲਾ ਆਪਣੇ ਘਰ ਵਿੱਚ ਲਾਹਣ ਪਾ ਕੇ ਨਜਾਇਜ਼ ਸ਼ਰਾਬ ਕੱਢਣ ਦਾ ਆਦੀ ਹੈ ਤੇ ਜੇਕਰ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਰੰਗੇ ਹੱਥੀ ਕਾਬੂ ਆ ਸਕਦਾ ਹੈ, ਜਿਸ 'ਤੇ ਪੁਲਸ ਪਾਰਟੀ ਨੇ ਛਾਪੇਮਾਰੀ ਕਰਕੇ 200 ਲੀਟਰ ਲਾਹਣ ਸਮੇਤ ਸੁਰਿੰਦਰ ਸਿੰਘ ਉਰਫ਼ ਪੰਮਾ ਪੁੱਤਰ ਪ੍ਰੀਤਮ ਸਿੰਘ ਵਾਸੀ ਪਾਲੀਵਾਲਾ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸਦੇ ਖਿਲਾਫ਼ ਥਾਣਾ ਵੈਰੋਕੇ ਵਿਖੇ ਆਬਕਾਰੀ ਐਕਟ ਤਹਿਤ ਪਰਚਾ ਦਰਜ ਕੀਤਾ ਗਿਆ ਹੈ।

# ਅਧਿਆਪਕ ਮਸਲਿਆਂ ਸੰਬੰਧੀ ਮੁੱਖ ਮੰਤਰੀ ਦੇ ਨਾਂਅ ਭੇਜਿਆ ਮੰਗ ਪੱਤਰ



**ਮਾਨਸਾ (ਆਤਮਾ ਸਿੰਘ ਪਮਾਰ)**-ਗੌਰਮਿੰਟ ਟੀਚਰਜ਼ ਯੂਨੀਅਨ ਦੀ ਸੂਬਾਈ ਕਾਰਜਕਾਰਨੀ ਦੇ ਫ਼ੈਸਲੇ ਅਨੁਸਾਰ ਅਧਿਆਪਕ ਤੇ ਮੁਲਾਜ਼ਮਾਂ ਦੇ ਮੰਗਾਂ ਮਸਲਿਆਂ ਤੋਂ ਧਿਆਨ ਵੱਟੀ ਬੈਠੀ ਪੰਜਾਬ ਸਰਕਾਰ ਨੂੰ ਜ਼ਿਲ੍ਹਾ ਇਕਾਈ ਮਾਨਸਾ ਦੇ ਪ੍ਰਧਾਨ ਨਰਿੰਦਰ ਸਿੰਘ ਮਾਖਾ ਦੀ ਅਗਵਾਈ ਹੇਠ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਮਾਨਸਾ (ਐਲੀ.ਸਿੱ.) ਮਦਨ ਲਾਲ ਕਟਾਰੀਆ ਰਾਹੀਂ ਮੰਗ ਪੱਤਰ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਸੌਂਪਿਆ। ਮੰਗ ਪੱਤਰ ਅਨੁਸਾਰ ਪੁਰਾਣੀ ਪੈਨਸ਼ਨ ਬਹਾਲ ਕਰਨਾ, ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਅਧਿਆਪਕਾਂ ਦੀਆਂ ਤਨਖਾਹ ਜਾਰੀ ਕਰਨਾ ਯਕੀਨੀ ਬਣਾਉਣਾ ਤੇ ਅਧਿਆਪਕਾਂ ਦੇ ਬਕਾਇਆ ਬਿੱਲ ਤੁਰੰਤ ਕਢਵਾਉਣਾ, ਅਧਿਆਪਕਾਂ ਦੇ ਹੱਕ 'ਚ ਹੋਏ ਫੈਸਲਿਆਂ ਨੂੰ ਜਰਨਲਾਈਜ਼ ਕਰਨਾ, ਰੀਕਾਸਟ ਲਿਸਟਾਂ ਤੁਰੰਤ ਰੱਦ ਕਰਨਾ, ਪੜ੍ਹਾਈ ਲਈ ਵਧੀਆ ਵਿੱਦਿਅਕ ਮਾਹੌਲ ਬਣਾਉਣ ਲਈ ਅਧਿਆਪਕਾਂ ਤੋਂ ਗੈਰ ਵਿੱਦਿਅਕ ਕੰਮ ਲੈਣੇ ਬੰਦ ਕਰਨ, ਸਾਰੇ ਕਾਡਰਾਂ ਦੀਆਂ ਤਰੱਕੀਆਂ ਤੁਰੰਤ ਕਰਨਾ, ਨਾਨ ਟੀਚਿੰਗ ਸਟਾਫ਼ ਦੀਆਂ ਖਾਲੀ ਅਸਾਮੀਆਂ ਪੁਰ ਕਰਨਾ, ਸਮੱਗਰਾ ਸਿੱਖਿਆ ਅਧੀਨ ਕੰਮ ਕਰਦੇ 59 ਐਸਐਸਏ ਦਫ਼ਤਰੀ ਕ੍ਰਮਚਾਰੀਆਂ ਨੂੰ ਪੱਕਾ ਕੀਤਾ ਜਾਣਾ, ਸਮਗਰਾ ਸਿੱਖਿਆ ਅਧੀਨ ਕੰਮ ਕਰਦੇ 29 ਮੁੱਖ ਅਧਿਆਪਕਾਂ ਦੀਆਂ ਖਤਮ ਕੀਤੀਆਂ ਸੇਵਾਵਾਂ ਬਹਾਲ ਕਰਨ, ਕੰਪਿਊਟਰ, ਮੈਰੀਟੋਰੀਅਸ, ਐਸੋਸੀਏਟ ਅਤੇ ਆਦਰਸ ਮਾਡਲ ਸਕੂਲਾਂ ਤੇ ਐਨਐਸ ਕਿਊ ਐਫ ਅਧਿਆਪਕਾਂ ਨੂੰ ਤੁਰੰਤ ਪੱਕਾ ਕਰਨਾ, ਐਸੋਸੀਏਟ ਅਧਿਆਪਕਾਂ ਤੇ ਲਾਗੂ ਕੀਤੇ ਜਾਣਾ, ਵੱਖ ਵੱਖ ਭਰਤੀ ਹੋਏ ਅਧਿਆਪਕਾਂ ਅਤੇ ਪਦਉਨਤ ਕੀਤੇ ਗਏ ਅਧਿਆਪਕਾਂ ਤੇ ਲੈਕਚਰਾਰਾਂ ਨੂੰ ਬਦਲੀ ਦਾ ਵਿਸ਼ੇਸ਼ ਮੌਕਾ ਦਿੱਤਾ ਜਾਵੇ। ਆਗੂਆਂ ਨੇ ਸਰਕਾਰ ਨੂੰ ਅਪੀਲ ਕੀਤੀ ਕਿ ਉਕਤ ਮਸਲਿਆਂ ਨੂੰ ਤੁਰੰਤ ਲਾਗੂ ਕੀਤੇ ਜਾਣ। ਅਜਹਾ ਨਾ ਹੋਣ ਦੀ ਸੂਰਤ 'ਚ ਜੱਥੇਬੰਦੀ ਤਿੱਖਾ ਸੰਘਰਸ਼ ਵਿੱਢਣ ਲਈ ਮਜਬੂਰ ਹੋਵੇਗੀ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਬਣੀ ਲੋਕ ਲਹਿਰ : ਗੋਲਡੀ ਕੰਬੋਜ



**ਜਲਾਲਾਬਾਦ (ਜੀਤ ਕੁਮਾਰ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਇਕ ਲੋਕ ਲਹਿਰ ਬਣ ਗਈ ਹੈ। ਇਹ ਗੱਲ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਪਿੰਡ ਲਮੋਚੜ ਕਲਾਂ 'ਚ ਕਰਾਏ ਜਾਗਰੂਕਤਾ ਸਮਾਗਮ ਦੌਰਾਨ ਆਖੀ। ਵਿਧਾਇਕ ਨੇ ਕਿਹਾ ਕਿ ਸਰਕਾਰ ਵੱਲੋਂ ਪਿੰਡ ਪਿੰਡ ਅਜਿਹੇ ਜਾਗਰੂਕਤਾ ਸਮਾਗਮ ਆਯੋਜਤ ਕੀਤੇ ਜਾ ਰਹੇ ਹਨ ਤਾਂ ਜੋ ਸਾਡੇ ਨੌਜਵਾਨਾਂ ਅਤੇ ਲੋਕਾਂ ਨੂੰ ਇਸ ਮੁਹਿੰਮ ਵਿਚ ਜੋੜਿਆ ਜਾ ਸਕੇ। ਉਨ੍ਹਾਂ ਕਿਹਾ ਕਿ ਹੁਣ ਨਸ਼ੇ ਦੀ ਸਪਲਾਈ ਲਾਈਨ ਟੁੱਟ ਚੁੱਕੀ ਹੈ। ਇਸ ਲਈ ਸਰਕਾਰ ਨਸ਼ਾ ਪੀੜਤਾਂ ਦੇ ਇਲਾਜ 'ਤੇ ਵੀ ਜ਼ੋਰ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਨਸ਼ਾ ਪੀੜਤਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ। ਵਿਧਾਇਕ ਨੇ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਸਰਕਾਰੀ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ। ਹੁਨਰ ਵਿਕਾਸ ਤੇ ਤਕਨੀਕੀ ਸਿੱਖਿਆ ਦਿੱਤੀ ਜਾ ਰਹੀ ਹੈ। ਨੌਜਵਾਨਾਂ ਨੂੰ ਸਾਰਥਿਕ ਗਤੀਵਿਧੀਆਂ ਨਾਲ ਜੋੜਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਾਡੇ ਨੌਜਵਾਨਾਂ ਦੀ ਭਲਾਈ ਦ੍ਰਿੜ ਸੰਕਲਪ ਲੈ ਕੇ ਕੰਮ ਕਰ ਰਹੀ ਹੈ।

## ਬੀ ਕੇ ਯੂ ਏਕਤਾ ਉਗਰਾਹਾਂ ਦੀ ਪਿੰਡਾਂ 'ਚ ਚੋਣ ਮੁਹਿੰਮ ਜਾਰੀ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਬਲਾਕ ਸੰਗਰੂਰ ਦੇ ਪਿੰਡਾਂ ਵਿੱਚ ਚੋਣ ਮੁਹਿੰਮ ਚੱਲ ਰਹੀ ਹੈ ਤੇ ਬਲਾਕ ਸੰਗਰੂਰ ਦੇ ਜਨਰਲ ਸਕੱਤਰ ਜਗਤਾਰ ਸਿੰਘ ਲੱਡੀ, ਖ਼ਜ਼ਾਨਚੀ ਕਰਮਜੀਤ ਸਿੰਘ ਮੰਗਵਾਲ, ਕਰਮਜੀਤ ਸਿੰਘ ਮੰਡੇਰ ਜਨਰਲ ਸਕੱਤਰ ਦੇ ਦਿਨ ਤੋਂ ਪਿੰਡਾਂ ਦੀਆਂ ਇਕਾਈਆਂ ਦੀਆਂ ਚੋਣਾਂ ਕਰਾਉਣ 'ਤੇ ਲੱਗੇ ਹੋਏ ਹਨ ਤੇ ਲਗਭਗ ਸਾਰੇ ਪਿੰਡਾਂ ਵਿੱਚੋਂ ਵੱਡਾ ਹੁੰਗਾਰਾ ਮਿਲ ਰਿਹਾ ਹੈ ਅਤੇ ਨਾਲ ਹੀ ਪਿੰਡਾਂ ਵਿੱਚ ਔਰਤਾਂ-ਭੈਣਾਂ ਦੀਆਂ ਇਕਾਈਆਂ ਵੀ ਬਣ ਰਹੀਆਂ ਹਨ ਤੇ ਨੌਜਵਾਨ ਵੀ ਜੁਲਮ ਨਾਲ ਲੈ ਕੇ ਪਿੰਡਾਂ ਵਿੱਚ ਵੱਡੇ ਪੱਧਰ ਤੇ ਇਸ ਚੋਣ ਕਰਕੇ ਇਕਾਈਆਂ ਵਿੱਚ ਹਿੱਸਾ ਲੈ ਰਹੇ ਹਨ, ਕਿਉਂਕਿ ਸਰਕਾਰ ਦਾ ਜੋ ਹਮਲਾ ਜ਼ਮੀਨਾਂ ਉੱਪਰ ਜਿਵੇਂ ਕਿ ਲੁਧਿਆਣਾ 'ਚ 243.11 ਏਕੜ ਜ਼ਮੀਨ ਅਤੇ ਸੋਹੀਆਂ ਵਾਲੀ ਜ਼ਮੀਨ 'ਤੇ ਹਮਲਾ ਹੈ, ਜਿਸ ਤੋਂ ਲੋਕ ਸਮਝ ਚੁੱਕੇ ਹਨ ਕਿ ਜੇਕਰ ਸਰਕਾਰ ਇਸ ਤਰਾਂ ਜ਼ਮੀਨਾਂ ਉੱਪਰ ਹਮਲਾ ਕਰੇਗੀ ਤਾਂ ਪਿੰਡਾਂ ਦੇ ਪਿੰਡ ਵਿਹਲੇ ਹੋ ਜਾਣਗੇ।

ਇਸ ਲਈ ਲੋਕਾਂ ਨੇ ਜਥੇਬੰਦੀਆਂ ਦਾ ਰਾਹ ਅਪਣਾ ਲਿਆ ਹੈ ਤੇ ਲਗਾਤਾਰ ਸਰਕਾਰ ਕਿਸਾਨਾਂ ਤੇ ਮਜ਼ਦੂਰਾਂ ਅਤੇ ਮੁਲਾਜ਼ਮਾਂ ਉੱਪਰ ਹਮਲਾ ਕਰਨ 'ਤੇ ਲੱਗੀ ਹੋਈ ਹੈ, ਇਸ ਨੂੰ ਮੋੜਨ ਲਈ ਲੋਕਾਂ ਨੂੰ ਜਾਗਰੂਕ ਕਰਨ ਲਈ ਇਹ ਮੁਹਿੰਮ ਚੱਲ ਰਹੀ ਹੈ ਜਿਹੜਾ ਕਿ ਮਜ਼ਦੂਰ ਜਥੇਬੰਦੀਆਂ ਉੱਪਰ ਵੀ ਵੱਡਾ ਅਟੈਕ ਹੋ ਰਿਹਾ ਹੈ ਤੇ ਜੇਲ੍ਹਾਂ ਵਿੱਚ ਬੰਦ ਕੀਤੇ ਜਾ ਰਹੇ ਆਗੂਆਂ ਨੂੰ ਰਿਹਾਅ ਕਰਾਉਣ ਲਈ ਵੀ ਲੋਕ ਮੈਦਾਨ ਵਿੱਚ ਵੱਡੀ ਪੱਧਰ ਤੇ ਆਉਣ ਲਈ ਹੁੰਗਾਰਾ ਦੇ ਰਹੇ ਹਨ।

## ਨਸ਼ਾ ਤਸਕਰ ਦੀ 98 ਲੱਖ ਦੀ ਪ੍ਰਾਪਰਟੀ ਅਟੈਚ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਸਬ ਡਵੀਜ਼ਨ ਪਾਤੜਾਂ ਦੇ ਪਿੰਡ ਕਾਹਨਗੜ੍ਹ ਵਿਖੇ ਇੱਕ ਨਸ਼ਾ ਤਸਕਰ ਦੀ 98 ਲੱਖ ਰੁਪਏ ਦੀ ਪ੍ਰਾਪਰਟੀ ਅਟੈਚ ਕੀਤੀ ਗਈ ਹੈ।ਅਦਾਲਤ ਦੇ ਹੁਕਮਾਂ 'ਤੇ ਅਟੈਚ ਕੀਤੀ ਇਸ ਪ੍ਰਾਪਰਟੀ ਦਾ ਨੋਟਿਸ ਸਬੰਧਤ ਨਸ਼ਾ ਤਸਕਰ ਦੇ ਘਰ ਅੱਗੇ ਡੀ ਐਸ ਪੀ ਪਾਤੜਾਂ ਇੰਦਰਪਾਲ ਸਿੰਘ ਚੌਹਾਨ ਦੀ ਅਗਵਾਈ ਵਿੱਚ ਗਈ ਪੁਲਸ ਪਾਰਟੀ ਨੇ ਚਿਪਕਾਇਆ ਹੈ ਦੇ ਨਾਲ ਨਾਲ ਸੰਬੰਧਤ ਪਰਵਾਰ ਨੂੰ ਰਸਮੀ ਕਰਵਾਈ ਗਈ।ਡੀ ਐਸ ਪੀ ਇੰਦਰਪਾਲ ਸਿੰਘ ਚੌਹਾਨ ਨੇ ਦੱਸਿਆ ਕਿ ਕਾਹਨਗੜ੍ਹ ਵਾਸੀ ਰਣਜੀਤ ਸਿੰਘ ਉਰਫ ਜੀਤਾ ਪਿਛਲੇ ਕਾਫੀ ਸਮੇਂ ਤੋਂ ਨਸ਼ਿਆਂ ਦੀ ਤਸਕਰੀ ਕਰਦਾ ਆ ਰਿਹਾ ਸੀ ਅਤੇ ਉਸ ਵੱਲੋਂ ਨਸ਼ਿਆਂ ਰਾਹੀਂ ਕੀਤੀ ਗਈ ਕਮਾਈ ਵਿੱਚੋਂ ਉਸਾਰੀ ਗਈ ਕੋਠੀ ਅਤੇ ਪਿੰਡ ਸ਼ੁਤਰਾਣਾ ਵਿਖੇ ਉਕਤ ਵਿਅਕਤੀ ਅਤੇ ਉਸ ਦੀ ਪਤਨੀ ਦੇ ਨਾਮ ਵਾਲੀ ਜ਼ਮੀਨ ਅਟੈਚ ਕੀਤੀ ਗਈ ਹੈ।ਉਹਨਾਂ ਦੱਸਿਆ ਕਿ ਅਦਾਲਤ ਦੇ ਹੁਕਮਾਂ ਤੇ ਅਟੈਚ ਕੀਤੀ ਗਈ ਉਕਤ ਪ੍ਰੋਪਰਟੀ ਸੰਬੰਧਤ ਪਰਵਾਰ ਨਾ ਤਾਂ ਵੇਚ ਸਕੇਗਾ ਤੇ ਨਾ ਹੀ ਕਿਸੇ ਹੋਰ ਦੇ ਨਾਮ ਟ੍ਰਾਂਸਫਰ ਕਰ ਸਕੇਗਾ।ਉਹਨਾਂ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਕਿਸੇ ਨੂੰ ਵੀ ਇਲਾਕੇ ਵਿੱਚ ਨਸ਼ਿਆਂ ਦੀ ਤਸਕਰੀ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ।ਇਸ ਮੌਕੇ ਥਾਣਾ ਮੁਖੀ ਪਾਤੜਾਂ ਹਰਮਿੰਦਰ ਸਿੰਘ ਅਤੇ ਲਾਅ ਅਫਸਰ ਗੁਰਨਦੀਪ ਸਿੰਘ ਹਾਜ਼ਰ ਸਨ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਹੋਈ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਫਰੀਦਕੋਟ ਦੀ ਮੀਟਿੰਗ ਰੈਸਟ ਹਾਊਸ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਡਾਕਟਰ ਅੰਮ੍ਰਿਤਪਾਲ ਸਿੰਘ ਟਹਿਣਾ ਨੇ ਕੀਤੀ। ਜ਼ਿਲ੍ਹਾ ਕੈਸ਼ੀਅਰ ਡਾਕਟਰ ਐਚ.ਐਸ ਵੰਡਰਾ, ਜ਼ਿਲ੍ਹਾ ਡੈਲੀਗੇਟ ਡਾਕਟਰ ਵਿਜੇ ਪਾਲ ਕੰਮਿਆਣਾ, ਡਾਕਟਰ ਗੁਰਤੇਜ ਸਿੰਘ ਦਾਨਾ ਰੁਮਾਣਾ, ਡਾ. ਸੁਖਦੇਵ ਸਿੰਘ ਜ਼ਿਲ੍ਹਾ ਪ੍ਰਧਾਨ ਡਾਕਟਰ ਰਸ਼ਪਾਲ ਸਿੰਘ ਵਿਸ਼ੇਸ਼ ਤੌਰ 'ਤੇ ਪੁੱਜੇ। ਜਨਰਲ ਸਕੱਤਰ ਡਾਕਟਰ ਕੁਲਵੰਤ ਸਿੰਘ ਚਹਿਲ ਨੇ ਮੀਟਿੰਗ ਦੀ ਸ਼ੁਰੂਆਤ ਕੀਤੀ। ਡਾਕਟਰ ਰਸ਼ਪਾਲ ਸਿੰਘ ਸੰਧੂ ਨੇ ਡਾ. ਸੇਵਕ ਸਿੰਘ ਬਰਾੜ ਦੇ ਪਿਤਾ ਬੂੜ ਸਿੰਘ ਜੋ ਵਿਛੋੜਾ ਦੇ ਗਏ ਸਨ, ਵਾਹਿਗੁਰੂ ਅੱਗੇ ਅਰਦਾਸ ਕੀਤੀ ਤੇ ਦਿਲ ਦੀਆਂ ਗਹਿਰਾਈਆਂ ਤੋਂ ਦੁੱਖ ਦਾ ਪ੍ਰਗਟਾਵਾ ਕੀਤਾ। ਸਾਰੇ ਡਾਕਟਰ ਸਾਥੀਆਂ ਨੂੰ ਸਾਫ਼ ਸੁਥਰੀ ਪ੍ਰੈਕਟਿਸ ਕਰਨ, ਭਰੂਣ ਹੱਤਿਆ ਤੇ ਨਸ਼ਿਆਂ ਆਦਿ ਦੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਲਈ ਕਿਹਾ। ਮੀਟਿੰਗ ਉਪਰੰਤ ਬਲਾਕ ਪ੍ਰਧਾਨ ਡਾਕਟਰ ਅੰਮ੍ਰਿਤਪਾਲ ਸਿੰਘ ਟਹਿਣਾ ਤੇ ਉਨ੍ਹਾਂ ਦੀ ਐਗਜੈਕਟਿਵ ਤੇ ਜ਼ਿਲ੍ਹਾ ਡੈਲੀਗੇਟ ਸਾਹਿਬਾਨਾਂ ਨੇ ਨਵੇਂ ਬਣੇ ਡਾਕਟਰ ਮੈਂਬਰਾਂ ਨੂੰ ਪ੍ਰਮਾਣ ਪੱਤਰ ਤੇ ਆਈ ਕਾਰਡ ਦਿੱਤੇ ਤੇ ਜਥੇਬੰਦੀ ਦੇ ਰੂਲਜ ਅਤੇ ਏਕਤਾ ਬਣਾਈ ਰੱਖਣ ਲਈ ਸਾਥੀਆਂ ਨੂੰ ਪ੍ਰੇਰਤ ਕੀਤਾ।

## ਦੇਸ਼ ਭਗਤ ਗਲੋਬਲ ਸਕੂਲ 'ਚ ਕਵਿਤਾ ਗਾਇਨ ਤੇ ਸਵੈ ਜਾਣ ਪਛਾਣ ਮੁਕਾਬਲੇ ਕਰਾਏ

**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਦੇਸ਼ ਭਗਤ ਕੈਂਪਸ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾਕਟਰ ਜ਼ੋਰਾ ਸਿੰਘ ਤੇ ਪ੍ਰੋ. ਚਾਂਸਲਰ ਡਾਕਟਰ ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰ. ਡਾਕਟਰ ਸੰਜੀਵ ਜਿੰਦਲ ਤੇ ਵਾਈਸ ਪ੍ਰਿੰ. ਡਾਕਟਰ ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿੱਚ ਵਿਦਿਆਰਥੀਆਂ ਦੇ ਆਤਮਵਿਸ਼ਵਾਸ ਤੇ ਭਾਸ਼ਾਈ ਕੌਸ਼ਲ ਨੂੰ ਉਭਾਰਨ ਲਈ ਕਵਿਤਾ ਗਾਇਨ ਅਤੇ ਸਵੈ ਜਾਣ-ਪਛਚਾਣ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਕਵਿਤਾ ਗਾਇਨ ਮੁਕਾਬਲੇ ਵਿੱਚ ਪਲੇਵੇ ਤੋਂ ਯੂਕੇਜੀ ਤੱਕ ਤੇ ਸਵੈ ਜਾਣ ਪਛਾਣ ਮੁਕਾਬਲੇ ਵਿੱਚ ਜਮਾਤ ਪਹਿਲੀ ਤੇ ਦੂਜੀ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ।ਕਵਿਤਾ ਗਾਇਨ ਦੌਰਾਨ ਬੱਚਿਆਂ ਨੇ ਸੁੰਦਰ ਕਵਿਤਾਵਾਂ ਪੇਸ਼ ਕਰਕੇ ਸਭ ਦਾ ਮਨ ਮੋਹ ਲਿਆ।ਸਵੈ ਜਾਣ-ਪਛਾਣ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਆਪਣਾ ਨਾਂਅ, ਰੁਚੀਆਂ, ਪ੍ਰਾਪਤੀਆਂ ਅਤੇ ਜ਼ਿੰਦਗੀ ਦੇ ਉਦੇਸ਼ ਬਾਰੇ ਸੁਚੱਜੇ ਤਰੀਕੇ ਨਾਲ ਜਾਣਕਾਰੀ ਦਿੱਤੀ, ਜਿਸ ਨਾਲ ਉਨ੍ਹਾਂ ਦੀ ਆਤਮ-ਅਭਿਵੈਕਤੀ ਦੀ ਕਾਬਲਿਅਤ ਸਾਹਮਣੇ ਆਈ।




## 10 ਗ੍ਰਾਮ ਹੈਰੋਇਨ, ਲਾਈਟਰ, ਸਿਲਵਰ ਪੰਨੀ ਤੇ ਸੜੇ 10 ਦੇ ਨੋਟ ਸਮੇਤ 2 ਵਿਅਕਤੀ ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਹੈਰੋਇਨ ਦਾ ਸੇਵਨ ਕਰਨ ਤੇ ਲਾਇਟਰ, ਸਿਲਵਰ ਪੰਨੀ 10 ਰੁਪਏ ਸੜਿਆ ਨੋਟ ਸਣੇ ਤੇ ਥਾਣਾ ਵੈਰੋਕੇ ਦੀ ਪੁਲਸ ਵੱਲੋਂ ਇੱਕ ਵਿਅਕਤੀ ਨੂੰ 10 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਗੁੰਮਾਨੀਵਾਲਾ ਖੂਹ, ਚੱਕ ਬਲੋਚਾ, ਢਾਬ ਕੜਿਆਲ ਆਦਿ ਪਿੰਡ ਲਈ ਰਵਾਨਾ ਸੀ ਅਤੇ ਜਦੋਂ ਪੁਲਸ ਪਾਰਟੀ ਦਾਣਾ ਮੰਡੀ ਵੈਰੋਕੇ ਦੇ ਕੋਲ ਪੁੱਜੀ ਤਾਂ ਸਾਹਮਣੇ ਤੋਂ ਪਿੰਡ ਮਹਾਲਮ ਵਾਲੀ ਸਾਇਡ ਤੋਂ ਇਕ ਮੋਨਾ ਨੌਜਵਾਨ ਵਿਅਕਤੀ ਆਉਂਦਾ ਦਿਖਾਈ ਦਿੱਤਾ, ਜੋ ਪੁਲਸ ਪਾਰਟੀ ਦੀ ਗੱਡੀ ਵੇਖ ਕੇ ਘਬਰਾ ਕੇ ਇਕਦਮ ਆਪਣੇ ਸੱਜੇ ਹੱਥ ਨੂੰ ਮੁੜ ਕੇ ਤੇਜ ਰਫ਼ਤਾਰ ਨਾਲ ਜਾਣ ਲੱਗਿਆ, ਸਾਥੀ ਕ੍ਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 10 ਗ੍ਰਾਮ ਹੈਰੋਇਨ ਬਰਾਮਦ ਹੋਈ। ਇਸ ਦੌਰਾਨ ਸੁਖਵਿੰਦਰ ਸਿੰਘ ਉਰਫ ਰਵੀ ਪੁੱਤਰ ਹਰਭਜਨ ਸਿੰਘ ਵਾਸੀ ਢਾਬ ਕੜਿਆਲ ਨੂੰ ਹੈਰੋਇਨ ਸਮੇਤ ਕਾਬੂ ਕਰਨ ਉਪਰੰਤ ਥਾਣਾ ਵੈਰੋਕੇ ਵਿਖੇ ਧਾਰਾ 21/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤਾ ਗਿਆ ਹੈ। ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਏਰੀਏ ਵਿੱਚ ਮੌਜੂਦ ਸੀ ਤਾਂ ਜਦੋਂ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਫੱਤੂਵਾਲਾ ਨੂੰ ਜਾ ਰਹੇ ਸੀ ਅਤੇ ਉਹ ਪਿੰਡ ਫੱਤੂ ਵਾਲਾ ਤੋਂ ਅੱਧਾ ਕਿਲੋਮੀਟਰ ਪਿੱਛੇ ਸੀ ਤਾਂ ਰੇਤ ਵਾਲੇ ਖੱਡੇ-ਝਾੜੀਆਂ ਵਿੱਚ ਇਕ ਨੌਜਵਾਨ ਸਿਲਵਰ ਪੇਪਰ (ਪੰਨੀ) ਹੇਠਾ ਲਾਇਟਰ ਜਲਾ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ। ਪੁਲਸ ਪਾਰਟੀ ਨੇ ਇਸ ਵਿਅਕਤੀ ਨੂੰ ਇਕ ਲਾਇਟਰ, ਸਿਲਵਰ ਪੰਨੀ, 10 ਰੁਪਏ ਦਾ ਨੋਟ ਥੋੜ੍ਹਾ ਜਲਿਆ ਹੋਇਆ ਸਮੇਤ ਸੋਨੂੰ ਸਿੰਘ ਪੁੱਤਰ ਜੰਗੀਰ ਸਿੰਘ ਵਾਸੀ ਫੱਤੂਵਾਲਾ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਵਿਅਕਤੀ ਦੇ ਵਿਰੁੱਧ ਥਾਣਾ ਸਦਰ ਜਲਾਲਾਬਾਦ ਵਿਖੇ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਕੇ ਪੁਲਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਮੋਟਰਸਾਈਕਲਾਂ ਦੀ ਆਪਸੀ ਟੱਕਰ 'ਚ 2 ਨੌਜਵਾਨ ਤੇ 1 ਔਰਤ ਗੰਭੀਰ ਜ਼ਖ਼ਮੀ




**ਨਾਭਾ (ਵਰਿੰਦਰ ਵਰਮਾ)**-ਨਾਭਾ ਭਵਾਨੀਗੜ੍ਹ ਓਵਰਬ੍ਰਿਜ ਉੱਤੇ 2 ਮੋਟਰਸਾਈਕਲਾਂ ਵਿਚਕਾਰ ਆਹਮੋ ਸਾਹਮਣੇ ਟੱਕਰ ਹੋ ਗਈ। ਇਹ ਹਾਦਸਾ ਏਨਾ ਭਿਆਨਕ ਸੀ ਕਿ ਮੋਟਰਸਾਈਕਲ ਸਵਾਰ 2 ਨੌਜਵਾਨ ਜੋ ਫੈਕਟਰੀ ਦੇ ਵਿੱਚ ਰਾਤ ਦੀ ਡਿਊਟੀ ਕਰਨ ਉਪਰੰਤ ਵਾਪਸ ਆਪਣੇ ਪਿੰਡ ਪਾਲੀਆ ਵਿਖੇ ਜਾ ਰਹੇ ਸਨ। ਇਨ੍ਹਾਂ ਵਿੱਚੋਂ ਇੱਕ ਨੌਜਵਾਨ ਪੁਲ ਦੇ ਤਕਰੀਬਨ 70 ਫੁੱਟ ਉੱਤੋਂ ਹੇਠਾਂ ਡਿੱਗ ਪਿਆ ਤਾਂ ਉਸਦੀ ਮੌਤ ਹੋ ਗਈ ਤੇ ਉਸਦਾ ਨਾਲ ਦਾ ਸਾਥੀ ਵੀ ਗੰਭੀਰ ਰੂਪ ਵਿੱਚ ਫੱਟੜ ਹੋ ਗਿਆ ਅਤੇ ਦੂਜਾ ਮੋਟਰਸਾਈਕਲ ਸਵਾਰ ਮਾਂ-ਪੁੱਤ ਵੀ ਇਸ ਹਾਦਸੇ ਦੇ ਦੌਰਾਨ ਗੰਭੀਰ ਫੱਟੜ ਹੋ ਗਏ। ਇਨ੍ਹਾਂ ਨੂੰ 108 ਐਂਬੂਲੈਂਸ ਦੀ ਮੱਦਦ ਨਾ ਮਿਲਣ ਦੇ ਚੱਲਦਿਆਂ ਰਾਹਗੀਰਾਂ ਵੱਲੋਂ ਹਸਪਤਾਲ ਲਿਆਂਦਾ ਗਿਆ।

ਗੰਭੀਰ ਸਥਿਤੀ ਦੇ ਚੱਲਦਿਆਂ ਇਨ੍ਹਾਂ ਦੋ ਨੌਜਵਾਨਾਂ ਨੂੰ ਪਟਿਆਲਾ ਵਿਖੇ ਰੈਫਰ ਕਰ ਦਿੱਤਾ ਗਿਆ ਅਤੇ ਦੂਜੇ ਪਾਸੇ ਮੋਟਰਸਾਈਕਲ ਸਵਾਰ ਮਾਂ-ਪੁੱਤ ਵੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਏ, ਜੋ ਸਰਕਾਰੀ ਹਸਪਤਾਲ ਵਿੱਚ ਜੇਰੇ ਇਲਾਜ ਹਨ। ਰੈਫਰ ਕੀਤੇ ਨੌਜਵਾਨ ਦੇ ਦੋਸਤ ਨੇ ਕਿਹਾ ਕਿ ਜਦੋਂ ਇਹ ਹਾਦਸਾ ਵਾਪਰਿਆ ਤਾਂ ਅਸੀਂ ਤੁਰੰਤ ਹੀ 108 ਐਂਬੂਲੈਂਸ ਨੂੰ ਫੋਨ ਕੀਤਾ ਪਰ ਕਿਸੇ ਨੇ ਸਾਡਾ ਫੋਨ ਨਹੀਂ ਚੱਕਿਆ। ਨਾਭਾ ਹਸਪਤਾਲ ਦੇ ਵਿੱਚ ਦੋ ਐਂਬੂਲੈਂਸਾਂ ਖੜੀਆਂ ਹਨ ਪਰ ਇਸ ਦਾ ਕੀ ਫਾਇਦਾ ਜਦੋਂ ਮੌਕੇ ਤੇ ਮਦਦ ਹੀ ਨਹੀਂ ਹੋਈ। ਪ੍ਰਤੱਖਦਰਸ਼ੀ ਨੇ ਕਿਹਾ ਕਿ ਜਦੋਂ ਇਹ ਹਾਦਸਾ ਵਾਪਰਿਆ ਤਾਂ ਇੱਕ ਨੌਜਵਾਨ ਤਾਂ ਪੁਲ ਦੇ ਹੇਠਾਂ ਡਿੱਗ ਗਿਆ ਤੇ ਨਾਲ ਦਾ ਉਸਦਾ ਸਾਥੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਸਰਕਾਰੀ ਹਸਪਤਾਲ ਦੇ ਡਾਕਟਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਸੜਕੀ ਹਾਦਸੇ ਦੇ ਦੌਰਾਨ ਸਾਡੇ ਕੋਲ ਕੁੱਲ ਚਾਰ ਵਿਅਕਤੀ ਆਏ ਹਨ, ਜਿਨ੍ਹਾਂ ਵਿੱਚੋਂ ਦੋ ਨਾਜ਼ੁਕ ਸਥਿਤੀ ਦੇ ਚੱਲਦਿਆਂ ਪਟਿਆਲਾ ਰੈਫਰ ਕਰ ਦਿੱਤਾ ਗਿਆ ਤੇ ਦੋ ਨਾਭਾ ਦੇ ਹਸਪਤਾਲ ਦੇ ਵਿੱਚ ਜੇਰੇ ਇਲਾਜ ਹਨ।

## ਡਾ. ਅਰੋੜਾ ਨੇ ਵਾਰਡ ਨੰਬਰ 50 'ਚ ਸਬਮਰਸੀਬਲ ਬੋਰ ਦਾ ਕਰਾਇਆ ਕੰਮ ਆਰੰਭ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਲਕਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਵੱਲੋਂ ਵਾਰਡ ਨੰਬਰ 50 ਅਧੀਨ ਆਉਂਦੀ ਗ੍ਰੀਨ ਗਰੋਵਰ ਵਾਲੀ ਗਲੀ 'ਚ 25 ਲੱਖ ਰੁਪਏ ਦੀ ਲਾਗਤ ਨਾਲ ਪੀਣ ਵਾਲੇ ਪਾਣੀ ਲਈ ਸਬਮਰਸੀਬਲ ਬੋਰ ਦੇ ਕੰਮ ਦਾ ਆਰੰਭ ਕਰਾਇਆ ਗਿਆ।ਨਗਰ ਨਿਗਮ ਦੇ ਮੇਅਰ ਬਲਜੀਤ ਸਿੰਘ ਚਾਨੀ, ਕੌਂਸਲਰ ਜਸਵਿੰਦਰ ਸਿੰਘ ਕਾਕਾ ਤੋਂ ਇਲਾਵਾ ਇਲਾਕਾ ਨਿਵਾਸੀ ਤੇ ਆਮ ਆਦਮੀ ਪਾਰਟੀ ਦੇ ਵਰਕਰ ਅਤੇ ਵਲੰਟੀਅਰ ਮੌਜੂਦ ਸਨ।ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੋਗਾ ਸ਼ਹਿਰ ਦੇ ਲੋਕਾਂ ਨਾਲ ਕੀਤੇ ਵਾਅਦੇ ਅਨੁਸਾਰ ਤੇ ਪੀਣ ਵਾਲੇ ਪਾਣੀ ਦੀ ਮੰਗ ਨੂੰ ਦੇਖਦੇ ਹੋਏ ਕੌਂਸਲਰ ਜਸਵਿੰਦਰ ਸਿੰਘ ਕਾਕਾ ਦੇ ਵਾਰਡ 50 ਵਿੱਚ ਸਮਰਸੀਬਲ ਬੋਰ ਦਾ ਕੰਮ ਦਾ ਆਰੰਭ ਕਰਾ ਦਿੱਤਾ ਗਿਆ ਹੈ, ਤਾਂ ਜੁ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸਮੱਸਿਆ ਤੋਂ ਕੁਝ ਰਾਹਤ ਮਿਲ ਸਕੇ।ਉਨ੍ਹਾਂ ਕਿਹਾ ਕਿ ਮੋਗਾ ਹਲਕੇ ਦੇ ਵਾਰਡਾਂ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਚੱਲ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਵਾਰਡ ਦੇ ਕਿਸੇ ਵੀ ਨਿਵਾਸੀ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ, ਤਾਂ ਇਹ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀ ਜਾਵੇ, ਜਿਸਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।

# ਯੁੱਧ ਨਸ਼ਿਆਂ ਵਿਰੁੱਧ : ਨਸ਼ੇ ਦੀ ਬਿਮਾਰੀ ਨੂੰ ਜੜ੍ਹੋਂ ਖਤਮ ਕਰਨ ਲਈ ਸਮਾਜ ਦਾ ਹਾਂ ਪੱਖੀ ਹੁੰਗਾਰਾ ਬਹੁਤ ਜ਼ਰੂਰੀ : ਖੁੱਡੀਆਂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਦਾ ਸੱਦਾ ਦਿੰਦੇ ਹੋਏ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਕੈਬਨਿਟ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਨੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਹਲਕਾ ਲੰਬੀ ਦੇ ਪਿੰਡ ਬਣਵਾਲਾ ਅਣੂ, ਮਿੱਡੂ ਖੇੜਾ ਅਤੇ ਕਿੱਲਿਆਂਵਾਲੀ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਜਾਗਰੂਕਤਾ ਪ੍ਰੋਗਰਾਮਾਂ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਨਸ਼ੇ ਦੀ ਬਿਮਾਰੀ ਨੂੰ ਜੜ੍ਹੋਂ ਖਤਮ ਕਰਨ ਲਈ ਸਮਾਜ ਦਾ ਹਾਂ ਪੱਖੀ ਹੁੰਗਾਰਾ ਬਹੁਤ ਜ਼ਰੂਰੀ ਹੈ।ਉਨ੍ਹਾ ਕਿਹਾ ਕਿ ਇਹਨਾਂ ਪ੍ਰੋਗਰਾਮਾਂ ਦਾ ਮੁੱਖ ਮਕਸਦ ਵੀ ਪਿੰਡ ਵਾਸੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨਾ ਅਤੇ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਲਈ ਸਮੂਹ ਸਮਾਜ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨਾ ਹੈ।ਕੈਬਨਿਟ ਮੰਤਰੀ ਨੇ ਪਿੰਡ ਵਾਸੀਆਂ ਨੂੰ ਨਸ਼ਿਆਂ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਬਚਾਉਣ ਅਤੇ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਮੁਫਤ ਇਲਾਜ ਦੀ ਸਹੂਲਤ ਦਾ ਲਾਭ ਉਠਾਉਣ ਦੀ ਅਪੀਲ ਕੀਤੀ। ਉਨ੍ਹਾਂ ਲੋਕਾਂ ਨੂੰ ਨਸ਼ਾ ਵੇਚਣ ਵਾਲਿਆਂ ਦੀ ਸੂਚਨਾ ਪੁਲਿਸ ਨੂੰ ਦੇਣ ਅਤੇ ਅਜਿਹੇ ਵਿਅਕਤੀਆਂ ਦਾ ਸਮਾਜਿਕ ਬਾਈਕਾਟ ਕਰਨ ਦੀ ਅਪੀਲ ਕੀਤੀ, ਜਿਸ ਦੀ ਪਛਾਣ ਗੁਪਤ ਰੱਖੀ ਜਾਵੇਗੀ। ਇਸ ਮੌਕੇ ਪਿੰਡਾਂ ਦੀਆਂ ਪੰਚਾਇਤਾਂ, ਸਰਪੰਚਾਂ, ਅਤੇ ਵੱਡੀ ਗਿਣਤੀ ਵਿੱਚ ਨੌਜਵਾਨਾਂ ਸਮੇਤ ਸਮੂਹ ਪਿੰਡ ਵਾਸੀਆਂ ਨੇ ਸਹੁੰ ਚੁੱਕੀ, ਕਿ ਉਹ ਨਸ਼ਿਆਂ ਦੇ ਵਿਰੁੱਧ ਇਸ ਜੰਗ ਵਿੱਚ ਸਰਕਾਰ ਦਾ ਪੂਰਨ ਸਹਿਯੋਗ ਦੇਣਗੇ।ਇਸ ਮੌਕੇ ਯੂਥ ਆਗੂ ਅਮੀਤ ਸਿੰਘ ਖੁੱਡੀਆਂ, ਡਾ. ਗੁਰਦਿੱਤ ਸਿੰਘ ਡਿਪਟੀ ਡਾਇਰੈਕਟਰ, ਡਾ. ਕਰਨਜੀਤ ਸਿੰਘ ਗਿੱਲ, ਮੁੱਖ ਖੇਤੀਬਾੜੀ ਅਫ਼ਸਰ, ਨਸ਼ਾ ਮੁਕਤੀ ਮੋਰਚੇ ਦੇ ਜ਼ਿਲ੍ਹਾ ਇੰਚਾਰਜ ਮਨਵੀਰ ਸਿੰਘ ਖੁੱਡੀਆਂ ਤੋਂ ਇਲਾਵਾ ਹਲਕਾ ਲੰਬੀ ਮੋਰਚੇ ਦੇ ਇੰਚਾਰਜ ਪਰਮਪਾਲ ਸਿੰਘ, ਕੈਬਨਿਟ ਮੰਤਰੀ ਦੇ ਨਿੱਜੀ ਸਹਾਇਕ ਗੁਰਬਾਜ ਸਿੰਘ ਖੁੱਡੀਆਂ, ਡੀ.ਐਸ.ਪੀ. ਲੰਬੀ ਜਸਪਾਲ ਸਿੰਘ ਧਾਲੀਵਾਲ, ਰਾਕੇਸ਼ ਬਿਸ਼ਨੋਈ ਬੀਡੀਪੀਓ, ਗੁਰਬਾਜ ਸਿੰਘ ਵਣਵਾਲਾ, ਰਛਪਾਲ ਸਿੰਘ ਚੇਅਰਮੈਨ, ਗੁਰਮੇਲ ਸਿੰਘ ਸਰਪੰਚ, ਸਰਬਜੀਤ ਸਿੰਘ ਮਿੱਡੂ ਖੇੜਾ, ਬਾਬਾ ਬਲਕਾਰ ਸਿੰਘ, ਮਾਸਟਰ ਰਾਮ ਸਿੰਘ, ਗੁਰਭਜਨ ਸਿੰਘ, ਨਿਰਮਲ ਸਿੰਘ, ਜਸਵਿੰਦਰ ਸਿੰਘ ਮਿੱਡੂ ਖੇੜਾ, ਮਲਕੀਤ ਸਿੰਘ ਸਰਪੰਚ ਮਿੱਡੂ ਖੇੜਾ, ਪਰਮ ਭਾਗੂ ਸਰਪੰਚ, ਰਾਜਾ ਮਾਹੂਆਣਾ, ਨਾਨਕਦੀਪ ਸਿੰਘ, ਤਰਸੇਮ ਸਿੰਘ, ਬਿੱਟੂ ਸਿੰਘ ਸਾਬਕਾ ਸਰਪੰਚ ਮਿੱਡੂ ਖੇੜਾ, ਬੱਬੂ ਨੰਬਰਦਾਰ, ਮਿੱਡੂ ਖੇੜਾ, ਗੁਰੀ ਮਿੱਡੂ ਖੇੜਾ, ਰਾਜਾ ਭੀਟੀਵਾਲ, ਸੋਮ ਪ੍ਰਕਾਸ਼, ਹਿਮਾਂਸ਼ੂ, ਤੇਜਾ ਸਿੰਘ, ਦੀਪਕ, ਰੂਪ ਪ੍ਰਧਾਨ, ਰਾਜ ਮੈਂਬਰ, ਮੰਗਾ ਸਿੰਘ ਨੰਬਰਦਾਰ, ਐਸ.ਐਚ.ਓ. ਕਿੱਲਿਆਂਵਾਲੀ ਕਰਮਜੀਤ ਕੌਰ ਅਤੇ ਹੋਰਨਾਂ ਪਿੰਡਾਂ ਦੀਆਂ ਪੰਚਾਇਤਾਂ ਹਾਜ਼ਰ ਸਨ।

# ਪੰਜਾਬੀ ਯੂਨੀਵਰਸਿਟੀ ਵਿਖੇ ਸੇਵਾ-ਨਵਿਰਤ ਪ੍ਰੋਫ਼ੈਸਰਾਂ ਨੇ ਕਰਵਾਇਆ ਸਮਾਗਮ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਸੇਵਾ-ਨਵਿਰਤ ਪ੍ਰੋਫ਼ੈਸਰਾਂ ਲਈ ਸਥਾਪਤ ਕੀਤੇ ਹੋਏ ਪ੍ਰੋਫ਼ੈਸਰ ਭਵਨ ਵਿਖੇ ਇੱਕ ਵਿਸ਼ੇਸ਼ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਪੰਜਾਬੀ ਯੂਨੀਵਰਸਿਟੀ ਦੀ ਬਿਹਤਰੀ ਦੇ ਹਵਾਲੇ ਨਾਲ਼ ਵਿਚਾਰ-ਚਰਚਾ ਹੋਈ। ਉਪ-ਕੁਲਪਤੀ ਡਾ. ਜਗਦੀਪ ਸਿੰਘ ਵੀ ਵਿਸ਼ੇਸ਼ ਤੌਰ ਉੱਤੇ ਇਸ ਸਮਾਗਮ ਵਿੱਚ ਸ਼ਾਮਿਲ ਹੋਏ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਇਸ ਮੌਕੇ ਕਿਹਾ ਕਿ ਯੂਨੀਵਰਸਿਟੀ ਦੀ ਬਿਹਤਰੀ ਲਈ ਇੱਥੋਂ ਸੇਵਾ-ਨਵਿਰਤ ਹੋਏ ਸਭ ਅਧਿਆਪਕਾਂ ਦੇ ਅਨੁਭਵ ਅਤੇ ਗਿਆਨ ਦਾ ਲਾਭ ਲਿਆ ਜਾਵੇਗਾ। ਇਸ ਲਈ ਸਭ ਦੇ ਸੁਝਾਵਾਂ ਉੱਤੇ ਸੰਜੀਦਗੀ ਨਾਲ਼ ਵਿਚਾਰ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਿਸਚੇ ਹੀ ਪੰਜਾਬੀ ਯੂਨੀਵਰਸਿਟੀ ਦੀ ਸਮਰਥਾ ਵਧਾਉਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਵਿੱਤੀ ਸੰਕਟ ਦਾ ਸਾਹਮਣਾ ਕਰ ਰਹੀ ਪੰਜਾਬੀ ਯੂਨੀਵਰਸਿਟੀ ਨੂੰ ਇਸ ਸੰਕਟ ਵਿੱਚੋਂ ਕੱਢਣ ਲਈ ਮੌਜੂਦਾ ਸਰਕਾਰ ਵੱਲੋਂ ਇਸ ਦੀ ਮਹੀਨਾਵਾਰ ਗਰਾਂਟ ਨੂੰ ਵਧਾਉਣਾ ਇੱਕ ਸ਼ਲਾਘਾਯੋਗ ਉਪਰਾਲਾ ਹੈ ਪਰ ਹਾਲੇ ਵੀ ਇਸ ਦਿਸ਼ਾ ਵਿੱਚ ਬਹੁਤ ਕੁੱਝ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਦੱਸਿਆ ਕਿ ਉਹ ਇਸ ਦਿਸ਼ਾ ਵਿੱਚ ਯਤਨਸ਼ੀਲ ਹਨ। ਜਿੱਥੇ ਇੱਕ ਪਾਸੇ ਸਰਕਾਰ ਪਾਸੋਂ ਹੋਰ ਮਦਦ ਲਈ ਵੱਖ-ਵੱਖ ਪੱਧਰਾਂ ਉੱਤੇ ਚਰਚਾ ਕਰ ਰਹੇ ਹਨ ਉੱਥੇ ਹੀ ਦੂਜੇ ਪਾਸੇ ਯੂਨੀਵਰਸਿਟੀ ਪੱਧਰ ਉੱਤੇ ਵੱਖ-ਵੱਖ ਫ਼ੈਸਲੇ ਕਰ ਰਹੇ ਹਨ ਜਿਸ ਨਾਲ਼ ਖਰਚਿਆਂ ਨੂੰ ਘਟਾਇਆ ਜਾ ਸਕੇ ਅਤੇ ਆਮਦਨ ਦੇ ਨਵੇਂ ਸਰੋਤ ਪੈਦਾ ਕੀਤੇ ਜਾ ਸਕਣ। ਉਨ੍ਹਾਂ ਦੱਸਿਆ ਕੇ ਜੇਕਰ ਪੰਜਾਬੀ ਯੂਨੀਵਰਸਿਟੀ ਸਿਰ ਚੜ੍ਹਿਆ ਕਰਜ਼ਾ ਇੱਕ ਵਾਰ ਉੱਤਰ ਜਾਵੇ ਤਾਂ ਹਰ ਸਾਲ ਬਚਣ ਵਾਲ਼ੇ ਤਕਰੀਬਨ 14 ਕਰੋੜ ਰੁਪਏ ਨਾਲ਼ ਅਕਾਦਮਿਕ ਬਿਹਤਰੀ ਲਈ ਬਹੁਤ ਸਾਰੇ ਕਦਮ ਉਠਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਉਹ ਇਸ ਦਿਸ਼ਾ ਵਿੱਚ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੇ ਬੁਨਿਆਦੀ ਢਾਂਚੇ ਵਿੱਚ ਸੁਧਾਰ ਤੋਂ ਲੈ ਕੇ ਅਧਿਆਪਕਾਂ ਦੀ ਕਮੀ ਪੂਰਨ ਤੱਕ ਬਹੁਤ ਸਾਰੇ ਖੇਤਰ ਹਨ, ਜਿੱਥੇ ਤੁਰੰਤ ਕੰਮ ਕੀਤੇ ਜਾਣ ਦੀ ਲੋੜ ਹੈ। ਇੱਕ ਅਹਿਮ ਟਿੱਪਣੀ ਵਿੱਚ ਉਨ੍ਹਾਂ ਕਿਹਾ ਕਿ ਭਾਵੇਂ ਅੱਜ ਇੰਟਰਨੈੱਟ ਦੇ ਦੌਰ ਵਿੱਚ ਤਕਨੀਕ ਅਤੇ ਗਿਆਨ ਸਮੱਗਰੀ ਦੀ ਅਥਾਹ ਉਪਲਬਧਤਾ ਇਹ ਭੁਲੇਖਾ ਸਿਰਜਦੀ ਨਜ਼ਰ ਆਉਂਦੀ ਹੈ ਕਿ ਸ਼ਾਇਦ ਇਹ ਸਭ ਕੁੱਝ ਅਧਿਆਪਕ ਦਾ ਬਦਲ ਹੋ ਜਾਵੇਗਾ; ਪਰ ਅਧਿਆਪਕ ਦਾ ਕਦੇ ਕੋਈ ਬਦਲ ਨਹੀਂ ਹੋ ਸਕਦਾ ਕਿਉਂਕਿ ਇਹ ਅਧਿਆਪਕ ਹੀ ਹੁੰਦਾ ਹੈ ਜਿਸ ਨੇ ਪ੍ਰਾਪਤ ਗਿਆਨ ਸਮੱਗਰੀ ਨੂੰ ਆਪਣੀ ਵਿਸ਼ੇਸ਼ ਅਧਿਆਪਨ ਮੁਹਾਰਤ ਨਾਲ਼ ਵਿਦਿਆਰਥੀਆਂ ਤੱਕ ਲੈ ਕੇ ਜਾਣਾ ਹੁੰਦਾ ਹੈ।ਡਾ. ਰਣਜੀਤ ਸਿੰਘ ਘੁੰਮਣ ਨੇ ਮੁੱਖ ਬੁਲਾਰੇ ਵਜੋਂ ਆਪਣੇ ਵਿਚਾਰ ਪੇਸ਼ ਕਰਦਿਆਂ ਯੂਨੀਵਰਸਿਟੀ ਦੀ ਬਿਹਤਰੀ ਨਾਲ਼ ਜੁੜੇ ਬਹੁਤ ਸਾਰੇ ਸੁਝਾਅ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਦੀ ਬਿਹਤਰੀ ਲਈ ਵੱਖ-ਵੱਖ ਵਿੱਤੀ ਸਰੋਤ ਜੁਟਾਉਣ ਅਤੇ ਹੋਰ ਪੱਖਾਂ ਉੱਤੇ ਕੰਮ ਕਰਨ ਲਈ ਇੱਕ ਵਿਸ਼ੇਸ਼ ਕਮੇਟੀ ਗਠਿਤ ਕਰਨੀ ਚਾਹੀਦੀ ਹੈ।

ਯੂਨੀਵਰਸਿਟੀ ਪ੍ਰਬੰਧਨ ਵਿੱਚ ਵੀ ਛੋਟੇ-ਛੋਟੇ ਸੁਧਾਰ ਕੀਤੇ ਜਾਣ ਦੀ ਲੋੜ ਹੈ। ਉਨ੍ਹਾਂ ਸੀ.ਐੱਸ.ਆਰ. ਗਰਾਂਟ ਦੇ ਵੱਧ ਤੋਂ ਵੱਧ ਸਰੋਤ ਜੁਟਾਉਣ ਅਤੇ ਸਾਬਕਾ ਵਿਦਿਆਰਥੀਆਂ ਨਾਲ਼ ਬਿਹਤਰ ਤਾਲਮੇਲ ਬਾਰੇ ਵੀ ਸੁਝਾਇਆ।ਪ੍ਰੋਗਰਾਮ ਦੌਰਾਨ ਮੰਚ ਸੰਚਾਲਨ ਦਾ ਕਾਰਜ ਡਾ. ਹਰਜਿੰਦਰ ਸਿੰਘ ਵਾਲ਼ੀਆ ਨੇ ਕੀਤਾ। ਇਸ ਮੌਕੇ ਡਾ. ਇੰਦਰਜੀਤ ਸਿੰਘ. ਡਾ. ਜਗਬੀਰ ਸਿੰਘ, ਡਾ. ਸੁਖਵਿੰਦਰ ਸਿੰਘ, ਡਾ. ਗੁਰਮੇਲ ਸਿੰਘ, ਡਾ. ਸਤਨਾਮ ਸਿੰਘ ਸੰਧੂ, ਡਾ. ਸਤੀਸ਼ ਕੁਮਾਰ ਵਰਮਾ, ਡਾ. ਸੁਨੀਤਾ ਧੀਰ, ਡਾ. ਸੁਰਜੀਤ ਭੱਟੀ ਆਦਿ ਨੇ ਆਪਣੇ ਵਿਚਾਰ ਪ੍ਰਗਟਾਏ।

## ਵਿਜ਼ਡਮ ਇੰਟਰਨੈਸ਼ਨਲ ਸਕੂਲ 'ਚ ਸਾਇੰਸ ਮੇਲਾ ਲਾਇਆ



**ਜਗਰਾਉਂ (ਅਮਿਤ ਖੰਨਾ)**-ਵਿਜ਼ਡਮ ਇੰਟਰਨੈਸ਼ਨਲ ਸਕੂਲ ਵਿਖੇ ਇੱਕ ਵਿਗਿਆਨ ਸਾਇੰਸ ਮੇਲਾ ਕਰਾਇਆ ਗਿਆ। ਸਕੂਲ ਦੇ ਚੌਥੀ ਕਲਾਸ ਤੋਂ ਲੈ ਕੇ ਅੱਠਵੀਂ ਕਲਾਸ ਦੇ ਵਿਦਿਆਰਥੀਆਂ ਨੇ ਇਸ ਗਤੀਵਿਧੀ ਵਿੱਚ ਹਿੱਸਾ ਲਿਆ। ਅਧਿਆਪਕਾਂ ਦੀ ਅਗਵਾਈ ਹੇਠ ਵੱਖ-ਵੱਖ ਕਿਸਮਾਂ ਦੇ ਮਾਡਲ ਤਿਆਰ ਕੀਤੇ ਗਏ ਸਨ, ਜਿਸ ਵਿੱਚ ਵਿਦਿਆਰਥੀਆਂ ਨੇ ਭੌਤਿਕ ਵਿਗਿਆਨ, ਗਣਿਤ, ਵਿਗਿਆਨ , ਸੂਰਜ ਪਰਵਾਰ ਦੇ ਮੈਂਬਰ, ਕੁਦਰਤੀ ਸਰੋਤਾਂ ਨਾਲ ਸਬੰਧਤ ਮਾਡਲ ਤਿਆਰ ਕੀਤੇ ਸਨ। ਇਸ ਮੌਕੇ ਸਕੂਲ ਸਟਾਫ਼ ਜਿਵੇਂ ਮੈਡਮ ਭੁਪਿੰਦਰ ਸ਼ਰਮਾ, ਮੈਡਮ ਜਸਤੇਜ ਕੌਰ, ਮੈਡਮ ਜਸਪ੍ਰੀਤ ਕੌਰ, ਮੈਡਮ ਸਿਮਰਨਪ੍ਰੀਤ ਕੌਰ ਤੇ ਸਰ ਰੋਹਿਤ ਕੁਮਾਰ ਨੇ ਜੱਜ ਦੀ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਨੇ ਹਿੱਸਾ ਲੈਣ ਵਾਲੇ ਵਿਦਿਆਰਥੀਆ ਤੋਂ ਪ੍ਰਸ਼ਨ ਪੁੱਛੇ ਤੇ ਵਿਦਿਆਰਥੀਆਂ ਨੇ ਸੁਚੱਜੇ ਢੰਗ ਨਾਲ ਉੱਤਰ ਦਿੱਤੇ। ਇਹ ਸਾਰਾ ਸਮਾਗਮ ਪੀ.ਆਰ.ਓ ਕੁਲਵੀਰ ਕੌਰ ਦੀ ਦੇਖਭਾਲ ਹੇਠ ਹੋਇਆ। ਉਨ੍ਹਾਂ ਦੇ ਸਹਾਇਕ ਨਾਲ ਜਸਵੰਤ ਮੈਡਮ ਸਨ। ਸਕੂਲ ਦੇ ਚੇਅਰਮੈਨ ਸਤੀਸ਼ ਕਾਲੜਾ, ਪ੍ਰਿੰਸੀਪਲ ਮੈਡਮ ਅਨੀਤਾ ਕਾਲੜਾ ਨੇ ਇਹ ਸਮਾਗਮ ਨੇਪਰੇ ਚਾੜ੍ਹਨ ਤੇ ਅਧਿਆਪਕਾ ਦੀ ਸ਼ਲਾਘਾ ਕੀਤੀ। ਬੱਚਿਆਂ ਨੂੰ ਕਿਹਾ ਕਿ ਵਿਗਿਆਨ ਹਮੇਸ਼ਾ ਮਨੁੱਖਤਾ ਲਈ ਵਰਦਾਨ ਸਾਬਤ ਹੋਇਆ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਇਨ੍ਹਾਂ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣਾ ਚਾਹੀਦਾ ਹੈ। ਇਸ ਨਾਲ ਉਨ੍ਹਾਂ ਵਿੱਚ ਆਤਮਵਿਸ਼ਵਾਸ ਪੈਦਾ ਹੁੰਦਾ ਹੈ। ਇਸ ਸਾਇੰਸ ਮੇਲੇ ਦੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸਨਮਾਨ ਦੇ ਬੈਜ ਦੇ ਕੇ ਸਨਮਾਨਤ ਕੀਤਾ ਗਿਆ ਤੇ ਉਤਸ਼ਾਹਤ ਕੀਤਾ ਗਿਆ।

## ਹੱਕੀ ਮੰਗਾਂ ਨੂੰ ਲੈ ਕੇ ਅਧਿਆਪਕ ਜਥੇਬੰਦੀਆਂ ਦਾ ਵਫਦ ਡਿਪਟੀ ਕਮਿਸ਼ਨਰ ਨੂੰ ਮਿਲਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਧਿਆਪਕ ਜਥੇਬੰਦੀਆਂ ਮੋਗਾ ਦਾ ਵਫਦ ਪ੍ਰਗਟਜੀਤ ਕਿਸ਼ਨਪੁਰ, ਦਿਗਵਿਜੇਪਾਲ ਸ਼ਰਮਾ, ਜੱਸਪਾਲ ਸਿੰਘ ਬਾਜੇਕੇ, ਗੁਰਪ੍ਰੀਤ ਅਮੀਵਾਲ, ਸੁਖਪਾਲਜੀਤ ਸਿੰਘ, ਜਸਵੀਰ ਸਿੱਧੂ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੂੰ ਮਿਲਿਆ ਅਤੇ ਮੰਗ ਕੀਤੀ ਆਉਣ ਵਾਲੇ ਦਿਨਾਂ ਵਿੱਚ ਸਟੇਸ਼ਨ ਬਦਲਿੰਗ ਵਿੱਚ ਅਧਿਆਪਕਾਂ ਦੀ ਡਿਊਟੀ ਨਾ ਲਗਾਈ ਜਾਵੇ, ਅਧਿਆਪਕਾਂ ਅਤੇ ਮੁਲਾਜ਼ਮਾਂ ਤੇ ਹੋਰਨਾਂ ਸਟੇਸ਼ਨ ਬਦਲਿੰਗ ਤਹਿਤ ਚੱਲ ਰਹੇ ਕੋਰਟ ਕੇਸ ਵਾਪਸ ਲਏ ਜਾਣ ਜਿਸ ਤੇ ਡਿਪਟੀ ਕਮਿਸ਼ਨਰ ਮੋਗਾ ਨੇ ਜਥੇਬੰਦੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਸਟੇਸ਼ਨ ਬਦਲਿੰਗ ਵਿੱਚ ਅਧਿਆਪਕਾਂ ਦੀ ਡਿਊਟੀ ਨਹੀਂ ਲਗਾਈ ਜਾਵੇਗੀ, ਕੋਰਟ ਕੇਸ ਵਾਪਸ ਲੈਣ ਦਾ ਪ੍ਰੋਸੈਸ ਸ਼ੁਰੂ ਕੀਤਾ ਜਾਵੇਗਾ। ਇਸ ਸਮੇਂ ਪ੍ਰਦੀਪ ਰਕੜਾ, ਗੁਰਮੇਲ ਭੋਡਾਵਾਂ, ਜਗਦੀਪ ਸਿੰਘ, ਜੱਜਦੀਪ ਸਿੰਘ, ਪਵਨ ਕੁਮਾਰ, ਮਨਪ੍ਰੀਤ ਸਿੰਘ ਅਮਨਦੀਪ ਸਿੰਘ ਹਾਜ਼ਰ ਸਨ।

## ਨਵੀਂ ਲੈਂਡ ਪੂਲਿੰਗ ਨੀਤੀ ਲਾਗੂ ਕਰਨ ਨਾਲ ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋਇਆ : ਜਗਰੂਪ ਸਿੰਘ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਸਰਕਾਰ ਨਵੀਂ ਲੈਂਡ ਪੂਲਿੰਗ ਨੀਤੀ ਤਹਿਤ ਪੰਜਾਬ ਦੇ ਕਿਸਾਨਾਂ ਦਾ ਉਜਾੜਾ ਕਰਨ ਦੇ ਰਾਹ ਪਈ ਹੋਈ ਹੈ, ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਯੂਥ ਕਾਂਗਰਸ ਦੇ ਜ਼ਿਲ੍ਹਾ ਮੋਗਾ ਸੀਨੀਅਰ ਵਾਈਸ ਪ੍ਰਧਾਨ ਜਗਰੂਪ ਸਿੰਘ ਜੂਪਾ ਨੇ ਪ੍ਰੈਸ ਨੂੰ ਜਾਰੀ ਬਿਆਨ ਵਿੱਚ ਕੀਤਾ।ਜਗਰੂਪ ਸਿੰਘ ਜੂਪਾ ਐਮ ਸੀ ਨਗਰ ਪੰਚਾਇਤ ਨਿਹਾਲ ਸਿੰਘ ਵਾਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ 158 ਪਿੰਡਾਂ ਦੀ ਕਰੀਬ 40 ਹਜ਼ਾਰ ਏਕੜ ਜ਼ਮੀਨ ਲੈਂਡ ਪੂਲਿੰਗ ਨੀਤੀ ਤਹਿਤ ਲਿਆ ਰਹੀ ਹੈ, ਜਿਸ ਨਾਲ ਪੰਜਾਬ ਦੇ ਕਿਸਾਨਾਂ ਦਾ ਵੱਡਾ ਨੁਕਸਾਨ ਹੋਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਦਾ ਕਿਸਾਨ ਪਹਿਲਾਂ ਹੀ ਆਰਥਿਕ ਮੰਦਹਾਲੀ ਦਾ ਸ਼ਿਕਾਰ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਫ਼ੈਸਲੇ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਕਿਸਾਨ ਵਿਰੋਧੀ ਚਿਹਰਾ ਨੰਗਾ ਹੋਇਆ ਹੈ।ਉਨ੍ਹਾਂ ਕਿਹਾ ਕਿ ਅਗਰ ਸਰਕਾਰ ਨੇ ਇਹ ਫ਼ੈਸਲਾ ਜਲਦੀ ਵਾਪਸ ਨਾ ਲਿਆ ਤਾਂ ਯੂਥ ਕਾਂਗਰਸ ਪੰਜਾਬ ਸਰਕਾਰ ਵਿਰੁੱਧ ਵੱਡਾ ਸੰਘਰਸ਼ ਵਿੱਢੇਗੀ।

## ਬਿਰਧ ਆਸ਼ਰਮ 'ਚ ਭੋਜਨ ਵੰਡਿਆ




**ਜੈਤੋ (ਸਤੀਸ਼ ਕੁਮਾਰ ਭੌਰੀ)**-ਲਾਇਨ ਕਲੱਬ ਗੁੱਡਵਿਲ ਵੱਲੋਂ ਆਪਣੇ ਸੀਨੀਅਰ ਮੈਂਬਰ ਮੁਨੀਸ਼ ਮਹੇਸ਼ਵਰੀ ਦਾ ਜਨਮ ਦਿਨ ਨਵੀਂ ਪਿਰਤ ਪਾਉਂਦੇ ਹੋਏ 'ਖੁਸ਼ੀਆਂ ਦਾ ਵਿਹੜਾ' ਨਾਮੀ ਬਿਰਧ ਆਸ਼ਰਮ ਵਿਖੇ ਆਪਣਿਆਂ ਦੀ ਬੇਰੁਖੀ ਦਾ ਸ਼ਿਕਾਰ ਹੋਏ ਬਜ਼ੁਰਗਾਂ ਨੂੰ ਭੋਜਨ ਛਕਾ ਕੇ ਮਨਾਇਆ ਗਿਆ।ਕਲੱਬ ਦੇ ਸਕੱਤਰ ਸੁਧਾਂਸ਼ੂ ਜਿੰਦਲ ਨੇ ਕਿਹਾ ਕਿ ਉਨ੍ਹਾਂ ਦੇ ਕਲੱਬ ਮੈਂਬਰਾਂ ਵੱਲੋਂ ਬਹੁਤ ਹੀ ਸਤਿਕਾਰ ਤੇ ਸ਼ਰਧਾ ਪੂਰਵਕ ਬਜ਼ੁਰਗਾਂ ਨੂੰ ਆਪਣੇ ਹੱਥਾਂ ਨਾਲ ਭੋਜਨ ਛਕਾਉਂਦੇ ਹੋਏ ਅਪਾਰ ਪ੍ਰਸੰਨਤਾ ਮਹਿਸੂਸ ਹੋ ਰਹੀ ਸੀ।ਪ੍ਰਧਾਨ ਸੰਦੀਪ ਜਿੰਦਲ ਨੇ ਦੱਸਿਆ ਕਿ ਉਨ੍ਹਾਂ ਦੇ ਕਲੱਬ ਵੱਲੋਂ ਵਾਤਾਵਰਣ ਦੀ ਸ਼ੁੱਧਤਾ ਲਈ ਪੌਦੇ ਲਾਉਣ, ਗਰੀਬ ਤੇ ਜ਼ਰੂਰਤਮੰਦ ਪਰਵਾਰਾਂ ਦੀ ਢੁੱਕਵੀਂ ਤੇ ਲੋੜੀਂਦੀ ਮਦਦ ਸਮੇਤ ਸਮਾਜ ਭਲਾਈ ਦੇ ਕਾਰਜਾਂ ਵਿੱਚ ਬਹੁਤ ਹੀ ਉਤਸ਼ਾਹ ਨਾਲ ਭਾਗ ਲਿਆ ਜਾਂਦਾ ਹੈ।

## ਸ. ਪ੍ਰਾ. ਸਕੂਲ ਲਾਲ ਸਿੰਘ ਬਸਤੀ ਨੂੰ ਸਹਾਇਤਾ ਰਾਸ਼ੀ ਦਾਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਰਾਜਵਿੰਦਰ ਸਿੰਘ ਪੁੱਤਰ ਨਾਥਾ ਸਿੰਘ ਵਾਸੀ ਆਸਟ੍ਰੇਲੀਆ ਨੇ ਆਪਣੇ ਸਵ: ਪਿਤਾ ਨਾਥਾ ਸਿੰਘ ਅਤੇ ਮਾਤਾ ਬਲਜੀਤ ਕੌਰ, ਵਾਸੀ ਪੱਤੀ ਦੁਲਚੀ ਲਹਿਰਾ ਮੁਹੱਬਤ (ਬਠਿੰਡਾ) ਦੀ ਯਾਦ ਵਿੱਚ ਆਪਣੇ ਚਾਚਾ ਰਣਜੀਤ ਸਿੰਘ ਰਾਹੀਂ ਸਰਕਾਰੀ ਪ੍ਰਾਇਮਰੀ ਸਕੂਲ ਲਾਲ ਸਿੰਘ ਬਸਤੀ ਲਹਿਰਾ ਮੁਹੱਬਤ ਨੂੰ 5 ਹਜ਼ਾਰ ਰੁਪਏ ਦੀ ਰਾਸ਼ੀ ਦਿੱਤੀ, ਜੋ ਪਿਛਲੇ ਸਮੇਂ ਤੋਂ ਸਕੂਲ ਦੀ ਬੇਹਤਰੀ ਲਈ ਯੋਗਦਾਨ ਪਾਉਂਦੇ ਆ ਰਹੇ ਹਨ। ਇਸ ਯੋਗਦਾਨ ਲਈ ਸ਼ਲਾਘਾ ਕਰਦਿਆਂ ਸਕੂਲ ਮੁਖੀ ਕਿਰਪਾਲ ਸਿੰਘ ਪੂਹਲਾ ਤੇ ਸਮੂਹ ਸਟਾਫ ਨੇ ਪਰਵਾਰ ਦਾ ਧੰਨਵਾਦ ਕੀਤਾ। ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਸੁਲੱਖਣ ਸਿੰਘ, ਰਿਟਾ. ਅਧਿਆਪਕ ਲਾਭ ਸਿੰਘ ਅਤੇ ਈ ਟੀ ਟੀ ਅਧਿਆਪਕ ਹਰਵਿੰਦਰ ਸਿੰਘ ਬਾਠ ਆਦਿ ਮੌਜੂਦ ਸਨ।

## ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਲਈ ਪੌਦੇ ਲਾਉਣ ਦੀ ਜ਼ਰੂਰਤ : ਅਸ਼ੋਕ ਅਨੇਜਾ



**ਜਲਾਲਾਬਾਦ (ਰਣਬੀਰ ਕੌਰ ਢਾਬਾਂ)**-ਲਾਲਾ ਜਗਤ ਨਾਰਾਇਣ ਕਾਲਜ ਜਲਾਲਾਬਾਦ ਵਿਖੇ ਲਾਈਨਸ ਕਲੱਬ ਗੋਲਡ ਵੱਲੋਂ ਪੌਦੇ ਲਾਏ ਗਏ। ਇਸ ਮੌਕੇ ਕਾਲਜ ਦੇ ਚੇਅਰਮੈਨ ਸ਼੍ਰੀ ਅਸ਼ੋਕ ਅਨੇਜਾ ਨੇ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਸਾਡੇ ਕਾਲਜ ਵਿਖੇ ਲਾਈਨਸ ਕਲੱਬ ਵੱਲੋਂ ਵਿਰਾਸਤੀ ਤੇ ਫਲਾਂ ਵਾਲੇ ਵੱਖ-ਵੱਖ ਤਰ੍ਹਾਂ ਦੇ ਦਰਜਨਾਂ ਭਰ ਬੂਟੇ ਲਾਏ ਗਏ ਹਨ। ਉਨ੍ਹਾਂ ਕਿਹਾ ਕਿ ਮੌਸਮ ਵਿੱਚ ਆ ਰਹੀ ਤਬਦੀਲੀ ਦੇ ਕਾਰਨ ਕਈ ਥਾਵਾਂ ਉੱਪਰ ਭਾਰੀ ਬਾਰਿਸ਼ ਹੋ ਰਹੀ ਹੈ ਤੇ ਕਈ ਜਗ੍ਹਾ ਉੱਪਰ ਸੋਕਾ ਪੈ ਰਿਹਾ ਹੈ, ਜੋ ਦਰੱਖਤਾਂ ਦੇ ਕੱਟੇ ਜਾਣ ਦੇ ਕਾਰਨ ਹੈ।ਜੇਕਰ ਅਸੀਂ ਵਾਤਾਵਰਣ ਪ੍ਰੇਮੀਆਂ ਅਤੇ ਕਲੱਬਾਂ ਦਾ ਸਾਥ ਦਈਏ ਅਤੇ ਪੌਦੇ ਲਾਈਏ ਤਾਂ ਵਾਤਾਵਰਣ ਵਿੱਚ ਆ ਰਹੀ ਤਬਦੀਲੀ ਨੂੰ ਰੋਕਿਆ ਜਾ ਸਕਦਾ ਹੈ।ਕਾਲਜ ਦੇ ਪ੍ਰਿੰਸੀਪਲ ਡਾਕਟਰ ਨਿਤਕਾ ਨੇ ਆਖਿਆ ਕਿ ਲਾਈਨਸ ਕਲੱਬ ਗੋਲਡ ਵੱਲੋਂ ਹਰ ਸਾਲ ਕਾਲਜ ਵਿੱਚ ਬੂਟੇ ਲਾਏ ਜਾਂਦੇ ਹਨ ਤੇ ਇਨ੍ਹਾਂ ਦੇ ਲਾਏ ਬੂਟੇ ਹੁਣ ਕਈ ਦਰੱਖਤ ਬਣ ਚੁੱਕੇ ਹਨ ਅਤੇ ਉਨ੍ਹਾਂ ਬੂਟਿਆਂ ਨੂੰ ਭਾਰੀ ਫਰੂਟ ਵੀ ਆ ਚੁੱਕਾ ਹੈ।ਕਾਲਜ ਦੇ ਮਿਹਨਤੀ ਸਟਾਫ ਵੱਲੋਂ ਇਹਨਾਂ ਬੂਟਿਆਂ ਦੀ ਦੇਖ-ਰੇਖ ਕੀਤੀ ਜਾਂਦੀ ਹੈ।ਲਾਈਨਸ ਕਲੱਬ ਗੋਲਡ ਦੇ ਪ੍ਰਧਾਨ ਰੋਹਿਤ ਦੂਮੜਾ ਨੇ ਦੱਸਿਆ ਕਿ ਸਾਡੀ ਕਲੱਬ ਵੱਲੋਂ ਵਾਤਾਵਰਣ ਨੂੰ ਹਰਿਆ-ਭਰਿਆ ਬਣਾਉਣ ਲਈ ਹਰ ਸਾਲ ਅਨੇਕਾਂ ਬੂਟੇ ਲਾਏ ਜਾਂਦੇ ਹਨ।ਇਨ੍ਹਾਂ ਬੂਟਿਆਂ ਵਿੱਚ ਫਲਾਂ ਵਾਲੇ ਬੂਟੇ, ਛਾਂਦਾਰ ਬੂਟੇ ਤੇ ਵਿਰਾਸਤੀ ਬੂਟੇ ਹੁੰਦੇ ਹਨ।

## ਗੁਰਦੁਆਰਾ ਕਲਗੀਧਰ ਸਾਹਿਬ 'ਚ ਬੱਚਿਆਂ ਦੇ ਧਾਰਮਿਕ ਪ੍ਰੀਖਿਆ ਦੇ ਮੁਕਾਬਲੇ ਕਰਾਏ



**ਦੋਰਾਹਾ (ਹਰਮਿੰਦਰ ਸੇਠ)**-ਗੁਰਦੁਆਰਾ ਕਲਗੀਧਰ ਸਾਹਿਬ ਵਿਖੇ ਬੱਚਿਆਂ ਦੇ ਧਰਮ ਪ੍ਰੀਖਿਆ ਦੇ ਮੁਕਾਬਲੇ ਕਰਾਏ ਗਏ ਸੰਗਰਾਂਦ ਦੇ ਦਿਹਾੜੇ ਨੂੰ ਮੁੱਖ ਰੱਖਦਿਆਂ ਪ੍ਰੀਖਿਆ ਦੇ ਨਤੀਜੇ ਘੋਸ਼ਿਤ ਕੀਤੇ ਗਏ ਤੇ ਬੱਚਿਆਂ ਨੂੰ ਇਨਾਮ ਦੇ ਸਨਮਾਨਤ ਕੀਤਾ ਗਿਆ, ਜਿਸ ਵਿੱਚ ਅਰਸ਼ਦੀਪ ਕੌਰ ਕਲਾਸ ਪੰਜਵੀਂ ਗੁਰੂ ਨਾਨਕ ਸਕੂਲ ਦੋਰਾਹਾ ਨੇ 30/30 ਅੰਕ ਪ੍ਰਾਪਤ ਕਰਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ ਤੇ ਖੁਸ਼ਦੀਪ ਕੌਰ ਕਲਾਸ ਨੌਵੀਂ ਖਾਲਸਾ ਗਰਲਜ ਸਕੂਲ ਦੋਰਾਹਾ ਨੇ 60 'ਚੋਂ 52 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਤੇ ਹਰਜਾਪ ਸਿੰਘ ਕਲਾਸ ਸੱਤਵੀਂ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਦੋਰਾਹਾ ਨੇ 60 'ਚੋਂ 45 ਨੰਬਰ ਲੈ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ ਪ੍ਰਭ ਮਿਹਰ ਕੌਰ ਪ੍ਰੀਆ ਗੁਪਤਾ ਕੁਲਰਾਜ ਕੌਰ ਨੇ ਦੂਜਾ ਤੇ ਤੀਸਰਾ ਸਥਾਨ ਪ੍ਰਾਪਤ ਕੀਤਾ। ਗਰੀਨ ਗੌਰਵ ਸਕੂਲ ਦਸ਼ਮੇਸ਼ ਮਾਡਲ ਸਕੂਲ ਸਰਸਵਤੀ ਸਕੂਲ ਦੇ ਬੱਚਿਆਂ ਨੇ ਵੀ ਇਸ ਪ੍ਰੀਖਿਆ ਵਿੱਚ ਭਾਗ ਲਿਆ। ਗੁਰਦੁਆਰਾ ਕਮੇਟੀ ਮੈਂਬਰ ਸਾਹਿਬਾਨਾਂ ਵੱਲੋਂ ਇਨਾਮ ਵੰਡ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੀਆਂ ਜ਼ਰੂਰਤਾਂ ਮੁਤਾਬਕ ਵਸਤਾਂ ਦੇ ਕੇ ਸਨਮਾਨਤ ਕੀਤਾ ਗਿਆ ਤੇ ਬੱਚਿਆਂ ਨੂੰ ਇਹ ਵੀ ਕਿਹਾ ਗਿਆ ਕਿ ਸਿੱਖੀ ਇਤਿਹਾਸ ਤੇ ਦਸਾਂ ਗੁਰੂਆਂ ਦੀ ਬਾਣੀ ਨਾਲ ਜੁੜ ਕੇ ਰਹਿਣ ਬੱਚਿਆਂ ਨੂੰ ਸਿੱਖ ਇਤਿਹਾਸ ਨਾਲ ਜੋੜਨ ਲਈ ਗੁਰਦੁਆਰਾ ਕਮੇਟੀ ਵੱਲੋਂ ਇੱਕ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਪ੍ਰਧਾਨ ਪ੍ਰੀਤਮ ਸਿੰਘ ਜੱਗੀ, ਚਰਨਜੀਤ ਸਿੰਘ, ਸੁਖਦੇਵ ਸਿੰਘ, ਹਰਕੀਮ ਸਿੰਘ, ਧਰਮਵੀਰ ਸਿੰਘ ਤੇ ਅਧਿਆਪਕਾਂ ਵਜੋਂ ਬਲਦੇਵ ਸਿੰਘ ਸੋਢੀ ਨੇ ਬੱਚਿਆਂ ਨੂੰ ਬਹੁਤ ਮਿਹਨਤ ਕਰਾਈ।

# 2 ਸਰਪੰਚਾਂ ਦੀਆਂ ਖਾਲੀ ਅਸਾਮੀਆਂ ਲਈ 4 ਨਾਮਜ਼ਦਗੀਆਂ ਦਾਖਲ

### ਨਾਮਜ਼ਦਗੀ ਪੱਤਰਾਂ ਦੀ ਜਾਂਚ 18 ਜੁਲਾਈ ਨੂੰ



**ਸੰਗਰੂਰ/ਮੂਣਕ (ਰਾਜਪਾਲ ਸਿੰਗਲਾ)**
ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 02 ਸਰਪੰਚਾਂ ਅਤੇ 24 ਪੰਚਾਂ ਦੀਆਂ ਖਾਲੀ ਅਸਾਮੀਆਂ ਨੂੰ ਭਰਨ ਲਈ ਚੋਣਾਂ 27 ਜੁਲਾਈ ਨੂੰ ਹੋਣਗੀਆਂ।

ਇਸ ਸਬੰਧੀ ਆਦਰਸ਼ ਚੋਣ ਜ਼ਾਬਤਾ ਲਾਗੂ ਹੈ ਤੇ ਜ਼ਿਲ੍ਹੇ ਵਿੱਚ 02 ਸਰਪੰਚਾਂ ਦੀਆਂ ਖਾਲੀ ਅਸਾਮੀਆਂ ਲਈ 04 ਨਾਮਜਦਗੀਆਂ ਅਤ 24 ਪੰਚਾਂ ਦੀਆਂ ਖਾਲੀ ਅਸਾਮੀਆਂ ਸਬੰਧੀ 26 ਨਾਮਜ਼ਦਗੀਆਂ ਦਾਖਲ ਹੋਈਆਂ ਹਨ।ਜ਼ਿਲ੍ਹੇ ਵਿੱਚ ਸਰਪੰਚ ਪਲਾਸੌਰ ਬਲਾਕ ਧੂਰੀ ਲਈ 02 ਨਾਮਜ਼ਦਗੀਆਂ ਤੇ ਸਰਪੰਚ ਮਿਰਜਾ ਪੱਤੀ ਨਮੋਲ ਬਲਾਕ ਸੁਨਾਮ ਲਈ ਵੀ 02 ਨਾਮਜ਼ਦਗੀਆਂ ਦਾਖਲ ਹੋਈਆਂ ਹਨ।

ਪੰਚ ਬਾਲਦ ਖੁਰਦ ਬਲਾਕ ਭਵਾਨੀਗੜ੍ਹ ਲਈ 01, ਪੰਚ ਬਿੰਬਰ ਭਵਾਨੀਗੜ੍ਹ ਲਈ 01, ਪੰਚ ਫਤਿਹਗੜ੍ਹ ਭਾਦਸੋਂ ਭਵਾਨੀਗੜ੍ਹ 02, ਪੰਚ ਮਹਿਸਮਪੁਰ ਭਵਾਨੀਗੜ੍ਹ 01, ਪੰਚ ਨਾਗਰਾ ਭਵਾਨੀਗੜ੍ਹ ਲਈ 02 ਤੇ 02 ਪੰਚ ਤੁਰੀ ਭਵਾਨੀਗੜ੍ਹ ਲਈ ਕੇਵਲ 01 (01 ਪੰਚ ਦੀ ਅਸਾਮੀ ਲਈ 01 ਤੇ 01 ਹੋਰ ਪੰਚ ਦੀ ਅਸਾਮੀ ਲਈ 0) ਨਾਮਜ਼ਦਗੀਆਂ ਦਾਖਲ ਹੋਈਆਂ ਹਨ।ਪੰਚ ਪਿੰਡ ਧੂਰੀ ਬਲਾਕ ਧੂਰੀ ਲਈ 01, ਪੰਚ ਸਮੁੰਦਗੜ੍ਹ ਧੂਰੀ 01, ਪੰਚ ਧੂਰਾ ਧੂਰੀ 01, ਪੰਚ ਧਾਂਦਰਾ ਧੂਰੀ ਲਈ 01 ਅਤੇ ਪੰਚ ਕਾਂਝਲਾ ਧੂਰੀ ਲਈ 01 ਨਾਮਜ਼ਦਗੀਆਂ ਦਾਖਲ ਹੋਈਆਂ ਹਨ। ਪੰਚ ਕਦਰ ਨਗਰ ਮੁਨਸ਼ੀਵਾਲਾ ਦਿੜ੍ਹਬਾ ਲਈ 02 , ਪੰਚ ਗੋਬਿੰਦਪੁਰਾ ਨਾਗਰੀ ਦਿੜ੍ਹਬਾ ਲਈ 01 ਨਾਮਜ਼ਦਗੀਆਂ ਦਾਖਲ ਹੋਈਆਂ ਹਨ। ਪੰਚ ਰਾਮਪੁਰਾ ਜਵਾਹਰਵਾਲਾ ਲਹਿਰਾਗਾਗਾ ਲਈ 03, ਪੰਚ ਗੋਬਿੰਦਪੁਰਾ ਪਾਪੜਾ ਲਹਿਰਾਗਾਗਾ ਲਈ 0, ਪੰਚ ਖਾਈ ਲਹਿਰਾਗਾਗਾ ਲਈ 01 ਨਾਮਜ਼ਦਗੀਆਂ ਦਾਖਲ ਹੋਈਆਂ ਹਨ।ਪੰਚ ਭਗਵਾਨਪੁਰਾ ਸੰਗਰੂਰ ਲਈ 01, ਪੰਚ ਖਿਲਰੀਆਂ ਸੰਗਰੂਰ 0, ਪੰਚ ਭਿੰਡਰਾਂ ਸੰਗਰੂਰ 01, ਪੰਚ ਮੰਡੇਰ ਖੁਰਦ ਸੰਗਰੂਰ 01, ਪੰਚ ਰੂਪਾਹੇੜੀ ਸੰਗਰੂਰ ਲਈ 01 ਨਾਮਜ਼ਦਗੀਆਂ ਦਾਖਲ ਹੋਈਆਂ ਹਨ।ਪੰਚ ਕਰੋਦਾ ਅੰਨਦਾਨਾ ਐਟ ਮੂਨਕ ਲਈ 01 ਅਤੇ ਪੰਚ ਫਤਿਹਗੜ੍ਹ ਸੁਨਾਮ ਲਈ 01 ਨਾਮਜ਼ਦਗੀਆਂ ਦਾਖਲ ਹੋਈਆਂ ਹਨ, ਜਿੱਥੇ 01-01 ਨਾਮਜ਼ਦਗੀ ਪ੍ਰਾਪਤ ਹੋਈ ਹੈ, ਉੱਥੇ ਸਰਬਸੰਮਤੀ ਹੋ ਗਈ ਹੈ।ਚੋਣ ਸ਼ਡਿਊਲ ਅਨੁਸਾਰ ਨਾਮਜ਼ਦਗੀ ਪੱਤਰਾਂ ਦੀ ਜਾਂਚ 18 ਜੁਲਾਈ ਨੂੰ ਹੋਵੇਗੀ ਤੇ ਨਾਮਜ਼ਦਗੀਆਂ ਵਾਪਸ ਲੈਣ ਦੀ ਆਖਰੀ ਮਿਤੀ 19 ਜੁਲਾਈ ਹੈ।ਪੋਲਿੰਗ 27 ਜੁਲਾਈ ਨੂੰ ਹੋਵੇਗੀ।ਵੋਟਿੰਗ ਪੂਰੀ ਹੋਣ ਤੋਂ ਬਾਅਦ ਪੋਲਿੰਗ ਸਟੇਸ਼ਨਾਂ 'ਤੇ ਵੋਟਾਂ ਦੀ ਗਿਣਤੀ ਉਸੇ ਦਿਨ ਕੀਤੀ ਜਾਵੇਗੀ।ਸਰਪੰਚ ਲਈ ਖਰਚਾ ਹੱਦ 40 ਹਜ਼ਾਰ ਰੁਪਏ ਤੇ ਪੰਚ ਲਈ 30 ਹਜ਼ਾਰ ਰੁਪਏ ਹੈ।

## ਸੁਪਰੀਮ ਕੋਰਟ ਵੱਲੋਂ 1158 ਸਹਾਇਕ ਪ੍ਰੋਫ਼ੈਸਰਾਂ ਦੀ ਭਰਤੀ ਰੱਦ ਕਰਨ ਲਈ ਆਪ ਸਰਕਾਰ ਜ਼ੁੰਮੇਵਾਰ : ਰਾਜਵਿੰਦਰ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਆਪ ਸਰਕਾਰ ਵੱਲੋਂ ਪਿਛਲੇ ਸਮੇਂ ਦੌਰਾਨ 1158 ਸਹਾਇਕ ਪ੍ਰੋਫ਼ੈਸਰਾਂ ਜਿਨ੍ਹਾਂ ਵਿੱਚ 1091 ਸਹਾਇਕ ਪ੍ਰੋਫ਼ੈਸਰ ਅਤੇ 67 ਲਾਇਬ੍ਰੇਰੀਅਨ ਸ਼ਾਮਿਲ ਹਨ, ਦੀ ਨਿਯੁਕਤੀ ਲਈ ਇੱਕ ਟੈਸਟ ਰੱਖਿਆ ਗਿਆ।ਇਸ ਮਿਆਰੀ ਪਾਸ ਲਈ ਟੈਸਟ ਤੋਂ ਅਗਲਾ ਚਰਨ ਇੰਟਰਵਿਊ ਹੁੰਦਾ ਹੈ।ਜਿਸ ਵਿੱਚ ਟੈਸਟ ਵਿੱਚੋਂ ਪਾਸ ਹੋਣ ਵਾਲੇ ਉਮੀਦਵਾਰਾਂ ਦੀ ਇੰਟਰਵਿਊ ਦੌਰਾਨ ਉਹਨਾਂ ਦਾ ਇਸ ਖੇਤਰ ਵਿੱਚ ਤਜਰਬਾ, ਕੋਈ ਪਬਲਿਸ਼ ਵਰਕ, ਵਾਧੂ ਵਿਦਿਅਕ ਯੋਗਤਾ ਜਿਵੇਂ ਪੀ ਐਚ ਡੀ, ਡੀ ਲਿਟ ਆਦਿ ਦੇ ਨੰਬਰ ਵੱਖਰੇ ਲੱਗਣੇ ਹੁੰਦੇ ਹਨ।ਪਰ ਆਪ ਸਰਕਾਰ ਨੇ ਬਿਨਾਂ ਇੰਟਰਵਿਊ ਇਹ ਭਰਤੀ ਕਰ ਦਿੱਤੀ ਜੋ ਕਿ ਗਲਤ ਹੈ।ਇਹ ਵਿਚਾਰ ਲੋਕ ਸਭਾ ਫਰੀਦਕੋਟ ਦੇ ਇੰਚਾਰਜ ਅਤੇ ਅਬਜ਼ਰਵਰ ਜ਼ਿਲ੍ਹਾ ਮੋਗਾ ਰਾਜਵਿੰਦਰ ਸਿੰਘ ਧਰਮਕੋਟ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਾਂਝੇ ਕੀਤੇ। ਉਨ੍ਹਾਂ ਇਸ ਨੂੰ ਪੰਜਾਬ ਸਰਕਾਰ ਦੀ ਨਲਾਇਕੀ ਕਰਾਰ ਦਿੰਦਿਆਂ ਕਿਹਾ ਕਿ ਜਦੋਂ ਅਜਿਹੀ ਨਿਯੁਕਤੀ ਸਬੰਧੀ ਯੂਨੀਵਰਸਿਟੀ ਗਰਾਂਟ ਕਮਿਸ਼ਨ ਵੱਲੋਂ ਨਿਯਮ ਤੈਅ ਹਨ ਤਾਂ ਉਚੇਰੀ ਸਿੱਖਿਆ ਵਿਭਾਗ ਅਤੇ ਸਿੱਖਿਆ ਮੰਤਰੀ ਪੰਜਾਬ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਅਜਿਹੀ ਅਣਗਹਿਲੀ ਕਰਨਾ ਬਹੁਤ ਹੀ ਮੰਦਭਾਗਾ ਹੈ। ਉਨ੍ਹਾਂ ਕਿਹਾ ਕਿ ਮਾਨਯੋਗ ਸੁਪਰੀਮ ਕੋਰਟ ਵੱਲੋਂ ਪੰਜਾਬ ਸਰਕਾਰ ਵੱਲੋਂ ਕੀਤੀ ਗਈ ਅਪੀਲ ਨੂੰ ਰੱਦ ਕਰ ਦੇਣ ਨਾਲ ਪੰਜਾਬ ਸਰਕਾਰ ਦਾ ਸਿੱਖਿਆ ਪ੍ਰਤੀ ਅਸਲੀ ਚਿਹਰਾ ਨੰਗਾ ਹੋ ਗਿਆ ਹੈ।ਇਸ ਵਿੱਚ ਚੁਣੇ ਗਏ 1158 ਸਹਾਇਕ ਪ੍ਰੋਫ਼ੈਸਰਾਂ ਅਤੇ ਲਾਇਬ੍ਰੇਰੀਅਨ ਦਾ ਕੋਈ ਕਸੂਰ ਨਹੀਂ ਹੈ।ਕਿਉਂਕਿ ਇਹਨਾਂ ਨਿਯੁਕਤ ਸਹਾਇਕ ਪ੍ਰੋਫ਼ੈਸਰਾਂ ਵਿੱਚ ਬਹੁਤ ਸਾਰੇ ਪ੍ਰੋਫ਼ੈਸਰ ਅਜਿਹੇ ਹਨ ਜਿਹੜੇ ਲੰਬਾ ਤਜਰਬਾ, ਪਬਲਿਸ਼ ਵਰਕ ਅਤੇ ਹੋਰ ਅਜਿਹੀਆਂ ਸ਼ਰਤਾਂ ਪੂਰੀਆਂ ਕਰਦੇ ਸਨ।ਪਰ ਹੁਣ ਉਹ ਵੀ ਇਸ ਫੈਸਲੇ ਦੇ ਪ੍ਰਭਾਵ ਵਿੱਚ ਆ ਕੇ ਨੌਕਰੀ ਤੋਂ ਹੱਥ ਧੋ ਬੈਠੇ। ਕਿੰਨਾ ਸਮਾਂ, ਪੈਸਾ ਇਸ ਪ੍ਰਕਿਰਿਆ ਵਿੱਚ ਵਰਤਿਆ ਗਿਆ ਇਹ ਵੀ ਸੋਚ ਦਾ ਵਿਸ਼ਾ ਹੈ।ਇਹ ਅਣਗਹਿਲੀ ਉਸੇ ਦਿਨ ਤੋਂ ਸ਼ੁਰੂ ਹੋ ਗਈ ਸੀ ਜਦੋਂ ਆਪ ਪਾਰਟੀ ਨੂੰ ਲੋਕਾਂ ਨੇ ਬਹੁਮਤ ਦੇ ਕੇ ਸਰਕਾਰ ਬਣਾਈ ਸੀ।ਅਸਲ ਵਿੱਚ ਇਨ੍ਹਾਂ ਕੋਲ ਕੋਈ ਵੀ ਵਿਜ਼ਨ ਨਾ ਹੋਣ ਕਰਕੇ ਅੱਜ ਪੰਜਾਬ ਹਰ ਖੇਤਰ ਵਿੱਚ ਤਰਸ ਦਾ ਪਾਤਰ ਬਣ ਚੁੱਕਾ ਹੈ। ਰਾਜਵਿੰਦਰ ਸਿੰਘ ਧਰਮਕੋਟ ਨੇ ਕਿਹਾ ਕਿ ਜਿਹੜੇ ਉਮੀਦਵਾਰ ਸੁਪਰੀਮ ਕੋਰਟ ਵਿੱਚ ਇਨ੍ਹਾਂ ਨਿਯੁਕਤੀਆਂ ਖਿਲਾਫ ਪਹੁੰਚੇ ਸਨ ਉਹ ਵੀ ਆਪਣੀ ਦਲੀਲ ਵਿੱਚ ਸਹੀ ਹਨ। ਸੋ ਗਲਤੀ ਪੰਜਾਬ ਸਰਕਾਰ ਦੀ ਹੋਣ ਕਰਕੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਆਪਣੀ ਇਸ ਗਲਤੀ ਲਈ ਅਸਤੀਫ਼ਾ ਦੇਣਾ ਚਾਹੀਦਾ ਹੈ।

# ਸਕੂਲੀ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਣਕਾਰੀ ਦਿੱਤੀ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-'ਨਿਸਚੈ ਕਰ ਆਪਨੀ ਜੀਤ ਕਰੂ' ਥੀਮ ਅਧੀਨ ਪੰਜਾਬ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਪੈਣ ਵਾਲੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਾਉਣ ਲਈ ਪ੍ਰੋਜੈਕਟ ਚਲਾਇਆ ਜਾ ਰਿਹਾ ਹੈ।ਇਸ ਤਹਿਤ ਪੰਜਾਬ ਦੇ ਸਾਰੇ ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਦੇ ਨੌਵੀਂ ਤੋਂ ਬਾਰ੍ਹਵੀਂ ਦੇ ਵਿਦਿਆਰਥੀਆਂ ਨੂੰ ਡਾਕੂਮੈਂਟਰੀ ਵੀਡੀਓਜ਼ ਤੇ ਹੋਰ ਵੱਖ-ਵੱਖ ਗਤੀਵਿਧੀਆਂ ਰਾਹੀਂ ਨਸ਼ਿਆਂ ਦੇ ਬੁਰੇ ਪ੍ਰਭਾਵਾਂ ਦੀ ਜਾਣਕਾਰੀ ਦਿੱਤੀ ਜਾਏਗੀ ਤਾਂ ਜੁ ਉਹ ਨਸ਼ਿਆਂ ਤੋਂ ਦੂਰ ਰਹਿ ਸਕਣ।ਡੀ ਈ ਓ ਸ਼੍ਰੀ ਮਤੀ ਤਰਵਿੰਦਰ ਕੌਰ, ਡਿਪਟੀ ਡੀ ਈ ਓ ਸ਼੍ਰੀਮਤੀ ਮਨਜੀਤ ਕੌਰ ਤੇ ਪ੍ਰਵੀਨ ਸਿੰਗਲਾ ਦੀ ਅਗਵਾਈ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੰਨਿਆ ਵਿਖੇ ਅਧਿਆਪਕਾਂ ਦੀ ਦੋ ਰੋਜ਼ਾ ਸਿਖਲਾਈ ਸ਼ੁਰੂ ਕੀਤੀ ਗਈ, ਜਿਸ ਵਿੱਚ ਸੁਨਾਮ-1 ਬਲਾਕ ਦੇ ਚਾਰ ਹਾਈ ਸਕੂਲਾਂ ਤੇ ਦਸ ਸੀਨੀਅਰ ਸੈਕੰਡਰੀ ਸਕੂਲਾਂ ਦੇ ਅਧਿਆਪਕ ਟ੍ਰੇਨਿੰਗ ਪ੍ਰਾਪਤ ਕਰ ਰਹੇ ਹਨ।ਪ੍ਰਿੰਸੀਪਲ ਸ੍ਰੀਮਤੀ ਨੀਲਮ ਰਾਣੀ ਨੇ ਦੱਸਿਆ ਕਿ ਇਸ ਬਲਾਕ ਵਿੱਚ ਕੁਲ 28 ਅਧਿਆਪਕ ਸਿਖਲਾਈ ਪ੍ਰਾਪਤ ਕਰ ਰਹੇ ਹਨ, ਜੋ ਇਸ ਤੋਂ ਬਾਅਦ ਆਪਣੇ ਆਪਣੇ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਇਸ ਪ੍ਰੋਜੈਕਟ ਤਹਿਤ ਵੱਖ-ਵੱਖ ਗਤੀਵਿਧੀਆਂ ਕਰਾਉਣਗੇ। ਬਲਾਕ ਨੋਡਲ ਆਫਿਸਰ ਸ਼੍ਰੀਮਤੀ ਮਨੀਸ਼ਾ ਮਹਿਤਾ ਨੇ ਪੰਜਾਬ ਸਰਕਾਰ ਦੇ ਇਸ ਪ੍ਰੋਜੈਕਟ ਦੀ ਸ਼ਲਾਘਾ ਕੀਤੀ ਤੇ ਬਲਾਕ ਵਿੱਚ ਇਸ ਨੂੰ ਪੂਰੀ ਤਨਦੇਹੀ ਨਾਲ ਲਾਗੂ ਕਰਨ ਦਾ ਵਿਸ਼ਵਾਸ ਦਿਵਾਇਆ।ਇਸ ਤੋਂ ਇਲਾਵਾ ਬਲਾਕ ਰਿਸੋਰਸ ਕੋਆਰਡੀਨੇਟਰ ਭਾਰਤ ਭੂਸ਼ਨ ਤੇ ਨੀਰਜ ਕੁਮਾਰ, ਜੋ ਟ੍ਰੇਨਿੰਗ ਵਿੱਚ ਬਤੌਰ ਰਿਸੋਰਸ ਪਰਸਨ ਭੂਮਿਕਾ ਨਿਭਾ ਰਹੇ ਹਨ, ਨੇ ਵੀ ਦੱਸਿਆ ਕਿ ਇਹ ਪੰਜਾਬ ਸਰਕਾਰ ਦਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਤਹਿਤ ਹਰ ਦੋ ਹਫ਼ਤਿਆਂ ਵਿੱਚ ਵਿਦਿਆਰਥੀਆਂ ਨੂੰ ਇੱਕ ਗਤੀਵਿਧੀ ਕਰਵਾਈ ਜਾਵੇਗੀ, ਜਿਸ ਵਿੱਚ ਰਿਹੈਬ ਸੈਂਟਰਾਂ ਵਿੱਚ ਨਸ਼ਿਆਂ ਤੋਂ ਛੁਟਕਾਰਾ ਪਾਉਣ ਦੇ ਕੋਸ਼ਿਸ਼ ਕਰ ਰਹੇ ਵਿਕਟਿਮ ਤੇ ਉਨ੍ਹਾਂ ਦੇ ਪਰਵਾਰਕ ਮੈਂਬਰ ਇਸ ਬਾਰੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਭਰਪੂਰ ਜਾਣਕਾਰੀ ਦੇ ਰਹੇ ਹਨ।

## ਗੰਗਾ ਇੰਟਰਨੈਸ਼ਨਲ ਸਕੂਲ ਵੱਲੋਂ ਵਿਦਿਆਰਥੀ ਪ੍ਰੀਸ਼ਦ ਦਾ ਗਠਨ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਗੰਗਾ ਇੰਟਰਨੈਸ਼ਨਲ ਸਕੂਲ, ਢਾਬੀ ਗੁੱਜਰਾਂ ਵੱਲੋਂ ਵਿਦਿਆਰਥੀ ਪ੍ਰੀਸ਼ਦ ਦਾ ਗਠਨ ਕੀਤਾ ਗਿਆ।ਵਿਦਿਆਰਥੀ ਪ੍ਰੀਸ਼ਦ ਦੇ ਗਠਨ ਦਾ ਮਕਸਦ ਵਿਦਿਆਰਥੀਆਂ ਵਿੱਚ ਲੀਡਰਸ਼ਿਪ ਅਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਪੈਦਾ ਕਰਨਾ ਹੈ। ਇਸ ਮੌਕੇ ਕਰਵਾਏ ਗਏ ਸਮਾਗਮ ਦਾ ਆਰੰਭ ਜੋਤੀ ਪ੍ਰਚੰਡ ਕਰਕੇ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਸਕੂਲ ਦੀ ਡਾਇਰੈਕਟਰ ਪ੍ਰਿੰਸੀਪਲ ਮੈਡਮ ਰੀਨਾ ਚੀਮਾ ਦਾ ਉਤਸ਼ਾਹਪੂਰਕ ਸਵਾਗਤ ਕੀਤਾ ਗਿਆ।ਉਨ੍ਹਾਂ ਦੇ ਨਾਲ ਵਾਈਸ ਪ੍ਰਿੰਸੀਪਲ ਇਸ਼ਾਂਤ ਪਾਹਵਾ, ਸੀਨੀਅਰ ਕੋਆਰਡੀਨੇਟਰ ਅਜੀਤ ਸਿੰਘ, ਮਿਡਲ ਵਿੰਗ ਕੋਆਰਡੀਨੇਟਰ ਅਮ੍ਰਿਤਪਾਲ ਕੌਰ ਅਤੇ ਜੂਨੀਅਰ ਵਿੰਗ ਕੋਆਰਡੀਨੇਟਰ ਰਾਜਦੀਪ ਕੌਰ ਵੀ ਮੰਚ ਉਤੇ ਹਾਜ਼ਰ ਸਨ। ਇਸ ਦੌਰਾਨ ਸਕੂਲ ਦੇ ਚਾਰੋ ਹਾਊਸਾਂ ਅਲਕਨੰਦਾ, ਭਾਗੀਰਥੀ, ਗੰਗੋਤਰੀ ਅਤੇ ਮੰਦਾਕਿਨੀ ਦੇ ਵਿਦਿਆਰਥੀਆਂ ਨੇ ਅਨੁਸ਼ਾਸਨ ਅਤੇ ਸਹਿਯੋਗ ਦਾ ਪ੍ਰਦਰਸ਼ਨ ਕਰਦਿਆਂ ਪਰੇਡ ਵਿੱਚ ਭਾਗ ਲਿਆ। ਸਕੂਲ ਦੀ ਐਨ ਸੀ ਸੀ ਕੈਡੇਟਸ ਵਿੰਗ ਦੇ ਮਾਰਚ ਪਾਸਟ ਕਰਕੇ ਦਰਸ਼ਕਾਂ ਦਾ ਮਨ ਮੋਹ ਲਿਆ।ਸਕੂਲ ਦੀ ਚੋਣ ਕਮੇਟੀ ਵੱਲੋਂ ਇੰਟਰਵਿਊ ਪ੍ਰਕਿਰਿਆ ਦੇ ਆਧਾਰ 'ਤੇ ਯੋਗ ਵਿਦਿਆਰਥੀ ਆਗੂਆਂ ਦੀ ਚੋਣ ਕੀਤੀ ਗਈ। ਚੁਣੇ ਗਏ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਅਹੁਦਿਆਂ ਦੇ ਅਨੁਸਾਰ ਬੈਜ ਅਤੇ ਸੈਸ਼ ਪਾ ਕੇ ਜ਼ਿੰਮੇਵਾਰੀਆਂ ਸੌਂਪੀ ਗਈਆਂ।ਇਸ ਮੌਕੇ ਬਣਾਏ ਗਏ ਮੁੱਖ ਅਹੁਦੇਦਾਰਾਂ ਵਿੱਚ ਕਲਾਸ 12ਵੀਂ ਸਾਇੰਸ ਤੋਂ ਵੇਦਾਂਤ ਸ਼ਰਮਾ ਨੂੰ ਮੁਖੀ ਲੜਕਾ ਅਤੇ ਮਹਿਕਦੀਪ ਕੌਰ ਨੂੰ ਮੁਖੀ ਲੜਕੀ ਵਜੋਂ ਚੁਣਿਆ ਗਿਆ। ਅਗਮਜੋਤ ਸਿੰਘ ਨੂੰ ਡਿਪਟੀ ਮੁਖੀ ਲੜਕਾ ਅਤੇ ਨਵਰੀਤ ਕੌਰ ਨੂੰ ਡਿਪਟੀ ਮੁਖੀ ਲੜਕੀ ਵਜੋਂ ਨਿਯੁਕਤ ਕੀਤਾ ਗਿਆ। ਡਿਸਪਲਿਨ ਹੈੱਡ ਵਜੋਂ ਵਤਨਵੀਰ ਸਿੰਘ ਅਤੇ ਗਗਨਦੀਪ ਕੌਰ ਦੀ ਚੋਣ ਕੀਤੀ ਗਈ। ਚਾਰ ਹਾਊਸਾਂ ਲਈ ਕੈਪਟਨ, ਵਾਈਸ ਕੈਪਟਨ, ਸਪੋਰਟਸ ਕੈਪਟਨ ਅਤੇ ਪ੍ਰੀਫੈਕਟਸ ਦੀ ਵੀ ਘੋਸ਼ਣਾ ਕੀਤੀ ਗਈ, ਜਿਸ ਵਿੱਚ ਅਲਕਨੰਦਾ ਹਾਊਸ ਤੋਂ ਸੁਖਮਨਪ੍ਰੀਤ ਕੌਰ, ਭਾਗੀਰਥੀ ਹਾਊਸ ਤੋਂ ਅਮਾਨਤਪ੍ਰੀਤ ਕੌਰ, ਗੰਗੋਤਰੀ ਹਾਊਸ ਤੋਂ ਵੰਸ਼ਿਕਾ ਅਤੇ ਮੰਦਾਕਿਨੀ ਹਾਊਸ ਤੋਂ ਨੋਬਲਪ੍ਰੀਤ ਕੌਰ ਨੂੰ ਹਾਊਸ ਕੈਪਟਨ ਚੁਣਿਆ ਗਿਆ। ਇਸ ਤੋਂ ਬਾਅਦ ਸਹੁੰ ਚੁੱਕ ਸਮਾਰੋਹ ਕਰਵਾਇਆ ਗਿਆ।ਸਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਵੀ ਸਕੂਲ ਦਾ ਮਾਣ ਵਧਾਉਣ ਦਾ ਸੰਕਲਪ ਲਿਆ।

ਪਿਛਲੇ ਸੈਸ਼ਨ 2024-25 ਦੇ ਆਧਾਰ 'ਤੇ ਸਰਵੋਤਮ ਹਾਊਸ ਦੀ ਘੋਸ਼ਣਾ ਵੀ ਸਮਾਰੋਹ ਦੌਰਾਨ ਕੀਤੀ ਗਈ, ਜਿਸ ਵਿੱਚ ਭਾਗੀਰਥੀ ਹਾਊਸ ਨੇ ਪਹਿਲਾ ਸਥਾਨ, ਅਲਕਨੰਦਾ ਹਾਊਸ ਨੇ ਦੂਜਾ ਸਥਾਨ, ਅਤੇ ਗੰਗੋਤਰੀ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਸਮਾਰੋਹ ਦੇ ਅੰਤ ਵਿੱਚ ਪ੍ਰਬੰਧਕਾਂ ਨੇ ਚੁਣੇ ਗਏ ਸਾਰੇ ਵਿਦਿਆਰਥੀਆਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਇਮਾਨਦਾਰੀ ਨਾਲ ਨਿਭਾਉਣ ਲਈ ਉਤਸ਼ਾਹਤ ਕੀਤਾ।

# ਫੁੱਲਾਂ ਦੀ ਕਾਸ਼ਤ ਵਿੱਤੀ ਮਜ਼ਬੂਤੀ ਦਾ ਵਧੀਆ ਸਾਧਨ : ਜਗਦੀਪ ਸਿੰਘ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**
ਕਿਸਾਨਾਂ ਨੂੰ ਫੁੱਲਾਂ ਦੀ ਕਾਸ਼ਤ ਲਈ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਡਾਇਰੈਕਟਰ ਬਾਗਬਾਨੀ ਪੰਜਾਬ ਸ੍ਰੀਮਤੀ ਸ਼ੈਲਿੰਦਰ ਕੌਰ (ਆਈ.ਐਫ.ਐਸ) ਦੀ ਯੋਗ ਅਗਵਾਈ ਹੇਠ ਬਾਗਬਾਨੀ ਵਿਭਾਗ ਵੱਲੋਂ ਕ੍ਰਿਸ਼ੀ ਵਿਗਿਆਨ ਕੇਂਦਰ ਵਿਖੇ ਜ਼ਿਲ੍ਹਾ ਪੱਧਰੀ ਜਾਗਰੂਕਤਾ ਕੈਂਪ ਲਾਇਆ ਗਿਆ।ਕੈਂਪ ਦੀ ਪ੍ਰਧਾਨਗੀ ਕਰਦਿਆਂ ਸਹਾਇਕ ਡਾਇਰੈਕਟਰ ਜਗਦੀਪ ਸਿੰਘ ਨੇ ਕਿਹਾ ਕਿ ਕਣਕ ਤੇ ਝੋਨੇ ਦੀਆਂ ਰਵਾਇਤੀ ਫਸਲਾਂ ਦੇ ਚੱਕਰ ਵਿੱਚੋਂ ਨਿਕਲ ਕੇ ਆਪਣੀ ਆਰਥਿਕਤਾ ਨੂੰ ਮਜਬੂਤ ਕਰਨ ਲਈ ਫੁੱਲਾਂ ਦੀ ਕਾਸ਼ਤ ਵੱਲ ਕਦਮ ਵਧਾਇਆ ਜਾ ਸਕਦਾ ਹੈ।ਫ਼ਤਹਿਗੜ੍ਹ ਸਾਹਿਬ ਤੇ ਪਟਿਆਲਾ ਦੇ ਫੁੱਲ ਕਾਸ਼ਤਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਫੁੱਲਾਂ ਦੀ ਖੇਤੀ ਨਾ ਕੇਵਲ ਵਾਤਾਵਰਣ ਪੱਖੋਂ ਲਾਹੇਵੰਦ ਹੈ ਬਲਕਿ ਇਹ ਚੰਗੀ ਆਮਦਨ ਦਾ ਸਰੋਤ ਵੀ ਹੈ।

ਸਹਾਇਕ ਡਾਇਰੈਕਟਰ ਜਗਦੀਪ ਸਿੰਘ ਨੇ ਦੱਸਿਆ ਕਿ ਫੁੱਲਾਂ ਦੀ ਮੰਗ ਸਾਰਾ ਸਾਲ ਬਣੀ ਰਹਿੰਦੀ ਹੈ ਤੇ ਅਨੇਕਾਂ ਅਜਿਹੀ ਕਿਸਮ ਦੇ ਫੁੱਲ ਹਨ, ਜਿਨ੍ਹਾਂ ਨੂੰ ਪਾਣੀ ਦੀ ਲੋੜ ਕਾਫ਼ੀ ਘੱਟ ਹੁੰਦੀ ਹੈ।ਉਨ੍ਹਾਂ ਦੱਸਿਆ ਕਿ ਛੋਟੇ ਖੇਤਰ ਵਿੱਚ ਫੁੱਲਾਂ ਦੀ ਖੇਤੀ ਕਰਕੇ ਵਧੇਰੇ ਮੁਨਾਫ਼ੇ ਨੂੰ ਹਾਸਲ ਕੀਤਾ ਜਾ ਸਕਦਾ ਹੈ ਤੇ ਇਸ ਦੀ ਸਿਖਲਾਈ ਲੈਣ ਲਈ ਕਿਸਾਨਾਂ ਤੇ ਹੋਰ ਲੋਕਾਂ ਨੂੰ ਬਾਗਬਾਨੀ ਵਿਭਾਗ ਨਾਲ ਜੁੜਨਾ ਚਾਹੀਦਾ ਹੈ। ਫੁੱਲ ਕਲਸਟਰ ਅਤੇ ਸੋਧੀਆਂ ਕੌਮੀ ਬਾਗਬਾਨੀ ਮਿਸ਼ਨ ਸਕੀਮਾਂ ਤਹਿਤ ਆਯੋਜਤ ਕੈਂਪ ਦੌਰਾਨ ਕਿਸਾਨਾਂ ਨੂੰ ਗੁਲਾਬ, ਗੇਂਦਾ, ਗਲੈਡੀਓਲਸ, ਲਿਲੀ ਸਮੇਤ ਹੋਰ ਫੁੱਲਾਂ ਤੇ ਸਜਾਵਟੀ ਪੌਦਿਆਂ ਦੀ ਕਾਸ਼ਤ ਲਈ ਪ੍ਰੇਰਿਤ ਕੀਤਾ ਗਿਆ।

ਇਸ ਦੌਰਾਨ ਰਵਦੀਪ ਕੌਰ ਕੰਸਲਟੈਂਟ ਐਗਰੀਕਲਚਰ ਇਨਫਰਾਸਟਰਕਚਰ ਸਕੀਮ ਅਤੇ ਸੋਹਨ ਸਿੰਗਾਰ (ਜੀਕਾ) ਵੱਲੋਂ ਏ.ਆਈ.ਐਫ ਸਕੀਮ ਬਾਰੇ ਕਿਸਾਨਾਂ ਨੂੰ ਦੱਸਿਆ ਗਿਆ ਤੇ ਇਸ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਤ ਕੀਤਾ ਗਿਆ। ਇਸ ਤੋਂ ਇਲਾਵਾ ਫੁੱਲਾਂ ਦੀ ਕਾਸ਼ਤ ਕਰਨ ਵਾਲੇ ਕਿਸਾਨਾਂ ਦੇ ਕਲੱਸਟਰ ਬਣਾਉਣ ਬਾਰੇ ਸੁਝਾਅ ਦਿੱਤੇ ਗਏ, ਜਿਸ ਤਹਿਤ ਕਿਸਾਨ ਆਪਣੇ ਸਮੂਹ ਬਣਾ ਕੇ ਵਧੇਰੇ ਮੁਨਾਫਾ ਕਮਾ ਸਕਦੇ ਹਨ ਤੇ ਮੰਡੀਕਰਨ ਵੱਡੇ ਪੱਧਰ 'ਤੇ ਕਰ ਸਕਦੇ ਹਨ।ਇਸ ਬਾਗਬਾਨੀ ਜ਼ਿਲ੍ਹਾ ਪੱਧਰੀ ਜਾਗਰੂਕਤਾ ਕੈਂਪ ਵਿੱਚ ਫੁੱਲਾਂ ਦੀ ਪੈਦਾਵਾਰ ਤੇ ਮੰਡੀਕਰਨ 'ਤੇ ਵਿਚਾਰ ਚਰਚਾ ਕੀਤੀ ਗਈ।

## ਪੀ ਜੀ ਆਈ ਦੇ 'ਸਾਰਥੀ ਪ੍ਰੋਜੈਕਟ' 'ਚ ਸਾਰੇ ਵਲੰਟੀਅਰ ਵਿਦਿਆਰਥੀ ਦੇ ਸਕਣਗੇ ਸੇਵਾ

**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ 'ਚ ਉੱਤਰ ਭਾਰਤ ਦੇ ਕਈ ਰਾਜਾਂ ਤੋਂ ਹਰ ਰੋਜ਼ ਭਾਰੀ ਗਿਣਤੀ 'ਚ ਮਰੀਜ਼ਾਂ ਦੀ ਸਹਾਇਤਾ ਲਈ ਪੀਜੀਆਈ ਨੇ ਕਾਲਜ ਵਿਦਿਆਰਥੀਆਂ ਨੂੰ 'ਸਾਰਥੀ ਪ੍ਰੋਜੈਕਟ' ਤਹਿਤ ਸੇਵਾ ਵਿਚ ਲਾਇਆ ਹੋਇਆ ਹੈ।ਇਹ ਸੇਵਾ ਪਹਿਲਾ ਐਨਐਸਐਸ ਵਲੰਟੀਅਰ ਹੀ ਕਰਦੇ ਸਨ, ਪਰ ਹੁਣ ਇੱਕ ਅਹਿਮ ਫੈਸਲੇ ਤਹਿਤ ਪੀਜੀਆਈ ਨੇ ਹਰ ਵਲੰਟੀਅਰ ਵਿਦਿਆਰਥੀ ਨੂੰ ਇਸ ਸੇਵਾ ਦਾ ਮੌਕਾ ਦੇ ਦਿੱਤਾ ਹੈ।ਡਾਇਰੈਕਟਰ ਪ੍ਰੋਫੈਸਰ ਵਿਵੇਕ ਲਾਲ ਨੇ ਕਿਹਾ ਕਿ ਪ੍ਰੋਜੈਕਟ ਸਾਰਥੀ ਅਧੀਨ ਵਲੰਟੀਅਰ ਵਿਦਿਆਰਥੀਆਂ ਦੀ ਸਵੈਇੱਛੁਕ ਭਾਗੀਦਾਰੀ ਦੇ ਵਿਸਥਾਰ ਤੇ ਨਵੀਂ ਫੀਡਬੈਕ ਐਪ ਦੀ ਸ਼ੁਰੂਆਤ ਮਰੀਜ਼-ਕੇਂਦਰਤ ਸੇਵਾ ਤੇ ਨਿਰੰਤਰ ਸੁਧਾਰ ਵੱਲ ਸਾਡੀ ਵਚਨਬੱਧਤਾ ਦਾ ਅਗਲਾ ਪੜਾਅ ਹੈ।ਪੀ.ਜੀ.ਆਈ. ਦੇ ਡਿਪਟੀ ਡਾਇਰੈਕਟਰ (ਐਡਮਿਨਿਸਟ੍ਰੇਸ਼ਨ) ਪੰਕਜ ਰਾਏ ਨੇ ਵੀ ਇਸ ਵਿਚਾਰ ਨੂੰ ਦੁਹਰਾਉਂਦੇ ਹੋਏ ਕਿਹਾ ਕਿ ਸਾਰਥੀ ਵਲੰਟੀਅਰ ਹਸਪਤਾਲ ਕ੍ਰਮਚਾਰੀਆਂ ਅਤੇ ਮਰੀਜ਼ਾਂ ਵਿਚਕਾਰ ਹਰ ਰੋਜ਼ ਦੀ ਸੰਚਾਰਕ ਤਜਰਬੇ ਤੋਂ ਮਿਲ ਰਹੀ ਸਕਾਰਾਤਮਕ ਪ੍ਰਤਿਕਿਰਿਆ ਦੇ ਆਧਾਰ 'ਤੇ ਇਸ ਵਿਚ ਵਿਸਥਾਰ ਕਰਨ ਦਾ ਫੈਸਲਾ ਲਿਆ ਗਿਆ।ਉਨ੍ਹਾਂ ਕਿਹਾ ਕਿ ਪ੍ਰੋਜੈਕਟ ਸਾਰਥੀ ਦੀ ਸ਼ੁਰੂਆਤ ਤੋਂ ਹੀ ਇਹ ਉਪਰਾਲਾ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨੂੰ ਪੀਜੀਆਈ ਦੇ ਵੱਡੇ ਤੇ ਅਕਸਰ ਪੇਚੀਦਾ ਤੰਤਰ ਵਿੱਚ ਰਹਿਣ-ਸਹਿਣ ਵਿੱਚ ਮਦਦ ਕਰਨ ਵਿੱਚ ਮਹੱਤਵਪੂਰਨ ਰੋਲ ਅਦਾ ਕਰ ਰਿਹਾ ਹੈ।ਵਲੰਟੀਅਰ ਖਾਸ ਕਰਕੇ ਪਿਛੜੇ ਜਾਂ ਪਿੰਡਾਂ ਤੋਂ ਆਏ ਮਰੀਜ਼ਾਂ ਲਈ ਰਾਹਨੁਮਾਈ, ਭਾਵਨਾਤਮਕ ਹੌਸਲਾ ਤੇ ਮਨੁੱਖੀ ਸਹਿਯੋਗ ਦਾ ਸਰੋਤ ਬਣਦੇ ਹਨ।ਇਸ ਮਾਨਵਵਾਦੀ ਯਤਨ ਵਿੱਚ ਭਾਗੀਦਾਰ ਬਣਨ ਦੀ ਇੱਛਾ ਰੱਖਣ ਵਾਲੇ ਵਿਦਿਆਰਥੀ ਆਪਣੇ ਵੇਰਵੇ ਤੇ ਬੇਨਤੀਆਂ ਈਮੇਲ ਰਾਹੀਂ ਭੇਜ ਸਕਦੇ ਹਨ।ਇਹ ਨਵਾਂ ਢਾਂਚਾ ਇਕ ਹੋਰ ਮਜ਼ਬੂਤ, ਵਿਭਿੰਨ ਪਿਛੋਕੜ ਵਾਲੀਆਂ ਅਕੈਡਮਿਕ ਸੰਸਥਾਵਾਂ ਦੇ ਵਿਦਿਆਰਥੀਆਂ ਨੂੰ ਜੁੜਨ ਦਾ ਮੌਕਾ ਦਿੰਦਾ ਹੈ, ਜੋ ਮਰੀਜ਼ ਭਲਾਈ ਲਈ ਸਮਰਪਤ ਨੌਜਵਾਨ ਬਦਲਾਅਕਾਰੀ ਟੀਮ ਬਣਾਉਣ ਵੱਲ ਯਤਨ ਕਰੇਗਾ।

## ਹੁਨਰ ਵਿਕਾਸ ਅਧੀਨ ਕੋਰਸ ਪੂਰਾ ਹੋਣ 'ਤੇ ਵੰਡੇ ਸਰਟੀਫਿਕੇਟ

**ਮੋਗਾ (ਇਕਬਾਲ ਸਿੰਘ ਖਹਿਰਾ)**-ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਪੰਜਾਬ ਸਕਿੱਲ ਡਿਵੈਲਪਮੈਂਟ ਮਿਸ਼ਨ ਦੁਆਰਾ ਸਪਾਂਸਰ ਪੰਜਾਬ ਹੁਨਰ ਵਿਕਾਸ ਯੋਜਨਾ ਤਹਿਤ ਫਸਟ ਕੰਪਿਊਟਰਜ਼ ਐਜੂਕੇਸ਼ਨਲ ਸੁਸਾਇਟੀ ਵੱਲੋਂ ਪਿੰਡ ਦੌਲਤਪੁਰਾ ਨੀਵਾਂ ਵਿਖੇ ਕਿੱਤਾਮੁਖੀ ਸਿਖਲਾਈ ਕੇਂਦਰ ਵਿਚ ਫਿਨਿਸ਼ਰ ਐਂਡ ਪੈਕਰ ਦਾ 17



ਦਿਨਾਂ ਦਾ ਆਰ.ਪੀ.ਐਲ ਟ੍ਰੇਨਿੰਗ ਕੋਰਸ ਕਰਾਇਆ ਗਿਆ।ਸਮਾਪਤੀ ਉਪਰੰਤ ਸਿਖਿਆਰਥਣਾਂ ਨੂੰ ਸਰਟੀਫਿਕੇਟ ਵੰਡਣ ਲਈ ਸਮਾਗਮ ਕਰਾਇਆ ਗਿਆ।ਪੰਜਾਬ ਐਂਡ ਸਿੰਧ ਬੈਂਕ ਆਰਸੇਟੀ ਦੁੱਨੇਕੇ ਦੇ ਡਾਇਰੈਕਟਰ ਗੌਰਵ ਕੁਮਾਰ, ਪੰਜਾਬ ਸਕਿਲ ਵਿਕਾਸ ਕਮਿਸ਼ਨ ਦੇ ਮਨਪ੍ਰੀਤ ਕੌਰ, ਪੁਸ਼ਰਾਜ, ਇੰਜੀ; ਵਿਕਾਸ ਸਿੰਗਲਾ, ਇੰਜ: ਅਸ਼ਵਨੀ ਕੁਮਾਰ, ਪ੍ਰੋ. ਬਲਵਿੰਦਰ ਸਿੰਘ, ਟਰੇਨਰ ਗਗਨ, ਬਲਜਿੰਦਰ ਕੌਰ ਤੋਂ ਇਲਾਵਾ ਸਿਖਿਆਰਥਣਾਂ ਹਾਜ਼ਰ ਸਨ।ਗੌਰਵ ਕੁਮਾਰ ਨੇ ਸਿਖਿਆਰਥਣਾਂ ਨੂੰ ਹੁਨਰਮੰਦ ਬਣ ਕੇ ਆਪਣਾ ਖੁਦ ਦਾ ਕਾਰੋਬਾਰ ਸ਼ੁਰੂ ਕਰਨ ਲਈ ਪ੍ਰੇਰਿਆ ਤੇ ਆਰਸੇਟੀ ਦੁਨੇਕੇ ਵਿਖੇ ਚੱਲ ਰਹੇ ਮੁਫ਼ਤ ਕੋਰਸਾਂ ਬਾਰੇ ਜਾਣਕਾਰੀ ਦਿੱਤੀ।ਮਨਪ੍ਰੀਤ ਕੌਰ ਨੇ ਸਕਿੱਲ ਵਿਕਾਸ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਦੱਸਿਆ।

## ਬੀ ਐੱਫ਼ ਯੂ ਐੱਚ ਐੱਸ ਨੇ ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ ਨਾਲ ਮਾਨਤਾ ਪ੍ਰਾਪਤ ਯੂਰੋਲੋਜੀ ਫੈਲੋਸ਼ਿਪ ਸ਼ੁਰੂ ਕਰਨ ਲਈ ਕੀਤਾ ਸਮਝੌਤਾ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਸੁਪਰ-ਸਪੈਸ਼ਲਿਟੀ ਮੈਡੀਕਲ ਸਿੱਖਿਆ ਨੂੰ ਮਜ਼ਬੂਤ ਕਰਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਿਜ਼ ਫਰੀਦਕੋਟ ਨੇ ਯੂਰੋਲੋਜੀਕਲ ਸੋਸਾਇਟੀ ਆਫ਼ ਇੰਡੀਆ ਨਾਲ ਪੰਜ ਸਾਲਾ ਸਮਝੌਤਾ 'ਤੇ ਹਸਤਾਖਰ ਕੀਤੇ ਤਾਂ ਜੋ ਯੂਰੋਲੋਜੀ ਦੇ ਖੇਤਰ ਵਿੱਚ ਇੱਕ ਰਸਮੀ ਤੌਰ 'ਤੇ ਮਾਨਤਾ ਪ੍ਰਾਪਤ ਫੈਲੋਸ਼ਿਪ ਪ੍ਰੋਗਰਾਮ ਸ਼ੁਰੂ ਕੀਤਾ ਜਾ ਸਕੇ। ਬੀ ਐਫ਼ ਯੂ ਐਚ ਐਸ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਰਾਜੀਵ ਸੂਦ ਅਤੇ ਯੂ ਐਸ ਆਈ ਦੇ ਪ੍ਰਧਾਨ ਪ੍ਰੋ. ਡਾ. ਰਾਜੀਵ ਟੀਪੀ ਦੁਆਰਾ ਹਸਤਾਖਰ ਕੀਤਾ ਗਿਆ ਇਹ ਸਮਝੌਤਾ ਪੂਰੇ ਭਾਰਤ ਵਿੱਚ ਯੂਰੋਲੋਜੀਕਲ ਸਾਇੰਸਿਜ਼ ਵਿੱਚ ਢਾਂਚਾਗਤ ਸਿਖਲਾਈ ਅਤੇ ਸਮਰੱਥਾ ਨਿਰਮਾਣ ਨੂੰ ਵਧਾਉਣ ਲਈ ਇੱਕ ਸਹਿਯੋਗੀ ਯਤਨ ਨੂੰ ਦਰਸਾਉਂਦਾ ਹੈ।1 ਅਗਸਤ ਤੋਂ ਹਰ ਸਾਲ ਸ਼ੁਰੂ ਹੋਣ ਵਾਲੇ ਇਨ੍ਹਾਂ ਫੈਲੋਸ਼ਿਪ ਪ੍ਰੋਗਰਾਮਾਂ ਵਿੱਚ ਤਿੰਨ ਮਹੀਨਿਆਂ ਤੱਕ ਦੀ ਛੋਟੀ ਮਿਆਦ ਦੀ ਨਿਗਰਾਨੀ ਅਤੇ ਉਪ-ਵਿਸ਼ੇਸ਼ਤਾ ਦੇ ਆਧਾਰ 'ਤੇ ਛੇ ਮਹੀਨਿਆਂ ਤੋਂ ਇੱਕ ਸਾਲ ਤੱਕ ਦੀ ਲੰਬੀ ਮਿਆਦ ਦੀ ਫੈਲੋਸ਼ਿਪ ਸ਼ਾਮਲ ਹੋਵੇਗੀ। ਅਰਜ਼ੀਆਂ ਨੂੰ ਯੂ ਐਸ ਆਈ ਦੁਆਰਾ ਗਠਿਤ ਇੱਕ ਕਮੇਟੀ ਦੁਆਰਾ ਸ਼ਾਰਟਲਿਸਟ ਕੀਤਾ ਜਾਵੇਗਾ, ਜਿਸ ਤੋਂ ਬਾਅਦ ਚੋਣ ਲਈ ਕਾਉਂਸਲਿੰਗ ਕੀਤੀ ਜਾਵੇਗੀ ਅਤੇ ਯੂ ਐਸ ਆਈ ਦੁਆਰਾ ਸਖ਼ਤ ਮੁਲਾਂਕਣ ਨੂੰ ਯਕੀਨੀ ਬਣਾਉਣ ਲਈ ਇੱਕ ਐਗਜ਼ਿਟ ਪ੍ਰੀਖਿਆ ਕੀਤੀ ਜਾਵੇਗੀ। ਬੀ ਐਫ਼ ਯੂ ਐਚ ਐਸ ਇਹਨਾਂ ਫੈਲੋਸ਼ਿਪਾਂ ਨੂੰ ਯੂ ਐਸ ਆਈ ਦੁਆਰਾ ਪ੍ਰਦਾਨ ਕੀਤੇ ਗਏ ਦਿਸ਼ਾ-ਨਿਰਦੇਸ਼ਾਂ ਦੇ ਤਹਿਤ ਮਾਨਤਾ ਦੇਵੇਗਾ। ਸੰਸਥਾਵਾਂ ਲਈ ਮਾਨਤਾ ਪ੍ਰਕਿਰਿਆ ਦੋਵਾਂ ਧਿਰਾਂ ਦੁਆਰਾ ਆਪਸੀ ਸਹਿਮਤੀ ਅਨੁਸਾਰ ਸਾਂਝੇ ਤੌਰ 'ਤੇ ਜਾਂ ਸੁਤੰਤਰ ਤੌਰ 'ਤੇ ਕੀਤੀ ਜਾ ਸਕਦੀ ਹੈ, ਨਾਲ ਹੀ ਜ਼ਰੂਰੀ ਨਿਰੀਖਣ ਅਤੇ ਕਾਨੂੰਨੀ ਪ੍ਰਵਾਨਗੀਆਂ ਵੀ ਦਿੱਤੀਆਂ ਜਾਣਗੀਆਂ।ਦਸਤਖਤ ਸਮਾਰੋਹ ਵਿੱਚ ਅਰਵਿੰਦ ਕੁਮਾਰ, ਰਜਿਸਟਰਾਰ; ਡਾ. ਸੰਜੀਵ ਗੋਇਲ, ਪ੍ਰਤੀਨਿਧੀ ਆਈ ਐਮ ਏ ; ਡਾ. ਰੋਹਿਤ ਚੋਪੜਾ, ਵਧੀਕ ਰਜਿਸਟਰਾਰ; ਡਾ. ਸੰਜੇ ਗੁਪਤਾ, ਪ੍ਰਿੰਸੀਪਲ; ਡਾ. ਨੀਤੂ ਕੁੱਕੜ, ਮੈਡੀਕਲ ਸੁਪਰਡੈਂਟ ਅਤੇ ਯੂਨੀਵਰਸਿਟੀ ਦੇ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਹੋਏ।ਇਸ ਮੌਕੇ ਯੂਨੀਵਰਸਿਟੀ ਦੇ ਸਟਾਫ ਨੇ ਪ੍ਰੋਫੈਸਰ (ਡਾ.) ਰਾਜੀਵ ਸੂਦ ਨੂੰ ਬੀ ਐਫ਼ ਯੂ ਐਚ ਐਸ ਦੇ ਵਾਈਸ ਚਾਂਸਲਰ ਵਜੋਂ ਦੋ ਪ੍ਰਭਾਵਸ਼ਾਲੀ ਸਾਲ ਪੂਰੇ ਕਰਨ 'ਤੇ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਨਿਰੰਤਰ ਅਗਵਾਈ ਅਤੇ ਦ੍ਰਿਸ਼ਟੀ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ।

## ਪੱਤਰਕਾਰ ਹਾਕਮ ਭੱਟੀ ਦਾ ਹਾਲ ਚਾਲ ਪੁੱਛਿਆ



**ਸੁਨਾਮ (ਅਸ਼ੋਕ ਬਾਂਸਲ)**-ਵਿਨਾਇਕ ਹਸਪਤਾਲ ਵਿੱਚ ਪੱਤਰਕਾਰ ਹਾਕਮ ਸਿੰਘ ਭੱਟੀ ਦੇ ਅਪ੍ਰੇਸ਼ਨ ਤੋਂ ਬਾਅਦ ਸਿਹਤ ਦਾ ਹਾਲ ਚਾਲ ਪੁੱਛਣ ਲਈ ਉਨ੍ਹਾਂ ਦੇ ਪਿੰਡ ਲਖਮੀਰਵਾਲਾ ਵਿਖੇ ਕਾਂਗਰਸ ਹਲਕਾ ਇੰਚਾਰਜ ਸ੍ਰੀ ਜਸਵਿੰਦਰ ਸਿੰਘ ਧੀਮਾਨ ਉਨ੍ਹਾਂ ਦੇ ਗ੍ਰਹਿ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਉਨ੍ਹਾਂ ਵਿਨਾਇਕ ਹਸਪਤਾਲ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਡਾਕਟਰ ਰਾਜੀਵ ਜਿੰਦਲ ਇੱਕ ਬਹੁਤ ਹੀ ਵਧੀਆ ਸੁਲਝੇ ਹੋਏ ਸਰਜਨ ਹਨ, ਜਿਨ੍ਹਾਂ ਨੇ ਬਹੁਤ ਹੀ ਸਫ਼ਲ ਆਪਰੇਸ਼ਨ ਕੀਤੇ ਹਨ। ਉਹਨਾਂ ਨੇ ਕਿਹਾ ਕਿ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਸਾਡੇ ਪੱਤਰਕਾਰ ਹਾਕਮ ਸਿੰਘ ਭੱਟੀ ਵੀ ਜਲਦ ਤੋਂ ਜਲਦ ਠੀਕ ਹੋ ਜਾਣ ਤਾਂ ਜੁ ਦੁਬਾਰਾ ਫੀਲਡ ਦੇ ਵਿੱਚ ਆਪਣਾ ਕੰਮ ਕਾਰ ਸਾਂਭਣ।

# ਗੈਰੀ ਬੜਿੰਗ ਵੱਲੋਂ 51.78 ਲੱਖ ਦੀ ਲਾਗਤ ਨਾਲ ਸੀ ਸੀ ਟੀ ਵੀ ਕੈਮਰੇ ਲਾਉਣ ਦੇ ਪ੍ਰੋਜੈਕਟ ਦਾ ਆਗਾਜ਼



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**
ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਦੀ ਦਿਸ਼ਾ ਵਿੱਚ ਲਗਾਤਾਰ ਅਹਿਮ ਉਪਰਾਲੇ ਕਰ ਰਹੀ ਹੈ।ਅਮਲੋਹ ਤੋਂ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਵੱਲੋਂ ਨਗਰ ਕੌਂਸਲ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਦੀ ਮੌਜੂਦਗੀ ਵਿੱਚ ਮੰਡੀ ਗੋਬਿੰਦਗੜ੍ਹ ਦੇ ਸ਼ਹਿਰੀ ਹਿੱਸੇ ਵਿੱਚ 51.78 ਲੱਖ ਰੁਪਏ ਦੀ ਲਾਗਤ ਨਾਲ ਲੱਗਣ ਵਾਲੇ ਸੀ.ਸੀ.ਟੀ.ਵੀ ਕੈਮਰਿਆਂ ਦੇ ਪ੍ਰੋਜੈਕਟ ਦਾ ਰਸਮੀ ਆਗਾਜ਼ ਕੀਤਾ ਗਿਆ।

ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਸ਼ਹਿਰ ਵਾਸੀਆਂ ਦੀ ਚਿਰਾਂ ਤੋਂ ਚੱਲੀ ਰਹੀ ਮੰਗ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਇਹ ਇੱਕ ਅਹਿਮ ਉਪਰਾਲਾ ਹੈ, ਜਿਸ ਤਹਿਤ ਹੁਣ ਪੜਾਅਵਾਰ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪਹਿਲੇ ਪੜਾਅ ਤਹਿਤ ਸ਼ਹਿਰ ਵਿੱਚ 50 ਅਤਿ ਆਧੁਨਿਕ ਤਕਨਾਲੋਜੀ ਵਾਲੇ ਸੀ.ਸੀ.ਟੀ.ਵੀ ਕੈਮਰੇ ਲਾਉਣ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਗਈ ਹੈ, ਜਿਨ੍ਹਾਂ ਵਿੱਚੋਂ 5 ਕੈਮਰੇ ਅਜਿਹੇ ਹਨ, ਜਿਨ੍ਹਾਂ ਰਾਹੀਂ ਵਾਹਨਾਂ ਦੀ ਨੰਬਰ ਪਲੇਟ ਦੀ ਕਾਫ਼ੀ ਦੂਰੋਂ ਵੀ ਟ੍ਰੇਸਿੰਗ ਸੰਭਵ ਹੋ ਸਕੇਗੀ।ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਜੁਰਮ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ 'ਚ ਇਹ ਕੈਮਰੇ ਮਦਦਗਾਰ ਸਾਬਤ ਹੋਣਗੇ ਤੇ ਲੋਕਾਂ ਨੂੰ ਅਣਸੁਖਾਵੀਆਂ ਘਟਨਾਵਾਂ ਤੋਂ ਰਾਹਤ ਮਹਿਸੂਸ ਹੋਵੇਗੀ।

ਉਨ੍ਹਾਂ ਕਿਹਾ ਕਿ ਆਵਾਜਾਈ ਮੈਨੇਜਮੈਂਟ ਵਿੱਚ ਵੀ ਕੈਮਰਿਆਂ ਦਾ ਰੋਲ ਵਧੀਆ ਸਾਬਤ ਹੋਵੇਗਾ ਅਤੇ ਆਉਣ ਵਾਲੇ ਸਮੇਂ ਅੰਦਰ ਲੋਕਾਂ ਦੀ ਜ਼ਰੂਰਤ ਮੁਤਾਬਕ ਹੋਰ ਕੈਮਰੇ ਲਾਉਣ ਲਈ ਵੀ ਵਚਨਬੱਧ ਹਾਂ।ਵਿਧਾਇਕ ਗੈਰੀ ਬੜਿੰਗ ਨੇ ਕਿਹਾ ਕਿ ਐਸ.ਐਸ.ਪੀ ਸ਼ੁਭਮ ਅਗਰਵਾਲ ਹੇਠ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾਖੋਰੀ ਤੇ ਲੁੱਟ-ਖੋਹ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਸਮੇਂ-ਸਮੇਂ 'ਤੇ ਦੁਕਾਨਦਾਰਾਂ, ਬੈਂਕਾਂ ਨੂੰ ਅਜਿਹੇ ਕੈਮਰੇ ਲਵਾਏ ਜਾਣ ਦੀਆਂ ਹਦਾਇਤਾਂ ਜਾਰੀ ਕੀਤੀਆਂ ਜਾਂਦੀਆਂ ਹਨ ਤੇ ਹੁਣ ਇਨ੍ਹਾਂ ਉਚ ਕੁਆਲਟੀ ਦੇ ਕੈਮਰਿਆਂ ਦੇ ਇੰਸਟਾਲ ਹੋਣ ਨਾਲ ਪੁਲਿਸ ਨੂੰ ਵੀ ਮਦਦ ਮਿਲੇਗੀ।ਨਗਰ ਕੌਂਸਲ ਦੇ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਇਹ ਅਹਿਮ ਉਪਰਾਲਾ ਕੀਤਾ ਗਿਆ ਹੈ, ਜਿਸ ਨਾਲ ਕ੍ਰਾਈਮ ਨੂੰ ਰੋਕਣ ਵਿੱਚ ਮਦਦ ਮਿਲੇਗੀ ਅਤੇ ਸ਼ਹਿਰ ਵਾਸੀ ਵੱਡੀ ਰਾਹਤ ਮਹਿਸੂਸ ਕਰਨਗੇ।

# ਗੁਰੂ ਨਾਨਕ ਨੈਸ਼ਨਲ ਕਾਲਜ ਦੇ ਪ੍ਰਿੰਸੀਪਲ ਨੂੰ ਬੈਸਟ ਪ੍ਰਿੰਸੀਪਲ ਐਲਾਨਿਆ



**ਦੋਰਾਹਾ (ਹਰਮਿੰਦਰ ਸੇਠ)**
ਗੁਰੂ ਨਾਨਕ ਨੈਸ਼ਨਲ ਕਾਲਜ ਦੇ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੂੰ ਨੈਸ਼ਨਲ ਐਜੂ ਟਰੱਸਟ ਆਫ਼ ਇੰਡੀਆ ਦੁਆਰਾ ਚਿਤਕਾਰਾ ਯੂਨੀਵਰਸਿਟੀ ਵਿਖੇ ਆਯੋਜਤ ਸਨਮਾਨ ਸਮਾਰੋਹ ਵਿੱਚ ਵਧੀਆ ਪ੍ਰਦਰਸ਼ਨ ਲਈ ਸਨਮਾਨਤ ਕੀਤਾ ਗਿਆ।

ਨੈਸ਼ਨਲ ਐਜੂ ਟਰੱਸਟ ਆਫ਼ ਇੰਡੀਆ, ਭਾਰਤ ਸਰਕਾਰ ਦੇ ਐਮ. ਐਸ. ਐਮ.ਈ (ਮਾਈਕਰੋ ਸਮਾਲ ਐਂਡ ਮੀਡੀਅਮ ਇੰਟਰਪ੍ਰਾਇਜ਼ਜ਼) ਮੰਤਰਾਲੇ ਅਧੀਨ ਇੱਕ ਰਜਿਸਟਰਡ ਸੰਸਥਾ ਹੈ, ਜਿਹੜੀ ਸਿੱਖਿਆ ਤੇ ਵਾਤਾਵਰਣ ਸਥਿਰਤਾ ਨੂੰ ਉਤਸ਼ਾਹਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਅ ਰਹੀ ਹੈ। ਇਸ ਸੰਸਥਾ ਦੁਆਰਾ ਚਲਾਏ ਗਏ ਸਸਟੇਨੇਬਿਲਟੀ ਐਕਸੀਲੈਂਸ ਐਵਾਰਡ 2025 ਵਿੱਚ ਭਾਗ ਲੈਂਦਿਆਂ ਗੁਰੂ ਨਾਨਕ ਨੈਸ਼ਨਲ ਕਾਲਜ ਨੇ ਬਿਹਤਰ ਪ੍ਰਦਰਸ਼ਨ ਕੀਤਾ। ਪ੍ਰੋਗਰਾਮ ਤਹਿਤ ਨੈਸ਼ਨਲ ਐਜੂ ਟਰੱਸਟ ਆਫ਼ ਇੰਡੀਆ ਵੱਲੋਂ ਐਲਾਨੇ ਨਤੀਜਿਆਂ ਵਿੱਚ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ 'ਬੈਸਟ ਪ੍ਰਿੰਸੀਪਲ' ਦਾ ਐਵਾਰਡ ਪ੍ਰਾਪਤ ਕੀਤਾ ਗਿਆ। ਇਸੇ ਤਰ੍ਹਾਂ ਨੋਡਲ ਅਫ਼ਸਰ ਪ੍ਰੋ. ਰਣਜੀਤ ਕੌਰ ਦੀ ਅਗਵਾਈ ਹੇਠ 'ਗਰੀਨ ਕੈਂਪਸ ਐਵਾਰਡ 2025', ਨੋਡਲ ਅਫ਼ਸਰ ਡਾ. ਨਿਧੀ ਸਰੂਪ ਦੀ ਅਗਵਾਈ ਹੇਠ 'ਸਸਟੇਨੇਬਲ ਇੰਟਰਪ੍ਰੀਨਿਊਰਸ਼ਿਪ ਐਂਡ ਇਨੋਵੇਸ਼ਨ ਐਵਾਰਡ 2025' ਕਾਲਜ ਦੇ ਹਿੱਸੇ ਆਇਆ ਤੇ ਡਾ. ਲਵਲੀਨ ਬੈਂਸ ਨੂੰ 'ਬੈਸਟ ਫੈਕਲਟੀ' ਐਵਾਰਡ ਪ੍ਰਾਪਤ ਹੋਇਆ। ਸਨਮਾਨ ਸਮਾਰੋਹ ਦੌਰਾਨ ਨੈਸ਼ਨਲ ਐਜੂ ਟਰੱਸਟ ਆਫ਼ ਇੰਡੀਆ ਦੇ ਸੀ.ਈ.ਓ ਸ਼੍ਰੀ ਸਮਰੱਥ ਸ਼ਰਮਾ ਨੇ ਪੰਜਾਬ ਤੇ ਚੰਡੀਗੜ੍ਹ ਦੀਆਂ ਵੱਖ-ਵੱਖ ਸੰਸਥਾਵਾਂ ਦੇ ਕੁੱਲ 13 ਪ੍ਰਿੰਸੀਪਲਾਂ ਤੇ 6 ਨੋਡਲ ਅਫ਼ਸਰਾਂ ਨੂੰ ਸਿੱਖਿਆ 'ਚ ਸਥਿਰਤਾ, ਵਾਤਾਵਰਣ ਸੁਰੱਖਿਆ ਤੇ ਨਵੀਨਤਾ ਦੇ ਖੇਤਰਾਂ ਵਿੱਚ ਉਨ੍ਹਾਂ ਦੇ ਮਿਸਾਲੀ ਯੋਗਦਾਨ ਲਈ ਸਨਮਾਨਤ ਕੀਤਾ।

# ਜੱਗੀ ਗਿੱਲ ਨੂੰ ਜ਼ਿਲ੍ਹਾ ਮੀਡੀਆ ਇੰਚਾਰਜ ਬਣਨ 'ਤੇ ਵਧਾਈ ਦਿੱਤੀ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** ਆਮ ਆਦਮੀ ਪਾਰਟੀ ਦੇ ਵਰਕਰ ਜਗਸੀਰ ਸਿੰਘ ਜੱਗੀ ਗਿੱਲ ਨੂੰ ਜ਼ਿਲ੍ਹਾ ਮੀਡੀਆ ਇੰਚਾਰਜ ਨਿਯੁਕਤ ਕੀਤੇ ਜਾਣ 'ਤੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਨੇ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਇਹ ਨਿਯੁਕਤੀ ਪਾਰਟੀ ਲਈ ਮੀਡੀਆ ਪੱਖੋਂ ਇੱਕ ਮਜ਼ਬੂਤ ਕਦਮ ਸਾਬਤ ਹੋਵੇਗੀ ਤੇ ਸਰਕਾਰ ਦੀਆਂ ਲੋਕ ਹਿਤੈਸ਼ੀ ਨੀਤੀਆਂ ਨੂੰ ਜਨਤਾ ਤੱਕ ਪ੍ਰਚਾਉਣ ਵਿੱਚ ਵਧੀਆ ਭੂਮਿਕਾ ਨਿਭਾਏਗੀ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਜਗਸੀਰ ਸਿੰਘ ਜੱਗੀ ਗਿੱਲ ਆਪਣੀ ਜ਼ਿੰਮੇਵਾਰੀ ਇਮਾਨਦਾਰੀ, ਨਿਸ਼ਠਾ ਤੇ ਲਗਨ ਨਾਲ ਨਿਭਾਉਣਗੇ ਤੇ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣਗੇ।



# ਕਲਾਸੀਫਾਈਡ ਇਸ਼ਤਿਹਾਰ

## Lost and Found

I Mohbbat Singh S/o Mr Baljinder Singh, R/o Village Rajowal, Kot Badal Khan, Jalandhar, that Original previous Sale Deed no-970 dated 14-08-2000 and and Sale deed No-1371 dated 29-09-2004 in respect of our Plot situated at Model Town, Nurmahal measuring 8 Marla 5 Sarsahi has been lost by me and I have also lodged DDR no. 011 dated 17.07.2025 at Nurmahal and same has not been found till date. The sale deed has not been deposited with any any govt/pvt bank/financial institution by me or any previous owner. If anybody finds it then please return it. He or she will be suitably rewarded. Contact No - 9996381692

## COURT NOTICE

(U/o 5 Rule 20 CPC)
In The Court of
Sh. Vineet Kumar Narang
Additional Principal Judge
Family Court, Nakodar
CNR No. PBJLF2-000771-2025
Next Date:- 24-09-2025
GW/64/2025
Baljeet Rani
Vs.
General Public
Publication Issued To:
General Public
:- General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 24-09-2025 at 10:00 a.m.

For details logon to https://highcourtchd.gov.in/?mod=district_notice&district=Jalandhar

Addiltional Principal Judge
Family Court Nakodar
Dated, this day of 15-07-2025

## COURT NOTICE

(U/o 5 Rule 20 CPC)
In The Court of
Ms. Harpreet Kaur Randhawa
District and Sessions Judge, Ludhiana
CNR No. PBLD01-012869-2024
Next Date:- 28-07-2025
United India Insurance Co Ltd.
Vs.
Paramjeet Singh
Publication Issued To:

(2). Harminder Singh S/o Ajit Singh R/o Village Dad, Pakhowal Road, Ludhiana. (Owner of Three Wheeler bearing Regd. No. PB-10-AX-2908)

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 28-07-2025 at 10:00 a.m.

For details logon to https://highcourtchd.gov.in/?mod=district_notice&district=mogacourt

District and Sessions Judge, Ludhiana
Dated, this day of 04-07-2025

## COURT NOTICE

In The Court of
Ms. Gurpreet Kaur-II
Judicial Magistrate First Class-2 Zira
CNR No. :- PBFZA1-000041-2024
Next Date :- 02-08-2025
Rashpal Singh
Vs
Varandeep Kumar
Detail of offence :-
Notice To :
Varandeep Kumar
Father : Surinder Pal
Vill. Kamalwala Khurd, Teh. Zira, Distt. Fzr

In above titled case, the accused could not be served. It is ordered that accused should appear in person or through counsel on 02-08-2025 at 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate First Class-2 Zira
Dated, this day of 11-07-2025

## COURT NOTICE

In The Court of
Gurpreet Kaur-II
Judicial Magistrate First Class-2 Zira
CNR No. :- PBFZA1-001566-2024
Next Date :- 24-07-2025
HDFC BANK LTD.
VS
Pipal Singh
Detail of offence
Notice To :
Pipal Singh
Father: Inder Singh
No. 53V Hamad Waa Uttar Sub Teh. Mallanwala, Teh. Zira Distt. Ferozepur

In above titled case, the accused could not be served. It is ordered that accused should appear in person or through counsel on 24-07-2025 10.00 a.m.

For details logon to https://highcourtchd.gov.in/?mod=district_notice&district=mogacourt.

Judicial Magistrate First Class-2 Zira
Dated, this day of 11-07-2025

## COURT NOTICE

(U/o 5 Rule 20 CPC)
(Under Guardian And Ward Act)
In The Court of
Parminder Kaur Bains
Civil Judge (Senior Division), Amritsar
CNR No. PBAS02-002077-2025
Next Date:- 28-07-2025

Gurpreet Singh S/o S. Lakhbir Singh, aged 43 Years Father and Natural Guardian of Khushmanpreet Kaur, R/o Vill. Kherabad, Tehsil and Distt. Amritsar
Vs.
General Public
Notice To:
General Public
Whom May Its Concern

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 28-07-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Senior Division)
Amritsar
Dated, this day of 17-07-2025

## COURT NOTICE

(U/o 5 Rule 20 CPC)
In The Court of Ms. Prabhjot Kaur
Additional Civil Judge (Senior Division), Pathankot
CNR No. PBPO02-000863-2025
Next Date:- 24-09-2025
Mohinder Pal
Vs.
General Public

Application under section 372 of Indian Succession Act for grant of succession certificate in respect of the estate of late Dhian Chand S/o Ghasitoo Ram R/o H.No. 234 Shaheed Bhagat Singh Nagar, PO Sujanpur, Tehsil and Distt. Pathankot

Publication Issued To:
General Public

In above titled case, the defendant(s)/ respondent(s) could not be served. It is ordered that defendant(s)/respondent(s) should appear in person or through counsel on 24-09-2025 at 10:00 a.m.

For details logon to https://highcourtchd.gov.in/?mod=district_notice&district=Pathankot

Additional Civil Judge (Senior Division) Pathankot
Dated, this day of 16-07-2025

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਨਾਇਬ ਤਹਿਸੀਲਦਾਰ -ਕਮ-ਏ. ਸੀ ਫਸਟ ਗਰੇਡ ਖੇਮਕਰਨ ਸਬ-ਤਹਿਸੀਲ ਖੇਮਕਰਨ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ।

ਨੋਟਿਸ ਬਨਾਮ : ਆਮ ਜਨਤਾ

[illegible] ਨੰਬਰ 23 ਤੋਂ 37, ਇਸ ਕੇਸ ਸਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਮਿਤੀ 28-07-2025 ਨੂੰ ਨਾਇਬ ਤਹਿਸੀਲਦਾਰ ਕਮ-ਏ.ਸੀ. ਗਰੇਡ-1, ਖੇਮਕਰਨ ਪੇਸ਼ ਹੋ ਕੇ ਦੱਸ ਸਕਦਾ ਹੈ।ਇਸ ਤੋਂ ਬਾਅਦ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਕਾਬਲੇ-ਗੌਰ ਨਹੀਂ ਹੋਵੇਗਾ।

ਸਹੀ/- ਸਹਾਇਕ ਕੁਲੈਕਟਰ ਏ.ਸੀ ਫ਼ਸਟ ਗਰੇਡ, ਖੇਮਕਰਨ, ਤਰਨ ਤਾਰਨ।

## COURT NOTICE

(U/o 5 Rule 20 CPC)
In The Court of
Sh. Vineet Kumar Narang
Additional Principal Judge
Family Court-II, Nakodar
CNR No. :- PBJLF2-000738-2025
Next Date:- 04-08-2025
GW/61/2025
Baldwin Bobby Randhawa
Vs.
Satnam Singh Randhawa
Petition Under Guardian And Wards Act
Publication Issued To:
General Public
:- General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 04-08-2025 at 10:00 a.m.

For details logon to https://highcourtchd.gov.in/?mod=district_notice&district=NAKODAR

Additional Principal Judge
Family Court-II, Nakodar
Dated, this day of 14-07-2025

## ਉੱਤਰ ਰੇਲਵੇ

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ/ਮਾਲਭਾੜਾ, ਉੱਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

**ਨੀਲਾਮੀ ਸੂਚਨਾ ਨੰ. : EAFZR-SLR25-92**

**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ: 01/08/2025 ਨੂੰ 11:00 Hrs.**

**ਕੰਮ ਦਾ ਨਾਮ :** ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਪਾਰਟਮੈਂਟ): 14654/R1, 12318/F1, 14654/F2, 14508/R1, 14654/F1, 14508/F1 & 14508/F2.

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ। 2174/2025

**ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ**

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਰਜਿੰਦਰ ਸਿੰਘ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ।

ਕੇਸ ਅਨੁਵਾਨ : ਸਵਿੰਦਰ ਕੌਰ ਬਨਾਮ ਬਲਵਿੰਦਰ ਸਿੰਘ ਆਦਿ ਆਦਿ

ਵਾਕਿਆ : ਪਿੰਡ ਬੁੱਚੇ ਨੰਗਲ ਹ.ਬ 143 ਕਿਸਮ ਕੇਸ : ਤਕਸੀਮ

ਦਰਖਾਸਤ ਬਰਾਏ ਤਕਸੀਮ ਅਧੀਨ ਧਾਰਾ 111 ਆਫ ਪੰਜਾਬ ਲੈਂਡ ਰੈਵੀਨਿਊ ਐਕਟ ਬਾਬਤ ਜ਼ਮੀਨ ਕਨਾਲ ਮਰਲੇ, ਖੇਵਟ ਨੰ. 31 ਖਤੌਨੀ 82 ਤੋਂ 85 ਮੁਤਾਬਕ ਜਮ੍ਹਾਂਬੰਦੀ ਸਾਲ 2021-22 ਵਾਕਿਆ ਪਿੰਡ ਬੁੱਚੇ ਨੰਗਲ ਹ.ਬ 143, ਤਹਿਸੀਲ ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ।

ਉਕਤ ਅਨੁਵਾਨ ਕੇਸ ਵਿੱਚ ਇਸ ਅਦਾਲਤ ਨੂੰ ਯਕੀਨ ਹੋ ਚੁੱਕਾ ਹੈ ਕਿ ਹੇਠ ਲਿਖੇ ਉੱਤਰਵਾਦੀਆਂ ਦੀ ਇਤਲਾਹ ਸਾਧਾਰਨ ਤਰੀਕੇ ਨਾਲ ਹੋਣੀ ਸੰਭਵ ਨਹੀਂ ਹੈ। ਇਸ ਨੋਟਿਸ ਦੇ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਕਤ ਅਨੁਵਾਨ ਕੇਸ ਨੂੰ ਲੈ ਕੇ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਉਹ ਤਾਰੀਖ ਪੇਸ਼ੀ 5/8/2025 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਹੋ ਕੇ ਆਪਣਾ ਪੱਖ ਪੇਸ਼ ਕਰ ਸਕਦੇ ਹਨ।ਹਾਜ਼ਰ ਨਾ ਹੋਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਵਿੱਚ ਕੋਈ ਉਜ਼ਰ/ਇਤਰਾਜ਼ ਨਹੀਂ ਸੁਣਿਆ ਜਾਵੇਗਾ।

ਪਾਰਟੀਆਂ ਦੇ ਨਾਂਅ

1. Sawinder Kaur W/o Harbhajan Singh S/o Mohinder Singh R/o Village Buche Nanagal, Tehsil Kalanaur Distt. Gurdaspur. ......Applicants

Versus

1. Balwinder Singh S/o Surjit Singh S/o Mann Singh 2. Amritpal Singh S/o Harjinder Singh S/o Surjit Singh 3. Jaspal Singh S/o Harjinder Singh S/o Surjit Singh 4. Chanpreet Kaur Wd/o Harjinder Singh S/o Surjit Singh 5. Sukhraj Singh S/o Bachittar Ram S/o Saun Mal 6. Harmeet Singh S/o Sukhwinder Singh S/o Ravail Singh 7. Ranjit Kaur Wd/o Gurjinder Singh S/o Surjit Singh 8. Gurpreet Singh S/o Gurjinder Singh S/o Surjit Singh 9. Navneet Kaur D/o Gurjinder Singh S/o Surjit Singh Minor Through Her Mother Ranjit Kaur. All Resident of Village Buchenangal Tehsil Kalanaur, Distt. Gurdaspur. .....Respondents

ਇਹ ਨੋਟਿਸ ਅੱਜ ਮਿਤੀ 18/7/2925 ਨੂੰ ਮੇਰੇ ਹਸਤਾਖਰ ਅਤੇ ਅਦਾਲਤ ਦੀ ਮੋਹਰ ਹੇਠ ਜਾਰੀ ਕੀਤਾ ਗਿਆ।

ਨੰ: 152 ਮਿਤੀ 18.07.25 ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਕਲਾਨੌਰ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਵਦੀਪ ਸਿੰਘ ਭੋਗਲ ਜ਼ਿਲ੍ਹਾ ਮਾਲ ਅਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼. ਕਪੂਰਥਲਾ

ਕੇਸ ਨੰਬਰ 49-51/DRO/FTC/NRI ਤਾਰੀਖ ਦਾਇਰ 29/05/2025
ਕਿਸਮ ਮੁਕੱਦਮਾ ਤਕਸੀਮ ਤਕਸੀਮ ਖੇਵਟ ਨੰਬਰ 643, 644, 645

ਖਤੌਨੀ ਨੰਬਰ 816-817, 818-824, 825-830 ਮੁਤਾਬਕ ਜਮ੍ਹਾਂਬੰਦੀ ਸਾਲ 2021-2022 ਵਾਕਿਆ ਅਰਾਜੀ ਪਿੰਡ ਠੱਟਾ ਹਦਬਸਤ ਨੰਬਰ 48, ਸਬ-ਤਹਿਸੀਲ ਤਲਵੰਡੀ ਚੌਧਰੀਆਂ, ਜ਼ਿਲ੍ਹਾ ਕਪੂਰਥਲਾ ।

1. ਚਰਨਜੀਤ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਬਾਬੂ ਸਿੰਘ ਵਾਸੀ ਪਿੰਡ ਠੱਟਾ ਨਵਾਂ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲ੍ਹਾ ਕਪੂਰਥਲਾ ਹਾਲ ਵਾਸੀ VORGARTENSTR 101/1200 WIEN AUSTRIA ਰਾਹੀਂ ਮੁਖਤਾਰ ਖਾਸ ਸਾਧੂ ਸਿੰਘ ਪੁੱਤਰ ਜਵੰਦ ਸਿੰਘ ਵਾਸੀ ਪਿੰਡ ਸਿੱਧੂਪੁਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ।
2. ਜਸਬੀਰ ਸਿੰਘ ਪੁੱਤਰ ਸਾਧੂ ਸਿੰਘ ਪੁੱਤਰ ਬਾਬੂ ਸਿੰਘ ਵਾਸੀ ਪਿੰਡ ਠੱਟਾ ਨਵਾਂ, ਤਹਿਸੀਲ ਸੁਲਤਾਨਪੁਰ ਲੋਧੀ, ਜ਼ਿਲਾ ਕਪੂਰਥਲਾ ਹਾਲ ਵਾਸੀ 31 GAINS FORD D KELY VILLE NSW 2155, AUSTRALIA ਰਾਹੀਂ ਮੁਖਤਾਰ ਖਾਸ ਸਾਧੂ ਸਿੰਘ ਪੁੱਤਰ ਜਵੰਦ ਸਿੰਘ ਵਾਸੀ ਪਿੰਡ ਸਿੱਧੂਪੁਰ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ। (ਧਿਰ ਅੱਵਲ)

ਬਨਾਮ

1. ਰੁਪਿੰਦਰਜੀਤ ਸਿੰਘ ਪੁੱਤਰ ਸੰਤੋਖ ਸਿੰਘ ਪੁੱਤਰ ਬਲਵੰਤ ਸਿੰਘ 2. ਵਰਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਬਾਬੂ ਸਿੰਘ (ਧਿਰ ਦੋਮ)

ਉਪਰੋਕਤ ਅਨੁਵਾਨ ਮੁਕੱਦਮੇ ਤਕਸੀਮ ਵਿੱਚ ਫਰੀਕ ਦੋਇਮ ਦੇ ਕੁਝ ਫਰੀਕ ਪਿੰਡ ਵਿੱਚ ਰਿਹਾਇਸ਼ ਨਹੀਂ ਰੱਖਦੇ ਹਨ।ਇਸ ਕਰਕੇ ਫਰੀਕ ਦੋਇਮ ਦੀ ਅਸਾਲਤਨ ਇਤਲਾਹ ਨਹੀਂ ਹੋ ਸਕੀ।ਜਿਸ ਤੋਂ ਪਾਇਆ ਗਿਆ ਕਿ ਫਰੀਕ ਦੋਇਮਾਂ ਦੀ ਸਾਧਾਰਣ ਤਰੀਕੇ ਨਾਲ ਤਾਮੀਲ ਹੋਣੀ ਮੁਸ਼ਕਲ ਹੈ।ਉਕਤ ਅਨੁਵਾਨ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 31/07/2025 ਨਿਸ਼ਚਤ ਕਰ ਕੇ ਫਰੀਕ ਦੋਇਮਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਨਿਰਧਾਰਿਤ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਵੇ।ਉਕਤ ਨਿਰਧਾਰਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 14/07/2025 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

ਸਹੀ/-ਜ਼ਿਲ੍ਹਾ ਮਾਲ ਅਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ, ਫਾਰ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਕਪੂਰਥਲਾ।

ਨੰਬਰ : 141/ਰੀਡਰ ਮਿਤੀ : 14/07/2025

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਵਦੀਪ ਸਿੰਘ ਭੋਗਲ ਜ਼ਿਲ੍ਹਾ ਮਾਲ ਅਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ ਫਾਰ ਫਾਸਟ ਟਰੈਕ ਕੋਰਟ ਫਾਰ ਐੱਨ. ਆਰ. ਆਈਜ਼. ਕਪੂਰਥਲਾ

ਕੇਸ ਨੰਬਰ 48/DRO/FTC/NRI ਤਾਰੀਖ ਦਾਇਰ : 29/05/2025
ਕਿਸਮ ਮੁਕੱਦਮਾ ਤਕਸੀਮ ਤਕਸੀਮ ਖੇਵਟ ਨੰਬਰ 19

ਖਤੌਨੀ ਨੰਬਰ 38,39,40,41,42 ਮੁਤਾਬਿਕ ਜਮ੍ਹਾਂਬੰਦੀ ਸਾਲ 2022-2023 ਵਾਕਿਆ ਅਰਾਜੀ ਪਿੰਡ ਤਲਵੰਡੀ ਬਖਾ ਹਦਬਸਤ ਨੰਬਰ 194, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ

1. ਅਮਰਜੀਤ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਭਗਤ ਸਿੰਘ R/o 39016 Blacow RD Freamont CA 94538 ਰਾਹੀਂ ਮੁਖਤਾਰ ਆਮ ਪ੍ਰੀਤਮ ਸਿੰਘ ਪੁੱਤਰ ਜਗੀਰ ਸਿੰਘ ਪੁੱਤਰ ਭਗਤ ਸਿੰਘ ਵਾਸੀ ਪਿੰਡ ਫਿਆਲੀ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ (ਧਿਰ ਅੱਵਲ)

ਬਨਾਮ

1. ਗੁਰਮੀਤ ਸਿੰਘ ਪੁੱਤਰ ਲਛਮਣ ਸਿੰਘ ਪੁੱਤਰ ਰਾਏ ਸਿੰਘ, ਵਾਸੀ ਪਿੰਡ ਫਿਆਲੀ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ ਹਾਲ ਵਾਸੀ Gurmeet Singh 2 Preston Drive KatiKati 3129 New Zealand
2. ਸਵਰਣ ਸਿੰਘ ਪੁੱਤਰ ਭਗਤ ਸਿੰਘ ਪੁੱਤਰ ਮੇਹਿਰਾ, ਵਾਸੀ ਪਿੰਡ ਫਿਆਲੀ, ਤਹਿਸੀਲ ਵਾ ਜ਼ਿਲ੍ਹਾ ਕਪੂਰਥਲਾ। (ਧਿਰ ਦੋਮ)

ਉਪਰੋਕਤ ਅਨੁਵਾਨ ਮੁਕੱਦਮੇ ਤਕਸੀਮ ਵਿੱਚ ਫਰੀਕ ਦੋਇਮ ਦੇ ਕੁਝ ਫਰੀਕ ਪਿੰਡ ਵਿੱਚ ਰਿਹਾਇਸ਼ ਨਹੀਂ ਰੱਖਦੇ ਹਨ।ਇਸ ਕਰਕੇ ਫਰੀਕ ਦੋਇਮ ਦੀ ਅਸਾਲਤਨ ਇਤਲਾਹ ਨਹੀਂ ਹੋ ਸਕੀ।ਜਿਸ ਤੋਂ ਪਾਇਆ ਗਿਆ ਕਿ ਫਰੀਕ ਦੋਇਮਾਂ ਦੀ ਸਾਧਾਰਣ ਤਰੀਕੇ ਨਾਲ ਤਾਮੀਲ ਹੋਣੀ ਮੁਸ਼ਕਲ ਹੈ।ਉਕਤ ਅਨੁਵਾਨ ਕੇਸ ਵਿੱਚ ਅਗਲੀ ਤਾਰੀਖ ਪੇਸ਼ੀ ਮਿਤੀ 31/07/2025 ਨਿਸ਼ਚਤ ਕਰ ਕੇ ਫਰੀਕ ਦੋਇਮਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਨਿਰਧਾਰਿਤ ਤਾਰੀਖ ਪੇਸ਼ੀ 'ਤੇ ਅਸਾਲਤਨ ਜਾਂ ਵਕਾਲਤਨ ਹਾਜ਼ਰ ਅਦਾਲਤ ਆਉਣ।ਉਕਤ ਨਿਰਧਾਰਿਤ ਮਿਤੀ ਨੂੰ ਹਾਜ਼ਰ ਅਦਾਲਤ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ।

ਅੱਜ ਮਿਤੀ 14/07/2025 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਨਾਲ ਇਹ ਨੋਟਿਸ ਜਾਰੀ ਹੋਇਆ।

ਜ਼ਿਲ੍ਹਾ ਮਾਲ ਅਫਸਰ ਕਮ ਸਹਾਇਕ ਕੁਲੈਕਟਰ ਦਰਜਾ ਅੱਵਲ, ਫਾਰ ਫਾਸਟ ਟਰੈਕ ਕੋਰਟ ਫਾਰ ਐਨ.ਆਰ.ਆਈਜ਼, ਕਪੂਰਥਲਾ।

ਨੰਬਰ : 139/ਰੀਡਰ ਮਿਤੀ : 14/7/2025

## Change of Name

I, Joginder Singh Jassi S/o Sh. Sohan Singh R/o H. No. 8, Green Enclave, Post office Ladhewali, Jalandhar have changed my name from Joginder Singh Jassi to Joginder Singh. All concerned please note.

I, Suresh Kumar S/o Jugeshar Rai R/o EL 212 Rasta Mohalla, Jalandhar have changed my name Suresh Kumar to Suresh Rai. All concerned please note.

I, Jaspreet Kaur Chatrath D/o Inderjit Singh Chatrath W/o Varinder Singh R/o H.No.40-A, Jojar Singh Avenue, Airport Road, Amritsar have changed my name from Jaspreet Kaur Chatrath to Jaspreet Kaur After Marriage

I, Satbir Kaur W/o Sahib Singh R/o H.No.47, Gali No.2, Basant Nagar Sultanwind Road, Amritsar have chagend my name from Satbir Kaur to Kawaljeet Kaur

I, Manjeet Singh S/o Jaswant Singh R/o Tarn Taran Road, Sikh Shaheed Pariwar Colony, Sangrana Sahib Amritsar have changed my name from Manjeet Singh to Manjit Singh

I, Monika D/o Sh. Dharmpal Batra W/o Sh. Sanjeev Madaan R/o 3820/9, Gali Calkatian wali, Katra Sufaid, Amritsar. I have changed my name after marriage Monika to Riya. all concerned please note.

I Pooja W/O Wazir Singh Vpo. Nangal Lubana, Teh. Bholath, Distt. Kapurthala, Punjab I Have Changed My Name From Pooja To Pooja Kaur. All Please Note.

I, Ranjeet Kaur W/o Gurdial Singh R/o Village Muridwal,Tehsil. Shahkot, Distt.Jalandhar, Punjab have changed my name from Ranjeet Kaur to Ranjit Kaur. All concerned please note.

I Hari Krishan S/O Sodhi Lal, Resident Of Vill Gopalpur Alias Bidhipur Po Rec Alias Nit Jalandhar Punjab India, Have Changed My Name From Hari Krishan To Krishan Hari (Surname As Krishan) All Please Note.

I Hitherto known as Lovepreet D/O Mangat Rai R/O V.P.O Gohawar, Tehsil Phillaur, Distt. Jalandhar - 144409 Punjab (India) have changed my name and shall hereafter be known as Lovepreet Kaur.

I Hitherto known as Jaspreet D/O Mangat Rai R/O V.P.O Gohawar, Tehsil Phillaur, Distt. Jalandhar -144409 Punjab (India) have changed my name and shall hereafter be known as Jaspreet Kaur.

I, Tirlochan Kumar Sethi S/o Gujjar Mal Sethi R/o B-4,757, Sethian Mohalla, Shitla Mandir Hoshiarpur have changed my name to Tarlochan Kumar Sethi. Concerned note.

I, Gurpreet Kaur W/O Harkirat Singh R/o Tehsil Baba Bakala,Village Bhoewal, PO Chananke, Amritsar, Punjab have changed my name from Gurpreet Kaur to Gurpreet as my Given name and Kaur as my Surname. Concerned note.

I, Gita W/o Sandeep Kumar, R/o H.No.26, Madhuban Colony, Basti Bawa Khel, Jalandhar have changed my name from Gita To Geeta Sharma.

I Shashi Bala w/o Karnail Singh, R/o H.No 28, Kirti Nagar,Ladowali road, Jalandhar have changed my name from Shashi to Shashi Bala.

I, Tasver Kaur W/o Sukhdev Singh R/o Village Panju kalal, Tehsil Ajnala District Amritsar have changed my name from Tasver Kaur to Tasvir Kaur.

I, Swaran Kaur W/o Ajit Singh R/o Village Panju kalal, Tehsil Ajnala District Amritsar have changed my name from Swaran Kaur to Swarn Kaur.

I Deepika Kanda W/o Pardeep Lal R/o VPO Bhandal Bet, Kapurthala-144804, Punjab, have changed name of my minor daughter from Shivani to Shivani Kanda. All concerned please note.

I, Jarnail Singh r/o Dharam Singh r/o Vill. Bara Jagir, Po. Chak Chela, Tehsil Shahkot, Jalandhar have changed my name to Given name as Jarnail & Surname as Singh. All Please Note.

I, Amarjeet Kaur w/o Ravinder Singh Grewal r/o Chhapar, Ludhiana, Punjab- 141204, have changed my name as Amarjit Kaur Grewal. All Please Note.

I, Jagjiwan s/o Tej Bhan r/o H.No.52 A, New Vijay Nagar, Jalandhar have changed my name from Jagjiwan to Jagjiwan Arora. All Please Note.

I, Kanta Rani w/o Kewal Krishan r/o H.No.EQ-77, Pacca Bagh, Jalandhar City have changed my name from Kanta Rani to Kanta Devi. All Please Note.

I, Jasbir Singh s/o Ram Lubhaya r/o Patti Ladhu Ki, Dhilwan, Kapurthala have changed my name to Singh Jasbir (Surname as Singh) All Please Note.

I, Gurbaksh Kaur W/o Ravi Pal R/o H.No.928/34, Rameshwar Colony, Jalandhar have changed my name from Gurbaksh Kaur to Gurbakhsh Kaur. All Please Note.

I, Sanjay Gupta s/o Tarsem Lal r/o H.No. 32, Old Jawahar Nagar, Jalandhar, Punjab have changed my name from Sanjay Gupta to Sanjay Kumar. All Please Note.

I, Munakashi W/o Subhash Chander R/o WG : 182, Islam Ganj, Jalandhar, Punjab have changed my name from Munakshi to Meenu Thakur. All concerned please note.

I, Paramjit Singh S/o Karnaail Singh R/o VPO. Hukran, Tehsil & Distt. Hoshiarpur, Punjab declare that Paramjit Singh and Parmjit Singh are the names of only one and the same person. That my name may be considered as Paramjit Singh in my said Passport and other Documents. Concerned Note.

I, Tanu Malhotra W/o Sajan Malhotra R/o H.No. 460, Gali No. 1, Phagwara, Distt. Kapurthala, Punjab have changed my name from Tanu Katyal to Tanu Malhotra after marriage. All concerned please note.

I, hitherto known as Kuldeep Kaur W/o Lakhwender Singh R/o Village Dhandowal, Tehsil Shahkot, Distt. Jalandhar, Punjab-144702, India have changed my name and shall hereafter be known as Lakhbir Kaur.

## Change of Name

I, Hitherto known Harkamaljit Singh S/o Surinder Pal Singh R/o V.P.O. Bainch Baja, Tehsil Dasuya (Hoshiarpur), Punjab-144203, have changed my name and shall hereafter be known as Singh Harkamaljit.

I, Kuldip Singh S/o Didar Singh R/o V.P.O. Bainch Baja, Tehsil Dasuya (Hoshiarpur), Punjab-144203, Declare that my minor Son named Karandeep Singh's name has been changed and shall hereafter be known as Singh Karandeep.

I, Chhaja Singh S/o Naranjan Singh R/o Munak Khurd, Tehsil Tanda (Hoshiarpur), Punjab have changed my name from Chhajja Singh to Chhaja Singh. Please note.

I, Surinder Kaur w/o Lakhbir Singh r/o Basant Nagar, Khera Road, Gali No. 3, Phagwara, Distt. Kapurthala, Punjab-144401 have changed my name to Given name as Surinder & Surname as Kaur.

## PUBLIC NOTICE

I, Jaswinder Singh S/o Jagtar Singh R/o Vill. Thikriwal Ucha, P.O. Qadian, Distt. Gurdaspur, Punjab, declare that my given name as Jaswinder and my Surname as Singh

I, Gurwinder Singh S/o Jaswant Singh R/o V.P.O. Jaura Singha, Batala, Distt. Gurdaspur-143505, Punjab, declare that my given name as Gurwinder Singh and my Surname as Sangha.

I, Gurjinder Singh S/o Amrik Singh R/o Vill. Gunjian Bet, House No. 7, P.O. Saidowal Kalan, Tehsil/Distt. Gurdsapur, Pin-143530, Punjab, Declare that my given name as Gurjinder and my Surname as Singh.

I, Gurpreet Singh S/o Avtar Singh R/o Vill. Khiala, P.O. Taragarh , Distt. Pathankot, Punjab, Declare that my given name as Gurpreet and my Surname as Singh.

I, Kailash Chander Alias Kelash Chandra S/o Resham Lal, R/o Village Nizamdinpur, Post Office Kala Bakra, Distt. Jalandhar declare that Kailash Chander and Kelash Chandra is one and the same person.

I, Sital Ram S/o Late Sh. Banta Ram R/o B-1/542, New Ravidass Nagar, Jalandhar, Punjab declare that my son Gulshan Kumar and his wife Rajni Bala are out of my control. So I disinherit them from all my moveable and immoveable properties. The person doing the transaction with them will be responsible himself. There will be no responsibility of me and my family. All concerned please note.

## ਨਾਂਅ ਦੀ ਬਦਲੀ

ਮੈਂ, ਕਮਲਜੀਤ ਕੌਰ ਸਰੋਏ ਪੁੱਤਰੀ ਹਾਕਮ ਸਿੰਘ, ਪਤਨੀ ਸਵਰਨ ਸਿੰਘ ਵਾਸੀ ਪਿੰਡ ਬਾਦਸ਼ਾਹਪੁਰ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਕਮਲਜੀਤ ਕੌਰ ਰੱਖ ਲਿਆ ਹੈ।

ਮੈਂ, ਸਵਰਨ ਸਿੰਘ ਸਿਆਣ ਪੁੱਤਰ ਚਮਕੌਰ ਸਿੰਘ ਪਿੰਡ ਬਾਦਸ਼ਾਹਪੁਰ (ਸੰਗਰੂਰ) ਨੇ ਆਪਣਾ ਨਾਮ ਬਦਲ ਕੇ ਸਵਰਨ ਸਿੰਘ ਰੱਖ ਲਿਆ ਹੈ।

ਮੈਂ, ਸੁਮਨ ਕੌਰ ਪੁੱਤਰੀ ਚਰੰਜੀ ਲਾਲ ਵਾਸੀ ਮੁਹੱਲਾ ਕੋਟ ਰਾਮ ਦਾਸ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਦਸਵੀਂ ਅਤੇ 10+2 ਸਰਟੀਫਿਕੇਟਾਂ ਵਿੱਚ ਮੇਰਾ ਨਾਮ ਸੁਮਨ ਗਲਤ ਦਰਜ ਹੈ। ਮੇਰਾ ਸਹੀ ਨਾਮ ਸੁਮਨ ਕੌਰ ਹੈ। ਮੇਰਾ ਨਾਮ ਸੁਮਨ ਤੋਂ ਬਦਲ ਕੇ ਸੁਮਨ ਕੌਰ ਕੀਤਾ ਜਾਵੇ। ਸੰਬੰਧਿਤ ਨੋਟ ਕਰਨ।

ਮੈਂ, ਜੈਨਵ ਖ਼ਤੂਨ, ਪਤਨੀ ਮੁਹੰਮਦ ਇਬਰਾਹੀਮ, ਨਿਵਾਸੀ ਘਰ ਨੰ. R-120/5, ਉਪਕਾਰ ਨਗਰ, ਜਲੰਧਰ, ਪੰਜਾਬ - 144009, ਆਪਣੇ ਪੁੱਤਰ ਫੂਲਬਾਬੂ, ਜਨਮ ਤਾਰੀਖ 10/09/2009, ਦਾ ਨਾਂ ਬਦਲ ਕੇ ਮੁਹੰਮਦ ਜੋਹਰਾਨ ਰੱਖ ਦਿੱਤਾ ਹੈ। ਉਹ ਹੁਣ ਤੋਂ ਮੁਹੰਮਦ ਜੋਹਰਾਨ ਦੇ ਨਾਂ ਨਾਲ ਜਾਣਿਆ ਜਾਵੇਗਾ। (ਆਰ)

## ਆਮ ਸੂਚਨਾ

ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਟਿਊਬਵੈੱਲ ਕੁਨੈਕਸ਼ਨ ਨੰਬਰ ਏ ਪੀ 56-1119 ਲੋਡ 5 ਬੀ ਐੱਚ ਪੀ ਸੁਰਿੰਦਰ ਸਿੰਘ ਪੁੱਤਰ ਰੂੜ ਸਿੰਘ, ਵਾਸੀ ਪਿੰਡ ਵੜੈਚ ਦੇ ਨਾਂਅ 'ਤੇ ਚੱਲ ਰਿਹਾ ਹੈ। ਜਿਸ ਨੂੰ ਹੁਣ ਪ੍ਰੀਤਮ ਸਿੰਘ ਪੁੱਤਰ ਰੂੜ ਸਿੰਘ ਵਾਸੀ ਵੜੈਚ ਨੇ ਟਿਊਬਵੈੱਲ ਕੁਨੈਕਸ਼ਨ ਨੂੰ ਆਪਣੇ ਨਾਂਅ 'ਤੇ ਬਦਲੀ ਕਰਨ ਲਈ ਐਪਲੀਕੇਸ਼ਨ ਦਫ਼ਤਰ ਪੀ ਐੱਸ ਪੀ ਸੀ ਐੱਲ ਕਾਹਨੂੰਵਾਨ ਵਿਖੇ ਪੇਸ਼ ਕੀਤੀ ਹੈ। ਇਸ ਸੰਬੰਧੀ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਆਪਣਾ ਇਤਰਾਜ਼ ਲਿਖਤੀ ਰੂਪ ਵਿਚ 15 ਦਿਨਾਂ ਦੇ ਅੰਦਰ-ਅੰਦਰ ਦਫ਼ਤਰ ਪੀ ਐੱਸ ਪੀ ਸੀ ਐੱਲ ਕਾਹਨੂੰਵਾਨ ਵਿਖੇ ਪੇਸ਼ ਕਰੇ। ਇਸ ਤੋਂ ਬਾਅਦ ਵਿਚ ਕੀਤਾ ਇਤਰਾਜ਼ ਮਨਜ਼ੂਰ ਨਹੀਂ ਕੀਤਾ ਜਾਵੇਗਾ। ਬਾ-ਹੁਕਮ ਐੱਸ ਡੀ ਓ ਕਾਹਨੂੰਵਾਨ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਬੀ.ਕੇ ਏ.ਪੀ.33 ਜੋ ਕਿ ਸਾਧੂ ਸਿੰਘ ਪੁੱਤਰ ਕੌਰ ਸਿੰਘ ਵਾਸੀ ਬਖਸ਼ੀਵਾਲਾ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਅਮਰਦੀਪ ਸਿੰਘ ਪੁੱਤਰ ਹਰਬੰਸ ਸਿੰਘ ਵਾਸੀ ਬਖਸ਼ੀਵਾਲਾ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ।ਇਸ ਸਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ.ਪੀ. 17/67 ਜੋ ਕਿ ਮਹਿੰਦਰ ਸਿੰਘ ਪੁੱਤਰ ਮੁਕੰਦ ਸਿੰਘ ਵਾਸੀ ਜਲਵੇੜਾ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਬਬਲੀ ਰਾਣੀ ਪਤਨੀ ਨਰਿੰਦਰ ਕੁਮਾਰ ਵਾਸੀ ਬਰੇਟਾ ਆਪਣੇ ਨਾਮ ਕਰਵਾਉਣਾ ਚਾਹੁੰਦੀ ਹੈ।ਇਸ ਸਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਏ ਪੀ 08/211 ਅਰੂੜ ਸਿੰਘ ਪੁੱਤਰ ਨਰੈਣ ਸਿੰਘ ਵਾਸੀ ਸੰਗੋਵਾਲ ਤੋਂ ਨਾਂਅ ਬਦਲੀ ਕਰਕੇ ਰਜਵਿੰਦਰ ਕੌਰ ਪਤਨੀ ਗੁਰਵਿੰਦਰ ਸਿੰਘ ਪਿੰਡ ਸੰਗੋਵਾਲ (ਜਲੰਧਰ) ਦੇ ਨਾਂਅ ਪਰ ਕਰਨਾ ਹੈ। ਕੋਈ ਵੀ ਇਤਰਾਜ਼ 15 ਦਿਨਾਂ ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਪਾਵਰਕਾਮ ਲਿਮਟਿਡ ਮਹਿਤਪੁਰ ਪਾਸ ਦਰਜ ਕਰਵਾ ਸਕਦਾ ਹੈ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: 3003041325 ਏ 56 ਏ ਪੀ 05/0211, 7.5 ਹਾਰਸ ਪਾਵਰ ਜੋ ਕਿ ਜੋਗਿੰਦਰ ਸਿੰਘ ਦੇ ਨਾਂਅ ਚਾਟੀਵਿੰਡ ਪਿੰਡ ਵਿਖੇ ਚਾਟੀਵਿੰਡ ਏ ਪੀ ਫੀਡਰ 'ਤੇ ਚੱਲ ਰਿਹਾ ਹੈ। ਹੁਣ ਇਹ ਕੁਨੈਕਸ਼ਨ ਅਮਰਜੀਤ ਕੌਰ ਪਤਨੀ ਸੁਰਜੀਤ ਸਿੰਘ ਵਾਸੀ ਪੱਤੀ ਸਰਾਵਾਂ ਦੀ ਪਿੰਡ ਚਾਟੀਵਿੰਡ ਦੇ ਨਾਂਅ 'ਤੇ ਤਬਦੀਲ ਹੋਣ ਜਾ ਰਿਹਾ ਹੈ। ਜੇ ਕਿਸੇ ਨੂੰ ਇਸ ਨਾਂਅ ਦੇ ਤਬਦੀਲ ਹੋਣ ਸੰਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ 10 ਦਿਨਾਂ ਦੇ ਅੰਦਰ-ਅੰਦਰ ਸ/ਡ ਕੋਟ ਮਿਤ ਸਿੰਘ ਬਿਜਲੀ ਘਰ, ਤਰਨ ਤਾਰਨ ਰੋਡ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਪਰਕ ਕਰ ਸਕਦਾ ਹੈ। ਇਸ ਤੋਂ ਬਾਅਦ ਕੋਈ ਵੀ ਇਤਰਾਜ਼ ਸਵੀਕਾਰ ਨਹੀਂ ਹੋਵੇਗਾ।

ਅਸੀਂ, ਨੀਲਮ ਰਾਣੀ , ਰੀਟਾ ਰਾਣੀ ਪੁੱਤਰੀਆਂ ਤਿਲਕ ਰਾਜ ਕਪੂਰ ਵਾਸੀ ਮੋਗਾ ਇਹ ਕਿ ਸਾਡੇ ਪਿਤਾ ਤਿਲਕ ਰਾਜ ਕਪੂਰ ਦੀ ਮੌਤ ਮਿਤੀ 12/1/12 ਨੂੰ ਹੋ ਚੁੱਕੀ ਹੈ ਅਤੇ ਮਾਤਾ ਸੁਦਰਸ਼ਨ ਕੁਮਾਰੀ ਦੀ ਮੌਤ 15/6/2025 ਨੂੰ ਹੋ ਚੁੱਕੀ ਹੈ। ਇਹ ਕਿ ਅਸੀਂ ਦੋਨੋਂ ਭੈਣਾਂ ਆਪਣੇ ਪਿਤਾ ਤਿਲਕ ਰਾਜ ਕਪੂਰ ਦੀਆਂ ਯੋਗ ਵਾਰਸ ਹਾਂ ਇਸ ਵਿਚ ਕਿਸੇ ਨੂੰ ਕੋਈ ਇਤਰਾਜ਼ ਨਹੀਂ ਹੈ।

ਮੈਂ, ਆਸ਼ਾ ਰਾਣੀ ਪਤਨੀ ਰਿੰਕੂ ਸਿੰਘ ਵਾਸੀ ਬੱਧਨੀ ਕਲਾਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਸ਼ਾਦੀ 12.02.2007 ਨੂੰ ਰਿੰਕੂ ਸਿੰਘ ਪੁੱਤਰ ਚਰਨ ਸਿੰਘ ਵਾਸੀ ਬੱਧਨੀ ਕਲਾਂ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਨਾਲ ਹੋਈ ਸੀ। ਸਾਡੀ ਪਤੀ-ਪਤਨੀ ਦੀ ਆਪਸ ਵਿਚ ਅਣ-ਬਣ ਹੋ ਗਈ। ਜਿਸ ਕਾਰਨ ਮੇਰੇ ਪਤੀ ਨੇ ਮੈਨੂੰ ਮਿਤੀ 28.03.2025 ਨੂੰ ਬੇਦਖਲ ਕਰ ਦਿੱਤਾ ਹੈ। ਮੈਂ ਅਤੇ ਮੇਰੀ ਲੜਕੀ ਤਮੰਨਾ (13) ਅਲੱਗ ਰਹਿ ਰਹੀਆਂ ਹਾਂ। ਇਸ ਲਈ ਹੁਣ ਮੇਰਾ ਮੇਰੇ ਪਤੀ ਰਿੰਕੂ ਸਿੰਘ ਨਾਲ ਕੋਈ ਤਲਕ ਵਾਸਤਾ ਨਹੀਂ ਹੈ ਅਤੇ ਰਿੰਕੂ ਮੇਰੀ ਜ਼ਿੰਦਗੀ ਵਿਚ ਦਖਲ-ਅੰਦਾਜ਼ੀ ਨਹੀਂ ਕਰ ਸਕਦਾ।

## ਆਮ ਸੂਚਨਾ

ਮੈਂ, ਗੁਰਮੁਖ ਸਿੰਘ ਪੁੱਤਰ ਉਜਾਗਰ ਸਿੰਘ, ਵਾਸੀ ਤਲਵੰਡੀ ਸੰਘੇੜਾ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਤੀਰਥ ਸਿੰਘ, ਨੂੰਹ ਸੁਖਵਿੰਦਰ ਕੌਰ ਅਤੇ ਪੋਤਰਾ ਮਨਕੀਰਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੋਣ ਕਾਰਨ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਤੀਰਥ ਸਿੰਘ ਮੇਰੇ ਕਹਿਣੇ ਵਿਚ ਹੈ ਅਤੇ ਸਾਡੀ ਹਰ ਗੱਲ ਮੰਨਦਾ ਹੈ। ਇਸ ਲਈ ਮੈਂ ਆਪਣੇ ਲੜਕੇ ਤੀਰਥ ਸਿੰਘ ਦੀ ਬੇਦਖਲੀ ਰੱਦ ਕਰਦਾ ਹਾਂ ਅਤੇ ਹਰ ਚੱਲ-ਅਚੱਲ ਜਾਇਦਾਦ ਦਾ ਬਰਾਬਰ ਦਾ ਹਿੱਸੇਦਾਰ ਹੋਵੇਗਾ। ਪਰ ਮੇਰੀ ਨੂੰਹ ਸੁਖਵਿੰਦਰ ਕੌਰ ਅਤੇ ਪੋਤਰੇ ਮਨਕੀਰਤ ਸਿੰਘ ਵਾਲੀ ਬੇਦਖਲੀ ਉਸੇ ਤਰ੍ਹਾਂ ਜਾਰੀ ਰਹੇਗੀ।

ਮੈਂ, ਰਵਿੰਦਰ ਕੌਰ ਵਿਧਵਾ ਸੁਰਜੀਤ ਸਿੰਘ ਵਾਸੀ ਮਕਾਨ ਨੰਬਰ 4/397, ਗਲੀ ਨੰਬਰ 9, ਜੱਜ ਨਗਰ ਥਾਣਾ ਮੋਹਕਮਪੁਰਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਲੜਕੇ ਜੈਦੀਪ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਮਿਤੀ 18.06.2024 ਨੂੰ ਅਖਬਾਰ 'ਰੋਜ਼ਾਨਾ ਨਵਾਂ ਜ਼ਮਾਨਾ' ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰਾ ਲੜਕਾ ਮੇਰੇ ਕਹਿਣੇਕਾਰ ਹੈ। ਇਸ ਲਈ ਮੈਂ ਹੁਣ ਆਪਣੇ ਲੜਕੇ ਜੈਦੀਪ ਸਿੰਘ ਲਈ ਦਿੱਤੀ ਬੇਦਖਲੀ ਵਾਪਸ ਲੈਂਦੀ ਹਾਂ। ਹੁਣ ਮੇਰਾ ਲੜਕਾ ਮੇਰੀ ਚੱਲ-ਅਚੱਲ ਜਾਇਦਾਦ ਦਾ ਵਾਰਸ ਹੋਵੇਗਾ।

ਅਸੀਂ ਹਰਭਜਨ ਸਿੰਘ ਪੁੱਤਰ ਸ੍ਰੀ ਹਜ਼ਾਰਾ ਸਿੰਘ ਵਾ ਕੁਲਵਿੰਦਰ ਕੌਰ ਪਤਨੀ ਸ੍ਰੀ ਹਰਭਜਨ ਸਿੰਘ ਵਾਸੀਆਨ ਪਿੰਡ ਤੇ ਡਾਕ: ਝਿੰਗੜ ਖੁਰਦ, ਡਾਕ: ਝਿੰਗੜ ਕਲਾਂ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਜਸਵਿੰਦਰ ਸਿੰਘ ਨੂੰ ਦੇਸ਼ ਸੇਵਕ ਅਖਬਾਰ ਰਾਹੀਂ ਮਿਤੀ 03-10-2021 ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਸਾਡਾ ਲੜਕਾ ਜਸਵਿੰਦਰ ਸਿੰਘ ਸਾਡੇ ਕਹਿਣੇ ਵਿੱਚ ਹੈ ਅਤੇ ਸਾਡੀ ਸੇਵਾ ਸੰਭਾਲ ਕਰਦਾ ਹੈ, ਅਸੀਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਦੇ ਹੱਕਦਾਰ ਬਣਾਉਂਦੇ ਹਾਂ ਅਤੇ ਆਪਣੇ ਲੜਕੇ ਦੀ ਬੇਦਖਲੀ ਵਾਪਸ ਲੈਂਦੇ ਹਾਂ। ਸੰਬੰਧਿਤ ਨੋਟ ਕਰਨ।

## ਬੇਦਖਲੀ ਨੋਟਿਸ

ਮੈਂ, ਪ੍ਰਕਾਸ਼ ਪੁੱਤਰ ਹਰੀ ਰਾਮ, ਪਿੰਡ ਰਾਜੋਮਾਜਰਾ (ਸੰਗਰੂਰ) ਆਪਣੇ ਲੜਕੇ ਜਗਤਾਰ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ ਹਰਬੰਸ ਸਿੰਘ ਪੁੱਤਰ ਰੂੜ ਸਿੰਘ ਵਾਸੀ ਪਿੰਡ ਬੱਡੂਵਾਲ ਤਹਿਸੀਲ ਧਰਮਕੋਟ ਜ਼ਿਲ੍ਹਾ ਮੋਗਾ ਦਾ ਬਿਆਨ ਕਰਦਾ ਹਾਂ ਕਿ ਮੇਰਾ ? ਲੜਕਾ ਪਵਿੱਤਰ ਸਿੰਘ ਅਤੇ ਮੇਰੀ ਨੂੰਹ ਮਨਦੀਪ ਕੌਰ ਜੋ ਕਿ ਬਾਹਰ ਵਿਦੇਸ਼ ਵਿਚ ਰਹਿੰਦੇ ਹਨ ਤੇ ਮੇਰੇ ਕਹਿਣੇ ਵਿਚ ਨਹੀਂ ਹਨ ਅਤੇ ਮੇਰੇ ਨਾਲ ਲੜਾਈ ਝਗੜਾ ਰੱਖਦੇ ਹਨ ਇਸ ਲਈ ਮੈਂ ਆਪਣੇ ਲੜਕੇ ਪਵਿੱਤਰ ਸਿੰਘ ਅਤੇ ਆਪਣੀ ਨੂੰਹ ਮਨਦੀਪ ਕੌਰ ਨੂੰ ਆਪਣੀ ਤਮਾਮ ਜਾਇਦਾਦ ਚੁੱਕ/ਅਚੁੱਕ ਤੋਂ ਬੇਦਖਲ ਕਰਦਾ ਹਾਂ ਤੇ ਮੇਰਾ ਅਤੇ ਮੇਰੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੋਵੇਗਾ ਅਤੇ ਇਹਨਾਂ ਦੋਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬਧਤ ਨੋਟ ਕਰਨ।

ਮੈਂ, ਲਖਵੀਰ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਪੱਤੋਵਾਲ, ਡਾਕਖਾਨਾ ਬੁੱਲੋਵਾਲ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ (ਪੰਜਾਬ) ਬਿਆਨ ਕਰਦਾ ਹਾਂ ਕਿ ਮੇਰੀਆਂ ਦੋ ਲੜਕੀਆਂ ਦੇਵਿਕਾ ਅਤ ਮਨੀਸ਼ਾ ਮੇਰੇ ਕਹਿਣੇ ਤੋਂ ਬਾਹਰ ਹਨ । ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਗੁਰਦਾਸ ਸਿੰਘ ਪੁੱਤਰ ਗੁਰਚਰਨ ਸਿੰਘ ਵਾਸੀ ਭੁੱਲਰ ਪੱਤੀ, ਬੁੱਟਰ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਚੈਨ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਸੋਮਾ ਕੌਰ ਪਤਨੀ ਸਿਕੰਦਰ ਸਿੰਘ ਵਾਸੀ ਪਿੰਡ ਡਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਰੇਖਾ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਜਨੀ ਬਾਲਾ ਪਤਨੀ ਸਵ: ਰਾਜ ਕੁਮਾਰ ਵਾਸੀ ਨੇੜੇ ਜੱਟਾਂ ਦਾ ਗੁਰਦੁਆਰਾ ਰੇਰੂ, ਜ਼ਿਲ੍ਹਾ ਜਲੰਧਰ ਆਪਣੀ ਲੜਕੀ ਅਨਮੋਲ ਨੂਰੀ ਨੂੰ ਮੇਰੇ ਕਹਿਣੇ ਵਿਚ ਨਾ ਹੋਣ ਕਰਕੇ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪ ਜ਼ਿੰਮੇਵਾਰ ਹੋਵੇਗਾ।

ਮੈਂ, ਉਜਾਗਰ ਸਿੰਘ ਪੁੱਤਰ ਬਸਤਾ ਸਿੰਘ ਵਾਸੀ ਪਿੰਡ ਪਲਹੇੜੀ, ਤਹਿਸੀਲ ਖਰੜ, ਜ਼ਿਲ੍ਹਾ ਐੱਸ. ਏ. ਐੱਸ. ਨਗਰ ਮੁਹਾਲੀ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਖ਼ੁਸ਼ਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕਿਸੇ ਪ੍ਰਕਾਰ ਦਾ ਕੋਈ ਸੰਬੰਧ ਨਹੀਂ ਹੈ।

ਮੈਂ, ਗੁਰਸ਼ਰਨ ਸ਼ਰਮਾ ਪੁੱਤਰ ਸ੍ਰੀ ਵਿਜੇ ਕੁਮਾਰ ਸ਼ਰਮਾ, ਮਕਾਨ ਨੰ: ਐੱਲ-36/9, ਗਲੀ ਨੰ: 9, ਗੁਲਾਬ ਦੇਵੀ ਰੋਡ, ਸ਼ਹੀਦ ਬਾਬੂ ਲਾਭ ਸਿੰਘ ਨਗਰ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਪ੍ਰਿਅੰਕਾ ਸ਼ਰਮਾ (20) ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਰਮੇਸ਼ ਕੁਮਾਰ ਪੁੱਤਰ ਰਾਜ ਕੁਮਾਰ, ਵਾਸੀ 4024, ਮੁਹੱਲਾ ਘੁਮਿਆਰਾਂ ਵਾਲਾ, ਛੋਟਾ ਹਰੀਪੁਰਾ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਨਦੀਪ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰਾਜਵਿੰਦਰ ਕੌਰ ਪਤਨੀ ਲੇਟ ਮਹਿਲ ਸਿੰਘ, ਵਾਸੀ ਪਿੰਡ ਤੇ ਡਾਕ. ਵਡਾਲਾ ਭਿੱਟੇਵੱਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਣਜੀਤ ਸਿੰਘ ਅਤੇ ਉਸ ਦੀ ਪਤਨੀ ਜਤਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਬਲਦੇਵ ਰਾਜ ਪੁੱਤਰ ਲੇਟ ਪਿਆਰਾ ਲਾਲ ਅਤੇ ਨੀਲਮ ਰਾਣੀ ਪਤਨੀ ਬਲਦੇਵ ਰਾਜ, ਵਾਸੀ ਮਕਾਨ ਨੰ: 2844/14, ਗਲੀ ਨੰ: 11, ਹਰੀਪੁਰਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਸੋਨੀਆ ਕੁਮਾਰੀ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਸਾਡੀ ਮਰਜ਼ੀ ਤੋਂ ਬਿਨਾਂ ਸ਼ਾਦੀ ਕਰ ਲਈ ਹੈ। ਇਸ ਲਈ ਅਸੀਂ ਇਸ ਨੂੰ ਅਤੇ ਇਸ ਦੇ ਪਤੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਹਰਜਿੰਦਰ ਕੌਰ ਪਤਨੀ ਲੇਟ ਜਗੀਰ ਸਿੰਘ, ਵਾਸੀ ਪਿੰਡ ਖੈਰਾਬਾਦ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗਗਨਦੀਪ ਸਿੰਘ ਅਤੇ ਉਸ ਦੀ ਪਤਨੀ ਮਹਿਕ ਉਰਫ ਨਿਸ਼ਾ ਅਤੇ ਲੜਕੀ ਮਹਿਮਾ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸਵਿੰਦਰ ਸਿੰਘ ਪੁੱਤਰ ਸਰਦੂਲ ਸਿੰਘ, ਵਾਸੀ ਪਿੰਡ ਮੱਲੂਵਾਲ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਹਰਪ੍ਰੀਤ ਕੌਰ , ਮੇਰੇ ਲੜਕੇ ਦੀਪਕ ਸਿੰਘ ਅਤੇ ਨੈਤਿਕ ਸਿੰਘ ਦਾ ਵਿਹਾਰ ਮੇਰੇ ਨਾਲ ਠੀਕ ਨਹੀਂ ਹੈ ਅਤੇ ਤਿੰਨੇ ਆਪਸ ਵਿਚ ਲੜਦੇ-ਝਗੜਦੇ ਰਹਿੰਦੇ ਹਨ। ਮੈਂ ਇਨ੍ਹਾਂ ਤਿੰਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ ਚਤੁਰ ਸਿੰਘ ਉਰਫ ਚਤਰ ਸਿੰਘ ਪੁੱਤਰ ਸੰਤ ਸਿੰਘ ਅਤੇ ਰਛਪਾਲ ਕੌਰ ਪਤਨੀ ਚਤੁਰ ਸਿੰਘ ਵਾਸੀਆਨ ਮਕਾਨ ਨੰਬਰ 08, ਸਟਾਰ ਇਨਕਲੇਵ ਫੋਕਲ ਪੁਆਇੰਟ, ਪਟਿਆਲਾ ਘੋਸ਼ਣਾ ਕਰਦੇ ਹਾਂ ਕਿ ਸਾਡੀ ਲੜਕੀ ਰਮਨਦੀਪ ਕੌਰ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਆਪਣੀ ਲੜਕੀ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬਧਤ ਨੋਟ ਕਰਨ।

ਅਸੀਂ ਮੰਗਤ ਰਾਮ ਪੁੱਤਰ ਜੁਸਫ ਅਤੇ ਮੀਨਾ ਪਤਨੀ ਮੰਗਤ ਰਾਮ ਵਾਸੀ ਸਹਿਜਾਦਾ ਨੰਗਲ, ਗੁਰਦਾਸਪੁਰ। ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਸਾਡਾ ਲੜਕਾ ਰਾਜਨ, ਜੋ ਸਾਡੇ ਅਤੇ ਸਾਡੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਧਾਰਮਿਕ ਗ੍ਰੰਥਾਂ ਦੇ ਅਦਬ-ਸਤਿਕਾਰ ਲਈ ਬਣਾਇਆ ਕਾਨੂੰਨ ਸ਼ਲਾਘਾਯੋਗ : 'ਆਪ' ਆਗੂ



**ਨਾਭਾ (ਵਰਿੰਦਰ ਵਰਮਾ)** ਗੁਰੂ ਗ੍ਰੰਥ ਸਾਹਿਬ ਤੇ ਸਮੂਹ ਧਾਰਮਿਕ ਗ੍ਰੰਥ ਸਾਹਿਬਾਨ ਦੀ ਮਰਿਆਦਾ ਨੂੰ ਬਰਕਰਾਰ ਰੱਖਣ ਲਈ ਬਣਾਏ ਕਾਨੂੰਨ 'ਚ ਸੋਧ ਕਰਕੇ ਸਖ਼ਤ ਕਾਨੂੰਨ ਬਣਾਉਣ ਲਈ ਜੋ ਮਤਾ ਪੰਜਾਬ ਸਰਕਾਰ ਵੱਲੋਂ ਲਿਆਂਦਾ ਗਿਆ ਹੈ, ਇਹ ਸ਼ਲਾਘਾਯੋਗ ਕਦਮ ਤੇ ਇਤਿਹਾਸਕ ਫ਼ੈਸਲਾ ਸਾਬਤ ਹੋਵੇਗਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਗਿਆਨ ਸਿੰਘ ਮਾਨ, ਯੂਥ ਵਿੰਗ ਜੁਆਇੰਟ ਸਕੱਤਰ ਪੰਜਾਬ ਗੁਰਪ੍ਰੀਤ ਸਿੰਘ ਗੋਪੀ, ਸੀਨੀਅਰ ਯੂਥ ਆਗੂ ਲਾਲੀ ਫ਼ਤਿਹਪੁਰ, ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ ਤੇ ਸਰਪੰਚ ਦਵਿੰਦਰ ਸਿੰਘ ਕਲਾਰਾ ਨੇ ਬੇਅਦਬੀ ਖਿਲਾਫ਼ ਸਖਤ ਕਾਨੂੰਨ ਲਿਆਉਣ ਲਈ ਉਨ੍ਹਾਂ ਆਮ ਆਦਮੀ ਪਾਰਟੀ ਦੇ ਸੁਪਰੀਮੋ ਤੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਪ੍ਰਧਾਨ ਸ੍ਰੀ ਅਮਨ ਅਰੋੜਾ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਇਸ ਮਤੇ 'ਤੇ ਬੜੀ ਬਾਰੀਕੀ ਨਾਲ ਵਿਚਾਰ ਚਰਚਾ ਹੋਵੇ। ਵਿਰੋਧੀ ਧਿਰਾਂ ਵੀ ਆਪਣਾ ਫ਼ਰਜ਼ ਅਦਾ ਕਰਨ। ਇਧਰ ਉਧਰ ਧਿਆਨ ਨਾ ਕਰਕੇ ਇਕਜੁਟਤਾ ਨਾਲ ਸਾਥ ਦੇ ਕੇ ਇਸ ਕਾਨੂੰਨ ਨੂੰ ਪੂਰਨ ਤੌਰ 'ਤੇ ਲਾਗੂ ਕਰਾਉਣ ਲਈ ਸਹਿਯੋਗ ਕਰਨ।

# ਪੁਲਸ ਲਾਈਨ 'ਚ ਡੇਂਗੂ ਜਾਗਰੂਕਤਾ ਸੈਮੀਨਾਰ ਆਯੋਜਤ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)** ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਵਿਭਾਗ ਦੇ ਹੁਕਮਾਂ ਅਨੁਸਾਰ ਤੇ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਦੀ ਅਗਵਾਈ ਹੇਠ ਹਰ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਅਧੀਨ ਜ਼ਿਲ੍ਹੇ ਭਰ ਦੇ ਪੁਲਿਸ ਥਾਣਿਆਂ, ਪੁਲਸ ਲਾਈਨ ਵਿਖੇ ਵਿਸ਼ੇਸ਼ ਮੁਹਿੰਮ ਚਲਾ ਕੇ ਡੇਂਗੂ ਦੇ ਲਾਰਵੇ ਦੀ ਜਾਂਚ ਕੀਤੀ ਗਈ। ਜ਼ਿਲ੍ਹਾ ਮਲੇਰੀਆ ਵਿੰਗ ਤੇ ਮਾਸ ਮੀਡੀਆ ਟੀਮ ਵੱਲੋਂ ਦਫਤਰਾਂ ਦੇ ਅਧਿਕਾਰੀਆਂ ਅਤੇ ਕ੍ਰਮਚਾਰੀਆਂ ਨੂੰ ਡੇਂਗੂ ਬਿਮਾਰੀ ਦੇ ਲੱਛਣਾਂ ਅਤੇ ਬਚਾਅ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਪੁਲਸ ਲਾਈਨ ਵਿਖੇ ਮੁਲਾਜ਼ਮਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਐਪੀਡੀਮਾਲੋਜਿਸਟ ਡਾ. ਹਿਮਾਂਸ਼ੂ ਗੁਪਤਾ ਤੇ ਐਸ.ਐਮ.ਓ. ਡਾ. ਰਾਜੀਵ ਭੰਡਾਰੀ ਨੇ ਕਿਹਾ ਕਿ ਪੁਲਸ ਲਾਈਨ ਵਿੱਚ ਪਏ ਪੁਰਾਣੇ ਵਾਹਨਾਂ, ਕੋਠਿਆਂ ਦੀਆਂ ਛੱਤਾਂ ਉਪਰ ਪਏ ਪੁਰਾਣੇ ਟਾਇਰ, ਕਬਾੜ ਆਦਿ ਵਿੱਚ ਪਾਣੀ ਇਕੱਠਾ ਨਾ ਹੋਣ ਦਿਓ। ਕੂਲਰਾਂ ਨੂੰ ਖਾਲੀ ਕਰਕੇ ਸੁਕਾਉਣਾ ਬਹੁਤ ਜ਼ਰੂਰੀ ਹੈ। ਇਸੇ ਤਰ੍ਹਾਂ ਫਰਿਜ ਦੇ ਪਿਛਲੇ ਪਾਸੇ ਮੋਟਰ ਕੋਲ਼ ਲੱਗੀ ਟ੍ਰੇਅ ਨੂੰ ਵੀ ਹਰ ਹਫਤੇ ਖਾਲੀ ਕਰਕੇ ਸੁਕਾਈਏ। ਪੰਛੀਆਂ ਦੇ ਪੀਣ ਲਈ ਪਾਣੀ ਵਾਲੇ ਕਟੋਰੇ, ਮਨੀ ਪਲਾਂਟ ਦੇ ਗਮਲੇ ਮੱਛਰਾਂ ਦੇ ਵਾਧੇ ਵਾਲੀਆਂ ਥਾਂਵਾਂ ਹਨ। ਡੇਂਗੂ ਦੇ ਲੱਛਣ ਬਾਰੇ ਏਐਮਓ ਛਿੰਦਰਪਾਲ ਸਿੰਘ, ਡਿਪਟੀ ਮਾਸ ਮੀਡੀਆ ਅਫ਼ਸਰ ਸੁਧੀਰ ਧੀਰ, ਲਖਵਿੰਦਰ ਕੈਂਥ ਤੇ ਪ੍ਰਭਦੀਪ ਸਿੰਘ ਚਾਵਲਾ ਨੇ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਤੇਜ ਬੁਖਾਰ, ਮਾਸਪੇਸ਼ੀਆਂ 'ਚ ਦਰਦ, ਅੱਖਾਂ ਦੇ ਪਿਛਲੇ ਹਿੱਸੇ 'ਚ ਦਰਦ, ਸਰੀਰ ਤੇ ਲਾਲ ਰੰਗ ਦੇ ਧੱਫੜ, ਨੱਕ ਜਾਂ ਮਸੂੜਿਆਂ 'ਚੋਂ ਖ਼ੂਨ ਆਉਣਾ ਆਦਿ ਲੱਛਣ ਮਹਿਸੂਸ ਹੋਣ ਤਾਂ ਇਹ ਡੇਂਗੂ ਦੇ ਲੱਛਣ ਹੋ ਸਕਦੇ ਹਨ।

# ਮਿਸ਼ਨ ਸਮਰੱਥ ਦੀ ਰੀਵਿਊ ਮੀਟਿੰਗ ਹੋਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸਮੂਹ ਸੈਂਟਰ ਹੈੱਡ ਟੀਚਰਾਂ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਸਿੱਖਿਆ ਅਫਸਰ (ਐਲੀ ਸਿੱਖਿਆ) ਸ੍ਰੀ ਯਾਦਵਿੰਦਰ ਸਿੰਘ ਮਾਨ ਦੀ ਅਗਵਾਈ ਹੇਠ ਡਾਈਟ ਮੁਕਤਸਰ ਵਿਖੇ ਹੋਈ। ਉਨ੍ਹਾਂ ਕਿਹਾ ਮਿਸ਼ਨ ਸਮਰੱਥ ਪਿੱਛੇ ਰਹਿ ਗਏ ਵਿਦਿਆਰਥੀਆਂ ਨੂੰ ਬਾਕੀ ਵਿਦਿਆਰਥੀਆਂ ਦੇ ਹਾਣ ਦਾ ਬਣਾਉਣ ਦਾ ਪ੍ਰਾਜੈਕਟ ਹੈ। ਉਨ੍ਹਾਂ ਸਾਰੇ ਅਧਿਆਪਕਾਂ ਨੂੰ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਲੈਵਲ ਅਨੁਸਾਰ ਪੜ੍ਹਾਇਆ ਲਈ ਤਾਕੀਦ ਕੀਤੀ। ਉਨ੍ਹਾਂ ਅੱਗੇ ਕਿਹਾ ਅਧਿਆਪਕਾਂ ਨੂੰ ਪੂਰੀ ਤਨਦੇਹੀ ਨਾਲ ਵਿਦਿਆਰਥੀਆਂ ਨੂੰ ਪੜ੍ਹਾ ਕੇ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਪਹਿਲੇ ਨੰਬਰ 'ਤੇ ਲਿਆਉਣ ਦੀ ਅਪੀਲ ਕੀਤੀ। ਸਕੂਲ ਦੇ ਨਤੀਜਿਆਂ ਦਾ ਰੀਵਿਊ ਕੀਤਾ ਵੀ ਕੀਤਾ ਗਿਆ। ਇਸ ਮੌਕੇ ਸਰਵਸ੍ਰੀ ਗੌਰਵ ਦੁੱਗਲ ਲੈਕਚਰਾਰ ਤੇ ਸੁਰੇਸ਼ ਕੁਮਾਰ ਡਾਈਟ ਲੈਕਚਰਾਰ ਨੇ ਨਿਊ ਇੰਡੀਆ ਸਾਖਰਤਾ ਪ੍ਰੋਗਰਾਮ ਬਾਰੇ ਵਿਸਥਾਰ ਸਹਿਤ ਦੱਸਿਆ।

# ਪ੍ਰਧਾਨ ਮੰਤਰੀ ਕ੍ਰਿਸ਼ੀ ਯੋਜਨਾ ਕਿਸਾਨਾਂ ਲਈ ਇਤਿਹਾਸਕ ਕਦਮ : ਡਾ. ਗਰਗ

**ਮੋਗਾ, (ਇਕਬਾਲ ਸਿੰਘ ਖਹਿਰਾ)** ਕੇਂਦਰੀ ਮੰਤਰੀ ਮੰਡਲ ਨੇ ਖੇਤੀਬਾੜੀ ਖੇਤਰ ਨੂੰ ਮਜ਼ਬੂਤ ਕਰਨ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਦੇ ਉਦੇਸ਼ ਨਾਲ ਕੇਂਦਰ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਪ੍ਰਧਾਨ ਮੰਤਰੀ ਜਨ ਧਨ ਕ੍ਰਿਸ਼ੀ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ ਹੈ।ਇਸ ਯੋਜਨਾ ਦਾ ਮੁੱਖ ਉਦੇਸ਼ ਨਿੱਜੀ ਅਤੇ ਸਹਿਕਾਰੀ ਖੇਤੀਬਾੜੀ ਮਾਡਲ ਨੂੰ ਉਤਸ਼ਾਹਤ ਕਰਨਾ ਹੈ, ਜਿਸ ਨਾਲ ਲਗਭਗ 1.7 ਕਰੋੜ ਕਿਸਾਨਾਂ ਨੂੰ ਸਿੱਧੇ ਤੌਰ 'ਤੇ ਲਾਭ ਹੋਣ ਦੀ ਉਮੀਦ ਹੈ।ਇਹ ਯੋਜਨਾ ਕਿਸਾਨਾਂ ਦੀ ਆਰਥਿਕ ਸਥਿਤੀ ਨੂੰ ਸੁਧਾਰਨ ਤੇ ਖੇਤੀਬਾੜੀ ਨੂੰ ਆਧੁਨਿਕ ਤਕਨੀਕਾਂ ਨਾਲ ਜੋੜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।



ਭਾਜਪਾ ਜ਼ਿਲ੍ਹਾ ਪ੍ਰਧਾਨ ਡਾ.ਸੀਮਾਂਤ ਗਰਗ ਨੇ ਇਸ ਯੋਜਨਾ ਨੂੰ ਕਿਸਾਨਾਂ ਲਈ ਇੱਕ ਇਤਿਹਾਸਕ ਕਦਮ ਦੱਸਿਆ ਤੇ ਕਿਹਾ ਕਿ ਮੋਦੀ ਸਰਕਾਰ ਨੇ ਹਮੇਸ਼ਾ ਖੇਤੀਬਾੜੀ ਨੂੰ ਤਰਜ਼ੀਹ ਦਿੱਤੀ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੇ ਸਰਕਾਰ ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇੱਕ ਵੱਡਾ ਕਦਮ ਹੈ।ਇਸ ਨਾਲ ਕਿਸਾਨ ਨਵੀਆਂ ਤਕਨੀਕਾਂ, ਸਰਕਾਰੀ ਸਹਾਇਤਾ, ਉੱਚ ਗੁਣਵੱਤਾ ਵਾਲੇ ਬੀਜ, ਖਾਦ ਤੇ ਸਿੰਚਾਈ ਉਪਕਰਣਾਂ ਦਾ ਲਾਭ ਲੈ ਸਕਣਗੇ। ਡਾ. ਸੀਮਾਂਤ ਗਰਗ ਨੇ ਕਿਹਾ ਕਿ ਇਹ ਯੋਜਨਾ ਖਾਸ ਕਰਕੇ ਉਨ੍ਹਾਂ ਕਿਸਾਨਾਂ ਲਈ ਵਰਦਾਨ ਸਾਬਤ ਹੋਵੇਗੀ, ਜੋ ਆਰਥਿਕ ਤੌਰ 'ਤੇ ਪਛੜੇ ਹੋਏ ਹਨ।ਇਸ ਰਾਹੀਂ ਸਹਿਕਾਰੀ ਖੇਤੀ ਨੂੰ ਉਤਸ਼ਾਹਤ ਕਰਕੇ ਸਮੂਹਿਕ ਖੇਤੀ ਦੇ ਮਾਡਲ ਨੂੰ ਮਜ਼ਬੂਤ ਕੀਤਾ ਜਾਵੇਗਾ, ਜਿਸ ਨਾਲ ਛੋਟੇ ਕਿਸਾਨਾਂ ਨੂੰ ਬਾਜ਼ਾਰ ਵਿੱਚ ਮੁਕਾਬਲੇਬਾਜ਼ ਬਣਨ ਦਾ ਮੌਕਾ ਵੀ ਮਿਲੇਗਾ।

## ਬੇਦਖਲੀ ਨੋਟਿਸ

ਮੈਂ, ਓਮ ਪ੍ਰਕਾਸ਼ ਪੁੱਤਰ ਪ੍ਰਤਾਪ ਚੰਦ ਵਾਸੀ ਮਕਾਨ ਨੰ. 94-ਏ, ਸ਼ਿਵ ਇਨਕਲੇਵ, ਦੀਪ ਨਗਰ, ਜਲੰਧਰ ਕੈਂਟ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਭੀ ਅਤੇ ਉਸਦੀ ਪਤਨੀ ਮਨੀਸ਼ਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਅਤੇ ਮੇਰੇ ਬਾਕੀ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ, ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ, ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਕਮਲਜੀਤ ਕੌਰ ਪਤਨੀ ਲਖਵਿੰਦਰ ਸਿੰਘ, ਵਾਸੀ ਮੁਹੱਲਾ ਅਜੀਤ ਨਗਰ, ਕਪੂਰਥਲਾ, ਪੰਜਾਬ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮਨੀ ਕੁਮਾਰ ਅਤੇ ਉਸਦੀ ਪਤਨੀ ਮਿਲਖੀ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹਨ ਅਤੇ ਲੜਾਈ-ਝਗੜਾ ਕਰਦੇ ਹਨ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਅਤੇ ਨੂੰਹ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਦੋਵਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਤਜਿੰਦਰ ਕੌਰ ਪਤਨੀ ਜਗਤਾਰ ਸਿੰਘ, ਵਾਸੀ ਪਿੰਡ ਖੁਸਰੋਪੁਰ, ਜਿਲ੍ਹਾ ਕਪੂਰਥਲਾ, ਪੰਜਾਬ, ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਜੀਤ ਸਿੰਘ ਅਤੇ ਉਸਦੀ ਪਤਨੀ ਨੀਲਮ ਰਾਣੀ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹਨ ਅਤੇ ਲੜਾਈ-ਝਗੜਾ ਕਰਦੇ ਹਨ, ਜਿਸ ਕਰਕੇ ਮੈਂ ਆਪਣੇ ਉਕਤ ਲੜਕੇ ਅਤੇ ਨੂੰਹ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਦੋਵਾਂ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਰਾਮ ਪਿਆਰੀ ਪਤਨੀ ਲੇਟ ਹਰਭਜਨ ਸਿੰਘ ਵਾਸੀ ਵਾਰਡ ਨੰਬਰ 08, ਗੜ੍ਹਸ਼ੰਕਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਕੁਲਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਸੁਰਿੰਦਰ ਸਿੰਘ ਮਾਂਹੂ ਪੁੱਤਰ ਸ. ਅਵਤਾਰ ਸਿੰਘ ਮਾਂਹੂ ਵਾਸੀ ਲੱਲੀਆ ਕਲਾਂ, ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਹਰਮੀਤ ਸਿੰਘ ਮਾਂਹੂ ਅਤੇ ਨੂੰਹ ਜਸਕਿਰਨ ਕੌਰ ਫਰਵਾਹਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

## ਕੋਰਟ ਨੋਟਿਸ

ਜ਼ਿਲ੍ਹਾ ਮੈਰਿਜ ਅਫਸਰ ਤਰਨ ਤਾਰਨ
V/S ਆਮ ਜਨਤਾ



ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।
ਬਿਨੈਕਾਰ ਦਾ ਨਾਂਅ : ਸੁਖਦੇਵ ਸਿੰਘ, ਪਿਤਾ/ਪਤੀ ਦਾ ਨਾਂਅ : ਜਗੀਰ ਸਿੰਘ
ਪਤਾ: Vill. Vain Poin, Vill. Vain Poin /Tehsil Khadur Sahib Districr- Tarn Taran, Punjab

ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੀ ਪੁੱਤਰੀ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:-

ਨਾਂਅ: ਅਮਨਦੀਪ ਕੌਰ , ਪੱਕਾ ਪਤਾ: Vill. Vain Poin, Vain Poin Khadur Sahib, Tarn Taran, Punjab
ਵਿਦੇਸ਼ੀ ਪਤਾ : City Ermidas Sado, Portugal/ ਸ਼ਹਿਰ ਏਰਮਿਦਾਸ ਸਾਡੋ ਪੁਰਤਗਾਲ
ਉਮਰ/ਜਨਮ ਮਿਤੀ : 33-(20/05/1992)

ਬਿਨੈਕਾਰ ਨੇ ਕਿਹਾ ਹੈ ਕਿ ਉਸ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸ ਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।

ਇਹ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 14.07.2025 ਨੂੰ ਜਾਰੀ ਹੋਇਆ।

ਨੰ. ਐੱਮ.ਏ./ਐੱਮ ਸੀ-1/277-79 ਮਿਤੀ 14/07/2025 ਵਾ ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ

19 July Page 8.qxd 7/18/2025 10:30 PM Page 1



# ਡਾ. ਸੁੱਖੀ ਵੱਲੋਂ ਢਾਹਾਂ ਕਲੇਰਾਂ ਵਿਖੇ ਨਵੀਂ ਲਿੰਕ ਸੜਕ ਦਾ ਨਿਰਮਾਣ ਕਾਰਜ ਆਰੰਭ

**ਬੰਗਾ (ਅਵਤਾਰ ਕਲੇਰ)** ਡਾ. ਸੁਖਵਿੰਦਰ ਕੁਮਾਰ ਸੁੱਖੀ ਚੇਅਰਮੈਨ ਪੰਜਾਬ ਸਟੇਟ ਕੰਟੇਨਰ ਐਂਡ ਵੇਅਰਹਾਊਸਿੰਗ ਕਾਰਪੋਰੇਸ਼ਨ ਨੇ ਢਾਹਾਂ ਕਲੇਰਾਂ ਵਿਖੇ ਬੰਗਾ-ਫਗਵਾੜਾ ਸੜਕ ਤੋਂ ਪਿੰਡ ਕਲੇਰਾਂ ਨੂੰ ਜਾਣਵਾਲੀ ਰੋਡ ਤੋਂ ਨਿਕਲਦੀਆਂ ਲਿੰਕ ਸੜਕਾਂ ਦੇ ਨਿਰਮਾਣ ਕਾਰਜ ਦੀ ਆਰੰਭ ਰਿਬਨ ਕੱਟੇ ਕੀਤਾ। ਇਸ ਸੜਕ ਉੱਪਰ 40 ਲੱਖ ਰੁਪਏ ਦੀ ਅਨੁਮਾਨਤ ਲਾਗਤ ਆਵੇਗੀ। ਡਾ. ਸੁੱਖੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦੀ ਤਰੱਕੀ ਅਤੇ ਵਿਕਾਸ ਲਈ ਕੰਮ ਤੇਜ਼ੀ ਨਾਲ ਹੋ ਰਹੇ ਹਨ ਅਤੇ ਪੰਜਾਬ ਵਿਚ ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਹਨ। ਪੰਜਾਬ ਦੀਆਂ ਮੰਡੀਆਂ ਅਤੇ ਪੇਂਡੂ ਖੇਤਰਾਂ ਦਾ ਨਵੀਨੀਕਰਨ ਤੇਜ਼ੀ ਨਾਲ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਕਰਵਾਇਆ ਜਾ ਰਿਹਾ ਹੈ। ਇਹਨਾਂ ਵਿਕਾਸ ਕਾਰਜਾਂ ਦੀ ਲੜੀ ਤਹਿਤ ਅੱਜ ਢਾਹਾਂ ਕਲੇਰਾਂ ਵਿਖੇ ਪਿੰਡ ਕਲੇਰਾਂ ਨੂੰ ਜਾਂਦੀ ਸੜਕ ਤੋਂ ਪਿੰਡ ਬਾਹੜੋਵਾਲ, ਹਸਪਤਾਲ ਢਾਹਾਂ ਕਲੇਰਾਂ ਤੇ ਸ਼ਮਸ਼ਾਨ ਘਾਟ ਢਾਹਾਂ ਨੂੰ ਜਾਂਦੀਆਂ ਲਿੰਕ ਪੁਰਾਣੀਆਂ ਸੜਕਾਂ ਦੇ ਨਵ ਨਿਰਮਾਣ ਕਾਰਜਾਂ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਡਾ ਸੁੱਖੀ ਨੇ ਢਾਹਾਂ ਕਲੇਰਾਂ ਵਿਖੇ ਚੱਲ ਰਹੇ ਮੈਡੀਕਲ ਅਤੇ ਵਿਦਿਅਕ ਅਦਾਰਿਆਂ ਲਈ ਵੀ ਪੰਜਾਬ ਸਰਕਾਰ ਤੋਂ ਵੱਧ ਤੋਂ ਵੱਧ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ। ਇਸ ਮੌਕੇ ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਚੇਅਰਮੈਨ ਡਾ. ਸੁਖਵਿੰਦਰ ਕੁਮਾਰ ਸੁੱਖੀ ਦਾ ਹਾਰਦਿਕ ਧੰਨਵਾਦ ਕੀਤਾ। ਡਾ. ਸੁੱਖੀ ਵਿਸ਼ੇਸ਼ ਤੌਰ 'ਤੇ ਟਰੱਸਟ ਦਫਤਰ ਵਿਖੇ ਪੁੱਜੇ, ਜਿੱਥੇ ਉਹਨਾਂ ਦਾ ਟਰੱਸਟ ਵੱਲੋਂ ਸਨਮਾਨ ਕੀਤਾ ਗਿਆ। ਇਸ ਮੌਕੇ ਸੋਹਣ ਲਾਲ ਢੰਡਾ, ਪ੍ਰੋ: ਹਰਬੰਸ ਸਿੰਘ ਬੋਲੀਨਾ, ਬਾਬਾ ਗੁਰਜੀਤ ਸਿੰਘ ਸੰਗਤਪੁਰ, ਨਵਦੀਪ ਸਿੰਘ ਸੰਧੂ, ਗੌਰਵ ਭੱਟੀ ਐਕਸੀਅਨ, ਸੰਦੀਪ ਸਿੰਘ ਐਸ.ਡੀ.ਓ., ਚਰਨਜੀਤ ਸਿੰਘ ਜੇ.ਈ., ਡਾ. ਜਗਦੀਪ ਸਿੰਘ ਸੈਣੀ, ਡਾ. ਬਲਵਿੰਦਰ ਸਿੰਘ, ਮਹਿੰਦਰਪਾਲ ਸਿੰਘ, ਇੰਜ: ਭੁਪਿੰਦਰ ਸਿੰਘ, ਜਸਵੀਰ ਸਿੰਘ ਮਜਾਰੀ, ਗੁਰਮੁੱਖ ਸਿੰਘ ਮੱਲ੍ਹਪੁਰ, ਰਣਜੀਤ ਸਿੰਘ ਮਾਨ, ਜੋਗਾ ਰਾਮ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ।



# ਪੰਜ ਕਿਸਾਨ ਜਥੇਬੰਦੀਆਂ ਨੇ ਬਿਜਲੀ ਦਫਤਰਾਂ ਸਾਹਮਣੇ ਕੀਤਾ ਰੋਸ ਪ੍ਰਦਰਸ਼ਨ



**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)** ਪੰਜਾਬ ਦੀਆਂ ਪੰਜ ਕਿਸਾਨ ਜਥੇਬੰਦੀਆਂ ਨੇ ਪੰਜਾਬ ਭਰ ਵਿੱਚ ਬਿਜਲੀ ਦਫਤਰਾਂ ਸਾਹਮਣੇ 11 ਵਜੇ ਤੋਂ ਲੈ ਕੇ 2 ਵਜੇ ਤੱਕ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਇਸੇ ਤਹਿਤ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੇ ਭੋਗਪੁਰ ਦਫ਼ਤਰ ਵਿਖੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਦੋਆਬਾ ਪ੍ਰਧਾਨ ਬਾਈ ਨਛੱਤਰ ਸਿੰਘ, ਸੂਬਾ ਪ੍ਰਧਾਨ ਬਲਦੇਵ ਸਿੰਘ ਜੀਰਾ, ਜ਼ਿਲ੍ਹਾ ਹੁਸ਼ਿਆਰਪੁਰ ਪ੍ਰਧਾਨ ਹਰਵਿੰਦਰ ਪਾਲ ਸਿੰਘ ਸੰਨ੍ਹੂ, ਜ਼ਿਲ੍ਹਾ ਕਪੂਰਥਲਾ ਪ੍ਰਧਾਨ ਜਸਵਿੰਦਰ ਸਿੰਘ ਪੱਡਾ, ਦੋਆਬਾ ਜਨਰਲ ਸਕੱਤਰ ਮਨਪ੍ਰੀਤ ਸਿੰਘ ਮੰਨਾ ਸਮੇਤ ਬੁਲਾਰਿਆਂ ਨੇ ਕਿਹਾ ਅੱਜ ਦੇ ਪ੍ਰਦਰਸ਼ਨ ਦੀ ਮੁੱਖ ਮੰਗ ਕੇਂਦਰ ਸਰਕਾਰ ਤੋਂ ਹੈ ਕਿ ਮਾਨਸੂਨ ਸੈਸ਼ਨ ਵਿੱਚ ਪੇਸ਼ ਹੋਣ ਜਾ ਰਹੇ ਬਿਜਲੀ ਸੋਧ ਬਿਲ 2025 ਨੂੰ ਸਦਨ ਵਿੱਚ ਪਾਸ ਨਾ ਕੀਤਾ ਜਾਵੇ। ਕਿਉਂਕਿ ਪਹਿਲਾਂ ਹੀ ਬਿਜਲੀ ਦੀ ਪੈਦਾਵਾਰ ਅਤੇ ਵੰਡ ਚੁਣਵੀਂ ਪ੍ਰਾਈਵੇਟ ਹੱਥਾਂ ਵਿੱਚ ਦਿੱਤੀ ਜਾ ਚੁੱਕੀ ਹੈ ਜਿਸ ਨਾਲ ਬਿਜਲੀ ਦੇ ਰੇਟ ਅਸਮਾਨਾਂ ਨੂੰ ਛੂਹ ਰਹੇ ਹਨ। ਪ੍ਰਸਤਾਵਿਤ ਬਿੱਲ ਦੇ ਪਾਸ ਹੋ ਜਾਣ ਨਾਲ ਬਿਜਲੀ ਦੀ ਵੰਡ ਅਡਾਨੀਆਂ ਦੇ ਹੱਥਾਂ ਵਿੱਚ ਦੇ ਦਿੱਤੀ ਜਾਵੇਗੀ ਇਸ ਨਾਲ ਬਿਜਲੀ ਦੀਆਂ ਕੀਮਤਾਂ ਤੋਂ ਸਰਕਾਰੀ ਕੰਟਰੋਲ ਖਤਮ ਹੋ ਜਾਵੇਗਾ। ਵੱਖ-ਵੱਖ ਥਾਈਂ ਪੰਜਾਂ ਕਿਸਾਨ ਜਥੇਬੰਦੀਆਂ ਦੇ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿਸਾਨ ਜਥੇਬੰਦੀਆਂ ਇਸ ਲੋਕ ਵਿਰੋਧੀ ਬਿੱਲ ਵਿਰੁੱਧ ਸਮੂਹ ਜਨਤਾ ਨੂੰ ਨਾਲ ਲੈ ਕੇ ਵੱਡੀ ਲੜਾਈ ਲੜਨਗੀਆਂ। ਉਨ੍ਹਾਂ ਸਰਕਾਰ ਵੱਲੋਂ ਧੱਕੇ ਨਾਲ ਲਾਏ ਜਾ ਰਹੇ ਚਿੱਪ ਮੀਟਰਾਂ ਦਾ ਸਬੰਧ ਵੀ ਉਕਤ ਬਿਜਲੀ ਬਿੱਲ ਨਾਲ ਦੱਸਦੇ ਕਿਹਾ ਕਿ ਚਿਪਾਂ ਵਾਲੇ ਮੀਟਰ ਲੱਗਣ ਮੌਕੇ ਪ੍ਰੀਪੇਡ ਪੇਮੈਂਟ ਨਾਲ ਬਿਜਲੀ ਮਿਲੇਗੀ ਅਤੇ ਅਡਾਨੀ ਨੂੰ ਖੁੱਲੀ ਲੁੱਟ ਕਰਨ ਦਾ ਮੌਕਾ ਮਿਲੇਗਾ ਇਸ ਨੂੰ ਕਤਈ ਤੌਰ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਇਸ ਨੂੰ ਰੋਕ ਕੇ ਹੀ ਇਸ ਤਾਜ਼ਾ ਹਮਲੇ ਵਿਰੁੱਧ ਡਟ ਕੇ ਲੜਾਈ ਲੜੀ ਜਾਵੇਗੀ। ਇਸ ਤੋਂ ਇਲਾਵਾ ਪੰਜੇ ਕਿਸਾਨ ਜਥੇਬੰਦੀਆਂ ਨੇ ਮੰਗ ਕੀਤੀ ਕਿ ਜਿਹੜੇ ਕਿਸਾਨਾਂ ਦੇ ਸਹਾਇਕਾਂ ਤੋਂ ਖੇਤੀ ਮੋਟਰਾਂ ਦੇ ਡਿਮਾਂਡ ਨੋਟਿਸ ਪੈਂਡਿੰਗ ਪਏ ਉਹਨਾਂ ਨੂੰ ਤੁਰੰਤ ਕਨੈਕਸ਼ਨ ਜਾਰੀ ਕੀਤੇ ਜਾਣ। ਮੋਟਰਾਂ ਦੇ ਲੋਡ ਵਧਾਉਣ ਦੀ ਫੀਸ ਇਸ ਵਕਤ 7600 ਪ੍ਰਤੀ ਹਾਰਸ ਪਾਵਰ ਹੈ ਇਸ ਨੂੰ ਘਟਾ ਕੇ 1000 ਰੁਪਏ ਪ੍ਰਤੀ ਹਾਰਸ ਪਾਵਰ ਕੀਤਾ ਜਾਵੇ। ਕਿਸਾਨਾਂ ਦੀ ਮੌਤ ਤੋਂ ਬਾਅਦ ਉਸ ਦੇ ਨਾਮ 'ਤੇ ਚੱਲ ਰਹੇ ਕਨੈਕਸ਼ਨ ਨੂੰ ਸਾਰੇ ਕਾਨੂੰਨੀ ਵਾਰਸਾਂ ਵਿੱਚ ਵੰਡਣ ਦੀ ਸਕੀਮ ਸ਼ੁਰੂ ਕੀਤੀ ਜਾਵੇ। ਬੁਲਾਰਿਆਂ ਨੇ ਮੰਗ ਕੀਤੀ ਕਿ ਠੇਕੇਦਾਰੀ ਪ੍ਰਬੰਧ ਖਤਮ ਕਰਕੇ ਬਿਜਲੀ ਮਹਿਕਮੇ ਦਾ ਸਾਰਾ ਪ੍ਰਬੰਧ ਸਰਕਾਰ ਆਪਣੇ ਹੱਥ ਵਿੱਚ ਲਵੇ ਅਤੇ ਠੇਕੇ ਤੇ ਭਰਤੀ ਕੀਤੇ ਮੁਲਾਜ਼ਮਾਂ ਨੂੰ ਰੈਗੂਲਰ ਸਰਕਾਰੀ ਮੁਲਾਜ਼ਮ ਬਣਾਇਆ ਜਾਵੇ। ਵੱਖ ਵੱਖ ਥਾਵਾਂ ਉੱਤੇ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਟੈਕਨੀਕਲ ਸਰਵਿਸ ਯੂਨੀਅਨ ਨੇ ਇਸ ਪ੍ਰੋਗਰਾਮ ਦੀ ਹਿਮਾਇਤ ਕੀਤੀ। ਅੰਤ ਵਿੱਚ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਦੇ ਚੇਅਰਮੈਨ ਅਤੇ ਪੰਜਾਬ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪੇ ਗਏ। ਬੁਲਾਰਿਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਉਹਨਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਸਰਕਾਰ ਤਿੱਖੇ ਸੰਘਰਸ਼ ਦਾ ਸਾਹਮਣਾ ਕਰਨ ਲਈ ਤਿਆਰ ਰਹੇ। ਇਸ ਮੌਕੇ ਸਾਹਿਲ ਸ਼ਰਮਾ ਜ਼ਿਲ੍ਹਾ ਯੂਥ ਪ੍ਰਧਾਨ ਹੁਸ਼ਿਆਰਪੁਰ ਬੀਕੇਯੂ ਕ੍ਰਾਂਤੀਕਾਰੀ, ਮੰਨੂ ਅਰੋੜਾ ਭੋਗਪੁਰ, ਵਿਸ਼ਾਲ ਬਧੋਲ ਭੋਗਪੁਰ ਮਾਰਕਿਟ ਐਸੋਸੀਏਸ਼ਨ ਚੇਅਰਮੈਨ ਭੋਗਪੁਰ, ਜਸਕਰਨ ਸਿੰਘ ਭੋਗਪੁਰ, ਜਗਦੀਪ ਸਿੰਘ ਬੁੱਟਰ, ਅਮਰਜੀਤ ਸਿੰਘ ਭੋਗਪੁਰ, ਹਰਜਿੰਦਰ ਸਿੰਘ ਸਿੱਧੂ, ਮੰਨੂ ਡੱਲੀ, ਅੜੀ ਟਾਂਡਾ, ਅਮਰਿੰਦਰ ਸਿੰਘ ਐਮੀ ਜਨਰਲ ਸਕੱਤਰ ਜ਼ਿਲ੍ਹਾ ਹੁਸ਼ਿਆਰਪੁਰ, ਅਜ਼ਰ ਸਿੰਘ, ਮਹਿੰਦਰ ਸਿੰਘ ਨਰਪੁਰ ਜੱਟਾਂ, ਬਲਵਿੰਦਰ ਸਿੰਘ, ਰਿਕਾਈ ਪ੍ਰਧਾਨ ਅਮਰਜੀਤ ਸਿੰਘ ਨਿਜ਼ਾਮਪੁਰ, ਗੁਰਵੇਲ ਸਿੰਘ, ਰਾਜਨ ਪੰਡਿਤ ਗੁਰਾਇਆ, ਜੱਸੀ ਕਰਤਾਰਪੁਰ, ਵਿਕਾਸ ਕਾਹਲਵਾਂ, ਕਾਕੂ ਕਰਤਾਰਪੁਰ, ਰਕਸ਼ਿਤ ਕਰਤਾਰਪੁਰ, ਰਿਕੂ ਟਾਂਡਾ, ਸਤਨਾਮ ਸਿੰਘ ਬਿਜਲੀ ਨੰਗਲ, ਮੰਗੀ ਸਿੰਘ ਖਾਲਸਾ, ਲਵ ਕੋਕਲਪੁਰ ਆਦਿ ਹਾਜ਼ਰ ਸਨ।

# ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਵਾਲੀਬਾਲ ਕਲਸਟਰ ਟੂਰਨਾਮੈਂਟ ਦਾ ਆਗਾਜ਼

**ਕਪੂਰਥਲਾ (ਹਨੀ)** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਸੀ ਬੀ ਐਸ ਸੀ ਵਾਲੀਬਾਲ ਕਲਸਟਰ 18 ਦਾ ਆਗਾਜ਼ ਧੂਮਧਾਮ ਨਾਲ ਕੀਤਾ ਗਿਆ। ਇਸ ਵਿਚ ਅੰਡਰ



14, ਅੰਡਰ 17, ਅੰਡਰ 19 ਲੜਕੇ ਅਤੇ ਲੜਕੀਆਂ ਨੇ ਭਾਗ ਲਿਆ। ਇਸ ਦੌਰਾਨ ਇੰਜੀਨੀਅਰ ਹਰਨਿਆਮਤ ਕੌਰ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਟੂਰਨਾਮੈਂਟ ਵਿੱਚ ਹਿੱਸਾ ਲੈਣ ਲਈ ਜੰਮੂ, ਟਾਂਡਾ, ਗੁਰਦਾਸਪੁਰ, ਰਈਆ, ਫਗਵਾੜਾ, ਅੰਮ੍ਰਿਤਸਰ, ਹੁਸ਼ਿਆਰਪੁਰ, ਕਪੂਰਥਲਾ , ਜਲੰਧਰ, ਲੁਧਿਆਣਾ, ਨਵਾਂ ਸ਼ਹਿਰ ਅਤੇ ਪਠਾਨਕੋਟ ਦੀਆਂ ਟੀਮਾਂ ਉਤਸਾਹ ਨਾਲ ਪਹੁੰਚੀਆਂ। ਪ੍ਰਿੰਸੀਪਲ ਪ੍ਰਬਦੀਪ ਕੌਰ ਮੋਗਾ, ਸਟਾਫ ਮੈਂਬਰਾਂ ਤੇ ਵਿਦਿਆਰਥੀਆਂ ਨੇ ਪਹੁੰਚੇ ਮਹਿਮਾਨਾਂ ਦਾ ਸਵਾਗਤ ਕੀਤਾ। ਪ੍ਰਿੰਸੀਪਲ ਮੋਗਾ ਨੇ ਪਹੁੰਚੇ ਮਹਿਮਾਨਾਂ ਤੇ ਖਿਡਾਰੀਆਂ ਨੂੰ ਜੀ ਆਇਆ ਕਹਿੰਦਿਆਂ ਸਕੂਲ ਦੀਆਂ ਉਪਲਬਧੀਆਂ 'ਤੇ ਚਾਨਣਾ ਪਾਇਆ। ਉਨ੍ਹਾਂ ਦੱਸਿਆ ਕਿ ਜਿੱਥੇ ਸਕੂਲ ਦਾ ਹਰ ਸਾਲ ਰਿਜਲਟ 100 ਫੀਸਦੀ ਰਹਿੰਦਾ ਹੈ, ਉੱਥੇ ਸਕੂਲ ਸਹਿਵਿਦਿਅਕ ਗਤੀਵਿਧੀਆਂ ਵਿੱਚ ਹਰ ਸਾਲ ਵੱਡੀਆਂ ਮੱਲਾਂ ਵੀ ਮਾਰ ਰਿਹਾ ਹੈ। ਟੀਮਾਂ ਦੇ ਮਾਰਚਪਾਸਟ ਤੋਂ ਬਾਅਦ ਮੁੱਖ ਮਹਿਮਾਨ ਵੱਲੋਂ ਝੰਡਾ ਲਹਿਰਾਇਆ ਗਿਆ। ਉਪਰੰਤ ਗੁਬਾਰਿਆਂ ਨੂੰ ਅਸਮਾਨ ਵੱਲ ਉਡਾ ਕੇ ਟੂਰਨਾਮੈਂਟ ਦਾ ਰਸਮੀ ਆਗਾਜ਼ ਕੀਤਾ ਗਿਆ ਅਤੇ ਟੀਮਾਂ ਦੇ ਖਿਡਾਰੀਆਂ ਵੱਲੋਂ ਸਪੋਰਟਸਮੈਨਸ਼ਿਪ ਦੀ ਸੌਂਹ ਚੁੱਕੀ ਗਈ। ਉਦਘਾਟਨੀ ਸਮਾਗਮ ਮੌਕੇ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਮੁੱਖ ਮਹਿਮਾਨ ਹਰਨਿਆਮਤ ਕੌਰ ਨੇ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਟੂਰਨਾਮੈਂਟ 'ਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਸਿਹਤ ਵਿਭਾਗ ਨਵਜਾਤ ਬੱਚਿਆਂ ਦੀ ਮੌਤ ਦਰ ਘਟਾਉਣ ਲਈ ਵਚਨਬੱਧ : ਸਿਵਲ ਸਰਜਨ

**ਨਵਾਂਸ਼ਹਿਰ, (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਿਵਲ ਸਰਜਨ ਦਫਤਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਨਵਜਾਤ ਸ਼ਿਸ਼ੂ ਸੁਰੱਖਿਆ ਕਾਰਿਆਕ੍ਰਮ ਤਹਿਤ ਤਿੰਨ ਦਿਨਾਂ ਟ੍ਰੇਨਿੰਗ



ਸਫਲਤਾਪੂਰਵਕ ਸਮਾਪਤ ਹੋ ਗਈ ਹੈ। ਇਸ ਟ੍ਰੇਨਿੰਗ ਦਾ ਉਦੇਸ਼ ਨਵਜਾਤ ਬੱਚਿਆਂ ਦੀ ਦੇਖਭਾਲ, ਉਨ੍ਹਾਂ ਦੀ ਸੁਰੱਖਿਆ ਅਤੇ ਜ਼ਿੰਦਗੀ ਬਚਾਉਣ ਵਾਲੀਆਂ ਤਕਨੀਕਾਂ ਬਾਰੇ ਸਟਾਫ ਨਰਸਾਂ ਨੂੰ ਸਿਖਲਾਈ ਦੇਣਾ ਸੀ।ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਿਹਤ ਵਿਭਾਗ ਨਵਜਾਤ ਬੱਚਿਆਂ ਦੀ ਮੌਤ ਦਰ ਘਟਾਉਣ ਲਈ ਵਚਨਬੱਧ ਹੈ। ਅਜਿਹੀਆਂ ਟ੍ਰੇਨਿੰਗਾਂ ਨਵਜਾਤ ਬੱਚਿਆਂ ਦੀ ਸਿਹਤ ਸੁਰੱਖਿਆ ਅਤੇ ਉਨ੍ਹਾਂ ਦੀ ਸਹੀ ਦੇਖਭਾਲ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਟ੍ਰੇਨਿੰਗ ਮਾਵਾਂ ਅਤੇ ਬੱਚਿਆਂ ਦੀ ਮੌਤ ਦਰ ਨੂੰ ਘਟਾਉਣ ਦੇ ਉਦੇਸ਼ ਨਾਲ ਲਾਹੇਵੰਦ ਸਾਬਤ ਹੋਵੇਗੀ।ਟ੍ਰੇਨਿੰਗ ਦੇ ਆਖ਼ਰੀ ਦਿਨ ਡਾ. ਹਰਪਿੰਦਰ ਸਿੰਘ ਨੇ ਸਮੂਹ ਸਿਹਤ ਕਰਮਚਾਰੀਆਂ ਨੂੰ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦੀ ਵਿਜ਼ਟ ਕਰਵਾ ਕੇ ਨਵਜਾਤ ਬੱਚਿਆਂ ਦੇ ਜਨਮ ਤੋਂ ਬਾਅਦ ਤੁਰੰਤ ਦਿੱਤੀ ਜਾਣ ਵਾਲੀ ਸਿਹਤ ਸੇਵਾ, ਰੀਸਸਟੀਟੇਸ਼ਨ ਬਾਰੇ ਦੱਸਿਆ। ਇਸ ਤਿੰਨ ਦਿਨਾ ਟ੍ਰੇਨਿੰਗ ਨੇ ਸਿਹਤ ਕਰਮਚਾਰੀਆਂ ਨੂੰ ਨਵਜਾਤ ਬੱਚਿਆਂ ਦੀ ਸੁਰੱਖਿਆ ਲਈ ਜ਼ਰੂਰੀ ਤਕਨੀਕਾਂ ਸਿਖਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਇਹ ਟ੍ਰੇਨਿੰਗ ਸਿਹਤ ਵਿਭਾਗ ਦੇ ਮਾਵਾਂ ਅਤੇ ਬੱਚਿਆਂ ਦੀ ਸਿਹਤ ਸੁਧਾਰ ਲਈ ਯਤਨਾਂ ਦਾ ਇੱਕ ਹਿੱਸਾ ਹੈ।ਇਸ ਮੌਕੇ ਜ਼ਿਲ੍ਹਾ ਹਸਪਤਾਲ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸਤਵਿੰਦਰਪਾਲ ਸਿੰਘ, ਜ਼ਿਲ੍ਹਾ ਸਮੂਹ ਸਿੱਖਿਆ ਤੇ ਸੂਚਨਾ ਅਫਸਰ ਦਲਜੀਤ ਸਿੰਘ ਮੌਜੂਦ ਸਨ।

# ਪਿੰਡ ਮਜਾਰਾ ਡੀਂਗਰੀਆਂ ਅਤੇ ਮਹਿਤਪੁਰ ਦੀਆਂ ਪੰਚਾਇਤਾਂ ਨੂੰ ਸੋਲਰ ਸਿਸਟਮ ਟਰਾਲੀਆਂ ਭੇਟ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਪਿੰਡ ਮਜਾਰਾ ਡਿਗਰੀਆਂ ਅਤੇ ਮਹਿਤਪੁਰ ਵਿਚ ਤਰੱਕੀ ਲਈ ਇਕ ਹੋਰ ਕਦਮ ਚੁੱਕਦਿਆਂ ਹਲਕਾ ਵਿਧਾਇਕ ਅਤੇ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਸੋਲਰ ਸਿਸਟਮ ਟਰਾਲੀਆਂ ਭੇਟ ਕੀਤੀਆਂ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੀ ਤਰੱਕੀ ਅਤੇ ਨਵੀਨਤਮ ਸਹੂਲਤਾਂ ਉਪਲਬੱਧ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਕਿ ਸੋਲਰ ਟਰਾਲੀਆਂ ਨਾਲ ਪਿੰਡਾਂ ਦੀਆਂ ਗਤੀਵਿਧੀਆਂ ਵਿਚ ਸੁਵਿਧਾ ਆਵੇਗੀ, ਰਾਤ ਸਮੇਂ ਆਵਾਜਾਈ ਆਸਾਨ ਹੋਵੇਗੀ ਅਤੇ ਐਨਰਜੀ ਦੀ ਬੱਚਤ ਵੀ ਹੋਵੇਗੀ। ਇਸ ਮੌਕੇ ਪਿੰਡਾਂ ਦੇ ਸਰਪੰਚਾਂ, ਪੰਚਾਂ ਅਤੇ ਪੰਚਾਇਤੀ ਮੈਂਬਰਾਂ ਨੇ ਰੌੜੀ ਸਾਹਿਬ ਦਾ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਪਿੰਡਾਂ ਦੀ ਤਰੱਕੀ ਲਈ ਹਮੇਸ਼ਾ ਅੱਗੇ ਰਹਿੰਦੇ ਹਨ।

# ਪਲਾਸਟਿਕ ਸਰਜਰੀ ਨਾਲ ਵਿਅਕਤੀ ਨੂੰ ਬਚਪਨ ਦੇ ਜਲਣ ਦੇ ਜ਼ਖ਼ਮਾਂ ਤੋਂ ਮਿਲਿਆ ਛੁਟਕਾਰਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— 61 ਸਾਲਾ ਵਿਅਕਤੀ, ਜੋ ਬਚਪਨ ਵਿੱਚ ਆਪਣੀ ਸੱਜੀ ਲੱਤ 'ਤੇ ਲੱਗੀ ਜਲਣ ਦੀਆਂ ਸੱਟਾਂ ਦੇ ਲੰਬੇ ਸਮੇਂ ਦੇ ਪ੍ਰਭਾਵਾਂ ਤੋਂ ਪੀੜਤ ਸੀ, ਦਾ ਹਾਲ ਹੀ ਵਿੱਚ ਲਿਵਾਸਾ ਹਸਪਤਾਲ ਵਿੱਚ ਪਲਾਸਟਿਕ ਸਰਜਰੀ ਦੇ ਉੱਨਤ ਤਰੀਕਿਆਂ ਨਾਲ ਇਲਾਜ ਕੀਤਾ ਗਿਆ। ਇਲਾਜ ਤੋਂ ਪਹਿਲਾਂ, ਮਰੀਜ਼ ਬਚਪਨ ਵਿੱਚ ਜਲਣ ਕਾਰਨ ਲੱਤ ਦੇ ਹੇਠਲੇ ਹਿੱਸੇ 'ਤੇ ਅਸਥਿਰ ਜ਼ਖ਼ਮਾਂ ਅਤੇ ਵਾਰ-ਵਾਰ ਹੋਣ ਵਾਲੇ ਅਲਸਰਾਂ ਨਾਲ ਜੀਅ ਰਿਹਾ ਸੀ। ਸਾਲਾਂ ਦੌਰਾਨ ਕਈ ਸਰਜਰੀਆਂ ਅਤੇ ਇਲਾਜ ਕਰਵਾਉਣ ਦੇ ਬਾਵਜੂਦ, ਉਨ੍ਹਾਂ ਨੂੰ ਕੋਈ ਸਥਾਈ ਰਾਹਤ ਨਹੀਂ ਮਿਲੀ। ਪਲਾਸਟਿਕ ਸਰਜਨ ਡਾ. ਨਿਖਿਲ ਮੱਕੜ ਨੇ ਕਿਹਾ ਕਿ ਮਰੀਜ਼ ਨੂੰ ਪਹਿਲਾਂ ਜਲੇ ਹੋਏ ਹਿੱਸੇ 'ਤੇ ਪੁਰਾਣਾ ਅਲਸਰ ਹੋ ਗਿਆ ਸੀ।ਡਾ. ਮੱਕੜ ਨੇ ਕਿਹਾ ਕਿ ਅਸੀਂ ਇੱਕ ਉੱਨਤ ਤਰੀਕਾ ਅਪਣਾਇਆ ਜਿਸ ਵਿੱਚ ਖਰਾਬ ਟਿਸ਼ੂ ਨੂੰ ਹਟਾਉਣ ਲਈ ਹਾਈਡ੍ਰੋ-ਡੀਬ੍ਰਾਈਡਮੈਂਟ ਦੀ ਵਰਤੋਂ ਕਰਕੇ ਵੱਧ ਤੋਂ ਵੱਧ ਸਿਹਤਮੰਦ ਟਿਸ਼ੂ ਨੂੰ ਸੁਰੱਖਿਅਤ ਰੱਖਿਆ ਗਿਆ।ਡੀਬ੍ਰਾਈਡਮੈਂਟ ਤੋਂ ਬਾਅਦ, ਜ਼ਖ਼ਮ ਉੱਤੇ ਇੱਕ ਮਜ਼ਬੂਤ, ਸਹਾਇਕ ਪਰਤ ਬਣਾਉਣ ਲਈ ਚਮੜੀ ਦੇ ਬਦਲ ਲਗਾਏ ਗਏ। ਇਸ ਤੋਂ ਬਾਅਦ ਚਮੜੀ ਦੀ ਗ੍ਰਾਫਟਿੰਗ ਕੀਤੀ ਗਈ ਤਾਂ ਜੋ ਵਧੀਆ ਇਲਾਜ ਅਤੇ ਬਾਹਰੀ ਰੂਪ ਯਕੀਨੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਜ਼ਖ਼ਮ ਅਤੇ ਅਲਸਰ ਦਾ ਕੋਈ ਦੁਹਰਾਅ ਨਹੀਂ ਹੋਇਆ ਹੈ, ਅਤੇ ਪ੍ਰਭਾਵਿਤ ਖੇਤਰ ਬਿਨਾਂ ਕਿਸੇ ਡਿਫਰਮਿਟੀ ਜਾਂ ਦਾਗ ਦੇ ਠੀਕ ਹੋ ਗਿਆ।

# ਸੀ ਪੀ ਆਈ ਅਹੁਦੇਦਾਰਾਂ ਦੀ ਅਹਿਮ ਮੀਟਿੰਗ ਹੋਈ

**ਬਲਾਚੌਰ (ਜਸਵਿੰਦਰ ਬੈਂਸ)**- ਇਥੇ ਸੀ ਪੀ ਆਈ ਦੇ ਜ਼ਿਲ੍ਹਾ ਆਗੂਆਂ ਦੀ ਅਹਿਮ ਮੀਟਿੰਗ ਤਹਿਸੀਲ ਦਫਤਰ ਗੜ੍ਹਸ਼ੰਕਰ ਰੋਡ ਵਿਖੇ ਹੋਈ। ਤਹਿਸੀਲ ਸਕੱਤਰ ਕਾਮਰੇਡ ਪਰਮਿੰਦਰ



ਮੇਨਕਾ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ 21 ਸਤੰਬਰ ਤੋਂ 25 ਸਤੰਬਰ ਤੱਕ ਸੀ ਪੀ ਆਈ ਦੀ 25ਵੀਂ ਨੈਸ਼ਨਲ ਕਾਂਗਰਸ ਕਿਸਾਨ ਭਵਨ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਹੈ। ਕਾਮਰੇਡ ਨਿਰੰਜਣ ਦਾਸ ਮੇਹਲੀ ਜ਼ਿਲ੍ਹਾ ਸਕੱਤਰ, ਕਾਮਰੇਡ ਜਸਵਿੰਦਰ ਸਿੰਘ ਭੰਗਲ ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਸਕੱਤਰ ਨੇ ਦੱਸਿਆ ਕਿ ਅਸੀਂ ਜ਼ਿਲ੍ਹਾ ਭਰ ਵਿਚ ਤਹਿਸੀਲ ਪੱਧਰ 'ਤੇ ਜਾ ਕੇ ਪਾਰਟੀ ਮੈਂਬਰਾਂ ਨੂੰ ਲਾਮਬੰਦ ਕਰ ਰਹੇ ਹਾਂ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਉਪਿੰਦਰ ਰਾਣਾ, ਕਾਮਰੇਡ ਧਰਮਪਾਲ ਸਿਆਣਾ, ਕਾਮਰੇਡ ਮਨੋਹਰ ਲਾਲ, ਕਾਮਰੇਡ ਰਾਣਾ ਪਦਮ, ਕਾਮਰੇਡ ਹਰਮੇਸ ਬਿਲਾ, ਕਾਮਰੇਡ ਭਗਤ ਸਿੰਘ ਮੌਜੋਵਾਲ, ਕਾਮਰੇਡ ਰਣਜੀਤ ਸਿੰਘ ਮੰਡ, ਕਾਮਰੇਡ ਡਾਕਟਰ ਰਜਿੰਦਰ ਭਾਵਾ, ਕਾਮਰੇਡ ਪਰਮਿੰਦਰ ਮੇਨਕਾ, ਕਾਮਰੇਡ ਜਸਵਿੰਦਰ ਸਿੰਘ ਭੰਗਲ, ਕਾਮਰੇਡ ਨਿਰੰਜਣ ਦਾਸ ਤੋਂ ਇਲਾਵਾ ਹੋਰ ਵੀ ਕਾਮਰੇਡ ਸਾਥੀ ਹਾਜਰ ਸਨ।

# ਇੰਨੋਸੈਂਟ ਹਾਰਟਸ ਵਿਖੇ ਪੁਲਸ ਵੱਲੋਂ ਵਿਸ਼ੇਸ਼ ਜਾਗਰੂਕਤਾ ਸੈਸ਼ਨ

**ਜਲੰਧਰ (ਸ਼ੈਲੀ ਐਲਬਰਟ)** ਬੋਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਵੱਲੋਂ ਚਲਾਈ ਜਾ ਰਹੀ 'ਦਿਸ਼ਾ - ਐਨ ਇਨੀਸ਼ੀਏਟਿਵ' ਮੁਹਿੰਮ ਦੇ ਤਹਿਤ, ਇੰਨੋਸੈਂਟ ਹਾਰਟਸ ਗ੍ਰੀਨ ਮਾਡਲ ਟਾਊਨ ਵਿਖੇ ਨਸ਼ਿਆਂ ਦੀ ਰੋਕਥਾਮ ਬਾਰੇ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਸੈਸ਼ਨ ਦਾ ਸੰਚਾਲਨ ਗਗਨਦੀਪ ਸਿੰਘ ਘੁੰਮਣ (ਪੀਪੀਐਸ), ਇੰਸਪੈਕਟਰ ਅਜਾਇਬ ਸਿੰਘ (ਐਸਐਚਓ ਮਾਡਲ ਟਾਊਨ), ਅਤੇ ਸਬ-ਇੰਸਪੈਕਟਰ ਸ੍ਰੀਮਤੀ ਟਵਿੰਕਲ ਦੁਆਰਾ ਕੀਤਾ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ



ਦੀ ਦੁਰਵਰਤੋਂ ਤੇ ਹਾਨੀਕਾਰਕ ਪ੍ਰਭਾਵਾਂ ਅਤੇ ਸੋਸ਼ਲ ਮੀਡੀਆ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ। ਸੈਸ਼ਨ ਦਾ ਉਦੇਸ਼ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਜਾਲ ਵਿੱਚ ਫਸਣ ਤੋਂ ਰੋਕਣਾ ਅਤੇ ਉਨ੍ਹਾਂ ਨੂੰ ਸੁਰੱਖਿਅਤ, ਸਿਹਤਮੰਦ ਅਤੇ ਜ਼ਿੰਮੇਵਾਰ ਨਾਗਰਿਕ ਰਹਿਣ ਲਈ ਉਤਸ਼ਾਹਿਤ ਕਰਨਾ ਸੀ। ਘੁੰਮਣ ਨੇ ਦੱਸਿਆ ਕਿ ਨਸ਼ਿਆਂ ਦੀ ਲਤ ਅਕਸਰ ਛੋਟੀਆਂ ਗਤੀਵਿਧੀਆਂ ਨਾਲ ਸ਼ੁਰੂ ਹੁੰਦੀ ਹੈ, ਜੋ ਬਾਅਦ ਵਿੱਚ ਜਾਨਲੇਵਾ ਆਦਤਾਂ ਵਿੱਚ ਬਦਲ ਜਾਂਦੀ ਹੈ। ਇਹ ਨਾ ਸਿਰਫ ਕਿਸੇ ਦੀ ਸਿਹਤ ਨੂੰ ਨੁਕਸਾਨ ਪਹੁੰਚਾਉਂਦਾ ਹੈ ਬਲਕਿ ਭਵਿੱਖ ਨੂੰ ਵੀ ਬਰਬਾਦ ਕਰਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਚੌਕਸ ਰਹਿਣ ਦੀ ਸਲਾਹ ਦਿੱਤੀ, ਖਾਸ ਕਰਕੇ ਸਕੂਲ ਤੋਂ ਵਾਪਸ ਘਰ ਜਾਂਦੇ ਕਦੇ ਵੀ ਅਜਨਬੀਆਂ ਤੋਂ ਖਾਣਾ ਜਾਂ ਪੀਣ ਵਾਲੇ ਪਦਾਰਥ ਨਾ ਲੈਣ ਲਈ ਕਿਹਾ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ੇ ਦੀ ਪਛਾਣ , ਇਸਦੇ ਲੱਛਣਾਂ ਨੂੰ ਪਛਾਣਨ ਅਤੇ ਇਸ ਤੋਂ ਛੁਟਕਾਰਾ ਪਾਉਣ ਦੇ ਤਰੀਕਿਆਂ ਬਾਰੇ ਜਾਗਰੂਕ ਕੀਤਾ। ਉਨ੍ਹਾਂ ਨੇ ਇਹ ਵੀ ਸਾਂਝਾ ਕੀਤਾ ਕਿ ਕਿਵੇਂ ਨਸ਼ਾ ਵੇਚਣ ਵਾਲੇ ਅਕਸਰ ਸੋਸ਼ਲ ਮੀਡੀਆ ਅਤੇ ਹੋਰ ਪਲੇਟਫਾਰਮਾਂ ਰਾਹੀਂ ਨੌਜਵਾਨਾਂ ਨਾਲ ਸੰਪਰਕ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਗਤੀਵਿਧੀ ਦੀ ਤੁਰੰਤ ਪੁਲਸ ਨੂੰ ਰਿਪੋਰਟ ਕਰਨ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ, ਵਿਦਿਆਰਥੀਆਂ ਨੂੰ ਹੈਲਪਲਾਈਨ ਨੰਬਰ 112 ਅਤੇ 1930 'ਤੇ ਡਾਇਲ ਕਰਨ ਲਈ ਕਿਹਾ ਗਿਆ। ਵਿਦਿਆਰਥੀਆਂ ਨੇ ਸਵਾਲ ਪੁੱਛ ਕੇ ਸਰਗਰਮੀ ਨਾਲ ਹਿੱਸਾ ਲਿਆ, ਜਿਨ੍ਹਾਂ ਦੇ ਜਵਾਬ ਪੁਲਸ ਅਧਿਕਾਰੀਆਂ ਦੁਆਰਾ ਪ੍ਰਭਾਵਸ਼ਾਲੀ ਅਤੇ ਸਪੱਸ਼ਟ ਤੌਰ 'ਤੇ ਦਿੱਤੇ ਗਏ। ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਰਾਜੀਵ ਪਾਲੀਵਾਲ, ਡਿਪਟੀ ਡਾਇਰੈਕਟਰ ਕਲਚਰਲ ਅਫੇਅਰਸ ਸ੍ਰੀਮਤੀ ਸ਼ਰਮੀਲਾ ਨਾਕਰਾ ਅਤੇ ਵਾਈਸ ਪ੍ਰਿੰਸਪਲ ਅਮਿਤ ਨੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ ਦਾ ਧੰਨਵਾਦ ਕਰਦੇ ਹੋਏ ਯਾਦਗਾਰ ਚਿੰਨ ਦੇ ਕੇ ਸਨਮਾਨਿਤ ਕੀਤਾ।

# ਜ਼ਿਲ੍ਹਾ ਸਿੱਖਿਆ ਅਧਿਕਾਰੀ ਲਲਿਤਾ ਅਰੋੜਾ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਚੌਹਾਲ ਦਾ ਅਚਾਨਕ ਨਿਰੀਖਣ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ, ਸਫਾਈ ਅਤੇ ਸਰਕਾਰੀ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਲਾਗੂ ਹੋਣ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ ਅਤੇ ਐਲੀਮੈਂਟਰੀ) ਲਲਿਤਾ ਅਰੋੜਾ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਚੌਹਾਲ ਦਾ ਅਚਾਨਕ ਦੌਰਾ ਕੀਤਾ ਗਿਆ। ਇਸ ਨਿਰੀਖਣ ਦਾ ਮੁੱਖ ਉਦੇਸ ਸਕੂਲ ਵਿੱਚ ਮਿਲਣ ਵਾਲੇ ਮਿਡ ਡੇ ਮੀਲ ਦੀ ਗੁਣਵੱਤਾ, ਸਫਾਈ ਦੀ ਸਥਿਤੀ ਅਤੇ ਮਿਸ਼ਨ ਸਮਰੱਥ ਦੇ ਤਹਿਤ ਵਿਦਿਆਰਥੀਆਂ ਦੇ ਪਾਠ ਪੱਧਰ ਦੀ ਜਾਂਚ ਕਰਨੀ ਸੀ। ਮਿਸ਼ਨ ਸਮਰੱਥ ਦਾ ਉਦੇਸ ਵਿਦਿਆਰਥੀਆਂ ਦੀ ਬੁਨਿਆਦੀ ਅਕਾਦਮਿਕ ਸਮਰੱਥਾ ਜਿਵੇਂ ਕਿ ਪੜ੍ਹਨਾ, ਲਿਖਣਾ ਅਤੇ ਗਣਿਤ ਸਮਝ ਦਾ ਮੁਲਾਂਕਣ ਕਰਨਾ ਅਤੇ ਲੋੜ ਅਨੁਸਾਰ ਉਨ੍ਹਾਂ ਨੂੰ ਸਿੱਖਣ ਲਈ ਸਹਾਇਤਾ ਪ੍ਰਦਾਨ ਕਰਨੀ ਹੈ। ਨਿਰੀਖਣ ਦੌਰਾਨ ਲਲਿਤਾ ਅਰੋੜਾ ਨੇ ਸਕੂਲ ਵਿੱਚ ਦਿੱਤੇ ਜਾ ਰਹੇ ਮਿਡ ਡੇ ਮੀਲ ਦੀ ਗੁਣਵੱਤਾ, ਪੋਸ਼ਣ ਪੱਧਰ ਅਤੇ ਸਫਾਈ ਮਾਪਦੰਡਾਂ ਦੀ ਧਿਆਨਪੂਰਵਕ ਜਾਂਚ ਕੀਤੀ। ਉਨ੍ਹਾਂ ਨੇ ਰਸੋਈ ਘਰ ਦਾ ਵੀ ਨਿਰੀਖਣ ਕੀਤਾ ਅਤੇ ਉਥੇ ਦੀ ਸਫਾਈ, ਖਾਦ ਪਦਾਰਥਾਂ ਦੇ ਸੰਭਾਲਣ ਅਤੇ ਖਾਣਾ ਤਿਆਰ ਕਰਨ ਦੀ ਪ੍ਰਕਿਰਿਆ ਨੂੰ ਦੇਖਿਆ। ਉਨ੍ਹਾਂ ਕਿਹਾ ਕਿ ਮਿਡ ਡੇ ਮੀਲ ਬੱਚਿਆਂ ਦਾ ਹੱਕ ਹੈ ਅਤੇ ਇਸ ਦੀ ਗੁਣਵੱਤਾ ਵਿਚ ਕੋਈ ਵੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਇਸਦੇ ਨਾਲ ਹੀ, ਮਿਸ਼ਨ ਸਮਰੱਥ ਦੇ ਤਹਿਤ ਉਨ੍ਹਾਂ ਨੇ ਕਲਾਸਾਂ ਵਿੱਚ ਜਾ ਕੇ ਵਿਦਿਆਰਥੀਆਂ ਦੀ ਪੜ੍ਹਨ-ਲਿਖਣ ਅਤੇ ਗਣਿਤ ਸਮਝਣ ਦੀ ਯੋਗਤਾ ਦੀ ਜਾਂਚ ਕੀਤੀ। ਉਨ੍ਹਾਂ ਨੇ ਅਧਿਆਪਕਾਂ ਨਾਲ ਵਿਦਿਆਰਥੀਆਂ ਦੀ ਸਿੱਖਣ ਦੀ ਰਫਤਾਰ, ਉਪਲਬਧੀਆਂ ਅਤੇ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਅਤੇ ਬਿਹਤਰ ਨਤੀਜਿਆਂ ਲਈ ਪੜ੍ਹਾਈ ਤਰੀਕਿਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਹੁਕਮ ਦਿੱਤੇ। ਉਨ੍ਹਾਂ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਸਫਾਈ, ਨਿਯਮਤ ਹਾਜਰੀ ਅਤੇ ਮਨ ਲਾ ਕੇ ਪੜ੍ਹਾਈ ਕਰਨ ਲਈ ਉਤਸ਼ਾਹਿਤ ਕੀਤਾ।

# ਨਸ਼ਾ ਵੇਚਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ : ਸੰਤੋਸ਼ ਕਟਾਰੀਆ



**ਬਲਾਚੌਰ (ਜਸਵਿੰਦਰ)** ਪੰਜਾਬ ਸਰਕਾਰ ਵੱਲੋਂ ਚਲਾਈ ਗਈ ਯੁੱਧ ਨਸ਼ਿਆ ਵਿਰੁੱਧ ਮੁਹਿਮ ਦੇ ਤਹਿਤ ਹਲਕਾ ਬਲਾਚੌਰ ਦੇ ਪਿੰਡ ਬਾਗੋਵਾਲ ਵਿਖੇ ਯੁੱਧ ਨਸ਼ਾ ਵਿਰੁੱਧ ਇੱਕ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਵੱਲੋਂ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ ਗਈ। ਇਸ ਮੌਕੇ ਤੇ ਪਿੰਡ ਵਾਲਿਆਂ ਨੂੰ ਸੰਬੋਧਨ ਕਰਦਿਆਂ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਨੇ ਕਿਹਾ ਜਿੱਥੇ ਪੰਜਾਬ ਸਰਕਾਰ ਵਿਰੁੱਧ ਨਸ਼ਿਆਂ ਵਿਰੁੱਧ ਮੁਹਿਮ ਚਲਾ ਕੇ ਪੰਜਾਬ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਦੇ ਲੱਗੀ ਹੋਈ ਹੈ। ਤਾਂ ਦੂਜੇ ਪਾਸੇ ਨਸ਼ੇ ਦੇ ਸੌਦਾਗਰਾਂ ਵੱਲੋਂ ਨਸ਼ਾ ਵੇਚ ਕੇ ਬਣਾਈਆਂ ਗਈਆਂ ਪ੍ਰੋਪਰਟੀਆਂ ਨੂੰ ਤਹਿਸ ਨਹਿਸ ਕੀਤਾ ਜਾ ਰਿਹਾ ਹੈ। ਇਸ ਮੌਕੇ ਤੇ ਹਲਕਾ ਵਿਧਾਇਕ ਸੰਤੋਸ਼ ਕਟਾਰੀਆ ਅਤੇ ਬਾਗੋਵਾਲ ਦੀ ਪੰਚਾਇਤ ਅਤੇ ਪਿੰਡ ਵਾਸੀਆਂ ਵੱਲੋਂ ਕਸਮ ਖਿਲਾਈ ਗਈ ਕੀ ਅਗਰ ਕੋਈ ਵਿਅਕਤੀ ਨਸ਼ਾ ਵੇਚਦਾ ਫੜਿਆ ਗਿਆ ਜਾਂ ਕੋਈ ਆਦਮੀ ਨਸ਼ਾ ਕੋਈ ਨਸ਼ਾ ਕਰਦਾ ਫੜਿਆ ਜਾਂਦਾ ਹੈ ਤਾਂ ਪਿੰਡ ਦਾ ਕੋਈ ਵੀ ਵਿਅਕਤੀ ਉਸ ਵਿਅਕਤੀ ਕੋਈ ਜਮਾਨਤ ਨਹੀਂ ਦੇਵੇਗਾ। ਜੇਕਰ ਉਹਨਾਂ ਦੇ ਪਿੰਡ ਵਿੱਚ ਕੋਈ ਵਿਅਕਤੀ ਨਸ਼ਾ ਵੇਚਦਾ ਹੈ ਤਾਂ ਉਸ ਵਿਅਕਤੀ ਦੀ ਸੂਚਨਾ ਪਿੰਡ ਦੇ ਸਰਪੰਚ ਜਾ ਵਿਧਾਇਕ ਨੂੰ ਦਿੱਤੀ ਜਾਵੇ। ਦੱਸਣ ਵਾਲੇ ਦਾ ਨਾਂਅ ਗੁਪਤ ਰੱਖਿਆ ਜਾਵੇਗਾ। ਸਰਪੰਚ ਦਵਿੰਦਰ ਕੌਰ ਵੱਲੋਂ ਸੰਤੋਸ਼ ਕਟਾਰੀਆ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ। ਇਸ ਮੌਕੇ ਤੇ ਸਰਪੰਚ ਦਵਿੰਦਰ ਕੌਰ, ਨਰੇਸ਼ ਕੁਮਾਰ, ਸਾਬਕਾ ਸਰਪੰਚ ਬਲਰਾਮ ਸੁਖਦੇਵ, ਲੰਬਰਦਾਰ ਹਰੀ ਰਾਮ ਭਗਤ ਅਤੇ ਹੋਰ ਪਿੰਡ ਵਾਸੀ ਮੌਜੂਦ ਰਹੇ।

# ਖਾਲਸਾ ਕਾਲਜ 'ਚ ਫੂਡ ਪ੍ਰੋਡਕਸ਼ਨ, ਬੇਕਰੀ, ਕੁਕਿੰਗ ਤੇ ਕੇਟਰਿੰਗ ਮੈਨੇਜਮੈਂਟ ਕੋਰਸ ਸ਼ੁਰੂ

**ਮਾਹਿਲਪੁਰ (ਸਫਰੀ)** ਇੱਥੋਂ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਵੱਖ ਵੱਖ ਕੋਰਸਾਂ ਦੀ ਅਕਾਦਮਿਕ ਪੜ੍ਹਾਈ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਰੁਜ਼ਗਾਰ ਕੇਂਦਰਿਤ ਤੇ ਹੁਨਰਮੰਦ ਕੋਰਸਾਂ ਨਾਲ ਜੋੜਨ ਦੇ ਉੱਦਮ ਤਹਿਤ ਫੂਡ ਪ੍ਰੋਡਕਸ਼ਨ ਅਤੇ ਕੇਟਰਿੰਗ ਮੈਨੇਜਮੈਂਟ ਨਾਲ ਸਬੰਧਤ ਦੋ ਨਵੇਂ ਸਰਟੀਫਿਕੇਟ ਕੋਰਸ ਆਰੰਭ ਕੀਤੇ ਗਏ ਹਨ। ਕਾਲਜ ਦੇ ਪ੍ਰਿੰ ਡਾ ਪਰਵਿੰਦਰ ਸਿੰਘ ਨੇ ਦੱਸਿਆ ਕਿ ਕਾਲਜ ਕੈਂਪਸ



ਵਿੱਚ ਚੱਲ ਰਹੇ ਬਾਬੂ ਜੀ ਹਰੀ ਸਿੰਘ ਬਾਸੀ ਇੰਟਰਪ੍ਰਾਇਨਸ਼ਿਪ ਸੈਂਟਰ ਦੇ ਸਹਿਯੋਗ ਨਾਲ ਕਾਲਜ ਵਿੱਚ ਤਿੰਨ ਮਹੀਨੇ ਦੀ ਸਮਾਂ ਮਿਆਦ ਵਾਲੇ ਸਰਟੀਫਿਕੇਟ ਕੋਰਸ ਇਨ ਫੂਡ ਪ੍ਰੋਡਕਸ਼ਨ ਐਂਡ ਬੇਕਰੀ ਅਤੇ ਸਰਟੀਫਿਕੇਟ ਕੋਰਸ ਇਨ ਕੂਕਿੰਗ ਐਂਡ ਕੇਟਰਿੰਗ ਮੈਨੇਜਮੈਂਟ ਸ਼ੁਰੂ ਕਰ ਦਿੱਤੇ ਹਨ ਜਿਨ੍ਹਾਂ ਵਿੱਚ ਇਸ ਸੈਸ਼ਨ ਤੋਂ ਵਿਦਿਆਰਥੀਆਂ ਦਾ ਬਹੁਤ ਘੱਟ ਫੀਸਾਂ 'ਤੇ ਦਾਖਿਲਾ ਆਰੰਭ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਉਕਤ ਦੋਵੇਂ ਸਰਟੀਫਿਕੇਟ ਕੋਰਸਾਂ ਵਿੱਚ ਦਾਖ਼ਲੇ ਲਈ ਦਸਵੀਂ, ਅਤੇ ਬਾਰ੍ਹਵੀਂ ਤੋਂ ਬਾਅਦ ਦੇ ਵਿਦਿਆਰਥੀ ਦਾਖ਼ਲ ਹੋ ਸਕਦੇ ਹਨ ਅਤੇ ਕਾਲਜ ਵਿੱਚ ਬਾਰ੍ਹਵੀਂ ਅਤੇ ਅੰਡਰ ਗਰੈਜੂਏਟ ਕੋਰਸ ਕਰਨ ਵਾਲੇ ਵਿਦਿਆਰਥੀ ਆਪਣੀ ਪੜ੍ਹਾਈ ਦੇ ਨਾਲ ਨਾਲ ਵੀ ਇਸ ਕੋਰਸ ਵਿੱਚ ਦਾਖ਼ਲਾ ਵੀ ਲੈ ਸਕਦੇ ਹਨ। ਉਨ੍ਹਾਂ ਕਿਹਾ ਕਿ ਉਕਤ ਕੋਰਸਾਂ ਦੀ ਪੜ੍ਹਾਈ ਅਤੇ ਪ੍ਰੈਕਟੀਕਲ ਸਬੰਧੀ ਵੱਖਰੇ ਪ੍ਰਬੰਧ ਕੀਤੇ ਗਏ ਹਨ ਅਤੇ ਮਾਹਿਰ ਸਟਾਫ਼ ਦੀ ਭਰਤੀ ਵੀ ਕਰ ਲਈ ਗਈ ਹੈ। ਇਸ ਮੌਕੇ ਫੂਡ ਪ੍ਰੋਡਕਸ਼ਨ ਅਤੇ ਬੇਕਰੀ ਵਿਭਾਗ ਦੇ ਚੀਫ ਇੰਸਟਰੱਕਟਰ ਅਰੁਣ ਮਹਾਜਨ, ਹਰੀ ਸਿੰਘ ਬਾਸੀ ਇੰਡਰਪ੍ਰਾਇਨਸ਼ਿਪ ਸੈਂਟਰ ਦੇ ਡਾਇਰੈਕਟਰ ਪ੍ਰਿਤਪਾਲ ਸਿੰਘ, ਪ੍ਰੋ ਦਵਿੰਦਰ ਠਾਕੁਰ ਵੀ ਹਾਜ਼ਰ ਸਨ।

# ਖੁਰਾਲਗੜ੍ਹ ਸਾਹਿਬ 'ਚ ਆਦਿ ਧਰਮ ਸਤਿਸੰਗ ਸਮਾਗਮ ਭਲਕੇ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)**— ਆਦਿ ਧਰਮ ਮਿਸ਼ਨ ਨੂੰ ਸਮਰਪਿਤ ਸਮਾਜ ਦੇ ਮਹਾਨ ਰਹਿਬਰਾਂ ਬਾਬੂ ਮੰਗੂ ਰਾਮ ਮੁਗੋਵਾਲੀਆ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ, ਬਾਬੂ ਕਾਂਸ਼ੀ ਰਾਮ ਦੀ ਵਿਚਾਰਧਾਰਾ ਨੂੰ ਸਮਰਪਿਤ ਆਦਿ ਧਰਮ ਸਤਿਸੰਗ ਸਮਾਗਮ ਜੇਠੇ ਐਤਵਾਰ 20 ਜੁਲਾਈ ਨੂੰ ਸਤਿਗੁਰੂ ਰਵਿਦਾਸ ਇਤਿਹਾਸਕ ਆਦਿ ਧਰਮ ਸਤਿਸੰਗ ਅਸਥਾਨ ਸੱਚਖੰਡ ਸ੍ਰੀ ਖੁਰਾਲਗੜ ਵਿਖੇ ਹੋਵੇਗਾ, ਜਿਸ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਸੰਗਤਾਂ ਭਾਰੀ ਗਿਣਤੀ ਵਿੱਚ ਵਿਚਾਰ ਚਰਚਾ ਵਿੱਚ ਸ਼ਾਮਲ ਹੋਣਗੀਆਂ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸੰਤ ਸੁੱਚਾ ਸਿੰਘ



ਪ੍ਰਧਾਨ ਸਤਿਗੁਰੂ ਰਵਿਦਾਸ ਇਤਿਹਾਸਕ ਆਦਿ ਧਰਮ ਸਤਿਸੰਗ ਅਸਥਾਨ ਸ੍ਰੀ ਖੁਰਾਲਗੜ ਨੇ ਕਿਹਾ ਮਹਾਨ ਆਦਿ ਧਰਮ ਸਤਿਸੰਗ ਸਮਾਗਮ ਕਰਵਾਏ ਜਾ ਰਹੇ ਹਨ ਜਿਸ ਵਿਚ ਦੇਸ਼ ਵਿਦੇਸ਼ ਦੀਆਂ ਸੰਗਤਾਂ ਤੋਂ ਇਲਾਵਾ ਕੌਮ ਦੇ ਸੰਤ, ਬੁੱਧੀਜੀਵੀ ਆਦਿ ਧਰਮ ਲਹਿਰ ਸਬੰਧੀ ਵਿਚਾਰ ਪੇਸ਼ ਕਰਨਗੇ। ਸੰਤ ਸੁੱਚਾ ਸਿੰਘ ਨੇ ਕਿਹਾ ਆਦਿ ਧਰਮਾਂ ਰਹਿਬਰਾਂ ਦੀ ਮਨੁੱਖਤਾ ਅਤੇ ਸਮੁੱਚੀ ਆਦਿ ਧਰਮੀ ਕੌਮ ਲਈ ਸਮਾਨਤਾ, ਏਕਤਾ ਅਤੇ ਖੁਸ਼ਹਾਲੀ ਲਈ ਪ੍ਰਾਰੰਭ ਕੀਤੀ ਕ੍ਰਾਂਤੀਕਾਰੀ ਵਿਚਾਰਧਾਰਾ ਦੇ ਪ੍ਰਚਾਰ, ਪ੍ਰਸਾਰ ਲਈ ਸੰਤ ਸੁਆਮੀ ਰਵੀ ਚਰਨ ਨੇ ਲੰਮਾ ਸਮਾਂ ਕੰਮ ਕੀਤਾ। ਉਨਾਂ ਕਿਹਾ 1987 'ਚ ਸਤਿਗੁਰੂ ਰਵਿਦਾਸ ਇਤਿਹਾਸਕ ਆਦਿ ਧਰਮ ਸਤਿਸੰਗ ਅਸਥਾਨਾਂ ਦੀ ਖੋਜ ਹੋਈ ਸੀ ਜਿਥੇ ਸੰਤ ਰਵੀ ਚਰਨ ਨੇ ਪਰਮੇਸ਼ੁਰ ਦਾ ਸਿਮਰਨ ਕੀਤਾ ਅਤੇ ਸੰਗਤਾਂ ਨੂੰ ਆਦਿ ਧਰਮ ਮਿਸ਼ਨ ਨਾਲ ਜੋੜਿਆ। ਸੰਤ ਸੁੱਚਾ ਸਿੰਘ ਨੇ ਦੱਸਿਆ ਕਿ ਸੰਤ ਰਵੀ ਚਰਨ ਨੇ ਪੰਜਾਬ ਦੇ ਨਾਲ ਨਾਲ ਯੂ ਪੀ, ਹਿਮਾਚਲ, ਦਿੱਲੀ ਅਤੇ ਹੋਰ ਰਾਜਾਂ ਦੀਆਂ ਸੰਗਤਾਂ ਨੂੰ ਸਤਿਸੰਗ ਰਾਹੀਂ ਆਦਿ ਧਰਮ ਮਿਸ਼ਨ ਤੋਂ ਜਾਗਰੂਕ ਕੀਤਾ। ਉਨ੍ਹਾਂ ਕਿਹਾ ਆਦਿ ਧਰਮ ਲਹਿਰ ਦੇ ਮਹਾਨ ਸੰਤਾਂ, ਬੁੱਧੀਜੀਵੀਆਂ, ਕਥਾ ਵਾਚਕਾਂ ਅਤੇ ਵਿਚਾਰਧਾਰਾ ਨੂੰ ਸਮਰਪਿਤ ਵਿਦਵਾਨਾਂ ਵਲੋਂ ਸਤਿਗੁਰੂ ਰਵਿਦਾਸ ਆਦਿ ਧਰਮ ਅਸਥਾਨ ਵਿਖੇ ਆਦਿ ਧਰਮ ਮਿਸ਼ਨ ਵਿਚਾਰਧਾਰਾ ਨਾਲ ਜੋੜਿਆ ਜਾਵੇਗਾ।

# ਪ੍ਰਭ ਆਸਰਾ ਵਿਖੇ ਦਾਖਲ ਇੱਕ ਨਾਗਰਿਕ ਦੀ ਹਾਲਤ ਗੰਭੀਰ

**ਕੁਰਾਲੀ (ਮੋਹਨ ਅੱਗਰਵਾਲ)** ਕੁਰਾਲੀ ਸ਼ਹਿਰ ਦੀ ਹੱਦ ਵਿੱਚ ਲਾਵਾਰਿਸ ਨਾਗਰਿਕਾਂ ਦੀ ਸੇਵਾ-ਸੰਭਾਲ ਕਰ ਰਹੀ ਸੰਸਥਾ ਪ੍ਰਭ ਆਸਰਾ ਦੇ ਇੱਕ ਨਾਗਰਿਕ ਦੀ ਹਾਲਤ ਕਾਫੀ ਗੰਭੀਰ ਬਣੀ ਹੋਈ ਹੈ , ਜੋ ਕਿ ਪ੍ਰਭ ਆਸਰਾ ਦੇ ਚਨਾਲੋਂ (ਕੁਰਾਲੀ) ਵਿਖੇ ਸਥਿਤ



ਮਲਟੀਸਪੈਸ਼ਲਟੀ ਚੈਰੀਟੇਬਲ ਹਸਪਤਾਲ ਦੇ ਆਈਸੀਯੂ ਵਾਰਡ ਵਿੱਚ ਮਾਹਿਰ ਡਾਕਟਰਾਂ ਦੀ ਨਿਗਰਾਨੀ ਹੇਠ ਜੇਰੇ ਇਲਾਜ ਹਨ। ਸੰਸਥਾ ਮੁਖੀ ਭਾਈ ਸ਼ਮਸ਼ੇਰ ਸਿੰਘ ਅਤੇ ਬੀਬੀ ਰਾਜਿੰਦਰ ਕੌਰ ਨੇ ਦੱਸਿਆ ਕਿ ਜਸਪਾਲ ਸਿੰਘ (ਉਮਰ 45 ਸਾਲ), ਜੋ ਲਗਭਗ 11 ਸਾਲ ਪਹਿਲਾਂ ਕੁਝ ਸਮਾਜ ਦਰਦੀ ਸੱਜਣਾਂ ਵੱਲੋਂ ਰੋਡ 'ਤੇ ਤਰਸਯੋਗ ਹਾਲਾਤਾਂ ਵਿੱਚ ਲਾਵਾਰਿਸ ਘੁੰਮਦੇ ਨੂੰ ਵੇਖਿਆ ਤਾਂ ਉਨ੍ਹਾਂ ਵਲੋਂ ਉਸ ਨੂੰ ਪ੍ਰਭ ਆਸਰਾ ਸੰਸਥਾ ਵਿਖੇ ਇਲਾਜ ਅਤੇ ਸੰਭਾਲ ਲਈ ਦਾਖਲ ਦਾਖਲ ਕਰਵਾ ਦਿੱਤਾ। ਲੰਬੇ ਸਮੇਂ ਤੋਂ ਬਿਮਾਰ ਹੋਣ ਕਾਰਨ ਇਸ ਸਮੇਂ ਆਈਸੀਯੂ ਵਿੱਚ ਮਾਹਿਰ ਡਾਕਟਰਾਂ ਦੀ ਨਿਗਰਾਨੀ ਹੇਠ ਇਲਾਜ ਅਧੀਨ ਹਨ, ਜਿੱਥੇ ਉਨ੍ਹਾਂ ਦੀ ਹਾਲਤ ਗੰਭੀਰ ਬਣੀ ਹੋਈ ਹੈ। ਸੰਸਥਾ ਵੱਲੋਂ ਬੇਨਤੀ ਕੀਤੀ ਜਾਂਦੀ ਹੈ ਕਿ ਜੇਕਰ ਕੋਈ ਵਿਅਕਤੀ ਉਨ੍ਹਾਂ ਨੂੰ ਜਾਣਦਾ ਹੋਵੇ ਜਾਂ ਉਨ੍ਹਾਂ ਦੇ ਰਿਸ਼ਤੇਦਾਰ ਹੋਣ, ਤਾਂ ਕਿਰਪਾ ਕਰਕੇ ਸੰਸਥਾ ਨਾਲ ਤੁਰੰਤ ਸੰਪਰਕ ਕਰ ਸਕਦੇ ਹਨ।

# ਨਸ਼ਿਆਂ ਦੇ ਸੌਦਾਗਰਾਂ ਦਾ ਹੁਣ ਹੋਰ ਵਧੇਰੇ ਸਮਾਂ ਸੂਬੇ 'ਚ ਰਹਿਣਾ ਸੰਭਵ ਨਹੀਂ : ਡਾ.ਗੌਤਮ



**ਭਲਾਣ (ਹਰਭਜਨ ਢਿੱਲੋਂ)** ਪੰਜਾਬ ਦੇ ਲੋਕਾਂ ਨੇ ਦੇਸ਼ ਦੀ ਅਜ਼ਾਦੀ ਵਿੱਚ ਕੁਰਬਾਨੀਆਂ ਦੀਆਂ ਮਿਸਾਲਾਂ ਕਾਇਮ ਕੀਤੀਆਂ ਹਨ। ਸਾਡੇ ਇਲਾਕੇ ਦੇ ਦੂਜੇ ਤੀਜੇ ਪਿੰਡ ਵਿਚ ਸ਼ਹੀਦੀ ਗੇਟ ਬਣੇ ਹੋਏ ਹਨ, ਜੋ ਇਸ ਗੱਲ ਦੀ ਗਵਾਹ ਹਨ ਕਿ ਇਹ ਇਸ ਇਲਾਕੇ ਦੇ ਨੌਜਵਾਨਾਂ ਵਿੱਚ ਬੇਤਹਾਸ਼ਾ ਸੇਵਾ ਦੀ ਭਾਵਨਾ ਹੈ, ਜਿੰਨ੍ਹਾਂ ਨੂੰ ਨਸ਼ਿਆਂ ਤੋਂ ਬਾਹਰ ਕੱਢ ਕੇ ਖੇਡ ਮੈਦਾਨਾਂ ਵੱਲ ਲਿਆਉਣ ਲਈ ਪੰਜਾਬ ਸਰਕਾਰ ਉਪਰਾਲੇ ਕਰ ਰਹੀ ਹੈ। ਪੰਜਾਬ ਵਿੱਚੋਂ ਨਸ਼ੇ ਨੂੰ ਜੜ੍ਹ ਤੋ ਪੁੱਟਿਆ ਜਾਵੇਗਾ ਅਤੇ ਇਸ ਮੁਹਿੰਮ ਨੂੰ ਲੋਕ ਲਹਿਰ ਬਣਾ ਲਿਆ ਹੈ। ਸੈਸੋਵਾਲ, ਬੇਲਾ ਰਾਮਗੜ੍ਹ, ਪੱਤੀ ਦਰਗਾਹੀ, ਪੱਤੀ ਜੀਵਨ ਸਿੰਘ, ਪੱਤੀ ਟੇਕ ਸਿੰਘ ਵਿੱਚ ਡਾ.ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੂਰਵੈਦਿਕ ਯੂਨੀਵਰਸਿਟੀ ਤੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਰੂਪਨਗਰ ਨੇ ਨਸ਼ਾ ਮੁਕਤੀ ਯਾਤਰਾ ਤਹਿਤ ਆਯੋਜਿਤ ਸਮਾਗਮਾਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਕਿਹਾ ਕਿ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਦੀ ਅਗਵਾਈ ਵਿੱਚ ਇਹ ਕੈਂਪ ਨਿਰੰਤਰ ਲੱਗ ਰਹੇ ਹਨ। ਪੰਜਾਬ ਸਰਕਾਰ ਦਾ ਇਕੋ ਇਕ ਉਦੇਸ਼ ਹੈ ਹਰ ਪਿੰਡ, ਹਰ ਘਰ ਨੂੰ ਨਸ਼ਾ ਮੁਕਤ ਕਰਨਾ। ਉਨ੍ਹਾਂ ਇਹ ਵੀ ਕਿਹਾ ਕਿ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਬਹੁਤ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਇਸ ਮੌਕੇ ਇਸ਼ਾਨ ਚੌਧਰੀ ਬੀਡੀਪੀਓ, ਹਿਤੇਸ ਸ਼ਰਮਾ ਦੀਪੂ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਐਡਵੋਕੇਟ ਨਿਸ਼ਾਂਤ ਗੁਪਤਾ, ਰਾਕੇਸ਼ ਮਹਿਲਮਾ, ਮੋਹਿਤ ਦੀਵਾਨ, ਮਨਰੋਜ ਰਾਣਾ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਪਿੰਡ ਵਾਸੀ ਹਾਜ਼ਰ ਸਨ।

# ਰੋਟਰੀ ਕਲੱਬ ਨੇ ਸਰਕਾਰੀ ਸਕੂਲ ਜਲਾਲਪੁਰ ਤੋਂ ਕੀਤਾ ਰੁੱਖ ਲਗਾਉਣ ਮੁਹਿੰਮ ਦਾ ਆਗਾਜ਼

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਨੇ ਪਰਿਆਵਰਣ ਬਚਾਅ ਲਈ ਇੱਕ ਪ੍ਰੇਰਣਾਦਾਇਕ ਪਹਿਲ ਕਰਦਿਆਂ ਸਰਕਾਰੀ ਐਲੀਮੈਂਟਰੀ ਸਕੂਲ ਜਲਾਲਪੁਰ 'ਚ ਰੁੱਖ ਲਗਾਉਣ ਮੁਹਿੰਮ ਦੀ ਸੁਰੂਆਤ ਕੀਤੀ। ਕਲੱਬ ਦੇ ਪ੍ਰਧਾਨ ਰੋਟੇਰੀਅਨ ਅਵਤਾਰ ਸਿੰਘ ਦੀ ਅਗਵਾਈ ਹੇਠ ਰੁੱਖ ਲਗਾਏ ਗਏ। ਉਨ੍ਹਾਂ ਦੱਸਿਆ ਕਿ ਇਸ ਮਾਨਸੂਨ ਦੌਰਾਨ ਹਰ ਰੋਟੇਰੀਅਨ ਆਪਣੇ ਪਰਵਾਰ ਸਮੇਤ ਵਿਭਿੰਨ ਸਥਾਨਾਂ 'ਤੇ 20 ਰੁੱਖ ਲਗਾਏਗਾ, ਜਿਸ ਰਾਹੀਂ 1100 ਰੁੱਖ ਲਗਾਉਣ ਦਾ ਟੀਚਾ ਰੱਖਿਆ ਗਿਆ ਹੈ।



ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਧੀਰਜ ਵਸ਼ਿਸ਼ਟ ਨੇ ਵੀ ਰੁੱਖ ਲਗਾ ਕੇ ਹਿੱਸਾ ਲਿਆ ਅਤੇ ਕਿਹਾ ਕਿ ਜੀਵਨ ਤੇ ਪਰਿਆਵਰਣ ਦੀ ਰੱਖਿਆ ਲਈ ਰੁੱਖ ਲਗਾਉਣਾ ਬਹੁਤ ਜਰੂਰੀ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਜਦੋਂ ਹਵਾ ਪ੍ਰਦੂਸ਼ਣ, ਮੌਸਮੀ ਬਦਲਾਅ ਅਤੇ ਵਾਤਾਵਰਣਕ ਅਸੰਤੁਲਨ ਵਧ ਰਿਹਾ ਹੈ, ਰੁੱਖ ਲਗਾਉਣ ਵਰਗੇ ਉਪਰਾਲੇ ਬਹੁਤ ਹੀ ਪ੍ਰਭਾਵਸ਼ਾਲੀ ਤੇ ਲੋੜੀਂਦੇ ਹਨ। ਰੋਟੇਰੀਅਨ ਮਨੋਜ ਓਹਰੀ ਨੇ ਵੀ ਹਾਜਰ ਲੋਕਾਂ ਨੂੰ ਸੰਬੋਧਨ ਕਰਦਿਆਂ ਪਰਿਆਵਰਣ ਪ੍ਰਤੀ ਜਾਗਰੂਕਤਾ ਵਧਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਹਰ ਨਾਗਰਿਕ ਨੂੰ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਘੱਟ ਤੋਂ ਘੱਟ ਇਕ ਰੁੱਖ ਲਗਾਉਣਾ ਚਾਹੀਦਾ ਹੈ। ਇਸ ਸਮਾਗਮ ਵਿੱਚ ਰੋਟਰੀ ਕਲੱਬ ਦੇ ਮੈਂਬਰ ਰਜਨੀਸ਼ ਗੁਲਿਆਨੀ, ਕੁਲਜੀਤ ਸਿੰਘ, ਜਸਵੰਤ ਸਿੰਘ ਭੋਗਲ, ਜਗਮੀਤ ਸਿੰਘ ਸੇਠੀ, ਸੰਦੀਪ ਸ਼ਰਮਾ, ਪ੍ਰਵੀਣ ਗੁਲਿਆਨੀ ਨੇ ਭਾਗ ਲਿਆ। ਇਨ੍ਹਾਂ ਤੋਂ ਇਲਾਵਾ ਜ਼ਿਲ੍ਹਾ ਸਮਾਰਟ ਸਕੂਲ ਕੋਆਰਡੀਨੇਟਰ ਸਤੀਸ਼ ਸ਼ਰਮਾ, ਸੈਂਟਰ ਹੈੱਡ ਟੀਚਰ ਜਸਵਿੰਦਰ ਕੌਰ, ਹੈੱਡ ਟੀਚਰ ਰਜਵਿੰਦਰ ਕੌਰ ਅਤੇ ਸਕੂਲ ਸਟਾਫ ਦੇ ਮੈਂਬਰਾਂ ਵਿੱਚੋਂ ਮਧੂ ਬਾਲਾ, ਸਵੇਤਾ, ਜਸਵਿੰਦਰ ਸਿੰਘ, ਬਲਬੀਰ ਕੌਰ ਅਤੇ ਮਨਪ੍ਰੀਤ ਕੌਰ ਨੇ ਵੀ ਯੋਗਦਾਨ ਦਿੱਤਾ। ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਸੁਖਵਿੰਦਰ ਸਿੰਘ, ਮੰਗਤ ਰਾਮ, ਅਸ਼ਵਨੀ ਕੁਮਾਰ, ਮੀਨਾ ਕੁਮਾਰੀ, ਮਮਤਾ ਅਤੇ ਸਾਈਂ ਦੀਨ ਨੇ ਵੀ ਆਪਣੇ ਹੱਥੀਂ ਰੁੱਖ ਲਗਾ ਕੇ ਸਮਾਗਮ ਵਿਚ ਭਾਗੀਦਾਰੀ ਨਿਭਾਈ। ਸਮਾਪਨ 'ਤੇ ਇਹ ਸੁਨੇਹਾ ਦਿੱਤਾ ਗਿਆ ਕਿ ਰੁੱਖ ਸਾਡੀ ਜ਼ਿੰਦਗੀ ਦਾ ਅਟੁੱਟ ਹਿੱਸਾ ਹਨ। ਇਹ ਨਾ ਸਿਰਫ ਆਕਸੀਜਨ ਦਿੰਦੇ ਹਨ, ਸਗੋਂ ਧਰਤੀ ਨੂੰ ਹਰਾ-ਭਰਾ ਤੇ ਸੁੰਦਰ ਬਣਾਈ ਰੱਖਦੇ ਹਨ। ਰੁੱਖ ਲਗਾਉਣਾ ਸਿਰਫ ਇਕ ਕੰਮ ਨਹੀਂ, ਬਲਕਿ ਇਕ ਸੰਕਲਪ ਹੈ, ਹਰਿਆਵਲੀ, ਸਫਾਈ ਅਤੇ ਸੰਤੁਲਤ ਜੀਵਨ ਵੱਲ।

# ਰਿਆਤ ਬਾਹਰਾ ਇੰਟਰਨੈਸ਼ਨਲ ਸਕੂਲ ਵਿਖੇ ਖੁਰਾਕ ਤੇ ਖੰਡ ਸੇਵਨ ਬਾਰੇ ਜਾਗਰੂਕਤਾ ਸੈਸ਼ਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਰਿਆਤ ਬਾਹਰਾ ਇੰਟਰਨੈਸਨਲ ਸਕੂਲ ਵਿਖੇ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰਨ ਅਤੇ




ਵਧੇਰੇ ਖੰਡ ਸੇਵਨ ਦੇ ਨੁਕਸਾਨ ਬਾਰੇ ਜਾਣਕਾਰੀ ਦੇਣ ਲਈ ਇੱਕ ਵਿਸ਼ੇਸ਼ ਜਾਗਰੂਕਤਾ ਸੈਸ਼ਨ ਆਯੋਜਿਤ ਕੀਤਾ ਗਿਆ। ਸਕੂਲ ਦੀ ਪ੍ਰਿੰਸੀਪਲ ਰਸ਼ਮੀ ਸ਼ਰਮਾ ਨੇ ਦੱਸਿਆ ਕਿ ਵਿਦਿਆਰਥੀਆਂ ਨੂੰ ਸਿਖਾਇਆ ਗਿਆ ਕਿ ਸੰਤੁਲਿਤ ਖੁਰਾਕ ਕਿੰਨੀ ਮਹੱਤਵਪੂਰਨ ਹੈ ਅਤੇ ਜ਼ਿਆਦਾ ਚੀਨੀ ਖਾਣ ਨਾਲ ਸਰੀਰ ਉੱਤੇ ਕਿਹੋ ਜਿਹਾ ਪ੍ਰਭਾਵ ਪੈਂਦਾ ਹੈ। ਵਿਦਿਆਰਥੀਆਂ ਵੱਲੋਂ ਇੱਕ ਪਾਵਰ ਪੁਆਇੰਟ ਪੇਸ਼ਕਾਰੀ ਕੀਤੀ ਗਈ, ਜਿਸ ਵਿੱਚ ਉਨ੍ਹਾਂ ਨੇ ਸਾਦੀਆਂ ਭੋਜਨ ਆਦਤਾਂ ਅਤੇ ਵਧੇਰੇ ਖੰਡ ਸੇਵਨ ਨਾਲ ਜੁੜੇ ਜੋਖਮਾਂ ਬਾਰੇ ਜਾਣਕਾਰੀ ਦਿੱਤੀ। ਇਸ ਪੇਸਕਾਰੀ ਵਿੱਚ ਸਿਹਤਮੰਦ ਵਿਕਲਪਾਂ ਨੂੰ ਵੀ ਉਜਾਗਰ ਕੀਤਾ ਗਿਆ। ਵਿਦਿਆਰਥੀਆਂ ਨੇ ਇੱਕ 'ਸ਼ੁਗਰ ਬੋਰਡ' ਵੀ ਤਿਆਰ ਕੀਤਾ, ਜਿਸ ਰਾਹੀਂ ਰੋਜਾਨਾ ਵਰਤੇ ਜਾਂਦੇ ਖਾਦ ਪਦਾਰਥਾਂ ਵਿੱਚ ਲੁਕੀ ਹੋਈ ਖੰਡ ਦੀ ਮਾਤਰਾ ਨੂੰ ਦਰਸਾਇਆ ਗਿਆ। ਇਹ ਬੋਰਡ ਆਕਰਸ਼ਕ ਅਤੇ ਸੂਚਨਾਪੂਰਨ ਰਿਹਾ ਅਤੇ ਵਿਦਿਆਰਥੀਆਂ ਦੇ ਨਾਲ ਨਾਲ ਅਧਿਆਪਕਾਂ ਵੱਲੋਂ ਵੀ ਇਸਦੀ ਸਰਾਹਨਾ ਕੀਤੀ ਗਈ। ਵਿਦਿਆਰਥੀਆਂ ਨੇ 4 ਤੋਂ 10 ਸਾਲ ਅਤੇ 11 ਤੋਂ 18 ਸਾਲ ਦੇ ਦੋ ਉਮਰ ਸਮੂਹਾਂ ਲਈ ਡੇਟਾ ਵਿਸਲੇਸ਼ਣ ਵੀ ਪੇਸ਼ ਕੀਤਾ, ਜਿਸ ਰਾਹੀਂ ਇਹ ਸਮਝਾਇਆ ਗਿਆ ਕਿ ਸਹੀ ਜਾਣਕਾਰੀ ਅਤੇ ਸਮਝਦਾਰੀ ਨਾਲ ਭੋਜਨ ਦੇ ਚੋਣ ਵਿਚ ਸੁਧਾਰ ਕੀਤਾ ਜਾ ਸਕਦਾ ਹੈ।

# ਬਲੱਡ ਬੈਂਕ 'ਚ 80 ਲੋੜਵੰਦ ਪਰਵਾਰਾਂ ਨੂੰ ਵੰਡਿਆ ਰਾਸ਼ਨ



**ਫਗਵਾੜਾ (ਰਮਨ)** ਸਮਾਜ ਸੇਵਾ ਨੂੰ ਸਮਰਪਿਤ ਜੱਥੇਬੰਦੀ ਰੋਟਰੀ ਕਲੱਬ ਫਗਵਾੜਾ ਜੈਮਸ ਨੇ ਕਾਲੜਾ ਫੂਡ ਇੰਡਸਟਰੀ ਦੇ ਸਹਿਯੋਗ ਨਾਲ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਣ ਦੇ ਉਦੇਸ਼ ਨਾਲ ਸਥਾਨਕ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਦੇ ਅਹਾਤੇ 'ਚ ਇੱਕ ਸਮਾਗਮ ਦਾ ਆਯੋਜਨ ਕੀਤਾ। ਕਲੱਬ ਦੇ ਪ੍ਰਧਾਨ ਰਾਕੇਸ਼ ਚਾਵਲਾ (ਸੀ.ਏ.) ਦੀ ਅਗਵਾਈ ਅਤੇ ਪ੍ਰੋਜੈਕਟ ਡਾਇਰੈਕਟਰ ਅਭਿਸ਼ੇਕ ਕਾਲੜਾ ਦੀ ਨਿਗਰਾਨੀ ਹੇਠ ਕਰਵਾਏ ਸਮਾਗਮ 'ਚ ਸੀਨੀਅਰ ਰੋਟੇਰੀਅਨ ਆਈ.ਪੀ. ਖੁਰਾਣਾ (ਚੇਅਰਮੈਨ ਪ੍ਰਭਾਤ ਗਰੁੱਪ) ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਉਨ੍ਹਾਂ ਨੇ ਰਾਸ਼ਨ ਵੰਡਣ ਦੀ ਆਰੰਭਤਾ ਕਰਵਾਈ ਅਤੇ ਆਪਣੇ ਹੱਥੀਂ 80 ਲੋੜਵੰਦ ਪਰਵਾਰਾਂ ਨੂੰ ਰਾਸ਼ਨ ਭੇਟ ਕੀਤਾ। ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਜਿਹੇ ਪ੍ਰੋਜੈਕਟ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਲਈ ਬਹੁਤ ਰਾਹਤ ਵਾਲੇ ਹੁੰਦੇ ਹਨ। ਰੋਟਰੀ ਕਲੱਬ ਜੈਮਸ ਨੇ ਹਮੇਸ਼ਾ ਸਮਾਜ ਸੇਵਾ ਵਿੱਚ ਮੋਹਰੀ ਭੂਮਿਕਾ ਨਿਭਾਈ ਹੈ ਅਤੇ ਹਰ ਸੰਭਵ ਤਰੀਕੇ ਨਾਲ ਗਰੀਬ ਅਤੇ ਲੋੜਵੰਦ ਲੋਕਾਂ ਦੀ ਮੱਦਦ ਕਰਨ ਦਾ ਉਪਰਾਲਾ ਕੀਤਾ ਹੈ। ਸਾਬਕਾ ਪ੍ਰਧਾਨ ਪਵਨ ਕੁਮਾਰ ਕਾਲੜਾ ਨੇ ਵੀ ਆਪਣੇ ਵਡਮੁੱਲੇ ਵਿਚਾਰ ਪੇਸ਼ ਕੀਤੇ। ਸਟੇਜ ਦੀ ਸੇਵਾ ਕਲੱਬ ਦੇ ਉਪ ਪ੍ਰਧਾਨ ਰਾਕੇਸ਼ ਸੂਦ ਨੇ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਈ। ਇਸ ਮੌਕੇ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ, ਕਲੱਬ ਸਕੱਤਰ ਡਾ. ਨਰੋਤਮ ਖੇਤੀ, ਵੰਦਨਾ ਸ਼ਰਮਾ, ਕ੍ਰਿਸ਼ਨ ਕੁਮਾਰ ਅਤੇ ਹੋਰ ਪਤਵੰਤੇ ਮੌਜੂਦ ਸਨ।

19 July Page 9.qxd 7/18/2025 10:29 PM Page 1



# ਸਿਡਨੀ ਲਾਇਨਜ਼ ਹਾਕੀ ਕਲੱਬ ਆਸਟ੍ਰੇਲੀਆ 'ਚ ਮਾਤ ਭਾਸ਼ਾ ਪੰਜਾਬੀ ਤੇ ਹਾਕੀ ਨੂੰ ਕਰ ਰਿਹੈ ਪ੍ਰਫੁੱਲਤ

**ਜਲੰਧਰ (ਸ਼ੈਲੀ ਐਲਬਰਟ)** ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਨੌਜਵਾਨਾਂ ਨੂੰ ਹਾਕੀ ਨਾਲ ਜੋੜਨ ਵਾਲੇ ਹਾਕੀ ਖਿਡਾਰੀ ਹੁਣ ਆਸਟ੍ਰੇਲੀਆ ਵਿੱਚ ਵੀ ਹਾਕੀ ਨੂੰ ਪ੍ਰਫੁੱਲਤ ਕਰ ਰਹੇ ਹਨ। ਇਨ੍ਹੀਂ ਦਿਨੀਂ ਸਿਡਨੀ ਲਾਇਨਜ਼



ਹਾਕੀ ਕਲੱਬ ਆਸਟ੍ਰੇਲੀਆ ਵਿੱਚ ਵੱਡੇ ਪੱਧਰ 'ਤੇ ਹਾਕੀ 'ਤੇ ਕੰਮ ਕਰ ਰਿਹਾ ਹੈ। ਜਿਸ ਵਿੱਚ ਵੱਖ-ਵੱਖ ਥਾਵਾਂ 'ਤੇ ਨੌਜਵਾਨਾਂ, ਖਾਸ ਕਰਕੇ ਸਕੂਲੀ ਵਿਦਿਆਰਥੀਆਂ ਨੂੰ ਹਾਕੀ ਦੀਆਂ ਬਾਰੀਕੀਆਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ ਅਤੇ ਨਵੀਆਂ ਤਕਨੀਕਾਂ ਬਾਰੇ ਜਾਣੂ ਕਰਵਾਇਆ ਜਾ ਰਿਹਾ ਹੈ ਤਾਂ ਜੋ ਆਸਟ੍ਰੇਲੀਆ ਵਿੱਚ ਰਹਿੰਦੇ ਪੰਜਾਬੀ ਪਰਿਵਾਰਾਂ ਦੇ ਬੱਚੇ ਵੀ ਹਾਕੀ ਨਾਲ ਜੁੜ ਕੇ ਆਪਣਾ ਨਾਂਅ ਕਮਾ ਸਕਣ। ਕਲੱਬ ਦੇ ਮੁੱਖੀ ਰਣਦੀਪ ਸਿੰਘ ਬੱਲ ਨੇ ਕਿਹਾ ਕਿ ਉਹ ਪਿਛਲੇ ਕਈ ਸਾਲਾਂ ਤੋਂ ਹਾਕੀ ਨੂੰ ਪ੍ਰਫੁੱਲਤ ਕਰਨ ਲਈ ਲਗਾਤਾਰ ਕੰਮ ਕਰ ਰਹੇ ਹਨ, ਇਸ ਵਿੱਚ ਹਾਕੀ ਓਲੰਪੀਅਨਾਂ ਸਮੇਤ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਖਿਡਾਰੀ ਵੀ ਉਨ੍ਹਾਂ ਦਾ ਸਹਿਯੋਗ ਕਰ ਰਹੇ ਹਨ। ਉਨ੍ਹਾਂ ਦਾ ਉਦੇਸ਼ ਆਸਟ੍ਰੇਲੀਆ ਵਿੱਚ ਰਹਿੰਦੇ ਪੰਜਾਬੀ ਪਰਵਾਰਾਂ ਦੇ ਬੱਚਿਆਂ ਨੂੰ ਹਾਕੀ ਨਾਲ ਜੋੜਨਾ ਹੈ ਤਾਂ ਜੋ ਮਾਤ ਭਾਸ਼ਾ ਪੰਜਾਬੀ ਦੇ ਨਾਲ-ਨਾਲ ਹਾਕੀ ਨੂੰ ਪ੍ਰਫੁੱਲਤ ਕੀਤਾ ਜਾ ਸਕੇ। ਉਨ੍ਹਾਂ ਦੱਸਿਆ ਕਿ ਉਹ ਹਰ ਸਾਲ ਅੰਡਰ-17, ਅੰਡਰ-19 ਤੋਂ ਅੰਡਰ-50 ਅਤੇ ਓਪਨ ਸ਼੍ਰੇਣੀ ਤੱਕ ਦੇ ਟੂਰਨਾਮੈਂਟ ਕਰਵਾਉਂਦੇ ਹਨ ਤਾਂ ਜੋ ਸਥਾਨਕ ਲੋਕਾਂ ਨੂੰ ਬਿਹਤਰ ਖੇਡ ਟੂਰਨਾਮੈਂਟ ਦੇਖਣ ਦਾ ਮੌਕਾ ਮਿਲੇ ਅਤੇ ਖਿਡਾਰੀ ਵੀ ਜ਼ਮੀਨ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰ ਸਕਣ। ਕਲੱਬ ਵੱਲੋਂ ਤਿੰਨ ਤਰ੍ਹਾਂ ਦੀਆਂ ਹਾਕੀ ਲੀਗਾਂ ਕਰਵਾਈਆਂ ਜਾਂਦੀਆਂ ਹਨ ਤਾਂ ਜੋ ਹਾਕੀ ਨੂੰ ਪ੍ਰਫੁੱਲਤ ਕੀਤਾ ਜਾ ਸਕੇ। ਇਸ ਤੋਂ ਇਲਾਵਾ ਹਰ ਹਾਕੀ ਟੂਰਨਾਮੈਂਟ ਵਿੱਚ ਕਲੱਬ ਆਪਣੀਆਂ ਦੋ ਟੀਮਾਂ ਭੇਜਦਾ ਹੈ। ਇਸ ਮੌਕੇ ਚਰਨ ਕੰਵਲ ਸਿੰਘ, ਜਸਜੀਵ ਕੁਮਾਰ ਤੁਲੀ, ਜਗਪ੍ਰੀਤ ਸਿੰਘ, ਰਗਬੀਰ ਸਿੰਘ ਬੱਲ, ਮਨਜਿੰਦਰ ਸਿੰਘ ਸੰਧੂ, ਤੇਜਿੰਦਰ ਸਿੰਘ ਚਹਿਲ, ਸਰਵਿੰਦਰ ਸਿੰਘ ਸੋਹੀ, ਇਕਬਾਲ ਸਿੰਘ ਸੰਧੂ, ਡਾ: ਕੁਲਜੀਤ ਘੁੰਡ, ਹਰਦੀਪ ਮਾਨ, ਡਾ: ਸੁਰਿੰਦਰ, ਹਰਦੀਪ ਰੰਧਾਵਾ, ਚੰਦਨਦੀਪ ਸਿੰਘ, ਸਿੱਧਾ, ਪਰਵਿੰਦਰ ਮੱਲ, ਸੰਦੀਪ ਸ਼ਰਮਾ, ਸੁਰਿੰਦਰ ਪਾਲ ਕੰਵਰ, ਸੁਰਿੰਦਰ ਪੰਛੂ ਕਾਲੜ, ਡਾ. ਅਮਰਜੀਤ ਸਿੰਘ ਖੇਰਾ, ਬਲਜਿੰਦਰ ਸਿੰਘ ਬੱਲ, ਰਣਜੀਤ ਸਿੰਘ ਖੇਰਾ, ਹਰਿੰਦਰਪਾਲ ਸੰਧੂ, ਜਗਜੀਤ ਮਾਨ, ਦਲਜੀਤ ਗਿੱਲ, ਜਤਿੰਦਰ ਮਾਨ, ਸਨਮ ਰਿਆੜ, ਹਿੰਮਤ ਸਿੰਘ ਬਾਠ, ਯਾਦਵਿੰਦਰ ਸਿੰਘ ਸੋਹੀ, ਸਰਵਿੰਦਰ ਸਿੰਘ ਰੋਮੀ, ਮਨਦੀਪ ਸੰਧੂ, ਆਨੰਦਬੀਰ ਸਿੰਘ ਆਦਿ ਹਾਜ਼ਰ ਸਨ।

# ਪੰਜਾਬ ਨੂੰ ਪੁਲਸ ਰਾਜ ਬਣਾਉਣ ਖ਼ਿਲਾਫ਼ ਕਿਰਤੀ ਕਿਸਾਨ ਮੋਰਚੇ ਦੀ ਮੀਟਿੰਗ

**ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੱਬੀ)**— ਭਗਵੰਤ ਮਾਨ ਸਰਕਾਰ ਵੱਲੋਂ ਪੰਜਾਬ ਨੂੰ ਪੁਲਸ ਰਾਜ ਵਿੱਚ ਬਦਲਣ ਅਤੇ ਪੰਜਾਬ ਅੰਦਰ ਧਰਨੇ ਮੁਜ਼ਾਹਰਿਆਂ ਲਾਈ ਅਣਐਲਾਨੀ ਪਾਬੰਦੀ ਖਿਲਾਫ ਪੰਜਾਬ ਦੀਆਂ



ਕਿਸਾਨ ਮਜ਼ਦੂਰ ਜਥੇਬੰਦੀਆਂ ਵੱਲੋਂ 25 ਜੁਲਾਈ ਨੂੰ ਸੰਗਰੂਰ ਵਿੱਚ ਵੱਡਾ ਧਰਨਾ ਪ੍ਰਦਰਸ਼ਨ ਕਰਨ ਸਬੰਧੀ ਪ੍ਰਧਾਨ ਹਰਜੀਤ ਸਿੰਘ ਸੰਧੂਰ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਇਸ ਮੌਕੇ ਮੋਰਚੇ ਦੇ ਪ੍ਰਧਾਨ ਵੀਰ ਸਿੰਘ ਬੜਵਾ ਤੇ ਪੰਜਾਬ ਸਟੂਡੈਂਟਸ ਯੂਨੀਅਨ ਦੇ ਪ੍ਰਧਾਨ ਰਣਵੀਰ ਸਿੰਘ ਰੰਧਾਵਾ ਨੇ ਕਿਹਾ ਕਿ ਸੰਗਰੂਰ ਵਿੱਚ ਮਜ਼ਦੂਰ ਜਥੇਬੰਦੀ ਦੇ ਆਗੂਆਂ ਨੂੰ ਫੜਕੇ ਜੇਲ੍ਹ ਵਿੱਚ ਬੰਦ ਕੀਤਾ ਜਾ ਰਿਹਾ ਹੈ। ਸੰਗਰੂਰ ਵਿੱਚ ਧਰਨੇ ਮੁਜ਼ਾਹਰਿਆਂ ਉੱਪਰ ਅਣਐਲਾਨੀ ਪਾਬੰਦੀ ਲਾਈ ਹੋਈ ਹੈ । ਉਨ੍ਹਾਂ ਕਿਹਾ ਕਿ ਝੂਠੇ ਪੁਲਸ ਮੁਕਾਬਲੇ ਬਣਾਏ ਜਾ ਰਹੇ ਹਨ ਅਤੇ ਦੋਸ਼ੀ ਪੁਲੀਸ ਅਧਿਕਾਰੀਆਂ ਨੂੰ ਫੜਨ ਦੀ ਬਜਾਏ ਤਰੱਕੀਆਂ ਦਿੱਤੀਆਂ ਜਾ ਰਹੀਆਂ ਹਨ। ਆਗੂਆਂ ਨੇ ਕਿਹਾ ਕਿ 25 ਜੁਲਾਈ ਦੇ ਧਰਨੇ ਨੂੰ ਸਫਲ ਕਰਨ ਲਈ ਚਮਕੌਰ ਸਾਹਿਬ ਦੇ ਪਿੰਡਾਂ ਵਿੱਚ ਮੀਟਿੰਗਾਂ ਕੀਤੀਆਂ ਜਾਣਗੀਆਂ ਅਤੇ ਵੱਡੀ ਗਿਣਤੀ ਲੋਕਾਂ ਵੱਲੋਂ ਸੰਗਰੂਰ ਧਰਨੇ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ।ਆਗੂਆਂ ਨੇ ਕਿਹਾ ਕਿ ਕਾਰਪੋਰੇਟ ਸੈਕਟਰ ਨੂੰ ਕਿਸਾਨਾਂ ਦੀ 40 ਹਜ਼ਾਰ ਤੋਂ ਉੱਪਰ ਜ਼ਮੀਨ ਲੈਂਡ ਪੂਲਿੰਗ ਨੀਤੀ ਤਹਿਤ ਐਕਵਾਇਰ ਕਰਕੇ ਦਿੱਤੀ ਜਾ ਰਹੀ ਹੈ। ਕਿਸਾਨ ਆਪਣੀਆਂ ਜ਼ਮੀਨਾਂ ਬਚਾਉਣ ਲਈ ਸਬੰਧਤ ਹੋਏ ਸੰਘਰਸ਼ ਦੇ ਰਾਹ ਪੈ ਰਹੇ ਹਨ। ਇਸ ਜਥੇਬੰਦਕ ਘੋਲਾਂ ਨੂੰ ਦਬਾਉਣ ਲਈ ਪੁਲਿਸ ਦੀ ਦਹਿਸ਼ਤ ਲੋਕਾਂ ਵਿੱਚ ਪਾਉਣ ਲਈ ਪੰਜਾਬ ਨੂੰ ਪੁਲੀਸ ਰਾਜ ਵਿੱਚ ਬਦਲਿਆ ਜਾ ਰਿਹਾ ਹੈ। ਇਸ ਮੌਕੇ ਗੁਰਚਰਨ ਸਿੰਘ ,ਮਲਕੀਤ ਸਿੰਘ , ਹਰਵਿੰਦਰ ਸਿੰਘ ,ਕਰਮਜੀਤ ਸਿੰਘ , ਅਮਰ ਸਿੰਘ, ਜਗਤਾਰ ਸਿੰਘ ,ਗੁਰਜੀਤ ਸਿੰਘ ,ਜੈਲ ਸਿੰਘ ਕੰਧੋਲਾ , ਤਰਲੋਚਨ ਸਿੰਘ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਨੈਸ਼ਨਲ ਸਕੂਲ ਖੇਡਾਂ 'ਚ ਮੈਡਲ ਜਿੱਤਣ ਵਾਲੇ ਖਿਡਾਰੀਆਂ ਦੀ ਨਹੀਂ ਲਈ ਜਾ ਰਹੀ ਸਾਰ : ਡੀ ਟੀ ਐਫ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਸਰਕਾਰ 'ਸਿੱਖਿਆ ਕ੍ਰਾਂਤੀ' ਦੇ ਨਾਂਅ ਹੇਠ ਸਕੂਲਾਂ ਦੇ ਵਿਦਿਆਰਥੀਆਂ ਨੂੰ ਬਿਹਤਰ ਸਹੂਲਤਾਂ ਦੇਣ ਦੇ ਦਾਅਵੇ ਕਰ ਰਹੀ ਹੈ, ਪਰ ਇਹਨਾਂ ਦਾਅਵਿਆਂ ਤੋਂ ਉਲਟ ਜ਼ਮੀਨੀ ਹਕੀਕਤ 'ਤੇ ਕੁਝ ਹੋਰ ਬਾਅਰ ਰਿਹਾ ਹੈ। ਪੰਜਾਬ ਸਕੂਲ ਸਿੱਖਿਆ ਵਿਭਾਗ ਦੀ ਸਕੂਲੀ ਖੇਡਾਂ ਦੇ ਮਾਮਲੇ ਵਿੱਚ ਪੋਲ ਖੋਲਦਿਆਂ ਡੈਮੋਕ੍ਰੇਟਿਕ ਟੀਚਰਜ਼ ਫਰੰਟ (ਡੀ.ਟੀ.ਐੱਫ.) ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ , ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਦੱਸਿਆ ਕਿ ਪਿਛਲੇ ਤਿੰਨ ਸਾਲਾਂ ਤੋਂ ਨੈਸ਼ਨਲ ਸਕੂਲ ਖੇਡਾਂ ਵਿੱਚ ਮੈਡਲ ਜਿੱਤਣ ਵਾਲੇ 500 ਦੇ ਲਗਭਗ ਖਿਡਾਰੀ ਪੰਜਾਬ ਸਰਕਾਰ ਦੀ ਖੇਡ ਸੰਚਾਲਨ ਨੀਤੀ 2023 ਅਨੁਸਾਰ ਬਣਦੀ ਇਨਾਮੀ ਰਾਸ਼ੀ ਤੋਂ ਵਾਂਝੇ ਹਨ। ਖੇਡਾਂ ਵਿੱਚ ਨੈਸ਼ਨਲ ਪੱਧਰ 'ਤੇ ਗੋਲਡ ਮੈਡਲ, ਸਿਲਵਰ ਮੈਡਲ ਅਤੇ ਬਰਾਊਨਜ਼ ਮੈਡਲ ਜਿੱਤਣ ਲਈ ਕ੍ਰਮਵਾਰ 7500, 5000, 3000 ਰੁਪਏ ਮਿਲਣ ਦਾ ਐਲਾਨ ਕੀਤਾ ਹੋਇਆ ਹੈ। ਜੋ ਕਿ ਅਜੇ ਕਿਸੇ ਵੀ ਯੋਗ ਖਿਡਾਰੀ ਨੂੰ ਹਾਲੇ ਤੱਕ ਨਸੀਬ ਹੀ ਨਹੀਂ ਹੋਏ। ਇਸੇ ਤਰ੍ਹਾਂ ਸਟੇਟ ਪੱਧਰ 'ਤੇ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਟੀ ਸ਼ਰਟ ਤੇ ਨਿੱਕਰ ਦੇਣਾ ਵੀ ਸ਼ਾਮਲ ਸੀ। ਬਹੁਤੇ ਜ਼ਿਲ੍ਹਿਆਂ ਦੇ ਖਿਡਾਰੀਆਂ ਨੇ ਰੰਗ ਬਿਰੰਗੀਆਂ ਕਿੱਟਾਂ ਵਿਚ ਹੀ ਮੈਚ ਖੇਡੇ ਹਨ। ਇਸੇ ਸਿਲਸਿਲੇ ਹੇਠ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਸਵੀਂ ਜਮਾਤ ਅਤੇ ਬਾਰ੍ਹਵੀਂ ਜਮਾਤ ਦੇ ਨੈਸ਼ਨਲ ਸਕੂਲ ਖੇਡਾਂ ਵਿੱਚ ਮੈਡਲ ਜਿੱਤਣ ਵਾਲੇ ਖਿਡਾਰੀਆਂ ਨੂੰ 25, 22 ਤੋਂ 20 ਫ਼ੀਸਦੀ ਅੰਕ ਦੇਣ ਦਾ ਪ੍ਰਬੰਧ ਹੈ ਅਤੇ ਸਟੇਟ ਪੱਧਰ ਦੇ ਮੈਡਲ ਜੇਤੂਆਂ ਨੂੰ 15, 12 ਤੋਂ 9 ਅੰਕ ਦੇਣ ਦੀ ਗੱਲ ਕਹੀ ਗਈ ਹੈ। ਪਰ ਸਿੱਖਿਆ ਬੋਰਡ ਵੱਲੋਂ ਹੋਰ ਵਿਦਿਆਰਥੀਆਂ ਨੂੰ ਉਤਸ਼ਾਹਿਤ ਕਰਨ ਲਈ ਇਹ ਅੰਕ ਵੱਖਰੇ ਤੌਰ 'ਤੇ ਨਹੀਂ ਦਰਸਾਏ। ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਨੇ ਸਿੱਖਿਆ ਮੰਤਰੀ ਪੰਜਾਬ ਤੋਂ ਮੰਗ ਕੀਤੀ ਹੈ ਕਿ ਉਹ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਉਹਨਾਂ ਦੀ ਬਣਦੀ ਇਨਾਮੀ ਰਾਸ਼ੀ ਜਾਰੀ ਕੀਤੀ ਜਾਵੇ ਅਤੇ ਖੇਡ ਸੰਚਾਲਨ ਨੀਤੀ ਨੂੰ ਜਥੇਬੰਦੀਆਂ ਨਾਲ ਸਲਾਹ ਮਸ਼ਵਰਾ ਕਰਕੇ ਦੁਬਾਰਾ ਸੋਧ ਕੇ ਵਿਦਿਆਰਥੀਆਂ ਦੇ ਹਿਤੈਸ਼ੀ ਬਣਾਇਆ ਜਾਵੇ।

# ਆਈ ਟੀ ਆਈ ਹਰਿਆਣਾ ਦੇ ਠੇਕਾ ਮੁਲਾਜ਼ਮਾਂ ਵੱਲੋਂ ਗੇਟ ਰੋਸ ਰੈਲੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ। ਪਿਛਲੇ ਕਈ ਸਾਲਾਂ ਤੋਂ ਗੱਲਬਾਤ ਰਾਹੀਂ ਮਸਲੇ ਹੱਲ ਕਰਵਾਉਣ ਵਾਲੀ ਜੱਥੇਬੰਦੀ ਨੇ ਹੁਣ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਵਿਰੁੱਧ ਹੁਣ ਖੁੱਲ੍ਹ ਕੇ ਸੰਘਰਸ਼ ਕਰਨ ਦਾ ਐਲਾਨ ਕੀਤਾ ਹੈ। ਜੱਥੇਬੰਦੀ ਦੇ ਆਗੂ ਆਸ਼ੂਤੋਸ਼ ਕੁਮਾਰ ਨੇ ਦੱਸਿਆ ਕਿ ਉਹ 15-16 ਸਾਲਾਂ ਤੋਂ ਪੰਜਾਬ ਦੀਆਂ ਸਰਕਾਰੀ ਆਈ ਟੀ ਆਈਜ਼ ਵਿੱਚ ਬਿਨਾਂ ਕਿਸੇ ਸਰਕਾਰੀ ਸਹੂਲਤਾਂ ਤੋਂ ਨਿਗੂਣੀਆਂ ਤਨਖਾਹਾਂ ਸਿਰਫ਼ 15000 ਉੱਪਰ ਗਰੁੱਪ-ਬੀ ਬਤੌਰ ਕਰਾਫਟ ਇੰਸਟਰਕਟਰ ਵਜੋਂ ਆਪਣਾ ਸ਼ੋਸ਼ਣ ਕਰਵਾ ਰਹੇ ਹਨ ਜਦ ਕਿ ਇਹੀ ਪੰਜਾਬ ਸਰਕਾਰ ਗਰੁੱਪ-ਸੀ ਅਤੇ ਡੀ ਨੂੰ ਸਾਡੇ ਨਾਲੋਂ ਵੱਧ ਤਨਖਾਹਾਂ ਦੇ ਰਹੀ ਹੈ ਜੋ ਕਿਸੇ ਵੀ ਤਰ੍ਹਾਂ ਤਰਕਸੰਗਤ ਨਹੀਂ ਹੈ। ਇਸ ਤੋਂ ਇਲਾਵਾ ਸਾਨੂੰ ਕਿਸੇ ਵੀ ਕਿਸਮ ਦੀ ਛੁੱਟੀ ਨਹੀਂ ਦਿੱਤੀ ਜਾਂਦੀ, ਨਾ ਹੀ ਕੋਈ ਬਦਲੀ



ਕਰਵਾਉਣ ਦਾ ਅਧਿਕਾਰ ਹੈ, ਨਾ ਹੀ ਕੋਈ ਸਰਵਿਸ ਬੁੱਕ ਲਗਾਈ ਗਈ ਹੈ ਅਤੇ ਨਾ ਹੀ ਕੋਈ ਸਲਾਨਾ ਇੰਕਰੀਮੈਂਟ ਹੈ, ਇੱਥੋਂ ਤੱਕ ਲੇਡੀਜ਼ ਲਈ ਜਣੇਪਾ ਛੁੱਟੀ ਤੱਕ ਦਾ ਅਧਿਕਾਰ ਨਹੀਂ ਹੈ।ਅਸੀਂ ਪੰਜਾਬ ਦਾ ਕੋਈ ਆਮ ਆਦਮੀ ਪਾਰਟੀ ਦਾ ਐਮ ਐਲ ਏ, ਕੋਈ ਮੰਤਰੀ ਨਹੀਂ ਛੱਡਿਆ ਜਿਸ ਨੂੰ ਬੇਨਤੀ ਨਾ ਕੀਤੀ ਹੋਵੇ ਪਰੰਤੂ ਸਾਰਿਆਂ ਵੱਲੋਂ ਸਿਰਫ ਲਾਰੇ ਹੀ ਮਿਲੇ ਹਨ। ਕਿਸੇ ਨੇ ਵੀ ਕੋਈ ਹੱਲ ਕਰਵਾਉਣ ਬਾਰੇ ਨਹੀਂ ਸੋਚਿਆ।ਇਸ ਲਈ ਜੱਥੇਬੰਦੀ ਨੇ ਸਰਕਾਰੀ ਆਈ ਟੀ ਆਈ ਹਰਿਆਣਾ ਜ਼ਿਲ੍ਹਾ ਹੁਸ਼ਿਆਰਪੁਰ ਦੇ ਗੇਟ ਅੱਗੇ ਪੰਜਾਬ ਸਰਕਾਰ ਵਿਰੁੱਧ ਗੇਟ ਰੈਲੀ ਕੀਤੀ ਅਤੇ ਪੰਜਾਬ ਸਰਕਾਰ ਦੀ ਮੁਰਦਾਬਾਦ ਕੀਤੀ। ਉਹਨਾਂ ਕਿਹਾ ਕਿ ਜੇਕਰ ਸਰਕਾਰ ਉਹਨਾਂ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੰਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਤਕਨੀਕੀ ਸਿੱਖਿਆ ਮੰਤਰੀ ਅਤੇ ਹੋਰ ਸਾਰੇ ਮੰਤਰੀਆਂ ਦੇ ਘਰਾਂ ਅੱਗੇ ਪ੍ਰਦਰਸ਼ਨ ਕੀਤੇ ਜਾਣਗੇ, ਲੋੜ ਪੈਂਣ ਤੇ ਪੱਕਾ ਮੋਰਚਾ ਵੀ ਲਗਾਇਆ ਜਾਵੇਗਾ। ਇਸ ਮੌਕੇ ਸੰਸਥਾ ਦੇ ਸਮੂਹ ਗੈਸਟ ਫੈਕਲਟੀ ਮੁਲਾਜ਼ਮ ਕਰਨੈਲ ਸਿੰਘ, ਰੋਹਿਤ ਕੁੰਡਲ, ਵਿਸ਼ਵ ਕਿਰਤੀ ਮੰਡਲਾ, ਗੁਰਪ੍ਰੀਤ ਲਾਲ ਅਤੇ ਸ੍ਰੀਮਤੀ ਮਨਜੀਤ ਕੌਰ ਆਦਿ ਮੈਂਬਰ ਸ਼ਾਮਿਲ ਸਨ।

# ਸੜਕਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਰਹੀ ਹੈ ਸਰਕਾਰ : ਡਾ. ਰਵਜੋਤ ਸਿੰਘ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)** ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਹੁਸ਼ਿਆਰਪੁਰ ਤੋਂ ਪਿੰਡ ਮਹਿੰਗਰੋਵਾਲ ਤੋਂ ਕੋਟ ਪਟਿਆਲ ਹੁੰਦੇ ਹੋਏ ਹਿਮਾਚਲ ਸਰਹੱਦ ਤੱਕ ਜਾਣ ਵਾਲੀ ਸੜਕ ਦੇ ਨਿਰਮਾਣ ਕਾਰਜ ਦਾ



ਭਾਗੋਵਾਲ ਅਤੇ ਕੋਟ ਪਟਿਆਲ ਵਿਚ ਰਸਮੀ ਤੌਰ 'ਤੇ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਪੇਂਡੂ ਅਤੇ ਪੱਛੜੇ ਇਲਾਕਿਆਂ ਵਿਚ ਸੜਕਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੂਰੀ ਤਰ੍ਹਾਂ ਨਾਲ ਵਚਨਬੱਧ ਹੈ। ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਸ ਸੜਕ ਦੇ ਨਿਰਮਾਣ 'ਤੇ ਲੱਗਭਗ 8 ਕਰੋੜ 40 ਲੱਖ ਰੁਪਏ ਦੀ ਲਾਗਤ ਆਵੇਗੀ। ਇਹ ਸੜਕ 26.50 ਕਿਲੋਮੀਟਰ ਲੰਬੀ ਹੋਵੇਗੀ ਅਤੇ ਨਿਰਮਾਣ ਕੰਪਨੀ ਨੂੰ ਅਗਲੇ 3 ਸਾਲਾਂ ਲਈ ਇਸ ਦੀ ਦੇਖਭਾਲ ਵੀ ਕਰਨੀ ਪਵੇਗੀ। ਉਨ੍ਹਾਂ ਕਿਹਾ ਕਿ ਇਸ ਸੜਕ ਦੇ ਨਿਰਮਾਣ ਨਾਲ ਇਲਾਕੇ ਦੇ ਹਜ਼ਾਰਾਂ ਲੋਕਾਂ ਨੂੰ ਆਉਣ-ਜਾਣ ਵਿਚ ਆਉਂਦੀਆਂ ਮੁਸ਼ਕਲਾਂ ਤੋਂ ਰਾਹਤ ਮਿਲੇਗੀ। ਖਾਸ ਕਰਕੇ ਮਾਹਿੰਗਰੋਵਾਲ, ਡੂੰਗੀ ਚੋਈ, ਮਲੋਟ ਅਤੇ ਕੋਟ ਪਟਿਆਲ ਦੇ ਵਸਨੀਕਾਂ ਨੂੰ ਬਿਹਤਰ ਸਹੂਲਤ ਉਪਲਬੱਧ ਹੋਵੇਗੀ। ਸਥਾਨਕ ਸਰਕਾਰਾਂ ਮੰਤਰੀ ਨੇ ਦੱਸਿਆ ਕਿ ਇਸ ਸੜਕ ਦੇ ਨਿਰਮਾਣ ਦੌਰਾਨ ਡੂੰਗੀ ਚੋਈ, ਮਹਿੰਗਰੋਵਾਲ ਅਤੇ ਮਲੋਟ ਵਿਖੇ 3 ਕਾਜ਼ਵੇਅ ਵੀ ਬਣਾਏ ਜਾ ਰਹੇ ਹਨ, ਤਾਂ ਜੋ ਲੋਕਾਂ ਨੂੰ ਬਰਸਾਤ ਦੇ ਮੌਸਮ ਦੌਰਾਨ ਵੀ ਕੋਈ ਮੁਸ਼ਕਿਲ ਨਾ ਆਵੇ। ਇਸ ਤੋਂ ਇਲਾਵਾ ਪਟਿਆਲ ਪੁਲ ਦੀ ਰਿਟੇਨਿੰਗ ਵਾਲ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਗਿਆ ਹੈ, ਜੋ ਪੁਲ ਦੀ ਮਜ਼ਬੂਤੀ ਅਤੇ ਸੁਰੱਖਿਆ ਨੂੰ ਯਕੀਨੀ ਬਣਾਏਗਾ। ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਸੂਬੇ ਦੇ ਹਰ ਪਿੰਡ, ਕਸਬੇ ਅਤੇ ਸ਼ਹਿਰ ਵਿਚ ਬੁਨਿਆਦੀ ਸਹੂਲਤਾਂ ਨੂੰ ਬਿਹਤਰ ਕੀਤਾ ਜਾਵੇ। ਉਨ੍ਹਾਂ ਭਰੋਸਾ ਦਿੱਤਾ ਕਿ ਸੜਕ ਨਿਰਮਾਣ ਦਾ ਕੰਮ ਸਮੇਂ ਸਿਰ ਪੂਰਾ ਕੀਤਾ ਜਾਵੇਗਾ ਅਤੇ ਇਸ ਨੂੰ ਜਨਤਾ ਨੂੰ ਸਮਰਪਿਤ ਕੀਤਾ ਜਾਵੇਗਾ। ਉਨ੍ਹਾਂ ਸਥਾਨਕ ਲੋਕਾਂ ਨੂੰ ਨਿਰਮਾਣ ਕਾਰਜ ਵਿਚ ਸਹਿਯੋਗ ਕਰਨ ਦਾ ਸੱਦਾ ਦਿੱਤਾ, ਤਾਂ ਜੋ ਕੰਮ ਦੀ ਗੁਣਵੱਤਾ ਅਤੇ ਸਮੇਂ ਸਿਰ ਪੂਰਾ ਹੋ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰ ਵਿਕਾਸ ਕਾਰਜਾਂ ਵਿਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕਰੇਗੀ।

# ਸਰਕਾਰੀ ਮਿਡਲ ਸਹਾਦੜਾ ਵਿਖੇ ਡੇਂਗੂ ਦੇ ਬਚਾਅ ਸੰਬੰਧੀ ਜਾਣਕਾਰੀ ਦਿੱਤੀ



**ਬਲਾਚੌਰ (ਜਸਵਿੰਦਰ ਬੈਂਸ)**— ਪਿੰਡ ਸਾਹਧੜਾ ਦੇ ਸਰਕਾਰੀ ਮਿਡਲ ਸਕੂਲ ਵਿਖੇ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਡੇਂਗੂ ਬੁਖਾਰ ਦੇ ਬਚਾਅ ਅਤੇ ਲੱਛਣਾਂ ਬਾਰੇ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦਾ ਹੈ ਅਤੇ ਇਹ ਮੱਛਰ ਦਿਲ ਵੇਲੇ ਕੱਟਦਾ ਹੈ। ਬੁਖਾਰ ਹੋਣਾ ,ਸਿਰ ਦਰਦ ਹੋਣਾ ,ਅੱਖਾਂ ਦੇ ਪਿਛਲੇ ਹਿੱਸੇ 'ਚ ਦਰਦ ਹੋਣਾ, ਜੀ ਕੱਚਾ ਹੋਣਾ ,ਉਲਟੀਆਂ ਆਉਣੀਆਂ ,ਮਾਸਪੇਸ਼ੀਆਂ ਅਤੇ ਜੋੜਾਂ 'ਚ ਦਰਦ ਹੋਣਾ, ਹਾਲਤ ਖਰਾਬ ਹੋਣ ਤੇ ਨੱਕ ਤੇ ਮਸੂੜਿਆਂ ਵਿੱਚੋਂ ਖੂਨ ਵਗਣਾ ਡੇਂਗੂ ਦੇ ਲੱਛਣ ਹੋ ਸਕਦੇ ਹਨ। ਇਸ ਤੋਂ ਬਚਾਅ ਲਈ ਸਾਨੂੰ ਸਾਵਧਾਨੀਆਂ ਵਰਤਣ ਦੀ ਜਰੂਰਤ ਹੈ। ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਇਕੱਠਾ ਨਾ ਹੋਣ ਦਿਓ, ਪਾਣੀ ਦੇ ਭਰੇ ਛੋਟੇ ਟੋਇਆਂ ਨੂੰ ਮਿੱਟੀ ਨਾਲ ਪੂਰ ਦਿਓ ਘਰਾਂ ਵਿੱਚ ਕੂਲਰਾਂ ਫਰਿਜਾਂ ਦੀਆਂ ਟਰੇਆਂ ਵਿੱਚ ਖੜੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜਰੂਰ ਸਾਫ ਕਰਕੇ ਸੁਕਾਉਣਾ ਚਾਹੀਦਾ ਹੈ। ਇਸ ਮੌਕੇ 'ਤੇ ਸਕੂਲ ਅਧਿਆਪਕ ਅਤੇ ਮਲਟੀਪਰਪਜ਼ ਹੈਲਥ ਵਰਕਰ ਓਂਕਾਰ ਸਿੰਘ ਆਸ਼ਾ ਸੁਪਰਵਾਇਜਰ ਪੁਸ਼ਪਿੰਦਰ ਕੌਰ ਆਸ਼ਾ ਵਰਕਰ ਬਰੀਡਿੰਗਚੈੱਕਰ ਪਰਮਵੀਰ,ਆਗਨਵਾੜੀ ਵਰਕਰ ਹਾਜ਼ਰ ਸਨ।

# ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ 'ਚ ਹਰਿਆਲੀ ਦਿਵਸ ਮਨਾਇਆ




**ਸੁਲਤਾਨਪੁਰ ਲੋਧੀ (ਹਨੀ)** ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਆਪਣਾ ਪੰਜਾਬ ਫਾਊਂਡੇਸ਼ਨ ਅਤੇ ਜਗਜੀਤ ਸਿੰਘ ਪ੍ਰਧਾਨ ਫੈਡਰੈਸ਼ਨ ਆਫ ਪ੍ਰਾਈਵੇਟ ਸਕੂਲ ਐਸੋਸੀਏਸ਼ਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਮਿਸ਼ਨ ਹਰਿਆਲੀ ਦਿਵਸ ਮਨਾਇਆ ਗਿਆ। ਜਿਸ ਵਿੱਚ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਮਿਲ ਕੇ ਸਕੂਲ ਕੈਂਪਸ ਵਿੱਚ ਪੌਦੇ ਲਗਾਏ। ਸਕੂਲ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਇਸ ਉੱਦਮ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਸਾਡੇ ਦੇਸ਼ ਵਿੱਚ ਦਿਨੋਂ ਦਿਨ ਗਲੋਬਲ ਵਾਰਮਿੰਗ ਦਾ ਪ੍ਰਕੋਪ ਵੱਧਦਾ ਜਾ ਰਿਹਾ ਹੈ। ਇਸ ਵਾਸਤੇ ਹਰ ਇੱਕ ਇਨਸਾਨ ਨੂੰ ਚਾਹੀਦਾ ਹੈ ਕਿ ਉਹ ਹਰ ਸਾਲ ਇੱਕ ਪੌਦਾ ਜਰੂਰ ਲਗਾਏ ਅਤੇ ਉਸ ਦੀ ਦੇਖਭਾਲ ਕਰੇ। ਉਨ੍ਹਾਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਬੂਟੇ ਲਗਾਉਣ ਲਈ ਪ੍ਰੇਰਿਤ ਕੀਤਾ। ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਸਕੂਲ ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸਾਸ਼ਕ ਇੰਜੀਨੀਅਰ ਨਿਮਰਤਾ ਕੌਰ ਨੇ ਵੀ ਪੌਦੇ ਲਗਾ ਕੇ ਵਾਤਾਵਰਨ ਨੂੰ ਪ੍ਰਦੂਸ਼ਣ ਮੁਕਤ ਰੱਖਣ ਦਾ ਸੁਨੇਹਾ ਦਿੱਤਾ ਗਿਆ।

# .ਗੈਰਕਾਨੂੰਨੀ ਹਿਰਾਸਤ 'ਚ ਰੱਖੇ ਕਾਰਕੁਨਾਂ ਨੂੰ ਰਿਹਾਅ ਕਰੇ ਦਿੱਲੀ ਪੁਲਸ : ਜਮਹੂਰੀ ਫਰੰਟ

**ਜਲੰਧਰ (ਪੱਤਰ ਪ੍ਰੇਰਕ)** ਓਪਰੇਸ਼ਨ ਗ੍ਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਬਿਆਨ ਜਾਰੀ ਕਰਕੇ ਦਿੱਲੀ ਪੁਲਸ ਵੱਲੋਂ ਜਬਰ ਵਿਰੁੱਧ ਆਵਾਜ਼ ਉਠਾਉਣ ਵਾਲੇ ਜੁਝਾਰੂ ਕਾਰਕੁਨਾਂ ਨੂੰ ਗ੍ਰਿਫ਼ਤਾਰ ਕਰਨ ਅਤੇ ਗ਼ੈਰਕਾਨੂੰਨੀ ਹਿਰਾਸਤ ਵਿਚ ਰੱਖਣ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਹਨਾਂ ਕਿਹਾ ਕਿ ਬੀਤੇ ਦਿਨੀਂ ਯਮੁਨਾਨਗਰ ਤੋਂ ਸਮਾਜਿਕ ਕਾਰਕੁਨ ਤੇ ਮਨੋਵਿਗਿਆਨੀ ਸਮਰਾਟ ਸਿੰਘ ਨੂੰ ਦਿੱਲੀ ਪੁਲਸ ਦੇ ਵਿਸ਼ੇਸ਼ ਸੈੱਲ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ ਜਿਸ ਬਾਰੇ ਅਜੇ ਵੀ ਕੋਈ ਜਾਣਕਾਰੀ ਨਹੀਂ ਹੈ ਕਿ ਉਹ ਕਿੱਥੇ ਅਤੇ ਕਿਸ ਹਾਲਤ ਵਿਚ ਹੈ। ਇਸ ਤਰ੍ਹਾਂ ਹੀ 'ਭਗਤ ਸਿੰਘ ਛਾਤਰ ਏਕਤਾ ਮੋਰਚਾ ' ਦੀ ਪ੍ਰਧਾਨ ਗੁਰਕੀਰਤ ਕੌਰ ਨੂੰ ਹਿਰਾਸਤ ਵਿਚ ਲੈ ਕੇ ਇਕ ਹਫ਼ਤਾ ਗ਼ੈਰਕਾਨੂੰਨੀ ਹਿਰਾਸਤ ਵਿਚ ਰੱਖਿਆ ਗਿਆ। ਬਾਅਦ ਵਿਚ ਭਾਵੇਂ ਉਸ ਨੂੰ ਰਿਹਾਅ ਕਰ ਦਿੱਤਾ ਗਿਆ ਪਰ ਸਾਹਮਣੇ ਆਇਆ ਕਿ ਫਾਕਾਮ (ਕਾਰਪੋਰੇਟੀਕਰਨ ਅਤੇ ਫ਼ੌਜੀਕਰਨ ਵਿਰੁੱਧ ਫੋਰਮ) ਦੇ ਦੋ ਸਿਰਕੱਢ ਮੈਂਬਰ ਐਡਵੋਕੇਟ ਏਹਤਿਮਾਮ ਉਲ ਹੱਕ ਅਤੇ ਬਾਦਲ, ਭਗਤ ਸਿੰਘ ਛਾਤਰ ਏਕਤਾ ਮੋਰਚੇ ਦੇ ਵਿਦਿਆਰਥੀ ਕਾਰਕੁਨ ਗੌਰਾਂਗ ਅਤੇ ਗੌਰਵ, ਆਨਲਾਈਨ ਮਾਰਕਸਵਾਦੀ ਮੈਗਜ਼ੀਨ ਨਜ਼ਰੀਆ ਦੀ ਪ੍ਰਕਾਸ਼ਕ ਵਾਲਿਕਾ ਵਰਸ਼ੀ ਵੀ ਇਕ ਹਫ਼ਤੇ ਤੋਂ ਲਾਪਤਾ ਹਨ। ਇਨ੍ਹਾਂ ਸਾਰਿਆਂ ਬਾਰੇ ਖ਼ਦਸ਼ਾ ਇਹ ਹੈ ਕਿ ਇਨ੍ਹਾਂ ਸਾਰਿਆਂ ਨੂੰ ਵਿਸ਼ੇਸ਼ ਸੈੱਲ ਵੱਲੋਂ ਗ਼ੈਰਕਾਨੂੰਨੀ ਹਿਰਾਸਤ ਵਿਚ ਰੱਖਿਆ ਅਤੇ ਤਸ਼ੱਦਦ ਕੀਤਾ ਜਾ ਰਿਹਾ ਹੈ। ਇਹ ਸਾਰੇ ਸਾਡੇ ਦੇਸ਼ ਦੇ ਲੋਕਾਂ ਦੇ ਸਰੋਕਾਰਾਂ ਬਾਰੇ ਬਹੁਤ ਹੀ ਸੰਵੇਦਨਸ਼ੀਲ ਰੋਸ਼ਨ-ਖਿਆਲ ਨੌਜਵਾਨ ਕਾਰਕੁਨ ਹਨ ਜੋ ਆਦਿਵਾਸੀ ਇਲਾਕਿਆਂ ਵਿਚ ਕਤਲੇਆਮ (ਓਪਰੇਸ਼ਨ ਕਗਾਰ) ਪਿੱਛੇ ਕੰਮ ਕਰਦੇ ਕਾਰਪੋਰੇਟ ਏਜੰਡੇ ਬਾਰੇ ਡੱਟਕੇ ਆਵਾਜ਼ ਬੁਲੰਦ ਕਰਨ ਦੇ ਨਾਲ-ਨਾਲ ਭਾਰਤ ਦੇ ਦੱਬੇ-ਕੁਚਲੇ ਲੋਕਾਂ ਦੇ ਮੁੱਦਿਆਂ ਨੂੰ ਜਮਹੂਰੀ ਨਜ਼ਰੀਏ ਤੋਂ ਲਗਾਤਾਰ ਉਠਾ ਰਹੇ ਹਨ।ਜਮਹੂਰੀ ਫਰੰਟ ਦੇ ਆਗੂਆਂ ਕਿਹਾ ਕਿ ਦਿੱਲੀ ਪੁਲਿਸ, ਖ਼ਾਸ ਕਰਕੇ ਇਸਦਾ ਸਪੈਸ਼ਲ ਸੈੱਲ, ਪਿਛਲੇ ਸਮੇਂ ਵਿਚ ਮੁਸਲਮਾਨ ਨੌਜਵਾਨਾਂ ਅਤੇ ਨਾਗਰਿਕਤਾ ਸੋਧ ਕਾਨੂੰਨ ਵਿਰੁੱਧ ਪੁਰਅਮਨ ਅੰਦੋਲਨ ਕਰਨ ਵਾਲੇ ਕਾਰਕੁਨਾਂ ਅਤੇ ਮੁਸਲਮਾਨ ਲੜਕੇ-ਲੜਕੀਆਂ ਨੂੰ ਗ਼ੈਰਕਾਨੂੰਨੀ ਹਿਰਾਸਤ ਵਿਚ ਲੈ ਕੇ ਕਰੂਰ ਤਸੀਹੇ ਦੇਣ ਅਤੇ ਝੂਠੇ ਕੇਸਾਂ ਵਿਚ ਫਸਾ ਕੇ ਕਈ ਕਈ ਸਾਲ ਜੇਲ੍ਹਾਂ ਵਿਚ ਸਾੜਨ ਲਈ ਬੇਹੱਦ ਬਦਨਾਮ ਹੈ। ਇਸ ਲਈ, ਇਹ ਖ਼ਦਸ਼ਾ ਬੇਬੁਨਿਆਦ ਨਹੀਂ ਹੈ ਕਿ ਇਸ ਵੱਲੋਂ ਕੇਂਦਰ ਸਰਕਾਰ ਦੇ ਇਸ਼ਾਰੇ 'ਤੇ ਇਨ੍ਹਾਂ ਕਾਰਕੁਨਾਂ ਨੂੰ ਹਿਰਾਸਤ ਵਿਚ ਲਿਆ ਹੋ ਸਕਦਾ ਹੈ। ਆਗੂਆਂ ਨੇ ਮੰਗ ਕੀਤੀ ਕਿ ਦਿੱਲੀ ਪੁਲਸ ਦੇ ਅਧਿਕਾਰੀ ਇਨ੍ਹਾਂ ਕਾਰਕੁਨਾਂ ਬਾਰੇ ਸਪੱਸ਼ਟ ਕਰਨ ਅਤੇ ਉਨ੍ਹਾਂ ਨੂੰ ਤੁਰੰਤ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ।ਜਮਹੂਰੀ ਫਰੰਟ ਨੇ ਸਮੂਹ ਜਮਹੂਰੀ ਹਲਕਿਆਂ ਨੂੰ ਇਸ ਸਬੰਧੀ ਆਵਾਜ਼ ਬੁਲੰਦ ਕਰਨ ਦੀ ਲੋੜ ਹੈ।

# ਆਮ ਆਦਮੀ ਪਾਰਟੀ ਨੇ ਸੰਜੀਵ ਭਗਤ ਨੂੰ ਜਲੰਧਰ ਸ਼ਹਿਰੀ ਦਾ ਮੀਡੀਆ ਇੰਚਾਰਜ ਬਣਾਇਆ

**ਜਲੰਧਰ (ਸ਼ੈਲੀ ਐਲਬਰਟ)** ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਸੰਗਠਨਾਤਮਕ ਵਿਸਥਾਰ ਕਰਦਿਆਂ ਇੱਕ ਅਹਿਮ ਕਦਮ ਚੁੱਕਿਆ ਹੈ। ਇਸੇ ਲੜੀ ਤਹਿਤ ਸੰਜੀਵ ਭਗਤ ਨੂੰ ਜਲੰਧਰ ਸ਼ਹਿਰੀ ਜ਼ਿਲ੍ਹੇ ਦਾ ਮੀਡੀਆ ਇੰਚਾਰਜ ਨਿਯੁਕਤ ਕੀਤਾ ਗਿਆ ਹੈ। ਇਸ ਜ਼ਿੰਮੇਵਾਰੀ ਮਿਲਣ 'ਤੇ ਸੰਜੀਵ ਭਗਤ ਨੇ ਪਾਰਟੀ ਦੀ ਹਾਈਕਮਾਨ ਦਾ ਧੰਨਵਾਦ ਕਰਦਿਆਂ, ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਮੁੱਖ ਮੰਤਰੀ ਭਗਵੰਤ ਮਾਨ ਅਤੇ ਅਮਨ ਅਰੋੜਾ ਦਾ



ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਸੰਜੀਵ ਭਗਤ ਨੇ ਆਪਣੇ ਬਿਆਨ ਵਿੱਚ ਸਪੱਸ਼ਟ ਕੀਤਾ ਕਿ ਉਹ ਇਸ ਨਵੀਂ ਭੂਮਿਕਾ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣ ਲਈ ਵਚਨਬੱਧ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਹਿਲ ਇਹ ਰਹੇਗੀ ਕਿ ਪਾਰਟੀ ਦੀਆਂ ਨੀਤੀਆਂ ਅਤੇ ਸਰਕਾਰ ਵੱਲੋਂ ਕੀਤੇ ਗਏ ਕੰਮ ਪੰਜਾਬ ਦੇ ਹਰ ਨਾਗਰਿਕ ਤੱਕ ਸਹੀ ਰੂਪ ਵਿੱਚ ਪਹੁੰਚਣ। ਜ਼ਿਕਰਯੋਗ ਹੈ ਕਿ ਆਮ ਆਦਮੀ ਪਾਰਟੀ ਨੇ ਬੁੱਧਵਾਰ ਨੂੰ ਇੱਕ ਵੱਡੇ ਫੈਸਲੇ ਤਹਿਤ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਮੀਡੀਆ ਇੰਚਾਰਜ ਅਤੇ ਸਕੱਤਰ, ਅਤੇ ਨਾਲ ਹੀ ਸੋਸ਼ਲ ਮੀਡੀਆ ਜ਼ਿਲ੍ਹਾ ਇੰਚਾਰਜ ਅਤੇ ਸੋਸ਼ਲ ਮੀਡੀਆ ਜ਼ਿਲ੍ਹਾ ਸਕੱਤਰ ਦੀ ਨਿਯੁਕਤੀ ਦਾ ਐਲਾਨ ਕੀਤਾ ਹੈ। ਇਸ ਕਦਮ ਨੂੰ ਪਾਰਟੀ ਨੂੰ ਸੰਗਠਨਾਤਮਕ ਤੌਰ 'ਤੇ ਮਜ਼ਬੂਤ ਕਰਨ ਅਤੇ ਜ਼ਮੀਨੀ ਪੱਧਰ 'ਤੇ ਸੰਚਾਰ ਪ੍ਰਣਾਲੀ ਨੂੰ ਬਿਹਤਰ ਬਣਾਉਣ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਮੰਨਿਆ ਜਾ ਰਿਹਾ ਹੈ। ਸੰਜੀਵ ਭਗਤ ਦੀ ਨਿਯੁਕਤੀ ਤੋਂ ਸਾਫ਼ ਹੈ ਕਿ ਪਾਰਟੀ ਜ਼ਮੀਨੀ ਵਰਕਰਾਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪ ਕੇ ਸੰਗਠਨ ਨੂੰ ਹੋਰ ਸਰਗਰਮ ਬਣਾਉਣਾ ਚਾਹੁੰਦੀ ਹੈ। ਇਸ ਐਲਾਨ ਨਾਲ ਪੰਜਾਬ ਵਿੱਚ ਪਾਰਟੀ ਦਾ ਸੰਗਠਨਾਤਮਕ ਢਾਂਚਾ ਹੋਰ ਮਜ਼ਬੂਤ ਹੋਇਆ ਹੈ ਅਤੇ ਇਹ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀ ਜਨ ਸੰਪਰਕ ਰਣਨੀਤੀ ਨੂੰ ਨਵਾਂ ਆਯਾਮ ਦੇਵੇਗਾ।

# ਜੋਗੇਵਾਲ ਵਿਖੇ ਪੇਂਡੂ ਸਿਹਤ ਸਫਾਈ ਤੇ ਖੁਰਾਕ ਕਮੇਟੀ ਨੇ ਕੀਤੀ ਮੀਟਿੰਗ



**ਬਲਾਚੌਰ (ਜਸਵਿੰਦਰ ਬੈਂਸ)**— ਡਾਕਟਰ ਕੁਲਵਿੰਦਰ ਮਾਨ ਐਸ ਐਮ ਓ ਬਲਾਚੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਿੰਡ ਜੋਗੇਵਾਲ ਵਿੱਚ ਪੇਂਡੂ ਸਿਹਤ ਸਫਾਈ ਅਤੇ ਖੁਰਾਕ ਕਮੇਟੀ ਦੀ ਮੀਟਿੰਗ ਕੀਤੀ ਗਈ। ਜਿਸ ਵਿੱਚ ਆਏ ਹੋਏ ਮੈਂਬਰਾਂ ਨੂੰ ਡੇਂਗੂ ਅਤੇ ਮਲੇਰੀਆ ਤੋਂ ਬਚਾਅ ਲਈ ਸੁਝਾਅ ਦਿੱਤੇ ਗਏ। ਆਂਗਣਵਾੜੀ ਸਕੂਲ ਵਿਖੇ ਛੋਟੇ ਬੱਚਿਆਂ ਦੇ ਟੀਕੇ ਲਗਾਏ ਗਏ। ਪ੍ਰਾਈਮਰੀ ਸਕੂਲ ਵਿਖੇ ਛੋਟੇ ਬੱਚਿਆਂ ਨੂੰ ਓ ਆਰ ਐਸ ਦਿੱਤੇ ਗਏ, ਬੱਚਿਆਂ ਨੂੰ ਹੱਥ ਧੋਣ ਦੇ ਤਰੀਕੇ ਦੱਸੇ ਗਏ ਅਤੇ ਡੇਂਗੂ ਮਲੇਰੀਆ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਗੁਰਮੇਲ ਚੰਦ ਸਰਪੰਚ, ਮੇਜਰ ਸਿੰਘ, ਨੇਹਾ, ਰੇਖਾ ਰਾਣੀ, ਪਰਮਜੀਤ ਕੌਰ, ਤਰਸੇਮ ਲਾਲ ਇੰਸਪੈਕਟਰ, ਪੁਸ਼ਪਾ ਰਾਣੀ ਐਲ ਐਚ ਵੀ, ਡਾਕਟਰ ਅਰਸ਼ਦੀਪ ਸਿੰਘ, ਮਮਤਾ ਰਾਣੀ ਆਸ਼ਾ ਵਰਕਰ, ਰਾਣੀ ਆਸ਼ਾ ਵਰਕਰ, ਸੁਨੀਤਾ ਆਂਗਣਵਾੜੀ ਵਰਕਰ ਅਤੇ ਹੋਰ ਵੱਖ ਵੱਖ ਸ਼ਖ਼ਸ਼ੀਅਤਾਂ ਹਾਜ਼ਰ ਸਨ।

# ਚੰਦੀ ਦੀ ਅਗਵਾਈ 'ਚ ਭਾਜਪਾ ਦੀ ਵਿਸ਼ੇਸ਼ ਮੀਟਿੰਗ ਹੋਈ

**ਸ਼ਾਹਕੋਟ (ਗਿਆਨ ਸੈਦਪੁਰੀ)** ਭਾਜਪਾ ਦੇ ਸਥਾਨਕ ਦਫਤਰ ਵਿੱਚ ਨਰਿੰਦਰ ਪਾਲ ਸਿੰਘ ਚੰਦੀ ਦੀ ਅਗਵਾਈ ਵਿੱਚ ਵਿਧਾਨ ਸਭਾ ਹਲਕਾ ਸ਼ਾਹਕੋਟ ਦੇ ਕਾਰਕੁਨਾਂ ਦੀ ਮੀਟਿੰਗ



ਹੋਈ।ਮੀਟਿੰਗ ਵਿੱਚ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਚੱਲ ਰਹੀਆਂ ਸਕੀਮਾਂ ਦੀ ਜਾਣਕਾਰੀ ਦੇਣ ਲਈ ਵਿਸ਼ੇਸ਼ ਕੈਂਪਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਭਾਜਪਾ ਆਗੂ ਸੁਦਰਸ਼ਨ ਸੋਬਤੀ ਨੇ ਕੇ ਵਾਈ ਸੀ ਕਰਵਾਉਣ ਲਈ ਲੋਕਾਂ ਨੂੰ ਪ੍ਰੇਰਿਤ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਜਮ ਮੈਸਨ ਮੰਡਲ ਪ੍ਰਧਾਨ, ਸਵਰਨ ਸਿੰਘ ਜੱਜ, ਰੋਬਿਨ ਸ਼ਰਮਾ ਮੰਡਲ ਪ੍ਰਧਾਨ ਪਰਜੀਆਂ, ਦਲਬੀਰ ਸਿੰਘ ਸੱਬਰਵਾਲ ਮੰਡਲ ਪ੍ਰਧਾਨ ਮਲਸੀਆਂ, ਪ੍ਰੇਮ ਲਾਲ ਮੰਡਲ ਪ੍ਰਧਾਨ ਐਸ ਸੀ, ਵਿਵੇਕ ਸ਼ਰਮਾ, ਰਣਜੀਤ ਕੁਮਾਰ, ਵਿਜੇ, ਜੈ ਗੋਪਾਲ, ਡਾਕਟਰ ਕਸ਼ਮੀਰ ਤਲਵੰਡੀ, ਦਿਲਜੀਤ ਕੁਮਾਰ ਸ਼ਰਮਾ, ਅਨਵਰ ਘਈ, ਸਤੀਸ਼ ਸਿੰਘਲਾ, ਜਰਨੈਲ ਸਿੰਘ, ਬੂਟਾ ਸਿੰਘ ਆਦਿ ਹਾਜ਼ਰ ਸਨ।

# ਜ਼ਿਲ੍ਹਾ ਅਕਾਲੀ ਦਲ ਨੇ ਪਰਵਿੰਦਰ ਸਿੰਘ ਸੋਹਾਣਾ ਦੀ ਅਗਵਾਈ ਹੇਠ ਚਲਾਈ ਵਾਤਾਵਰਣ ਬਚਾਓ ਮੁਹਿੰਮ

**ਐਸ.ਏ.ਐਸ. ਨਗਰ (ਮੋਹਾਲੀ)**- ਸ਼੍ਰੋਮਣੀ ਅਕਾਲੀ ਦਲ ਵੱਲੋਂ ਚਲਾਈ ਜਾ ਰਹੀ ਸਵਾ ਲੱਖ ਬੂਟੇ ਲਗਾਓ ਮੁਹਿੰਮ ਤਹਿਤ ਮੋਹਾਲੀ ਹਲਕੇ ਦੇ ਪਿੰਡ ਸਨੇਟਾ, ਸ਼ਾਮਪੁਰ, ਸੁਖਗੜ੍ਹ, ਰਾਏਪੁਰ ਖੁਰਦ ਅਤੇ ਮੌਲੀ ਬੈਦਵਾਣ ਵਿੱਚ ਦਰਜਨਾਂ ਬੂਟੇ ਲਗਾ ਕੇ ਪਰਦੂਸ਼ਣ ਵਿਰੁੱਧ ਸੰਦੇਸ਼ ਦਿੱਤਾ ਗਿਆ। ਇਸ ਮੁਹਿੰਮ ਦੀ ਅਗਵਾਈ ਕਰ ਰਹੇ ਜਥੇਦਾਰ ਪਰਵਿੰਦਰ ਸਿੰਘ ਸੋਹਾਣਾ ਨੇ ਪਿੰਡ ਵਾਸੀਆਂ ਨੂੰ



ਸੰਬੋਧਨ ਕਰਦਿਆਂ ਦਰੱਖ਼ਤਾਂ ਦੇ ਮਨੁੱਖੀ ਜੀਵਨ 'ਚ ਮਹੱਤਵ ਬਾਰੇ ਵਿਆਖਿਆ ਕੀਤੀ। ਉਨ੍ਹਾਂ ਕਿਹਾ, ਕਿ ਦਰੱਖ਼ਤ ਸਿਰਫ਼ ਹਰੇ-ਭਰੇ ਦ੍ਰਿਸ਼ ਹੀ ਨਹੀਂ ਦਿੰਦੇ, ਇਹ ਸਾਡੇ ਵਜੂਦ ਦੀ ਗੁਆਹੀ ਹਨ। ਇਨ੍ਹਾਂ ਤੋਂ ਮਿਲਣ ਵਾਲੀ ਆਕਸੀਜਨ ਦੇ ਬਿਨਾਂ ਜੀਵਨ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਇਕ ਬੂਟਾ ਜਿਵੇਂ ਹੀ ਵੱਡਾ ਦਰਖ਼ਤ ਬਣਦਾ ਹੈ, ਉਹ ਸਾਲਾਨਾ ਲਗਭਗ 100 ਕਿਲੋ ਆਕਸੀਜਨ ਤਿਆਰ ਕਰਦਾ ਹੈ, ਜੋ ਦੋ ਵਿਅਕਤੀਆਂ ਦੀ ਲਾਈਫਲਾਈਨ ਬਣ ਸਕਦੀ ਹੈ। ਉਨ੍ਹਾਂ ਅੱਗੇ ਕਿਹਾ ਕਿ ਅਸੀਂ ਤਪਦੇ ਤਾਪਮਾਨ, ਘਟਦੇ ਜਲ ਪੱਧਰ ਅਤੇ ਵਧਦੇ ਰੋਗਾਂ ਦੇ ਸਮੇਂ 'ਚ ਜੀਅ ਰਹੇ ਹਾਂ। ਇਹ ਸਾਰੀਆਂ ਸਮੱਸਿਆਵਾਂ ਦਰੱਖ਼ਤਾਂ ਦੀ ਕਮੀ ਕਾਰਨ ਹੋ ਰਹੀਆਂ ਹਨ। ਅਸੀਂ ਅਜੇ ਵੀ ਜੇਕਰ ਹਰੇਕ ਪਿੰਡ 'ਚ 500-1000 ਬੂਟੇ ਲਗਾ ਲਈਏ, ਤਾਂ ਆਉਣ ਵਾਲੀ ਪੀੜ੍ਹੀ ਲਈ ਇੱਕ ਸਾਫ਼, ਹਰਾ ਤੇ ਸੁਚੱਜਾ ਵਾਤਾਵਰਣ ਛੱਡ ਸਕਦੇ ਹਾਂ। ਜਥੇਦਾਰ ਸੋਹਾਣਾ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪਿੰਡਾਂ ਦੀਆਂ ਸਮੂਹਕ ਥਾਵਾਂ, ਖਾਲੀ ਪਲਾਟਾਂ, ਘਰਾਂ ਦੇ ਆਲੇ-ਦੁਆਲੇ, ਖੇਤਾਂ ਦੀਆਂ ਵੱਟਾਂ 'ਤੇ ਜ਼ਿਆਦਾ ਤੋਂ ਜ਼ਿਆਦਾ ਬੂਟੇ ਲਗਾਏ ਜਾਣ। ਉਨ੍ਹਾਂ ਯਕੀਨ ਦਿਵਾਇਆ ਕਿ ਅਕਾਲੀ ਦਲ ਨਾ ਕੇਵਲ ਬੂਟੇ ਲਗਾਏਗਾ, ਸਗੋਂ ਉਨ੍ਹਾਂ ਦੀ ਸੰਭਾਲ ਵੀ ਪੂਰੀ ਜ਼ਿੰਮੇਵਾਰੀ ਨਾਲ ਕਰੇਗਾ। ਇਸ ਮੌਕੇ ਪਾਰਟੀ ਦੇ ਬੁਲਾਰੇ ਸ਼ਮਸ਼ੇਰ ਪੁਰਖਾਲਵੀ, ਕਰਮਜੀਤ ਸਿੰਘ ਲੰਬੜਦਾਰ ਮੌਲੀ,ਹਰਿੰਦਰ ਸਿੰਘ ਸੁੱਖਗੜ੍ਹ, ਗੁਰਮੀਤ ਸਿੰਘ ਰਾਏਪੁਰ, ਸਾਬਕਾ ਬਲਾਕ ਸੰਮਤੀ ਮੈਂਬਰ ਅਮਰਜੀਤ ਸਿੰਘ, ਸਾਬਕਾ ਸਰਪੰਚ ਅੱਛਰ ਸਿੰਘ, ਰਣਧੀਰ ਸਿੰਘ ਧੀਰਾ, ਜੀਤ ਸਿੰਘ ਮੌਲੀ, ਸਰਕਲ ਪ੍ਰਧਾਨ ਬਲਵਿੰਦਰ ਸਿੰਘ ਲਖਨੌਰ, ਪੰਚ ਬਹਾਦਰ ਸਿੰਘ, ਜਸਮਿੰਦਰ ਸਿੰਘ ਅਤੇ ਅਮਨ ਪੂਨੀਆਂ ਹਾਜ਼ਰ ਸਨ।

# ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਹੋਵੇਗਾ ਤਿੱਖਾ ਸੰਘਰਸ਼ : ਮਿਨਹਾਸ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਟੇਟ ਮਨਿਸਟੀਰੀਅਲ ਪੈਨਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਹੁਸ਼ਿਆਰਪੁਰ ਦੀ ਮਹੀਨਾਵਾਰ ਮੀਟਿੰਗ ਮਿਨੀ ਸਕੱਤਰੇਤ ਹੁਸ਼ਿਆਰਪੁਰ ਵਿਖੇ ਵਰਿਆਮ ਸਿੰਘ ਦੀ ਪ੍ਰਧਾਨਗੀ ਵਿੱਚ ਹੋਈ। ਜਿਸ ਵਿੱਚ ਵੱਖ ਵੱਖ ਵਿਭਾਗਾਂ ਤੋਂ ਸੇਵਾ ਮੁਕਤ ਹੋਏ ਪੈਨਸ਼ਨਰਜ਼ ਵੱਲੋਂ ਹਿੱਸਾ ਲਿਆ ਗਿਆ।ਵਿਸ਼ੇਸ਼ ਤੌਰ 'ਤੇ ਰਾਮ ਮੂਰਤੀ ਭਾਰਦਵਾਜ ਚੇਅਰਮੈਨ, ਅਵਤਾਰ ਸਿੰਘ ਸਰਪ੍ਰਸਤ ਹਾਜ਼ਰ ਹੋਏ।ਪੈਨਸ਼ਨਰਾਂ ਨੂੰ ਪੇਸ਼ ਆ ਰਹੀਆਂ ਔਕੜਾਂ ਬਾਰੇ ਚਰਚਾ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦੇ



ਹੋਏ ਕ੍ਰਿਸ਼ਨ ਪਾਲ ਮੋਤੀ ਲਾਲ ਉਪ ਪ੍ਰਧਾਨ, ਸੰਤੋਖ ਸਿੰਘ ਥਿਆੜਾ ਅਤੇ ਦਵਿੰਦਰ ਸਿੰਘ ਸੀਹਰਾ ਵੱਲੋਂ ਪੈਨਸ਼ਨਰਾਂ ਪ੍ਰਤੀ ਸਰਕਾਰ ਦੇ ਮਾੜੇ ਵਤੀਰੇ ਦੀ ਨਿਖੇਧੀ ਕਰਦੇ ਹੋਏ ਮੰਗ ਕੀਤੀ ਕੇ 13% ਮਹਿੰਗਾਈ ਭੱਤਾ ਤੁਰੰਤ ਜਾਰੀ ਕੀਤਾ ਜਾਵੇ, 31-12-2015 ਤੋਂ ਪਹਿਲਾਂ ਸੇਵਾ ਮੁਕਤ ਹੋਏ ਪੈਨਸ਼ਨਰਜ਼ ਦੀ ਤਨਖਾਹ 2.59 ਦੇ ਗੁਣਾਕ ਨਾਲ ਫਿਕਸ ਕਰਕੇ ਬਣਦਾ ਏਰੀਅਰ ਦਿੱਤਾ ਜਾਵੇ, 6ਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਭਾਗ-2 ਲਾਗੂ ਕੀਤੀ ਜਾਵੇ, ਮੈਡੀਕਲ ਭੱਤਾ ਘੱਟੋ ਘੱਟ 3000/- ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ, ਮੈਡੀਕਲ ਕੈਸ਼ ਲੈਸ ਹੈਲਥ ਸਕੀਮ ਸ਼ੁਰੂ ਕੀਤੀ ਜਾਵੇ। ਵਰਿਆਮ ਸਿੰਘ ਮਿਨਹਾਸ ਪ੍ਰਧਾਨ ਵੱਲੋਂ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਸਰਕਾਰ ਵੱਲੋਂ ਮੁਲਾਜਮਾਂ ਅਤੇ ਪੈਨਸ਼ਨਰਜ਼ ਨਾਲ ਕੀਤੇ ਵਾਇਦੇ ਪੂਰੇ ਨਹੀਂ ਕਰ ਰਹੀ ਉਧਰ ਪੈਨਸ਼ਨਰਜ਼ ਦੇ ਕਰੋੜਾਂ ਰੁਪਏ ਦੀ ਅਦਾਇਗੀ ਅਤੇ ਬਣਦੇ ਵਿਆਜ ਨੂੰ ਰੋਕੀ ਬੈਠੀ ਹੈ। ਮਿਨਹਾਸ ਵੱਲੋਂ ਮੰਗ ਕੀਤੀ ਗਈ ਕਿ ਪੈਨਸ਼ਨਰ ਦੇ ਰੋਕੇ ਹੋਏ ਮੈਡੀਕਲ ਬਿਲਾਂ ਦੀ ਅਦਾਇਗੀ ਤੁਰੰਤ ਕੀਤੀ ਜਾਵੇ। ਜੇਕਰ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ ਗਿਆ ਤਾਂ ਆਉਣ ਵਾਲੀਆਂ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਸਰਕਾਰ ਨੂੰ ਪੈਨਸ਼ਨਰਾਂ ਦੇ ਵਿਰੋਧ ਦਾ ਸਾਹਮਣਾ ਕਰਨਾ ਪਵੇਗਾ। ਮੀਟਿੰਗ ਵਿੱਚ ਰਵਿਦੱਤ ਸ਼ਰਮਾ, ਸੋਮਨਾਥ, ਸਤਨਾਮ ਸਿੰਘ, ਮਦਨ ਸਿੰਘ ਬੈਂਸ, ਪਰਮਜੀਤ ਸਿੰਘ ਬਧਨ, ਰਾਕੇਸ਼ ਸ਼ਰਮਾ, ਜਗਦੀਸ਼ ਚੰਦਰ, ਗੁਰਮੀਤ ਸਿੰਘ, ਨਰਿੰਦਰ ਪਾਲ ਸਿੰਘ, ਦਿਲਬਾਗ ਕੰਗ, ਕਮਲਜੀਤ ਬਾਲੀ, ਓਮ ਪ੍ਰਕਾਸ਼, ਯੋਗਰਾਜ, ਲਸ਼ਕਰ ਸਿੰਘ, ਹਰਜੀਤ ਸੈਣੀ, ਸੁਖਬੀਰ ਸਿੰਘ, ਰਾਮਪਾਲ, ਭੁਪਿੰਦਰ ਸਿੰਘ, ਓਮ ਪ੍ਰਕਾਸ਼ ਜਰਿਆਲ ਹਾਜ਼ਰ ਹੋਏ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਲੈਕਚਰਾਰਾਂ/ਅਧਿਆਪਕਾਂ ਦੀ ਦੋ ਰੋਜ਼ਾ ਬਲਾਕ ਪੱਧਰੀ ਟ੍ਰੇਨਿੰਗ ਕਰਵਾਈ

**ਜਲੰਧਰ (ਇਕਬਾਲ ਸਿੰਘ ਉਭੀ)**- ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹੇ ਦੇ ਸਮੂਹ ਬਲਾਕਾਂ ਦੇ ਸੀਨੀਅਰ ਸੈਕੰਡਰੀ ਅਤੇ ਹਾਈ ਸਕੂਲਾਂ ਦੇ



ਲੈਕਚਰਾਰਾਂ/ ਅਧਿਆਪਕਾਂ ਦੀ ਦੋ ਰੋਜ਼ਾ ਬਲਾਕ ਪੱਧਰੀ ਟ੍ਰੇਨਿੰਗ ਕਰਵਾਈ ਗਈ। ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਗੁਰਿੰਦਰਜੀਤ ਕੌਰ ਨੇ ਦੱਸਿਆ ਕਿ ਇਹ ਟ੍ਰੇਨਿੰਗ ਰਾਜ ਵਿੱਦਿਅਕ ਅਤੇ ਖੋਜ ਸਿਖ਼ਲਾਈ ਪ੍ਰੀਸ਼ਦ ਮੋਹਾਲੀ ਤੋਂ ਟ੍ਰੇਨਿੰਗ ਲੈ ਕੇ ਪਰਤੇ ਜ਼ਿਲ੍ਹਾ ਨੋਡਲ ਅਫ਼ਸਰ ਡੀਆਰਸੀ/ਬੀਆਰਸੀ ਵੱਲੋਂ ਕਰਵਾਈ ਗਈ। ਉਨ੍ਹਾਂ ਦੱਸਿਆ ਕਿ ਸਿਖ਼ਲਾਈ ਦੌਰਾਨ ਜ਼ਿਲ੍ਹੇ ਦੇ ਅਧਿਆਪਕਾਂ ਨੂੰ ਨਸ਼ਿਆਂ ਤੋਂ ਹੋਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਣੂ ਕਰਾਉਣ ਅਤੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਟ੍ਰੇਨ ਕੀਤਾ ਗਿਆ। ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਦਾ ਦੌਰਾ ਕਰਕੇ ਟ੍ਰੇਨਿੰਗ ਦਾ ਜਾਇਜ਼ਾ ਲਿਆ ਅਤੇ ਸੈਮੀਨਾਰ ਵਿੱਚ ਸ਼ਾਮਲ ਅਧਿਆਪਕਾਂ ਨੂੰ ਦੇਸ਼ ਅਤੇ ਪੰਜਾਬ ਦੇ ਭਵਿੱਖ ਨੂੰ ਨਸ਼ਿਆਂ ਤੋਂ ਬਚਾਉਣ ਲਈ ਰਾਜ ਸਰਕਾਰ ਵੱਲੋਂ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਵਿੱਚ ਸਰਗਰਮ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਉਨ੍ਹਾਂ ਅਧਿਆਪਕਾਂ ਨੂੰ ਦੱਸਿਆ ਕਿ ਕਿਵੇਂ ਉਹ ਵਿਦਿਆਰਥੀਆਂ, ਨੌਜਵਾਨਾਂ ਅਤੇ ਆਉਣ ਵਾਲੀ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਅ ਸਕਦੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਵਿੱਚ ਅਧਿਆਪਕ ਅਹਿਮ ਯੋਗਦਾਨ ਪਾ ਸਕਦੇ ਹਨ ਸੈਮੀਨਾਰ ਵਿੱਚ ਸਿਹਤ ਵਿਭਾਗ ਵੱਲੋਂ ਡਾਕਟਰਾਂ ਦੀ ਟੀਮ ਨੇ ਵੀ ਭਾਗ ਲਿਆ।

# ਡੀ ਟੀ ਐੱਫ ਨੇ ਕਾਲੇ ਬਿੱਲੇ ਲਗਾ ਕੇ ਨੋਟੀਫਿਕੇਸ਼ਨ ਖਿਲਾਫ ਰੋਸ ਪ੍ਰਗਟਾਇਆ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ ਦੇ ਦਿੱਤੇ ਸੱਦੇ ਤਹਿਤ ਡੈਮੋਕਰੈਟਿਕ ਟੀਚਰਜ਼ ਫਰੰਟ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਮੂਹ ਆਗੂਆਂ ਤੇ ਵਰਕਰਾਂ ਵੱਲੋਂ ਆਪਣੇ ਆਪਣੇ ਸਕੂਲਾਂ ਵਿੱਚ ਕਾਲੇ ਬਿੱਲੇ ਲਗਾ ਕੇ ਜੁਲਾਈ 2020 ਦੇ ਪੱਤਰ ਨੂੰ ਰੱਦ ਕਰਵਾਉਣ ਲਈ ਰੋਸ ਦਿਵਸ ਮਨਾਇਆ। ਡੈਮੋਕਰੇਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਸੰਯੁਕਤ ਮੁਕੇਸ਼ ਕੁਮਾਰ, ਸੁਖਦੇਵ ਡਾਨਸੀਵਾਲ ਨੇ ਦੱਸਿਆ ਕਿ ਪਿਛਲੀ ਕੈਪਟਨ ਸਰਕਾਰ ਵੱਲੋਂ 17 ਜੁਲਾਈ 2020 ਨੂੰ ਨੋਟੀਫਿਕੇਸ਼ਨ ਜਾਰੀ ਕਰਕੇ ਇਸ ਮਿਤੀ ਤੋਂ ਬਾਅਦ ਭਰਤੀ ਹੋਣ ਵਾਲੇ ਸਮੂਹ ਮੁਲਾਜ਼ਮਾਂ 'ਤੇ ਪੰਜਾਬ ਦਾ ਪੇਅ ਕਮਿਸ਼ਨ ਛੱਡ ਕੇ ਕੇਂਦਰ ਦਾ ਸੱਤਵਾਂ ਪੇਅ ਕਮਿਸ਼ਨ ਲਾਗੂ ਕਰਨ ਦਾ ਫੈਸਲਾ ਕੀਤਾ ਸੀ ਪਰ ਮੌਜੂਦਾ ਸਰਕਾਰ ਵੀ ਉਸੇ ਨੋਟੀਫਿਕੇਸ਼ਨ ਤਹਿਤ ਭਰਤੀਆਂ ਕਰ ਰਹੀ ਹੈ ਅਤੇ ਇਸ ਸਾਲ ਜੂਨ ਵਿੱਚ ਨਵੇਂ ਨਿਯਮ ਸੋਧ ਕੇ ਉਸ ਵਿਚ ਵੀ ਕੇਂਦਰੀ ਸਕੇਲ ਜਾਰੀ ਰੱਖੇ ਨੇ ਜਿਸ ਦੇ ਖਿਲਾਫ ਪੰਜਾਬ ਵਿੱਚ ਪੰਜਾਬ ਪੇਅ ਸਕੇਲ ਬਹਾਲੀ ਸਾਂਝੇ ਫਰੰਟ ਵੱਲੋਂ ਪੂਰੇ ਪੰਜਾਬ ਵਿੱਚ ਰੋਸ ਦਿਵਸ ਮਨਾਉਣ ਦਾ ਸੱਦਾ ਦਿੱਤਾ ਸੀ ਜਿਸ ਦੇ ਤਹਿਤ ਡੀਟੀਐਫ ਦੇ ਵਰਕਰਾਂ ਵੱਲੋਂ ਵੀ ਇਸ ਮੰਗ ਲਈ ਕਾਲੇ ਬਿੱਲੇ ਲਗਾ ਕੇ ਇੱਕ ਸ਼ੰਘਰਸ਼ ਨਾਲ ਇੱਕਮੁੱਠਤਾ ਜਾਹਰ ਕੀਤੀ ਗਈ । ਇਸ ਸਮੇਂ ਵੱਖ-ਵੱਖ ਆਗੂਆਂ, ਭਾਗ ਸਿੰਘ, ਹਰਪਾਲ ਸਿੰਘ, ਵਿਨੋ ਕੁਮਾਰ, ਜਰਨੈਲ ਸਿੰਘ, ਰਾਮ ਸਰੂਪ, ਅਸ਼ਨੀ ਕੁਮਾਰ, ਬਲਜੀਤ ਸਿੰਘ ਨਰਿੰਦਰ ਕੁਮਾਰ, ਸੰਜੀਵ ਕੁਮਾਰ, ਦੀਵਾਨ ਚੰਦ ਆਦਿ ਨੇ ਵੀ ਆਦਿ ਨੇ ਵੀ ਐਕਸ਼ਨ ਵਿੱਚ ਸ਼ਮੂਲੀਅਤ ਕਰਦਿਆਂ ਅਧਿਆਪਕਾਂ ਨੂੰ ਸੁਚੇਤ ਕੀਤਾ ।

# ਜ਼ਿਲ੍ਹੇ 'ਚ 4 ਸਰਪੰਚੀ ਤੇ 151 ਪੰਚੀ ਲਈ ਵੋਟਿੰਗ 27 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਪੰਚਾਇਤੀ ਵਿਭਾਗ ਵੱਲੋਂ ਗ੍ਰਾਮ ਪੰਚਾਇਤਾਂ ਦੀਆਂ ਰਹਿੰਦੀਆਂ ਆਮ ਚੋਣਾਂ/ਖਾਲੀ ਹੋਈਆਂ ਸੀਟਾਂ 'ਤੇ 27 ਜੁਲਾਈ ਨੂੰ ਉਪ ਚੋਣ ਕਰਵਾਈ ਜਾ ਰਹੀ ਹੈ। ਬਲਾਕ ਤਲਵਾੜਾ ਦੇ 13 ਪਿੰਡਾਂ 'ਚ ਪੰਚੀ ਲਈ 24 ਸੀਟਾਂ ਅਤੇ ਦੋ ਪਿੰਡਾਂ 'ਚ ਸਰਪੰਚੀ ਦੀ ਉਪ ਚੋਣ ਲਈ ਵੋਟਾਂ ਪੈਣੀਆਂ ਹਨ। ਬੀਡੀਪੀਓ ਤਲਵਾੜਾ ਬਿਕਰਮ ਸਿੰਘ ਨੇ ਦਸਿਆ ਕਿ ਉਪ ਚੋਣ ਲਈ ਬਾਅਦ ਦੁਪਹਿਰ ਤਿੰਨ ਵਜੇ ਤੱਕ ਪੰਚੀ



ਦੀ ਉਮੀਦਵਾਰੀ ਲਈ ਕੁੱਲ 26 ਅਤੇ ਸਰਪੰਚੀ ਲਈ 8 ਨਾਮਜ਼ਦਗੀਆਂ ਦਾਖਲ ਹੋਈਆਂ ਹਨ। ਗ੍ਰਾਮ ਸੇਵਕ ਰਣਜੀਤ ਸਿੰਘ ਨੇ ਦਸਿਆ ਕਿ ਪਿੰਡ ਹੀਰ ਬਹਿ, ਮੰਗੂ ਮੈਰਾ, ਚੱਕ ਬਰਿੰਗਲੀ, ਪਲਾਹੜਾ, ਪੱਤੀ ਕੈਰੀ, ਪੱਤੀ ਬਲਾਮ, ਦੇਪੁਰ ਅਤੇ ਪੱਤੀ ਲਾਖੜ ਪੱਲੀ 'ਚ ਇੱਕ-ਇੱਕ, ਪਿੰਡ ਗਵਾਲ ਚੱਕ ਸ਼ੰਗਾਰੂ ਅਤੇ ਭਡਿਆਰਾਂ 'ਚ ਦੋ-ਦੋ, ਭਟੇੜ 'ਚ ਚਾਰ ਅਤੇ ਖੁੰਡਿਆਲਾ ਦੀਆਂ ਪੰਜ ਸੀਟਾਂ 'ਤੇ ਪੰਚੀ ਦੀ ਉਪ ਚੋਣ ਹੋਣੀ ਹੈ। ਇਸੇ ਤਰ੍ਹਾਂ ਪਿੰਡ ਖੁੰਡਿਆਲਾ ਅਤੇ ਖਮਤਾ ਪੱਤੀ 'ਚ ਸਰਪੰਚੀ ਚੋਣ ਲਈ ਵੋਟਾਂ ਪੈਣੀਆਂ ਹਨ।ਬੀਡੀਪੀਓ ਹਾਜੀਪੁਰ ਸੁਖਪ੍ਰੀਤ ਸਿੰਘ ਨੇ ਦਸਿਆ ਕਿ ਪੰਚਾਇਤੀ ਉਪ ਚੋਣਾਂ ਲਈ ਬਲਾਕ ਦੇ ਸੱਤ ਪਿੰਡਾਂ 'ਚ ਪੰਚੀ ਲਈ ਉਪ ਚੋਣ ਹੋਣੀ ਹੈ। ਨਾਮਜ਼ਦਗੀਆਂ ਦਾਖਲ ਕਰਨ ਦੇ ਅੰਤਿਮ ਦਿਨ ਕੁੱਲ 10 ਨਾਮਜ਼ਦਗੀ ਪੱਤਰ ਦਾਖ਼ਲ ਹੋਏ ਹਨ। ਪਿੰਡ ਮਰੂਲਾ, ਸੈਦੋਂ, ਸਹੋੜਾ ਕੰਢੀ, ਸਿੰਘਪੁਰ ਜੱਟਾਂ, ਜਮਾਲਪੁਰ ਕਲਾਂ, ਧੀਰੋਵਾਲ ਅਤੇ ਜਮਾਲਪੁਰ 'ਚ ਇੱਕ ਇੱਕ ਸੀਟ 'ਤੇ ਪੰਚੀ ਦੀ ਉਪ ਚੋਣ ਲਈ ਵੋਟਿੰਗ ਹੋਣੀ ਹੈ। ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਕਮ ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਆਪਣੇ ਤਲਵਾੜਾ ਦੌਰੇ ਦੌਰਾਨ ਦਸਿਆ ਕਿ ਪਿਛਲੇ ਸਾਲ 15 ਅਕਤੂਬਰ ਨੂੰ ਗ੍ਰਾਮ ਪੰਚਾਇਤਾਂ ਦੀਆਂ ਹੋਈਆਂ ਚੋਣਾਂ ਤੋਂ ਬਾਅਦ ਹੁਸ਼ਿਆਰਪੁਰ 'ਚ ਸਰਪੰਚਾਂ ਦੀਆਂ 4 ਅਤੇ ਪੰਚਾਂ ਦੀਆ 151 ਅਸਾਮੀਆਂ ਖਾਲੀ ਰਹਿ ਗਈਆਂ ਸਨ। ਇਹ ਉਪ ਚੋਣਾਂ ਇਨ੍ਹਾਂ ਖਾਲੀ ਅਸਾਮੀਆਂ ਨੂੰ ਭਰਨ ਲਈ ਕਰਵਾਈਆਂ ਜਾ ਰਹੀਆਂ ਹਨ। ਇਨ੍ਹਾਂ ਚੋਣਾਂ ਲਈ ਨਾਮਜ਼ਦਗੀਆਂ ਦਾਖ਼ਲ ਕਰਨ ਦੀ ਤਰੀਕ 14 ਤੋਂ 17 ਜੁਲਾਈ ਸੀ।ਨਾਮਜ਼ਦਗੀ ਪੱਤਰਾਂ ਦੀ ਪੜਤਾਲ 18 ਜੁਲਾਈ ਨੂੰ ਕੀਤੀ ਜਾਵੇਗੀ। ਨਾਮ ਵਾਪਸ ਲੈਣ ਦੀ ਆਖਰੀ ਮਿਤੀ 19 ਜੁਲਾਈ ਦੁਪਹਿਰ ਤਿੰਨ ਵਜੇ ਤੱਕ ਹੈ। ਉਪ ਚੋਣ ਲਈ ਵੋਟਿੰਗ 27 ਤਰੀਕ ਨੂੰ ਹੋਵੇਗੀ। ਵੋਟਾਂ ਸਵੇਰੇ 8 ਵਜੇ ਤੋਂ ਸ਼ਾਮ 4 ਵਜੇ ਤੱਕ ਬੈਲਟ ਪੇਪਰਾਂ ਰਾਹੀਂ ਪਾਈਆਂ ਜਾਣਗੀਆਂ।

# ਜੰਡਿਆਲਾ ਲੋਕ ਭਲਾਈ ਮੰਚ ਨੇ ਸਮਾਜ ਸੇਵਾ ਦੇ ਪ੍ਰੋਜੈਕਟ ਵਿਚਾਰੇ



**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਜੰਡਿਆਲਾ ਮੰਜਕੀ ਦੇ ਪ੍ਰਸਿੱਧ ਗੈਰ-ਸਰਕਾਰੀ ਸਮਾਜ ਸੇਵੀ ਸੰਸਥਾ 'ਜੰਡਿਆਲਾ ਲੋਕ ਭਲਾਈ ਮੰਚ' ਦੀ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਮਾਸਟਰ ਸੁਖਜੀਤ ਸਿੰਘ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਪ੍ਰੋਜੈਕਟਾਂ ਦਾ ਲੇਖਾ-ਜੋਖਾ ਕੀਤਾ ਗਿਆ ਅਤੇ ਨਵੇਂ ਪ੍ਰੋਜੈਕਟਾਂ ਦੀ ਰੂਪ ਰੇਖਾ ਉਲੀਕੀ ਗਈ। ਪ੍ਰਧਾਨ ਮੱਖਣ ਲਾਲ ਪੱਲਣ ਅਤੇ ਜਨਰਲ ਸਕੱਤਰ ਤਰਸੇਮ ਸਿੰਘ ਨੇ ਦੱਸਿਆ ਕਿ ਮੰਚ ਦੇ ਪ੍ਰਬੰਧ ਹੇਠ ਚੱਲ ਰਹੇ ਰਿਪਬਲਿਕ ਹਾਈ ਸਕੂਲ ਬਾਰੇ, ਆ ਰਹੇ ਵਿਸ਼ਾਲ ਅੱਖਾਂ ਦੇ ਕੈਂਪ ਅਤੇ ਵਣ-ਮਹਾਂਉਤਸਵ ਮੌਕੇ ਵੱਖ-ਵੱਖ ਥਾਵਾਂ ਤੇ ਰੁੱਖ ਲਗਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਸੰਸਥਾ ਦਾ ਇਕ ਪ੍ਰੋਜੈਕਟ ਹਰ ਸਾਲ ਅੱਖਾਂ ਦੇ ਮਰੀਜ਼ਾ ਦਾ ਚੈਕ-ਅੱਪ ਕਰਕੇ ਲੋੜਵੰਦਾਂ ਦੀਆਂ ਅੱਖਾਂ ਵਿੱਚ ਲੈਨਜ਼ ਪਾਉਣਾ ਹੈ।ਇਸ ਵਾਰ 16 ਵਾਂ ਕੈਂਪ 19 ਅਕਤੂਬਰ ਨੂੰ ਲਗਾਉਣ ਦਾ ਫੈਸਲਾ ਕੀਤਾ ਗਿਆ ਹੈ।ਜਿਨ੍ਹਾਂ ਮਰੀਜ਼ਾਂ ਦੀਆਂ ਅੱਖਾਂ ਵਿੱਚ ਲੈਨਜ਼ ਪਾਉਣ ਦੀ ਲੋੜ ਹੋਵੇਗੀ, ਉਨ੍ਹਾਂ ਨੂੰ 20,21 ਅਤੇ 22 ਅਕਤੂਬਰ ਨੂੰ ਜਲੰਧਰ ਦੇ 'ਔਕੂਲਸ ਅੱਖਾਂ ਦਾ ਹਸਪਤਾਲ' ਲਿਜਾ ਕੇ ਮੁਫਤ ਲੈਨਜ਼ ਪਾਏ ਜਾਣਗੇ।ਜੰਡਿਆਲਾ ਤੋਂ ਜਲੰਧਰ ਲਿਜਾਣ ਅਤੇ ਵਾਪਸ ਲਿਆਉਣ ਲਈ ਵਾਹਨਾਂ ਦਾ ਪ੍ਰਬੰਧ ਸੰਸਥਾ ਵਲੋਂ ਕੀਤਾ ਜਾਵੇਗਾ।ਇਸ ਮੌਕੇ ਸਕੱਤਰ ਸੁਰਜੀਤ ਸਿੰਘ, ਕਾਮਰੇਡ ਵਿਜੈ ਧਰਨੀ, ਮਾਸਟਰ ਜਸਵਿੰਦਰ ਸਿੰਘ, ਇੰਜੀਨੀਅਰ ਜੋਗਿੰਦਰ ਸਿੰਘ, ਨਰਿੰਦਰ ਕੁਮਾਰ ਗੋਗਨਾ, ਭੁਪਿੰਦਰ ਸਿੰਘ, ਸੱਤਪਾਲ ਗਾਬਾ, ਇੰਜੀਨੀਅਰ ਮੁਖਤਿਆਰ ਸਿੰਘ, ਸੁਖਵਿੰਦਰ ਸਿੰਘ, ਕਾਮਰੇਡ ਕੁਲਵੰਤ ਸਿੰਘ, ਮੱਖਣ ਸਿੰਘ ਜੌਹਲ, ਗੁਰਚੇਤਨ ਸਿੰਘ ਜੌਹਲ,ਰਣਧੀਰ ਸਿੰਘ ਗੁਜਰਾਲ, ਮੁਹੰਮਦ ਬੂਟਾ ਆਦਿ ਵੀ ਹਾਜ਼ਰ ਸਨ।

## ਡਾ. ਸੁਖਦੇਵ ਸਿੰਘ ਖਾਲਸਾ ਦਾ ਸਨਮਾਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪ੍ਰਸਿੱਧ ਕਵੀ ਜੀਤ ਜਗਪਾਲ ਗਾਜੀਆਣਾ 'ਤੇ ਪ੍ਰਧਾਨ ਦਵਿੰਦਰ ਸਿੰਘ ਦੀਨਾ ਦੀ ਪ੍ਰਧਾਨਗੀ ਹੇਠ ਇਲਾਕੇ ਦੇ ਲੇਖਕਾਂ ਤੇ ਬੁੱਧੀਜੀਵੀਆਂ ਵੱਲੋਂ ਪੱਤਰਕਾਰ ਤੇ ਸਾਹਿਤਕਾਰ ਡਾ. ਸੁਖਦੇਵ ਸਿੰਘ ਖਾਲਸਾ ਦਾ ਸਨਮਾਨ ਕਰਨ ਹਿੱਤ ਇੱਕ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਰਚਾਇਆ ਗਿਆ।ਮੰਚ ਸੰਚਾਲਨ ਦੌਰਾਨ ਫੌਜਾ ਸਿੰਘ ਦੇ ਅਕਾਲ ਚਲਾਣਾ ਕਰ ਜਾਣ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਲੇਖਕ ਯਸ਼ ਪੱਤੋ ਨੇ ਡਾ. ਸੁਖਦੇਵ ਸਿੰਘ ਖਾਲਸਾ ਬਾਰੇ ਆਖਿਆ ਕਿ ਡਾ. ਖਾਲਸਾ ਪੱਤਰਕਾਰੀ ਤੇ ਪੰਜਾਬੀ ਸਾਹਿਤ ਦੇ ਖੇਤਰ 'ਚ ਸ਼ਾਨਦਾਰ ਸੇਵਾਵਾਂ ਨਿਭਾਅ ਕੇ ਜਸ ਖੱਟ ਰਹੇ ਹਨ।ਉਨ੍ਹਾਂ ਕਿਹਾ ਕਿ ਅਜੋਕੇ ਦੌਰ ਦੇ ਬਹੁਤ ਸਾਰੇ ਲੋਕ ਜਿੱਥੇ ਪੜ੍ਹ-ਲਿਖ ਕੇ ਆਪਣੀ ਬੋਲੀ, ਆਪਣੇ ਸੱਭਿਆਚਾਰ ਤੋਂ ਹੀ ਮੂੰਹ ਫੇਰ ਲੈਂਦੇ ਹਨ, ਉੱਥੇ ਡਾ. ਸੁਖਦੇਵ ਸਿੰਘ ਖਾਲਸਾ ਨੇ ਆਪਣੇ ਡਾਕਟਰੀ ਦੇ ਕਿੱਤੇ 'ਚ ਇੱਕ ਨਵੀਂ ਪਿਰਤ ਪਾਉਂਦਿਆਂ ਇਲੈਕਟ੍ਰੋਹੋਮਿਓਪੈਥਿਕ ਮੈਟੀਰੀਆ ਮੈਡੀਕਾ ਨਾਮੀ ਪੁਸਤਕ ਦੀ ਸਿਰਜਣਾ ਪੰਜਾਬੀ ਜ਼ੁਬਾਨ 'ਚ ਕਰਕੇ ਆਪਣੀ ਮਾਂ ਬੋਲੀ ਪੰਜਾਬੀ ਪ੍ਰਤੀ ਆਪਣੇ ਬਣਦੇ ਫ਼ਰਜ਼ਾਂ ਨੂੰ ਵੀ ਬਾਖ਼ੂਬੀ ਨਿਭਾਇਆ ਹੈ।ਪ੍ਰਧਾਨ ਦਵਿੰਦਰ ਸਿੰਘ ਦੀਨਾ ਨੇ ਸੁਖਦੇਵ ਸਿੰਘ ਖਾਲਸਾ ਨੂੰ ਪੰਜਾਬੀ ਮਾਂ ਬੋਲੀ ਦਾ ਸੱਚਾ ਸਪੂਤ ਗਰਦਾਨਿਆ।ਉੱਘੇ ਕਵੀ ਜੀਤ ਜਗਪਾਲ ਗਾਜੀਆਣਾ ਨੇ ਆਖਿਆ ਕਿ ਸਾਹਿਤਕਾਰ ਤੇ ਸਮਾਜ ਦੇ ਦਾਨਸ਼ਮੰਦ ਲੋਕਾਂ ਦੇ ਮਾਣ ਸਨਮਾਨ ਹੁੰਦੇ ਰਹਿਣੇ ਚਾਹੀਦੇ ਹਨ ਤਾਂ ਜੁ ਇਨ੍ਹਾਂ ਦਾ ਸਤਿਕਾਰ ਹੁੰਦਾ ਦੇਖ ਕੇ ਪੰਜਾਬੀ ਬੋਲੀ ਦੇ ਹੋਰ ਵੀ ਕਦਰਦਾਨ ਪੈਦਾ ਹੋ ਸਕਣ। ਇਸ ਸਮੇਂ ਸੁਖਦੇਵ ਸਿੰਘ ਖਾਲਸਾ ਦਾ ਬਿਹਤਰੀਨ ਟਰਾਫੀ ਤੇ ਸਿਰੋਪਾਓ ਦੇ ਕੇ ਸਨਮਾਨ ਕੀਤਾ ਗਿਆ।

## ਅੱਖਾਂ ਦਾ ਚੈੱਕਅਪ ਤੇ ਅਪ੍ਰੇਸ਼ਨ ਕੈਂਪ ਭਲਕੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)** ਪੁਨਰਜੋਤੀ ਆਈ-ਡੋਨੇਸ਼ਨ ਸੁਸਾਇਟੀ ਵੱਲੋਂ ਸ੍ਰੀ ਮਹੰਤ ਰਾਮ ਨਰਾਇਣ ਗਿਰੀ, ਤ੍ਰਿਵੇਣੀ ਗਿਰੀ ਆਸ਼ਰਮ ਵਾਲੇ ਦੇ ਅਸ਼ੀਰਵਾਦ ਨਾਲ ਸਵਾ: ਮਦਨ ਲਾਲ (ਖੇਤਰ ਵਾਲੇ) ਦੀ ਯਾਦ ਵਿੱਚ ਉਨ੍ਹਾਂ ਦੇ ਸਪੁੱਤਰ ਲਾਇਨ ਪਵਨ ਕੁਮਾਰ ਵੱਲੋਂ 130ਵਾਂ ਅੱਖਾਂ ਦਾ ਚੈੱਕਅਪ ਤੇ ਅਪ੍ਰੇਸ਼ਨ ਕੈਂਪ 20 ਜੁਲਾਈ ਨੂੰ ਸਵੇਰੇ 9 ਵਜੇ ਤੋਂ 1 ਵਜੇ ਤੱਕ ਸਥਾਨ ਸੰਤ ਤ੍ਰਿਵੇਣੀ ਗਿਰੀ ਪੁਨਰਜੋਤੀ ਆਈ ਹਸਪਤਾਲ, ਬੱਸ ਸਟੈਂਡ ਰੋਡ, ਨੇੜੇ ਨਗਰ ਕੌਂਸਲ ਦਫਤਰ ਵਿਖੇ ਲਾਇਆ ਜਾ ਰਿਹਾ ਹੈ।ਕੈਂਪ ਦੇ ਮੁੱਖ ਮਹਿਮਾਨ ਨਿਰੰਦ ਕੁਮਾਰ ਚੌਧਰੀ ਰਿਟਾਇਰਡ ਪੀ ਪੀ ਐਸ, ਐਸ ਪੀ ਹੋਣਗੇ।ਸੰਸਥਾ ਦੇ ਮੁੱਖ ਸੇਵਾਦਾਰ ਰਾਕੇਸ਼ ਕੁਮਾਰ ਨੇ ਦੱਸਿਆ ਕਿ ਕੈਂਪ ਵਿੱਚ ਅੱਖਾਂ ਦੇ ਅਪਰੇਸ਼ਨ (ਲੈਂਜ) ਤੇ ਦਵਾਈਆਂ ਬਿਲਕੁਲ ਮੁਫ਼ਤ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਜੋ ਮਰੀਜ਼ ਅਪ੍ਰੇਸ਼ਨ ਲਈ ਚੁਣੇ ਜਾਣਗੇ, ਉਨ੍ਹਾਂ ਦਾ ਸਾਰਾ ਇਲਾਜ ਹਸਪਤਾਲ ਸੁਸਾਇਟੀ ਵੱਲੋਂ ਕੀਤਾ ਜਾਵੇਗਾ, ਜਿਸ ਵਿੱਚ ਅਪ੍ਰੇਸ਼ਨ ਦਵਾਈਆਂ, ਕਾਲੀਆਂ ਐਨਕਾਂ ਤੇ ਖਾਣਾ ਆਦੀ ਸ਼ਾਮਲ ਹਨ।ਮਰੀਜ਼ ਆਪਣਾ ਪਛਾਣ ਪੱਤਰ ਵੋਟਰ ਕਾਰਡ, ਡਰਾਈਵਿੰਗ ਲਾਇਸੈਂਸ ਜ਼ਰੂਰ ਲੈ ਕੇ ਆਉਣ।

## ਸਰਾਭਾ ਵੈੱਲਫੇਅਰ ਟਰੱਸਟ ਵੱਲੋਂ 21 ਪ੍ਰਿੰਸੀਪਲਾਂ ਤੇ 36 ਅਧਿਆਪਕਾਂ ਦਾ ਸਨਮਾਨ



**ਪਟਿਆਲਾ (ਭੁਪਿੰਦਰਜੀਤ ਮੌਲਵੀਵਾਲਾ)**-ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਵੱਲੋਂ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਦੀ ਅਗਵਾਈ ਵਿੱਚ ਹੋਣਹਾਰ ਵਿਦਿਆਰਥੀਆਂ ਅਤੇ ਅਧਿਆਪਕ ਸਨਮਾਨ ਸਮਾਰੋਹ ਆਡੀਟੋਰੀਅਮ ਮੁਲਤਾਨੀ ਮੱਲ ਮੋਦੀ ਕਾਲਜ ਪਟਿਆਲਾ ਵਿਖੇ ਕਰਵਾਇਆ ਗਿਆ।ਸਨਮਾਨ ਸਮਾਰੋਹ ਦੌਰਾਨ ਜ਼ਿਲ੍ਹੇ ਦੇ ਸਾਰੇ ਸਰਕਾਰੀ ਸਕੂਲਾਂ ਦੇ ਜਮਾਤ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਵਿੱਚੋਂ ਮੈਰਿਟ ਪ੍ਰਾਪਤ ਕਰਨ ਵਾਲੇ 29 ਹੋਣਹਾਰ ਵਿਦਿਆਰਥੀਆਂ, ਉਨ੍ਹਾਂ ਦੇ 36 ਅਧਿਆਪਕਾਂ ਅਤੇ 21 ਪ੍ਰਿੰਸੀਪਲਾਂ ਦਾ ਸਨਮਾਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਮੋਦੀ ਕਾਲਜ ਦੇ ਪ੍ਰਿੰਸੀਪਲ ਡਾ ਨੀਰਜ ਗੋਇਲ ਤੇ ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਆਏ ਮਹਿਮਾਨਾਂ ਨੂੰ ਇੰਡੋਰ ਬੂਟੇ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ।ਮੁੱਖ ਮਹਿਮਾਨਾਂ ਵੱਲੋਂ ਸ਼ਮਾਂ ਰੌਸ਼ਨ ਕਰਕੇ ਸਮਾਰੋਹ ਦੀ ਸ਼ੁਰੂਆਤ ਕੀਤੀ ਗਈ। ਟਰੱਸਟ ਦੇ ਪ੍ਰਧਾਨ ਅਕਸ਼ੈ ਕੁਮਾਰ ਖਨੌਰੀ ਨੇ ਸਵਾਗਤੀ ਭਾਸ਼ਣ ਵਿੱਚ ਕਿਹਾ ਕਿ ਟਰੱਸਟ ਦਾ ਉਦੇਸ਼ ਵਿਸ਼ੇਸ਼ ਤੌਰ 'ਤੇ ਵਿਦਿਆਰਥੀਆਂ ਅੰਦਰ ਛਿਪੀ ਹੋਈ ਪ੍ਰਤਿਭਾ ਨੂੰ ਬਾਹਰ ਕੱਢਣਾ ਤੇ ਹੋਣਹਾਰ ਵਿਦਿਆਰਥੀਆਂ ਨੂੰ ਉਤਸ਼ਾਹਤ ਕਰਨਾ ਵੀ ਹੈ।ਪੰਜਾਬ ਭਵਨ ਸਰੀ ਕੈਨੇਡਾ ਦੇ ਸੰਸਥਾਪਕ ਸੁੱਖੀ ਬਾਠ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਮਾਜ ਵਿੱਚ ਨਾਂਪੱਖੀ ਸੋਚ ਖਤਮ ਕਰਨ ਦੀ ਲੋੜ ਹੈ ਤੇ ਮਾਂ ਬੋਲੀ ਪੰਜਾਬੀ ਨੂੰ ਅੱਜ ਦੇ ਸਮੇਂ ਪ੍ਰਫੁੱਲਤ ਕਰਨ ਦੀ ਵਧੇਰੇ ਲੋੜ ਹੈ।ਉਨ੍ਹਾਂ ਨੇ ਟਰੱਸਟ ਦੇ ਇਸ ਪ੍ਰੋਗਰਾਮ ਸੰਬੰਧੀ ਟਰੱਸਟ ਨੂੰ ਜਿੱਥੇ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਸ਼ਹੀਦਾਂ ਦੀ ਵਿਚਾਰਧਾਰਾ ਤੇ ਚੱਲਣ ਲਈ ਪ੍ਰੇਰਿਆ।ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਨਵੰਬਰ ਮਹੀਨੇ ਵਿੱਚ 'ਨਵੀਆਂ ਕਲਮਾਂ ਨਵੀਂ ਉਡਾਣ' ਪ੍ਰੋਜੈਕਟ ਤਹਿਤ ਵਿਸ਼ਵ ਬਾਲ ਲੇਖਕਾਂ ਦੀ ਪਹਿਲੀ ਕਾਨਫਰੰਸ ਪੰਜਾਬ ਦੀ ਧਰਤੀ ਤੇ ਕੀਤੀ ਗਈ ਸੀ।ਮੁੱਖ ਮਹਿਮਾਨ ਵਜੋਂ ਪੁੱਜੇ ਪ੍ਰਸਿੱਧ ਸਮਾਜ ਸੇਵਕ ਰਾਜੀਵ ਬਾਂਸਲ, ਉਪ ਜ਼ਿਲ੍ਹਾ ਸਿੱਖਿਆ ਅਫਸਰ ਡਾ ਰਵਿੰਦਰਪਾਲ ਸਿੰਘ ਤੇ ਡੀ.ਐਸ.ਪੀ ਡਾ. ਮਨੋਜ ਗੋਰਸੀ ਨੇ ਕਿਹਾ ਕਿ ਵਿਦਿਆਰਥੀ ਵਧਾਈ ਦੇ ਪਾਤਰ ਹਨ, ਜੋ ਮੈਰਿਟ ਵਿੱਚ ਆਏ ਹਨ ਤੇ ਅੱਗੇ ਮਿਹਨਤ ਕਰਕੇ ਵੱਧ ਤੋਂ ਵੱਧ ਪ੍ਰਾਪਤ ਕਰਨ।ਇਸ ਮੌਕੇ ਰੀਟਾਇਰਡ ਪ੍ਰਿੰਸੀਪਲ ਅਜੀਤ ਸਿੰਘ ਭੱਟੀ ਤੇ ਚੇਅਰਮੈਨ ਮਾਰਕੀਟ ਕਮੇਟੀ ਡਕਾਲਾ ਹਨੀ ਮਾਹਲਾ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਮਾਤਾ-ਪਿਤਾ ਅਤੇ ਅਧਿਆਪਕਾਂ ਦੀ ਇੱਜ਼ਤ ਕਰਨੀ ਚਾਹੀਦੀ ਹੈ।ਪੰਜਾਬ ਰੰਗਰ ਮਿੱਲ ਐਸੋਸੀਏਸ਼ਨ ਦੇ ਪ੍ਰਧਾਨ ਤਰਸੇਮ ਲਾਲ ਮਿੱਤਲ, ਡਾ ਕਰਮਿੰਦਰ ਸਿੰਘ ਸੋਹਲ, ਓਂਕਾਰ ਸਿੰਘ ਤੇਜੇ ਪ੍ਰੋਜੈਕਟ ਇੰਚਾਰਜ ਨੇ ਵੀ ਸੰਬੋਧਨ ਕੀਤਾ।ਸਕੂਲ ਆਫ ਐਮੀਨੈਂਸ ਫ਼ੀਲਖਾਨਾ ਦੀ ਵਿਦਿਆਰਥਣ ਪੂਨਮ, ਹਰਗੁਣ ਕੌਰ, ਮਨਜੋਤ ਕੌਰ ਤੇ ਵਿਦਿਆਰਥੀ ਹਾਈ ਸਕੂਲ ਨੇਠ ਕਲਾਂ ਦੇ ਵਿਦਿਆਰਥੀਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ ਗਈ।

## ਬਾਬਾ ਮੋਨੀ ਜੀ ਕਾਲਜ 'ਚ ਵਿਦਿਆਰਥੀਆਂ ਦੀ ਗਣਿਤ ਦੀ ਗਤੀਵਿਧੀ ਹੋਈ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਵਿੱਚ ਪੜ੍ਹਾਈ ਦੇ ਨਾਲ-ਨਾਲ ਸਮੇਂ-ਸਮੇਂ 'ਤੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਲਈ ਵੱਖ-ਵੱਖ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਕਾਲਜ ਵਿੱਚ ਗਣਿਤ ਦੀ ਬੜੀ ਹੀ ਰੋਚਕ ਅਤੇ ਗਿਆਨ ਨੂੰ ਵਧਾਉਣ ਵਾਲੀ ਗਤੀਵਿਧੀ ਵਿਦਿਆਰਥੀਆਂ ਵੱਲੋਂ ਅਧਿਆਪਕਾਂ ਦੇ ਸਹਿਯੋਗ ਨਾਲ 'ਡਾਇਗਨਲ ਮੂਵ ਰਿਪਲੇਸਮੈਂਟ' ਐਕਟੀਵਿਟੀ ਕਰਵਾਈ ਗਈ। ਜਿਸ ਵਿੱਚ ਵਿਦਿਆਰਥੀਆਂ ਨੇ ਵਧ ਚੜ੍ਹ ਕੇ ਹਿੱਸਾ ਲਿਆ। ਇਹ ਗਤੀਵਿਧੀ ਵਿਦਿਆਰਥੀਆਂ ਦੇ ਪੜ੍ਹਾਈ ਦੇ ਨਾਲ ਨਾਲ ਉਹਨਾਂ ਨੂੰ ਵਧਾਉਣ ਦੇ ਨਾਲ-ਨਾਲ ਮਾਨਸਿਕ ਪੱਧਰ ਦੇ ਵਿਕਾਸ ਵਿੱਚ ਵਾਧਾ ਕਰਦੀ ਹੈ। ਇਸ ਗਤੀਵਿਧੀ ਵਿੱਚ ਪੰਜਾਬ ਦੇ ਹੋਰ ਕਾਲਜਾਂ ਨੇ ਵੀ ਵਧ ਚੜ੍ਹ ਕੇ ਹਿੱਸਾ ਲਿਆ। ਜਿਸ ਵਿੱਚੋਂ ਕਾਲਜ ਦੇ ਵਿਦਿਆਰਥੀ ਅਨੁਰੀਤ ਮਹਿਰਾ, ਰਜਨੀਤ ਕੌਰ ਅਤੇ ਬਲਜੋਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਕਾਲਜ ਵੱਲੋਂ ਇਨਾਮ ਅਤੇ ਸਰਟੀਫਿਕੇਟ ਦਿੱਤੇ ਗਏ। ਵਿਦਿਆਰਥੀਆਂ ਦੀ ਬੇਨਤੀ ਸਵੀਕਾਰ ਕਰਦਿਆਂ ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਨਵਦੀਪ ਸ਼ਰਮਾ ਪ੍ਰੋ. ਨਵਜੋਤ ਕੌਰ ਅਤੇ ਹੋਰਨਾਂ ਅਧਿਆਪਕਾਂ ਨੇ ਅੱਗੇ ਵੀ ਹੋਰ ਗਤੀਵਿਧੀਆਂ ਕਰਵਾਉਣ ਦਾ ਵਾਅਦਾ ਕੀਤਾ।

## ਵਿਸ਼ਾਲ ਖੂਨਦਾਨ ਕੈਂਪ ਦਾ ਆਯੋਜਨ



**ਜਗਰਾਉਂ (ਅਮਿਤ ਖੰਨਾ)**-ਸ੍ਰੀ ਰੂਪਚੰਦ ਐਸ.ਐਸ ਜੈਨ ਬਿਰਾਦਰੀ ਤੇ ਸ੍ਰੀ ਰੂਪਚੰਦ ਜੈਨ ਯੁਵਕ ਮੰਡਲ ਨੇ ਅਮਰ ਸ਼ਹੀਦ ਲਾਲਾ ਜਗਤ ਨਾਰਾਇਣ ਜੀ ਦੇ ਸ਼ਹੀਦੀ ਦਿਵਸ ਮੌਕੇ ਸ੍ਰੀ ਰੂਪਚੰਦ ਜੈਨ ਸਮਾਧੀ ਸਥਲ ਵਿਖੇ ਵਿਸ਼ਾਲ ਖੂਨਦਾਨ ਕੈਂਪ ਦਾ ਆਯੋਜਨ ਕੀਤਾ।ਇਸ ਦੌਰਾਨ ਲੋਕਾਂ ਨੇ 113 ਯੂਨਿਟ ਖੂਨਦਾਨ ਕੀਤਾ ਤੇ ਅਮਰ ਸ਼ਹੀਦ ਲਾਲਾ ਜਗਤ ਨਾਰਾਇਣ ਜੀ ਨੂੰ ਸ਼ਰਧਾਂਜਲੀ ਭੇਟ ਕੀਤੀ।ਮੁੱਖ ਮਹਿਮਾਨ ਪੰਜਾਬ ਕੇਸਰੀ ਗਰੁੱਪ ਦੇ ਮੁੱਖ ਸੰਪਾਦਕ ਸ੍ਰੀ ਵਿਜੇ ਚੋਪੜਾ ਦੇ ਪਹੁੰਚਣ 'ਤੇ ਸ੍ਰੀ ਰੂਪਚੰਦ ਐਮ.ਐਸ. ਜੈਨ ਦੇ ਪ੍ਰਧਾਨ ਤਰੁਣ ਜੈਨ, ਮੀਤ ਪ੍ਰਧਾਨ ਨੀਰਜ ਜੈਨ, ਸਕੱਤਰ ਧਰਮਪਾਲ ਜੈਨ, ਸੰਯੁਕਤ ਸਕੱਤਰ ਯੋਗੇਸ਼ ਜੈਨ, ਕੈਸ਼ੀਅਰ ਵਿਜੇ ਜੈਨ, ਸਾਬਕਾ ਪ੍ਰਧਾਨ ਰਮੇਸ਼ ਕੁਮਾਰ ਜੈਨ, ਸਾਬਕਾ ਪ੍ਰਧਾਨ ਰਾਕੇਸ਼ ਜੈਨ, ਰਵਿੰਦਰ ਕੁਮਾਰ ਜੈਨ, ਨੀਰਜ ਜੈਨ, ਪੰਪੀ ਜੈਨ, ਮਨਜੀਵ ਜੈਨ, ਇਸ ਮੌਕੇ ਵਿਸ਼ੇਸ਼ ਤੌਰ 'ਤੇ ਸੈਕਟਰੀ ਕੇਤਨ ਜੈਨ, ਗੌਰਵ ਜੈਨ, ਪੰਕਜ ਜੈਨ, ਸੈਕਟਰੀ ਸਨੀ ਜੈਨ, ਕੈਸ਼ੀਅਰ ਰਿਸ਼ਭ ਜੈਨ, ਜੁਆਇੰਟ ਸੈਕਟਰੀ ਕੇਤਨ ਜੈਨ, ਗੌਰਵ ਜੈਨ, ਪੰਕਜ ਜੈਨ, ਐਡਵੋਕੇਟ ਵੈਭਵ ਜੈਨ, ਸੌਰਭ ਜੈਨ, ਸੁਮਿਤ ਜੈਨ, ਗੌਰਵ ਗੁਪਤਾ, ਰੋਹਿਤ ਜੈਨ, ਮਿਲਿਨ ਜੈਨ, ਯਸ਼ਿਨ ਜੈਨ, ਹਿਮਾਂਸ਼ੂ ਜੈਨ, ਮਲਹਮ ਜੈਨ, ਮਲਿਕਾ ਜੈਨ, ਦੇਵਤਾ ਜੈਨ, ਮੇਧਾ ਜੈਨ, ਪੂਰਨਾ ਜੈਨ, ਜੋਸ਼ਿਤਾ ਗਰਗ, ਵਿਧੀ ਜੈਨਸ੍ਰੀ ਵਿਜੇ ਚੋਪੜਾ ਨੇ ਖੂਨਦਾਨੀਆਂ ਨੂੰ ਸ਼ੋਪ ਦੇ ਕੇ ਉਤਸ਼ਾਹਤ ਕੀਤਾ ਤੇ ਕਿਹਾ ਕਿ ਅੱਜ ਔਰਤਾਂ ਵਿੱਚ ਖੂਨਦਾਨ ਕਰਨ ਦਾ ਜੋਸ਼ ਦੇਖਣ ਨੂੰ ਮਿਲਿਆ, ਜੋ ਸ਼ਲਾਘਾਯੋਗ ਹੈ।ਪੰਜਾਬ ਤੇ ਹੋਰ ਰਾਜਾਂ ਵਿੱਚ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਸੇਵਾ ਦੇ ਕਈ ਕੰਮ ਕਰ ਰਹੀਆਂ ਹਨ, ਜਿਸ ਤਹਿਤ ਲੋੜਵੰਦਾਂ ਨੂੰ ਰਾਸ਼ਨ ਵੰਡਣ ਦੇ ਨਾਲ-ਨਾਲ ਲੜਕੀਆਂ ਨੂੰ ਆਤਮ ਨਿਰਭਰ ਬਣਾਉਣ ਲਈ ਸਿਲਾਈ ਸਕੂਲ, ਕੰਪਿਊਟਰ ਸੈਂਟਰ, ਬਿਊਟੀਸ਼ੀਅਨ ਅਕੈਡਮੀਆਂ ਵੀ ਚਲਾਈਆਂ ਜਾ ਰਹੀਆਂ ਹਨ। ਇਸ ਦੇ ਨਾਲ ਹੀ ਸਮਾਜ ਸੇਵੀ ਅਤੇ ਸੰਸਥਾਵਾਂ ਸੋਪਾਵਤ ਖੇਤਰਾਂ ਦੇ ਪ੍ਰਭਾਵਿਤ ਪਰਿਵਾਰਾਂ ਲਈ ਰਾਹਤ ਸਮੱਗਰੀ ਭੇਜ ਰਹੀਆਂ ਹਨ, ਜੋ ਦੇਸ਼ ਦੀ ਸੱਚੀ ਸੇਵਾ ਹੈ।

## ਵਿੱਕੀ ਘਨੌਰ ਵੱਲੋਂ ਸਿਵਲ ਹਸਪਤਾਲ ਤੇ ਸੀ ਐੱਚ ਸੀ ਦਾ ਅਚਨਚੇਤ ਦੌਰਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਰੰਗਲਾ ਤੇ ਸਿਹਤਮੰਦ ਪੰਜਾਬ ਬਣਾਉਣ ਲਈ ਕੀਤੇ ਗਏ ਇਤਿਹਾਸਕ ਫੈਸਲਿਆਂ ਸਦਕਾ ਪੰਜਾਬ ਦੇ ਲੋਕਾਂ ਨੂੰ ਬਿਹਤਰ ਸਿਹਤ ਸੁਵਿਧਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ।ਇਹ ਪ੍ਰਗਟਾਵਾ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਉਪ ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਤੇ ਸੀਐਚਸੀ ਬਸੀ ਪਠਾਣਾ ਵਿਖੇ ਅਚਨਚੇਤ ਦੌਰਾ ਕਰਨ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ, ਸਰਕਾਰੀ ਸਿਹਤ ਸੰਸਥਾਵਾਂ 'ਚ ਸੁਧਾਰ ਕਰਕੇ ਆਮ ਲੋਕਾਂ ਨੂੰ ਪ੍ਰਾਈਵੇਟ ਹਸਪਤਾਲਾਂ ਦੇ ਮਹਿੰਗੇ ਇਲਾਜ ਤੋਂ ਬਚਾਅ ਰਹੀ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਵੱਲੋਂ ਪਿਛਲੇ ਦਿਨੀ ਪੰਜਾਬ ਦੀ ਜਨਤਾ ਨੂੰ ਵੱਡੀ ਸੌਗਾਤ ਦਿੰਦਿਆਂ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਲਈ ਮੁੱਖ ਮੰਤਰੀ ਹੈਲਥ ਬੀਮਾ ਯੋਜਨਾ ਸ਼ੁਰੂ ਕੀਤੀ ਗਈ ਹੈ, ਜਿਸ ਦਾ ਲਾਭ ਪੰਜਾਬ ਦੇ ਲੋਕ ਆਧਾਰ ਕਾਰਡ ਜ਼ਰੀਏ ਲੈ ਸਕਣਗੇ।ਉਨ੍ਹਾਂ ਦੱਸਿਆ ਕਿ ਆਮ ਆਦਮੀ ਕਲੀਨਿਕ, ਜਿਨ੍ਹਾਂ 'ਚ ਪਹਿਲਾਂ ਓਪੀਡੀ, ਦਵਾਈਆਂ ਤੇ ਟੈਸਟ ਮੁਫ਼ਤ ਕੀਤੇ ਜਾ ਰਹੇ ਹਨ, ਜਿਥੇ ਹੁਣ ਗਰਭਵਤੀ ਮਹਿਲਾਵਾਂ ਦੀ ਜਣੇਪੇ ਤੋਂ ਪਹਿਲਾਂ ਸਾਂਭ-ਸੰਭਾਲ ਦੀਆਂ ਸੇਵਾਵਾਂ ਵੀ ਦੇਣੀਆਂ ਸ਼ੁਰੂ ਕੀਤੀਆਂ ਗਈਆਂ ਹਨ।ਉਪ ਚੇਅਰਮੈਨ ਨੇ ਸਿਵਲ ਹਸਪਤਾਲ ਫਤਹਿਗੜ੍ਹ ਸਾਹਿਬ ਤੇ ਬਸੀ ਪਠਾਣਾ ਵਿਖੇ ਮਰੀਜ਼ਾਂ ਨਾਲ ਗੱਲਬਾਤ ਕੀਤੀ ਤੇ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ।

ਉਪ ਚੇਅਰਮੈਨ ਵਿੱਕੀ ਘਨੌਰ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਜ਼ਮੀਨੀ ਪੱਧਰ 'ਤੇ ਪੰਜਾਬ ਦੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਮੁਹੱਈਆ ਕਰਾਉਣ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦਾ ਖਾਤਮਾ ਕਰਨ ਦੀ ਮੁਹਿੰਮ ਵੀ ਪੰਜਾਬ ਸਰਕਾਰ ਦੀ ਅਹਿਮ ਪ੍ਰਾਪਤੀ ਹੈ, ਜਿਸ ਤਹਿਤ ਪੀੜਤਾਂ ਨੂੰ ਨਸ਼ਿਆਂ ਦੀ ਦਲਦਲ ਵਿਚੋਂ ਕੱਢਣ ਲਈ ਨਸ਼ਾ ਮੁਕਤੀ ਤੇ ਮੁੜ ਵਸੇਬਾ ਕੇਂਦਰਾਂ 'ਚ ਮੁਫ਼ਤ ਇਲਾਜ ਮੁਹੱਈਆ ਕਰਾਇਆ ਜਾ ਰਿਹਾ ਹੈ।

## 2 ਕਰੋੜ ਦੀ ਧੋਖਾਧੜੀ ਦੇ ਮਾਮਲੇ 'ਚ ਚਾਰ ਵਿਅਕਤੀ ਨਾਮਜ਼ਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਦੀ ਇੱਕ ਫਰਮ ਤੋਂ ਮੰਗਵਾਏ 392 ਟਨ ਲੋਹੇ ਦੀ ਅਦਾਇਗੀ ਨਾ ਕਰਕੇ ਕਰੀਬ 2 ਕਰੋੜ ਰੁਪਏ ਦੀ ਧੋਖਾਧੜੀ ਕੀਤੇ ਜਾਣ ਦੇ ਕਥਿਤ ਮਾਮਲੇ 'ਚ ਮੰਡੀ ਗੋਬਿੰਦਗੜ੍ਹ ਪੁਲਿਸ ਵੱਲੋਂ ਚਾਰ ਵਿਅਕਤੀਆਂ ਨੂੰ ਨਾਮਜ਼ਦ ਕੀਤੇ ਜਾਣ ਦਾ ਸਮਾਚਾਰ ਹੈ।ਜ਼ਿਲ੍ਹਾ ਪੁਲਿਸ ਮੁਖੀ ਨੂੰ ਦਿੱਤੀ ਦਰਖਾਸਤ ਵਿੱਚ ਮੰਡੀ ਗੋਬਿੰਦਗੜ੍ਹ ਦੇ ਇੱਕ ਲੋਹਾ ਉਦਯੋਗ ਦੇ ਭਾਈਵਾਲ ਨੇ ਦੱਸਿਆ ਕਿ ਉਸ ਵੱਲੋਂ ਦੇ ਪ੍ਰੋਜੈਕਟ ਪ੍ਰੇਮ ਕੁਮਾਰ ਨੇ ਦੋਸ਼ ਲਾਏ ਸਨ ਕਿ ਕੋਲਕਾਤਾ ਦੀ ਇੱਕ ਕੰਪਨੀ ਉਨ੍ਹਾਂ ਤੋਂ 2022 ਤੋਂ ਮਾਲ ਲੋਹਾ ਖਰੀਦਦੀ ਆ ਰਹੀ ਸੀ, ਜੋ ਮਾਲ ਦੀ ਬਣਦੀ ਅਦਾਇਗੀ ਸਮੇਂ ਸਿਰ ਕਰ ਦਿੰਦੇ ਸਨ, ਜਿਸ ਕਰਕੇ ਉਨ੍ਹਾਂ ਦਾ ਉਕਤ ਮਾਲ ਮੰਗਵਾ ਰਹੇ ਵਿਅਕਤੀਆਂ ਤੇ ਵਿਸ਼ਵਾਸ ਬਣਿਆ ਹੋਇਆ ਸੀ, ਪਰ ਫਰਵਰੀ 2024 ਤੋਂ ਲੈ ਕੇ ਅਪ੍ਰੈਲ 2024 ਤੱਕ ਜੋ 392 ਟਨ ਮਾਲ ਲੋਹਾ ਮੰਗਵਾਇਆ ਗਿਆ, ਉਸ ਦੀ ਬਣਦੀ ਰਕਮ ਵਿਆਜ 2,00,55,605/- ਰੁਪਏ ਬਣਦੀ ਸੀ, ਜੋ ਨਾ ਅਦਾ ਕਰਕੇ ਉਕਤ ਵਿਅਕਤੀਆਂ ਵੱਲੋਂ ਉਹਨਾਂ ਨਾਲ ਧੋਖਾਧੜੀ ਕੀਤੀ ਗਈ ਹੈ।ਦਰਖਾਸਤ ਦੀ ਪੜਤਾਲ ਉਪਰੰਤ ਤਪਸ ਸਾਹਾ, ਸੰਦੀਪ ਰਾਏ, ਜਿਅੰਤਾ ਕੁਮਾਰ ਵਾਸੀ ਬਠਿੰਡਾ, ਸੁਦੀਪਤੋ ਦਾਸ ਵਾਸੀ ਆਂਧਰਾ ਪ੍ਰਦੇਸ਼ ਹਾਲ ਵਾਸੀ ਪਾਣੀਪਤ ਵਿਰੁੱਧ ਅ/ਧ 316(2), 318(4) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਿਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਖੇਡ ਸਟੇਡੀਅਮ ਬਣਨ ਦੀ ਲਿਸਟ 'ਚ ਪਿੰਡ ਮਾੜੀ ਮੁਸਤਫਾ ਦਾ ਨਾਂਅ ਆਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਪਿੰਡ ਮਾੜੀ ਮੁਸਤਫ਼ਾ, ਜੋ ਹਲਕਾ ਬਾਘਾ ਪੁਰਾਣਾ ਦੇ ਅਧੀਨ ਪੈਂਦਾ ਹੈ, ਦਾ ਨਾਂਅ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਵੱਲੋਂ ਪਿੰਡਾਂ ਅੰਦਰ ਖੇਡ ਸਟੇਡੀਅਮ ਬਣਾਉਣ ਦੀ ਜੋ ਲਿਸਟ ਜਾਰੀ ਕੀਤੀ ਗਈ ਹੈ, ਵਿੱਚ ਆਉਣ ਦੇ ਬਾਅਦ ਪਿੰਡ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ, ਜਿਸ 'ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੇ ਖਾਸ ਵਿਸ਼ਵਾਸਪਾਤਰ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੋਨੀ ਧਾਲੀਵਾਲ ਤੇ ਪਿੰਡ ਦੇ ਸਰਪੰਚ ਗੁਰਚੇਤ ਸਿੰਘ ਪੰਚ ਭਜਨ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਧੰਨਵਾਦ ਕਰਦਿਆਂ ਆਖਿਆ ਕਿ ਇਹ ਪਿੰਡ ਵਾਸੀਆਂ ਨੂੰ ਖਾਸ ਤੋਹਫਾ ਹਲਕਾ ਵਿਧਾਇਕ ਸਿੰਘ ਸੁਖਾਨੰਦ ਦੇ ਸਦਕਾ ਹੀ ਮਿਲਿਆ ਹੈ, ਜਿਸ ਲਈ ਸਿਰਫ਼ ਉਹ ਹੀ ਨਹੀਂ, ਸਗੋਂ ਪਿੰਡ ਦੀ ਸਮੁੱਚੀ ਪੰਚਾਇਤ ਤੇ ਪਿੰਡ ਵਾਸੀ ਹਲਕਾ ਵਿਧਾਇਕ ਦੇ ਬਹੁਤ-ਬਹੁਤ ਧੰਨਵਾਦੀ ਹਨ ਤੇ ਪਿੰਡ ਅੰਦਰ ਇਕ ਵੱਡੇ ਖੇਡ ਸਟੇਡੀਅਮ ਦੀ ਬਹੁਤ ਲੋੜ ਸੀ, ਜਿਸ ਦੀ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਅਗਵਾਈ ਹੇਠ ਪੂਰਤੀ ਹੋਈ ਹੈ।ਸੋਨੀ ਧਾਲੀਵਾਲ ਤੇ ਸਰਪੰਚ ਗੁਰਚੇਤ ਸਿੰਘ ਨੇ ਆਖਿਆ ਕਿ ਸੂਬੇ ਅੰਦਰ ਆਮ ਆਦਮੀ ਪਾਰਟੀ ਦੀ ਪਹਿਲੀ ਅਜਿਹੀ ਸਰਕਾਰ ਹੈ, ਜਿਸ ਨੇ ਜੋ ਗਾਰੰਟੀਆਂ ਵਿਧਾਨ ਸਭਾ 2022 ਦੀਆਂ ਚੋਣਾਂ ਤੋਂ ਪਹਿਲਾਂ ਪੰਜਾਬ ਦੇ ਵਾਸੀਆਂ ਨੂੰ ਦਿੱਤੀਆਂ, ਉਹ ਤਾਂ ਇੱਕ-ਇੱਕ ਕਰਕੇ ਪੂਰੀਆਂ ਕੀਤੀਆਂ ਹਨ, ਜੋ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੇ ਵਸਨੀਕਾਂ ਨਾਲ ਵਾਅਦੇ ਵੀ ਨਹੀਂ ਕੀਤੇ ਸੀ, ਉਹ ਵੀ ਕੰਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕਾ ਵਿਧਾਇਕ ਸੁਖਾਨੰਦ ਨੇ ਆਪਣੇ ਹਲਕੇ ਨੂੰ ਵਿਕਾਸ ਦੀਆਂ ਬੁਲੰਦੀਆਂ 'ਤੇ ਪਹੁੰਚਾਉਣ ਦੇ ਇਰਾਦੇ ਨਾਲ ਅਹਿਮ ਕਦਮ ਚੁੱਕੇ ਹਨ।

## 'ਇੱਕ ਪੌਦਾ ਮਾਂ ਦੇ ਨਾਂਅ' ਮੁਹਿੰਮ ਦਾ ਆਯੋਜਨ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-ਮਾਊਂਟ ਲਿਟਰਾ ਜ਼ੀ ਸਕੂਲ ਨੇ ਸਰਕਾਰੀ ਨਿਰਦੇਸ਼ਾਂ ਦੀ ਪਾਲਣਾ ਕਰਦਿਆਂ 'ਇੱਕ ਪੌਦਾ ਮਾਂ ਦੇ ਨਾਂਅ' ਮੁਹਿੰਮ ਦਾ ਆਯੋਜਨ ਕੀਤਾ ਗਿਆ।ਇਸ ਪਹਿਲ ਦਾ ਉਦੇਸ਼ ਮਾਵਾਂ ਦੇ ਸਤਿਕਾਰ ਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ।ਚੌਥੀ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੀਆਂ ਮਾਵਾਂ ਦੇ ਨਾਂਅ 'ਤੇ ਪੌਦੇ ਲਾਏ।ਵਿਦਿਆਰਥੀਆਂ ਨੇ ਪੌਦਿਆਂ ਦੀ ਦੇਖਭਾਲ ਕਰਨ ਦਾ ਵਾਅਦਾ ਕੀਤਾ ਤੇ ਵਾਤਾਵਰਣ ਸੰਭਾਲ ਦੀ ਮਹੱਤਤਾ ਨੂੰ ਸਮਝਿਆ।ਮਾਵਾਂ ਪ੍ਰਤੀ ਸ਼ੁਕਰਗੁਜ਼ਾਰੀ ਤੇ ਪਿਆਰ ਪ੍ਰਗਟ ਕਰਨ ਲਈ ਪੌਦਿਆਂ ਦੇ ਨਾਂਅ ਰੱਖੇ ਗਏ ਸਨ।

## 'ਆਪ' ਆਗੂਆਂ ਗੁਰਪ੍ਰੀਤ ਸਿੰਘ ਗੋਪੀ ਦਾ ਮਨਾਇਆ ਜਨਮ ਦਿਨ



**ਨਾਭਾ (ਵਰਿੰਦਰ ਵਰਮਾ)**-ਆਮ ਆਦਮੀ ਪਾਰਟੀ ਦੇ ਆਗੂਆਂ ਵੱਲੋਂ ਯੂਥ ਵਿੰਗ ਦੇ ਜੁਆਇੰਟ ਸਕੱਤਰ ਪੰਜਾਬ ਤੇ ਇੰਪਰੂਵਮੈਂਟ ਟਰੱਸਟ ਦੇ ਟਰੱਸਟੀ ਗੁਰਪ੍ਰੀਤ ਸਿੰਘ ਗੋਪੀ ਫੈਜ਼ਗੜ੍ਹ ਦਾ ਜਨਮ ਦਿਨ ਮਨਾਇਆ ਗਿਆ।ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਗੁਰਪ੍ਰੀਤ ਸਿੰਘ ਗੋਪੀ ਨੂੰ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ ਅਤੇ ਕਿਹਾ ਕਿ ਸਾਡੇ ਪਾਰਟੀ ਦੇ ਯੂਥ ਵਿੰਗ ਦੇ ਜੁਆਇੰਟ ਸਕੱਤਰ ਗੋਪੀ ਦੇ ਜਨਮ ਦਿਨ ਮੌਕੇ ਕੇਕ ਕੱਟ ਕੇ ਅਸੀਂ ਸਾਂਝੀ ਖੁਸ਼ੀ ਜ਼ਾਹਰ ਕੀਤੀ ਹੈ।ਉਨ੍ਹਾਂ ਕਿਹਾ ਕਿ ਗੋਪੀ ਇੱਕ ਇਮਾਨਦਾਰ ਅਤੇ ਮਿਹਨਤੀ ਆਗੂ ਹਨ, ਜਿਨ੍ਹਾਂ ਨੇ ਹੋਂਦ ਵਿੱਚ ਆਉਣ 'ਤੇ ਆਮ ਆਦਮੀ ਪਾਰਟੀ ਲਈ ਦਿਨ-ਰਾਤ ਮਿਹਨਤ ਕੀਤੀ ਹੈ।ਸਾਨੂੰ ਸਾਰਿਆਂ ਨੂੰ ਇਨ੍ਹਾਂ 'ਤੇ ਮਾਣ ਹੈ। ਇਸ ਮੌਕੇ ਸ਼ਹਿਰੀ ਬਲਾਕ ਪ੍ਰਧਾਨ ਸੰਦੀਪ ਸ਼ਰਮਾ, ਸੀਨੀਅਰ ਯੂਥ ਆਗੂ ਲਾਲੀ ਫਤਿਹਪੁਰ ਤੇ ਸਰਪੰਚ ਦਵਿੰਦਰ ਸਿੰਘ ਕੁਲਾਰਾ ਨੇ ਕਿਹਾ ਕਿ ਪਾਰਟੀ ਪ੍ਰਤੀ ਵਧੀਆ ਸੇਵਾਵਾਂ ਨਿਭਾ ਰਹੇ ਗੁਰਪ੍ਰੀਤ ਸਿੰਘ ਗੋਪੀ ਵੱਲੋਂ ਆਪਣੇ ਬਲਾਕ ਦੇ ਸਾਰੇ ਪਿੰਡਾਂ ਵਿੱਚ ਮੁੱਖ ਸੇਵਾਦਾਰ ਦੇ ਤੌਰ 'ਤੇ ਸੇਵਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਲਈ 24 ਘੰਟੇ ਸੇਵਾ ਵਿੱਚ ਹਾਜ਼ਰ ਰਹਿੰਦੇ ਹਨ।

## ਮੱਲਕੇ ਖੇਡ ਸਟੇਡੀਅਮ ਬਣਾਉਣ ਦੀ ਲਿਸਟ 'ਚ ਆਉਣ 'ਤੇ ਸਰਪੰਚ ਰਾਜਾ ਮੱਲਕੇ ਬਾਗੋ-ਬਾਗ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ ਸੂਬੇ ਅੰਦਰ ਵੱਡੀ ਪੱਧਰ 'ਤੇ ਪਿੰਡਾਂ ਅੰਦਰ ਖੇਡ ਸਟੇਡੀਅਮ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ ਲਿਸਟ ਜਾਰੀ ਕੀਤੀ ਗਈ ਹੈ ਅਤੇ ਇਸ ਲਿਸਟ ਵਿੱਚ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅਧੀਨ ਪੈਂਦੇ ਪਿੰਡ ਮੱਲਕੇ ਦਾ ਨਾਮ ਆਉਣ ਦੇ ਬਾਅਦ ਪਿੰਡ ਦੇ ਸਰਪੰਚ ਰਾਜਾ ਮੱਲਕੇ ਤੇ ਪਿੰਡ ਦੀ ਸਮੂਹ ਪੰਚਾਇਤ ਬਾਗੋ ਬਾਗ ਹਨ ਅਤੇ ਉਨ੍ਹਾਂ ਦੀ ਖੁਸ਼ੀ ਦਾ ਕੋਈ ਵੀ ਟਿਕਾਣਾ ਨਹੀਂ, ਕਿਉਂਕਿ ਜੋ ਪਿੰਡ ਮੱਲਕੇ ਅੰਦਰ ਸਟੇਡੀਅਮ ਬਣ ਰਿਹਾ ਹੈ।

ਸੂਤਰਾਂ ਤੋਂ ਜਾਣਕਾਰੀ ਮਿਲੀ ਹੈ ਕਿ ਜੋ ਪਿੰਡ ਮੱਲਕੇ ਅੰਦਰ ਸਟੈਡੀਅਮ ਬਣ ਰਿਹਾ ਹੈ, ਉਸ 'ਤੇ ਕਰੀਬ ਕਰੋੜਾਂ ਰੁਪਏ ਦੀ ਲਾਗਤ ਆਵੇਗੀ।ਇਸ ਸਬੰਧੀ ਪਿੰਡ ਦੇ ਸਰਪੰਚ ਰਾਜਾ ਮੱਲਕੇ ਨੇ ਆਖਿਆ ਕਿ ਸੂਬੇ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਇਹ ਬਹੁਤ ਹੀ ਸ਼ਲਾਘਾਯੋਗ ਫੈਸਲਾ ਹੈ, ਜੋ ਪੰਜਾਬ ਦੇ ਪਿੰਡਾਂ ਅੰਦਰ ਖੇਡ ਸਟੇਡੀਅਮਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ, ਇਸ ਨਾਲ ਪਿੰਡ ਦੇ ਨੌਜਵਾਨਾਂ ਦਾ ਰੁਝਾਨ ਖੇਡਾਂ ਵੱਲ ਵਧੇਗਾ, ਉਥੇ ਹੀ ਸ਼ਾਮ ਸਵੇਰੇ ਪਿੰਡ ਦੇ ਨੌਜਵਾਨ ਵੱਖ ਵੱਖ ਤਰ੍ਹਾਂ ਦੀਆਂ ਖੇਡਾਂ ਖੇਡਣਗੇ ਤੇ ਵੱਖ ਵੱਖ ਟੀਮਾਂ ਦੇ ਮੈਚ ਹੋਇਆ ਕਰਨਗੇ। ਉਨ੍ਹਾਂ ਆਖਿਆ ਕਿ ਜੋ ਪੰਜਾਬ ਸਰਕਾਰ ਦਾ ਨੌਜਵਾਨਾਂ ਨੂੰ ਨਸ਼ੇ ਦੀ ਦਲਦਲ ਵਿੱਚੋਂ ਕੱਢਣ ਲਈ ਇਹ ਉਪਰਾਲਾ ਕੀਤਾ ਗਿਆ ਹੈ, ਇਸ ਦੀ ਜਿੰਨੀਂ ਸ਼ਲਾਘਾ ਕੀਤੀ ਜਾਵੇ, ਉਨੀ ਘੱਟ ਹੈ।ਸਰਪੰਚ ਰਾਜਾ ਮੱਲਕੇ ਨੇ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦਾ ਵੀ ਧੰਨਵਾਦ ਕਰਦਿਆਂ ਕਿਹਾ ਕਿ ਉਹ ਹਲਕਾ ਵਿਧਾਇਕ ਦੇ ਧੰਨਵਾਦੀ ਹਨ, ਜਿਨ੍ਹਾਂ ਦੀ ਸਿਫਾਰਿਸ਼ ਸਦਕਾ ਜੋ ਖੇਡ ਸਟੇਡੀਅਮ ਦੇ ਨਿਰਮਾਣ ਲਈ ਲਿਸਟ ਜਾਰੀ ਕੀਤੀ ਗਈ ਹੈ, ਉਸ ਵਿੱਚ ਉਨ੍ਹਾਂ ਦੇ ਪਿੰਡ ਮੱਲਕੇ ਦਾ ਨਾਮ ਵੀ ਦਰਜ ਹੈ।

ਇਸ ਲਈ ਮੈਂ ਅਤੇ ਸਾਡੀ ਪਿੰਡ ਦੀ ਸਮੁੱਚੀ ਪੰਚਾਇਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਦਾ ਧੰਨਵਾਦ ਕਰਦੀ ਹੈ। ਸਰਪੰਚ ਨੇ ਆਖਿਆ ਕਿ ਹਲਕਾ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਦੀ ਰਹਿਨੁਮਾਈ ਹੇਠ ਹਲਕੇ ਅੰਦਰ ਵਿਕਾਸ ਕਾਰਜਾਂ ਦੀ ਹਨੇਰੀ ਜ਼ੋਰਾਂ ਨਾਲ ਝੁੱਲ ਰਹੀ ਹੈ ਤੇ ਉਨ੍ਹਾਂ ਵੱਲੋਂ ਹਲਕੇ ਅੰਦਰ ਨਸ਼ੇ ਨੂੰ ਖਤਮ ਕਰਨ ਲਈ ਕੀਤੇ ਜਾ ਰਹੇ ਉਪਰਾਲੇ ਵੀ ਸ਼ਲਾਘਾਯੋਗ ਹਨ।ਸਰਪੰਚ ਰਾਜਾ ਮੱਲਕੇ ਨੇ ਆਖਿਆ ਕਿ ਸਾਡੇ ਪਿੰਡ ਹੁਣ ਸਟੇਡੀਅਮ ਬਣਨ ਨਾਲ ਉਨ੍ਹਾਂ ਦੇ ਪਿੰਡ ਦੀ ਦਿੱਖ ਹੋਰ ਵੀ ਬਦਲ ਜਾਵੇਗੀ।

### ਮੁੱਖ ਮੰਤਰੀ ਤੇ ਹਲਕਾ ਵਿਧਾਇਕ ਸੁਖਾਨੰਦ ਦਾ ਕੀਤਾ ਧੰਨਵਾਦ



## ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਸੰਬੰਧੀ ਸਮਾਗਮ ਦੀ ਰੂਪਰੇਖਾ ਤੈਅ




**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਰੋਟਰੀ ਕਲੱਬ ਦੀ ਵਿਸ਼ੇਸ਼ ਮੀਟਿੰਗ ਕਲੱਬ ਦੇ ਪ੍ਰਧਾਨ ਰੋਟੇਰੀਅਨ ਜਗਦੀਪ ਭਾਰਦਵਾਜ ਦੀ ਪ੍ਰਧਾਨਗੀ ਹੇਠ ਆਯੋਜਤ ਕੀਤੀ ਗਈ, ਜਿਸ ਵਿੱਚ 31 ਜੁਲਾਈ ਨੂੰ ਮਨਾਏ ਜਾਣ ਵਾਲੇ ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਵਸ ਨੂੰ ਲੈ ਕੇ ਵਿਸਥਾਰਪੂਰਵਕ ਕਾਰਜਕ੍ਰਮਾਂ ਦੀ ਰਚਨਾ ਤੈਅ ਕੀਤੀ ਗਈ।ਮੀਟਿੰਗ ਦੌਰਾਨ ਵੱਖ-ਵੱਖ ਕਾਰਜਕ੍ਰਮਾਂ ਲਈ ਪ੍ਰੋਜੈਕਟ ਚੇਅਰਮੈਨ ਨਿਯੁਕਤ ਕਰ ਉਨ੍ਹਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਮੀਟਿੰਗ 'ਚ ਇਹ ਫੈਸਲਾ ਲਿਆ ਗਿਆ ਕਿ ਸ਼ਹੀਦੀ ਦਿਵਸ ਮੌਕੇ ਰੋਟਰੀ ਕਲੱਬ ਦੇ ਮੈਂਬਰ ਸ਼ਹੀਦ ਊਧਮ ਸਿੰਘ ਦੇ ਜੱਦੀ ਘਰ ਪਹੁੰਚ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਅਰਪਿਤ ਕਰਨਗੇ।ਪ੍ਰੋਗਰਾਮ ਦੇ ਸਫਲ ਆਯੋਜਨ ਲਈ ਯਸ਼ਪਾਲ ਮੰਗਲਾ, ਸੰਦੀਪ ਜੈਨ ਤੇ ਰਾਕੇਸ਼ ਜਿੰਦਲ ਨੂੰ ਪ੍ਰੋਜੈਕਟ ਚੇਅਰਮੈਨ ਨਿਯੁਕਤ ਕੀਤਾ ਗਿਆ।ਇਸ ਦੇ ਇਲਾਵਾ, ਸ਼ਹੀਦੀ ਦਿਵਸ ਦੀ ਪੂਰਵ ਸੰਧਿਆ 'ਤੇ ਸ਼ਹੀਦ ਊਧਮ ਸਿੰਘ ਦੇ ਜੀਵਨ ਅਤੇ ਵਿਚਾਰਾਂ 'ਤੇ ਆਧਾਰਿਤ ਸੈਮੀਨਾਰ ਕਰਾਇਆ ਜਾਵੇਗਾ, ਜਿਸ ਲਈ ਦਵਿੰਦਰ ਪਾਲ ਸਿੰਘ ਰਿੰਪੀ ਤੇ ਰੁਪਿੰਦਰ ਸੱਗੂ ਨੂੰ ਪ੍ਰੋਜੈਕਟ ਚੇਅਰਮੈਨ ਬਣਾਇਆ ਗਿਆ।ਰੁੱਖ ਲਾਉਣ ਦੀ ਮੁਹਿੰਮ ਲਈ ਲਾਡੀ ਚੰਦ ਗਰਗ, ਅਤੁਲ ਗੁਪਤਾ ਤੇ ਅਸ਼ੋਕ ਗੋਇਲ ਨੂੰ ਪ੍ਰੋਜੈਕਟ ਚੇਅਰਮੈਨ ਦੀ ਜ਼ਿੰਮੇਵਾਰੀ ਦਿੱਤੀ ਗਈ।ਮੀਟਿੰਗ ਦੌਰਾਨ ਕਲੱਬ ਦੇ ਸਰਗਰਮ ਮੈਂਬਰ ਮਨੋਹਰ ਲਾਲ ਅਰੋੜਾ ਨੂੰ ਉਨ੍ਹਾਂ ਦੇ ਯੋਗਦਾਨ ਲਈ ਵਿਸ਼ੇਸ਼ ਸਨਮਾਨ ਦਿੱਤਾ ਗਿਆ, ਜਦਕਿ ਲਾਡੀ ਚੰਦ ਗਰਗ ਨੂੰ ਪੰਕਚੁਅਲਟੀ ਐਵਾਰਡ ਨਾਲ ਨਿਵਾਜਿਆ ਗਿਆ।ਇਸ ਮੌਕੇ ਆਈ.ਪੀ.ਪੀ. ਦਵਿੰਦਰ ਪਾਲ ਸਿੰਘ ਰਿੰਪੀ ਨੇ ਕਾਰਜਕਾਲ ਦਾ ਸੰਖੇਪ ਲੇਖਾ-ਜੋਖਾ ਪੇਸ਼ ਕਰਦਿਆਂ ਕਲੱਬ ਦੀਆਂ ਵੱਖ-ਵੱਖ ਉਪਲਬਧੀਆਂ ਸਾਂਝੀਆਂ ਕੀਤੀਆਂ।

## ਪੀਣ ਵਾਲੇ ਦੂਸ਼ਿਤ ਪਾਣੀ ਦੇ ਮਾਮਲੇ 'ਚ ਬੋਹਾ ਵਾਸੀਆਂ ਦੀ ਮੀਟਿੰਗ



**ਬੋਹਾ (ਨਿਰੰਜਣ ਬੋਹਾ)**-ਪੀਣ ਵਾਲੇ ਪਾਣੀ ਵਿਚ ਸੀਵਰੇਜ਼ ਦੇ ਗੰਧਲੇ ਪਾਣੀ ਦੀ ਹੋ ਰਹੀ ਮਿਲਾਵਟ ਦੇ ਮਾਮਲੇ ਨੂੰ ਲੈ ਕੇ ਬੋਹਾ ਸ਼ਹਿਰ ਦੇ ਵਾਸੀਆਂ ਦੀ ਮੀਟਿੰਗ ਪੰਜਾਬ ਮਹਾਂਵੀਰ ਦਲ ਧਰਮਸ਼ਾਲਾ ਵਿਖੇ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਸੁਖਵਿੰਦਰ ਸਿੰਘ ਤੇ ਵਿਸਾਖਾ ਸਿੰਘ ਨੇ ਕਿਹਾ ਕਿ ਵਾਟਰ ਵਰਕਸ ਦੇ ਸ਼ੁਧ ਪੀਣ ਵਾਲੇ ਪਾਣੀ ਦੀ ਬਜਾਏ ਸ਼ਹਿਰ ਦੇ ਲੋਕ ਲੰਮੇ ਸਮੇ ਤੋਂ ਸੀਵਰੇਜ ਦੀ ਰਲਾਵਟ ਵਾਲਾ ਗੰਧਲਾ ਪਾਣੀ ਪੀਣ ਲਈ ਮਜਬੂਰ ਹਨ।ਉਨ੍ਹਾਂ ਕਿਹਾ ਕਿ ਪ੍ਰਦੂਸ਼ਿਤ ਪਾਣੀ ਪੀਣ ਕਰਕੇ ਸ਼ਹਿਰ ਦੇ ਬੱਚੇ, ਮਰਦ ਔਰਤਾਂ ਵੱਡੀ ਗਿਣਤੀ ਵਿੱਚ ਬਿਮਾਰ ਹੋ ਰਹੇ ਹਨ।ਪੀਣ ਵਾਲੇ ਪਾਣੀ ਦੇ ਮਾਮਲੇ ਨੂੰ ਹੱਲ ਕਰਨ ਲਈ ਅਗਲੀ ਮੀਟਿੰਗ 19 ਜੁਲਾਈ ਨੂੰ ਦੁਬਾਰਾ ਕਰਕੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

## ਪੂਰਾ ਨਹੀਂ ਹੋਇਆ 29 ਸਾਲ ਪਹਿਲਾਂ ਦਿਖਾਇਆ ਸੁਪਨਾ, ਸਨੌਰ ਦੇ ਹਸਪਤਾਲ ਨੂੰ ਡਿਸਪੈਂਸਰੀ ਬਣਾਇਆ




**ਪਟਿਆਲਾ (ਰਾਜਿੰਦਰ ਥਿੰਦ)**-ਸਨੌਰ ਵਾਸੀਆਂ ਨੂੰ 29 ਸਾਲ ਪਹਿਲਾਂ ਦਿਖਾਇਆ ਸੁਪਨਾ ਅੱਜ ਤੱਕ ਪੂਰਾ ਨਹੀਂ ਹੋ ਸਕਿਆ ਹੈ।ਹਸਪਤਾਲ ਬਣਾਉਣ ਦਾ ਨੀਂਹ ਪੱਥਰ ਰੱਖਿਆ ਗਿਆ ਸੀ, ਇਮਾਰਤ ਵੀ ਬਣੀ ਤੇ ਹਸਪਤਾਲ ਖੋਲ੍ਹ ਵੀ ਦਿੱਤਾ, ਪਰ ਤਰੱਕੀ ਕਰਨ ਦੀ ਬਜਾਏ ਹਲਕੇ ਦਾ ਇਹ ਹਸਪਤਾਲ ਇਕ ਡਿਸਪੈਂਸਰੀ ਬਣ ਕੇ ਹੀ ਰਹਿ ਗਿਆ ਹੈ।ਇਮਾਰਤ ਦੇ ਬਾਹਰ ਨੀਂਹ ਪੱਥਰ ਜਿਥੇ ਸਰਕਾਰੀ ਵਿਕਾਸ ਮੂੰਹ ਚਿੜਾ ਰਿਹਾ ਹੈ, ਉਥੇ ਲੋਕ ਸਿਆਸੀ ਵਾਅਦਿਆਂ ਨੂੰ ਮਹਿਰ ਜੁਮਲਾ ਦੱਸ ਰਹੇ ਹਨ।23 ਮਾਰਚ 1982 ਨੂੰ ਉਸ ਸਮੇਂ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਰਹੇ ਲਾਲ ਸਿੰਘ ਵਲੋਂ ਸਨੌਰ ਵਿਖੇ ਹਸਪਤਾਲ ਬਣਾਉਣ ਲਈ ਨੀਂਹ ਪੱਥਰ ਰੱਖਿਆ ਗਿਆ।ਉਸ ਸਮੇਂ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਐਸ.ਪੀ ਕਰਕਰਾ ਸਨ। ਉਸ ਸਮੇਂ ਪ੍ਰਾਜੈਕਟ ਤਹਿਤ ਤਿੰਨ ਸਾਲਾ ਵਿਚ ਇਮਾਰਤ ਤਿਆਰ ਕਰ ਦਿੱਤੀ ਗਈ ਤੇ 1995 ਦੇ ਮੁੱਖ ਮੰਤਰੀ ਬੇਅੰਤ ਸਿੰਘ ਵਲੋਂ ਹਸਪਤਾਲ ਦਾ ਉਦਘਾਟਨ ਤਾਂ ਕਰ ਦਿੱਤਾ ਗਿਆ, ਪਰ ਸਰਕਾਰੀ ਲਾਪ੍ਰਵਾਹੀ ਕਰਕੇ ਬਹੁਤੀ ਦੇਰ ਨਾ ਚੱਲ ਸਕਿਆ।ਸਿਵਲ ਸਰਜਨ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਹਾਲ ਹੀ ਵਿਚ ਚਾਰਜ ਸਾਂਭਿਆ ਹੈ। ਸਨੌਰ ਦੇ ਹਸਪਤਾਲ ਜਾਂ ਡਿਸਪੈਂਸਰੀ ਦੇ ਮਾਮਲੇ ਬਾਰੇ ਜਾਣਕਾਰੀ ਨਹੀਂ। ਹਸਪਤਾਲ਼ ਨੂੰ ਬੰਦ ਕਰ ਦਿੱਤਾ ਗਿਆ ਤੇ ਹਸਪਤਾਲ ਦੀ ਇਮਾਰਤ ਦੇ ਬਾਹਰ ਡਿਸਪੈਂਸਟਰੀ ਦਾ ਬੋਰਡ ਲਗਾ ਦਿੱਤਾ ਗਿਆ ਹੈ।50 ਪਿੰਡਾਂ ਲਈ 29 ਸਾਲ ਪਹਿਲਾਂ ਕਾਗਜਾਂ ਤਿਆਰ ਕੀਤੇ ਹਸਪਤਾਲ ਵਿਚ ਹੁਣ ਸਿਫਰ ਓ.ਪੀ.ਡੀ ਦੀ ਸੁਵਿਧਾ ਹੀ ਰਹਿ ਗਈ ਹੈ।ਜਥੇਦਾਰ ਕ੍ਰਿਸ਼ਨ ਸਿੰਘ ਸਨੌਰ, ਹਰਦੀਪ ਸਿੰਘ ਸਨੌਰ ਜਨਰਲ ਸਕੱਤਰ ਬੀਜੇਪੀ ਜੋਗਿੰਦਰ ਸਿੰਘ, ਰਕੇਸ਼ ਕੁਮਾਰ, ਜਗਤਾਰ ਸਿੰਘ ਹੋਰਾਂ ਦਾ ਕਹਿਦਾ ਹੈ ਕਿ ਸਿਆਸੀ ਨੇਤਾਵਾਂ ਵਲੋਂ ਕਾਗਜ਼ਾਂ ਵਿਚ ਵਿਕਾਸ ਕਰਕੇ ਲੋਕਾਂ ਨੂੰ ਹਰ ਵਾਰ ਮੂਰਖ ਬਣਾਇਆ ਜਾ ਰਿਹਾ ਹੈ।

## ਮੀਨੀਆਂ ਵਾਲੀ, ਕਾਠਗੜ੍ਹ ਤੇ ਚੱਕ ਵੈਰੋਕੇ 'ਚ ਨਸ਼ਿਆਂ ਖਿਲਾਫ਼ ਜਾਗਰੂਕਤਾ ਸਮਾਗਮ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ' ਵਿਰੁੱਧ ਮੁਹਿੰਮ ਦੇ ਤਹਿਤ ਜਲਾਲਾਬਾਦ ਵਿਧਾਨ ਸਭਾ ਹਲਕੇ ਦੇ ਪਿੰਡ ਮੀਨੀਆਂ ਵਾਲੀ, ਕਾਠਗੜ੍ਹ, ਚੱਕ ਵੈਰੋਕੇ 'ਚ ਇੱਕ ਵਿਸ਼ੇਸ਼ ਜਾਗਰੂਕਤਾ ਸਮਾਗਮ ਆਯੋਜਿਤ ਕੀਤਾ ਗਿਆ।ਇਸ ਸਮਾਗਮ ਵਿੱਚ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਮੁੱਖ ਮਹਿਮਾਨ ਵਜੋਂ ਪਹੁੰਚੇ।ਵਿਧਾਇਕ ਨੇ ਕਿਹਾ ਕਿ ਨਸ਼ਾ ਪੰਜਾਬ ਦੀ ਨੌਜਵਾਨ ਪੀੜ੍ਹੀ ਨੂੰ ਤਬਾਹ ਕਰ ਰਿਹਾ ਹੈ ਤੇ ਇਸ ਨੂੰ ਜੜ੍ਹੋਂ ਖਤਮ ਕਰਨ ਲਈ ਪੰਜਾਬ ਸਰਕਾਰ ਵੱਲੋਂ ਨਿਰੰਤਰ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਰਾਜ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦਾ ਐਲਾਨ ਕੀਤਾ ਹੈ, ਜਿਸ ਵਿੱਚ ਸਿਰਫ਼ ਸਰਕਾਰੀ ਅਧਿਕਾਰੀਆਂ ਜਾਂ ਵਿਭਾਗਾਂ ਦੀ ਨਹੀਂ, ਸਗੋਂ ਹਰ ਨਾਗਰਿਕ ਦੀ ਭੂਮਿਕਾ ਅਹਿਮ ਹੈ।ਵਿਧਾਇਕ ਗੋਲਡੀ ਨੇ ਨਸ਼ਾ ਤਸਕਰੀ ਵਿਰੁੱਧ ਚਲ ਰਹੀਆਂ ਕਾਰਵਾਈਆਂ, ਨਸ਼ਾ ਪੀੜਤਾਂ ਲਈ ਮੁਫ਼ਤ ਇਲਾਜ ਤੇ ਕੌਂਸਲਿੰਗ ਸਹੂਲਤਾਂ, ਸਕੂਲਾਂ ਤੇ ਪਿੰਡਾਂ ਵਿੱਚ ਜਾਗਰੂਕਤਾ ਮੁਹਿੰਮਾਂ ਅਤੇ ਨਵੇਂ ਮੁੜ ਵਸੇਬਾ ਕੇਂਦਰਾਂ ਬਾਰੇ ਵੀ ਜਾਣਕਾਰੀ ਦਿੱਤੀ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵੱਲ ਨਾ ਜਾ ਕੇ ਆਪਣੀ ਊਰਜਾ ਰਾਜ ਦੇ ਨਿਰਮਾਣ ਵਿੱਚ ਲਾਉਣ।ਉਨ੍ਹਾਂ ਕਿਹਾ ਕਿ ਜੇਕਰ ਅਸੀਂ ਸਾਰੇ ਇੱਕਜੁਟ ਹੋ ਕੇ ਕੰਮ ਕਰੀਏ ਤਾਂ ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਸੰਭਵ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਸਰਕਾਰ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਨੂੰ ਇਸ ਨੇਕ ਕਾਰਜ ਨਾਲ ਜੋੜਨ ਲਈ ਪਿੰਡ ਪੱਧਰ 'ਤੇ ਅਜਿਹੇ ਸਮਾਗਮ ਕਰ ਰਹੀ ਹੈ।

## ਹਰਗੋਬਿੰਦ ਪਬਲਿਕ ਸਕੂਲ ਨੇ ਮਨਾਇਆ ਵਿਸ਼ਵ ਅੰਤਰਰਾਸ਼ਟਰੀ ਨਿਆਂ ਦਿਵਸ



**ਬਠਿੰਡਾ (ਰਾਜੀਵ ਗੋਇਲ)**-ਹਰਗੋਬਿੰਦ ਪਬਲਿਕ ਸਕੂਲ ਕਾਂਗੜ ਵਿੱਚ ਵਿਸ਼ਵ ਅੰਤਰਰਾਸ਼ਟਰੀ ਨਿਆਂ ਦਿਵਸ ਮਨਾਇਆ ਗਿਆ। ਬੱਚਿਆਂ ਨੇ ਇਸ ਦਿਵਸ ਸੰਬੰਧੀ ਭਾਸ਼ਣ ਦਿੱਤੇ। ਅਧਿਆਪਕਾ ਗੁਰਪ੍ਰੀਤ ਕੌਰ ਵੱਲੋਂ ਬੱਚਿਆਂ ਨੂੰ ਨਿਆਂ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ 17 ਜੁਲਾਈ 1988 ਨੂੰ ਦੁਨੀਆਂ ਦੇ ਕਈ ਦੇਸ਼ਾਂ ਨੇ ਇਕੱਠੇ ਹੋ ਕੇ ਅੰਤਰਰਾਸ਼ਟਰੀ ਅਪਰਾਧਿਕ ਅਦਾਲਤ ਦੀ ਸਥਾਪਨਾ ਲਈ ਇਕ ਸਮਝੌਤੇ ਤੇ ਦਸਤਖ਼ਤ ਕੀਤੇ ਸਨ। ਇਸ ਸਮੇਂ ਦੁਨੀਆ ਦੇ 139 ਦੇਸ਼ ਇਸ ਸਮਝੌਤੇ ਦਾ ਹਿੱਸਾ ਬਣ ਚੁੱਕੇ ਹਨ। ਵਿਸ਼ਵ ਅੰਤਰਰਾਸ਼ਟਰੀ ਨਿਆਂ ਦਿਵਸ ਹਰ ਸਾਲ 17 ਜੁਲਾਈ ਨੂੰ ਮਨਾਇਆ ਜਾਂਦਾ ਹੈ। ਸਕੂਲ ਦੇ ਪ੍ਰਿੰਸੀਪਲ ਸੋਨੂੰ ਕੁਮਾਰ ਕਾਂਗੜ ਨੇ ਦੱਸਿਆ ਕਿ 12 ਜੁਲਾਈ 1998 ਨੂੰ 120 ਦੇਸ਼ ਇਕ ਸਮਝੌਤੇ 'ਤੇ ਦਸਤਖ਼ਤ ਕਰਨ ਲਈ ਇਕੱਠੇ ਹੋਏ, ਜਿਸ ਨੂੰ ਰੋਮ ਸਟੈਚਿਊਟ ਆਫ਼ ਇੰਟਰਨੈਸ਼ਨਲ ਕ੍ਰਿਮੀਨਲ ਕੋਰਟ ਕਿਹਾ ਜਾਂਦਾ ਹੈ। ਵਿਸ਼ਵ ਅੰਤਰ ਰਾਸ਼ਟਰੀ ਨਿਆਂ ਦਿਵਸ ਹਰ ਸਾਲ ਇੱਕ ਵੱਖਰੀ ਥੀਮ ਨਾਲ ਮਨਾਇਆ ਜਾਂਦਾ ਹੈ। ਇਸ ਮੌਕੇ ਵਿਸ਼ਵ ਭਰ 'ਚ ਜਾਗਰੂਕਤਾ ਮੁਹਿੰਮਾਂ ਚਲਾਈਆਂ ਜਾਂਦੀਆਂ ਹਨ, ਜਿਸ ਵਿੱਚ ਵੱਖ- ਵੱਖ ਮੀਡੀਆ ਜਿਵੇਂ ਨਿਊਜ਼ ਚੈਨਲ, ਅਖ਼ਬਾਰ, ਰੇਡੀਓ ਅਤੇ ਇੰਟਰਨੈੱਟ ਦੀ ਵਰਤੋਂ ਕੀਤੀ ਜਾਂਦੀ ਹੈ।

## ਐੱਸ ਐੱਚ ਓ ਗੁਰਮੇਲ ਸਿੰਘ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾਰੂ ਪ੍ਰਭਾਵ ਬਾਰੇ ਕੀਤਾ ਜਾਗਰੂਕ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੰਜਾਬ ਸਰਕਾਰ ਵੱਲੋ ਨਸ਼ਿਆਂ ਦੇ ਖਾਤਮੇ ਲਈ ਵਿੱਢੀ ਮਹਿੰਮ ਤਹਿਤ ਜ਼ਿਲ੍ਹਾ ਪੁਲਸ ਮੁਖੀ ਮਹੁੰਮਦ ਸਰਫਰਾਜ ਆਲਮ ਤੇ ਡੀ.ਐਸ.ਪੀ ਜਤਿੰਦਰਪਾਲ ਸਿੰਘ ਦੀ ਅਗਵਾਈ ਹੇਠ ਥਾਣਾ ਠੁੱਲੀਵਾਲ ਦੇ ਮੁੱਖ ਅਫਸਰ ਗੁਰਮੇਲ ਸਿੰਘ ਨੇ ਸਰਕਾਰੀ ਹਾਈ ਸਕੂਲ ਠੁੱਲੀਵਾਲ ਵਿਖੇ ਵਿਦਿਆਰਥੀਆਂ ਨਾਲ ਜ਼ਿੰਦਗੀ ਦੇ ਤਜਰਬੇ ਸਾਂਝੇ ਕੀਤੇ ਤੇ ਹਾਸਿਆਂ-ਠੱਠਿਆਂ ਦੇ ਨਾਲ ਜ਼ਿੰਦਗੀ ਦਾ ਅਸਲ ਮਹੱਤਵ ਸਮਝਾਇਆ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ, ਸਿਵਲ ਤੇ ਪੁਲਸ ਪ੍ਰਸ਼ਾਸਨ ਨਸ਼ਿਆਂ ਦੇ ਖਾਤਮੇ ਲਈ ਵੱਡੇ ਯਤਨ ਕਰ ਰਿਹਾ ਹੈ।ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਕਰਨ ਲਈ ਵਿਸ਼ੇਸ ਕੈਂਪ ਲਾਏ ਜਾ ਰਹੇ ਹਨ, ਪਿੰਡਾਂ ਦੀਆਂ ਸਾਂਝੀਆਂ ਥਾਂਵਾਂ 'ਤੇ ਨਸ਼ਿਆਂ ਦੇ ਮਾੜੇ ਪ੍ਰਭਾਵ ਬਾਰੇ ਲੋਕਾਂ ਨੂੰ ਜਾਗਰੂਕ ਕਰਦੇ ਨਾਟਕ ਵੀ ਕਰਾਏ ਜਾ ਰਹੇ ਹਨ, ਤਾਂ ਜੁ ਨੌਜਵਾਨ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਨਿਕਲਣ ਸਕਣ।ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚੋਂ ਹੀ ਬੱਚਿਆਂ ਦਾ ਜਾਗਰੂਕ ਹੋ ਕੇ ਨਿਕਲਣਾ ਬੜਾ ਜਰੂਰੀ ਹੈ, ਤਾਂ ਜੁ ਉੱਚ ਪੱਧਰੀ ਪੜ੍ਹਾਈ ਲਈ ਆਪਣਾ ਧਿਆਨ ਕੇਂਦਰਤ ਰੱਖ ਸਕਣ।ਇਸ ਲਈ ਹਰ ਸਕੂਲ 'ਚ ਜਾ ਕੇ ਵਿਦਿਆਰਥੀਆਂ ਨੂੰ ਇਸ ਮੁਹਿੰਮ ਨਾਲ ਜੋੜਿਆ ਜਾ ਰਿਹਾ ਹੈ।ਉਨ੍ਹਾਂ ਸਮੂਹ ਵਿਦਿਆਰਥੀਆਂ ਨੂੰ ਵੀ ਅਪੀਲ ਕੀਤੀ, ਕਿ ਉਹ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵਧ-ਚੜ੍ਹ ਕੇ ਹਿੱਸਾ ਲੈਣ ਤੇ ਖੇਡਾਂ ਵਤਨ ਪੰਜਾਬ ਦੀਆਂ 'ਚ ਜੇਤੂ ਰਹਿ ਕੇ ਖੇਡ ਸਰਟੀਫਿਕੇਟ ਪ੍ਰਾਪਤ ਕਰਨ, ਜਿਸ ਨਾਲ ਅੱਗੇ ਨੌਕਰੀ ਪ੍ਰਾਪਤ ਕਰਨ ਲਈ ਵੱਡਾ ਫਾਇਦਾ ਮਿਲੇਗਾ।ਇਸ ਮੌਕੇ ਵਿਦਿਆਰਥੀਆਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਆਪਣੇ ਜੀਵਨ ਵਿੱਚ ਪੜ੍ਹਾਈ ਤੇ ਖੇਡਾਂ ਦੀ ਅਹਿਮੀਅਤ ਨੂੰ ਸਮਝ ਕੇ ਜੀਵਨ ਵਿੱਚ ਲਾਗੂ ਕਰਨਗੇ।

## ਸ਼ੁਕਰਾਨਾ ਸਮਾਗਮ 'ਤੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਕੀਰਤਨ ਦਰਬਾਰ

### ਭਾਈ ਤਾਰੂ ਸਿੰਘ ਦੀ ਸ਼ਹਾਦਤ ਨੂੰ ਵੀ ਕੀਤਾ ਸਿਜਦਾ




**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਗੁਰਦੁਆਰਾ ਸਾਹਿਬ ਹਰਿਗੋਬਿੰਦਪੁਰਾ ਵਿਖੇ ਛੇਵੇਂ ਪਾਤਿਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਆਗਮਨ ਪੁਰਬ ਸਬੰਧੀ ਕਰਵਾਏ ਤਿੰਨ ਰੋਜ਼ਾ ਸਮਾਗਮਾਂ ਦੀ ਨਿਰਵਿਘਨਤਾ ਤੇ ਚੜ੍ਹਦੀ ਕਲਾ ਵਿੱਚ ਸੰਪੂਰਨਤਾ ਹੋਣ 'ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ੁਕਰਾਨਾ ਸਮਾਗਮ 'ਤੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਮਹੀਨਾਵਾਰ ਗੁਰਮਤਿ ਸਮਾਗਮ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਤਾਰ ਸਿੰਘ, ਹਰਪ੍ਰੀਤ ਸਿੰਘ ਪ੍ਰੀਤ, ਕੁਲਵੀਰ ਸਿੰਘ ਦੇ ਨਾਲ ਸੁਸਾਇਟੀ ਦੇ ਮੁੱਖ ਸੇਵਾਦਾਰ ਰਾਜਵਿੰਦਰ ਸਿੰਘ ਲੱਕੀ, ਅਮਰਿੰਦਰ ਸਿੰਘ ਮੌਖਾ, ਗੁਰਪ੍ਰੀਤ ਸਿੰਘ, ਹਰਭਜਨ ਸਿੰਘ ਭੱਟੀ ਦੀ ਦੇਖ-ਰੇਖ ਹੇਠ ਕੀਤਾ ਗਿਆ। ਰਾਤਰੀ ਸਮਾਗਮ ਦੀ ਆਰੰਭਤਾ ਬ੍ਰਹਮਜੋਤ ਕੌਰ, ਰੇਖਾ ਰਾਣੀ, ਰਵਨੀਤ ਕੌਰ ਦੇ ਜਥੇ ਨੇ ਰਹਿਰਾਸ ਸਾਹਿਬ ਦੇ ਪਾਠ ਦੇ ਗਾਇਨ ਨਾਲ ਕੀਤੀ। ਉਪਰੰਤ ਸੁਸਾਇਟੀ ਵੱਲੋਂ ਚੱਲ ਰਹੀ ਲੜੀ ਅਧੀਨ ਸ੍ਰੀ ਗੁਰੂ ਰਾਮਦਾਸ ਜੀ ਦੇ ਆਗਮਨ ਪੁਰਬ ਨੂੰ ਸਮਰਪਤ ਸ੍ਰੀ ਸਹਿਜ ਪਾਠਾਂ ਦੇ ਭੋਗ ਭਾਈ ਸਤਵਿੰਦਰ ਸਿੰਘ ਹੈੱਡ ਗ੍ਰੰਥੀ ਦੀ ਨਿਗਰਾਨੀ ਹੇਠ ਪਾਏ ਗਏ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਹੋਏ ਵਿਸਾਲ ਕੀਰਤਨ ਦਰਬਾਰ ਦੀ ਆਰੰਭਤਾ ਭਾਈ ਗੁਰਧਿਆਨ ਸਿੰਘ ਹਜ਼ੂਰੀ ਰਾਗੀ ਜਥਾ ਗੁਰਦੁਆਰਾ ਸਾਹਿਬ ਨੇ ਕੀਤੀ ਉਪਰੰਤ ਸੁਸਾਇਟੀ ਸੇਵਕ ਬੀਬੀ ਕਿਰਨ ਦੂਆ, ਗੁਰਕੰਵਲ ਸਿੰਘ, ਚਰਨਜੀਤ ਪਾਲ ਸਿੰਘ, ਸੁਰਿੰਦਰ ਪਾਲ ਸਿੰਘ ਸਿਦਕੀ, ਗੁਰਮੀਤ ਸਿੰਘ ਸਾਹਨੀ, ਮਨਦੀਪ ਸਿੰਘ ਬੋਨੀ, ਭੁਵਨਪ੍ਰੀਤ ਸਿੰਘ, ਅਰਵਿੰਦ ਸਿੰਘ ਪੱਪੂ ਦੇ ਜਥਿਆਂ ਨੇ ਗੁਰੂ ਸਾਹਿਬ ਦੀ ਉਸਤਤ ਵਿੱਚ ਰਸਭਿੰਨਾ ਕੀਰਤਨ ਕੀਤਾ ਤੇ ਭਾਈ ਤਾਰੂ ਸਿੰਘ ਜੀ ਦੀ ਲਾਸਾਨੀ ਸ਼ਹਾਦਤ ਨੂੰ ਵੀ ਗੁਰਬਾਣੀ ਸ਼ਬਦ ਸਤਿਗੁਰ ਆਗੈ ਸੀਸੁ ਭੇਟ ਦੇਉ ਰਾਹੀਂ ਸਿਜਦਾ ਕੀਤਾ ਗਿਆ। ਭਾਈ ਗੁਰਿੰਦਰ ਸਿੰਘ ਗੁਜਰਾਲ ਨੇ 'ਵੱਡੀ ਆਰਜਾ ਹਰਗੋਬਿੰਦ ਕੀ' ਦੇ ਸ਼ਬਦ ਰਾਹੀਂ ਗੁਰੂ ਸਾਹਿਬ ਦਾ ਸ਼ੁਕਰਾਨਾ ਕੀਤਾ ਤੇ ਗੁਰਮਤਿ ਵਿਚਾਰਾਂ ਦੀ ਸਾਂਝ ਕੀਤੀ। ਜਥਿਆਂ ਨੂੰ ਕਮੇਟੀ ਪ੍ਰਧਾਨ ਜਗਤਾਰ ਸਿੰਘ, ਹਰਪ੍ਰੀਤ ਸਿੰਘ ਪ੍ਰੀਤ, ਹਮੀਰ ਸਿੰਘ, ਕੁਲਵੀਰ ਸਿੰਘ, ਭਾਈ ਸਤਵਿੰਦਰ ਸਿੰਘ ਭੋਲਾ, ਸੁਖਵਿੰਦਰ ਸਿੰਘ ਭਾਈ ਲਾਲੋ ਸੁਸਾਇਟੀ ਨੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ। ਸ੍ਰੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਵੱਲੋਂ ਰਾਜਵਿੰਦਰ ਸਿੰਘ ਲੱਕੀ, ਨਰਿੰਦਰ ਪਾਲ ਸਿੰਘ ਸਾਹਨੀ ਸਰਪ੍ਰਸਤ, ਦਲਵੀਰ ਸਿੰਘ ਬਾਬਾ ਨੇ ਪ੍ਰਬੰਧਕ ਕਮੇਟੀ ਦੇ ਕੁਲਵੀਰ ਸਿੰਘ ਨੂੰ ਸਨਮਾਨਤ ਕੀਤਾ, ਜਦੋਂਕਿ ਪ੍ਰਬੰਧਕ ਕਮੇਟੀ ਵੱਲੋਂ ਸੁਸਾਇਟੀ ਦੇ ਮੁੱਖ ਸੇਵਾਦਾਰ ਰਾਜਵਿੰਦਰ ਸਿੰਘ ਲੱਕੀ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ। ਸਮਾਗਮ ਲਈ ਮਾਤਾ ਰਾਜ ਕੌਰ, ਰਤਨ ਕੁਮਾਰ, ਭੁਪਿੰਦਰ ਸਿੰਘ ਗੋਲਡੀ, ਤਰਨਜੀਤ ਸਿੰਘ, ਹਰਸਿਮਰਨ ਸਿੰਘ, ਰਾਜ ਕੁਮਾਰ ਰਾਜੂ ਪਰਿਵਾਰ, ਗੁਰਪ੍ਰੀਤ ਸਿੰਘ, ਮਨਿੰਦਰਪਾਲ ਸਿੰਘ ਦਾ ਵਿਸ਼ੇਸ਼ ਸਹਿਯੋਗ ਰਿਹਾ। ਸੁਰਿੰਦਰ ਪਾਲ ਸਿੰਘ ਸਿਦਕੀ ਨੇ ਸੁਸਾਇਟੀ ਸੇਵਕਾਂ ਤੇ ਸੰਗਤਾਂ ਦਾ ਧੰਨਵਾਦ ਕੀਤਾ। ਚਰਨਜੀਤ ਪਾਲ ਸਿੰਘ ਨੇ ਸੁਸਾਇਟੀ ਦੇ ਅਗਲੇਰੇ ਪ੍ਰੋਗ੍ਰਾਮਾਂ ਦੀ ਜਾਣਕਾਰੀ ਦਿੱਤੀ ਤੇ ਪ੍ਰਬੰਧਕਾਂ ਨੂੰ ਸਮਾਗਮ ਲਈ ਵਧਾਈ ਦਿੱਤੀ। ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਪੰਜਾਬ ਸਰਕਾਰ ਨੇ ਗੰਦੇ ਪਾਣੀ ਨੂੰ ਰੋਕਣ ਲਈ ਐਨ ਜੀ ਟੀ ਦੇ ਪਹਿਲਾਂ ਦੇ ਆਦੇਸ਼ਾਂ ਦੀ ਪਾਲਣਾ ਨਹੀਂ ਕੀਤੀ : ਜਸਕੀਰਤ ਸਿੰਘ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਾਲੇ ਪਾਣੀ ਦਾ ਮੋਰਚਾ ਦੇ ਆਗੂਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਕਾਰੀ ਹਲਕਿਆਂ ਵਿੱਚ ਬੁੱਢਾ ਦਰਿਆ ਮੁੱਦੇ 'ਤੇ ਹਾਲ ਹੀ ਵਿੱਚ ਵਧੀ ਹੋਈ ਗਤੀਵਿਧੀ ਦਾ ਜਵਾਬ ਦਿੱਤਾ। ਇਸ ਮੌਕੇ ਮੋਰਚੇ ਦੇ ਜਸਕੀਰਤ ਸਿੰਘ ਨੇ ਕਿਹਾ, ਅਸੀਂ ਸਾਰੇ ਸੀ ਈ ਟੀ ਪੀਜ਼ ਵਿਰੁੱਧ ਮਾਣਹਾਨੀ ਪਟੀਸ਼ਨਾਂ ਦਾਇਰ ਕੀਤੀਆਂ ਹਨ ਅਤੇ ਸਰਕਾਰ ਨੇ ਵਾਤਾਵਰਣ ਪ੍ਰਵਾਨਗੀ ਦੀਆਂ ਸ਼ਰਤਾਂ ਅਨੁਸਾਰ ਗੰਦੇ ਪਾਣੀ ਨੂੰ ਰੋਕਣ ਲਈ ਐਨ ਜੀ ਟੀ ਦੇ ਪਹਿਲਾਂ ਦੇ ਆਦੇਸ਼ਾਂ ਦੀ ਪਾਲਣਾ ਨਹੀਂ ਕੀਤੀ। ਮੋਰਚੇ ਦੇ ਲੱਖਾ ਸਿਧਾਨਾ ਨੇ ਕਿਹਾ, ਮੁੱਖ ਮੰਤਰੀ ਵਿਧਾਨ ਸਭਾ ਵਿੱਚ ਪਵਨ ਗੁਰੂ ਪਾਣੀ ਪਿਤਾ ਬਾਰੇ ਗੱਲ ਕਰ ਰਹੇ ਹਨ। ਪਰ ਇੱਕ ਉਦਯੋਗਪਤੀ ਨੂੰ ਉਦਯੋਗ ਮੰਤਰੀ ਨਿਯੁਕਤ ਕੀਤਾ ਹੈ ਜੋ ਕਿ ਸਿੱਧੇ ਹਿੱਤਾਂ ਦਾ ਟਕਰਾਅ ਹੈ ਅਤੇ ਵਾਤਾਵਰਣ ਦੇ ਵਿਰੁੱਧ ਹੈ। ਡਾ. ਅਮਨਦੀਪ ਬੈਂਸ ਨੇ ਕਿਹਾ, ਸੰਤ ਸੀਚੇਵਾਲ ਸੰਗਤ ਨੂੰ ਕਾਰ ਸੇਵਾ ਕਰਨ ਲਈ ਕਹਿ ਰਹੇ ਹਨ ਅਤੇ ਉਨ੍ਹਾਂ ਨੂੰ ਬੁੱਢਾ ਦਰਿਆ ਤੋਂ ਇਸ ਉਦਯੋਗਿਕ ਪ੍ਰਦੂਸ਼ਣ ਨੂੰ ਸਾਫ਼ ਕਰਨ ਲਈ ਕਹਿ ਰਹੇ ਹਨ। ਇਹ ਕਾਰ ਸੇਵਾ ਨਹੀਂ ਹੈ ਜੋ ਕਿ ਇੱਕ ਬਹੁਤ ਹੀ ਪਵਿੱਤਰ ਸੰਕਲਪ ਹੈ। ਜਿਸ ਦੀ ਨਿੱਜੀ ਮੁਨਾਫ਼ੇ ਲਈ ਦੁਰਵਰਤੋਂ ਕੀਤੀ ਜਾ ਰਹੀ ਹੈ। ਕਪਿਲ ਅਰੋੜਾ ਅਤੇ ਕੁਲਦੀਪ ਸਿੰਘ ਖਹਿਰਾ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ 22 ਜੁਲਾਈ ਨੂੰ ਬੁੱਢਾ ਦਰਿਆ ਦੇ ਮਾਮਲਿਆਂ ਦੀ ਹੋਣ ਵਾਲੀ ਮਾਣਹਾਨੀ ਪਟੀਸ਼ਨਾਂ ਅਤੇ ਸੁਣਵਾਈ ਕਾਰਨ ਬਹੁਤ ਸਾਰੀ ਕਾਰਵਾਈ ਹੋਣ ਦੀ ਉਮੀਦ ਹੈ।

19-Junly-PAGE-11-Majha-25-Add.qxd 7/18/2025 9:24 PM Page 1



## ਸ਼ਹੀਦ ਭਗਤ ਸਿੰਘ ਵੈੱਲਫੇਅਰ ਸੋਸਾਇਟੀ ਨੇ ਮੁੱਖ ਮੰਤਰੀ ਦੇ ਨਾਂਅ ਸੌਂਪਿਆ ਮੰਗ ਪੱਤਰ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸ਼ਹੀਦ ਭਗਤ ਸਿੰਘ ਵੈੱਲਫੇਅਰ ਸੋਸਾਇਟੀ ਦੀਨਾਨਗਰ ਰਜਿ: ਦੇ ਪ੍ਰਧਾਨ ਰਮੇਸ਼ ਪਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਤਹਿਸੀਲਦਾਰ ਦਵਿੰਦਰ ਸਿੰਘ ਨੂੰ ਉਨ੍ਹਾਂ ਦੇ ਦਫਤਰ ਦੀਨਾਨਗਰ ਵਿਖੇ ਸੁਸਾਇਟੀ ਦੇ ਵਫਦ ਵੱਲੋਂ ਮੁੱਖ ਮੰਤਰੀ ਦੇ ਨਾਮ ਮੰਗ ਪੱਤਰ ਸੌਂਪਿਆ ਗਿਆ।ਮੰਗ ਪੱਤਰ ਸੌਂਪਦੇ ਹੋਏ ਸੁਸਾਇਟੀ ਦੇ ਆਗੂਆਂ ਨੇ ਦੱਸਿਆ ਕਿ 26 ਅਗਸਤ 2024 ਅਤੇ 17 ਫਰਵਰੀ 2025 ਨੂੰ ਸੋਸਾਇਟੀ ਵੱਲੋਂ ਸਰਬਸੰਮਤੀ ਨਾਲ ਮਤਾ ਪਾਸ ਕਰਕੇ ਮੁੱਖ ਮੰਤਰੀ ਦਫਤਰ ਚੰਡੀਗੜ੍ਹ ਨੂੰ ਪਿੰਡ ਭਟੋਇਆ ਤੋਂ ਪਿੰਡ ਬਾਡਾ ਤੱਕ ਜਾਂਦੀ ਕੱਚੀ ਫਿਰਨੀ ਉਪਰ ਪੱਕੀ ਸੜਕ ਬਣਾਉਣ ਸਬੰਧੀ ਮੰਗ ਪੱਤਰ ਭੇਜੇ ਗਏ ਸਨ।ਜਿਸ ਦੇ ਨਤੀਜੇ ਵਜੋਂ ਪੰਜਾਬ ਮੰਡੀ ਬੋਰਡ ਗੁਰਦਾਸਪੁਰ ਦੇ ਐਕਸੀਅਨ ਬਲਦੇਵ ਸਿੰਘ ਦੁਆਰਾ ਇਸ ਕੱਚੀ ਫਿਰਨੀ ਉਪਰ ਪੱਕੀ ਸੜਕ ਬਣਾਉਣ ਲਈ ਐਸਟੀਮੇਟ ਤਿਆਰ ਕੀਤਾ ਗਿਆ।ਐਸਟੀਮੇਟ ਵਿੱਚ ਦੱਸਿਆ ਗਿਆ ਹੈ ਕਿ ਇਹ ਕੱਚੀ ਫਿਰਨੀ ਜੋ 2.11 ਕਿਲੋਮੀਟਰ ਲੰਬੀ ਹੈ, ਇਸ ਉਪਰ ਪੱਕੀ ਸੜਕ ਦੀ ਉਸਾਰੀ ਲਈ 55.28 ਲੱਖ ਰੁਪਏ ਦੀ ਲਾਗਤ ਆਵੇਗੀ। ਸ਼ਹੀਦ ਭਗਤ ਸਿੰਘ ਵੈੱਲਫੇਅਰ ਸੋਸਾਇਟੀ ਦੀਨਾਨਗਰ ਵੱਲੋਂ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਪੰਜਾਬ ਨੂੰ ਜ਼ੋਰਦਾਰ ਮੰਗ ਕੀਤੀ ਜਾਂਦੀ ਹੈ ਕਿ ਇਸ ਕੱਚੀ ਫਿਰਨੀ ਉਪਰ ਸੜਕ ਬਣਾਉਣ ਦੇ ਲਈ 55.28 ਲੱਖ ਰੁਪਏ ਦਾ ਬਜਟ ਜਾਰੀ ਕਰਕੇ ਜਲਦ ਤੋਂ ਜਲਦ ਸੜਕ ਦਾ ਕੰਮ ਸ਼ੁਰੂ ਕਰਵਾਇਆ ਜਾਵੇ।ਇਸ ਕੱਚੀ ਫਿਰਨੀ ਨਾਲ ਦੀਨਾਨਗਰ ਹਲਕੇ ਦੇ 25 ਪਿੰਡਾਂ ਦਾ ਰਾਬਤਾ ਜੁੜਿਆ ਹੋਇਆ ਹੈ।ਲੋਕਾਂ ਦੀ ਇਸ ਸਮੱਸਿਆ ਨੂੰ ਪਹਿਲ ਦੇ ਆਧਾਰ ਉਪਰ ਹੱਲ ਕੀਤਾ ਜਾਵੇ।



ਇਸ ਮੌਕੇ ਸੀਨੀਅਰ ਵਾਈਸ ਪ੍ਰਧਾਨ ਮਾਸਟਰ ਭਗਵਾਨ ਦਾਸ, ਜਨਰਲ ਸਕੱਤਰ ਕਿਰਪਾਲ ਸਿੰਘ, ਖਜ਼ਾਨਚੀ ਹਰਜਿੰਦਰ ਕੁਮਾਰ, ਪਰਮਜੀਤ, ਯੋਧਰਾਜ, ਸੁਭਾਸ਼ ਕੁਮਾਰ, ਰਤਨ ਲਾਲ, ਡਾਕਟਰ ਸੁਭਾਸ਼ ਕੁਮਾਰ, ਸੁਰਜੀਤ ਕੁਮਾਰ, ਦੀਪਕ ਸਿੰਗਲਾ, ਬਲਵਿੰਦਰ ਸਿੰਘ, ਪੰਕਜ ਕੁਮਾਰ, ਜੀਵਨ ਸੈਣੀ ਆਦਿ ਹਾਜ਼ਰ ਸਨ।

## ਨਸ਼ਾ ਮੁਕਤੀ ਯਾਤਰਾ ਪਿੰਡ ਕੋਠਾ, ਚਾਕਾਂਵਾਲੀ, ਬਹਿਲੋਲਪੁਰ, ਘੁੰਮਣ, ਮਾਨ, ਕਾਹਲਾਂਵਾਲੀ ਤੇ ਖਲੀਲਪੁਰ ਵਿਖੇ ਪਹੁੰਚੀ

*** ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਇਲਾਕੇ ਦੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਕੀਤਾ ਲਾਮਬੰਦ**

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਨਸ਼ਾ ਮੁਕਤੀ ਯਾਤਰਾ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਕੋਠਾ, ਚਾਕਾਂਵਾਲੀ, ਬਹਿਲੋਲਪੁਰ, ਘੁੰਮਣ, ਮਾਨ, ਕਾਹਲਾਂਵਾਲੀ ਅਤੇ ਖਲੀਲਪੁਰ ਵਿਖੇ ਪਹੁੰਚੀ, ਜਿੱਥੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦੀ ਅਗਵਾਈ ਵਿੱਚ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਅਤੇ ਆਮ ਜਨਤਾ ਨਾਲ ਮੀਟਿੰਗਾਂ ਦੌਰਾਨ ਨਸ਼ਿਆਂ ਦੇ ਖ਼ਾਤਮੇ ਦਾ ਅਹਿਦ ਲਿਆ ਗਿਆ।ਇਸ ਮੌਕੇ ਵੱਡੀਆਂ ਜਾਗਰੂਕਤਾ ਸਭਾਵਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਨੂੰ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਲੋਕ ਆਪ ਮੁਹਾਰੇ ਅੱਗੇ ਆ ਕੇ ਇਸ ਯਾਤਰਾ ਦਾ ਹਿੱਸਾ ਬਣ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਪਣੇ ਸੂਬੇ ਵਿੱਚੋਂ ਨਸ਼ੇ ਦੀਆਂ ਜੜ੍ਹਾਂ ਪੁੱਟਣ ਲਈ ਦਿਨ ਰਾਤ ਇੱਕ ਕਰ ਰਹੀ ਹੈ ਅਤੇ ਹੁਣ ਉਹ ਦਿਨ ਦੂਰ ਨਹੀਂ ਜਦੋਂ ਸੂਬੇ ਵਿੱਚੋਂ ਮੁਕੰਮਲ ਤੌਰ ਤੇ



ਨਸ਼ਿਆਂ ਦਾ ਖ਼ਾਤਮਾ ਹੋ ਜਾਵੇਗਾ।ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਪਿੰਡਾਂ ਦੀਆਂ ਡਿਫੈਂਸ ਕਮੇਟੀਆਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਪਿੰਡ ਵਾਸੀਆਂ ਨੂੰ ਨਿਰੰਤਰ ਨਸ਼ੇ ਖ਼ਿਲਾਫ਼ ਲੜੀ ਜਾ ਰਹੀ ਜੰਗ ਵਿੱਚ ਇੱਕਜੁੱਟ ਹੋ ਕੇ ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਤ ਕੀਤਾ ਜਾਵੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ, ਜਿੱਥੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਦਾ ਪੰਜਾਬ ਸਰਕਾਰ ਵੱਲੋਂ ਮੁਫ਼ਤ ਅਤੇ ਢੁੱਕਵਾਂ ਇਲਾਜ ਕੀਤਾ ਜਾਂਦਾ ਹੈ।ਸ. ਰੰਧਾਵਾ ਨੇ ਕਿਹਾ ਕਿ ਸੂਬੇ ਦੀ ਨੌਜਵਾਨੀ ਹੁਣ ਨਸ਼ਿਆਂ ਦੀ ਦਲਦਲ ਵਿੱਚੋਂ ਨਿਕਲ ਰਹੀ ਹੈ ਅਤੇ ਪੰਜਾਬ ਮੁੜ ਤੋਂ ਸਿਹਤਮੰਦ ਪੰਜਾਬ ਬਣਨ ਵੱਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨਸ਼ਿਆਂ ਖ਼ਿਲਾਫ਼ ਹਰ ਫ਼ੈਸਲਾਕੁਨ ਯੁੱਧ ਅਵਾਮ ਦੇ ਸਹਿਯੋਗ ਨਾਲ ਜ਼ਰੂਰ ਜਿੱਤੇਗੀ।

ਇਸ ਮੌਕੇ ਉਨ੍ਹਾਂ ਨਾਲ ਚੇਅਰਮੈਨ ਬਲਵਿੰਦਰ ਸਿੰਘ ਹਰੂਵਾਲ, ਡੀਐੱਸਪੀ ਡੇਰਾ ਬਾਬਾ ਨਾਨਕ ਜੋਗਾ ਸਿੰਘ, ਬੀਡੀਪੀਓ ਪਰਮਜੀਤ ਕੌਰ ਤੋਂ ਇਲਾਵਾ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰ, ਪੰਚ/ਸਰਪੰਚ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਹਾਜ਼ਰ ਸਨ।

## ਪੰਜਾਬ ਨੈਸ਼ਨਲ ਬੈਂਕ ਨੇ ਡਿਫੈਂਸ ਕਾਲੋਨੀ ਵਿਖੇ ਮੈਗਾ ਰਿਟੇਲ ਲੋਨ ਆਊਟਰੀਚ ਪ੍ਰੋਗਰਾਮ ਕਰਵਾਇਆ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਨੈਸ਼ਨਲ ਬੈਂਕ ਨੇ ਪਠਾਨਕੋਟ ਦੇ ਡਿਫੈਂਸ ਕਾਲੋਨੀ ਦੇ ਕਮਿਊਨਿਟੀ ਹਾਲ ਵਿਖੇ ਦਵਿੰਦਰ ਕੁਮਾਰ ਤ੍ਰਿਪਾਠੀ (ਡਿਪਟੀ ਜਨਰਲ ਮੈਨੇਜਰ, ਮੁੱਖ ਦਫ਼ਤਰ) ਦੀ ਅਗਵਾਈ ਹੇਠ ਮੈਗਾ ਰਿਟੇਲ ਲੋਨ ਆਊਟਰੀਚ ਪ੍ਰੋਗਰਾਮ ਕਰਵਾਇਆ। ਇਹ ਪ੍ਰੋਗਰਾਮ ਪੀਐੱਨਬੀ ਦੀ ਗਾਹਕ-ਕੇਂਦ੍ਰਿਤ ਪਹਿਲਕਦਮੀ ਦਾ ਹਿੱਸਾ ਸੀ ਜਿਸ ਦਾ ਉਦੇਸ਼ ਵੱਖ-ਵੱਖ ਕਰਜ਼ਾ ਉਤਪਾਦਾਂ ਅਤੇ ਸੇਵਾਵਾਂ ਤੋਂ ਗਾਹਕਾਂ ਨੂੰ ਜਾਣੂ ਕਰਵਾਉਣਾ ਸੀ। ਪ੍ਰੋਗਰਾਮ ਵਿੱਚ ਗਾਹਕਾਂ ਨੂੰ ਹੋਮ ਲੋਨ, ਵਾਹਨ ਲੋਨ, ਸਿੱਖਿਆ ਲੋਨ, ਨਿੱਜੀ ਲੋਨ ਅਤੇ ਵਿੱਤ ਵਰਗੀਆਂ ਯੋਜਨਾਵਾਂ ਬਾਰੇ ਜਾਣਕਾਰੀ ਅਤੇ ਸੁਵਿਧਾਵਾਂ ਪ੍ਰਦਾਨ ਕੀਤੀਆਂ ਗਈਆਂ। ਮੁੱਖ ਮਹਿਮਾਨ ਦਵਿੰਦਰ ਕੁਮਾਰ ਤ੍ਰਿਪਾਠੀ ਨੇ ਕਿਹਾ ਕਿ ਇਹ ਮੈਗਾ ਰਿਟੇਲ ਲੋਨ ਆਊਟਰੀਚ ਪ੍ਰੋਗਰਾਮ ਪੰਜਾਬ ਨੈਸ਼ਨਲ ਬੈਂਕ ਦੇ ਬੈਂਕਿੰਗ ਨੂੰ ਸਿਰਫ਼ ਸ਼ਾਖਾਵਾਂ ਦੀ ਬਜਾਏ ਭਾਈਚਾਰਿਆਂ ਤੱਕ ਲਿਜਾਣ ਦੇ ਦ੍ਰਿਸ਼ਟੀਕੋਣ ਦਾ ਪ੍ਰਮਾਣ ਹੈ। ਉਨ੍ਹਾਂ ਕਿਹਾ ਕਿ ਸਾਡਾ ਉਦੇਸ਼ ਹਰੇਕ ਗਾਹਕ ਨੂੰ ਉਸ ਦੀ ਵਿੱਤੀ ਯਾਤਰਾ ਵਿੱਚ ਮਜ਼ਬੂਤ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਬੈਂਕ ਵੱਲੋਂ ਲੋਕਾਂ ਦੀ ਸਹੂਲਤ ਵਾਸਤੇ



ਪ੍ਰਧਾਨ ਮੰਤਰੀ ਜੀਵਨ ਜਯੋਤੀ ਬੀਮਾ ਯੋਜਨਾ, ਪ੍ਰਧਾਨ ਮੰਤਰੀ ਸਵਾਸਥ ਬੀਮਾ ਯੋਜਨਾ, ਅਟਲ ਪੈਨਸ਼ਨ ਯੋਜਨਾ, ਏਟੀਐੱਮ. ਕਾਰਡ ਇਨਸ਼ੋਰੈਂਸ ਆਦਿ ਦੀਆਂ ਸਹੂਲਤਾਂ ਵੀ ਦਿੱਤੀਆਂ ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਖਾਤਾਧਾਰਕਾਂ ਨੂੰ ਘੱਟੋ-ਘੱਟ ਬਕਾਇਆ ਰਕਮ ਰੱਖਣ 'ਤੇ ਕੋਈ ਚਾਰਜ ਨਹੀਂ ਲੱਗਦਾ।

ਇਸ ਮੌਕੇ ਡਿਵੀਜ਼ਨਲ ਮੁੱਖੀ ਸੰਜੀਤ ਕੁਮਾਰ, ਸ਼ਸ਼ਾਂਕ ਸ਼ੁਕਲਾ (ਮੁੱਖ ਪ੍ਰਬੰਧਕ), ਅਰੁਣ ਧੀਮਾਨ (ਮੁੱਖ ਪ੍ਰਬੰਧਕ), ਸੌਰਭ ਧੀਮਾਨ (ਪੀਐੱਲਪੀ ਹੈੱਡ), ਰਾਜਨ ਮਲਹੋਤਰਾ (ਐੱਲਡੀਐੱਮ., ਗੁਰਦਾਸਪੁਰ), ਬੈਂਕ ਦੇ ਕਈ ਸੀਨੀਅਰ ਅਧਿਕਾਰੀ ਜਿਨ੍ਹਾਂ ਵਿੱਚ ਵਿਨੈ ਮਾਰਵਾਹ (ਐੱਲਡੀਐੱਮ, ਪਠਾਨਕੋਟ), ਸ਼ਾਖਾ ਪ੍ਰਬੰਧਕ, ਗਾਹਕ, ਸਥਾਨਕ ਨਾਗਰਿਕ, ਸਾਬਕਾ ਸੈਨਿਕ, ਬਿਲਡਰ, ਸੋਲਰ ਵਿਕਰੇਤਾ, ਵਾਹਨ ਡੀਲਰ ਅਤੇ ਹੋਰ ਹਾਜ਼ਰ ਸਨ।

## ਚੀਫ਼ ਖ਼ਾਲਸਾ ਦੀਵਾਨ ਵੱਲੋਂ ਅਲੌਕਿਕ ਕੀਰਤਨ ਦਰਬਾਰ ਦੀਆਂ ਤਿਆਰੀਆਂ ਮੁਕੰਮਲ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਚੀਫ਼ ਖ਼ਾਲਸਾ ਦੀਵਾਨ ਅਤੇ ਇਸ ਅਧੀਨ ਚੱਲ ਰਹੇ ਸਮੂਹ ਅਦਾਰਿਆਂ ਵੱਲੋਂ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੇ ਸੰਬੰਧ ਵਿੱਚ 20 ਜੁਲਾਈ 2025 ਦਿਨ ਐਤਵਾਰ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸੀ. ਸੈ. ਪਬਲਿਕ ਸਕੂਲ, ਜੀ. ਟੀ. ਰੋਡ ਵਿਖੇ ਸ਼ਾਮ



4:30 ਤੋਂ ਰਾਤ 9:30 ਵਜੇ ਤੱਕ ਵਿਸ਼ਾਲ ਪੱਧਰ ਤੇ ਕਰਵਾਏ ਜਾ ਰਹੇ ਅਲੌਕਿਕ ਕੀਰਤਨ ਦਰਬਾਰ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਇਸ ਸੰਬੰਧ ਵਿਚ ਦੀਵਾਨ ਦੇ ਮੁੱਖ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਸ਼ਾਮ 4:15 ਵਜੇ ਅਰਦਾਸ ਕਰਕੇ ਬੈਂਡ ਦੀਆਂ ਧੁਨਾਂ, ਨਰਸਿੰਗੇ ਦੀ ਗੂੰਜ ਅਤੇ ਫੁੱਲਾਂ ਦੀ ਵਰਖਾ ਵਿਚ ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਨੂੰ ਫੁੱਲਾਂ ਅਤੇ ਰੌਸ਼ਨੀਆਂ ਨਾਲ ਸ਼ਿੰਗਾਰੇ ਦਰਬਾਰ ਵਿਚ ਬਹੁਤ ਸ਼ਰਧਾ ਅਤੇ ਸਤਿਕਾਰ ਨਾਲ ਸੁਸੋ ਕੀਤਾ ਜਾਵੇਗਾ। ਉਨ੍ਹਾਂ ਨੇ ਦੱਸਿਆ ਕਿ ਵੱਖ-ਵੱਖ ਕੀਰਤਨੀ ਜੱਥੇ ਰਸਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਗੁਰੂ ਜਸ ਨਾਲ ਜੋੜਨਗੇ।

## 8 ਗ੍ਰਾਮ 4 ਮਿਲੀਗ੍ਰਾਮ ਹੈਰੋਇਨ ਸਮੇਤ ਨੌਜਵਾਨ ਕਾਬੂ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਥਾਣਾ ਧਾਰੀਵਾਲ ਦੀ ਪੁਲਸ ਨੇ 8 ਗ੍ਰਾਮ 04 ਮਿਲੀਗ੍ਰਾਮ ਹੈਰੋਇਨ ਸਮੇਤ ਇਕ ਨੌਜਵਾਨ ਨੂੰ ਕਾਬੂ ਕੀਤਾ ਹੈ। ਇਸ ਸੰਬਧੀ ਥਾਣਾ ਧਾਰੀਵਾਲ ਦੇ ਐੱਸਐੱਚਓ ਇੰਸਪੈਕਟਰ ਹਰਪਾਲ ਸਿੰਘ ਨੇ ਦੱਸਿਆ ਕਿ ਏਐੱਸਆਈ ਰਣਜੀਤ ਸਿੰਘ ਨੇ ਪੁਲਸ ਪਾਰਟੀ ਸਮੇਤ ਸ਼ਹਿਰ ਦੇ ਬਾਹਰਵਾਰ ਭੈੜੇ ਪੁਰਸ਼ਾਂ ਦੀ ਤਲਾਸ਼ ਵਿੱਚ ਗਸ਼ਤ ਦੌਰਾਨ ਨੈਸ਼ਨਲ ਹਾਈਵੇ ਬਾਈਪਾਸ ਪੁਲ ਰਣੀਆਂ ਹੇਠਾਂ ਸ਼ੱਕ ਦੇ ਅਧਾਰ 'ਤੇ ਇਕ ਨੌਜਵਾਨ ਨੂੰ ਕਾਬੂ ਕਰਕੇ ਤਲਾਸ਼ੀ ਲੈਣ 'ਤੇ ਉਸ ਕੋਲੋਂ ਮਿਲੇ ਮੋਮੀ ਲਿਫ਼ਾਫ਼ੇ ਵਿੱਚ 8 ਗ੍ਰਾਮ 04 ਮਿਲੀਗ੍ਰਾਮ ਹੈਰੋਇਨ ਬਾਰਮਦ ਹੋਈ। ਮੁਲਜ਼ਮ ਦੀ ਪਛਾਣ ਥੋਮਸ ਮਸੀਹ ਪੁੱਤਰ ਯਸ਼ਪਾਲ ਵਾਸੀ ਧਾਰੀਵਾਲ ਵਜੋਂ ਹੋਈ। ਪੁਲਸ ਨੇ ਥੋਮਸ ਮਸੀਹ ਨੂੰ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸ ਵਿਰੁੱਧ ਐੱਨਡੀਪੀਐੱਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਹੈ।



## ਸਾਧੂਚੱਕ ਮੋੜ ਨਜ਼ਦੀਕ ਵਗਦੇ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਲੋਕ ਪ੍ਰੇਸ਼ਾਨ

ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਤੋਂ ਬਹਿਰਾਮਪੁਰ ਨੂੰ ਜਾਣ ਵਾਲੀ ਸੜਕ 'ਤੇ ਪੈਂਦੇ ਪਿੰਡ ਸਾਧੂਚੱਕ ਮੋੜ ਨਜ਼ਦੀਕ ਸੜਕ ਵਿਚਕਾਰੋਂ ਵਗਦੇ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਨਾ ਹੋਣ ਕਰਕੇ ਇਥੇ ਹਰ ਸਮੇਂ ਗੰਦਗੀ ਦੀ ਭਰਮਾਰ ਰਹਿੰਦੀ ਹੈ। ਇਸ ਸੇਮ ਨਾਲੇ ਵਿਚ ਲੰਬੀ-ਲੰਬੀ ਘਾਹ ਤੇ ਜੜ੍ਹੀ ਬੂਟੀ ਉੱਗੀ ਪਈ ਹੈ ਜਿਸ ਕਰਕੇ ਵਰਖਾ ਦਿਨਾਂ ਵਿਚ ਪਾਣੀ ਦਾ ਸਹੀ ਨਿਕਾਸ ਨਹੀਂ ਹੁੰਦਾ। ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਇਲਾਕਾ ਵਾਸੀਆਂ ਨੇ ਦੱਸਿਆ ਕਿ ਇਕ ਪਾਸੇ ਤਾਂ ਸਰਕਾਰ ਵਲੋਂ ਮਲੇਰੀਆ ਤੋਂ ਬਚਣ ਲਈ ਲੋਕਾਂ ਨੂੰ ਵੱਖ-ਵੱਖ ਥਾਵਾਂ 'ਤੇ



ਜਾਗਰੂਕਤਾ ਕੈਂਪਾਂ ਰਾਹੀਂ ਜਾਗਰੂਕ ਕੀਤਾ ਜਾ ਰਿਹਾ ਹੈ ਪਰ ਦੂਸਰੇ ਪਾਸੇ ਡਰੇਨੇਜ ਵਿਭਾਗ ਵੱਲੋਂ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਸਮੇਂ ਸਿਰ ਨਾ ਕਰਨ ਕਰਕੇ ਹਰ ਸਮੇਂ ਬਿਮਾਰੀਆਂ ਫੈਲਣ ਦਾ ਖ਼ਦਸ਼ਾ ਬਣਿਆ ਰਹਿੰਦਾ ਹੈ। ਉਨ੍ਹਾਂ ਚਿੰਤਾ ਜ਼ਾਹਿਰ ਕੀਤੀ ਕਿ ਜੇਕਰ ਨਾਲੇ ਵਿਚ ਖੜੇ ਪਾਣੀ ਅਤੇ ਉੱਗੀ ਜੜੀ ਬੂਟੀ ਦੀ ਸਫਾਈ ਨਾ ਹੋਈ ਤਾਂ ਬਰਸਾਤਾਂ ਦੇ ਦਿਨਾਂ ਵਿਚ ਹਾਲਾਤ ਹੋਰ ਵੀ ਮਾੜੇ ਹੋ ਜਾਣਗੇ। ਉਨ੍ਹਾਂ ਦੱਸਿਆ ਕਿ ਇਹ ਸੇਮ ਨਾਲਾ ਪਿੱਛੋਂ ਨਹਿਰ ਅਪਰ ਬਾਰੀ ਦੁਆਬ ਤੋਂ ਗਾਜੀਕੋਟ ਪੁਲ ਵੱਲੋਂ ਆਉਂਦਾ ਹੋਇਆ ਪਿੰਡ ਸਾਹੋਵਾਲ ਰਾਹੀਂ ਪਿੰਡ ਸਾਧੂਚੱਕ ਵਾਲੇ ਪਾਸੇ ਨੂੰ ਚਲਾ ਜਾਂਦਾ ਹੈ। ਲੋਕਾਂ ਦੱਸਿਆ ਕਿ ਇਸ ਸੇਮ ਨਾਲੇ ਵਿਚ ਹਰ ਸਮੇਂ ਗੰਦਗੀ ਦੀ ਭਰਮਾਰ ਰਹਿੰਦੀ ਹੈ। ਇਲਾਕਾ ਵਾਸੀਆਂ ਨੇ ਜਿਲ੍ਹਾ ਪ੍ਰਸ਼ਾਸਨ ਤੇ ਸੰਬਧਿਤ ਵਿਭਾਗ ਪਾਸੋਂ ਮੰਗ ਕੀਤੀ ਕਿ ਇਸ ਸੇਮ ਨਾਲੇ ਦੀ ਸਫ਼ਾਈ ਤੇ ਡੂੰਘਾਈ ਕਰਵਾਈ ਜਾਵੇ ਤਾਂ ਜੋ ਪਾਣੀ ਦਾ ਨਿਕਾਸ ਸਹੀ ਤਰੀਕੇ ਨਾਲ ਹੋ ਸਕੇ।

## ਉੱਤਰੀ ਭਾਰਤ ਦੀ 41 ਪ੍ਰਤੀਸ਼ਤ ਸੈਂਡਵਿਚ ਪੀੜ੍ਹੀ ਦਾ ਆਪਣਾ ਕਾਰੋਬਾਰ ਸ਼ੁਰੂ ਕਰਨ ਵੱਲ ਝੁਕਾਅ

ਅੰਮ੍ਰਿਤਸਰ : ਐਡਲਵਾਈਸ ਲਾਈਫ ਇੰਸ਼ੋਰੈਂਸ ਦੀ ਇੱਕ ਨਵੀਂ ਅਧਿਐਨ ਰਿਪੋਰਟ ਅਨੁਸਾਰ ਉੱਤਰੀ ਭਾਰਤ ਦੀ 41 ਪ੍ਰਤੀਸ਼ਤ ਸੈਂਡਵਿਚ ਪੀੜ੍ਹੀ ਆਪਣੇ ਖੁਦ ਦਾ ਕਾਰੋਬਾਰ ਸ਼ੁਰੂ ਕਰਨ ਨੂੰ ਇੱਕ ਮਹੱਤਵਪੂਰਨ ਛੋਟੇ ਸਮੇਂ ਦੇ ਆਰਥਿਕ ਟੀਚੇ ਵਜੋਂ ਮੰਨਦੀ ਹੈ, ਜੋ ਦੇਸ਼ ਦੇ ਕਿਸੇ ਹੋਰ ਖੇਤਰ ਨਾਲੋਂ ਸਭ ਤੋਂ ਵੱਧ ਹੈ।ਇਹ ਮਜ਼ਬੂਤ ਉੱਦਮੀ ਸੋਚ ਇਸ ਗੱਲ ਦਾ ਸੰਕੇਤ ਹੈ ਕਿ ਇਹ ਪੀੜ੍ਹੀ ਹੁਣ ਵਿੱਤੀ ਆਜ਼ਾਦੀ ਨੂੰ ਸਿਰਫ ਨੌਕਰੀ ਦੀ ਸੁਰੱਖਿਆ ਨਹੀਂ, ਸਗੋਂ ਖੁਦਮੁਖਤਿਆਰੀ ਵਜੋਂ ਦੇਖ ਰਹੀ ਹੈ।ਐਡਲਵਾਈਸ ਲਾਈਫ ਇੰਸ਼ੋਰੈਂਸ ਦੇ ਚੀਫ ਡਿਸਟ੍ਰੀਬਿਊਸ਼ਨ ਅਫਸਰ ਅਨੂਪ ਸੇਠ ਨੇ ਕਿਹਾ ਕਿ ਉੱਤਰੀ ਭਾਰਤ ਵਿੱਚ ਹਮੇਸ਼ਾ ਤੋਂ ਹੀ ਉਦਮਤਾ ਲੋਕਾਂ ਦਾ ਪਲੇਠਾ ਰੁਝਾਨ ਰਿਹਾ ਹੈ। ਪਰਿਵਾਰਕ ਵਪਾਰ, ਵਪਾਰੀ ਭਾਈਚਾਰਾ ਅਤੇ ਸਵੈ-ਰੋਜ਼ਗਾਰ ਇਥੋਂ ਦੀ ਆਰਥਿਕ ਡੀਐੱਨਏ ਦਾ ਹਿੱਸਾ ਰਹੇ ਹਨ।ਫਰਕ ਸਿਰਫ਼ ਇੰਨਾ ਹੀ ਹੈ ਕਿ ਹੁਣ ਇਹ ਰੁਝਾਨ ਹੋਰ ਜ਼ਿਆਦਾ ਵਧਿਆ ਅਤੇ ਇਕ ਜਨੂੰਨ ਦਾ ਰੂਪ ਧਾਰਨ ਕਰ ਰਿਹਾ ਹੈ।



ਬੀਤੇ ਦਿਨ ਗੁ: ਸ਼ਹੀਦ ਭਾਈ ਤਾਰੂ ਸਿੰਘ ਪਿੰਡ ਪੂਹਲਾ ਵਿਖੇ ਸ਼ਹੀਦ ਭਾਈ ਤਾਰੂ ਸਿੰਘ ਦੇ ਮਨਾਏ ਗਏ ਸਾਲਾਨਾ ਸ਼ਹੀਦੀ ਜੋੜ ਮੇਲੇ ਮੌਕੇ ਸੈਣ ਸਮਾਜ ਦੇ ਆਗੂ ਭਾਈ ਸ਼ਮਸ਼ੇਰ ਸਿੰਘ ਸੁੱਗਾ ਨੂੰ ਸਨਮਾਨਿਤ ਕਰਦੇ ਹੋਏ ਬਾਬਾ ਹਰਮਿੰਦਰ ਸਿੰਘ ਕਾਰ ਸੇਵਾ ਸੰਪ੍ਰਦਾਇ ਭਲਾਈ ਕੇਂਦਰ ਅੰਮ੍ਰਿਤਸਰ।
(ਫੋਟੋ ਤੇ ਵੇਰਵਾ: ਹਰਜਿੰਦਰ ਸਿੰਘ ਸੋਨੀ)

## ਜ਼ਿਲ੍ਹਾ ਪੁਲਸ ਵੱਲੋਂ ਵੱਖ-ਵੱਖ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਧਾਰੀਵਾਲ ਦੇ ਏਐੱਸਆਈ ਰਣਜੀਤ ਸਿੰਘ ਨੇ ਸਮੇਤ ਪੁਲਸ ਬਾਈਪਾਸ ਰਣੀਆਂ ਪੁਲ ਹੇਠਾਂ ਧਾਰੀਵਾਲ ਤੋਂ ਥੋਮਸ ਮਸੀਹ ਪੁੱਤਰ ਯਸ਼ਪਾਲ ਵਾਸੀ ਧਾਰੀਵਾਲ ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ। ਉਸ ਪਾਸੋਂ 08.04 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਪੁਰਾਣਾ ਸ਼ਾਲਾ ਦੇ ਏਐੱਸਆਈ ਗੁਰਨਾਮ ਸਿੰਘ ਨੇ ਸਮੇਤ ਪੁਲਸ ਪਾਰਟੀ ਪੁਲ ਤਿੱਬੜੀ ਤੋਂ ਗਾਜੀਕੋਟ ਸਾਇਡ ਨਹਿਰ ਦੀ ਪੱਟੜੀ ਤੋਂ ਸੁਨੀਤਾ ਪਤਨੀ ਸਤਨਾਮ ਸਿੰਘ ਵਾਸੀ ਪਨਿਆੜ ਕੋਲੋਂ 100 ਗ੍ਰਾਮ ਹੈਰੋਇਨ ਬਰਾਮਦ ਹੋਈ ਹੈ। ਥਾਣਾ ਬਹਿਰਾਮਪੁਰ ਦੇ ਐਸਆਈ ਰਮਨ ਕੁਮਾਰ ਨੇ ਸਮੇਤ ਪੁਲਸ ਪਾਰਟੀ ਟੀ. ਪੁਆਇੰਟ ਨੇੜੇ ਗੈਸ ਏਜੰਸੀ ਬਹਿਰਾਮਪੁਰ ਤੋਂ ਗੁਰਬਚਨ ਸਿੰਘ ਪੁੱਤਰ ਪ੍ਰਕਾਸ਼ ਸਿੰਘ ਵਾਸੀ ਮਿਆਣੀ ਮਲਾਹ ਜੋ ਝਾੜੀਆਂ ਵਿੱਚ ਬੈਠ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਉਸ ਪਾਸੋਂ ਇਕ ਲਾਈਟਰ, ਸਿਲਵਰ ਪੇਪਰ 20 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਏਐੱਸਆਈ ਰਮੇਸ਼ ਕੁਮਾਰ ਨੇ ਸਮੇਤ ਪੁਲਸ ਪਾਰਟੀ ਦਬੁਰਜੀ ਪੁਲ ਤੋਂ ਥੋੜਾ ਪਿਛੇ ਤੋਂ ਅਮਿਤ ਹਰਚੰਦ ਪੁੱਤਰ ਭੀਮ ਸਿੰਘ ਵਾਸੀ ਅਵਾਂਖਾ ਜੋ ਸੜਕ ਦੇ ਕਿਨਾਰੇ ਕੱਚੀ ਜਗਾ 'ਤੇ ਬੈਠ ਕੇ ਨਸ਼ੇ ਦਾ ਸੇਵਨ ਕਰ ਰਿਹਾ ਸੀ, ਨੂੰ ਸ਼ੱਕ ਦੇ ਆਧਾਰ 'ਤੇ ਕਾਬੂ ਕੀਤਾ ਤਾਂ ਉਸ ਪਾਸੋਂ ਮੌਕੇ ਤੋਂ ਇਕ ਲਾਈਟਰ, ਸਿਲਵਰ ਪੇਪਰ 10 ਰੁਪਏ ਦਾ ਨੋਟ ਬਰਾਮਦ ਹੋਇਆ ਹੈ। ਪੁਲਸ ਨੇ ਉਕਤ ਸਾਰੇ ਨਸ਼ਾ ਤਸਕਰਾਂ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਰਿਆੜਕੀ ਸਕੂਲ ਤੁਗਲਵਾਲਾ ਦੀ ਖੋ-ਖੋ ਟੀਮ (ਲੜਕੀਆਂ) ਨੇ ਕਲਸਟਰ ਪੱਧਰੀ ਮੁਕਾਬਲੇ 'ਚ ਕਾਂਸੀ ਦਾ ਮੈਡਲ ਜਿੱਤਿਆ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੀਆਂ ਲੜਕੀਆਂ ਨੇ ਸੀਬੀਐੱਸਈ ਨਵੀਂ ਦਿੱਲੀ ਵੱਲੋਂ ਕਰਵਾਏ ਕਲੱਸਟਰ ਪੱਧਰੀ ਖੋ ਖੋ ਮੁਕਾਬਲਿਆਂ ਵਿੱਚ ਮੱਲਾਂ ਮਾਰ ਕੇ ਆਪਣੀ ਸੰਸਥਾ ਅਤੇ ਮਾਤਾ ਪਿਤਾ ਦਾ ਨਾ ਰੋਸ਼ਨ ਕੀਤਾ ਹੈ। ਇਸ ਸੰਬਧੀ ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ, ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਅਤੇ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ ਸੀਬੀਐੱਸਈ ਨਵੀਂ ਦਿੱਲੀ ਵੱਲੋਂ ਕਲਸਟਰ 18 ਅਧੀਨ ਸਕੂਲਾਂ ਦੇ ਸੀਨੀਅਰ ਸੈਕੰਡਰੀ ਸੰਸਕ੍ਰਿਤ ਸਕੂਲ ਜੰਮੂ ਵਿਖੇ ਕਰਵਾਏ ਲੜਕੀਆਂ ਦੇ ਖੋ-ਖੋ ਮੁਕਾਬਲਿਆਂ ਵਿੱਚ ਵੱਖ-ਵੱਖ ਸਕੂਲਾਂ ਦੀਆਂ ਵਿਦਿਆਰਥਣਾਂ ਨੇ ਭਾਗ ਲਿਆ। ਇਸ ਮੁਕਾਬਲੇ ਵਿੱਚ ਬਾਬਾ ਆਇਆ ਸਿੰਘ ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਦੀ ਅੰਡਰ-19 ਖੋ-ਖੋ ਟੀਮ ਨੇ ਡੀ.ਪੀ. ਰਾਜਵਿੰਦਰ ਕੌਰ ਦੀ ਅਗਵਾਈ ਹੇਠ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਂਸੀ ਦਾ ਮੈਡਲ ਹਾਸਲ ਕਰਕੇ ਆਪਣੇ ਸਕੂਲ, ਮਾਪਿਆਂ ਅਤੇ ਅਧਿਆਪਕਾਂ ਦਾ ਮਾਣ ਵਧਾਇਆ। ਅੰਡਰ-19 ਟੀਮ ਦੀਆਂ ਜੇਤੂ ਖਿਡਾਰਨਾਂ ਵਿੱਚ ਕੈਪਟਨ ਵਿਸ਼ਾਲੀ, ਜਸਮੀਤ ਕੌਰ ਬਸਰਾਏ, ਜਸਮੀਤ ਕੌਰ ਤੁਗਲਵਾਲ, ਜਸਨੀਤ ਕੌਰ ਔਲਖ, ਰਾਜਬੀਰ ਕੌਰ ਭਾਮੜੀ, ਨਵਰੋਜਪ੍ਰੀਤ ਕੌਰ ਬਸਰਾਏ, ਗੁਰਸਹਿਜਦੀਪ ਕੌਰ ਭਾਮ, ਗੁਰਲੀਨ ਕੌਰ ਹਰਚੋਵਾਲ, ਰਸਲੀਨ ਕੌਰ ਵਿਠਵਾ, ਸ਼ੁਭਨੀਤ ਕੌਰ ਤੁਗਲਵਾਲ, ਮਨਰੀਤ ਕੌਰ ਤੁਗਲਵਾਲ ਅਤੇ ਏਕਮਪ੍ਰੀਤ ਕੌਰ ਤੁਗਲਵਾਲ ਸ਼ਾਮਲ ਸਨ, ਜਿਨ੍ਹਾਂ ਦਾ ਸਕੂਲ ਪਹੁੰਚਣ 'ਤੇ ਸਕੂਲ ਮੈਨੇਜਮੈਂਟ, ਪ੍ਰਿੰ. ਅਤੇ ਸਮੂਹ ਸਟਾਫ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਸਕੂਲ ਦੀ ਹੈੱਡ ਗਰਲ ਅਰਸ਼ਦੀਪ ਕੌਰ



ਬੇਰੀ, ਵਾਈਸ ਹੈੱਡ ਗਰਲ ਅਨਹਦ ਕੌਰ ਅਤੇ ਸਕੂਲ ਵਿਦਿਆਰਥੀ ਕੌਂਸਲ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਹਾਰ ਪਾ ਕੇ ਸਨਮਾਨਿਤ ਕੀਤਾ। ਸੰਸਥਾ ਦੀ ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਨੇ ਵਿਦਿਆਰਥਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਕਾਦਮਿਕ ਪੜ੍ਹਾਈ ਅਤੇ ਖੇਡਾਂ ਵਿੱਚ ਸੰਤੁਲਨ ਬਣਾਈ ਰੱਖਣਾ ਅਤਿਅੰਤ ਜ਼ਰੂਰੀ ਹੈ। ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਜੇਤੂ ਟੀਮ ਦੀ ਹੌਸਲਾ ਅਫਜ਼ਾਈ ਕਰਦਿਆਂ ਇਸ ਕਾਮਯਾਬੀ ਲਈ ਵਧਾਈ ਦਿੱਤੀ। ਅਖੀਰ ਵਿੱਚ ਪ੍ਰਿੰਸੀਪਲ ਇੰਦਰਜੀਤ ਕੌਰ ਨੇ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ, ਕੋਚ ਅਤੇ ਸਮੂਹ ਸਟਾਫ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ।

## ਭਲਕੇ ਝਬਾਲ ਵਿਖੇ ਹੋਵੇਗੀ ਸ਼੍ਰੋਮਣੀ ਅਕਾਲੀ ਦਲ ਦੀ ਵੱਡੀ ਰੈਲੀ

ਝਬਾਲ (ਹਰਜਿੰਦਰ ਸਿੰਘ ਸੋਨੀ):ਅਕਾਲੀ ਦਲ ਬਾਦਲ ਵੱਲੋਂ ਪ੍ਰੈੱਸ ਨੋਟ ਜਾਰੀ ਕਰਦਿਆ ਦੱਸਿਆ ਗਿਆ ਕਿ ਹਲਕਾ ਤਰਨ ਤਾਰਨ ਦੇ ਕਸਬਾ ਝਬਾਲ ਜੋ ਕਿ ਸ਼੍ਰੋਮਣੀ ਅਕਾਲੀ ਦਲ ਦੇ ਪਹਿਲੇ ਪ੍ਰਧਾਨ ਸ੍ਰ: ਸਰਮੁੱਖ ਸਿੰਘ ਝਬਾਲ ਦਾ ਨਗਰ ਵੀ ਹੈ, ਵਿਖੇ ਸ਼੍ਰੋਮਣੀ ਅਕਾਲੀ ਦਲ 20 ਜੁਲਾਈ ਨੂੰ ਜ਼ਿਮਨੀ ਚੋਣ ਦੇ ਆਗਾਜ਼ ਲਈ ਵੱਡੀ ਰੈਲੀ ਵਿੱਚ ਇੱਕ ਵੱਡਾ ਸਿਆਸੀ ਧਮਾਕਾ ਕਰੇਗਾ।ਇਸ ਰੈਲੀ ਵਿੱਚ ਤਰਨਤਾਰਨ ਹਲਕੇ ਅੰਦਰ ਰਾਜਨੀਤਿਕ ਤੌਰ 'ਤੇ ਇੱਕ ਸ਼ਕਤੀਸ਼ਾਲੀ ਹੋਂਦ ਰੱਖਣ ਵਾਲਾ 'ਆਜ਼ਾਦ ਗਰੁੱਪ' ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਵੇਗਾ।ਆਜ਼ਾਦ ਗਰੁੱਪ ਨੇ ਪਿਛਲੇ ਦਿਨੀਂ ਮੀਟਿੰਗ ਕਰਕੇ ਆਪਣਾ ਆਗੂ ਇੱਕ ਸੋਸ਼ਲ ਵਰਕਰ ਪ੍ਰਿੰਸੀਪਲ ਸੁਖਵਿੰਦਰ ਕੌਰ ਰੰਧਾਵਾ ਨੂੰ ਚੁਣ ਲਿਆ ਹੈ।ਇਸ ਗਰੁੱਪ ਕੋਲ 104 ਪੰਚਾਇਤਾਂ 'ਚੋਂ 43 ਮੌਜੂਦਾ ਸਰਪੰਚ ਤੇ ਬਾਕੀ ਸਾਬਕਾ ਸਰਪੰਚ ਤੇ ਨਗਰ ਕੌਂਸਲ ਤਰਨ ਤਾਰਨ ਦੇ 25 ਐੱਮਸੀਐੱਸ ਵਿੱਚੋਂ 8 ਮੌਜੂਦਾ ਐੱਮਸੀਐੱਸ ਤੇ ਬਾਕੀ 17 ਵਾਰਡਾਂ ਤੋਂ ਵੀ ਚੋਣ ਲੜਨ ਵਾਲੇ ਉਮੀਦਵਾਰ ਤੇ ਇਸ ਗਰੁੱਪ ਦੇ ਸਾਰੇ ਹਜ਼ਾਰਾਂ ਸਮਰਥਕ ਇਸ ਰੈਲੀ ਵਿੱਚ ਸ਼ਾਮਲ ਹੋ ਕੇ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕਰਨਗੇ।ਇਸ ਰੈਲੀ ਨਾਲ ਤਰਨ ਤਾਰਨ ਦੀ ਜ਼ਿਮਨੀ ਚੋਣ ਦਾ ਆਉਣ ਵਾਲਾ ਮਾਹੌਲ ਆਪਣੇ ਆਪ ਸਪੱਸ਼ਟ ਕਰ ਦੇਵੇਗਾ ਕਿ ਅਕਾਲੀ ਦਲ ਆਪਣੇ ਇਸ ਕਿਲੇ ਦੇ ਉਤੇ ਬੜੀ ਸ਼ਾਨ ਨਾਲ ਮੁੜ ਕਾਬਜ਼ ਹੋਵੇਗਾ।

## ਨਿਗਮ ਦੇ ਲੈਂਡ ਵਿਭਾਗ ਨੇ ਗੋਲਬਾਗ ਰੇਲਵੇ ਸਟੇਸ਼ਨ ਦੇ ਸਾਹਮਣੇ ਖੁੱਲ੍ਹੇ ਨਜਾਇਜ਼ ਖੋਖੇ ਹਟਵਾਏ

*** ਗਿੱਲਵਾਲੀ ਗੇਟ ਭਗਤਾਂਵਾਲਾ ਵਿਖੇ ਨਿਗਮ ਦੀ ਜਗ੍ਹਾ ਨੂੰ ਕੀਤਾ ਗਿਆ ਕਬਜ਼ਾ ਮੁਕਤ**

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਦੇ ਦਿਸ਼ਾ-ਨਿਰਦੇਸ਼ਾ ਤੇ ਕਾਰਵਾਈ ਕਰਦੇ ਹੋਏ ਨਗਰ ਨਿਗਮ ਦੇ ਲੈਂਡ ਵਿਭਾਗ ਦੀ ਟੀਮ ਵੱਲੋਂ ਗੋਲਬਾਗ ਰੇਲਵੇ ਸਟੇਸ਼ਨ ਦੇ ਬਾਹਰ ਇਕ ਵੱਡੀ ਕਾਰਵਾਈ ਕਰਦੇ ਹੋਏ 6 ਨਜਾਇਜ਼ ਤੌਰ 'ਤੇ ਖੋਲ੍ਹੇ ਖੋਖਿਆਂ ਨੂੰ ਹਟਾ ਦਿੱਤਾ ਗਿਆ ਅਤੇ ਗਿੱਲਵਾਲੀ ਗੇਟ ਵਿਖੇ ਥਾਣਾ-ਸੀ ਡਵੀਜ਼ਨ ਦੇ ਸਾਹਮਣੇ ਨਿਗਮ ਦੀ ਸਰਕਾਰੀ ਜਗ੍ਹਾ 'ਤੇ ਹੋਏ ਨਜਾਇਜ਼ ਕਬਜ਼ੇ ਨੂੰ ਵੀ ਕਬਜ਼ਾ ਮੁਕਤ ਕੀਤਾ ਗਿਆ। ਕਾਰਵਾਈ ਵਿੱਚ ਅਸਟੇਟ ਅਫਸਰ ਧਰਮਿੰਦਰਜੀਤ ਸਿੰਘ, ਅਮਨ ਕੁਮਾਰ ਇੰਸਪੈਕਟਰ ਅਤੇ ਅਰੁਣ ਸਹਿਜ ਪਾਲ ਤੋਂ ਇਲਾਵਾ ਪੁਲਸ ਦੀ ਟੀਮ ਵੀ ਸ਼ਾਮਿਲ ਸੀ।ਸੰਯੁਕਤ ਕਮਿਸ਼ਨਰ ਜੈ ਇੰਦਰ ਸਿੰਘ ਨੇ ਦੱਸਿਆ ਕਿ ਸ਼ਹਿਰ ਦੀਆਂ ਮੁੱਖ ਸੜਕਾਂ ਨੂੰ ਸਾਫ-ਸੁਥਰਾ ਅਤੇ ਰਾਹਗੀਰਾਂ ਲਈ ਚਲਣ-ਯੋਗ ਬਣਾਉਣ ਲਈ ਨਗਰ ਨਿਗਮ ਵਲੋਂ ਇਕ ਮੁਹਿੰਮ ਤਹਿਤ ਨਜਾਇਜ਼ ਕਬਜ਼ਿਆਂ ਨੂੰ ਖਤਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗੋਲ ਬਾਗ ਰੇਲਵੇ ਸਟੇਸ਼ਨ ਦੇ ਸਾਹਮਣੇ ਕੁਝ ਲੋਕਾਂ ਵੱਲੋਂ ਨਜਾਇਜ਼ ਖੋਖਿਆਂ ਦੀ ਉਸਾਰੀ ਕੀਤੀ ਗਈ ਸੀ ਜਿਨ੍ਹਾਂ ਨੂੰ ਵਿਭਾਗ ਨੇ ਵੱਡੀ ਕਾਰਵਾਈ ਕਰਦੇ ਹੋਏ ਉਠਾ ਦਿੱਤਾ ਹੈ ਅਤੇ ਸਾਮਾਨ ਜ਼ਬਤ ਕਰ ਲਿਆ ਗਿਆ ਹੈ।ਉਨ੍ਹਾਂ ਕਿਹਾ ਕਿ ਗਿੱਲਵਾਲੀ ਗੇਟ ਥਾਣਾ ਸੀ-ਡਵੀਜ਼ਨ ਦੇ ਸਾਹਮਣੇ ਨਿਗਮ ਦੀ ਕੁਝ ਜਗ੍ਹਾ ਖਾਲੀ ਪਈ ਹੈ ਜਿਥੇ ਝੁੱਗੀ ਝੌਂਪੜੀਆਂ ਬਣਾ ਕੇ ਨਜਾਇਜ਼ ਕਬਜ਼ਾ ਕੀਤਾ ਗਿਆ ਸੀ। ਇਸ ਜਗ੍ਹਾ ਤੇ ਵੀ ਜੇਸੀਬੀ ਮਸ਼ੀਨ ਅਤੇ ਟਿਪਰ ਆਦਿ ਨਾਲ ਨਜਾਇਜ਼ ਕਬਜ਼ੇ ਨੂੰ ਹਟਾ ਦਿੱਤਾ ਗਿਆ ਹੈ ਅਤੇ ਸਾਮਾਨ ਜ਼ਬਤ ਕਰ ਲਿਆ ਗਿਆ ਹੈ।ਸੰਯੁਕਤ ਕਮਿਸ਼ਨਰ ਨੇ ਕਿਹਾ ਕਿ ਨਿਗਮ ਵਲੋਂ ਨਿਰਧਾਰਿਤ ਕੀਤੀਆਂ ਥਾਵਾਂ ਜਾਂ ਰੇਹੜੀ ਮਾਰਕੀਟਾਂ ਤੋਂ ਇਲਾਵਾ ਨਜਾਇਜ਼ ਤੌਰ 'ਤੇ ਸੜਕਾਂ ਦੇ ਨਾਲ ਨਾਲ



ਫੁੱਟਪਾਥਾਂ 'ਤੇ ਅਣਅਧਿਕਾਰਤ ਕਬਜ਼ੇ ਨਾ ਕੀਤੇ ਜਾਣ ਅਤੇ ਦੁਕਾਨਦਾਰਾਂ ਵੱਲੋਂ ਦੁਕਾਨ ਤੋਂ ਅੱਗੇ ਵਧਾ ਕੇ ਸਾਮਾਨ ਨਾ ਰੱਖਿਆ ਜਾਵੇ ਅਤੇ ਵਾਹਨ ਨੂੰ ਪਾਰਕਿੰਗ ਵਿੱਚ ਨਿਰਧਾਰਿਤ ਕੀਤੇ ਗਏ ਸਥਾਨਾਂ ਤੇ ਖੜਾ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਿਗਮ ਵੱਲੋਂ ਨਜਾਇਜ਼ ਕਬਜ਼ੇ ਹਟਾਉਣ ਸਬੰਧੀ ਕਾਰਵਾਈ ਲਗਾਤਾਰ ਜਾਰੀ ਰਹੇਗੀ ।ਉਨ੍ਹਾਂ ਅਪੀਲ ਕੀਤੀ ਕਿ ਲੋਕ ਆਪਣੇ ਨਜਾਇਜ਼ ਕਬਜ਼ੇ ਅਤੇ ਸੜਕਾਂ 'ਤੇ ਲਗਾਇਆ ਸਾਮਾਨ ਆਪ ਹੀ ਹਟਾ ਲੈਣ ਨਹੀਂ ਤਾਂ ਨਿਗਮ ਵੱਲੋਂ ਇਹ ਸਾਮਾਨ ਜ਼ਬਤ ਕਰ ਲਿਆ ਜਾਵੇਗਾ ਅਤੇ ਵਾਪਿਸ ਨਹੀਂ ਕੀਤਾ ਜਾਵੇਗਾ ।

## ਵਿਧਾਇਕ ਕਟਾਰੂਚੱਕ ਨੇ ਘਰੋਟਾ ਵਿਖੇ ਸਕੂਲ ਆਫ ਹੈਪੀਨੈੱਸ ਦਾ ਨੀਂਹ ਪੱਥਰ ਰੱਖਿਆ

**ਪਠਾਨਕੋਟ, (ਦਵਿੰਦਰ ਸਿੰਘ)**-ਜ਼ਿਲ੍ਹਾ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਘਰੋਟਾ ਅੰਦਰ 40 ਲੱਖ 40 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਾਏ ਜਾਣ ਵਾਲੇ ਸਕੂਲ ਆਫ ਹੈਪੀਨੈੱਸ ਦਾ ਨੀਂਹ ਪੱਥਰ ਰੱਖਿਆ ਗਿਆ ਅਤੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ।ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਮੁੱਖ ਮਹਿਮਾਨ ਵੱਜੋਂ ਹਾਜ਼ਰ ਹੋਏ ਅਤੇ ਪੂਜਾ ਅਰਚਨਾ ਤੋਂ ਬਾਅਦ ਸਕੂਲ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਠਾਕੁਰ ਮਨੋਹਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਨਰੋਟ ਜੈਮਲ ਸਿੰਘ, ਕਮਲਜੀਤ ਕੌਰ ਜ਼ਿਲ੍ਹਾ ਸਿੱਖਿਆ ਅਧਿਕਾਰੀ ਐਲੀਮੈਂਟਰੀ, ਸੰਜੀਵ ਕੁਮਾਰ ਸਰਪੰਚ ਘਰੋਟਾ, ਪੰਕਜ ਅਰੋੜਾ ਬੀਪੀਈਓ., ਪ੍ਰਿੰਸੀਪਲ ਪੰਕਜ ਮਹਾਜਨ, ਸੀਐੱਚਟੀ ਗੁਲਸ਼ਨ ਸਿਆਲ, ਸੰਜੀਵ ਮਹਿਰਾ ਪੰਚਾਇਤ ਮੈਂਬਰ, ਲਾਡੀ ਸ਼ਰਮਾ ਪੰਚਾਇਤ ਮੈਂਬਰ, ਦੇਵਦੱਤ ਪੰਚਾਇਤ ਮੈਂਬਰ, ਗੁਰਮੀਤ ਕੌਰ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।ਮੰਤਰੀ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਯੋਗ ਅਗਵਾਈ ਵਿੱਚ ਪੂਰੇ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿਹਤ ਅਤੇ ਸਿੱਖਿਆ ਦੇ ਖੇਤਰ ਅੰਦਰ ਭਾਰੀ ਬਦਲਾਅ ਲਿਆਂਦਾ ਗਿਆ ਹੈ।ਇਸ ਅਧੀਨ ਸਿੱਖਿਆ ਦੇ ਖੇਤਰ ਅੰਦਰ ਜ਼ਿਲ੍ਹਾ ਪਠਾਨਕੋਟ ਦੇ ਵਿਧਾਨ ਸਭਾ ਹਲਕਾ ਭੋਆ ਦੇ ਕਸਬਾ ਘਰੋਟਾ ਅੰਦਰ ਸਕੂਲ ਆਫ਼ ਹੈਪੀਨੈੱਸ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ ਗਈ ਹੈ ਅਤੇ ਕਰੀਬ 40 ਲੱਖ 40 ਹਜ਼ਾਰ



ਰੁਪਏ ਖਰਚ ਕਰਕੇ ਸਕੂਲ ਆਫ ਹੈਪੀਨੈੱਸ ਦਾ ਨਿਰਮਾਣ ਕੀਤਾ ਜਾਵੇਗਾ। ਇਸ ਤੋਂ ਪਹਿਲਾ 4 ਵੱਖ ਵੱਖ ਪਿੰਡਾਂ ਅੰਦਰ ਸਕੂਲ ਆਫ ਹੈਪੀਨੈੱਸ ਦੇ ਨਿਰਮਾਣ ਕਾਰਜ ਚਲ ਰਹੇ ਹਨ।ਉਨ੍ਹਾਂ ਕਿਹਾ ਕਿ ਕਦੀ ਪੰਜਾਬ ਸਿੱਖਿਆ ਦੇ ਖੇਤਰ ਅੰਦਰ 14-15 ਵੇਂ ਨੰਬਰ 'ਤੇ ਸੀ ਅਤੇ ਅੱਜ ਪੰਜਾਬ ਸਿੱਖਿਆ ਦੇ ਖੇਤਰ ਅੰਦਰ ਮੈਰਿਟ ਸਥਾਨ ਪ੍ਰਾਪਤ ਕਰਕੇ ਅਪਣੀ ਵੱਖਰੀ ਪਹਿਚਾਣ ਬਣਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਸਕੂਲ ਆਫ ਹੈਪੀਨੈੱਸ ਦੇ ਨਿਰਮਾਣ ਦੀ ਉਹ ਸਾਰੇ ਘਰੋਟਾ ਵਾਸੀਆਂ ਨੂੰ ਵਧਾਈ ਦਿੰਦੇ ਹਨ।

## ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵੱਲੋਂ ਮਿਸ਼ਨ ਹਰਿਆਲੀ ਤਹਿਤ ਪੌਦੇ ਲਗਾਏ ਗਏ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਧਾਰੀਵਾਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਮੈਡਮ ਪਰਮਿੰਦਰ ਕੌਰ ਚਾਹਲ ਅਤੇ



ਪ੍ਰਿੰਸੀਪਲ ਕਿਰਨ ਕੇਸਰ ਵੱਲੋਂ ਵਾਤਾਵਰਨ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਹਰਿਆਲੀ ਮਿਸ਼ਨ ਤਹਿਤ ਵੱਖ ਵੱਖ ਕਿਸਮਾਂ ਜਿਵੇਂ ਆਂਵਲਾ, ਸੰਤਰਾ ਅਤੇ ਨਿੰਬੂ ਆਦਿ ਦੇ ਪੌਦੇ ਲਗਾਏ ਗਏ।

ਇਸ ਸਬੰਧੀ ਸਕੂਲ ਦੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਨੇ ਦੱਸਿਆ ਕਿ ਬਾਬਾ ਬੰਦਾ ਸਿੰਘ ਬਹਾਦਰ ਸਕੂਲ ਵੱਲੋਂ ਹਰ ਸਾਲ ਵਾਤਾਵਰਨ ਦੀ ਸੁਰੱਖਿਆ ਅਤੇ ਹਰਿਆਲੀ ਨੂੰ ਧਿਆਨ ਵਿੱਚ ਰੱਖਦੇ ਹੋਏ ਵੱਧ ਤੋਂ ਵੱਧ ਨਵੇਂ ਪੌਦੇ ਲਗਾਏ ਜਾਂਦੇ ਹਨ। ਡਾਇਰੈਕਟਰ ਅਮਰਜੀਤ ਸਿੰਘ ਚਾਹਲ ਨੇ ਦੱਸਿਆ ਉਨ੍ਹਾਂ ਇਸ ਵਾਰ ਹਰਿਆਲੀ ਮਿਸ਼ਨ ਤਹਿਤ 7000 ਪੌਦੇ ਲਗਾਉਣ ਦਾ ਟੀਚਾ ਮਿਥਿਆ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਨਵੇਂ ਪੌਦੇ ਲਗਾਉਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਧਰਤੀ ਉੱਪਰ ਵੱਧ ਰਹੇ ਪ੍ਰਦੂਸ਼ਣ ਨੂੰ ਘੱਟ ਕਰਨ ਲਈ ਅਤੇ ਵਾਤਾਵਰਣ ਨੂੰ ਸਾਫ ਸੁਥਰਾ ਅਤੇ ਹਰਿਆ ਭਰਿਆ ਰੱਖਣ ਲਈ ਦਰੱਖਤ ਬਹੁਤ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਲਈ ਸਾਨੂੰ ਸਭ ਨੂੰ ਨਵੇਂ ਪੌਦੇ ਲਗਾ ਕੇ ਆਪਣੇ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਵਿੱਚ ਯੋਗਦਾਨ ਪਾਉਦਾ ਚਾਹੀਦਾ ਹੈ ਤਾਂ ਜੋ ਵਾਤਾਵਰਨ ਦੀ ਸਵੱਛਤਾ ਨੂੰ ਕਾਇਮ ਰੱਖਿਆ ਜਾ ਸਕੇ। ਇਸ ਮੌਕੇ ਸੰਸਥਾ ਦੇ ਸਮੂਹ ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

## ਬਟਾਲਾ ਨੂੰ ਗਰੀਨ ਤੇ ਕਲੀਨ ਸਿਟੀ ਬਣਾਉਣ ਲਈ ਪੌਦੇ ਲਗਾਉਣ ਦੀ ਮੁਹਿੰਮ ਜਾਰੀ

ਬਟਾਲਾ (ਡਾ. ਮਲਵਿੰਦਰ ਸਿੰਘ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਅਤੇ ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਹੇਠ 'ਸਫ਼ਾਈ ਅਪਨਾਓ ਬਿਮਾਰੀ ਭਗਾਓ ਮਿਸ਼ਨ' ਤਹਿਤ ਗਰੀਨ ਅਤੇ ਕਲੀਨ ਸਿਟੀ ਬਣਾਉਣ ਦੇ ਮੰਤਵ ਨਾਲ ਨਗਰ ਨਿਗਮ ਬਟਾਲਾ ਵੱਲੋਂ ਹਰਿਆਵਲ ਪੰਜਾਬ ਐੱਨਜੀਓ ਦੇ ਸਹਿਯੋਗ ਨਾਲ ਵਾਤਾਵਰਣ ਬਚਾਅ ਅਤੇ ਤਾਪਮਾਨ ਨਿਯੰਤਰਣ ਦੇ ਉਦੇਸ਼ ਨਾਲ ਲੇਬਰ ਕਾਲੋਨੀ ਦੇ ਬੈਕਸਾਈਡ ਹੰਸਲੀ ਨਾਲੇ ਦੇ ਕੰਢੇ 'ਤੇ 100 ਦੇ ਕਰੀਬ ਪੌਦੇ ਲਗਾਏ ਗਏ।ਆਈਈਸੀ ਐਕਸਪਰਟ ਪ੍ਰਭਜੋਤ ਕੌਰ ਨੇ ਕਿਹਾ ਕਿ ਨਗਰ ਨਿਗਮ ਬਟਾਲਾ ਵੱਲੋਂ ਸ਼ਹਿਰ ਨੂੰ ਹਰਿਆ ਭਰਿਆ ਰੱਖਣ ਅਤੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਏ ਰੱਖਣ ਲਈ ਵਿਸ਼ੇਸ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਪੌਦੇ ਲਗਾਏ ਗਏ ਹਨ।ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਦੀ ਲੋੜ ਹੈ ਕਿ ਸਾਨੂੰ ਜਿਥੇ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ,ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਤੇ ਸ਼ੁੱਧ ਵਾਤਾਵਰਣ ਲਈ ਪੌਦੇ ਅਹਿਮ ਜ਼ਰੂਰਤ ਹਨ ਅਤੇ ਸਾਨੂੰ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਘੱਟੋ-ਘੱਟ ਇੱਕ-ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ।ਇਸ ਮੌਕੇ ਅਜੇ ਕੁਮਾਰ, ਕੁਲਦੀਪ ਸਿੰਘ, ਸਵਰੂਪ ਸਿੰਘ ਅਤੇ ਹਰਿਆਵਲ ਪੰਜਾਬ ਸਮਾਜ ਸੇਵੀ ਸੰਸਥਾ ਦੇ ਮੈਂਬਰ ਹਾਜ਼ਰ ਸਨ।




## ਪੰਜਾਬ ਸਰਕਾਰ ਨਸ਼ੇ ਦੇ ਮੁਕੰਮਲ ਖਾਤਮੇ ਲਈ ਯਤਨਸ਼ੀਲ: ਤਲਬੀਰ ਗਿੱਲ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)—ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਦੂਸਰੇ ਪੜਾਅ ਤਹਿਤ ਹਲਕਾ ਮਜੀਠਾ ਦੇ ਪਿੰਡ ਸਰਾ, ਬੁਲਾਰਾ, ਅਠਵਾਲ, ਅਰਜਨਮਾਂਗਾ ਅਤੇ ਬੋਪਾਰਾਏ ਵਿਖੇ ਕੀਤੀਆਂ ਗਈਆਂ ਨਸ਼ਾ ਮੁਕਤੀ ਜਾਗਰੂਕਤਾ ਰੈਲੀਆਂ ਦੌਰਾਨ ਲੋਕਾਂ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਜੇਕਰ ਅਸੀਂ ਸਾਰੇ ਇਕਜੁੱਟ ਹੋ ਜਾਈਏ ਤਾਂ ਪੰਜਾਬ ਨੂੰ ਨਸ਼ਾ ਮੁਕਤ ਹੋਣ ਤੋਂ ਕੋਈ ਨਹੀਂ ਰੋਕ ਸਕਦਾ। ਉਨ੍ਹਾਂ ਨਾਲ ਹੀ ਇਹ ਵੀ ਦੱਸਿਆ ਕਿ ਨਸ਼ਾ ਪੀੜਤਾਂ ਦਾ ਸਹੀ ਇਲਾਜ ਕਰਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿਚ ਸ਼ਾਮਲ ਕਰਨ ਲਈ ਸਾਰਥਕ ਯਤਨ ਕੀਤੇ ਜਾ ਰਹੇ ਹਨ। ਪੰਜਾਬ ਸਰਕਾਰ ਵੱਲੋਂ ਪਿੰਡਾਂ ਤੇ ਕਸਬਿਆਂ 'ਚ ਖੋਲ੍ਹੇ ਗਏ ਓਟ ਸੈਂਟਰਾਂ ਰਾਹੀਂ ਨਸ਼ਾ ਪੀੜਤ ਨੌਜਵਾਨਾਂ ਦਾ ਫ੍ਰੀ ਇਲਾਜ ਕੀਤਾ ਜਾ ਰਿਹਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ 'ਚ ਲੋਕਾਂ ਨੂੰ ਸਹਿਯੋਗ ਕਰਨ ਲਈ ਵਧ-ਚੜ੍ਹ ਕੇ ਅੱਗੇ ਆਉਣਾ ਚਾਹੀਦਾ ਹੈ। ਸਾਡੀ



ਸਰਕਾਰ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਵਚਨਬੱਧ ਹੈ ਅਤੇ ਕਿਸੇ ਵੀ ਨਸ਼ਾ ਵੇਚਣ ਵਾਲੇ ਨੂੰ ਬਖਸ਼ਿਆ ਨਹੀਂ ਜਾਵੇਗਾ। ਇਸ ਮੌਕੇ ਸਿੱਖਿਆ ਕੋਆਰਡੀਨੇਟਰ ਪਰਮਿੰਦਰ ਸਿੰਘ ਉੱਪਲ, ਬਿਕਰਮਜੀਤ ਸਿੰਘ ਐੱਸਐੱਚਓ ਮੱਤੇਵਾਲ, ਸਰਪੰਚ ਬਲਬੀਰ ਸਿੰਘ ਬੋਪਾਰਾਏ, ਸ਼ਿਵਰਾਜ ਸਿੰਘ ਭੀਲੋਵਾਲ, ਤਰਵਿੰਦਰ ਸਿੰਘ ਸਾਧਪੁਰ, ਤਰਸੇਮ ਸਿੰਘ ਚਾਚੋਵਾਲੀ, ਮਨਦੀਪ ਸਿੰਘ ਸਰਪੰਚ ਤਾਨੇਲ, ਬਲਕਾਰ ਸਿੰਘ ਮੱਤੇਵਾਲ ਪੀਬੀਐੱਸ ਵਾਲੇ, ਸਤਨਾਮ ਸਿੰਘ ਮੱਤੇਵਾਲ, ਰਵੀ ਕਲੇਰ ਬਾਲਾ ਪਾਈ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

**ਜ਼ਿਲ੍ਹਾ ਪ੍ਰਸ਼ਾਸਨ ਦੀ ਨਿਵੇਕਲੀ ਪਹਿਲਕਦਮੀ:**

## ਅਗਾਂਹਵਧੂ ਕਿਸਾਨਾਂ ਨੂੰ ਦਿੱਤੇ ਜਾਣਗੇ 'ਕਿਸਾਨ ਤਰਜੀਹ ਕਾਰਡ'

ਅੰਮ੍ਰਿਤਸਰ, (ਨਰਿੰਦਰ ਜੀਤ ਸਿੰਘ/ਕਮਲੇਸ਼)—ਜ਼ਿਲ੍ਹਾ ਪ੍ਰਸ਼ਾਸਨ ਅੰਮ੍ਰਿਤਸਰ ਨੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੀ ਅਗਵਾਈ ਵਿੱਚ ਇਕ ਹੋਰ ਨਿਵੇਕਲੀ



ਪਹਿਲਕਦਮੀ ਕਰਦੇ ਹੋਏ ਦੱਸਿਆ ਕਿ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਕਿਸਾਨਾਂ ਨੂੰ ਕਿਸਾਨ ਤਰਜੀਹ ਕਾਰਡ ਦਿੱਤੇ ਜਾਣਗੇ।

ਇਸ ਸਬੰਧੀ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਛੋਟੇ ਤੇ ਸੀਮਾਂਤ ਕਿਸਾਨਾਂ ਜਿਨ੍ਹਾਂ ਨੇ ਪਿਛਲੇ ਸਾਲ ਪਰਾਲੀ ਨੂੰ ਅੱਗ ਨਹੀਂ ਸੀ ਲਗਾਈ, ਨਾਲ ਮੀਟਿੰਗ ਕਰਦਿਆਂ ਕਿਹਾ ਕਿ ਤੁਸੀਂ ਸਾਡੇ ਹੀਰੋਜ਼ ਹੋ ਜੋ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਇਕ ਮਿਸਾਲ ਕਾਇਮ ਕਰ ਰਹੇ ਹੋ। ਡੀਸੀ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਤੁਹਾਨੂੰ ਕਿਸਾਨ ਤਰਜੀਹ ਕਾਰਡ ਦੇਣ ਦਾ ਫੈਸਲਾ ਲਿਆ ਹੈ। ਉਨ੍ਹਾਂ ਦੱਸਿਆ ਕਿ ਇਹ ਕਿਸਾਨ ਤਰਜੀਹ ਕਾਰਡ ਸੇਵਾ ਕੇਂਦਰਾਂ, ਫਰਦ ਕੇਂਦਰ ਅਤੇ ਹੋਰ ਸਰਕਾਰੀ ਕੰਮਾਂ ਲਈ ਤੁਹਾਡੇ ਵੱਲੋਂ ਵਰਤੇ ਜਾ ਸਕਣਗੇ ਜਿਥੇ ਤੁਹਾਡੇ ਕੰਮ ਪਹਿਲ ਦੇ ਆਧਾਰ ਤੇ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਸਾਰੇ ਸਰਕਾਰੀ ਦਫਤਰਾਂ ਵਿੱਚ ਤੁਹਾਡੀ ਪਾਰਕਿੰਗ ਮੁਫ਼ਤ ਹੋਵੇਗੀ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਜ਼ੀਰੋ ਬਰਨਿੰਗ ਪਿੰਡਾਂ ਨੂੰ ਵਿਸ਼ੇਸ਼ ਵਿੱਤੀ ਸਹਾਇਤਾ ਦਿੱਤੀ ਜਾਵੇਗੀ ਅਤੇ ਉਨ੍ਹਾਂ ਦਾ ਸਨਮਾਨ ਵੀ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਡੀਏਪੀ ਖਾਦ ਵੀ ਪਹਿਲ ਦੇ ਅਧਾਰ ਤੇ ਮੁਹੱਈਆ ਕਰਵਾਈ ਜਾਵੇਗੀ।

## ਇੰਦਰਪਾਲ ਸਿੰਘ ਮਾਸਟਰ ਕੇਡਰ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੇ ਸਰਬਸੰਮਤੀ ਨਾਲ ਪ੍ਰਧਾਨ ਨਿਯੁਕਤ

ਫ਼ਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਇਥੇ ਮਾਸਟਰ ਕੇਡਰ ਯੂਨੀਅਨ ਸੂਬਾਈ ਕਮੇਟੀ ਦੀ ਹਾਜ਼ਰੀ ਵਿੱਚ ਜ਼ਿਲ੍ਹਾ ਗੁਰਦਾਸਪੁਰ ਮਾਸਟਰ ਕੇਡਰ ਯੂਨੀਅਨ ਕਮੇਟੀ ਦੀ ਚੋਣ ਕੀਤੀ ਗਈ।ਇਸ ਮੀਟਿੰਗ ਵਿੱਚ ਮਾਝਾ ਜ਼ੋਨ ਦੇ ਚਾਰ ਜ਼ਿਲ੍ਹੇ ਪਠਾਨਕੋਟ, ਗੁਰਦਾਸਪੁਰ ਅੰਮ੍ਰਿਤਸਰ ਅਤੇ ਤਰਨ ਤਾਰਨ ਤੋਂ ਮਾਸਟਰ ਕੇਡਰ ਯੂਨੀਅਨ ਦੇ ਅਹੁਦੇਦਾਰ ਅਤੇ ਅਤੇ ਵਿਸ਼ੇਸ਼ ਤੌਰ 'ਤੇ ਮਾਸਟਰ ਕੇਡਰ ਯੂਨੀਅਨ ਦੇ ਫਾਉਂਡਰ ਮੈਂਬਰ ਗੁਰਪ੍ਰੀਤ ਸਿੰਘ ਰਿਆੜ ਅਤੇ ਦਲਵਿੰਦਰਜੀਤ ਸਿੰਘ ਗਿੱਲ ਪਹੁੰਚੇ।ਮੀਟਿੰਗ ਵਿੱਚ ਹਾਜ਼ਰ ਹੋਏ ਵੱਡੀ ਗਿਣਤੀ 'ਚ ਅਧਿਆਪਕ ਸਾਥੀਆਂ ਨੇ ਸਰਬਸੰਮਤੀ ਨਾਲ ਜ਼ਿਲ੍ਹਾ ਗੁਰਦਾਸਪੁਰ ਲਈ ਪ੍ਰਧਾਨ ਦੇ ਤੌਰ 'ਤੇ ਇੰਦਰਪਾਲ ਸਿੰਘ, ਜਨਰਲ ਸਕੱਤਰ ਅਮਰਬੀਰ ਸਿੰਘ ਰੰਧਾਵਾ, ਵਿੱਤ ਸਕੱਤਰ ਜਤਿੰਦਰ ਸਿੰਘ ਵਿਰਦੀ, ਸੀਨੀਅਰ ਮੀਤ ਪ੍ਰਧਾਨ ਲਖਵਿੰਦਰ ਸਿੰਘ ਲੱਖਣ ਕਲਾਂ, ਮੀਤ ਪ੍ਰਧਾਨ ਪ੍ਰਵੀਨ ਕੁਮਾਰ ਸਲਾਪੁਰ, ਕਰਮਜੀਤ ਵਾਸਦੇਵ ਸੀਨੀਅਰ ਮੀਤ ਪ੍ਰਧਾਨ ਦੀ ਚੋਣ ਕੀਤੀ ਗਈ।ਇਸ ਦੌਰਾਨ ਜ਼ਿਲ੍ਹਾ ਕਮੇਟੀ ਦੀ ਚੋਣ ਦੇ ਨਾਲ-ਨਾਲ ਬਲਾਕ ਫ਼ਤਿਹਗੜ੍ਹ ਚੂੜੀਆਂ ਦੀ ਮਾਸਟਰ ਕੇਡਰ ਯੂਨੀਅਨ ਦੀ ਚੋਣ ਵੀ ਕੀਤੀ ਗਈ, ਜਿਸ ਵਿੱਚ ਨਵਜੋਤ ਸਿੰਘ ਰੰਧਾਵਾ ਬਲਾਕ ਪ੍ਰਧਾਨ, ਸ਼ਮਸ਼ੇਰ ਸਿੰਘ ਰੰਧਾਵਾ ਜਨਰਲ ਸਕੱਤਰ, ਬਿਕਰਮ ਬਾਠ ਵਿੱਤ ਸਕੱਤਰ, ਕਰਨਵੀਰ ਸਿੰਘ ਸੀਨੀਅਰ ਮੀਤ ਪ੍ਰਧਾਨ, ਹਰਵਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਖਦੇਵ ਸਿੰਘ ਮੀਤ ਪ੍ਰਧਾਨ ਅਤੇ ਸੰਜੀਵ ਡੋਗਰਾ ਮੀਤ ਪ੍ਰਧਾਨ ਦੇ ਤੌਰ 'ਤੇ ਚੁਣੇ ਗਏ।



## ਕਿਸਾਨਾਂ ਦੀ ਮਦਦ ਲਈ ਬਣਾਇਆ ਜਾਵੇਗਾ ਕਾਲ ਸੈਂਟਰ: ਡਿਪਟੀ ਕਮਿਸ਼ਨਰ

*** ਪਰਾਲੀ ਦੀ ਅੱਗ ਨੂੰ ਰੋਕਣ ਲਈ ਪਰਾਲੀ ਪ੍ਰੋਟੈਕਸ਼ਨ ਫੋਰਸ ਗਠਿਤ ਕੀਤੀ ਜਾਵੇਗੀ**

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ/ਕਮਲੇਸ਼)-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਆਉਣ ਵਾਲੇ ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਦੀ ਅੱਗ ਦੀਆਂ ਘਟਨਾਵਾਂ ਨੂੰ ਰੋਕਣ ਲਈ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਹੋਏ ਨਿਰਦੇਸ਼ ਦਿੱਤੇ ਕਿ ਜ਼ਿਲੇ ਵਿਚ ਪਰਾਲੀ ਦੀ ਅੱਗ ਨੂੰ ਰੋਕਣ ਲਈ ਪਰਾਲੀ ਪ੍ਰੋਟੈਕਸ਼ਨ ਫੋਰਸ ਗਠਿਤ ਕੀਤੀ ਜਾਵੇਗੀ ਜੋ ਹਰੇਕ ਪਿੰਡ ਪੱਧਰ ਤੱਕ ਅੱਗ ਦੀਆਂ ਘਟਨਾਵਾਂ ਨੂੰ ਰੋਕਣ ਲਈ ਕੰਮ ਕਰੇਗੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੈਡਮ ਸਾਹਨੀ ਨੇ ਕਿਹਾ ਕਿ ਸੀਜ਼ਨ ਦੌਰਾਨ ਪਰਾਲੀ ਨੂੰ ਸਾੜਨ ਤੋਂ ਰੋਕਣ ਲਈ ਸਾਡੇ ਵੱਲੋਂ ਕੀਤੀਆਂ ਕੋਸ਼ਿਸ਼ਾਂ ਤਾਂ ਹੀ ਕਾਮਯਾਬ ਹੋ ਸਕਦੀਆਂ ਹਨ ਜੇਕਰ ਪਰਾਲੀ ਨੂੰ ਵਰਤੋਂ ਵਿਚ ਲਿਆਉਣ ਵਾਲੀਆਂ ਇਕਾਈਆਂ ਇਸ ਦੀ ਸਹੀ ਵਰਤੋਂ ਕਰਨ। ਡਿਪਟੀ ਕਮਿਸ਼ੰਨਰ ਨੇ ਕਿਹਾ ਕਿ ਸਾਡੀ ਕੋਸ਼ਿਸ਼ ਹੈ ਕਿ ਆਉਣ ਵਾਲੇ ਝੋਨੇ ਦੇ ਸੀਜ਼ਨ ਦੌਰਾਨ ਪਰਾਲੀ ਨੂੰ ਸਟੋਰ ਕਰਨ ਵਾਲੇ ਵੱਧ ਤੋਂ ਵੱਧ ਸਥਾਨ ਮੁਹੱਈਆ ਕਰਵਾਏ ਜਾਣ।ਉਨ੍ਹਾਂ ਮੁੱਖ ਖੇਤੀਬਾੜੀ ਅਧਿਕਾਰੀ ਨੂੰ ਕਿਹਾ ਕਿ ਅੱਗ ਦੀਆਂ ਘਟਨਾਵਾਂ ਨੂੰ ਰੋਕਣ ਲਈ ਇਕ ਕਾਲ ਸੈਂਟਰ ਸਥਾਪਤ ਕੀਤਾ ਜਾਵੇ, ਜਿਸ ਸੈਂਟਰ ਤੋਂ ਕਿਸਾਨਾਂ ਨੂੰ ਮੁਹੱਈਆ ਕਰਵਾਈ ਜਾਣ ਵਾਲੀ ਮਸ਼ੀਨਰੀ ਦੀ ਜਾਣਕਾਰੀ ਮੁਹੱਈਆ ਹੋ ਸਕੇ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਜਾਗਰੂਕ ਕਰਨ ਲਈ ਹਰੇਕ ਪਿੰਡ ਪੱਧਰ 'ਤੇ ਕੈਂਪ ਲਗਾਏ ਜਾਣ ਅਤੇ ਉਨ੍ਹਾਂ ਨੂੰ ਪਰਾਲੀ ਨੂੰ ਅੱਗ ਲਗਾਉਣ ਨਾਲ ਹੋਣ ਵਾਲੇ ਨੁਕਸਾਨ ਤੋਂ ਜਾਣੂ ਕਰਵਾਇਆ ਜਾਵੇ।ਡਿਪਟੀ ਕਮਿਸ਼ਨਰ ਨੇ ਸਮੂਹ ਐੱਸਡੀਐੱਮਜ਼ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਹਰ ਪਿੰਡ ਪੱਧਰ ਤੱਕ ਕਿਸਾਨਾਂ ਨਾਲ ਮੀਟਿੰਗ ਕਰਨ ਅਤੇ ਸਮਝਾਉਣ ਕਿ ਅੱਗ ਲੱਗਣ ਨਾਲ ਕਈ ਤਰ੍ਹਾਂ ਦੀਆਂ ਬੀਮਾਰੀਆਂ ਫੈਲਦੀਆਂ ਹਨ।



ਇਸ ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ ਰੋਹਿਤ ਗੁਪਤਾ, ਐੱਸਡੀਐੱਮ-1 ਗੁਰਸਿਮਰਨ ਸਿੰਘ, ਐੱਸਡੀਐੱਮ-2 ਸ: ਮਨਕੰਵਲ ਸਿੰਘ ਚਾਹਲ, ਐੱਸਡੀਐੱਮ ਅਜਨਾਲਾ ਰਵਿੰਦਰ ਸਿੰਘ ਅਰੋੜਾ, ਐੱਸਡੀਐੱਮ ਬਾਬਾ ਬਕਾਲਾ ਅਮਨਦੀਪ ਸਿੰਘ, ਐੱਸਡੀਐੱਮ ਲੋਪੋਕੇ ਸੰਜੀਵ ਕੁਮਾਰ, ਐਕਸੀਅਨ ਪ੍ਰਦੂਸ਼ਣ ਬੋਰਡ ਸੁਖਦੇਵ ਸਿੰਘ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

19 July Page 12.qxd 7/18/2025 10:28 PM Page 1



# ਪਰਵਾਸੀ ਮਜ਼ਦੂਰ ਦੀ ਬੁਰੀ ਤਰ੍ਹਾਂ ਕੀਤੀ ਵੱਢ ਟੁੱਕ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਪੁਲਸ ਚੌਕੀ ਕਿਸ਼ਨਗੜ੍ਹ ਦੇ ਪਿੰਡ ਨੌਗਜਾ ਵਿਖੇ ਵੀਰਵਾਰ ਰਾਤ ਨੂੰ ਤਿੰਨ ਅਣਪਛਾਤੇ ਵਿਅਕਤੀਆਂ ਵੱਲੋਂ ਇੱਕ ਕਿਸਾਨ ਦੀ ਡੇਰੇ 'ਤੇ ਰਹਿ ਰਹੇ ਇੱਕ ਪ੍ਰਵਾਸੀ ਮਜ਼ਦੂਰ ਦੀ ਤੇਜ਼ਧਾਰ ਹਥਿਆਰਾਂ ਨਾਲ ਬੁਰੀ ਤਰ੍ਹਾਂ ਵੱਢ ਟੁੱਕ ਕੀਤੀ ਗਈ ਹੈ। ਕਿਸਾਨ ਮਨਮੋਹਨ ਸਿੰਘ ਨਾਗਰਾ ਵਾਸੀ ਨੌਗਜਾ ਨੇ ਦੱਸਿਆ ਕਿ ਉਸ ਦਾ ਡੇਰਾ ਜੋ ਪਿੰਡ ਦੇ ਬਾਹਰ ਬਾਹਰ ਹੈ, ਉੱਥੇ ਇੱਕ ਪ੍ਰਵਾਸੀ ਮਜ਼ਦੂਰ ਦਿਨੇਸ਼ ਕੁਮਾਰ ਪੁੱਤਰ ਸੰਤ ਰਾਮ ਮਰੀਆ ਯੂਪੀ ਹਾਲ ਵਾਸੀ ਨੌਗਜਾ ਰਹਿ ਰਿਹਾ ਹੈ। ਉਹ ਪਿਛਲੇ ਪੰਜ ਛੇ ਸਾਲ ਤੋਂ ਉਸ ਦੇ ਕੋਲ ਖੇਤੀਬਾੜੀ ਦਾ ਕੰਮ ਕਰਦਾ ਹੈ। ਉਹ ਵੀਰਵਾਰ ਰਾਤ ਕਰੀਬ ਸਾਢੇ 9 ਕੁ ਵਜੇ ਜਦ ਰੋਟੀ ਖਾ ਰਿਹਾ ਸੀ ਤਾਂ ਉਸਦੇ ਡੇਰੇ 'ਤੇ ਮੋਟਰਸਾਈਕਲ ਉੱਪਰ ਤਿੰਨ ਵਿਅਕਤੀ ਆਏ। ਉਹਨਾਂ ਵਿੱਚੋਂ ਇੱਕ ਬਾਹਰ ਮੋਟਰਸਾਈਕਲ ਤੇ ਹੀ ਖੜਾ ਰਿਹਾ ਅਤੇ ਦੋ ਅੰਦਰ ਆ ਗਏ, ਜਿਹਨਾਂ ਕੋਲ ਤੇਜ਼ਧਾਰ ਹਥਿਆਰ ਸਨ। ਪ੍ਰਵਾਸੀ ਮਜ਼ਦੂਰ ਦਿਨੇਸ਼ ਕੁਮਾਰ ਖਾਣਾ ਖਾ ਰਿਹਾ ਸੀ। ਉਹਨਾਂ ਨੇ ਬਿਨਾਂ ਕੋਈ ਗੱਲ ਕੀਤੇ ਹੀ ਉਸ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ, ਜਿਸ ਕਾਰਨ ਉਸ ਦੇ ਮੂੰਹ, ਲੱਤਾਂ ਅਤੇ ਹੋਰ ਸਰੀਰ ਦੇ ਅੰਗਾਂ ਤੇ ਵੱਡੇ ਵੱਡੇ ਟੱਕ ਪੈ ਗਏ ਅਤੇ ਉਹ ਉਸ ਨੂੰ ਜਖਮੀ ਹਾਲਤ ਵਿੱਚ ਛੱਡ ਕੇ ਮੌਕੇ ਤੋਂ ਫਰਾਰ ਹੋ ਗਏ! ਉਹਨਾਂ ਦੇ ਜਾਣ ਤੋਂ ਬਾਅਦ ਦਿਨੇਸ਼ ਕੁਮਾਰ ਨੇ ਮਨਮੋਹਨ ਸਿੰਘ ਨੂੰ ਫੋਨ ਕੀਤਾ ਅਤੇ ਉਹ ਉਸ ਨੂੰ ਜਲੰਧਰ ਦੇ ਇੱਕ ਹਸਪਤਾਲ ਵਿੱਚ ਲੈ ਗਏ। ਇਸ ਦੀ ਸੂਚਨਾ ਪੁਲਸ ਚੌਂਕੀ ਕਿਸ਼ਨਗੜ੍ਹ ਵਿੱਚ ਦਿੱਤੀ ਗਈ।



# 25 ਦੀ ਸੰਗਰੂਰ ਰੈਲੀ 'ਚ ਨੌਜਵਾਨ ਭਾਰਤ ਸਭਾ ਕਰੇਗੀ ਸ਼ਮੂਲੀਅਤ : ਪੰਡੋਰੀ

**ਨੂਰਮਹਿਲ, ਸੁਲਤਾਨਪੁਰ ਲੋਧੀ (ਬਾਲ ਕ੍ਰਿਸ਼ਨ ਬਾਲੀ, ਬਲਵੀਰ ਸ਼ਾਲਾਪੁਰੀ)**— ਨੌਜਵਾਨ ਭਾਰਤ ਸਭਾ ਜ਼ਿਲ੍ਹਾ ਜਲੰਧਰ ਦੀ ਕਮੇਟੀ ਵੱਲੋਂ ਫੈਸਲਾ ਕੀਤਾ ਗਿਆ ਕੀ 25 ਜੁਲਾਈ ਨੂੰ ਸੰਗਰੂਰ ਜਬਰ ਵਿਰੋਧੀ ਰੈਲੀ ਵਿੱਚ ਨੌਜਵਾਨ ਭਾਰਤ ਸਭਾ ਜਲੰਧਰ ਦੇ ਪਿੰਡਾਂ ਵਿੱਚ ਮੀਟਿੰਗਾਂ ਕਰਕੇ ਮੁਹਿੰਮ ਬਣਾ ਕੇ ਘਰ ਘਰ ਸਨੇਹਾ ਲਾਇਆ ਜਾਵੇਗਾ ਤੇ 25 ਤਰੀਕ ਨੂੰ ਭਰਵੀਂ ਗਿਣਤੀ ਵਿੱਚ ਸ਼ਮੂਲੀਅਤ ਕਰੇਗੀ। ਪ੍ਰੈਸ ਨੂੰ ਜਾਰੀ ਬਿਆਨ ਕਰਦਿਆਂ ਨੌਜਵਾਨ ਭਾਰਤ ਸਭਾ ਦੇ ਆਗੂ ਮੰਗਲਜੀਤ ਪੰਡੋਰੀ ਅਤੇ ਮਿੰਨੂ ਲੱਧੀਆਂ ਨੇ ਕਿਹਾ ਕਿ ਪੰਜਾਬ ਵਿੱਚ ਹਾਲਾਤ ਬਹੁਤ ਹੀ ਚਿੰਤਾਜਨਕ ਹਨ। ਇੱਕ ਪਾਸੇ ਸਰਕਾਰ ਲੋਕਤੰਤਰ ਤੇ ਕਾਨੂੰਨੀ ਪ੍ਰਕਿਰਿਆ ਦੀਆਂ ਗੱਲਾਂ ਕਰਦੀ ਹੈ। ਦੂਜੇ ਪਾਸੇ ਪੁਲਸ ਰਾਜ ਅਤੇ ਜਬਰ ਦੀ ਨੀਤੀ ਨੂੰ ਲਾਗੂ ਕੀਤਾ ਜਾ ਰਿਹਾ ਹੈ। ਰਾਜ ਦੀ ਘੜੀ ਵਿੱਚ ਹੀ ਪੁਲਸ ਹਿਰਾਸਤ ਵਿੱਚ ਨੌਜਵਾਨਾਂ ਦੀਆਂ ਮੌਤਾਂ ਹੋ ਰਹੀਆਂ ਹਨ ਜਿਹਨਾਂ ਦੇ ਪਰਵਾਰਾਂ ਨੂੰ ਇਨਸਾਫ ਦੀ ਥਾਂ ਧਮਕੀਆਂ ਮਿਲ ਰਹੀਆਂ ਹਨ। ਕਈ ਥਾਵਾਂ 'ਤੇ ਨੌਜਵਾਨਾਂ ਨੂੰ ਪੁਲਸ ਮੁਕਾਬਲਿਆਂ ਵਿੱਚ ਮਾਰਿਆ ਜਾ ਰਿਹਾ ਹੈ ਜਿਸ ਨਾਲ ਲੋਕਾਂ ਵਿੱਚ ਡਰ ਅਤੇ ਗੁੱਸਾ ਦੋਵੇਂ ਪੈਦਾ ਹੋ ਰਹੇ ਹਨ। ਇਹ ਕੇਵਲ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੀ ਨਹੀਂ ਪੰਜਾਬ ਦੇ ਨੌਜਵਾਨਾਂ ਦਾ ਭਵਿੱਖ ਵੀ ਸੰਕਟ ਵਿਚ ਹੈ। ਨੌਜਵਾਨ ਭਾਰਤ ਸਭਾ ਕਿਸੇ ਵੀ ਕੀਮਤ 'ਤੇ ਜ਼ੁਲਮਾਂ ਨੂੰ ਬਰਦਾਸ਼ਤ ਨਹੀਂ ਕਰੇਗੀ। ਇਸ ਮੌਕੇ ਸੁਖਦੇਵ ਮੰਡਿਆਲਾ, ਬਿੱਟੂ ਧੱਕਾ ਬਸਤੀ, ਤਾਰਾ, ਸ਼ਿੰਦਰ,ਮੰਗਾ ਸਰੂਪ ਆਦਿ ਹਾਜ਼ਰ ਸਨ।

# ਆਰ ਐਮ ਪੀ ਆਈ ਦੇ ਸਿਰਮੌਰ ਆਗੂ ਸਾਥੀ ਸੇਵਾ ਸਿੰਘ ਦੁਸਾਂਝ ਕਲਾਂ ਦਾ ਦੁਖਦਾਈ ਵਿਛੋੜਾ



**• ਪਾਸਲਾ, ਰੰਧਾਵਾ, ਜਾਮਾਰਾਏ ਤੇ ਸਾਥੀਆਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ**

**ਜਲੰਧਰ (ਕੇਸਰ, ਰਾਜੇਸ਼ ਥਾਪਾ)** ਪੰਜਾਬ ਦੇ ਦੁਆਬਾ ਖਿੱਤੇ ਦੇ ਇਤਿਹਾਸਕ ਪਿੰਡ ਦੁਸਾਂਝ ਕਲਾਂ ਦੇ ਜੰਮਪਲ ਕਾਮਰੇਡ ਸੇਵਾ ਸਿੰਘ ਦੁਸਾਂਝ ਕਲਾਂ ਦੇ ਮੰਦਭਾਗੇ ਵਿਛੋੜੇ ਦਾ ਦੁਖਦਾਈ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਵੇਲੇ ਉਹ ਆਪਣੇ ਪਰਵਾਰ ਸਮੇਤ ਵੈਨਕੂਵਰ ਕੈਨੇਡਾ ਵਿਖੇ ਰਹਿ ਰਹੇ ਸਨ।1970 ਵਿਚ ਸੀਪੀਐਮ (ਐਮ) ਦੇ ਮੈਂਬਰ ਬਣੇ ਸਾਥੀ ਸੇਵਾ ਸਿੰਘ ਦੁਸਾਂਝ ਕਲਾਂ ਨੇ ਆਪਣੇ ਜੀਵਨ ਦੇ ਸਿਆਸੀ ਪੰਧ ਦਾ ਵਧੇਰੇ ਸਮਾਂ ਪਾਰਟੀ ਦੇ ਪਸਾਰ ਦੇ ਲੇਖੇ ਲਾਇਆ ਸੀ। ਪਿਛੋਂ ਸਿਧਾਂਤਕ-ਵਿਚਾਰਧਾਰਕ ਮਤਭੇਦਾਂ ਕਰਕੇ ਆਪ ਨੇ ਸੀਪੀਐਮ ਛੱਡ ਕੇ ਆਰ.ਐਮ.ਪੀ.ਆਈ. ਦੀ ਸਥਾਪਨਾ ਅਤੇ ਮਜ਼ਬੂਤੀ ਲਈ ਵਡਮੁੱਲਾ ਯੋਗਦਾਨ ਪਾਇਆ। ਉਂਝ ਉਹ ਤਾਉਮਰ ਸਮੁੱਚੀ ਖੱਬੀ ਲਹਿਰ ਦੇ ਪ੍ਰਸ਼ੰਸਕ ਤੇ ਸਹਿਯੋਗੀ ਰਹੇ ਸਨ। 93 ਸਾਲਾਂ ਦੀ ਲੰਮੀ ਉਮਰ (1932-2025) ਭੋਗ ਕੇ ਜਹਾਨ ਤੋਂ ਵਿਦਾ ਹੋਣ ਵਾਲੇ ਸਾਥੀ ਸੇਵਾ ਸਿੰਘ ਦੇ ਪਿਤਾ ਜੀ ਮਹਿੰਗਾ ਸਿੰਘ ਉਘੇ ਸੁਤੰਤਰਤਾ ਸੰਗਰਾਮੀ ਅਤੇ ਪੁਰਾਣੀ ਪੀੜ੍ਹੀ ਦੇ ਕੁਰਬਾਨੀ ਵਾਲੇ ਅਕਾਲੀ ਆਗੂਆਂ ਚੋਂ ਸਨ। ਵੈਸੇ, ਉਨ੍ਹਾਂ ਦੇ ਸਮੁੱਚੇ ਵਡੇਰੇ ਹੀ ਪ੍ਰਗਤੀਸ਼ੀਲ ਵਿਚਾਰਾਂ ਦੇ ਧਾਰਨੀ ਸਨ। ਅੱਗੋਂ ਉਨ੍ਹਾਂ ਦੇ ਜਾਨਸ਼ੀਨ ਵੀ ਅਗਾਂਹਵਧੂ ਲਹਿਰ ਅਤੇ ਉਚੇਰੀ ਪੱਧਰ ਦੀਆਂ ਖੇਡ ਸਰਗਰਮੀਆਂ ਨਾਲ ਜੁੜੇ ਹੋਏ ਹਨ।ਸਾਥੀ ਸੇਵਾ ਸਿੰਘ ਦੁਸਾਂਝ ਕਲਾਂ ਦੇ ਹੋਣਹਾਰ ਸਪੁੱਤਰ ਰਣਬੀਰ ਸਿੰਘ ਮੌਲਵੀ ਭਰ ਜਵਾਨੀ 'ਚ ਵਿਛੋੜਾ ਦੇ ਗਏ ਸਨ। ਲੇਕਿਨ ਉਨ੍ਹਾਂ ਨੇ ਕਿਰਤੀ ਲੋਕਾਈ ਦੇ ਦਰਦ ਨੂੰ ਆਪਣੇ ਨਿੱਜੀ ਦਰਦ ਨਾਲੋਂ ਪਹਿਲ ਦਿੰਦਿਆਂ ਲੋਕ ਸੇਵਾ ਦੇ ਕਾਰਜ ਅਤੇ ਸਮਾਜਿਕ ਤਬਦੀਲੀ ਦਾ ਯੁੱਧ ਬਾਦਸਤੂਰ ਜਾਰੀ ਰੱਖਿਆ।ਆਰ.ਐਮ.ਪੀ.ਆਈ. ਦੇ ਜਨਰਲ ਸਕੱਤਰ ਸਾਥੀ ਮੰਗਤ ਰਾਮ ਪਾਸਲਾ ਅਤੇ ਪੰਜਾਬ ਰਾਜ ਕਮੇਟੀ ਦੇ ਮੈਂਬਰ ਸਾਥੀ ਗੁਰਦਰਸ਼ਨ ਬੀਕਾ, ਜੋ ਮਰਹੂਮ ਕਾਮਰੇਡ ਸੇਵਾ ਸਿੰਘ ਦੁਸਾਂਝ ਕਲਾਂ ਦੀ ਮਿਜਾਜ ਪੁਰਸ਼ੀ ਲਈ ਕੈਨੇਡਾ ਗਏ ਹੋਏ ਹਨ, ਨੇ ਵਿਛੜੇ ਸਾਥੀ ਦੇ ਦਿਹਾਂਤ 'ਤੇ ਅਫ਼ਸੋਸ ਜਾਹਿਰ ਕਰਦਿਆਂ ਉਨ੍ਹਾਂ ਦੀਆਂ ਬੇਮਿਸਾਲ ਘਾਲਣਾਵਾਂ ਤੋਂ ਪ੍ਰੇਰਣਾ ਲੈਣ ਅਤੇ ਉਨ੍ਹਾਂ ਦੇ ਨਕਸ਼ੇ ਕਦਮ 'ਤੇ ਚੱਲਣ ਦੀ ਅਪੀਲ ਕੀਤੀ ਹੈ।ਪਾਰਟੀ ਦੀ ਕੇਂਦਰੀ ਸਟੈਂਡਿੰਗ ਕਮੇਟੀ ਦੇ ਮੈਂਬਰ ਸਾਥੀ ਹਰਕੰਵਲ ਸਿੰਘ, ਪੰਜਾਬ ਰਾਜ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਰਤਨ ਸਿੰਘ ਰੰਧਾਵਾ ਤੇ ਪਰਗਟ ਸਿੰਘ ਜਾਮਾਰਾਏ, ਕੇਂਦਰੀ ਕਮੇਟੀ ਦੇ ਮੈਂਬਰ ਸਾਥੀ ਕੁਲਵੰਤ ਸਿੰਘ ਸੰਧੂ, ਜਲੰਧਰ-ਕਪੂਰਥਲਾ ਜ਼ਿਲ੍ਹਾ ਕਮੇਟੀ ਦੇ ਪ੍ਰਧਾਨ ਤੇ ਸਕੱਤਰ ਦਰਸ਼ਨ ਨਾਹਰ ਤੇ ਜਸਵਿੰਦਰ ਸਿੰਘ ਢੇਸੀ, ਦੁਸਾਂਝ ਕਲਾਂ ਪਿੰਡ ਦੇ ਫਰਜ਼ੰਦ ਸੁਸ਼ੀਲ ਦੁਸਾਂਝ, ਜਨਰਲ ਸਕੱਤਰ ਕੇਂਦਰੀ ਪੰਜਾਬੀ ਲੇਖਕ ਸਭਾ ਨੇ ਸਾਥੀ ਸੇਵਾ ਸਿੰਘ ਦੁਸਾਂਝ ਕਲਾਂ ਦੇ ਅਸਹਿ ਵਿਛੋੜੇ 'ਤੇ ਡੂੰਘਾ ਅਫ਼ਸੋਸ ਜਾਹਿਰ ਕਰਦਿਆਂ ਪਰਿਵਾਰ ਦਾ ਦੁੱਖ ਵੰਡਾਇਆ ਹੈ। ਆਗੂਆਂ ਨੇ ਕਿਹਾ ਹੈ ਕਿ ਉਨ੍ਹਾਂ ਦੇ ਤੁਰ ਜਾਣ ਨਾਲ ਪਾਰਟੀ ਅਤੇ ਲਹਿਰ ਨੂੰ ਕਦੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਸਾਥੀ ਸੇਵਾ ਸਿੰਘ ਦੁਸਾਂਝ ਕਲਾਂ ਦਾ ਅੰਤਮ ਸੰਸਕਾਰ ਐਤਵਾਰ, 20 ਜੁਲਾਈ ਨੂੰ ਕੈਨੇਡਾ ਵਿਖੇ ਹੋਵੇਗਾ।

## ਜਨਮ ਦਿਨ ਮੁਬਾਰਕ



ਰਹਿਮਤ ਕੌਰ
ਪਿਤਾ : ਜਗਦੀਪ ਸਿੰਘ
ਮਾਤਾ : ਕੁਲਜੀਤ ਕੌਰ
ਵਾਸੀ : ਨਸੀਰੇਵਾਲਾ



ਈਮਾਨ ਸਿੰਘ
ਪਿਤਾ : ਅਨਮੋਲ ਸਿੰਘ ਵੜਿੰਗ
ਮਾਤਾ : ਰੇਖਾ ਕੌਰ
ਵਾਸੀ : ਵੜਿੰਗ



ਹਰਸਾਹਿਬ ਸਿੰਘ
ਪਿਤਾ : ਗੁਰਪ੍ਰੀਤ ਸਿੰਘ
ਮਾਤਾ : ਪੂਜਾ ਕੁਮਰਾ
ਵਾਸੀ : ਨਕੋਦਰ

# ਹਰੇਕ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਐਕਟੀਵਿਟੀ ਕੀਤੀ




**ਬਲਾਚੌਰ (ਜਸਵਿੰਦਰ ਬੈਂਸ)** ਹਰੇਕ ਸ਼ੁੱਕਰਵਾਰ ਡੇਂਗੂ ਤੇ ਵਾਰ ਮੁਹਿੰਮ ਤਹਿਤਜ ਪੁਲਸ ਸਟੇਸ਼ਨ ਪੋਜੇਵਾਲ ਵਿਖੇ ਐਕਟੀਵਿਟੀ ਕੀਤੀ ਗਈ,ਜਿਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀ ਹਰਿੰਦਰ ਭੱਲੜੀ ਹੈਲਥ ਇੰਸਪੈਕਟਰ ਅਤੇ ਕਰਾਂਤੀ ਪਾਲ ਸਿੰਘ ਰੌੜੀ ਨੇ ਦੱਸਿਆ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਮਾਦਾ ਏਡੀਜ ਨਾਂਅ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ। ਇਹ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ । ਤੇਜ ਸਿਰ ਦਰਦ ਬੁਖਾਰ ਹੋਣਾ ਮਾਸਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ ਹੋਣਾ ਉਲਟੀਆਂ ਲੱਗਣਾ ਨੱਕ ਮੂੰਹ ਅਤੇ ਮਸੂੜਿਆਂ ਵਿੱਚੋਂ ਖੂਨ ਵਗਣਾ ਡੇਂਗੂ ਦੇ ਲੱਛਣ ਹੋ ਸਕਦੇ ਹਨ। ਇਸ ਤੋਂ ਬਚਾਓ ਲਈ ਅਪਣੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ, ਜਿਵੇਂ ਕੂਲਰਾ ਗਮਲਿਆਂ ਪੁਰਾਣੇ ਟਾਇਰਾਂ ਆਦਿ ਵਿੱਚ ਪਾਣੀ ਨਾ ਖੜਨ ਦਿਓ, ਹਫਤੇ ਵਿੱਚ ਹਰੇਕ ਸ਼ੁੱਕਰਵਾਰ ਡਰਾਈ ਡੇ ਮਨਾਇਆ ਜਾਵੇ, ਰਾਤ ਨੂੰ ਸੌਣ ਸਮੇਂ ਮੱਛਰਦਾਨੀ ਅਤੇ ਮੱਛਰ ਭਜਾਉਣ ਵਾਲੀਆਂ ਕ੍ਰੀਮਾਂ ਦੀ ਵਰਤੋਂ ਕੀਤੀ ਜਾਵੇ। ਡੇਂਗੂ ਦਾ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿਚ ਫਰੀ ਕੀਤਾ ਜਾਂਦਾ ਹੈ। ਇਸ ਮੌਕੇ ਪੁਲਸ ਵਿਭਾਗ ਵਲੋਂ ਚਮਨ ਲਾਲ ਮੁਨਸ਼ੀ ਜਰਨੈਲ ਸਿੰਘ ਰਾਕੇਸ਼ ਕੁਮਾਰ ਸੁਰਿੰਦਰ ਸਿੰਘ ਅਤੇ ਬਰੀਡਰ ਚੈਕਰ ਰਵਿੰਦਰ ਕੁਮਾਰ ਆਦਿ ਹਾਜਰ ਸਨ।

# ਸੰਤ ਅਮਰਦਾਸ, ਸੰਤ ਰਾਮ ਕਿਸ਼ਨ, ਸੰਤ ਬੀਬੀ ਜੁਆਲੀ ਦੇ ਬਰਸੀ ਸਮਾਗਮ ਸ਼ਰਧਾ ਪੂਰਵਕ ਮਨਾਏ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ)** ਬ੍ਰਹਮ ਗਿਆਨੀ, ਮਹਾਨ ਪਰਉਪਕਾਰੀ, ਨਾਮ ਦੇ ਰਸੀਏ ਸ੍ਰੀਮਾਨ ਸੰਤ ਅਮਰਦਾਸ ਦੀ 15ਵੀਂ ਬਰਸੀ, ਸ੍ਰੀਮਾਨ ਸੰਤ ਰਾਮ ਕਿਸ਼ਨ ਦੀ ਚੌਥੀ ਬਰਸੀ ਅਤੇ ਸੰਤ ਬੀਬੀ ਜੁਆਲੀ ਰਾਮ ਦੀ 23ਵੀਂ ਬਰਸੀ ਡੇਰਾ 108 ਸੰਤ ਨਰਾਇਣ ਦਾਸ ਪਿੰਡ ਸ਼ੇਰਪੁਰ ਢਕੋਂ ਡੇਰਾ ਕੱਲਰਾਂ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰਛਾਇਆ ਅਤੇ ਮੌਜੂਦਾ ਗੱਦੀ ਨਸ਼ੀਨ ਸੰਤ ਰਮੇਸ਼ ਦਾਸ ਦੀ ਅਗਵਾਈ ਹੇਠ ਦੇਸ਼ ਵਿਦੇਸ਼ ਦੀਆਂ ਸੰਗਤਾਂ ਵਲੋਂ ਸ਼ਰਧਾ ਪੂਰਵਕ ਮਨਾਈ ਗਈ। ਜਿਸ ਵਿੱਚ ਰਾਗੀ,ਢਾਡੀ, ਕਥਾਵਾਚਕ ਅਤੇ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ,ਵੱਖ ਵੱਖ ਡੇਰਿਆਂ ਅਤੇ ਸੰਪਰਦਾਵਾਂ ਦੇ ਸੰਤ ਮਹਾਂਪੁਰਸ਼ਾਂ ਨੇ ਕੀਰਤਨ,ਕਥਾ ਰਾਹੀਂ ਸੰਗਤਾਂ ਨੂੰ ਨਾਮਬਾਣੀ ਨਾਲ ਜੋੜਿਆ। ਇਸ ਮੌਕੇ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ, ਸੰਤ ਇੰਦਰ ਦਾਸ ਸੇਖੈ ਜਨਰਲ ਸੈਕਟਰੀ, ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ, ਸੰਤ ਧਰਮਪਾਲ ਸ਼ੇਰਗੜ,ਸੰਤ ਵਿਨੈ ਮੁਨੀ ਜੰਮੂ,ਸੰਤ ਜਗਦੀਸ਼ ਬਿੱਲਾ ਮੈਲੀ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਸ਼ਾਮ ਦਾਸ ਮਾਹਲਾਂ, ਸੰਤ ਕ੍ਰਿਪਾਲ ਦਾਸ ਭਾਰਟਾ, ਸੰਤ ਸਤਨਾਮ ਦਾਸ ਗੱਜਰ ਮਹਿਦੂਦ, ਸੰਤ ਸਤਨਾਮ ਦਾਸ ਵਿਛੋਹੀ,ਬਾਬਾ ਬਲਕਾਰ ਸਿੰਘ ਤੱਗੜ ਵਡਾਲਾ,ਸੰਤ ਕੁਲਦੀਪ ਦਾਸ ਬਸੀ ਮਰੂਫ, ਸੰਤ ਮਨਜੀਤ ਦਾਸ ਹਿਮਾਚਲ, ਸੰਤ ਹਰੀ ਕਿਸ਼ਨ ਸੋਢੀ ਠਕਰਵਾਲ, ਸੰਤ ਵਡਭਾਗੀ ਹਿਮਾਚਲ, ਸੰਤ ਗੁਰਮੀਤ ਦਾਸ ਪਿੱਪਲਾਂਵਾਲਾ ਨੇ ਕੀਰਤਨ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਲੋਕ ਸਭਾ ਹੁਸ਼ਿਆਰਪੁਰ ਦੇ ਸਾਂਸਦ ਡਾ. ਰਾਜ ਕੁਮਾਰ ਚੱਬੇਵਾਲ, ਡਾ. ਜਤਿੰਦਰ ਕੁਮਾਰ,ਭੈਣ ਸੰਤੋਸ਼ ਕੁਮਾਰੀ ਕੌਮੀ ਪ੍ਰਧਾਨ ਨਾਰੀ ਮੁਕਤੀ ਸ਼ਕਤੀ ਭਾਰਤ, ਵਰਲਡ ਰੈਸਲਿੰਗ ਚੈਂਪੀਅਨ ਸੁਲਤਾਨ ਸਿੰਘ, ਸਿਮਰਨ ਬੌਡੀ ਬਿਲਡਰ ਨੇ ਵੀ ਵਿਸ਼ੇਸ਼ ਤੌਰ ਤੇ ਹਾਜਰੀ ਭਰੀ ਅਤੇ ਸੰਤਾਂ ਮਹਾਂਪੁਰਸ਼ਾਂ ਨੂੰ ਸ਼ਰਧਾ ਸੁਮਨ ਭੇਟ ਕੀਤੇ।

# ਸਟ੍ਰੀਟ ਟਾਇਲ ਵਰਤ ਕੇ ਬਣਾਈ ਜਾ ਰਹੀ ਸੜਕ ਦਾ ਲੋਕਾਂ ਵੱਲੋਂ ਵਿਰੋਧ



**ਖਰੜ (ਹਰਨਾਮ ਸਿੰਘ ਡੱਲਾ)**- ਖਰੜ ਸ਼ਹਿਰ ਦੇ ਲੋਕ ਪਿਛਲੇ ਚਾਰ ਸਾਲਾਂ ਤੋਂ ਸਰਕਾਰੀ ਨੀਤੀਆਂ ਅਤੇ ਰਾਜਨੀਤਿਕ ਵਿਤਕਰੇ ਤੇ ਗੁੱਟ ਬੰਦੀ ਦਾ ਦੁੱਖ ਭੋਗ ਰਹੇ ਹਨ। ਇਸ ਗੱਲ ਦਾ ਅੰਦਾਜ਼ਾ ਇਸ ਗੱਲ ਤੋਂ ਲਗਾਇਆ ਜਾ ਸਕਦਾ ਹੈ ਕਿ ਗੁਰਦੁਆਰਾ ਅਕਾਲੀ ਦਫ਼ਤਰ ਤੋਂ ਅਨਾਜ ਮੰਡੀ ਨੂੰ ਜਾਂਦੀ ਸੜਕ ਪ੍ਰੀਤ ਨਗਰ ਅਤੇ ਗੋਬਿੰਦ ਕਲੋਨੀ ਦੇ ਬਾਸ਼ਿੰਦਿਆਂ ਲਈ ਸਿਰਦਰਦੀ ਬਣੀ ਹੋਈ ਹੈ।ਇਹਨਾਂ ਵਾਰਡਾਂ ਦੇ ਕੌਂਸਲਰ ਕਾਂਗਰਸ ਪਾਰਟੀ ਨਾਲ ਸਬੰਧਤ ਹਨ ਤੇ ਸਰਕਾਰੀ ਅਣਡਿੱਠੀ ਕਰਕੇ ਇਸ ਦਾ ਖ਼ਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ। ਲੋਕਾਂ ਦਾ ਦੋਸ਼ ਇਹ ਵੀ ਹੈ ਕਿ ਬੱਸ ਅੱਡੇ ਤੋਂ ਵਾਇਆ ਗੁਰਦੁਆਰਾ ਅਕਾਲੀ ਦਫ਼ਤਰ ਅਨਾਜ ਮੰਡੀ ਨੂੰ ਜਾਂਦੀ ਇਸ ਸੜਕ ਦੀ ਉਸਾਰੀ ਪੀ ਬੀ ਸੀ ਮਟੀਰੀਅਲ ਨਾਲ (ਲੁੱਕ ਨਾਲ) ਕੀਤੀ ਗਈ ਸੀ, ਪਰ ਹੁਣ ਨਗਰ ਕੌਂਸਲ ਖਰੜ ਸ਼ਹਿਰ ਵਿੱਚ ਸਟ੍ਰੀਟ ਟਾਇਲ ਵਰਤ ਕੇ ਸੜਕਾਂ ਦੀ ਉਸਾਰੀ ਕਰਵਾ ਰਹੀ ਹੈ। ਇਸ ਨੀਤੀ ਦਾ ਬਹੁਤ ਸਾਰੇ ਸ਼ਹਿਰੀਆਂ ਵੱਲੋਂ ਵਿਰੋਧ ਵੀ ਕੀਤਾ ਜਾ ਰਿਹਾ ਹੈ। ਪਰ ਨਗਰ ਕੌਂਸਲ ਦੇ ਅਧਿਕਾਰੀਆਂ ਅਤੇ ਕੌਂਸਲਰਾਂ ਵਲੋਂ ਸਾਰੇ ਸ਼ਹਿਰ ਵਿੱਚ ਸਟ੍ਰੀਟ ਟਾਇਲ ਨਾਲ ਹੀ ਸੜਕਾਂ ਬਣਾਉਣ ਦਾ ਕੰਮ ਕੀਤਾ ਜਾ ਰਿਹਾ ਹੈ। ਜਦੋਂ ਕਿ ਲੋਕਾਂ ਦਾ ਦੋਸ਼ ਹੈ ਕਿ ਬਹੁਤ ਸਾਰੇ ਕੌਂਸਲਰ ਆਪਣੇ ਘਰਾਂ ਤੇ ਆਪਣੇ ਹਮਾਇਤੀਆਂ ਦੇ ਘਰਾਂ ਨੂੰ ਜਾਣ ਵਾਲੀਆਂ ਸੜਕਾਂ ਲੁੱਕ ਵਾਲੀਆਂ ਹੀ ਬਣਵਾ ਰਹੇ ਹਨ। ਚੇਤੇ ਰਹੇ ਕਿ ਸ਼ਹਿਰ ਦੀਆਂ ਬਹੁਤ ਸਾਰੀਆਂ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ ਵੱਲੋਂ ਵੀ ਸ਼ਹਿਰ ਵਿੱਚ ਪੁਰਾਣੀ ਤਰਜ ਉੱਤੇ ਲੁੱਕ ਵਾਲੀਆਂ ਸੜਕਾਂ ਬਣਾਏ ਜਾਣ ਨੂੰ ਹੀ ਤਰਜੀਹ ਦੇਣ ਦੀ ਮੰਗ ਵੀ ਕੀਤੀ ਜਾ ਚੁੱਕੀ ਹੈ।ਵਿਜੈ ਕੁਮਾਰ ਅਗਰਵਾਲ ਤੇ ਪਾਪੂਲਰ ਸਾਈਕਲਸ ਦੇ ਮਾਲਿਕਾਂ ਨੇ ਵੀ ਨਗਰ ਕੌਂਸਲ ਵੱਲੋਂ ਪੀ ਵੀ ਸੀ ਮਟੀਰੀਅਲ ਨਾਲ ਸੜਕ ਉਸਾਰੀ ਦੀ ਮੰਗ ਨੂੰ ਲੈਕੇ ਉੱਚ ਅਧਿਕਾਰੀਆਂ ਤੱਕ ਪਹੁੰਚ ਕੀਤੀ ਗਈ ਹੈ। ਜਦ ਕਿ ਨਗਰ ਕੌਂਸਲ ਦੇ ਅਧਿਕਾਰੀਆਂ ਵੱਲੋਂ ਸਟ੍ਰੀਟ ਟਾਇਲ ਫੈਕਟਰੀਆਂ ਦੇ ਮਾਲਿਕਾਂ ਨਾਲ ਮਿਲੀਭੁਗਤ ਨਾਲ ਸ਼ਹਿਰ ਦੀਆਂ ਸੜਕਾਂ 'ਤੇ ਟਾਇਲਾਂ ਲਗਾ ਕੇ ਬਣਾਏ ਜਾਣ ਨੂੰ ਪਹਿਲ ਦਿੱਤੀ ਜਾ ਰਹੀ ਹੈ।ਇਹਨਾਂ ਕਲੋਨੀਆਂ ਨਾਲ ਸਬੰਧਤ ਬਲਵਿੰਦਰ ਸਿੰਘ, ਹਿੱਤ ਅਭਿਲਾਸ਼ੀ ਹਿੱਤ, ਭਾਗ ਸਿੰਘ, ਦਰਸ਼ਨ ਸਿੰਘ,ਬਲਵੰਤ ਸਿੰਘ, ਮਾਧੁਰ ਗੁਪਤਾ ਅਤੇ ਬਲਜਿੰਦਰ ਸਿੰਘ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਸੜਕ ਦੀ ਉਸਾਰੀ ਜਲਦੀ ਤੋਂ ਜਲਦੀ ਮੁਕੰਮਲ ਕਰਵਾ ਕੇ ਲੋਕਾਂ ਨੂੰ ਰਾਹਤ ਪ੍ਰਦਾਨ ਕੀਤੀ ਜਾਵੇ।

# ਡਰਾਈ ਡੇ ਫਰਾਈਡੇ ਤਹਿਤ ਪਿੰਡ ਹਰਦੋ ਖਾਨਪੁਰ ਦਾ ਡੇਂਗੂ ਲਾਰਵੇ ਦੀ ਚੈਕਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਮੁੱਢਲਾ ਸਿਹਤ ਕੇਂਦਰ ਚੱਕੋਵਾਲ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਮਨਪ੍ਰੀਤ ਕੌਰ ਦੀ ਅਗਵਾਈ ਹੇਠ ਪਿੰਡ ਹਰਦੋ ਖਾਨਪੁਰ ਵਿਚ ਡੇਂਗੂ ਲਾਰਵੇ ਦੀ ਚੈਕਿੰਗ ਕੀਤੀ ਗਈ। ਸੁਪਰਵਾਈਜ਼ਰ ਗੁਰਦੇਵ ਸਿੰਘ ਨੇ ਦੱਸਿਆ ਕਿ ਇਹ ਮੱਛਰ ਸਾਫ ਖੜੇ ਪਾਣੀ ਵਿੱਚ ਪੈਦਾ ਹੁੰਦਾ ਹੈ ਘਰਾਂ ਅੰਦਰ ਕੂਲਰਾਂ ਵਿੱਚ, ਫਰਿਜਾਂ ਦੀਆਂ ਟਰੇਆਂ ਵਿੱਚ ਪੁਰਾਣੇ ਟਾਇਰਾਂ ਵਿੱਚ ਗਮਲਿਆਂ ਵਿੱਚ ਪੰਛੀਆਂ ਦੇ ਪੀਣ ਵਾਲੇ ਪਾਣੀ ਦੇ ਬਰਤਨਾਂ ਵਿੱਚ ਅਤੇ ਡਰੰਮਾਂ ਵਿੱਚ ਹੋ ਸਕਦਾ ਹੈ।ਹਰ ਸ਼ੁਕਰਵਾਰ ਨੂੰ ਇਹਨਾਂ ਸਾਰਿਆਂ ਨੂੰ ਸਾਫ ਕਰਕੇ ਸੁਕਾ ਕੇ ਰੱਖਿਆ ਜਾਵੇ। ਉਹਨਾਂ ਦੱਸਿਆ ਕਿ ਡੇਂਗੂ ਦੇ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ। ਇਸ ਮੌਕੇ ਹੈਲਥ ਇੰਸਪੈਕਟਰ ਗੁਰਦੇਵ ਸਿੰਘ, ਮਲਟੀਪਰਪਜ ਹੈਲਥ ਵਰਕਰ ਮਨੋਹਰ ਸਿੰਘ, ਸੁਖਵਿੰਦਰ ਪਾਲ ਸਿੰਘ ਅਤੇ ਕੁਲਵੰਤ ਸਿੰਘ ਆਸ਼ਾ ਵਰਕਰ ਨਛੱਤਰ ਕੌਰ, ਸੁਮਨ ਹਰਜਿੰਦਰ ਕੌਰ, ਨਰਿੰਦਰ ਕੌਰ, ਬਲਵਿੰਦਰ ਕੌਰ ਆਸ਼ਾ ਫਸੀਲੀਟੇਟਰ, ਦੁਆਬਾ ਨਰਸਿੰਗ ਸਕੂਲ ਦੇ ਬੱਚੇ ਆਦਿ ਵੀ ਹਾਜਰ ਸਨ।

# ਅੱਖਾਂ ਦੀ ਰੌਸ਼ਨੀ ਤੋਂ ਬਿਨਾਂ ਕੁਦਰਤ ਦੀ ਖੂਬਸੂਰਤੀ ਨੂੰ ਨਿਹਾਰਨਾ ਸੰਭਵ ਨਹੀਂ : ਸੁਖਵਿੰਦਰ ਸਿੰਘ



**ਫਗਵਾੜਾ (ਜਸਵਿੰਦਰ ਢੱਡਾ)** ਸਰਬ ਨੌਜਵਾਨ ਸਭਾ (ਰਜਿ.) ਫਗਵਾੜਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵਲੋਂ 'ਆਓ ਪੁੰਨ ਕਮਾਈਏ' ਲੜੀ ਤਹਿਤ ਇਕ ਹੋਰ ਲੋੜਵੰਦ ਦੀ ਅੱਖ ਦਾ ਫਰੀ ਓਪਰੇਸ਼ਨ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਅਗਵਾਈ ਅਤੇ ਉਦਯੋਗਪਤੀ ਜਤਿੰਦਰ ਸਿੰਘ ਕੁੰਦੀ ਦੇ ਆਰਥਕ ਸਹਿਯੋਗ ਸਦਕਾ ਕਰਵਾਇਆ ਗਿਆ। ਇਸ ਦੌਰਾਨ ਅੱਖਾਂ ਦੇ ਮਾਹਿਰ ਡਾ: ਤੁਸ਼ਾਰ ਅਗਰਵਾਲ ਨੇ ਮੋਤੀਆਬਿੰਦ ਨਾਲ ਪੀੜ੍ਹਤ ਬਜ਼ੁਰਗ ਬਲਦੇਵ ਸਿੰਘ ਦੀ ਅੱਖ ਦਾ ਸਫਲ ਆਪ੍ਰੇਸ਼ਨ ਕਰਦਿਆਂ ਲੈਂਜ ਪਾ ਕੇ ਨਵੀਂ ਰੌਸ਼ਨੀ ਦਿੱਤੀ। ਇਸ ਦੌਰਾਨ ਸੁਖਵਿੰਦਰ ਸਿੰਘ ਇੰਚਾਰਜ ਜੀ.ਆਰ.ਪੀ. ਫਗਵਾੜਾ ਤੋਂ ਇਲਾਵਾ ਸੀਨੀਅਰ ਡਿਪਟੀ ਮੇਅਰ ਤੇਜਪਾਲ ਬਸਰਾ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਹਨਾਂ ਨੇ ਸਭਾ ਅਤੇ ਸੁਸਾਇਟੀ ਵਲੋਂ ਰੋਗੀਆਂ ਦੀ ਭਲਾਈ ਹਿੱਤ ਚਲਾਈ ਜਾ ਰਹੀ 'ਆਓ ਪੁੰਨ ਕਮਾਈਏ' ਮੁਹਿਮ ਨੂੰ ਸਰਾਹੁਣਯੋਗ ਉਪਰਾਲਾ ਦੱਸਿਆ। ਸੁਖਵਿੰਦਰ ਸਿੰਘ ਇੰਚਾਰਜ ਜੀ.ਆਰ.ਪੀ. ਨੇ ਕਿਹਾ ਕਿ ਕੁਦਰਤ ਦੀ ਖੂਬਸੂਰਤੀ ਨੂੰ ਅੱਖਾਂ ਦੀ ਰੌਸ਼ਨੀ ਤੋਂ ਬਿਨਾਂ ਨਿਹਾਰਿਆ ਨਹੀਂ ਜਾ ਸਕਦਾ। ਇਸ ਲਈ ਸਭਾ ਵਲੋਂ ਕੀਤਾ ਜਾ ਰਿਹਾ ਉਪਰਾਲਾ ਆਰਥਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਦੀ ਵੱਡੀ ਰਾਹਤ ਦੇਣ ਵਾਲਾ ਹੈ।ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਦੱਸਿਆ ਕਿ ਲੋੜਵੰਦ ਬਜ਼ੁਰਗ ਬਲਦੇਵ ਸਿੰਘ ਦੀ ਅੱਖ 'ਚ ਫੋਲਡੇਬਲ ਲੈਨਜ ਪਾਇਆ ਗਿਆ ਹੈ। ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ ਨੇ ਸਭਾ ਦੇ ਪ੍ਰੋਜੈਕਟਾਂ ਬਾਰੇ ਪਤਵੰਤਿਆਂ ਅਤੇ ਹਾਜ਼ਰੀਨ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਨਰਿੰਦਰ ਸੈਣੀ, ਗੁਰਦੀਪ ਸਿੰਘ ਤੁਲੀ ਕੋਆਰਡੀਨੇਟਰ ਵਪਾਰ ਸੈਲ ਫਗਵਾੜਾ, ਜਨਰਲ ਸਕੱਤਰ ਡਾ. ਵਿਜੇ ਕੁਮਾਰ, ਰਾਜ ਕੁਮਾਰ ਕਨੌਜੀਆ, ਰਾਜ ਕੁਮਾਰ ਜੀ. ਆਰ.ਪੀ., ਮੈਨੇਜਰ ਜਗਜੀਤ ਸੇਠ, ਸਵਰਨ ਸਿੰਘ ਸਵਰਨ ਸਵੀਟ ਸ਼ਾਪ, ਆਰ.ਪੀ. ਸ਼ਰਮਾ, ਹਰਜਿੰਦਰ ਗੋਗਨਾ, ਰਾਕੇਸ਼ ਕੋਛੜ, ਪਰਦੀਪ ਮੱਲ, ਜੀਤ ਰਾਮ ਟਿੱਬੀ, ਗੁਲਸ਼ਨ ਕਪੂਰ, ਸਤੀਸ਼ ਕੁਮਾਰ ਬੰਟੀ, ਰਾਜੇਸ਼ ਪਰਾਸ਼ਰ, ਸਿਮਰਨਪ੍ਰੀਤ ਕੌਰ, ਹਰਮਨਪ੍ਰੀਤ ਕੌਰ ਖਾਲਸਾ, ਮਬੁਤੁੰਗ ਮਾਰਕ ਬ੍ਰਿਨ ਆਦਿ ਹਾਜ਼ਰ ਸਨ।

# ਸੰਤ ਸੀਚੇਵਾਲ ਨੇ ਕੀਤਾ ਧੁੱਸੀ ਬੰਨ੍ਹ ਦਾ ਦੌਰਾ



**ਲੋਹੀਆਂ ਖਾਸ, ਜਲੰਧਰ (ਯੋਗੇਸ਼ਵਰ, ਰੀਨਾ ਸ਼ਰਮਾ, ਸ਼ੈਲੀ ਐਲਬਰਟ)** ਬਰਸਾਤ ਦੇ ਮੌਸਮ ਦੇ ਮੱਦੇਨਜ਼ਰ ਰਾਜ ਸਭਾ ਮੈਂਬਰ ਅਤੇ ਪ੍ਰਸਿੱਧ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਸ਼ੁੱਕਰਵਾਰ ਨੂੰ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਕਿਸਾਨਾਂ ਸਮੇਤ ਧੁੱਸੀ ਬੰਨ੍ਹ ਦਾ ਦੌਰਾ ਕੀਤਾ ਗਿਆ। ਰਾਜ ਸਭਾ ਮੈਂਬਰ, ਜਿਨ੍ਹਾਂ ਨਾਲ ਐਸ.ਡੀ.ਐਮ. ਆਦਮਪੁਰ ਵਿਵੇਕ ਕੁਮਾਰ ਮੋਦੀ ਵਾਧੂ ਚਾਰਜ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵੀ ਮੌਜੂਦ ਸਨ, ਨੇ ਆਪਣੇ ਦੌਰੇ ਦੌਰਾਨ ਡਰੇਨੇਜ਼ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਧੁੱਸੀ ਬੰਨ੍ਹ ਦੀਆਂ ਜਿਹੜੀਆਂ ਵੀ ਨੋਚਾਂ ਸੰਵੇਦਨਸ਼ੀਲ ਹਨ, ਉਨ੍ਹਾਂ ਨੂੰ ਤੁਰੰਤ ਮਜ਼ਬੂਤ ਕੀਤਾ ਜਾਵੇ, ਤਾਂ ਜੋ ਜੇਕਰ ਕੋਈ ਹੜ੍ਹ ਵਰਗੇ ਹਾਲਾਤ ਪੈਦਾ ਹੁੰਦੇ ਹਨ ਤਾਂ ਬੰਨ੍ਹ ਨੂੰ ਕੋਈ ਨੁਕਸਾਨ ਨਾ ਪਹੁੰਚੇ। ਸੰਤ ਸੀਚੇਵਾਲ ਵੱਲੋਂ ਅਧਿਕਾਰੀਆਂ ਸਮੇਤ ਦਰਿਆ ਦੇ ਨਾਲ ਲੱਗਦੇ ਪਿੰਡ ਜਿਆਣੀਆਂ, ਗੱਟਾ ਮੁੰਡੀ ਕੱਸੂ ਤੇ ਹੋਰ ਪਿੰਡਾਂ ਦਾ ਦੌਰਾ ਕੀਤਾ ਗਿਆ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਧੁੱਸੀ ਬੰਨ੍ਹ 'ਤੇ ਹੋਏ ਨਾਜਾਇਜ਼ ਕਬਜ਼ੇ ਹਟਾਉਣ ਲਈ ਤੁਰੰਤ ਕਾਰਵਾਈ ਅਮਲ ਵਿੱਚ ਲਿਆਉਣ ਦੇ ਨਿਰਦੇਸ਼ ਵੀ ਦਿੱਤੇ। ਇਸ ਦੌਰਾਨ ਰਾਜ ਸਭਾ ਮੈਂਬਰ ਨੇ ਦੱਸਿਆ ਕਿ ਗਿੱਦੜਪਿੰਡੀ ਤੋਂ ਫਿਲੌਰ ਤੱਕ ਧੁੱਸੀ ਬੰਨ੍ਹ 'ਤੇ ਕਈ ਸਾਲਾਂ ਤੋਂ ਪੱਕੀ ਸੜਕ ਬਣਾਉਣ ਦੀ ਜੋ ਮੰਗ ਕੀਤੀ ਜਾ ਰਹੀ ਸੀ, ਉਹ ਹੁਣ ਪੂਰੀ ਹੋਣ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਸੜਕ ਬਣਾਉਣ ਲਈ ਜਲਦ ਟੈਂਡਰ ਖੁੱਲ੍ਹ ਰਹੇ ਹਨ। ਇਸ ਦੌਰਾਨ ਸੰਤ ਸੀਚੇਵਾਲ ਨੇ ਇਲਾਕੇ ਦੇ ਕਿਸਾਨਾਂ ਦੀ ਮੁਸ਼ਕਲਾਂ ਵੀ ਸੁਣੀਆਂ ਅਤੇ ਮੌਕੇ 'ਤੇ ਸਬੰਧਤ ਅਧਿਕਾਰੀਆਂ ਨੂੰ ਯੋਗ ਕਾਰਵਾਈ ਅਮਲ ਵਿੱਚ ਲਿਆਉਣ ਦੀਆਂ ਹਦਾਇਤਾਂ ਕੀਤੀਆਂ। ਉਨ੍ਹਾਂ ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਦੀ ਜਾਨ-ਮਾਲ ਦੀ ਰਾਖੀ ਲਈ ਦ੍ਰਿੜ ਵਚਨਬੱਧ ਹੈ, ਜਿਸ ਤਹਿਤ ਰਾਜ ਸਰਕਾਰ ਵੱਲੋਂ ਹੜ੍ਹ ਸੰਭਾਵਿਤ ਖੇਤਰਾਂ ਵਿੱਚ ਅਗੇਤੇ ਪ੍ਰਬੰਧ ਯਕੀਨੀ ਬਣਾਉਣ ਲਈ ਪਹਿਲਾਂ ਹੀ ਆਦੇਸ਼ ਦਿੱਤੇ ਗਏ ਹਨ। ਇਸ ਮੌਕੇ ਐਸ.ਡੀ.ਐਮ. ਸ਼ਾਹਕੋਟ ਸ਼ੁਭੀ ਆਂਗਰਾ, ਡਰੇਨੇਜ਼ ਵਿਭਾਗ ਦੇ ਐਕਸੀਅਨ ਸਰਤਾਜ ਸਿੰਘ, ਤਹਿਸੀਲਦਾਰ ਸ਼ਾਹਕੋਟ ਮਨਿੰਦਰ ਸਿੰਘ ਸਿੱਧੂ ,ਬੀ.ਡੀ.ਪੀ.ਓ. ਪਰਵਿੰਦਰ ਸਿੰਘ ਸਮੇਤ ਹੋਰ ਅਧਿਕਾਰੀ ਅਤੇ ਕਿਸਾਨ ਵੀ ਮੌਜੂਦ ਸਨ।

# ਲੁਟੇਰੇ ਦਿਨ-ਦਿਹਾੜੇ ਔਰਤ ਦਾ ਪਰਸ ਖੋਹ ਕੇ ਰਫੂਚੱਕਰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਦਿਨ-ਦਿਹਾੜੇ ਲੁਟੇਰੇ ਔਰਤ ਦਾ ਪਰਸ ਖੋਹ ਕੇ ਫਰਾਰ ਹੋ ਗਏ। ਕਾਜਲ ਪਤਨੀ ਗੁਰਿੰਦਰ ਸਿੰਘ ਵਾਸੀ ਪਿੰਡ ਸੰਧਵਾਂ ਜੋ ਆਪਣੇ ਪੇਕੇ ਪਿੰਡ ਕਾਲੇਵਾਲ ਲੱਲੀਆਂ ਤੋਂ ਆਪਣੇ ਪਤੀ ਗੁਰਿੰਦਰ ਸਿੰਘ ਨਾਲ ਮੋਟਰਸਾਈਕਲ ਨੰਬਰ -78-8078 ਉੱਪਰ ਬੈਠ ਕੇ ਘਰ ਵਾਪਸ ਆ ਰਹੇ ਸੀ ਨੇ ਦੱਸਿਆ ਕਿ ਜਦੋਂ ਉਹ ਬਿਸਤ-ਦੋਆਬ ਨਹਿਰ ਪਿੰਡ ਝੱਜ ਮੋੜ ਕੋਲ ਪਿੱਛਿਓਂ ਮੋਟਰਸਾਈਕਲ 'ਤੇ ਸਵਾਰ ਆਏ ਦੋ ਨਕਾਬਪੋਸ਼ ਲੁਟੇਰਿਆਂ ਨੇ ਤੇਜ਼ਧਾਰ ਹਥਿਆਰ ਦਿਖਾ ਕੇ ਉਸ ਦਾ ਪਰਸ ਖੋਹ ਲਿਆ। ਜਿਸ ਵਿੱਚ ਬਾਈ ਹਜਾਰ ਰੁਪਏ ਨਗਦ ਅਤੇ ਏ.ਟੀ.ਐੱਮ ਕਾਰਡ, ਅਧਾਰ ਕਾਰਡ ਅਤੇ ਪੈਨ ਕਾਰਡ ਸਨ। ਲੁਟੇਰੇ ਵਾਪਸ ਗੜ੍ਹਸ਼ੰਕਰ ਵੱਲ ਨੂੰ ਫਰਾਰ ਹੋ ਗਏ। ਘਟਨਾ ਸਬੰਧੀ ਪੁਲਸ ਚੌਕੀ ਕੋਟ ਫਤੂਹੀ ਨੂੰ ਸੂਚਿਤ ਕੀਤਾ ਗਿਆ। ਏ.ਐੱਸ.ਆਈ ਬਲਵੀਰ ਸਿੰਘ, ਪੀ.ਐੱਚ.ਸੀ ਸੁਰਜੀਤ ਸਿੰਘ ਆਦਿ ਨੇ ਘਟਨਾ ਸਥਾਨ ਤੇ ਪਹੁੰਚ ਕੇ ਜਾਇਜਾ ਲੈ ਕੇ ਵੱਖ-ਵੱਖ ਸਥਾਨਾਂ 'ਤੇ ਲੱਗੇ ਸੀ.ਸੀ.ਟੀ.ਵੀ ਕੈਮਰੇ ਖੰਘਾਲ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।



# ਮਾ. ਲਾਹੌਰੀ ਰਾਮ ਬਾਲੀ ਦੇ ਜੀਵਨ ਅਤੇ ਸੰਘਰਸ਼ ਨੂੰ ਦਰਸਾਉਂਦਾ ਗੀਤ ਅੰਬੇਡਕਰ ਭਵਨ 'ਚ ਹੋਵੇਗਾ ਰਿਲੀਜ਼

**ਜਲੰਧਰ (ਰਾਜੇਸ਼ ਥਾਪਾ)** ਉੱਘੇ ਅੰਬੇਡਕਰੀ, ਮਹਾਨ ਚਿੰਤਕ, ਅੰਤਰਰਾਸ਼ਟਰੀ ਬੁੱਧੀਜੀਵੀ,ਨਿਧੜਕ ਲੀਡਰ ਅਤੇ ਭੀਮ ਪ੍ਰਤਿਕਾ ਅਖਬਾਰ ਦੇ ਮੁੱਖ ਸੰਪਾਦਕ, ਮਾ. ਲਾਹੌਰੀ ਰਾਮ ਬਾਲੀ ਦੇ 95ਵੇਂ ਜਨਮ ਦਿਵਸ (20 ਜੁਲਾਈ, 2025) ਨੂੰ ਸਮਰਪਿਤ ਮਾ. ਚਰਨ ਦਾਸ ਸੰਧੂ ਵੱਲੋਂ ਲਿਖਿਆ ਗੀਤ 'ਕੌਮੀ ਯੋਧਾ' ਜਿਸ ਨੂੰ ਬਹੁਤ ਹੀ ਸੁਰੀਲੀ ਆਵਾਜ਼ ਵਿੱਚ ਪੰਜਾਬ ਦੇ ਪ੍ਰਸਿੱਧ ਫ਼ਨਕਾਰ ਸੰਨੀ ਸਲੀਮ ਨੇ ਗਾਇਆ ਹੈ। ਇਸ ਗੀਤ ਨੂੰ ਸੰਧੂ ਸਾਹਿਬ ਦੇ ਛੋਟੇ ਭਾਈ ਡਾ. ਮਹਿੰਦਰ ਸੰਧੂ ਨੇ ਕੰਪੋਜ਼ ਕੀਤਾ, ਇਸ ਦਾ ਸੰਗੀਤ ਕੈਂਡੀ ਬੀਟਸ (ਰੋਹਿਤ) ਨੇ ਬੜੀ ਲਗਨ ਨਾਲ ਤਿਆਰ ਕੀਤਾ ਅਤੇ ਇਸ ਦੀ ਵੀਡੀਓਗ੍ਰਾਫੀ ਜੇ.ਪੀ ਮੈਹਿਮੀ ਨੇ ਕੀਤੀ ਹੈ। ਬਾਲੀ ਸਾਹਿਬ ਸਮਾਜ ਦੇ ਉਹ ਆਗੂ ਸਨ, ਜਿਨ੍ਹਾਂ ਨੂੰ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੇ ਸੰਪਰਕ ਵਿੱਚ ਰਹਿ ਕੇ ਬਹੁਤ ਕੁਝ ਸਿੱਖਣ ਦਾ ਮਾਣ ਹਾਸਲ ਹੈ। ਉਨ੍ਹਾਂ ਨੇ ਅੰਬੇਡਕਰ ਮਿਸ਼ਨ ਨਾਲ ਸੰਬੰਧਿਤ 100 ਤੋਂ ਵੱਧ ਕਿਤਾਬਾਂ ਲਿਖੀਆਂ। ਉਹ ਭਾਰਤ ਦੇ ਪਹਿਲੇ ਐਸੇ ਦਲਿਤ ਲੇਖਕ ਸਨ, ਜਿਨ੍ਹਾਂ ਦੀਆਂ ਕਿਤਾਬਾਂ 'ਤੇ ਸਰਕਾਰਾਂ ਵੱਲੋਂ ਸੱਚ ਲਿਖਣ ਕਰਕੇ ਪਾਬੰਦੀ ਲਾਈ ਗਈ। ਉਨ੍ਹਾਂ ਨੂੰ ਦੱਬੇ ਕੁਚਲੇ ਸਮਾਜ ਨੂੰ ਜਾਗ੍ਰਿਤ ਕਰਨ ਬਦਲੇ ਦਰਜਨਾਂ ਮੁਕੱਦਮਿਆਂ ਦਾ ਸਾਹਮਣਾ ਕਰਨਾ ਪਿਆ। ਬੜੇ ਦੁੱਖ ਨਾਲ ਇਹ ਕਹਿਣਾ ਪਵੇਗਾ ਕਿ ਜਿਸ ਦਿਨ ਉਹ ਦੁਨੀਆਂ ਤੋਂ ਰੁਖਸਤ ਹੋਏ ਇੱਕ ਮੁਕਦਮਾ ਉਨ੍ਹਾਂ 'ਤੇ ਚੱਲ ਰਿਹਾ ਸੀ। ਇੰਨ੍ਹੀਆਂ ਮੁਸ਼ਕਲਾਂ, ਔਕੜਾਂ, ਦੁਸ਼ਵਾਰੀਆਂ, ਗੱਦਾਰੀਆਂ ਦੇ ਬਾਵਜੂਦ ਉਹ ਕਦੇ ਵੀ ਆਪਣੇ ਮਿਸ਼ਨ ਤੋਂ ਭਟਕੇ ਨਹੀਂ। ਏਸੇ ਕਰਕੇ ਅੱਜ ਉਨ੍ਹਾਂ ਦਾ ਨਾਂਅ ਸਮਾਜਿਕ ਕ੍ਰਾਂਤੀ ਦਾ ਪ੍ਰਤੀਕ ਅਖਵਾਉਂਦਾ ਹੈ।ਮੈਨੂੰ ਇਸ ਗਲ ਦਾ ਮਾਣ ਹੈ ਕਿ ਮੈਂ ਇਸ ਪੱਧਰ ਦੀ ਮਹਾਨ ਸ਼ਖ਼ਸੀਅਤ ਦੇ ਨਾਲ 40 ਸਾਲ ਰਹਿ ਕੇ ਉਹਨਾਂ ਦੇ ਜੀਵਨ ਅਤੇ ਸੰਘਰਸ਼ ਨੂੰ ਬਿਆਨ ਕਰਦਾ ਇਹ ਗੀਤ ਲਿਖਣ ਦੇ ਕਾਬਲ ਹੋਇਆ ਹਾਂ। ਇਹ ਗੀਤ ਮਾ. ਲਾਹੌਰੀ ਰਾਮ ਬਾਲੀ ਦੇ 95ਵੇਂ ਜਨਮ ਦਿਵਸ ਮੌਕੇ 20 ਜੁਲਾਈ, 2025 ਨੂੰ ਅੰਬੇਡਕਰ ਭਵਨ, ਜਲੰਧਰ ਵਿਖੇ ਇੱਕ ਸਮਾਗਮ ਵਿਚ ਰਿਲੀਜ਼ ਕੀਤਾ ਜਾਵੇਗਾ। ਇਹ ਜਾਣਕਾਰੀ ਅੰਬੇਡਕਰ ਮਿਸ਼ਨ ਸੁਸਾਈਟੀ ਪੰਜਾਬ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਪ੍ਰੈੱਸ ਬਿਆਨ ਰਾਹੀਂ ਦਿੱਤੀ।

# ਸੀ ਟੀ ਗਰੁੱਪ ਨੇ ਓਪਨ ਮਾਈਕ ਦਾ 6ਵਾਂ ਸੀਜ਼ਨ ਕਰਵਾਇਆ




**ਜਲੰਧਰ (ਸ਼ੈਲੀ ਐਲਬਰਟ)** ਸੀ. ਟੀ. ਗਰੁੱਪ ਆਫ ਇੰਸਟੀਚਿਊਸ਼ਨਜ ਦੇ ਵਿਦਿਆਰਥੀ ਕਲਿਆਣ ਡਿਵੀਜਨ ਨੇ ਓਪਨ ਮਾਈਕ ਦੇ ਛੇਵੇਂ ਸੀਜਨ ਦਾ ਸਫਲ ਆਯੋਜਨ ਕੀਤਾ। ਜੋ ਸੱਚੀਆਂ ਕਹਾਣੀਆਂ, ਨਿੱਜੀ ਸੰਘਰਸ਼ਾਂ ਅਤੇ ਹਿੰਮਤ ਦੀ ਭਾਵਨਾ ਨੂੰ ਸਮਰਪਿਤ ਸੀ। ਵੱਖ-ਵੱਖ ਖੇਤਰਾਂ ਤੋਂ ਆਏ ਬੁਲਾਰਿਆਂ ਨੇ ਆਪਣੀਆਂ ਸ਼ਕਤੀਸ਼ਾਲੀ ਕਹਾਣੀਆਂ ਸਾਂਝੀਆਂ ਕੀਤੀਆਂ, ਜਿਨ੍ਹਾਂ ਵਿੱਚ ਸੰਘਰਸ਼, ਜਿੱਤ ਅਤੇ ਆਤਮ-ਖੋਜ ਦੇ ਪਲ ਸ਼ਾਮਲ ਸਨ। ਮਾਹੌਲ ਹਮਦਰਦੀ ਅਤੇ ਊਰਜਾ ਨਾਲ ਭਰਪੂਰ ਸੀ, ਜਦਕਿ ਸਰੋਤਿਆਂ ਨੇ ਇਹਨਾਂ ਕਹਾਣੀਆਂ ਨੂੰ ਡੂੰਘਾਈ ਨਾਲ ਮਹਿਸੂਸ ਕੀਤਾ। ਮੁੱਖ ਮਹਿਮਾਨ ਕਰਨਲ ਵਿਨੋਦ ਜੋਸ਼ੀ ਦੀ ਗਰਿਮਾਮਈ ਮੌਜੂਦਗੀ ਨੇ ਕਾਰਜਕ੍ਰਮ ਨੂੰ ਹੋਰ ਵੀ ਖਾਸ ਬਣਾ ਦਿੱਤਾ। ਸਹਿ-ਚੇਅਰਪਰਸਨ ਸ੍ਰੀਮਤੀ ਪਰਮਿੰਦਰ ਕੌਰ ਚੰਨੀ; ਸੀ.ਟੀ. ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਡਾ. ਮਨਬੀਰ ਸਿੰਘ; ਸੀ.ਟੀ. ਯੂਨੀਵਰਸਿਟੀ ਦੇ ਵਿਦਿਆਰਥੀ ਕਲਿਆਣ ਡਾਇਰੈਕਟਰ ਇੰਜੀਨੀਅਰ ਦਵਿੰਦਰ ਸਿੰਘ; ਅਤੇ ਸੀ.ਟੀ. ਗਰੁੱਪ ਦੇ ਵਿਦਿਆਰਥੀ ਕਲਿਆਣ ਡੀਨ ਡਾ. ਅਰਜਨ ਸਿੰਘ ਨੇ ਵੀ ਕਾਰਜਕ੍ਰਮ ਦੀ ਸ਼ੋਭਾ ਵਧਾਈ। ਉਨ੍ਹਾਂ ਦੇ ਸਹਿਯੋਗ ਨੇ ਸੰਸਥਾ ਦੀ ਉਸ ਪ੍ਰਤੀਬੱਧਤਾ ਨੂੰ ਦਰਸਾਇਆ ਜੋ ਖੁੱਲ੍ਹੇ ਸੰਵਾਦ ਅਤੇ ਰਚਨਾਤਮਕ ਅਭਿਵਿਅਕਤੀ ਨੂੰ ਉਤਸਾਹਿਤ ਕਰਦੀ ਹੈ। ਮੰਚ 'ਤੇ ਆਪਣੀਆਂ ਵਿਲੱਖਣ ਕਹਾਣੀਆਂ ਸਾਂਝੀਆਂ ਕਰਨ ਵਾਲਿਆਂ ਵਿੱਚ ਭੰਗੂ ਆਰਗੈਨਿਕ ਫਾਰਮਜ ਦੇ ਮਾਲਕ ਅਮਰਜੀਤ ਸਿੰਘ ਭੰਗੂ, ਸਟੈਂਡ-ਅੱਪ ਕੋਮੇਡੀਅਨ ਮਾਧਵ ਮਹਿੰਦਰੂ, ਆਰ ਕੇ ਆਰ ਕੇ ਢਾਬੇ ਦੇ ਮਾਲਕ ਰਮਨ ਬਥਲਾ, ਨੈਸ਼ਨਲ ਯੋਗਾ ਇੰਸਟ੍ਰਕਟਰ ਧੀਰਜ ਭਗਤ, ਕੁਦਰਤਵਾਦੀ ਅਤੇ ਸਮਾਜਿਕ ਕਾਰਕੁੰਨ ਡਾ. ਅਮਨਦੀਪ ਸਿੰਘ, ਮਨੋਵਿਗਿਆਨੀ ਡਾ. ਸੰਜੀਵ ਲੋਚਨ, ਅਤੇ ਲੈਕਚਰਾਰ ਅਤੇ ਹਾਕੀ ਕੋਚ ਕੁਲਵਿੰਦਰ ਕੌਰ ਸ਼ਾਮਲ ਸਨ। ਹਰੇਕ ਬੁਲਾਰੇ ਦੀ ਕਹਾਣੀ ਨੇ ਸਰੋਤਿਆਂ ਨੂੰ ਵਿਚਾਰਾਂ, ਹਾਸੇ ਅਤੇ ਕਈ ਵਾਰ ਡੂੰਘੀ ਪ੍ਰਸੰਸਾ ਨਾਲ ਭਰ ਦਿੱਤਾ।

# ਪ੍ਰਾਪਰਟੀ ਟੈਕਸ ਵਸੂਲੀ ਲਈ ਨਿਗਮ ਦਫ਼ਤਰ ਸ਼ਨੀਵਾਰ ਤੇ ਐਤਵਾਰ ਵੀ ਖੁੱਲ੍ਹੇਗਾ

**ਫਗਵਾੜਾ (ਡਾ. ਰਮਨ)** ਵਨ ਟਾਈਮ ਸੈਟਲਮੈਂਟ (ਓਟੀਐਸ) ਨੀਤੀ-2025 ਦੇ ਤਹਿਤ ਪੰਜਾਬ ਸਰਕਾਰ ਨੇ 31 ਜੁਲਾਈ, 2025 ਨੂੰ ਬਕਾਇਆ ਪ੍ਰਾਪਰਟੀ ਟੈਕਸ ਜਮ੍ਹਾ ਕਰਨ ਦੀ ਆਖਰੀ ਮਿਤੀ ਨਿਰਧਾਰਤ ਕੀਤੀ ਹੈ, ਜਿਸ ਵਿੱਚ ਜੁਰਮਾਨੇ ਅਤੇ ਵਿਆਜ 'ਤੇ ਪੂਰੀ ਛੋਟ ਹੈ। ਇਸ ਨੂੰ ਸੁਚਾਰੂ ਬਣਾਉਣ ਲਈ, ਨਗਰ ਨਿਗਮ ਦਫ਼ਤਰ, ਫਗਵਾੜਾ ਵਿਖੇ ਵਿਸ਼ੇਸ਼ ਟੈਕਸ ਵਸੂਲੀ ਕੈਂਪ ਲਗਾਏ ਜਾ ਰਹੇ ਹਨ। ਮੇਅਰ ਰਾਮਪਾਲ ਉੱਪਲ ਤੇ ਨਗਰ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਨੇ ਦੱਸਿਆ ਕਿ ਨਗਰ ਨਿਗਮ ਕੰਪਲੈਕਸ ਵਿਖੇ ਪ੍ਰਾਪਰਟੀ/ਹਾਊਸ ਟੈਕਸ ਸ਼ਾਖਾ 31 ਜੁਲਾਈ ਤੱਕ ਸ਼ਨੀਵਾਰ ਅਤੇ ਐਤਵਾਰ ਸਮੇਤ ਹਰ ਰੋਜ਼ ਖੁੱਲ੍ਹੀ ਰਹੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਵਸਨੀਕਾਂ ਨੂੰ ਆਪਣੇ ਬਕਾਏ ਦਾ ਭੁਗਤਾਨ ਕਰਨ ਵੇਲੇ ਕੋਈ ਅਸੁਵਿਧਾ ਨਾ ਹੋਵੇ। ਡਾ. ਗੁਪਤਾ ਨੇ ਕਿਹਾ ਕਿ ਸਥਾਨਕ ਸਰਕਾਰਾਂ ਵਿਭਾਗ ਦੁਆਰਾ ਜਾਰੀ ਨੋਟੀਫਿਕੇਸ਼ਨ ਦੇ ਅਨੁਸਾਰ, ਜੋ ਜਾਇਦਾਦ ਮਾਲਕ 31 ਜੁਲਾਈ ਤੱਕ ਆਪਣੀ ਅਸਲ ਬਕਾਇਆ ਟੈਕਸ ਰਕਮ ਦਾ ਪੂਰਾ ਭੁਗਤਾਨ ਕਰਦੇ ਹਨ, ਉਨ੍ਹਾਂ ਨੂੰ ਜੁਰਮਾਨੇ ਅਤੇ ਵਿਆਜ 'ਤੇ ਪੂਰੀ ਛੋਟ ਮਿਲੇਗੀ। 1 ਅਗਸਤ ਤੋਂ 31 ਅਕਤੂਬਰ ਦੇ ਵਿਚਕਾਰ ਭੁਗਤਾਨ ਕਰਨ ਵਾਲੇ ਜੁਰਮਾਨੇ ਅਤੇ ਵਿਆਜ 'ਤੇ 50% ਛੋਟ ਦੇ ਯੋਗ ਹੋਣਗੇ। ਹਾਲਾਂਕਿ, 31 ਅਕਤੂਬਰ, 2025 ਤੋਂ ਬਾਅਦ, ਪ੍ਰਚਲਿਤ ਕਾਨੂੰਨਾਂ ਅਨੁਸਾਰ ਪੂਰਾ ਜੁਰਮਾਨਾ ਅਤੇ ਵਿਆਜ ਲਾਗੂ ਹੋ ਜਾਵੇਗਾ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ 'ਚ ਮਨਾਇਆ ਵਿਸ਼ਵ ਨਿਆਂ ਦਿਵਸ

**ਅੱਡਾ ਸਰਾਂ (ਜਸਵੀਰ ਕਾਜਲ)**- ਗੁਰੂ ਗੋਬਿੰਦ ਸਿੰਘ ਐਜੂਕੇਸ਼ਨ ਸੁਸਾਇਟੀ ਬੋਕਾਰੋ (ਝਾਰਖੰਡ) ਅਧੀਨ ਚਲਾਏ ਜਾ ਰਹੇ ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ ਨੈਣੋਵਾਲ ਵੈਦ ਵਿਖੇ ਪ੍ਰਿੰਸੀਪਲ ਹਰਜੀਤ ਸਿੰਘ ਦੀ ਅਗਵਾਈ ਹੇਠ ਜਮਾਤ ਗਿਆਰਵੀਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਵਿਸ਼ਵ ਨਿਆਂ ਦਿਵਸ ਮਨਾਇਆ ਗਿਆ । ਇਸ ਦੌਰਾਨ ਗਿਆਰਵੀ ਦੇ ਵਿਦਿਆਰਥੀਆਂ ਦੁਆਰਾ ਨਾਟਕ ਦਾ ਮੰਚਨ ਕਰਕੇ ਵਿਸ਼ਵ ਵਿਚ ਨਿਆਂ ਦਿਵਸ ਦੀ ਮਹੱਤਤਾ ਨੂੰ ਦਰਸਾਇਆ ਗਿਆ।. ਇਸ ਦੇ ਨਾਲ ਹੀ ਗਿਆਰਵੀਂ ਦੇ ਅਧਿਆਪਕਾਂ ਦੁਆਰਾ ਇਸ ਵਿਸੇ ਦੇ ਉੱਤੇ ਸੈਮੀਨਾਰ ਕੀਤੇ ਗਏ ਅਤੇ ਬੱਚਿਆਂ ਨੂੰ ਭਵਿੱਖ ਦੇ ਵਿਚ ਅਨਿਆਂ ਦੇ ਪ੍ਰਤੀ ਆਵਾਜ ਚੁੱਕਣ ਅਤੇ ਹਮੇਸ਼ਾ ਹੀ ਸੱਚ ਤੇ ਨਿਆਂ ਦਾ ਸਾਥ ਦੇਣ ਲਈ ਪ੍ਰੇਰਿਤ ਕੀਤਾ ਗਿਆ । ਇਸ ਦਿਨ ਨੂੰ ਮਨਾਉਣ ਦਾ ਮਹੱਤਵ ਅਤੇ ਕਾਰਨ ਵਿਦਿਆਰਥੀਆਂ ਨੂੰ ਦੇਸ਼ ਦੇ ਨਾਗਰਿਕ ਨਹੀਂ ਬਲਕਿ ਵਿਸ਼ਵ ਦੇ ਚੰਗੇ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਗਿਆ। ਪ੍ਰਿੰਸੀਪਲ ਹਰਜੀਤ ਸਿੰਘ ਨੇ ਬੱਚਿਆਂ ਨਾਲ ਇਸ ਦਿਨ ਦੀ ਮਹੱਤਤਾ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ। ਇਸ ਸੈਮੀਨਾਰ ਦਾ ਮੁੱਖ ਮਕਸਦ ਵਿਦਿਆਰਥੀਆਂ ਦੀ ਜਾਣਕਾਰੀ ਵਿਚ ਵਾਧਾ ਅਤੇ ਆਉਣ ਵਾਲੇ ਸਮੇਂ ਪ੍ਰਤੀ ਜਾਗਰੂਕਤਾ ਸੱਚ ਦੇ ਮਾਰਗ ਤੇ ਚੱਲਣ ਤੇ ਉਸ ਪ੍ਰਤੀ ਆਪਣੇ ਹੱਕਾਂ ਅਤੇ ਫਰਜਾਂ ਤੋਂ ਜਾਣੂ ਹੋਣਾ ਆਦਿ ਬਾਰੇ ਪ੍ਰੇਰਨਾ ਦੇਣਾ ਸੀ। ਇਸ ਸਮੇਂ ਸਮੂਹ ਸਕੂਲ ਸਟਾਫ ਮੌਜੂਦ ਸੀ।



# ਐੱਸ ਟੀ ਐੱਸ ਵਰਲਡ ਸਕੂਲ 'ਚ ਇੰਟਰ ਹਾਊਸ ਫੈਂਸੀ ਡਰੈੱਸ ਤੇ ਰੋਲ ਪਲੇ ਮੁਕਾਬਲੇ




**ਗੁਰਾਇਆ (ਬਿੰਦਰ ਸੁੰਮਨ)**- ਐੱਸ. ਟੀ. ਐੱਸ .ਵਰਲਡ ਸਕੂਲ, ਰਾਜਗੋਮਾਲ ਵੱਲੋ ਇੰਟਰ ਹਾਊਸ ਫੈਂਸੀ ਡਰੈੱਸ ਮੁਕਾਬਲੇ ਤੇ ਰੋਲ ਪਲੇ ਮੁਕਾਬਲੇ ਦਾ ਆਯੋਜਨ ਕੀਤਾ ਗਿਆ। ਮੁਕਾਬਲੇ ਦੇ ਜੱਜ ਮੈਡਮ ਜਸਲੀਨ, ਮੈਡਮ ਜਸਕੀਰਤ , ਮੈਡਮ ਪੁਸ਼ਪਿੰਦਰ ਅਤੇ ਮੈਡਮ ਤਨਯਾ ਸਨ। ਫੈਂਸੀ ਡਰੈੱਸ ਮੁਕਾਬਲੇ ਦੇ ਵਿਸ਼ੇ ਕਾਰਟੂਨ ਪਾਤਰਾਂ ਦੀ ਕਹਾਣੀ ਪੁਸਤਕ ਅਤੇ ਵਾਤਾਵਰਣ ਅਤੇ ਪ੍ਰਕਿਰਤੀ / ਰਾਸ਼ਟਰੀ ਮਾਣ ਸਨ। ਰੋਲ ਪਲੇ ਮੁਕਾਬਲੇ ਦੇ ਵਿਸ਼ੇ ਪਲਾਸਟਿਕ ਦੀ ਰੋਕਥਾਮ,ਬੱਚਿਆਂ ਵਿੱਚ ਡਿਜਿਟਲ ਆਦਤ , ਬੇਘਰ ਵਿਅਕਤੀ ਦੀ ਮਦਦ ਕਰਨਾ,ਬਾਲ ਮਜਦੂਰੀ ਅਤੇ ਸਿੱਖਿਆ ਦਾ ਅਧਿਕਾਰ ਸਨ। ਪਹਿਲੀ ਤੇ ਦੂਸਰੀ ਜਮਾਤ ਦੀ ਪਹਿਲੀ ਸ਼੍ਰੇਣੀ ਵਿੱਚ ਸ਼ਾਮਿਲ ਵਿਦਿਆਰਥੀ ਇਸ ਤਰ੍ਹਾਂ ਸਨ: ਹਾਰਵਰਡ ਹਾਊਸ: ਨਵਰੀਤ ਤੇ ਨਾਦੀਆ, ਸਟੈਨਫੋਰਡ ਹਾਊਸ: ਸਿਮਰਨ ਤੇ ਦਰੀਤੀ, ਕੈਂਬਰਿਜ ਹਾਊਸ : ਗੁਰਮੀਨ ਕੌਰ ਤੇ ਪਰਮਿਤਾ, ਆਕਸਫੋਰਡ ਹਾਊਸ : ਗੁਰਕਰਨ ਸਿੰਘ ਤੇ ਆਦਸੱਚ ਸਿੰਘ ਮੁਕਾਬਲੇ ਵਿੱਚ ਪਹਿਲੀ ਜਮਾਤ ਵਿੱਚੋਂ ਸਟੈਨਫੋਰਡ ਪਹਿਲੇ, ਕੈਂਬਰਿਜ ਦੂਜੇ ਅਤੇ ਹਾਰਵਰਡ ਤੀਜੇ ਸਥਾਨ 'ਤੇ ਰਹੇ ਦੂਜੀ ਜਮਾਤ ਵਿੱਚੋਂ ਹਾਰਵਰਡ ਪਹਿਲੇ, ਕੈਂਬਰਿਜ ਦੂਜੇ ਅਤੇ ਆਕਸਫੋਰਡ ਤੀਜੇ ਸਥਾਨ 'ਤੇ ਰਹੇ। ਰੋਲ ਪਲੇ ਮੁਕਾਬਲੇ ਦੇ ਦੂਜੇ ਪੜਾਅ ਵਿੱਚ ਸ਼ਾਮਿਲ ਵਿਦਿਆਰਥੀ ਇਸ ਤਰ੍ਹਾਂ ਸਨ: ਹਾਰਵਰਡ ਹਾਊਸ: ਮਨਕੀਰਤ ਕੌਰ, ਬੌਬੀ, ਮਨਕਿਰਨ ਤੇ ਅਮਾਨੀ ਸਟੈਨਫੋਰਡ ਹਾਊਸ: ਤਰਨਜੋਤ, ਇਸ਼ਮੀਤ ਕੌਰ, ਪਰਮਪ੍ਰਤਾਪ ਕੈਂਬਰਿਜ ਹਾਊਸ : ਜਸਕੀਤ, ਪਵੀਤ ਆਕਸਫੋਰਡ ਹਾਊਸ : ਅਨਮੋਲਪ੍ਰੀਤ, ਰੇਵਾ, ਪ੍ਰਤਿਮਾ ਤੇ ਮਨਰੀਤ ਮੁਕਾਬਲੇ ਦੇ ਇਸ ਪੜਾਅ ਵਿੱਚ ਹਾਰਵਰਡ ਪਹਿਲੇ, ਆਕਸਫੋਰਡ ਦੂਜੇ ਅਤੇ ਸਟੈਨਫੋਰਡ ਤੀਜੇ ਸਥਾਨ 'ਤੇ ਰਹੇ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਪ੍ਰਭਜੋਤ ਗਿੱਲ ਨੇ ਵਿਦਿਆਰਥੀਆਂ ਦੀ ਹੌਂਸਲਾ ਅਫਜਾਈ ਕੀਤੀ ।

# ਨਵੀਂ ਮੰਡੀ ਲਈ ਐਕਵਾਇਰ ਕੀਤੀ ਜ਼ਮੀਨ ਮੰਡੀ ਬੋਰਡ ਨੂੰ ਸੌਂਪਣ ਦੀ ਕਾਰਵਾਈ 'ਚ ਸ਼ਾਮਲ ਸਭ ਧਿਰਾਂ ਧੰਨਵਾਦ ਦੀਆਂ ਪਾਤਰ : ਐਸ ਡੀ ਐਮ



**ਸ਼ਾਹਕੋਟ (ਗਿਆਨ ਸੈਦਪੁਰੀ)** 'ਜਿਸ ਸੂਝ ਬੂਝ ਨਾਲ ਅਕਵਾਇਰ ਕੀਤੀ ਗਈ 30 ਏਕੜ ਜ਼ਮੀਨ, ਜਿੱਥੇ ਨਵੀਂ ਦਾਣਾ ਮੰਡੀ ਸਥਾਪਿਤ ਕੀਤੀ ਜਾਣੀ ਹੈ, ਮੰਡੀ ਬੋਰਡ ਨੂੰ ਸੌਂਪਣ ਦਾ ਕੰਮ ਨੇਪਰੇ ਚੜ੍ਹਾਇਆ ਗਿਆ ਹੈ, ਉਸ ਲਈ ਸਬੰਧਤ ਸਭ ਧਿਰਾਂ ਵਧਾਈ ਦੀਆਂ ਪਾਤਰ ਹਨ'। ਉਕਤ ਵਿਚਾਰਾਂ ਦਾ ਪ੍ਰਗਟਾਵਾ ਇਸ ਡੀ ਐਮ ਸ਼ਾਹਕੋਟ ਮੈਡਮ ਸ਼ੁਭੀ ਆਂਗਰਾ ਨੇ ਕੀਤਾ। ਉਹ ਉਕਤ ਪ੍ਰਕਿਰਿਆ ਤੋਂ ਬਾਅਦ ਟੋਪੋਗ੍ਰਾਫੀ ਹੋਣ ਅਤੇ ਮੰਡੀ ਦੀ ਉਸਾਰੀ ਲਈ ਯੋਜਨਾ ਦਾ ਮਤਾ ਪਾ ਕੇ ਮੰਡੀ ਬੋਰਡ ਚੰਡੀਗੜ੍ਹ ਨੂੰ ਭੇਜਣ ਉਪਰੰਤ ਟਿੱਪਣੀ ਕਰ ਰਹੇ ਸਨ। ਉਹਨਾਂ ਕਿਹਾ ਕਿ ਅਕਵਾਇਰ ਕੀਤੀ ਜ਼ਮੀਨ ਮੰਡੀ ਬੋਰਡ ਨੂੰ ਸੌਂਪਣ ਦੀ ਕਾਰਵਾਈ ਵਿੱਚ ਮਾਰਕੀਟ ਕਮੇਟੀ ਸ਼ਾਹਕੋਟ ਦਾ ਸਮੁੱਚਾ ਸਟਾਫ, ਮਾਲ ਵਿਭਾਗ, ਪੁਲਿਸ ਪ੍ਰਸ਼ਾਸਨ ਅਤੇ ਹੋਰ ਸੰਬੰਧਿਤ ਵਿਅਕਤੀਆਂ ਨੇ ਤਹੱਮਲ ਅਤੇ ਕਾਨੂੰਨ ਅਨੁਸਾਰ ਕੰਮ ਕਰਦਿਆਂ ਕੰਮ ਮੁਕੰਮਲ ਕੀਤਾ। ਉਹਨਾਂ ਕਿਹਾ ਕਿ ਪ੍ਰਸ਼ਾਸਨ, ਮਾਰਕੀਟ ਕਮੇਟੀ ਦੇ ਅਧਿਕਾਰੀਆਂ, ਪੁਲਸ ਅਧਿਕਾਰੀਆਂ ਅਤੇ ਸੰਬੰਧਿਤ ਕਿਸਾਨਾਂ ਨਾਲ ਅਨੇਕਾਂ ਮੀਟਿੰਗਾਂ ਕੀਤੀਆਂ ਗਈਆਂ। ਇਹਨਾਂ ਮੀਟਿੰਗਾਂ ਵਿੱਚ ਸਬੰਧਤ ਬਹੁਤੇ ਕਿਸਾਨਾਂ ਨੇ ਪ੍ਰਸ਼ਾਸਨ ਨਾਲ ਸਹਿਮਤੀ ਪ੍ਰਗਟ ਕੀਤੀ ਸੀ। ਇਹਨਾਂ ਮੀਟਿੰਗਾਂ ਦੌਰਾਨ ਬਣੀ ਸਦਭਾਵਨਾ ਸਦਕਾ ਹੀ ਜ਼ਮੀਨ ਮੰਡੀ ਬੋਰਡ ਦੇ ਹਵਾਲੇ ਕਰਨ ਮੌਕੇ ਕਿਸੇ ਕਿਸਮ ਦਾ ਤਣਾਅ ਪੈਦਾ ਨਹੀਂ ਹੋਇਆ। ਐਸ ਡੀ ਐਮ ਨੇ ਅੱਗੇ ਕਿਹਾ ਕਿ ਮਾਰਕੀਟ ਕਮੇਟੀ ਸ਼ਾਹਕੋਟ ਵੱਲੋਂ ਨਵੀਂ ਮੰਡੀ ਦੀ ਉਸਾਰੀ ਲਈ ਵਿੱਤੀ ਸਾਲ 2025 - 26 ਲਈ ਤਿੰਨ ਕਰੋੜ 40 ਲੱਖ ਰੁਪਏ ਰੱਖੇ ਗਏ ਹਨ। ਨਵੀਂ ਮੰਡੀ ਦੀ ਉਸਾਰੀ ਨਾਲ ਇਲਾਕੇ ਦੇ ਕਿਸਾਨਾਂ ਅਤੇ ਆੜ੍ਹਤੀਆਂ ਦੀ ਚਰੋਕਣੀ ਮੰਗ ਪੂਰੀ ਹੋ ਜਾਏਗੀ। ਇਸ ਇਲਾਕੇ ਵਿੱਚ ਕਣਕ, ਝੋਨਾ, ਮੱਕੀ ਤੇ ਬਾਸਮਤੀ ਦੀ ਫਸਲ ਦੀ ਚੌਖੀ ਪੈਦਾਵਾਰ ਹੁੰਦੀ ਹੈ। ਇਨ੍ਹਾਂ ਫ਼ਸਲਾਂ ਦੀ ਆਮਦ ਮੰਡੀ ਵਿੱਚ ਸਮਾਉਂਦੀ ਨਹੀਂ ਸੀ। ਆੜ੍ਹਤੀਆਂ ਵੱਲੋਂ ਮੰਡੀ ਤੋਂ ਬਾਹਰ ਆਪਣੇ ਪੱਧਰ 'ਤੇ ਫੜ੍ਹ ਬਣਾਏ ਜਾਂਦੇ ਸਨ। ਇਸ ਨਾਲ ਵੀ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਕਈ ਤਰ੍ਹਾਂ ਦੀਆਂ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਸੀ। ਨਵੀਂ ਅਨਾਜ ਮੰਡੀ ਬਣਨ ਨਾਲ ਉਕਤ ਪਰੇਸ਼ਾਨੀਆਂ ਆਪਣੇ ਆਪ ਦੂਰ ਹੋ ਜਾਣਗੀਆਂ। ਐਸਡੀਐਮ ਨੇ ਅੰਤ ਵਿੱਚ ਦੁਹਰਾਇਆ ਕਿ ਅਕਵਾਇਰ ਕੀਤੀ ਜ਼ਮੀਨ ਮੰਡੀ ਬੋਰਡ ਦੇ ਹਵਾਲੇ ਕਰਨ ਦੀ ਕਾਰਵਾਈ ਮੌਕੇ ਸਾਰੀਆਂ ਧਿਰਾਂ ਵੱਲੋਂ ਪਾਏ ਯੋਗਦਾਨ ਲਈ ਉਹ ਸਭ ਦਾ ਧੰਨਵਾਦ ਕਰਦੇ ਹਨ।

# ਪੀਰ ਬਾਬਾ ਬੁੱਢਣ ਸ਼ਾਹ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਕਰਵਾਇਆ




**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਜੱਲੋਵਾਲ ਖਨੂਰ ਹੁਸ਼ਿਆਰਪੁਰ ਵਿਖੇ ਦਰਬਾਰ ਪੀਰ ਬਾਬਾ ਬੁੱਢਣ ਸ਼ਾਹ ਦੇ ਅਸਥਾਨ 'ਤੇ ਪੀਰ ਬਾਬਾ ਬੁੱਢਣ ਸ਼ਾਹ ਵੈਲਫੇਅਰ ਕਮੇਟੀ ਜੱਲੋਵਾਲ ਖਨੂਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੀਰ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ ਕਰਵਾਇਆ ਗਿਆ। ਮੌਕੇ ਮੇਲੇ ਦੇ ਸਰਪ੍ਰਸਤ ਚਰਨਜੀਤ ਸਿੰਘ ਲੱਡੂ ਏ ਐਸ ਆਈ ਨੇ ਦੱਸਿਆ ਕਿ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਕੀਤੀ ਗਈ। ਪੰਜਾਬ ਦੇ ਨਾਮਵਰ ਕਲਾਕਾਰ ਪ੍ਰਵੇਜ ਆਲਮ ਇੰਟਰਨੈਸ਼ਨਲ ਕਵਾਲ, ਕੁਲਵਿੰਦਰ ਕਿੰਦਾ ਸੂਫੀ ਗਾਇਕ, ਮਨਜੀਤ ਸਹੋਤਾ ਤੋਂ ਇਲਾਵਾ ਹੋਰ ਕਲਾਕਾਰਾਂ, ਨਕਾਲਾਂ, ਕਵਾਲ ਪਾਰਟੀਆਂ ਨੇ ਪੀਰਾਂ ਦੀ ਮਹਿਫਿਲ ਸਜਾਈ ਗਈ। ਸਾਈਂ ਸੁੱਖਾ ਸੰਘਾ ਪੱਟੀ, ਸਾਈਂ ਸੁਰਿੰਦਰ ਸ਼ਾਹ ਜੱਟਪੁਰ, ਸਾਈਂ ਹਰਭਜਨ ਕੌਰ, ਰਣਵੀਰ ਸਿੰਘ ਰਾਣਾ ਬਾਬਾ ਬਿਹਾਲਾ, ਸਾਈਂ ਬਿਮਲਾ ਚੌਹਾਲ, ਰਾਜੂ ਬਾਬਾ ਸ਼ੇਰਗੜ੍ਹ, ਠੇਕੇਦਾਰ ਕੁਲਦੀਪ ਸਿੰਘ, ਸਾਈਂ ਸਤਨਾਮ ਸਿੰਘ ਬਿਹਾਲਾ, ਸਾਈਂ ਲਾਡੀ ਸ਼ਾਹ ਮਾਰੂਲਾ, ਸਾਈਂ ਰੰਮੀ ਹੁਸ਼ਿਆਰਪੁਰ, ਸਾਈਂ ਜੀਤੀ ਬਾਬਾ ਪੱਟੀ, ਸਾਈਂ ਮੋਹਣ ਲਾਲ ਸੀਣਾ ਨੇ ਹਾਜਰੀ ਭਰੀ। ਇਸ ਮੌਕੇ ਨੰਬਰਦਾਰ ਸੋਢੀ ਰਾਮ ਖਜਾਨਚੀ, ਸੇਵਾਦਾਰ ਸੇਵਾ ਸਿੰਘ, ਸਤਨਾਮ ਸਿੰਘ ਏਐਸਆਈ, ਪ੍ਰਿੰਸੀਪਲ ਸਤਨਾਮ ਸਿੰਘ ਜੱਲੋਵਾਲ ਖਨੂਰ, ਹਰਪ੍ਰੀਤ ਸਿੰਘ, ਜੱਸੀ, ਪਲਵਿੰਦਰ ਚੀਮਾ ਪੱਟੀ, ਇੰਸਪੈਕਟਰ ਮਨਮੋਹਣ ਸਿੰਘ, ਅਮਰਜੀਤ ਸਿੰਘ ਐਸਆਈ, ਕਾਕੂ, ਕੁਲਵੰਤ ਸਿੰਘ ਸੈਣੀ, ਸਰਪੰਚ ਜਗਤਾਰ ਸਿੰਘ ਖਾਨੂਰ, ਬਲਦੇਵ ਸਿੰਘ ਦੇਬੂ, ਰਾਮ ਸਿੰਘ ਸਾਬਕਾ ਸਰਪੰਚ, ਸੋਡੀ ਰਾਮ ਮੇਹਟੀਆਣਾ, ਬਲਵਿੰਦਰ ਪਾਲ ਬਿਹਾਲਾ, ਮਨਜਿੰਦਰ ਸਿੰਘ ਬਿਹਾਲਾ,ਅਸ਼ੋਕ ਕੁਮਾਰ ਸਾਬਕਾ ਸਰਪੰਚ, ਹਰਪ੍ਰੀਤ ਸਿੰਘ,ਦੀਪੂ, ਰਾਕੇਸ ਕੁਮਾਰ, ਮਹਿੰਦਰ, ਜੋਗਾ ਰਾਮ, ਰਾਮ ਲਾਲ, ਜੱਸੀ, ਰੋਹਿਤ ਕੁਮਾਰ ਆਦਿ ਹਾਜਰ ਸਨ। ਛਬੀਲ, ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।